ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 96
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Wednesday, 8 April, 2026) ਬੁੱਧਵਾਰ, 8 ਅਪ੍ਰੈਲ, 2026, 26 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਮਨੀਪੁਰ 'ਚ ਸ਼ੱਕੀ ਅੱਤਵਾਦੀਆਂ ਦੇ ਹਮਲੇ ਮਗਰੋਂ ਇੰਟਰਨੈਟ ਬੰਦ

ਇੰਫਾਲ, 7 ਅਪ੍ਰੈਲ (ਚ.ਨ.ਸ.): ਮਨੀਪੁਰ 'ਚ ਹਾਲਾਤ ਇਕ ਵਾਰ ਫਿਰ ਗੰਭੀਰ ਹੋ ਗਏ ਹਨ। ਰਾਜ ਦੇ ਟ੍ਰੋਂਗਲਾਓਬੀ ਅਵਾਂਗ ਲੇਕਾਈ ਇਲਾਕੇ 'ਚ ਸ਼ੱਕੀ ਅੱਤਵਾਦੀਆਂ ਵੱਲੋਂ ਕੀਤੇ ਹਮਲੇ 'ਚ ਦੋ ਮਾਸੂਮ ਬੱਚੇ (ਇਕ 5 ਸਾਲਾ ਮੁੰਡਾ ਅਤੇ 5 ਮਹੀਨੇ ਦੀ ਬੱਚੀ) ਮਾਰੇ ਗਏ। ਇਹ ਹਮਲਾ ਰਾਤ ਦੇ ਕਰੀਬ 1:00 ਵਜੇ ਹੋਇਆ ਜਦੋਂ ਬੱਚੇ ਆਪਣੀ ਮਾਂ ਨਾਲ ਸੁੱਤੇ ਹੋਏ ਸਨ। ਇਸ ਹਮਲੇ 'ਚ ਬੱਚਿਆਂ ਦੀ ਮਾਂ ਵੀ ਜ਼ਖ਼ਮੀ ਹੋਈ ਹੈ, ਜਿਸ ਦਾ ਇਲਾਜ ਚੱਲ ਰਿਹਾ ਹੈ।

ਪੰਜ ਜ਼ਿਲ੍ਹਿਆਂ 'ਚ ਇੰਟਰਨੈਟ ਬੰਦ: ਵਿਗੜਦੀ ਕਾਨੂੰਨ ਵਿਵਸਥਾ ਨੂੰ ਦੇਖਦੇ ਹੋਏ (ਬਾਕੀ ਸਫ਼ਾ 2 'ਤੇ)

### ਮੋਦੀ ਨੇ ਖ਼ੁਦ ਸਾਂਝੀ ਕੀਤੀ ਜਾਣਕਾਰੀ

## ਭਾਰਤ ਵੱਲੋਂ ਆਪਣੇ ਸ਼ਹਿਰੀ ਪ੍ਰਮਾਣੂ ਪ੍ਰੋਗਰਾਮ ਦੇ ਦੂਜੇ ਪੜਾਅ 'ਚ ਮਹੱਤਵਪੂਰਨ ਮੀਲ ਪੱਥਰ ਸਥਾਪਤ



ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 7 ਅਪ੍ਰੈਲ : ਈਰਾਨ ਜੰਗ ਕਾਰਨ ਜਦੋਂ ਪੂਰੀ ਦੁਨੀਆਂ 'ਚ ਤੇਲ-ਗੈਸ ਦੀ ਕਿੱਲਤ ਹੋਈ ਪਈ ਹੈ, ਉੱਥੇ ਹੀ ਭਾਰਤ ਨੇ ਆਪਣੇ ਸਿਵਿਲ ਨਿਊਕਲੀਅਰ ਪ੍ਰੋਗਰਾਮ ਦੇ ਦੂਜੇ ਪੜਾਅ ਵਿੱਚ ਇੱਕ ਬਹੁਤ ਹੀ ਮਹੱਤਵਪੂਰਨ ਮੀਲ ਪੱਥਰ ਸਥਾਪਤ ਕਰ ਲਿਆ ਹੈ। ਤਾਮਿਲਨਾਡੂ ਦੇ ਕਲਪੱਕਮ ਵਿਖੇ ਸਥਿਤ ਭਾਰਤ ਦੇ ਪਹਿਲੇ ਸਵਦੇਸ਼ੀ ਪ੍ਰੋਟੋਟਾਈਪ ਫਾਸਟ ਬ੍ਰੀਡਰ ਰਿਐਕਟਰ (ਪੀ.ਐਫ.ਬੀ.ਆਰ.) ਨੇ ਸਫਲਤਾਪੂਰਵਕ 'ਕ੍ਰਿਟੀਕੈਲਿਟੀ' (ਸਥਿਰ ਪ੍ਰਮਾਣੂ ਚੇਨ ਰਿਐਕਸ਼ਨ) ਹਾਸਲ ਕਰ ਲਈ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਉਪਲਬਧੀ ਨੂੰ ਆਤਮਨਿਰਭਰ ਭਾਰਤ ਵੱਲ ਇੱਕ ਵੱਡਾ ਕਦਮ ਦੱਸਿਆ ਹੈ। ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਪੋਸਟ ਸ਼ੇਅਰ ਕਰਦਿਆਂ ਲਿਖਿਆ,'ਅੱਜ ਭਾਰਤ ਨੇ ਆਪਣੀ ਪ੍ਰਮਾਣੂ ਯਾਤਰਾ ਵਿੱਚ ਇੱਕ ਅਹਿਮ ਕਦਮ ਚੁੱਕਿਆ ਹੈ। ਕਲਪੱਕਮ ਵਿਖੇ ਸਵਦੇਸ਼ੀ (ਬਾਕੀ ਸਫਾ 2 'ਤੇ)

### 'ਐਨ.ਡੀ.ਏ. ਸਰਕਾਰ ਨੇ ਹਮੇਸ਼ਾ ਔਰਤਾਂ ਦੇ ਸਸ਼ਕਤੀਕਰਨ ਨੂੰ ਤਰਜੀਹ ਦਿੱਤੀ'

ਨਵੀਂ ਦਿੱਲੀ, 7 ਅਪ੍ਰੈਲ (ਚ.ਨ.ਸ.):: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਹਮੇਸ਼ਾ ਹਰ ਪਹਿਲੂ ਵਿੱਚ ਔਰਤਾਂ ਦੇ ਸਸ਼ਕਤੀਕਰਨ ਨੂੰ ਤਰਜੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਐਨ.ਡੀ.ਏ. ਸਰਕਾਰ ਦੁਆਰਾ ਪੇਸ਼ ਕੀਤੇ ਗਏ ਮਹਿਲਾ ਰਾਖਵਾਂਕਰਨ ਐਕਟ ਨਾਲ ਭਾਰਤ ਇੱਕ ਵਧੇਰੇ ਔਰਤਾਂ ਦੀ ਅਗਵਾਈ ਵਾਲੀ ਸ਼ਾਸਨ ਪ੍ਰਣਾਲੀ ਵੱਲ ਵਧ ਰਿਹਾ ਹੈ। ਪ੍ਰਧਾਨ ਮੰਤਰੀ ਨੇ ਇਹ ਟਿੱਪਣੀ ਕੇਂਦਰੀ ਮੰਤਰੀ ਅੰਨਪੂਰਨਾ ਦੇਵੀ ਦੇ 'ਮਹਿਲਾ ਵਿਧਾਨਕ ਲੀਡਰਸ਼ਿਪ ਨੂੰ ਉਤਸ਼ਾਹਿਤ ਕਰਨਾ' ਵਿਸ਼ੇ 'ਤੇ ਇੱਕ ਅਖ਼ਬਾਰ ਦੇ ਲੇਖ ਦੇ ਜਵਾਬ ਵਿੱਚ ਕੀਤੀ। (ਬਾਕੀ ਸਫਾ 2 'ਤੇ)

### ਈਰਾਨ ਦੀ ਅਰਥਵਿਵਸਥਾ 'ਤੇ ਅਮਰੀਕਾ ਵੱਲੋਂ ਵੱਡੀ ਸੱਟ !

# ਮਿਜ਼ਾਈਲਾਂ ਨਾਲ ਤੇਲ ਟਰਮੀਨਲਾਂ, ਸਟੋਰੇਜ ਟੈਂਕਾਂ ਅਤੇ ਫ਼ੌਜੀ ਬੁਨਿਆਦੀ ਢਾਂਚੇ ਨੂੰ ਬਣਾਇਆ ਨਿਸ਼ਾਨਾ

ਚੜ੍ਹਦੀਕਲਾ ਬਿਊਰੋ
================




ਵਾਸ਼ਿੰਗਟਨ, 7 ਅਪ੍ਰੈਲ : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਈਰਾਨ ਨੂੰ ਹੋਰਮੁਜ਼ ਦੀ ਖਾੜੀ ਖੋਲ੍ਹਣ ਲਈ ਦਿੱਤੀ ਗਈ 48 ਘੰਟਿਆਂ ਦੀ ਮੋਹਲਤ ਖ਼ਤਮ ਹੋਣ ਤੋਂ ਪਹਿਲਾਂ ਹੀ ਉਨ੍ਹਾਂ ਦੇ ਆਦੇਸ਼ਾਂ 'ਤੇ ਅਮਰੀਕੀ ਫੌਜ ਨੇ ਈਰਾਨ ਦੇ ਤੇਲ ਨਿਰਯਾਤ ਦੇ ਸਭ ਤੋਂ ਵੱਡੇ ਕੇਂਦਰ 'ਖਾਰਗ ਟਾਪੂ' 'ਤੇ ਜ਼ਬਰਦਸਤ ਸਟੀਕ ਹਮਲੇ ਕੀਤੇ। ਇਸ ਭਿਆਨਕ ਹਮਲੇ ਨਾਲ ਦੁਨੀਆਂ ਭਰ ਦੇ ਊਰਜਾ ਬਾਜ਼ਾਰ ਵਿੱਚ ਭੂਚਾਲ ਆ ਗਿਆ ਹੈ। ਖਾਰਗ ਟਾਪੂ, ਜੋ ਕਿ ਈਰਾਨ ਦੇ ਕੁੱਲ ਕੱਚੇ ਤੇਲ ਦੇ ਨਿਰਯਾਤ ਦਾ ਲਗਭਗ 90 ਫ਼ੀਸਦੀ ਹਿੱਸਾ ਸੰਭਾਲਦਾ ਹੈ, 'ਤੇ ਹੋਇਆ ਇਹ ਹਮਲਾ ਈਰਾਨ ਦੀ ਅਰਥਵਿਵਸਥਾ 'ਤੇ ਵੱਡੀ ਸੱਟ ਹੈ। ਅਮਰੀਕੀ ਮਿਜ਼ਾਈਲਾਂ ਨੇ ਟਾਪੂ 'ਤੇ ਸਥਿਤ ਤੇਲ ਟਰਮੀਨਲਾਂ, ਸਟੋਰੇਜ ਟੈਂਕਾਂ ਅਤੇ ਫੌਜੀ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਇਆ ਹੈ। ਹਮਲੇ ਤੋਂ ਤੁਰੰਤ ਬਾਅਦ ਰਾਸ਼ਟਰਪਤੀ ਟਰੰਪ ਨੇ ਕਿਹਾ, 'ਅਸੀਂ ਈਰਾਨ ਨੂੰ ਚਿਤਾਵਨੀ ਦਿੱਤੀ ਸੀ ਕਿ ਉਹ ਦੁਨੀਆ ਲਈ ਤੇਲ ਦਾ ਰਸਤਾ ਨਾ ਰੋਕੇ। ਖਾਰਗ ਟਾਪੂ 'ਤੇ ਕੀਤੀ ਗਈ ਕਾਰਵਾਈ ਸਿਰਫ਼ ਇੱਕ ਸ਼ੁਰੂਆਤ ਹੈ। ਜੇਕਰ ਈਰਾਨ ਨੇ ਹੋਰਮੁਜ਼ ਨਾ ਖੋਲ੍ਹਿਆ ਤਾਂ ਉਸ ਦੇ ਸਾਰੇ ਤੇਲ ਹੱਬ ਮਿੱਟੀ ਵਿੱਚ ਮਿਲਾ ਦਿੱਤੇ ਜਾਣਗੇ।' ਹਾਲਾਂਕਿ ਈਰਾਨੀ ਮੀਡੀਆ ਨੇ ਵੀ ਪੁਸ਼ਟੀ ਕੀਤੀ ਹੈ ਕਿ ਟਾਪੂ 'ਤੇ ਕਈ ਵੱਡੇ ਧਮਾਕੇ ਹੋਏ ਹਨ ਪਰ ਉਨ੍ਹਾਂ ਦਾ ਦਾਅਵਾ ਹੈ ਕਿ ਉਨ੍ਹਾਂ ਦੇ ਏਅਰ ਡਿਫੈਂਸ ਨੇ ਕਈ ਮਿਜ਼ਾਈਲਾਂ ਨੂੰ ਹਵਾ 'ਚ ਹੀ ਤਬਾਹ ਕਰ ਦਿੱਤਾ ਹੈ। ਮਾਹਿਰਾਂ ਅਨੁਸਾਰ ਇਸ ਹਮਲੇ ਤੋਂ ਬਾਅਦ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ 150 ਤੋਂ 200 ਡਾਲਰ ਪ੍ਰਤੀ ਬੈਰਲ ਤੱਕ ਜਾ ਸਕਦੀਆਂ ਹਨ। ਫਿਲਹਾਲ ਟਰੰਪ ਦੀ ਡੈੱਡਲਾਈਨ ਖ਼ਤਮ ਹੋਣ 'ਚ ਕੁਝ ਸਮਾਂ ਬਾਕੀ ਤਾਂ ਹੈ ਪਰ ਉਸ ਤੋਂ ਪਹਿਲਾਂ ਹੀ ਇਹ ਹਮਲਾ ਕਿਤੇ ਨਾ ਕਿਤੇ ਜੰਗ ਨੂੰ ਹੋਰ ਭੜਕਾਉਣ ਦਾ ਕੰਮ ਕਰੇਗਾ।

### ਰਾਸ਼ਟਰਪਤੀ ਮਸੂਦ ਪੇਜੇਸ਼ਕੀਅਨ ਦਾ ਵੱਡਾ ਬਿਆਨ

## 'ਮੇਰੇ ਸਣੇ 1.4 ਕਰੋੜ ਈਰਾਨੀ ਦੇਸ਼ ਲਈ ਜਾਨ ਦੇਣ ਨੂੰ ਤਿਆਰ'

ਚੜ੍ਹਦੀਕਲਾ ਬਿਊਰੋ
================



ਤਹਿਰਾਨ, 7 ਅਪ੍ਰੈਲ :ਅਮਰੀਕਾ ਅਤੇ ਈਰਾਨ ਵਿਚਾਲੇ ਵਧਦੇ ਤਣਾਅ ਦਰਮਿਆਨ ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜੇਸ਼ਕੀਅਨ ਨੇ ਇੱਕ ਬਹੁਤ ਹੀ ਭਾਵੁਕ ਤੇ ਵੱਡਾ ਬਿਆਨ ਜਾਰੀ ਕੀਤਾ ਹੈ। ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਰਾਸ਼ਟਰਪਤੀ ਨੇ ਕਿਹਾ ਹੈ ਕਿ ਉਹ ਖ਼ੁਦ ਅਤੇ 1.4 ਕਰੋੜ ਈਰਾਨੀ ਵਲੰਟੀਅਰ ਦੇਸ਼ ਲਈ ਜੰਗ ਦੇ ਮੈਦਾਨ ਵਿੱਚ ਆਪਣੀ ਜਾਨ ਕੁਰਬਾਨ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ। ਇਹ ਬਿਆਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਦਿੱਤੀ ਗਈ ਉਸ ਚਿਤਾਵਨੀ ਦੇ ਜਵਾਬ ਵਿੱਚ ਆਇਆ ਹੈ, ਜਿਸ ਵਿੱਚ ਈਰਾਨ ਨੂੰ ਹੋਰਮੁਜ਼ ਦਾ ਰਸਤਾ ਮੁੜ ਖੋਲ੍ਹਣ ਲਈ ਇੱਕ ਨਿਸ਼ਚਿਤ ਸਮਾਂ-ਸੀਮਾ ਦਿੱਤੀ ਗਈ ਹੈ। ਟਰੰਪ ਨੇ ਸਪੱਸ਼ਟ ਕਿਹਾ ਹੈ ਕਿ ਜੇਕਰ (ਬਾਕੀ ਸਫਾ 2 'ਤੇ)

## ਬੰਗਾਲ ਦੀ ਸੱਤਾ 'ਚ ਭਾਜਪਾ ਦਾ ਆਉਣਾ ਤੈਅ: ਅਮਿਤ ਸ਼ਾਹ

ਚੜ੍ਹਦੀਕਲਾ ਬਿਊਰੋ
================



ਪਥਰਕੰਡੀ (ਆਸਾਮ) :7 ਅਪ੍ਰੈਲ : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮੰਗਲਵਾਰ ਨੂੰ ਕਿਹਾ ਕਿ ਪੱਛਮੀ ਬੰਗਾਲ ਵਿੱਚ 'ਬਦਲਾਅ' ਨਿਸ਼ਚਿਤ ਹੈ ਅਤੇ ਜਿਵੇਂ ਹੀ ਭਾਰਤੀ ਜਨਤਾ ਪਾਰਟੀ (ਭਾਜਪਾ) ਰਾਜ ਵਿੱਚ ਸੱਤਾ ਵਿੱਚ ਆਵੇਗੀ, ਸਾਰੇ ਘੁਸਪੈਠੀਆਂ ਨੂੰ ਉਨ੍ਹਾਂ ਦੇ ਦੇਸ਼ਾਂ ਵਿੱਚ ਵਾਪਸ ਭੇਜ ਦਿੱਤਾ ਜਾਵੇਗਾ। ਇੱਥੇ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਕਾਂਗਰਸ ਪਾਰਟੀ ਨੇ ਆਸਾਮ ਦੀ ਬਰਾਕ ਘਾਟੀ ਵਿੱਚ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਪਨਾਹ ਦਿੱਤੀ, ਜਿਸ ਨਾਲ ਉਹ ਸ਼੍ਰੀਭੂਮੀ, ਸਿਲਚਰ ਅਤੇ ਕਛਰ ਜ਼ਿਲ੍ਹਿਆਂ ਵਿੱਚ ਆਪਣਾ 'ਦਬਦਬਾ' ਸਥਾਪਤ ਕਰ ਸਕੇ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਨਾਗਰਿਕਤਾ ਸੋਧ ਕਾਨੂੰਨ ਦਾ ਵਿਰੋਧ ਕਰਦੀ ਹੈ ਕਿਉਂਕਿ ਉਹ ਜਾਣਦੀ ਹੈ ਕਿ ਇਹ ਕਾਨੂੰਨ ਇਹ ਯਕੀਨੀ ਬਣਾਏਗਾ ਕਿ ਕੋਈ ਵੀ ਘੁਸਪੈਠੀਆ ਰਾਜ ਵਿੱਚ ਨਾ ਰਹੇ। ਸ਼ਾਹ ਨੇ ਕਿਹਾ, 'ਪੱਛਮੀ ਬੰਗਾਲ ਵਿੱਚ ਬਦਲਾਅ ਯਕੀਨੀ ਹੈ। ਜਿਵੇਂ ਹੀ ਭਾਜਪਾ ਰਾਜ ਵਿੱਚ ਸੱਤਾ ਵਿੱਚ ਆਵੇਗੀ, ਆਸਾਮ, ਤ੍ਰਿਪੁਰਾ (ਬਾਕੀ ਸਫਾ 2 'ਤੇ)

## ਸ਼ਹੀਦ ਊਧਮ ਸਿੰਘ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਹੁਸ਼ਿਆਰਪੁਰ 'ਚ ਬਣਾਇਆ ਜਾਵੇਗਾ, ਜੋ ਦੋ ਸਾਲਾਂ ਵਿੱਚ ਹੋਵੇਗਾ ਪੂਰਾ: ਮਾਨ

ਪਰਮਿੰਦਰ ਘੁੰਮਣ/ਦੀਪਕ ਕੁਮਾਰ/ ਚੰਦਰ ਪ੍ਰਕਾਸ਼/ਅਗਨੀਹੋਤਰੀ
================



ਹਰਿਆਣਾ, ਹੁਸ਼ਿਆਰਪੁਰ, 7 ਅਪ੍ਰੈਲ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹੁਸ਼ਿਆਰਪੁਰ ਵਿੱਚ 516 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ, ਜਿਸ ਵਿੱਚ ਸ਼ਾਮ ਚੌਰਾਸੀ ਵਿਧਾਨ ਸਭਾ ਹਲਕੇ ਵਿੱਚ ਸਿਹਤ ਸੰਭਾਲ ਬੁਨਿਆਦੀ ਢਾਂਚੇ ਦਾ ਵੱਡੇ ਪੱਧਰ 'ਤੇ ਵਿਸਥਾਰ ਅਤੇ ਜ਼ਮੀਨੀ ਪੱਧਰ 'ਤੇ ਨਵੇਂ ਪ੍ਰੋਜੈਕਟ ਸ਼ਾਮਲ ਹਨ। ਰਾਜ ਪੱਧਰੀ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਦੋ ਸਾਲਾਂ ਦੇ ਅੰਦਰ ਪੂਰਾ ਹੋ ਜਾਵੇਗਾ, ਜਿੱਥੇ ਸਾਲਾਨਾ 100 ਐਮਬੀਬੀਐਸ ਡਾਕਟਰਾਂ ਨੂੰ ਸਿਖਲਾਈ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਓਪੀਡੀ, ਐਮਆਰਆਈ, ਸੀਟੀ ਸਕੈਨ ਅਤੇ ਵਿਸ਼ੇਸ਼ ਵਿਭਾਗਾਂ ਸਮੇਤ ਉੱਨਤ ਸਹੂਲਤਾਂ ਨਾਲ ਲੈਸ 300 ਬਿਸਤਰਿਆਂ ਵਾਲਾ ਹਸਪਤਾਲ ਵੀ ਬਣਾਇਆ ਜਾਵੇਗਾ। ਜ਼ਮੀਨੀ ਪੱਧਰ 'ਤੇ ਸਿਹਤ ਸੰਭਾਲ ਨੂੰ ਮਜ਼ਬੂਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਾਮ ਚੌਰਾਸੀ ਵਿੱਚ 30 ਬਿਸਤਰਿਆਂ ਵਾਲੇ ਕਮਿਊਨਿਟੀ ਹੈਲਥ ਸੈਂਟਰ ਦਾ ਨੀਂਹ ਪੱਥਰ ਰੱਖਿਆ, ਜੋ ਆਧੁਨਿਕ ਆਪ੍ਰੇਸ਼ਨ ਥੀਏਟਰ, ਲੈਬ, ਐਕਸ-ਰੇ, ਟੀਕਾਕਰਨ ਅਤੇ ਜਣੇਪਾ ਸੰਭਾਲ ਸੇਵਾਵਾਂ ਨਾਲ ਲੈਸ ਹੈ, ਜਿਸ ਨਾਲ 40 ਤੋਂ ਵੱਧ ਪਿੰਡਾਂ ਨੂੰ ਲਾਭ ਹੋਵੇਗਾ। ਉਨ੍ਹਾਂ ਨੇ ਹਰ ਕੋਨੇ ਤੱਕ ਸਿਹਤ ਸੰਭਾਲ ਪਹੁੰਚ ਦੇ ਵਿਸਥਾਰ ਲਈ ਹਲਕੇ ਵਿੱਚ ਸੱਤ ਵਾਧੂ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਦਾ ਵੀ ਐਲਾਨ ਕੀਤਾ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਘਰਾਂ ਦੇ ਨੇੜੇ ਮਿਆਰੀ ਡਾਕਟਰੀ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।ਆਖਰੀ ਪੱਧਰ ਤੱਕ ਸਿਹਤ ਸੰਭਾਲ (ਬਾਕੀ ਸਫਾ 2 'ਤੇ)

## ਪੱਛਮੀ ਏਸ਼ੀਆ ਸੰਘਰਸ਼ ਦੌਰਾਨ 1,700 ਤੋਂ ਵੱਧ ਭਾਰਤੀਆਂ ਨੇ ਈਰਾਨ ਛੱਡਿਆ: ਵਿਦੇਸ਼ ਮੰਤਰਾਲਾ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 7 ਅਪ੍ਰੈਲ : ਵਿਦੇਸ਼ ਮੰਤਰਾਲਾ ਨੇ ਦੱਸਿਆ ਕਿ ਇੱਕ ਮਹੀਨਾ ਪਹਿਲਾਂ ਸ਼ੁਰੂ ਹੋਏ ਪੱਛਮੀ ਏਸ਼ੀਆ ਸੰਘਰਸ਼ ਤੋਂ ਬਾਅਦ ਹੁਣ ਤੱਕ 1700 ਤੋਂ ਵੱਧ ਭਾਰਤੀ ਨਾਗਰਿਕ ਅਰਮੀਨੀਆ ਅਤੇ ਅਜ਼ਰਬਾਈਜਾਨ ਦੇ ਜ਼ਮੀਨੀ ਸਰਹੱਦੀ ਰਸਤਿਆਂ ਰਾਹੀਂ ਈਰਾਨ ਤੋਂ ਬਾਹਰ ਆ ਚੁੱਕੇ ਹਨ।ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇੱਕ ਮੀਡੀਆ ਬ੍ਰੀਫਿੰਗ ਵਿੱਚ ਕਿਹਾ,'ਤਹਿਰਾਨ ਵਿੱਚ ਸਾਡੇ ਦੂਤਾਵਾਸ ਨੇ ਹੁਣ ਤੱਕ 1,777 ਭਾਰਤੀ ਨਾਗਰਿਕਾਂ ਨੂੰ ਅਰਮੀਨੀਆ ਅਤੇ ਅਜ਼ਰਬਾਈਜਾਨ ਰਾਹੀਂ ਈਰਾਨ ਤੋਂ ਬਾਹਰ ਕੱਢਣ ਵਿੱਚ ਸਹਾਇਤਾ ਕੀਤੀ ਹੈ।' ਇਹ ਭਾਰਤੀ ਨਾਗਰਿਕ ਅਰਮੀਨੀਆ ਅਤੇ ਅਜ਼ਰਬਾਈਜਾਨ ਤੋਂ ਜਹਾਜ਼ ਰਾਹੀਂ ਵਾਪਸ ਆਪਣੇ ਘਰ ਪਰਤ ਰਹੇ ਹਨ। ਜੈਸਵਾਲ ਨੇ ਦੱਸਿਆ ਕਿ ਘਰ ਪਰਤਣ ਵਾਲੇ ਭਾਰਤੀਆਂ ਵਿੱਚ 895 ਵਿਦਿਆਰਥੀ ਅਤੇ 345 ਮਛੇਰੇ ਸ਼ਾਮਲ ਹਨ। ਉਨ੍ਹਾਂ ਕਿਹਾ,'ਭਾਰਤੀ ਮਛੇਰੇ ਈਰਾਨ ਦੀਆਂ ਵੱਖ-ਵੱਖ ਕੰਪਨੀਆਂ ਵਿੱਚ ਕੰਮ ਕਰਦੇ ਸਨ ਅਤੇ ਉਹ 4 ਅਪ੍ਰੈਲ ਨੂੰ ਅਰਮੀਨੀਆ ਤੋਂ ਜਹਾਜ਼ ਰਾਹੀਂ ਘਰ ਪਰਤ ਆਏ ਸਨ।

## ਨਸ਼ਿਆਂ ਕਾਰਨ 4 ਪੁੱਤ ਗਵਾਉਣ ਵਾਲੀ ਮਾਂ ਦੇ ਪੰਜਵੇਂ ਪੁੱਤ ਦੀ ਵੀ ਮੌਤ



ਸੁਲਤਾਨਪੁਰ ਲੋਧੀ, 7 ਅਪ੍ਰੈਲ (ਚ.ਨ.ਸ.): ਇਥੋਂ ਦੇ ਪੰਡੋਰੀ ਮੁਹੱਲੇ ਵਿਚ ਨਸ਼ੇ ਨੇ ਇੱਕੋ ਪਰਿਵਾਰ ਦੇ 5 ਪੁੱਤਰਾਂ ਦੀ ਜਾਨ ਲੈ ਲਈ। ਪਰਿਵਾਰ ਦੇ 4 ਮੁੰਡਿਆਂ ਦੀ ਪਹਿਲਾਂ ਹੀ ਨਸ਼ੇ ਕਾਰਨ ਮੌਤ ਹੋ ਗਈ ਸੀ ਤੇ ਅੱਜ 5ਵੇਂ ਪੁੱਤਰ ਨੇ ਵੀ ਇਲਾਜ ਦੌਰਾਨ ਦਮ ਤੋੜ ਦਿੱਤਾ ਹੈ। ਉਹ ਅੰਮ੍ਰਿਤਸਰ ਦੇ ਗੁਰੂ ਨਾਨਕ ਦੇਵ ਹਸਪਤਾਲ ਵਿਚ ਜ਼ੇਰੇ ਇਲਾਜ ਸੀ। ਇਸ ਤੋਂ ਪਹਿਲਾਂ ਪੰਜਾਂ ਪੁੱਤਰਾਂ ਦੀ ਮਾਂ ਮਨਜੀਤ ਕੌਰ ਦੀ ਇਕ (ਬਾਕੀ ਸਫਾ 2 'ਤੇ)

## ਪੰਜਾਬ 'ਚ ਤੇਜ਼ ਹਵਾਵਾਂ ਤੇ ਗੜ੍ਹੇਮਾਰੀ ਦੀ ਚਿਤਾਵਨੀ; ਵਾਢੀ ਦੇ ਕੰਮ 'ਚ ਪੈ ਸਕਦੈ ਵਿਘਨ

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ, 7 ਅਪ੍ਰੈਲ : ਉੱਤਰੀ ਭਾਰਤ ਵਿੱਚ ਬਦਲ ਰਹੇ ਮੌਸਮ ਦੇ ਮਿਜਾਜ਼ ਨੂੰ ਲੈ ਕੇ ਭਾਰਤੀ ਮੌਸਮ ਵਿਭਾਗ ਨੇ ਅਲਰਟ ਜਾਰੀ ਕੀਤਾ ਹੈ, ਜਿਸ ਵਿੱਚ ਅਗਲੇ ਕੁਝ ਦਿਨਾਂ ਦੌਰਾਨ ਪੰਜਾਬ ਮੁੱਖ ਪ੍ਰਭਾਵ ਵਾਲਾ ਖੇਤਰ ਬਣਿਆ ਰਹੇਗਾ। ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਗਰਜ-ਚਮਕ ਅਤੇ ਤੇਜ਼ ਹਵਾਵਾਂ (30-60 ਕਿਲੋਮੀਟਰ ਪ੍ਰਤੀ ਘੰਟਾ) ਦੇ ਨਾਲ ਹਲਕੀ ਤੋਂ ਦਰਮਿਆਨੀ ਬਰਸਾਤ ਹੋਣ ਦੀ ਸੰਭਾਵਨਾ ਹੈ। ਇਸ ਦੇ ਨਾਲ ਹੀ ਕਈ ਥਾਵਾਂ 'ਤੇ ਗੜ੍ਹੇਮਾਰੀ ਦਾ ਖਤਰਾ ਵੀ ਬਣਿਆ ਹੋਇਆ ਹੈ, ਜੋ ਕਿ ਵਾਢੀ ਦੇ ਨੇੜੇ ਪਹੁੰਚ ਚੁੱਕੀ ਕਣਕ ਦੀ ਫ਼ਸਲ ਲਈ ਚਿੰਤਾ ਦਾ ਵਿਸ਼ਾ ਹੈ।

ਤੇਜ਼ ਹਵਾਵਾਂ ਕਾਰਨ ਫ਼ਸਲਾਂ ਦੇ ਵਿਛਣ ਦਾ ਡਰ ਹੈ, ਜਿਸ ਨਾਲ ਝਾੜ 'ਤੇ ਅਸਰ ਪੈ ਸਕਦਾ ਹੈ। ਭਾਵੇਂ ਇਸ ਨਾਲ ਗਰਮੀ ਤੋਂ ਰਾਹਤ ਮਿਲੇਗੀ, ਪਰ ਖੇਤੀਬਾੜੀ ਅਤੇ ਆਮ ਜੀਵਨ ਵਿੱਚ ਵਿਘਨ ਪੈ ਸਕਦਾ ਹੈ। ਗੁਆਂਢੀ ਰਾਜਾਂ ਹਰਿਆਣਾ ਅਤੇ ਦਿੱਲੀ ਵਿੱਚ ਵੀ ਅਜਿਹੇ ਹੀ ਤੂਫ਼ਾਨੀ ਹਾਲਾਤ ਰਹਿਣਗੇ, ਜਦਕਿ ਰਾਜਸਥਾਨ ਵਿੱਚ ਧੂੜ ਭਰੀਆਂ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਪਹਾੜੀ ਇਲਾਕਿਆਂ ਜਿਵੇਂ ਕਿ ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਭਾਰੀ ਬਾਰਸ਼ ਅਤੇ ਬਰਫ਼ਬਾਰੀ ਕਾਰਨ ਜ਼ਮੀਨ ਖਿਸਕਣ ਅਤੇ ਰਸਤੇ ਬੰਦ ਹੋਣ ਦਾ ਖਤਰਾ ਹੈ। ਪੰਜਾਬ ਦੇ ਲੋਕਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਬਿਜਲੀ ਚਮਕਣ ਵੇਲੇ ਖੁੱਲ੍ਹੇ ਖੇਤਾਂ ਵਿੱਚ ਜਾਣ ਤੋਂ ਬਚਣ ਅਤੇ ਕਿਸਾਨ ਫਿਲਹਾਲ ਵਾਢੀ ਜਾਂ ਕੀਟਨਾਸ਼ਕਾਂ ਦੇ ਛਿੜਕਾਅ ਨੂੰ ਕੁਝ ਸਮੇਂ ਲਈ ਟਾਲ ਦੇਣ। ਮੌਸਮ ਵਿੱਚ ਆ ਰਹੀ ਇਸ ਤੇਜ਼ੀ ਕਾਰਨ ਸਫਰ ਦੌਰਾਨ ਸਾਵਧਾਨੀ ਵਰਤਣ ਅਤੇ ਲਗਾਤਾਰ ਅਪਡੇਟਸ ਨਾਲ ਜੁੜੇ ਰਹਿਣ ਦੀ ਅਪੀਲ ਕੀਤੀ ਗਈ ਹੈ।

### ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਵੱਡੀ ਗਿਰਾਵਟ

## ਸੋਨਾ 2,000 ਰੁ. ਅਤੇ ਚਾਂਦੀ 3,000 ਰੁਪਏ ਹੋਏ ਸਸਤੇ

ਨਵੀਂ ਦਿੱਲੀ, 7 ਅਪ੍ਰੈਲ (ਚ.ਨ.ਸ.): ਦੇਸ਼ ਭਰ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਅੱਜ ਭਾਰੀ ਗਿਰਾਵਟ ਦੇਖਣ ਨੂੰ ਮਿਲੀ। ਇੰਡੀਆ ਬੁਲੀਅਨ ਐਂਡ ਜਵੈਲਰਜ਼ ਐਸੋਸੀਏਸ਼ਨ ਦੇ ਅੰਕੜਿਆਂ ਮੁਤਾਬਕ 7 ਅਪ੍ਰੈਲ ਨੂੰ 10 ਗ੍ਰਾਮ 24 ਕੈਰੇਟ ਸੋਨੇ ਦੀ ਕੀਮਤ 2,000 ਰੁਪਏ ਦੀ ਕਮੀ ਨਾਲ 1.47 ਲੱਖ ਰੁਪਏ 'ਤੇ ਆ ਗਈ ਹੈ, ਜਦੋਂ ਕਿ ਇਸ ਤੋਂ ਪਹਿਲਾਂ ਇਹ 1.49 ਲੱਖ ਰੁਪਏ ਸੀ। ਇਸੇ ਤਰ੍ਹਾਂ ਚਾਂਦੀ ਦੀ ਕੀਮਤ ਵਿੱਚ ਵੀ 3,000 ਰੁਪਏ ਦੀ ਗਿਰਾਵਟ ਦਰਜ ਕੀਤੀ ਗਈ ਹੈ, ਜਿਸ ਨਾਲ ਹੁਣ ਇੱਕ ਕਿਲੋ ਚਾਂਦੀ ਦਾ ਭਾਅ 2.31 ਲੱਖ ਰੁਪਏ ਰਹਿ ਗਿਆ ਹੈ। ਸਾਲ 2026 ਦੀ ਸ਼ੁਰੂਆਤ ਵਿੱਚ ਸੋਨੇ ਦੀਆਂ ਕੀਮਤਾਂ ਵਿੱਚ ਤੇਜ਼ੀ ਦੇਖੀ ਗਈ ਸੀ ਪਰ ਹਾਲ ਹੀ ਦੇ ਹਫ਼ਤਿਆਂ ਵਿੱਚ ਮੁਨਾਫ਼ਾ ਵਸੂਲੀ ਅਤੇ ਈਰਾਨ ਜੰਗ ਦੇ ਪ੍ਰਭਾਵ ਕਾਰਨ ਕੀਮਤਾਂ ਹੇਠਾਂ ਆਈਆਂ ਹਨ। 29 ਜਨਵਰੀ, 2026 ਨੂੰ ਸੋਨਾ ਆਪਣੇ ਸਭ ਤੋਂ ਉੱਚੇ ਪੱਧਰ (1.76 ਲੱਖ ਰੁਪਏ) 'ਤੇ ਸੀ, ਜਿੱਥੋਂ ਹੁਣ ਤੱਕ ਇਹ 29,000 ਰੁਪਏ ਸਸਤਾ ਹੋ ਚੁੱਕਾ ਹੈ। ਚਾਂਦੀ ਦੀਆਂ ਕੀਮਤਾਂ ਵਿੱਚ ਸੋਨੇ ਦੇ ਮੁਕਾਬਲੇ ਜ਼ਿਆਦਾ ਉਤਾਰ-ਚੜ੍ਹਾਅ ਦੇਖਣ ਨੂੰ ਮਿਲਿਆ ਹੈ। ਚਾਂਦੀ 29 ਜਨਵਰੀ, 2026 ਨੂੰ 3.86 ਲੱਖ ਰੁਪਏ ਦੇ ਰਿਕਾਰਡ ਪੱਧਰ 'ਤੇ ਸੀ, ਜੋ ਹੁਣ ਆਪਣੇ ਉੱਚਤਮ ਪੱਧਰ ਤੋਂ 1.54 ਲੱਖ ਰੁਪਏ ਹੇਠਾਂ ਡਿੱਗ ਕੇ 2.31 ਲੱਖ ਰੁਪਏ 'ਤੇ ਆ ਗਈ ਹੈ।

### ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਵਰ੍ਹਾ

## ਪੀ.ਐਸ.ਈ.ਬੀ. ਵੱਲੋਂ 2010 ਤੋਂ ਬੋਰਡ ਪ੍ਰੀਖਿਆਵਾਂ 'ਚ ਅਸਫ਼ਲ ਰਹੇ ਵਿਦਿਆਰਥੀਆਂ ਲਈ ਵਿਸ਼ੇਸ਼ ਮੌਕਾ

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ, 7 ਅਪ੍ਰੈਲ :ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਵਰ੍ਹੇ ਨੂੰ ਸਮਰਪਿਤ ਇਕ ਅਹਿਮ ਹਮਦਰਦੀ-ਭਰਪੂਰ ਪਹਿਲ ਕਰਦਿਆਂ ਪੰਜਾਬ ਸਕੂਲ ਸਿੱਖਿਆ ਬੋਰਡ ਉਨ੍ਹਾਂ ਵਿਦਿਆਰਥੀਆਂ ਲਈ ਯਕਮੁਸ਼ਤ "ਵਿਸ਼ੇਸ਼ ਮੌਕਾ" (ਮਰਸੀ ਚਾਂਸ) ਦੇਣ ਜਾ ਰਿਹਾ ਹੈ, ਜੋ 10ਵੀਂ ਜਾਂ 12ਵੀਂ ਬੋਰਡ ਪ੍ਰੀਖਿਆ ਪਾਸ ਨਹੀਂ ਸਨ ਕਰ ਸਕੇ। ਇਹ ਐਲਾਨ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕੀਤਾ। ਇਸ ਪਹਿਲਕਦਮੀ ਲਈ ਯੋਗਤਾ ਅਤੇ ਦਾਇਰੇ ਬਾਰੇ ਸਿੱਖਿਆ ਮੰਤਰੀ ਨੇ ਦੱਸਿਆ ਕਿ ਉਹ ਸਾਰੇ ਵਿਦਿਆਰਥੀ, ਜੋ ਮਾਰਚ 2010 ਤੋਂ ਹੁਣ ਤੱਕ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਕਿਸੇ ਵੀ ਪ੍ਰੀਖਿਆ ਵਿੱਚ ਬੈਠੇ ਹਨ ਅਤੇ ਪਾਸ ਨਹੀਂ ਸਨ ਹੋਏ, ਉਹ ਵਿਸ਼ੇਸ਼ ਮੌਕੇ (ਮਰਸੀ ਚਾਂਸ) ਲਈ ਯੋਗ ਹੋਣਗੇ। ਇਸ ਮੌਕੇ ਦਾ ਲਾਭ ਉਹ ਵਿਦਿਆਰਥੀ ਲੈ ਸਕਦੇ ਹਨ, ਜਿਨ੍ਹਾਂ ਨੇ ਘੱਟੋ-ਘੱਟ ਇੱਕ ਵਿਸ਼ਾ ਪਾਸ ਕੀਤਾ ਹੈ। ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਇਹ ਵਿਸ਼ੇਸ਼ ਸਹੂਲਤ ਉਨ੍ਹਾਂ ਨੂੰ ਆਪਣਾ ਬੋਰਡ ਸਰਟੀਫਿਕੇਸ਼ਨ ਪ੍ਰਾਪਤ ਕਰਨ ਦਾ ਅੰਤਮ ਰਸਤਾ ਪ੍ਰਦਾਨ ਕਰੇਗੀ। ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਆਨਲਾਈਨ ਰਜਿਸਟ੍ਰੇਸ਼ਨ (ਬਾਕੀ ਸਫਾ 2 'ਤੇ)

## ਮਹਿੰਗਾਈ ਅਤੇ ਬੇਰੁਜ਼ਗਾਰੀ ਭਾਰਤੀ ਨਾਗਰਿਕਾਂ ਲਈ ਮੁੱਖ ਚਿੰਤਾਵਾਂ: ਸਰਵੇਖਣ

ਨਵੀਂ ਦਿੱਲੀ, 7 ਅਪ੍ਰੈਲ (ਚ.ਨ.ਸ.):ਇੱਕ ਗਲੋਬਲ ਸੰਸਥਾ ਦੀ ਸਰਵੇਖਣ ਰਿਪੋਰਟ ਵਿੱਚ ਸਾਹਮਣੇ ਆਇਆ ਹੈ ਕਿ ਭਾਰਤੀ ਨਾਗਰਿਕਾਂ ਦੀਆਂ ਮੁੱਖ ਚਿੰਤਾਵਾਂ ਵਿੱਚ ਮਹਿੰਗਾਈ, ਬੇਰੁਜ਼ਗਾਰੀ, ਸਿੱਖਿਆ, ਅਪਰਾਧ ਅਤੇ ਹਿੰਸਾ ਦੇ ਨਾਲ-ਨਾਲ ਵਿੱਤੀ ਅਤੇ ਰਾਜਨੀਤਿਕ ਭ੍ਰਿਸ਼ਟਾਚਾਰ ਸ਼ਾਮਲ ਹਨ, ਪਰ ਇਸ ਦੇ ਬਾਵਜੂਦ ਭਾਰਤ ਉਨ੍ਹਾਂ ਚੋਟੀ ਦੇ ਪੰਜ ਦੇਸ਼ਾਂ ਵਿੱਚ ਸ਼ਾਮਲ ਹੈ ਜਿੱਥੋਂ ਦੇ ਨਾਗਰਿਕਾਂ ਨੂੰ ਵਿਸ਼ਵਾਸ ਹੈ ਕਿ ਉਨ੍ਹਾਂ ਦਾ ਦੇਸ਼ ਸਹੀ ਦਿਸ਼ਾ ਵੱਲ ਵਧ ਰਿਹਾ ਹੈ।

ਵਿਸ਼ਵ ਦੀਆਂ ਸਭ ਤੋਂ ਵੱਡੀਆਂ ਮਾਰਕੀਟ ਰਿਸਰਚ ਕੰਪਨੀਆਂ ਵਿੱਚੋਂ ਇੱਕ 'ਇਪਸੋਸ' ਵੱਲੋਂ ਜਾਰੀ 'ਵਟ ਵਰੀਜ਼ ਦ ਵਰਲਡ' ਰਿਪੋਰਟ ਮੁਤਾਬਕ ਭਾਰਤ ਸਮੇਤ ਸਿੰਗਾਪੁਰ, ਮਲੇਸ਼ੀਆ, ਦੱਖਣੀ ਕੋਰੀਆ ਅਤੇ ਥਾਈਲੈਂਡ ਵਰਗੇ ਏਸ਼ੀਆਈ ਦੇਸ਼ਾਂ ਵਿੱਚ ਵਿਸ਼ਵਵਿਆਪੀ ਆਸ਼ਾਵਾਦ ਦਾ ਕੇਂਦਰ ਦੇਖਿਆ ਗਿਆ ਹੈ, ਜਦੋਂ ਕਿ (ਬਾਕੀ ਸਫਾ 2 'ਤੇ)

### ਏਮਜ਼ ਦੇ ਮਾਹਿਰਾਂ ਵੱਲੋਂ ਅਹਿਮ ਖੋਜ

## ਮਾਂ ਦੇ ਦੁੱਧ ਵਾਲੇ ਲੈਕਟੋਫੇਰਿਨ ਨਾਲ ਹੁਣ ਅੱਖਾਂ ਦਾ ਸੁੱਕਾਪਣ ਹੋਵੇਗਾ ਜੜ੍ਹ ਤੋਂ ਖ਼ਤਮ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 7 ਅਪ੍ਰੈਲ : ਦਿੱਲੀ ਸਥਿਤ ਅਖਿਲ ਭਾਰਤੀ ਆਯੁਰਵਿਗਿਆਨ ਸੰਸਥਾਨ (ਏਮਜ਼) ਦੇ ਮਾਹਿਰਾਂ ਨੇ ਇਕ ਅਹਿਮ ਖੋਜ ਵਿੱਚ ਖੁਲਾਸਾ ਕੀਤਾ ਹੈ ਕਿ ਮਾਂ ਦੇ ਦੁੱਧ ਵਿੱਚ ਪਾਇਆ ਜਾਣ ਵਾਲਾ 'ਲੈਕਟੋਫੇਰਿਨ' ਪ੍ਰੋਟੀਨ ਅੱਖਾਂ ਦੇ ਸੁੱਕਾਪਣ ਦੀ ਸਮੱਸਿਆ ਨੂੰ ਦੂਰ ਕਰਨ 'ਚ ਕਾਰਗਰ ਸਾਬਤ ਹੋ ਸਕਦਾ ਹੈ। ਮਾਹਿਰਾਂ ਅਨੁਸਾਰ ਅੱਖਾਂ ਦੀ ਸਰਜਰੀ ਅਤੇ ਮੋਬਾਈਲ ਦੀ ਬਹੁਤ ਜ਼ਿਆਦਾ ਵਰਤੋਂ ਕਾਰਨ ਅੱਖਾਂ ਦੇ ਸੁੱਕਣ ਦੀ ਸਮੱਸਿਆ ਤੇਜ਼ੀ ਨਾਲ ਵਧ ਰਹੀ ਹੈ। ਏਮਜ਼ ਦੇ ਮਾਹਿਰਾਂ ਨੇ ਦੱਸਿਆ ਕਿ ਚਸ਼ਮਾ ਹਟਾਉਣ ਵਾਲੀ ਸਰਜਰੀ (ਪੋਸਟ ਰਿਫ੍ਰੈਕਟਿਵ ਸਰਜਰੀ) ਤੋਂ ਬਾਅਦ ਲਗਭਗ 60 ਫੀਸਦੀ ਮਰੀਜ਼ਾਂ ਨੂੰ ਅੱਖਾਂ 'ਚ ਸੁੱਕਾਪਣ ਦੀ ਸ਼ਿਕਾਇਤ ਹੁੰਦੀ ਹੈ। ਜੇਕਰ ਇਸ ਦਾ ਲੰਬੇ ਸਮੇਂ ਤੱਕ ਇਲਾਜ ਨਾ ਕੀਤਾ ਜਾਵੇ, ਤਾਂ ਅੱਖਾਂ 'ਚ ਇਨਫੈਕਸ਼ਨ, ਕੋਰਨੀਆ 'ਤੇ ਬੁਰਾ ਅਸਰ ਜਾਂ ਅੱਖਾਂ ਦੀ ਰੋਸ਼ਨੀ ਜਾਣ ਦਾ ਖਤਰਾ ਵੀ ਬਣ ਸਕਦਾ ਹੈ। ਬਾਇਓਫਿਜ਼ਿਕਸ ਵਿਭਾਗ ਦੇ ਡਾਕਟਰਾਂ ਅਨੁਸਾਰ ਲੈਕਟੋਫੇਰਿਨ ਇਕ ਗਲਾਈਕੋ ਪ੍ਰੋਟੀਨ ਹੈ। ਇਹ ਮਾਂ ਦੇ ਗਾੜ੍ਹੇ ਪੀਲੇ ਦੁੱਧ ਤੋਂ ਇਲਾਵਾ ਖ਼ੂਨ ਅਤੇ ਸਰੀਰ ਦੇ (ਬਾਕੀ ਸਫਾ 2 'ਤੇ)

## ਨਾਸਾ ਦਾ 'ਆਰਟੇਮਿਸ-2' ਮਿਸ਼ਨ ਚੰਦਰਮਾ ਦੀ ਇਤਿਹਾਸਕ ਪ੍ਰਕਰਮਾ ਕਰਕੇ ਵਾਪਸ ਧਰਤੀ ਲਈ ਰਵਾਨਾ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 7 ਅਪ੍ਰੈਲ :ਨਾਸਾ ਦੇ 'ਆਰਟੇਮਿਸ-2' ਮਿਸ਼ਨ ਨਾਲ ਜੁੜੇ ਪੁਲਾੜ ਯਾਤਰੀਆਂ ਨੇ ਮਨੁੱਖੀ ਪੁਲਾੜ ਯਾਤਰਾ 'ਚ ਨਵਾਂ ਇਤਿਹਾਸ ਰਚਦਿਆਂ ਸਭ ਤੋਂ ਵੱਧ ਦੂਰੀ ਤੈਅ ਕਰਨ ਦਾ ਰਿਕਾਰਡ ਕਾਇਮ ਕਰ ਦਿੱਤਾ ਹੈ। ਚੰਦਰਮਾ ਦੀ ਪਰਿਕਰਮਾ ਕਰਨ ਤੋਂ ਬਾਅਦ ਹੁਣ ਟੀਮ ਸੁਰੱਖਿਅਤ ਤਰੀਕੇ ਨਾਲ ਧਰਤੀ ਵਾਪਸੀ ਵੱਲ ਵਧ ਰਹੀ ਹੈ। ਨਾਸਾ ਨੇ ਪੁਸ਼ਟੀ ਕੀਤੀ ਹੈ ਕਿ 10 ਦਿਨਾਂ ਦਾ ਇਹ ਮਿਸ਼ਨ ਹੁਣ ਵਾਪਸੀ ਦੇ ਰਾਹ 'ਤੇ ਹੈ। ਪੁਲਾੜ ਯਾਨ ਦੇ ਸ਼ੁੱਕਰਵਾਰ ਨੂੰ ਸੈਨ ਡਿਏਗੋ ਦੇ ਤੱਟ ਨੇੜੇ ਪ੍ਰਸ਼ਾਂਤ ਮਹਾਂਸਾਗਰ ਵਿੱਚ ਉਤਰਨ ਦੀ ਉਮੀਦ ਹੈ, ਜੋ ਨਾਸਾ ਦੇ ਭਵਿੱਖੀ ਚੰਦਰਮਾ ਅਤੇ ਡੂੰਘੇ ਪੁਲਾੜ ਖੋਜ ਦੇ ਰੋਡਮੈਪ ਵਿੱਚ ਇੱਕ ਹੋਰ ਵੱਡਾ ਕਦਮ ਹੋਵੇਗਾ। ਮਿਸ਼ਨ ਦੌਰਾਨ ਓਰਾਇਨ ਅੰਤਰਿਕਸ਼ ਯਾਨ ਨੇ ਉਹ ਦੂਰੀ ਪਾਰ ਕੀਤੀ ਜੋ ਇਸ ਤੋਂ ਪਹਿਲਾਂ ਕਿਸੇ ਵੀ ਮਨੁੱਖ ਵੱਲੋਂ ਤੈਅ ਨਹੀਂ ਕੀਤੀ ਗਈ ਸੀ। ਇਸ ਇਤਿਹਾਸਕ ਪਲ ਦੌਰਾਨ ਮਿਸ਼ਨ ਨੇ ਮਨੁੱਖੀ ਖੋਜ ਦੇ ਨਵੇਂ ਮਿਆਰ ਸਥਾਪਿਤ ਕੀਤੇ ਹਨ। ਮਿਸ਼ਨ ਦੌਰਾਨ ਪੁਲਾੜ ਯਾਤਰੀਆਂ ਨੇ ਚੰਦਰਮਾ ਦੇ ਨੇੜੇ ਤੋਂ ਲੰਘਦਿਆਂ ਉਸ ਦਾ ਪੂਰਾ ਚੱਕਰ ਲਗਾਇਆ ਅਤੇ ਇਸ ਦੌਰਾਨ ਉਨ੍ਹਾਂ ਨੇ ਪੁਲਾੜ ਤੋਂ ਧਰਤੀ ਅਤੇ ਚੰਦਰਮਾ ਦੇ ਅਦਭੁਤ ਦ੍ਰਿਸ਼ ਵੇਖੇ। ਪੁਲਾੜ ਯਾਤਰੀਆਂ ਨੇ ਆਪਣੇ ਅਨੁਭਵ ਸਾਂਝੇ ਕਰਦਿਆਂ ਦੱਸਿਆ ਕਿ ਇਹ ਨਜ਼ਾਰੇ ਸ਼ਾਨਦਾਰ, ਹੈਰਾਨੀਜਨਕ ਅਤੇ ਅਲੌਕਿਕ ਹਨ, ਜਿਨ੍ਹਾਂ ਨੂੰ ਦੇਖ ਕੇ ਉਹ ਖੁਦ ਵੀ ਹੈਰਾਨ ਰਹਿ ਗਏ। ਜਾਣਕਾਰੀ ਮੁਤਾਬਕ, ਮਿਸ਼ਨ ਦੇ ਇੱਕ ਮਹੱਤਵਪੂਰਨ ਪੜਾਅ ਦੌਰਾਨ ਪੁਲਾੜ ਯਾਨ ਨੇ ਧਰਤੀ ਤੋਂ ਸਭ ਤੋਂ ਵੱਧ ਦੂਰੀ ਬਣਾਈ, ਜਿਸ ਨਾਲ ਪਿਛਲੇ ਸਾਰੇ ਰਿਕਾਰਡ ਟੁੱਟ ਗਏ। ਇਸ ਉਪਲਬਧੀ ਨੂੰ ਨਾਸਾ ਵੱਲੋਂ ਮਨੁੱਖੀ ਪੁਲਾੜ ਯਾਤਰਾ ਲਈ ਵੱਡੀ ਕਾਮਯਾਬੀ ਮੰਨਿਆ ਜਾ ਰਿਹਾ ਹੈ। ਵਿਗਿਆਨੀਆਂ ਅਨੁਸਾਰ 'ਆਰਟੇਮਿਸ-2' ਮਿਸ਼ਨ ਭਵਿੱਖ ਵਿੱਚ ਮਨੁੱਖਾਂ ਨੂੰ (ਬਾਕੀ ਸਫਾ 2 'ਤੇ)

## ਪੰਜਾਬ 'ਚ ਇਸੇ ਮਹੀਨੇ ਹੋ ਸਕਦੈ ਵੋਟਾਂ ਦਾ ਐਲਾਨ !

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 7 ਅਪ੍ਰੈਲ : ਪੰਜਾਬ ਵਿਚ 102 ਨਗਰ ਕੌਂਸਲਾਂ/ਨਗਰ ਪੰਚਾਇਤਾਂ ਅਤੇ 9 ਨਗਰ ਨਿਗਮਾਂ ਦਾ ਕਾਰਜਕਾਲ ਖ਼ਤਮ ਹੋ ਰਿਹਾ ਹੈ। ਇਨ੍ਹਾਂ ਦਾ ਕਾਰਜਕਾਲ ਖਤਮ ਹੁੰਦਿਆਂ ਹੀ ਪ੍ਰਬੰਧਕੀ ਜ਼ਿੰਮੇਵਾਰੀ ਸੰਭਾਲਣ ਲਈ ਸਬੰਧਤ ਇਲਾਕਿਆਂ ਦੇ ਉਪ ਮੰਡਲ ਮੈਜਿਸਟਰੇਟ (ਐਸ.ਡੀ.ਐਮ.) ਨੂੰ ਪ੍ਰਸ਼ਾਸਕ ਨਿਯੁਕਤ ਕਰ ਦਿੱਤੇ ਜਾਣਗੇ। ਪੰਜਾਬ ਵਿਚ ਸਭ ਤੋਂ ਪਹਿਲਾਂ ਨਾਭਾ ਨਗਰ ਕੌਂਸਲ ਦਾ ਕਾਰਜਕਾਲ ਪੂਰਾ ਹੋਇਆ ਹੈ। ਜਿਸ ਦੇ ਚੱਲਦੇ ਐੱਸ.ਡੀ.ਐੱਮ ਨਾਭਾ ਨੇ ਨਾਭਾ ਨਗਰ ਕੌਂਸਲ ਦਾ ਚਾਰਜ ਸਾਂਭ ਲਿਆ ਹੈ। ਇਥੇ ਇਹ ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਸੂਬੇ ਵਿਚ ਨਗਰ ਨਿਗਮਾਂ ਦੀਆਂ ਚੋਣਾਂ ਕਰਵਾਉਣ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ ਅਤੇ ਜਿਨ੍ਹਾਂ ਨਿਗਮਾਂ ਦੀ ਮਿਆਦ ਖ਼ਤਮ ਹੋ ਰਹੀ ਹੈ, ਉਨ੍ਹਾਂ ਵਿਚ ਪ੍ਰਸ਼ਾਸਕਾਂ ਦੀ ਨਿਯੁਕਤੀ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਇਹ ਵੀ ਦੱਸਿਆ ਜਾ ਰਿਹਾ ਹੈ ਕਿ ਚੋਣਾਂ ਦੀ ਤਾਰੀਖ ਦਾ ਐਲਾਨ ਵੀ ਇਸੇ ਮਹੀਨੇ ਦੇ ਅਖੀਰ ਵਿਚ ਕੀਤਾ ਜਾ ਸਕਦਾ ਹੈ ਅਤੇ ਚੋਣਾਂ ਮਈ ਵਿਚ ਹੋਣ ਦੀ ਸੰਭਾਵਨਾ ਹੈ। ਮੋਹਾਲੀ, ਹੁਸ਼ਿਆਰਪੁਰ, ਮੋਗਾ, ਬਠਿੰਡਾ, ਬਟਾਲਾ, ਕਪੂਰਥਲਾ, ਅਬੋਹਰ ਅਤੇ ਪਠਾਨਕੋਟ ਦੀਆਂ ਅੱਠ ਨਿਗਮਾਂ ਦੀ ਮਿਆਦ ਇਸੇ ਮਹੀਨੇ ਖ਼ਤਮ ਹੋਣ ਵਾਲੀ ਹੈ ਜਦਕਿ ਨਵੀਂ ਬਣੀ ਬਰਨਾਲਾ ਨਿਗਮ ਦੀਆਂ ਚੋਣਾਂ ਪਹਿਲੀ ਵਾਰ ਕਰਵਾਈਆਂ ਜਾਣੀਆਂ ਹਨ। ਸੂਬਾ ਚੋਣ ਕਮਿਸ਼ਨ ਦੇ ਸਰਕਾਰੀ ਸੂਤਰਾਂ ਮੁਤਾਬਕ ਨਿਯਮਾਂ ਅਨੁਸਾਰ, ਜਿਵੇਂ-ਜਿਵੇਂ ਪਹਿਲਾਂ ਚੁਣੀਆਂ ਗਈਆਂ ਨਿਗਮਾਂ ਦੀ ਮਿਆਦ ਖ਼ਤਮ ਹੋ ਰਹੀ ਹੈ, ਸਥਾਨਕ ਸਰਕਾਰਾਂ ਬਾਰੇ ਵਿਭਾਗ ਪ੍ਰਸ਼ਾਸਕਾਂ ਦੀ ਨਿਯੁਕਤੀ ਕਰ ਰਿਹਾ ਹੈ। ਸਾਰੀਆਂ ਸਥਾਨਕ ਇਕਾਈਆਂ ਦੀ ਮਿਆਦ ਖ਼ਤਮ ਹੋਣ ਤੋਂ ਬਾਅਦ ਹੀ ਸੂਬਾ ਸਰਕਾਰ ਨੋਟੀਫਿਕੇਸ਼ਨ ਜਾਰੀ ਕਰੇਗੀ ਅਤੇ ਇਸ ਤੋਂ ਬਾਅਦ ਰਾਜ ਚੋਣ ਕਮਿਸ਼ਨ ਚੋਣਾਂ ਦੀਆਂ ਤਾਰੀਖਾਂ ਦਾ ਐਲਾਨ ਕਰੇਗਾ।

# ਮਾਨ ਸਰਕਾਰ ਵੱਲੋਂ ਵੇਰਕਾ ਲੁਧਿਆਣਾ ਡੇਅਰੀ ਨੂੰ ਵੱਡਾ ਹੁਲਾਰਾ ਦੇਣ ਤਹਿਤ ਮੁਕੰਮਲ ਆਟੋਮੇਸ਼ਨ ਲਈ ਰਾਹ ਪੱਧਰਾ

ਲੁਧਿਆਣਾ, 7 ਅਪ੍ਰੈਲ (ਚ.ਨ.ਸ.): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ’ਤੇ ਪੰਜਾਬ ਸਰਕਾਰ ਸੂਬੇ ਵਿੱਚ ਸਹਿਕਾਰੀ ਡੇਅਰੀ ਖੇਤਰ ਦੇ ਆਧੁਨਿਕੀਕਰਣ, ਨਿਰੰਤਰ ਮਜ਼ਬੂਤੀ ਅਤੇ ਮਿਆਰੀ ਗੁਣਵੱਤਾ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਵੇਰਕਾ ਲੁਧਿਆਣਾ ਡੇਅਰੀ ਨੂੰ ਵੱਡਾ ਹੁਲਾਰਾ ਦੇਣ ਲਈ ਪੂਰੀ ਤਰ੍ਹਾਂ ਤਿਆਰ ਹੈ।

ਮੁੱਖ ਮੰਤਰੀ ਦੀ ਇਸ ਦੂਰ-ਅੰਦੇਸ਼ੀ ਸੋਚ ਅਨੁਸਾਰ ਸਕੱਤਰ (ਸਹਿਕਾਰਤਾ), ਅਜੀਤ ਬਾਲਾਜੀ ਜੋਸ਼ੀ ਅਤੇ ਮੈਨੇਜਿੰਗ ਡਾਇਰੈਕਟਰ ਮਿਲਕਫੈੱਡ ਰਾਹੁਲ ਗੁਪਤਾ ਨੇ ਅੱਜ ਮਿਲਕਫੈੱਡ ਦੇ ਅਧਿਕਾਰੀਆਂ ਨਾਲ ਡੇਅਰੀ ਦਾ ਦੌਰਾ ਕਰਕੇ ਆਧੁਨਿਕੀਕਰਣ ਪ੍ਰੋਜੈਕਟ ਦੀ ਸਮੀਖਿਆ ਕੀਤੀ। ਦੋਵੇਂ ਅਧਿਕਾਰੀਆਂ ਨੇ ਆਧੁਨਿਕੀਕਰਣ ਦੀਆਂ ਲੋੜਾਂ ਦਾ ਮੁਲਾਂਕਣ ਕਰਨ ਤੋਂ ਇਲਾਵਾ ਮੌਜੂਦਾ ਉਤਪਾਦਨ, ਭਰਾਈ ਅਤੇ ਪੈਕੇਜਿੰਗ ਬੁਨਿਆਦੀ ਢਾਂਚੇ ਦੀ ਸਮੀਖਿਆ ਵੀ ਕੀਤੀ।

ਅਧਿਕਾਰੀਆ ਨੇ ਵਿਸ਼ੇਸ਼ ਤੌਰ ’ਤੇ ਹੋਲ ਮਿਲਕ ਪਾਊਡਰ ਦੀ ਭਰਾਈ ਅਤੇ ਪੈਕੇਜਿੰਗ ਪ੍ਰਕਿਰਿਆ ਦਾ ਨਿਰੀਖਣ ਕੀਤਾ, ਜਿਸ ਦੌਰਾਨ ਇਹ ਦੇਖਿਆ ਗਿਆ ਕਿ ਮੌਜੂਦਾ ਢਾਂਚਾ ਕਾਫੀ ਪੁਰਾਣਾ ਹੈ, ਜੋ ਮੌਜੂਦਾ ਸਮੇਂ ਦੇ ਐਂਡ-ਟੂ-ਐਂਡ ਆਟੋਮੇਟਿਡ ਡੇਅਰੀ ਪ੍ਰੋਸੈਸਿੰਗ ਅਤੇ ਪੈਕੇਜਿੰਗ ਅਭਿਆਸਾਂ ਦੇ ਮੱਦੇ-ਨਜ਼ਰ ਸਮਾਂ ਹੰਢਾ ਚੁੱਕਾ ਹੈ।

ਆਪਣੇ ਦੌਰੇ ਦੌਰਾਨ ਦੋਵਾਂ ਅਧਿਕਾਰੀਆਂ ਨੇ ਮੌਜੂਦਾ ਸਹੂਲਤਾਂ ’ਚ ਸੁਧਾਰ ਅਤੇ ਪੂਰੀ ਤਰ੍ਹਾਂ ਸਵੈਚਾਲਿਤ ਆਪ੍ਰੇਸ਼ਨਾਂ ਵੱਲ ਕਦਮ ਵਧਾਉਣ ਦੀ ਲੋੜ ’ਤੇ ਜੋਰ ਦਿੱਤਾ। ਇਸ ਗੱਲ ’ਤੇ ਵੀ ਜੋਰ ਦਿੱਤਾ ਗਿਆ ਕਿ ਕਰਨਾਟਕ ਮਿਲਕ ਫੈਡਰੇਸਨ (ਨੰਦਨੀ) ਅਤੇ ਵਾਰਨਾ ਕੋਆਪਰੇਟਿਵ ਮਿਲਕ ਪ੍ਰੋਡਿਊਸਰਜ ਫੈਡਰੇਸਨ ਲਿਮਟਿਡ ਵਰਗੀਆਂ ਹੋਰ ਪ੍ਰਮੁੱਖ ਸਹਿਕਾਰੀ ਡੇਅਰੀ ਫੈਡਰੇਸ਼ਨਾਂ ਦੀ ਤਰਜ਼ ’ਤੇ ਪੰਜਾਬ ਮਿਲਕਫੈੱਡ ਨੂੰ ਵੀ ਹੋਲ ਮਿਲਕ ਪਾਊਡਰ ਦੀ ਭਰਾਈ ਅਤੇ ਪੈਕਿੰਗ ਲਈ ਐਂਡ-ਟੂ-ਐਂਡ ਆਟੋਮੇਸ਼ਨ ਅਪਣਾਉਣੀ ਚਾਹੀਦੀ ਹੈ।ਇਸ ਅਨੁਸਾਰ ਇਹ ਫੈਸਲਾ ਕੀਤਾ ਗਿਆ ਕਿ ਵੇਰਕਾ ਲੁਧਿਆਣਾ ਡੇਅਰੀ, ਮਿਲਰਡ ਹੈੱਡ ਆਫਿਸ ਪੰਜਾਬ ਅਤੇ ਐਨਡੀਬੀ ਦੇ ਅਧਿਕਾਰੀਆਂ ਦੀ ਟੀਮ ਇਨ੍ਹਾਂ ਫੈਡਰੇਸ਼ਨਾਂ ਦਾ ਦੌਰਾ ਕਰਕੇ ਪੂਰੀ ਤਰ੍ਹਾਂ ਸਵੈਚਾਲਿਤ ਪ੍ਰਣਾਲੀਆਂ ਦਾ ਅਧਿਐਨ ਕਰੇਗੀ।

ਸਕੱਤਰ (ਸਹਿਕਾਰਤਾ) ਨੇ ਕਿਹਾ ਕਿ ਤਕਨੀਕੀ ਮੁਲਾਂਕਣ ਦੇ ਅਧਾਰ ’ਤੇ ਮਿਲਕਫੈੱਡ ਅਗਲੇ ਤਿੰਨ ਮਹੀਨਿਆਂ ਦੇ ਅੰਦਰ ਵੇਰਕਾ ਲੁਧਿਆਣਾ ਡੇਅਰੀ ਵਿਖੇ ਹੋਲ ਮਿਲਕ ਪਾਊਡਰ ਫਿਲਿੰਗ ਅਤੇ ਪੈਕਿੰਗ ਪ੍ਰਕਿਰਿਆ ਦਾ ਐਂਡ-ਟੂ-ਐਂਡ ਆਟੋਮੇਸ਼ਨ ਕਰੇਗਾ।

ਇਹ ਵੀ ਫੈਸਲਾ ਕੀਤਾ ਗਿਆ ਕਿ ਪ੍ਰੋਸੈਸਿੰਗ ਅਤੇ ਪੈਕੇਜਿੰਗ ਦੇ ਹਰ ਪੜਾਅ ’ਤੇ ਸੀਸੀਟੀਵੀ, ਕਿਊਆਰ ਸਮਰੱਥ ਡਾਇਨਾਮਿਕ ਸੀਲਿੰਗ ਸਿਸਟਮ, ਆਰ.ਐਫ.ਆਈ.ਡੀ. ਆਈ.ਆਰ.ਆਈ.ਐਸ. ਦੀ ਸਥਾਪਨਾ ਵਰਗੀਆਂ ਏਆਈ ਅਤੇ ਆਈਟੀ ਸਹੂਲਤਾਂ ਦੇ ਜਲਦ ਲਾਗੂਕਰਨ ਨੂੰ ਯਕੀਨੀ ਬਣਾਇਆ ਜਾਵੇਗਾ। ਅਧਿਕਾਰੀਆਂ ਨੇ ਕਿਹਾ ਕਿ ਸਰਕਾਰ ਦੇ ਆਦੇਸ ਅਨੁਸਾਰ ਮਿਲਕਫੈੱਡ ਦੀ ਸਥਿਤੀ ਨੂੰ ਮਾਰਕੀਟ ਲੀਡਰ ਵਜੋਂ ਮਜਬੂਤ ਕਰਨ ਲਈ ਮਿਆਰੀ ਗੁਣਵੱਤਾ ਭਰੋਸੇ ਅਤੇ ਸੰਚਾਲਨ ਮੁਕਾਬਲੇਬਾਜੀ ਨੂੰ ਹਮੇਸਾ ਤਰਜ਼ੀਹ ਦਿੱਤੀ ਜਾਂਦੀ ਹੈ।

ਇਸ ਤੋਂ ਬਾਅਦ ਸਕੱਤਰ ਨੇ ਵੇਰਕਾ ਮੋਗਾ ਡੇਅਰੀ ਬੱਸੀ ਪਠਾਣਾ ਅਤੇ ਕੈਟਲ ਫੀਡ ਪਲਾਂਟ ਖੰਨਾ ਦਾ ਵੀ ਦੌਰਾ ਕੀਤਾ।

# ਸੂਬਿਆਂ ਨੂੰ 5 ਕਿੱਲੋ ਦੇ ਸਿਲੰਡਰਾਂ ਦੀ ਵੰਡ ਦੁੱਗਣੀ ਕੀਤੀ ਜਾਵੇਗੀ: ਕੇਂਦਰ



ਨਵੀਂ ਦਿੱਲੀ, 7 ਅਪ੍ਰੈਲ (ਚ.ਨ.ਸ.): ਖਾਣਾ ਪਕਾਉਣ ਵਾਲੇ ਬਾਲਣ ਦੀ ਘਾਟ ਕਾਰਨ ਪਰਵਾਸੀ ਮਜ਼ਦੂਰਾਂ ਦੇ ਵਾਪਸ ਆਪਣੇ ਘਰਾਂ ਨੂੰ ਪਰਤਣ ਦੀਆਂ ਰਿਪੋਰਟਾਂ ਵਿਚਕਾਰ ਕੇਂਦਰ ਸਰਕਾਰ ਨੇ ਰਾਜਾਂ ਨੂੰ 5 ਕਿਲੋ ਵਾਲੇ ਸਿਲੰਡਰਾਂ ਦੀ ਵੰਡ ਨੂੰ ਦੁੱਗਣਾ ਕਰਨ ਦਾ ਫੈਸਲਾ ਕੀਤਾ ਹੈ। ਕੇਂਦਰੀ ਪੈਟਰੋਲੀਅਮ ਸਕੱਤਰ ਨੀਰਜ ਮਿੱਤਲ ਨੇ ਅੱਜ ਸਾਰੇ ਮੁੱਖ ਸਕੱਤਰਾਂ ਨੂੰ ਪੱਤਰ ਲਿਖ ਕੇ ਇਸ ਫੈਸਲੇ ਦੀ ਜਾਣਕਾਰੀ ਦਿੱਤੀ ਹੈ।

ਸਕੱਤਰ ਨੇ ਕਿਹਾ ਹੈ ਕਿ ਪਰਵਾਸੀ ਮਜ਼ਦੂਰਾਂ ਨੂੰ ਵੰਡਣ ਲਈ ਹਰੇਕ ਰਾਜ ਵਿੱਚ ਉਪਲੱਬਧ 5 ਕਿੱਲੋ ਦੇ ਐਫ ਟੀ ਐੱਲ ਸਿਲੰਡਰ ਦੀ ਰੋਜ਼ਾਨਾ ਮਾਤਰਾ 2 ਅਤੇ 3 ਮਾਰਚ ਦੌਰਾਨ ਪ੍ਰਵਾਸੀ ਮਜ਼ਦੂਰਾਂ ਨੂੰ ਕੀਤੀ ਗਈ ਔਸਤ ਰੋਜ਼ਾਨਾ ਸਪਲਾਈ ਦੇ ਆਧਾਰ ’ਤੇ ਦੁੱਗਣੀ ਕੀਤੀ ਜਾ ਰਹੀ ਹੈ।’ ਇਹ 5 ਕਿਲੋ ਦੇ ਸਿਲੰਡਰ ਰਾਜ ਸਰਕਾਰ ਅਤੇ ਇਸ ਦੇ ਖੁਰਾਕ/ਨਾਗਰਿਕ ਸਪਲਾਈ ਵਿਭਾਗ ਦੇ ਅਧੀਨ ਹੋਣਗੇ ਤਾਂ ਜੋ ਤੇਲ ਮਾਰਕੀਟਿੰਗ ਕੰਪਨੀਆਂ ਦੀ ਸਹਾਇਤਾ ਨਾਲ ਇਹ ਸਿਰਫ ਰਾਜ ਵਿੱਚ ਮੌਜੂਦ ਪਰਵਾਸੀ ਮਜ਼ਦੂਰਾਂ ਨੂੰ ਹੀ ਸਪਲਾਈ ਕੀਤੇ ਜਾ ਸਕਣ।

ਇਹ ਕਦਮ ਘਰਾਂ ਵਿੱਚ ਖਾਣਾ ਪਕਾਉਣ ਵਾਲੇ ਬਾਲਣ ਦੀ ਉਪਲੱਬਧਤਾ ਨੂੰ ਬਹਾਲ ਕਰਨ ਦੀ ਇੱਕ ਯੋਜਨਾਬੱਧ ਰਣਨੀਤੀ ਦਾ ਹਿੱਸਾ ਹੈ। ਇਹ ਵਾਧਾ ਸਰਕਾਰ ਵੱਲੋਂ ਰਾਜਾਂ ਨੂੰ ਵਪਾਰਕ ਐੱਲ ਪੀ ਜੀ ਦੀ ਸਮੁੱਚੀ ਵੰਡ ਨੂੰ ਜੰਗ ਤੋਂ ਪਹਿਲਾਂ ਦੇ ਪੱਧਰ (ਔਸਤ ਮਾਸਿਕ ਖਪਤ ਦੇ 70 ਪ੍ਰਤੀਸ਼ਤ) ਤੱਕ ਵਧਾਉਣ ਤੋਂ ਬਾਅਦ ਕੀਤਾ ਗਿਆ ਹੈ। ਸਰਕਾਰ ਪੱਛਮੀ ਏਸ਼ੀਆ ਦੇ ਸੰਕਟ ਦਰਮਿਆਨ ਕੱਚੇ ਤੇਲ ਅਤੇ ਕੁਦਰਤੀ ਗੈਸ ਦੀ ਦਰਾਮਦ ਵਿੱਚ ਵਿਭਿੰਨਤਾ ਲਿਆ ਰਹੀ ਹੈ ਅਤੇ ਕਿਹਾ ਹੈ ਕਿ ਅਜੇ ਤੱਕ ਕਿਤੇ ਵੀ ਸਪਲਾਈ ਦੀ ਕਮੀ ਨਹੀਂ ਹੋਈ ਹੈ। 5 ਕਿਲੋ ਦੇ ਫ੍ਰੀ ਟਰੇਡ ਐੱਲ ਪੀ ਜੀ ਸਿਲੰਡਰ ਤੇਲ ਮਾਰਕੀਟਿੰਗ ਕੰਪਨੀਆਂ ਦੀਆਂ ਅਧਿਕਾਰਤ ਡਿਸਟ੍ਰੀਬਿਊਟਰਸ਼ਿਪਾਂ ਕੋਲ ਉਪਲਬਧ ਹਨ ਅਤੇ ਹੁਣ ਇਹ ਰਾਜ ਦੇ ਸਪਲਾਈ ਵਿਭਾਗਾਂ ਨੂੰ ਵੀ ਵੰਡਣ ਲਈ ਦਿੱਤੇ ਜਾਣਗੇ।

# ਖੇਤੀਬਾੜੀ ਵਿਭਾਗ ਦੇ 500 ਤੋਂ ਵੱਧ ਮੁਲਾਜ਼ਮ ਫ਼ਸਲਾਂ ਦੇ ਨੁਕਸਾਨ ਦਾ ਲੈਣਗੇ ਜਾਇਜ਼ਾ: ਗੁਰਮੀਤ ਸਿੰਘ ਖੁੱਡੀਆਂ

## ਸੱਤ ਪ੍ਰਭਾਵਿਤ ਜ਼ਿਲ੍ਹਿਆਂ ’ਚ ਤਾਇਨਾਤ ਟੀਮਾਂ ’ਚ ਗਰੁੱਪ-ਏ ਦੇ 145 ਅਧਿਕਾਰੀ ਵੀ ਸ਼ਾਮਲ



ਚੰਡੀਗੜ੍ਹ, 7 ਅਪ੍ਰੈਲ (ਚ.ਨ.ਸ.): ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਦੱਸਿਆ ਕਿ ਹਾਲ ਹੀ ਵਿੱਚ ਖਰਾਬ ਮੌਸਮ ਕਾਰਨ ਫਸਲਾਂ ਦੇ ਹੋਏ ਨੁਕਸਾਨ ਦਾ ਮੁਲਾਂਕਣ ਕਰਨ ਲਈ ਰਾਜ ਦੇ ਸੱਤ ਜ਼ਿਲ੍ਹਿਆਂ ਦੇ ਪ੍ਰਭਾਵਿਤ ਖੇਤਰਾਂ ਵਿੱਚ ਖੇਤੀਬਾੜੀ ਵਿਭਾਗ ਦੇ 500 ਤੋਂ ਵੱਧ ਮੁਲਾਜ਼ਮਾਂ ਨੂੰ ਲਗਾਇਆ ਗਿਆ ਹੈ।

ਇਸ ਸਬੰਧੀ ਵੇਰਵੇ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਕਾਰਜ ’ਚ ਲਗਾਏ ਗਏ ਇਨ੍ਹਾਂ ਮੁਲਾਜ਼ਮਾਂ ਵਿੱਚ ਗਰੁੱਪ-ਏ ਦੇ 145 ਅਫ਼ਸਰ ਵੀ ਸ਼ਾਮਲ ਹਨ, ਜੋ ਪ੍ਰਭਾਵਿਤ ਜ਼ਿਲ੍ਹਿਆਂ-ਅੰਮ੍ਰਿਤਸਰ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਬਠਿੰਡਾ, ਮਾਨਸਾ, ਫਿਰੋਜ਼ਪੁਰ ਅਤੇ ਮੋਗਾ ਵਿੱਚ ਮੁਲਾਂਕਣ ਕਾਰਜਾਂ ਦੀ ਵਿਸ਼ੇਸ਼ ਤੌਰ ’ਤੇ ਨਿਗਰਾਨੀ ਕਰ ਰਹੇ ਹਨ। ਇਨ੍ਹਾਂ ਟੀਮਾਂ ਨੂੰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੁਆਰਾ ‘ਵਿਸ਼ੇਸ਼ ਗਿਰਦਾਵਰੀ’ (ਫਸਲਾਂ ਦੇ ਨੁਕਸਾਨ ਦਾ ਮੁਲਾਂਕਣ) ਦੇ ਕੀਤੇ ਗਏ ਐਲਾਨ ਦੇ ਸੁਚਾਰੂ ਅਮਲ ਨੂੰ ਯਕੀਨੀ ਬਣਾਉਣ ਲਈ ਮਾਲ ਵਿਭਾਗ ਨਾਲ ਤਾਲਮੇਲ ਜ਼ਰੀਏ ਕੰਮ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ ਗਏ ਹਨ।

ਇਹ ਕਦਮ ਮੁੱਖ ਮੰਤਰੀ ਵੱਲੋਂ ਖਰਾਬ ਹੋਈ ਫ਼ਸਲ ਦੀ ਵਿਸ਼ੇਸ਼ ਗਿਰਦਾਵਰੀ ਬਾਰੇ ਕੀਤੇ ਗਏ ਐਲਾਨ ਤੋਂ ਇੱਕ ਦਿਨ ਬਾਅਦ ਚੁੱਕਿਆ ਗਿਆ ਹੈ, ਜੋ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਕਿਸਾਨਾਂ ਨੂੰ ਤੁਰੰਤ ਰਾਹਤ ਪ੍ਰਦਾਨ ਕਰਨ ਦੀ ਸੂਬਾ ਸਰਕਾਰ ਦੀ ਤਰਜੀਹ ਨੂੰ ਦਰਸਾਉਂਦਾ ਹੈ।

ਕੁਦਰਤੀ ਆਫ਼ਤ ਦੇ ਪ੍ਰਭਾਵ ਬਾਰੇ ਦਸਦਿਆਂ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਮੁੱਢਲੀਆਂ ਰਿਪੋਰਟਾਂ ਤੋਂ ਪਤਾ ਲੱਗਾ ਹੈ ਕਿ ਹਾਲ ਹੀ ਵਿੱਚ ਪਏ ਮੀਂਹ ਅਤੇ ਗੜ੍ਹੇਮਾਰੀ ਕਾਰਨ ਸੱਤ ਜ਼ਿਲ੍ਹਿਆਂ ਵਿੱਚ 1.25 ਲੱਖ ਏਕੜ ਤੋਂ ਵੱਧ ਰਕਬੇ ਵਿੱਚ ਕਣਕ ਦੀ ਫ਼ਸਲ ਪ੍ਰਭਾਵਿਤ ਹੋਈ ਹੈ।

ਸ. ਖੁੱਡੀਆਂ ਨੇ ਕਿਹਾ,ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।

ਉਨ੍ਹਾਂ ਭਰੋਸਾ ਦਿੱਤਾ ਕਿ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਕੁਦਰਤੀ ਆਫ਼ਤ ਕਾਰਨ ਹੋਏ ਨੁਕਸਾਨ ਦੀ ਭਰਪਾਈ ਨਿਰਧਾਰਤ ਨਿਯਮਾਂ ਅਨੁਸਾਰ ਕੀਤੀ ਜਾਵੇਗੀ । ਡਿਪਟੀ ਕਮਿਸ਼ਨਰਾਂ ਵੱਲੋਂ ਅੰਤਿਮ ਰਿਪੋਰਟਾਂ ਸੌਂਪਣ ਤੋਂ ਬਾਅਦ ਹਰੇਕ ਪ੍ਰਭਾਵਿਤ ਕਿਸਾਨ ਨੂੰ ਉਨ੍ਹਾਂ ਦਾ ਬਣਦਾ ਹੱਕ ਮਿਲਣਾ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਖੇਤੀਬਾੜੀ ਮੰਤਰੀ ਨੇ ਅੱਜ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪ੍ਰਭਾਵਿਤ ਖੇਤਾਂ ਦਾ ਦੌਰਾ ਵੀ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਿਭਾਗ ਮੁਲਾਂਕਣ ਨੂੰ ਸਹੀ ਅਤੇ ਪਾਰਦਰਸ਼ੀ ਢੰਗ ਨਾਲ ਪੂਰਾ ਕਰਨ ਲਈ ਜੰਗੀ ਪੱਧਰ ’ਤੇ ਕੰਮ ਕਰ ਰਿਹਾ ਹੈ। ਉਨ੍ਹਾਂ ਨੇ ਫੀਲਡ ਅਧਿਕਾਰੀਆਂ ਨੂੰ ਕਿਸਾਨ ਭਾਈਚਾਰੇ ਨਾਲ ਨਿਰੰਤਰ ਸੰਪਰਕ ਬਣਾਈ ਰੱਖਣ ਅਤੇ ਫ਼ਸਲਾਂ ਨੂੰ ਬਚਾਉਣ ਲਈ ਤਕਨੀਕੀ ਮਾਰਗਦਰਸ਼ਨ ਪ੍ਰਦਾਨ ਕਰਨ ਦੇ ਨਿਰਦੇਸ਼ ਵੀ ਦਿੱਤੇ।

## ਮਨੀਪੁਰ ’ਚ ਸ਼ੱਕੀ ਅੱਤਵਾਦੀਆਂ ਦੇ

ਸਰਕਾਰ ਨੇ ਇੰਫਾਲ ਪੱਛਮੀ, ਇੰਫਾਲ ਪੂਰਬੀ, ਥੌਬਲ, ਕਾਕਚਿੰਗ ਅਤੇ ਬਿਸ਼ਨੂਪੁਰ ’ਚ ਮੰਗਲਵਾਰ ਦੁਪਹਿਰ 2:00 ਵਜੇ ਤੋਂ ਤਿੰਨ ਦਿਨਾਂ ਲਈ ਇੰਟਰਨੈੱਟ ਸੇਵਾਵਾਂ ਮੁਅੱਤਲ ਕਰ ਦਿੱਤੀਆਂ ਹਨ। ਪ੍ਰਸ਼ਾਸਨ ਨੂੰ ਡਰ ਹੈ ਕਿ ਸ਼ਰਾਰਤੀ ਅਨਸਰ ਸੋਸ਼ਲ ਮੀਡੀਆ ਰਾਹੀਂ ਗਲਤ ਅਫਵਾਹਾਂ ਅਤੇ ਨਫ਼ਰਤ ਭਰੇ ਭਾਸ਼ਣ ਫੈਲਾ ਕੇ ਹਾਲਾਤ ਹੋਰ ਖਰਾਬ ਕਰ ਸਕਦੇ ਹਨ।

ਲੋਕਾਂ ਦਾ ਗੁੱਸਾ ਅਤੇ ਵਿਰੋਧ ਪ੍ਰਦਰਸ਼ਨ: ਇਸ ਘਟਨਾ ਤੋਂ ਬਾਅਦ ਸਥਾਨਕ ਲੋਕਾਂ ’ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਦਰਸ਼ਨਕਾਰੀਆਂ ਨੇ ਗੁੱਸੇ ’ਚ ਆ ਕੇ ਤਿੰਨ ਟਰੱਕਾਂ ਨੂੰ ਅੱਗ ਲਗਾ ਦਿੱਤੀ ਅਤੇ ਇੰਫਾਲ-ਟਿਡਿਮ ਰੋਡ ਨੂੰ ਕਈ ਥਾਵਾਂ ਤੋਂ ਜਾਮ ਕਰ ਦਿੱਤਾ। ਪੁਲਿਸ ਨੂੰ ਘਟਨਾ ਵਾਲੀ ਥਾਂ ਦੇ ਨੇੜੇ ਇਕ ਜ਼ਿੰਦਾ ਰਾਕੇਟ ਲਾਂਚਰ ਵੀ ਮਿਲਿਆ ਹੈ, ਜਿਸ ਨੂੰ ਬੰਬ ਨਿਰੋਧਕ ਦਸਤੇ ਵੱਲੋਂ ਨਸ਼ਟ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸਾਬਕਾ ਮੁੱਖ ਮੰਤਰੀ ਐਨ.ਬੀਰੇਨ ਸਿੰਘ ਨੇ ਇਸ ਘਟਨਾ ਦੀ ਸਖ਼ਤ ਨਿਖੇਧੀ ਕੀਤੀ ਹੈ। ਉਨ੍ਹਾਂ ਇਸ ਨੂੰ ਨਿਰਦੋਸ਼ ਨਾਗਰਿਕਾਂ ’ਤੇ ਘਿਨਾਉਣਾ ਹਮਲਾ ਕਰਾਰ ਦਿੰਦਿਆਂ ਕਿਹਾ ਕਿ ਜ਼ਮੀਨੀ ਪੱਧਰ ’ਤੇ ਸੁਰੱਖਿਆ ਵਧਾਉਣ ਅਤੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਸਜ਼ਾ ਦੇਣ ਦੀ ਲੋੜ ਹੈ। ਦੂਜੇ ਪਾਸੇ, ਸਿੰਘ ਨੇ ਇਸ ਘਟਨਾ ਨੂੰ ‘ਅੱਤਵਾਦੀ ਕਾਰਵਾਈ’ ਦੱਸਦਿਆਂ ਕਿਹਾ ਕਿ ਅਜਿਹੇ ਅਣਮਨੁੱਖੀ ਕਾਰਿਆਂ ਦੀ ਸਮਾਜ ’ਚ ਕੋਈ ਥਾਂ ਨਹੀਂ ਹੈ। ਪ੍ਰਸ਼ਾਸਨ ਨੇ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਹੈ ਅਤੇ ਇਲਾਕੇ ਵਿੱਚ ਸੁਰੱਖਿਆ ਬਲ ਤਾਇਨਾਤ ਕਰ ਦਿੱਤੇ ਗਏ ਹਨ।

## ‘ਮੇਰੇ ਸਣੇ 1.4 ਕਰੋੜ ਈਰਾਨੀ ਦੇਸ਼

ਈਰਾਨ ਨੇ ਰਸਤਾ ਨਾ ਖੋਲ੍ਹਿਆ ਤਾਂ ਅਮਰੀਕਾ ਈਰਾਨ ਦੇ ਬਿਜਲੀ ਪਲਾਂਟਾਂ ਅਤੇ ਅਹਿਮ ਪੁਲਾਂ ’ਤੇ ਬੰਬਾਰੀ ਕਰੇਗਾ। ਸਰਕਾਰ ਵੱਲੋਂ ਪੇਸ਼ ਕੀਤਾ ਗਿਆ 1.4 ਕਰੋੜ ਵਲੰਟੀਅਰਾਂ ਦਾ ਇਹ ਅੰਕੜਾ ਪਹਿਲਾਂ ਦੱਸੇ ਗਏ ਅੰਕੜਿਆਂ ਨਾਲੋਂ ਲਗਭਗ ਦੁੱਗਣਾ ਹੈ। ਮਾਹਰਾਂ ਦਾ ਮੰਨਣਾ ਹੈ ਕਿ ਰਾਸ਼ਟਰਪਤੀ ਪੇਜੇਸ਼ਕੀਅਨ ਨੇ ਇਹ ਅੰਕੜਾ ਸੰਭਾਵੀ ਅਮਰੀਕੀ ਹਮਲੇ ਨੂੰ ਰੋਕਣ ਅਤੇ ਮਨੋਵਿਗਿਆਨਕ ਦਬਾਅ ਬਣਾਉਣ ਲਈ ਪੇਸ਼ ਕੀਤਾ ਹੈ। ਜ਼ਿਕਰਯੋਗ ਹੈ ਕਿ ਈਰਾਨ ਦੀ ਕੁੱਲ ਆਬਾਦੀ ਲਗਭਗ 9 ਕਰੋੜ ਹੈ, ਹਾਲਾਂਕਿ ਪਿਛਲੇ ਸਮੇਂ ਦੌਰਾਨ ਹੋਏ ਪ੍ਰਦਰਸ਼ਨਾਂ ’ਤੇ ਕੀਤੀ ਗਈ ਸਖ਼ਤ ਕਾਰਵਾਈ ਕਾਰਨ ਜਨਤਾ ਦਾ ਇੱਕ ਹਿੱਸਾ ਸਰਕਾਰ ਤੋਂ ਨਾਰਾਜ਼ ਵੀ ਹੈ। ਰਾਸ਼ਟਰਪਤੀ ਨੇ ਆਪਣੇ ਸੰਦੇਸ਼ ਵਿੱਚ ਕਿਹਾ, ‘ਮੈਂ ਵੀ ਈਰਾਨ ਲਈ ਆਪਣੀ ਜਾਨ ਦੇਣ ਲਈ ਪਹਿਲਾਂ ਵੀ ਤਿਆਰ ਸੀ, ਹੁਣ ਵੀ ਹਾਂ ਅਤੇ ਅੱਗੇ ਵੀ ਰਹਾਂਗਾ’। ਸਰਕਾਰ ਹੁਣ ਮੀਡੀਆ ਰਾਹੀਂ ਵੱਧ ਤੋਂ ਵੱਧ ਲੋਕਾਂ ਨੂੰ ਇਸ ਮੁਹਿਮ ਨਾਲ ਜੁੜਨ ਦੀ ਅਪੀਲ ਕਰ ਰਹੀ ਹੈ ਤਾਂ ਜੋ ਅਮਰੀਕੀ ਧਮਕੀਆਂ ਦਾ ਮੂੰਹ-ਤੋੜ ਜਵਾਬ ਦਿੱਤਾ ਜਾ ਸਕੇ।

## ਭਾਰਤ ਵੱਲੋਂ ਆਪਣੇ ਸ਼ਹਿਰੀ ਪ੍ਰਮਾਣੂ ਪ੍ਰੋਗਰਾਮ ਦੇ

ਤੌਰ ’ਤੇ ਡਿਜ਼ਾਈਨ ਅਤੇ ਤਿਆਰ ਕੀਤਾ ਗਿਆ ਪੀ.ਐਫ.ਬੀ.ਆਰ. ਹੁਣ ਸ਼ੁਰੂ ਹੋਣ ਲਈ ਤਿਆਰ ਹੈ। ਇਹ ਐਡਵਾਂਸਡ ਰਿਐਕਟਰ ਜਿੰਨਾ ਫਿਊਲ ਵਰਤਦਾ ਹੈ, ਉਸ ਤੋਂ ਵੱਧ ਪੈਦਾ ਕਰਨ ਦੇ ਸਮਰੱਥ ਹੈ।’ ਇਹ ਸਫਲਤਾ ਭਾਰਤ ਦੇ ਵਿਸ਼ਾਲ ਥੋਰੀਅਮ ਭੰਡਾਰਾਂ ਦੀ ਵਰਤੋਂ ਕਰਨ ਦੇ ਤੀਜੇ ਪੜਾਅ ਵੱਲ ਜਾਣ ਦਾ ਰਸਤਾ ਸਾਫ਼ ਕਰਦੀ ਹੈ। ਇਹ ਰਿਐਕਟਰ ਭਾਰਤ ਨੂੰ ਊਰਜਾ ਦੇ ਖੇਤਰ ਵਿੱਚ ਪੂਰੀ ਤਰ੍ਹਾਂ ਆਤਮ ਨਿਰਭਰ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ। ਇਸ ਰਿਐਕਟਰ ਦੇ ਚਾਲੂ ਹੋਣ ਨਾਲ ਭਾਰਤ, ਰੂਸ ਤੋਂ ਬਾਅਦ ਦੁਨੀਆ ਦਾ ਦੂਜਾ ਅਜਿਹਾ ਦੇਸ਼ ਬਣ ਜਾਵੇਗਾ ਜਿਸ ਕੋਲ ਵਪਾਰਕ ਤੌਰ ’ਤੇ ਚੱਲਣ ਵਾਲਾ ‘ਫਾਸਟ ਬ੍ਰੀਡਰ ਰਿਐਕਟਰ’ ਹੋਵੇਗਾ। ਜ਼ਿਕਰਯੋਗ ਹੈ ਕਿ ਇਸ ਨੂੰ ‘ਬ੍ਰੀਡਰ’ ਇਸ ਲਈ ਕਿਹਾ ਜਾਂਦਾ ਹੈ ਕਿਉਂਕਿ ਇਹ ਰਿਐਕਟਰ ਕੰਮ ਕਰਦੇ ਸਮੇਂ ਇਸ ਨੂੰ ਚਲਾਉਣ ਲਈ ਵਰਤੇ ਗਏ ਫਿਊਲ (ਯੂਰੇਨੀਅਮ-ਪਲੂਟੋਨੀਅਮ ਮਿਕਸਡ ਆਕਸਾਈਡ) ਤੋਂ ਇਲਾਵਾ ਹੋਰ ਵਾਧੂ ਫਿਊਲ ਵੀ ਪੈਦਾ ਕਰਦਾ ਹੈ। ਇਹ ਥੋਰੀਅਮ ਨੂੰ ਯੂਰੇਨੀਅਮ-233 ਵਿੱਚ ਬਦਲ ਕੇ ਭਵਿੱਖ ਲਈ ਊਰਜਾ ਪੈਦਾ ਕਰਨ ਦੀ ਸਮਰੱਥਾ ਰੱਖਦਾ ਹੈ। ਪੀ.ਐਫ.ਬੀ.ਆਰ. ਇੱਕ ਥਰਡ ਜਨਰੇਸ਼ਨ ਐਡਵਾਂਸਡ ਰਿਐਕਟਰ ਹੈ ਜਿਸ ਵਿੱਚ ‘ਪੈਸਿਵ ਸੇਫਟੀ’ ਫੀਚਰ ਹਨ। ਇਸ ਦਾ ਮਤਲਬ ਹੈ ਕਿ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਇਹ ਰਿਐਕਟਰ ਆਪਣੇ ਆਪ ਬੰਦ ਹੋ ਜਾਵੇਗਾ, ਜਿਸ ਨਾਲ ਕਿਸੇ ਵੱਡੇ ਹਾਦਸੇ ਦਾ ਖ਼ਤਰਾ ਨਾਂਹ ਦੇ ਬਰਾਬਰ ਰਹੇਗਾ। ਇਸ ਰਿਐਕਟਰ ਨੂੰ ‘ਭਵਾਨੀ’ (ਭਾਰਤੀ ਨਾਭੀਕੀ ਵਿਦਯੁਤ ਨਿਗਮ ਲਿਮਟਿਡ) ਦੁਆਰਾ ਬਣਾਇਆ ਗਿਆ ਹੈ। ਇਸ ਵਿੱਚ 200 ਤੋਂ ਵੱਧ ਭਾਰਤੀ ਉਦਯੋਗਾਂ ਅਤੇ ਐਮ.ਐਮ.ਐਮਜ਼ ਨੇ ਆਪਣਾ ਯੋਗਦਾਨ ਪਾਇਆ ਹੈ, ਜੋ ਭਾਰਤ ਦੀ ਇੰਜੀਨੀਅਰਿੰਗ ਤਾਕਤ ਨੂੰ ਦਰਸਾਉਂਦਾ ਹੈ।

## ‘ਐਨ.ਡੀ.ਏ. ਸਰਕਾਰ ਨੇ ਹਮੇਸ਼ਾ ਔਰਤਾਂ ਦੇ ਸਸ਼ਕਤੀਕਰਨ

ਲੇਖ ਵਿੱਚ ਅੰਨਪੂਰਨਾ ਦੇਵੀ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ‘ਔਰਤਾਂ ਦੀ ਵਧੇਰੇ ਪ੍ਰਤੀਨਿਧਤਾ ਮਜ਼ਬੂਤ, ਵਧੇਰੇ ਸਮਾਵੇਸ਼ੀ ਸ਼ਾਸਨ ਅਤੇ ਵਿਕਸਤ ਭਾਰਤ ਦੀ ਕੁੰਜੀ ਹੈ।’ ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ ’ਤੇ ਇੱਕ ਪੋਸਟ ਵਿੱਚ ਕਿਹਾ,‘ਪ੍ਰਤੀਨਿਧਤਾ ਨੂੰ ਅਸਲ ਪ੍ਰਭਾਵ ਵਿੱਚ ਬਦਲਣਾ ਜ਼ਰੂਰੀ ਹੈ। ਸਰਕਾਰ ਨੇ ਹਮੇਸ਼ਾ ਹਰ ਰੂਪ ਵਿੱਚ ਔਰਤਾਂ ਦੇ ਸਸ਼ਕਤੀਕਰਨ ਨੂੰ ਤਰਜੀਹ ਦਿੱਤੀ ਹੈ। ਇਸ ਲਈ ਨਾਰੀ ਸ਼ਕਤੀ ਵੰਦਨ ਐਕਟ ਦੀ ਨੀਂਹ ਰੱਖ ਕੇ ਭਾਰਤ ਔਰਤਾਂ ਦੀ ਅਗਵਾਈ ਵਾਲੀ ਸ਼ਾਸਨ ਪ੍ਰਣਾਲੀ ਵੱਲ ਵਧ ਰਿਹਾ ਹੈ। ਇਹ ਇੱਕ ਵਿਕਸਤ ਭਾਰਤ ਦਾ ਇੱਕ ਮੁੱਖ ਥੰਮ੍ਹ ਵੀ ਹੈ।’ ਨਾਰੀ ਸ਼ਕਤੀ ਵੰਦਨ ਐਕਟ ਨੂੰ ਆਮ ਤੌਰ ’ਤੇ ਮਹਿਲਾ ਰਾਖਵਾਂਕਰਨ ਐਕਟ ਵਜੋਂ ਜਾਣਿਆ ਜਾਂਦਾ ਹੈ। ਇਸ ਐਕਟ ਨੂੰ 2023 ਵਿੱਚ ਸੰਸਦ ਦੁਆਰਾ ਮਨਜ਼ੂਰ ਕੀਤਾ ਗਿਆ, ਜਿਸ ਨਾਲ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ 33 ਪ੍ਰਤੀਸ਼ਤ ਰਾਖਵਾਂਕਰਨ ਪ੍ਰਦਾਨ ਕੀਤਾ ਗਿਆ ਹੈ। ਸੰਵਿਧਾਨ ਵਿੱਚ ਸੋਧ ਕਰਕੇ ਲਿਆਂਦਾ ਗਿਆ ਇਹ ਕਾਨੂੰਨ ਹਲਕਿਆਂ ਦੀ ਹੱਦਬੰਦੀ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਲਾਗੂ ਹੋਵੇਗਾ। ਪ੍ਰਧਾਨ ਮੰਤਰੀ ਨੇ ਸ਼ਨੀਵਾਰ ਨੂੰ ਸੰਸਦ ਦੇ ਬਜਟ ਸੈਸ਼ਨ ਨੂੰ ਤਿੰਨ ਦਿਨ 16 ਅਪ੍ਰੈਲ ਤੋਂ 18 ਅਪ੍ਰੈਲ ਤੱਕ ਵਧਾਉਣ ਦਾ ਐਲਾਨ ਕੀਤਾ, ਤਾਂ ਜੋ ਮਹਿਲਾ ਰਾਖਵਾਂਕਰਨ ਐਕਟ ਵਿੱਚ ਸੋਧ ਕੀਤੀ ਜਾ ਸਕੇ ਅਤੇ ਇਸ ਨੂੰ 2029 ਤੋਂ ਲਾਗੂ ਕੀਤਾ ਜਾ ਸਕੇ। ਅਧਿਕਾਰੀਆਂ ਨੇ ਕਿਹਾ ਕਿ ਜੇਕਰ ਹੱਦਬੰਦੀ ਪ੍ਰਕਿਰਿਆ ਅਸਲ ਵਿੱਚ ਲਾਗੂ ਹੋਣ ਤੋਂ ਪਹਿਲਾਂ ਕਾਨੂੰਨ ਬਣਾਉਣ ਦਾ ਪ੍ਰਸਤਾਵ ਅਸਲ ਵਿੱਚ ਲਾਗੂ ਹੁੰਦਾ ਹੈ, ਤਾਂ ਸੰਵਿਧਾਨ ਵਿੱਚ ਇੱਕ ਹੋਰ ਸੋਧ ਦੀ ਲੋੜ ਹੋਵੇਗੀ। ਸਰਕਾਰ ਤੋਂ ਸੰਸਦ ਦੇ ਤਿੰਨ ਦਿਨਾਂ ਸੈਸ਼ਨ ਦੌਰਾਨ ਇਸ ਸਬੰਧ ਵਿੱਚ ਕਾਨੂੰਨ ਵਿੱਚ ਸੋਧ ਕਰਨ ਦੀ ਉਮੀਦ ਹੈ। ਮੋਦੀ ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਖੁੱਲ੍ਹੇ ਦਿਮਾਗ ਨਾਲ ਅਤੇ ਕਿਸੇ ਵੀ ਰਾਜਨੀਤਿਕ ਲਾਭ-ਨੁਕਸਾਨ ਨੂੰ ਤੋਲਣ ਤੋਂ ਬਿਨਾਂ ਸਬੰਧਤ ਬਿੱਲਾਂ ਦਾ ਪੂਰਾ ਸਮਰਥਨ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇਹ ‘ਸਸ਼ਕਤੀਕਰਨ ਦਾ ਮੁੱਦਾ’ ਹੈ। ਪ੍ਰਧਾਨ ਮੰਤਰੀ ਨੇ ਸਾਰੀਆਂ ਪਾਰਟੀਆਂ ਨੂੰ ‘ਦੇਸ਼ ਦੀਆਂ ਮਾਵਾਂ ਅਤੇ ਭੈਣਾਂ ਦਾ ਵਿਸ਼ਵਾਸ ਜਿੱਤਣ ਵਿੱਚ ਭਾਈਵਾਲੀ’ ਕਰਨ ਦੀ ਅਪੀਲ ਕੀਤੀ।

## ਬੰਗਾਲ ਦੀ ਸੱਤਾ ’ਚ ਭਾਜਪਾ ਦਾ

ਅਤੇ ਬੰਗਾਲ ਦੇ ਸਾਰੇ ਘੁਸਪੈਠੀਆਂ ਨੂੰ ਉਨ੍ਹਾਂ ਦੇ ਦੇਸ਼ਾਂ ਵਿੱਚ ਵਾਪਸ ਭੇਜ ਦਿੱਤਾ ਜਾਵੇਗਾ।’ ਉਨ੍ਹਾਂ ਕਿਹਾ ਕਿ ਭਾਜਪਾ ਅਸਾਮ ਵਿੱਚ ‘ਜਾਤੀ,’ ‘ਮਤੀ’ (ਜ਼ਮੀਨ), ਅਤੇ ‘ਭੇਤੀ’ (ਅਧਾਰ) ਦੀ ਰੱਖਿਆ ਲਈ ਵਚਨਬੱਧ ਹੈ। ਸ਼ਾਹ ਨੇ ਦਾਅਵਾ ਕੀਤਾ ਕਿ ਭਾਜਪਾ ਨੇ ਕਰੀਮਗੰਜ ਦਾ ਨਾਮ ਬਦਲ ਕੇ ਸ਼੍ਰੀਭੂਮੀ ਕਰ ਦਿੱਤਾ ਹੈ ਪਰ ‘ਇਟਲੀ ਵਿੱਚ ਜੜ੍ਹਾਂ ਵਾਲੇ ਇਸ ਨਾਮ ਤਬਦੀਲੀ ਦੀ ਮਹੱਤਤਾ ਨੂੰ ਕਿਵੇਂ ਸਮਝਣਗੇ?’ ਉਨ੍ਹਾਂ ਨੇ ਇਹ ਟਿੱਪਣੀ ਕਾਂਗਰਸ ਨੇਤਾ ਸੋਨੀਆ ਗਾਂਧੀ ਦੇ ਹਵਾਲੇ ਨਾਲ ਕੀਤੀ। ਸ਼ਾਹ ਨੇ ਕਿਹਾ, ‘ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਸਾਮੀ ਅਤੇ ਬੰਗਾਲੀ ਦੋਵਾਂ ਨੂੰ ਸ਼ਾਸਤਰੀ ਭਾਸ਼ਾਵਾਂ ਦਾ ਦਰਜਾ ਦਿੱਤਾ।’

## ਸ਼ਹੀਦ ਊਧਮ ਸਿੰਘ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼

ਪ੍ਰਦਾਨ ਕਰਨ ਨੂੰ ਮਜ਼ਬੂਤ ਕਰਦੇ ਹੋਏ ਉਨ੍ਹਾਂ ਨੇ ਹਲਕੇ ਵਿੱਚ ਸੱਤ ਹੋਰ ਹੈਲਥ ਤੇ ਵੈਲਨੈੱਸ ਕੇਂਦਰਾਂ ਦੇ ਨਾਲ-ਨਾਲ 40 ਤੋਂ ਵੱਧ ਪਿੰਡਾਂ ਨੂੰ ਲਾਭ ਪਹੁੰਚਾਉਣ ਲਈ 9.18 ਕਰੋੜ ਰੁਪਏ ਦੇ ਕਮਿਊਨਿਟੀ ਹੈਲਥ ਸੈਂਟਰ ਦਾ ਨੀਂਹ ਪੱਥਰ ਵੀ ਰੱਖਿਆ। ਵਿਕਾਸ ਨੂੰ ਅੱਗੇ ਵਧਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 99 ਕਰੋੜ ਰੁਪਏ ਦੇ ਬਲਾਚੌਰ-ਗੜ੍ਹਸ਼ੰਕਰ-ਹੁਸ਼ਿਆਰਪੁਰ-ਦਸੂਹਾ ਸੜਕ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ, ਜੋ 105 ਕਿਲੋਮੀਟਰ ਲੰਬਾ ਕੋਰੀਡੋਰ ਹੈ, ਜੋ ਚੰਡੀਗੜ੍ਹ, ਪਠਾਨਕੋਟ ਅਤੇ ਜੰਮੂ-ਕਸ਼ਮੀਰ ਵਿਚਕਾਰ ਸੰਪਰਕ ਵਧਾਉਣ, ਜੰਮੂ ਅਤੇ ਦਿੱਲੀ ਵਿਚਕਾਰ ਯਾਤਰਾ ਦੇ ਸਮੇਂ ਨੂੰ ਘਟਾਉਣ ਅਤੇ ਆਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ ਅਤੇ ਮਾਤਾ ਜਵਾਲਾ ਜੀ ਦੀ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਲਈ ਸੁਚਾਰੂ ਪਹੁੰਚ ਦੀ ਸਹੂਲਤ ਪ੍ਰਦਾਨ ਕਰੇਗਾ।

ਸ਼ਾਮ ਚੁਰਾਸੀ ਵਿਧਾਨ ਸਭਾ ਹਲਕੇ ਵਿੱਚ ਕਈ ਮਹੱਤਵਪੂਰਨ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਆਜ਼ਾਦੀ ਤੋਂ ਬਾਅਦ ਦੇ 70 ਸਾਲਾਂ ਤੋਂ ਵੱਧ ਸਮੇਂ ਤੱਕ ਰਵਾਇਤੀ ਵਿਰੋਧੀ ਪਾਰਟੀਆਂ ਨੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ। ਇਨ੍ਹਾਂ ਪਾਰਟੀਆਂ ਦੀਆਂ ਪਿਛਾਖੜੀ ਅਤੇ ਵੰਡਪਾਊ ਨੀਤੀਆਂ ਕਾਰਨ ਸੂਬਾ ਵਿਕਾਸ ਦੀ ਰਫ਼ਤਾਰ ਤੋਂ ਪੱਛੜ ਗਿਆ ਹੈ, ਜਿਸ ਕਾਰਨ ਲੋਕਾਂ ਨੂੰ ਨੁਕਸਾਨ ਝੱਲਣਾ ਪਿਆ ਸੀ। ਹਾਲਾਂਕਿ ਪਿਛਲੇ ਚਾਰ ਸਾਲਾਂ ਵਿੱਚ ਸੂਬੇ ਦਾ ਸੰਪੂਰਨ ਵਿਕਾਸ ਯਕੀਨੀ ਬਣਾਇਆ ਗਿਆ ਹੈ ਅਤੇ ਪਹਿਲੀ ਵਾਰ ਸੂਬਾ ਸਰਕਾਰ ਨੇ ਇੰਨੇ ਘੱਟ ਸਮੇਂ ਵਿੱਚ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਹਨ।

ਮੁੱਖ ਮੰਤਰੀ ਨੇ ਕਿਹਾ, ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਸੂਬੇ ਦੇ ਵਿਕਾਸ ਨੂੰ ਸਹੀ ਰਾਹ ’ਤੇ ਪਾਇਆ ਗਿਆ ਹੈ ਅਤੇ ਹੁਣ ਪੰਜਾਬ ਸਰਕਾਰ ਹਰ ਲੰਘੇ ਦਿਨ ਨਾਲ ਆਪਣੀ ਰਫ਼ਤਾਰ ਵਧਾ ਰਹੀ ਹੈ। ਸੂਬਾ ਸਰਕਾਰ ਨੇ 70 ਸਾਲਾਂ ਦੇ ਪਾੜੇ ਨੂੰ ਭਰ ਦਿੱਤਾ ਹੈ ਅਤੇ ਹੁਣ ਰੰਗਲਾ ਪੰਜਾਬ ਬਣਾਉਣ ਲਈ ਠੋਸ ਯਤਨ ਕੀਤੇ ਜਾ ਰਹੇ ਹਨ। ‘ਆਪ ਸਰਕਾਰ ਦੇਸ਼ ਦੀ ਪਹਿਲੀ ਸਰਕਾਰ ਹੈ, ਜਿਸ ਨੇ ਲੋਕਾਂ ਲਈ ਚੋਣ ਮਨੋਰਥ ਪੱਤਰ ਲਾਗੂ ਕੀਤਾ ਹੈ ਕਿਉਂਕਿ ਲੋਕਾਂ ਵੱਲੋਂ ਉਠਾਈਆਂ ਗਈਆਂ ਸਾਰੀਆਂ ਜਾਇਜ਼ ਮੰਗਾਂ ਨੂੰ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ।

ਵੱਡੀਆਂ ਵਿਕਾਸ ਪਹਿਲਕਦਮੀਆਂ ਨੂੰ ਉਜਾਗਰ ਕਰਦੇ ਹੋਏ ਉਨ੍ਹਾਂ ਅੱਗੇ ਕਿਹਾ, ਅੱਜ ਸ਼ਾਮ ਚੁਰਾਸੀ ਵਿਖੇ 385 ਕਰੋੜ ਰੁਪਏ ਦੇ ਵਿਕਾਸ ਕਾਰਜ ਸ਼ੁਰੂ ਕੀਤੇ ਗਏ

# ਪਹਿਲੇ ਸਫ਼ੇ ਦੀ ਬਾਕੀ

ਹਨ, ਜੋ ਇਸ ਖੇਤਰ ਦੀ ਤਰੱਕੀ ਅਤੇ ਖੁਸ਼ਹਾਲੀ ਨੂੰ ਹੁਲਾਰਾ ਦੇਣਗੇ। ਉਨ੍ਹਾਂ ਅੱਗੇ ਕਿਹਾ, ਹੁਸ਼ਿਆਰਪੁਰ ਵਿਖੇ 268 ਕਰੋੜ ਰੁਪਏ ਦੀ ਲਾਗਤ ਨਾਲ ਮੈਡੀਕਲ ਕਾਲਜ ਅਤੇ 300 ਬਿਸਤਰਿਆਂ ਵਾਲਾ ਹਸਪਤਾਲ ਬਣੇਗਾ, ਜੋ ਆਮ ਲੋਕਾਂ ਲਈ ਵੱਡਾ ਤੋਹਫ਼ਾ ਹੋਵੇਗਾ। ਇਹ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਨਾਲ-ਨਾਲ ਸੂਬੇ ਨੂੰ ਡਾਕਟਰੀ ਸਿੱਖਿਆ ਦੇ ਕੇਂਦਰ ਵਜੋਂ ਉਭਾਰਨ ਵਿੱਚ ਬਹੁਤ ਮਦਦ ਕਰੇਗਾ।

ਵਿਰੋਧੀ ਪਾਰਟੀਆਂ ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਵਿਰੋਧੀ ਪਾਰਟੀਆਂ ਮੈਨੂੰ ਬਦਨਾਮ ਕਰਨ ਲਈ ਸਾਜ਼ਿਸ਼ਾਂ ਰਚ ਰਹੀਆਂ ਹਨ ਕਿਉਂਕਿ ਉਹ ਸੂਬਾ ਸਰਕਾਰ ਵੱਲੋਂ ਜਨਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਤੋਂ ਈਰਖਾ ਕਰਦੀਆਂ ਹਨ। ਇਹ ਆਗੂ ਇਕ ਦੂਜੇ ਨਾਲ ਹੱਥ ਮਿਲਾ ਕੇ ਚੱਲ ਰਹੇ ਹਨ ਅਤੇ ਸੱਤਾ ਵਿੱਚ ਰਹਿੰਦਿਆਂ ਇਕ ਦੂਜੇ ਦੇ ਹਿੱਤਾਂ ਨੂੰ ਸੁਰੱਖਿਅਤ ਕਰਨ ਲਈ ਵਾਰੀ-ਵਾਰੀ ਰਾਜ ਕਰਨ ਦੀਆਂ ਖੇਡਾਂ ਖੇਡਦੇ ਸਨ ਪਰ ‘ਆਪ ਸਰਕਾਰ ਨੇ ਉਨ੍ਹਾਂ ਨੂੰ ਸੱਤਾ ਤੋਂ ਬੇਦਖ਼ਲ ਕਰ ਕੇ ਇਸ ਖੇਡ ਨੂੰ ਬੰਦ ਕਰ ਦਿੱਤਾ, ਜਿਸ ਨਾਲ ਆਮ ਲੋਕਾਂ ਦੀਆਂ ਇੱਛਾਵਾਂ ਪੂਰੀਆਂ ਹੋ ਰਹੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕੈਪਟਨ ਅਮਰਿੰਦਰ ਸਿੰਘ ਅਤੇ ਪ੍ਰਕਾਸ਼ ਸਿੰਘ ਬਾਦਲ ਆਪਣੇ ਕਾਰਜਕਾਲ ਦੌਰਾਨ ਕਦੇ ਵੀ ਚੰਡੀਗੜ੍ਹ ਵਿੱਚ ਮੁੱਖ ਮੰਤਰੀਆਂ ਲਈ ਬਣੇ ਸਰਕਾਰੀ ਨਿਵਾਸ ਵਿੱਚ ਨਹੀਂ ਰਹੇ। ਇਸ ਦੀ ਬਜਾਏ ਇਹ ਆਗੂ ਆਪਣੇ ਹੀ ਮਹਿਲਾਂ ਵਰਗੇ ਘਰਾਂ ਵਿੱਚ ਰਹਿੰਦੇ ਸਨ, ਜੋ ਚੰਡੀਗੜ੍ਹ ਵਿੱਚ ਬਣਾਏ ਗਏ ਹਨ ਕਿਉਂਕਿ ਉਹ ਸਰਕਾਰੀ ਘਰਾਂ ਵਿੱਚ ਆਰਾਮਦਾਇਕ ਮਹਿਸੂਸ ਨਹੀਂ ਕਰਦੇ ਸਨ। ਅਕਾਲੀਆਂ ਨੂੰ ਸੂਬੇ ਵਿੱਚ ਸ਼ਾਸਨ ਕਰਨ ਦੇ ਪੰਜ ਮੌਕੇ ਮਿਲੇ ਪਰ ਲੋਕਾਂ ਦੀ ਸੇਵਾ ਕਰਨ ਦੀ ਬਜਾਏ ਉਨ੍ਹਾਂ ਨੇ ਲੋਕਾਂ ਅਤੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ।÷ ਉਨ੍ਹਾਂ ਅੱਗੇ ਕਿਹਾ ਕਿ ਸਿਰਫ਼ ਇਹੀ ਨਹੀਂ ਅਕਾਲੀਆਂ ਨੇ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਲਈ ਧਰਮ ਨੂੰ ਵਰਤ ਕੇ ਲੋਕਾਂ ਨਾਲ ਧੋਖਾ ਕੀਤਾ। ਸਰਵਉੱਚ ਤਖ਼ਤਾਂ ਦੇ ਜਥੇਦਾਰ ਅਕਾਲੀ ਆਗੂਆਂ ਦੀਆਂ ਜੇਬਾਂ ’ਚੋਂ ਚੁਣੇ ਜਾਂਦੇ ਰਹੇ ਹਨ। ਸਾਬਕਾ ਉਪ ਮੁੱਖ ਮੰਤਰੀ ਦਾਅਵਾ ਕਰਦੇ ਹਨ ਕਿ ਉਨ੍ਹਾਂ ਦੇ ਸ਼ਾਸਨ ਦੌਰਾਨ ਸੂਬੇ ਦਾ ਵੱਡਾ ਵਿਕਾਸ ਹੋਇਆ ਪਰ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਥਾਵਾਂ ’ਤੇ ਉਹ ਅੱਖਾਂ ਮੀਟ ਲੈਂਦੇ ਹਨ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਈ ਅਤੇ ਬੇਕਸੂਰ ਮਾਰੇ ਗਏ।

ਅਕਾਲੀ ਦਲ ਦੀ ‘ਪੰਜਾਬ ਬਚਾਓ ਯਾਤਰਾ’ ’ਤੇ ਚੁਟਕੀ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਅਕਾਲੀ ਦਲ ਦੀ ਇਸ ਚਾਲ ਦਾ ਅਸਲ ਨਾਮ ਪਰਿਵਾਰ ਬਚਾਓ ਯਾਤਰਾ ਹੈ। ਉਨ੍ਹਾਂ ਕਿਹਾ ਕਿ 15 ਸਾਲ ਸੂਬੇ ਨੂੰ ਲੁੱਟਣ ਤੋਂ ਬਾਅਦ ਉਹ ਹੁਣ ਕਿਸ ਤੋਂ ਸੂਬੇ ਨੂੰ ਬਚਾਉਣ ਦੀ ਗੱਲ ਕਰ ਰਹੇ ਹਨ? ਅਕਾਲੀ ਦਲ ਪੰਜਾਬੀਆਂ ਦੀ ਮਾਨਸਿਕਤਾ ਨੂੰ ਭਾਵਨਾਤਮਕ ਤੌਰ ’ਤੇ ਕੁਚਲਣ ਅਤੇ ਸੂਬੇ ਵਿੱਚ ਵੱਖ-ਵੱਖ ਮਾਫੀਆ ਨੂੰ ਸਰਪ੍ਰਸਤੀ ਦੇਣ ਤੋਂ ਇਲਾਵਾ ਸੂਬੇ ਦੀਆਂ ਕਈ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਜ਼ਿੰਮੇਵਾਰ ਹੈ। ਅਕਾਲੀ ਲੀਡਰਸ਼ਿਪ ਨੂੰ ਕਦੇ ਵੀ ਮਾਫ਼ ਨਹੀਂ ਕੀਤਾ ਜਾ ਸਕਦਾ, ਕਿਉਂਕਿ ਉਹ ਸੂਬੇ ਦੀਆਂ ਕਈ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਜ਼ਿੰਮੇਵਾਰ ਹਨ, ਜਿਨ੍ਹਾਂ ਨੇ ਨਸ਼ਿਆਂ ਦੇ ਕਾਰੋਬਾਰ ਨੂੰ ਸਰਪ੍ਰਸਤੀ ਦਿੱਤੀ ਅਤੇ ਉਨ੍ਹਾਂ ਦੇ ਲੰਬੇ ਸਮੇਂ ਦੇ ਕੁਸ਼ਾਸਨ ਦੌਰਾਨ ਇਹ ਵਧਿਆ-ਫੁੱਲਿਆ।

ਅਕਾਲੀ ਲੀਡਰਸ਼ਿਪ ’ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਮੌਕਾਪ੍ਰਸਤ ਆਗੂ ਹਨ ਜੋ ਆਪਣੀ ਸੁੱਖ-ਸਹੂਲਤ ਅਤੇ ਨਿੱਜੀ ਰਾਜਨੀਤਿਕ ਹਿੱਤਾਂ ਅਨੁਸਾਰ ਗਿਰਗਿਟ ਵਾਂਗ ਆਪਣੇ ਰੰਗ ਅਤੇ ਸਟੈਂਡ ਬਦਲਦੇ ਹਨ। ਹਰ ਕੋਈ ਜਾਣਦਾ ਹੈ ਕਿ ਇਹ ਅਕਾਲੀਆਂ ਦਾ ਇੱਕ ਕੁਨਬਾ ਅੰਗਰੇਜ਼ਾਂ ਦੀ ਕਠਪੁਤਲੀ ਬਣ ਕੇ ਕੰਮ ਕਰਦਾ ਰਿਹਾ ਹੈ ਅਤੇ ਦੇਸ਼ ਲਈ ਲੜਨ ਵਾਲੇ ਦੇਸ਼ ਭਗਤਾਂ ਵਿਰੁੱਧ ਅੰਗਰੇਜ਼ਾਂ ਦਾ ਸਾਥ ਦੇਣ ਲਈ ਇਸ ਕੁਨਬੇ ਨੂੰ ਸਰ ਦੀ ਉਪਾਧੀ ਨਾਲ ਨਿਵਾਜ਼ਿਆ ਗਿਆ ਸੀ। ਅਕਾਲੀਆਂ ਨਾਲ ਸਬੰਧਤ ਇੱਕ ਪਰਿਵਾਰ ਨੇ ਹੀ 13 ਅਪ੍ਰੈਲ, 1919 ਨੂੰ ਜੱਲ੍ਹਿਆਂਵਾਲਾ ਬਾਗ ਕਤਲੇਆਮ ਦੇ ਦੋਸ਼ੀ ਜਨਰਲ ਡਾਇਰ ਲਈ ਇਸ ਘਿਨਾਉਣੀ ਘਟਨਾ ਤੋਂ ਬਾਅਦ ਰਾਤ ਦੇ ਖਾਣੇ ਦੀ ਮੇਜ਼ਬਾਨੀ ਕੀਤੀ ਸੀ।

ਉਨ੍ਹਾਂ ਅੱਗੇ ਕਿਹਾ ਕਿ ਇਸ ਘਿਨਾਉਣੀ ਕਾਰਵਾਈ ਨੇ ਅਕਾਲੀਆਂ ਦੀ ਦੇਸ਼ ਵਿਰੋਧੀ ਅਤੇ ਪੰਜਾਬ ਵਿਰੋਧੀ ਮਾਨਸਿਕਤਾ ਅਤੇ ਚਰਿੱਤਰ ਨੂੰ ਨੰਗਾ ਕਰ ਦਿੱਤਾ ਸੀ। ਇਸ ਕੁਨਬੇ ਨੇ ਅੰਗਰੇਜ਼ਾਂ ਵਿਰੁੱਧ ਡਟ ਕੇ ਖੜ੍ਹਨ ਵਾਲੇ ਲੱਖਾਂ ਆਜ਼ਾਦੀ ਘੁਲਾਟੀਆਂ ਨਾਲ ਧੋਖਾ ਕੀਤਾ। ਇੰਨਾ ਹੀ ਨਹੀਂ ਇਸ ਪਰਿਵਾਰ ਨੇ ਜਨਰਲ ਡਾਇਰ ਨੂੰ ਹਰਿਮੰਦਰ ਸਾਹਿਬ ਵਿਖੇ ਸਿਰੋਪਾ ਅਤੇ ਮੁਆਫ਼ੀ ਦਿੱਤੇ ਜਾਣ ਨੂੰ ਵੀ ਯਕੀਨੀ ਬਣਾਇਆ। ਇਹ ਹੋਰ ਵੀ ਹੈਰਾਨ ਕਰਨ ਵਾਲੀ ਗੱਲ ਹੈ ਕਿ ਜਥੇਦਾਰ ਅਰੂੜ ਸਿੰਘ, ਜਿਨ੍ਹਾਂ ਨੇ ਇਹ ਸਿਰੋਪਾ ਦਿੱਤਾ ਸੀ, ਉਹ ਸਾਬਕਾ ਲੋਕ ਸਭਾ ਮੈਂਬਰ ਸਿਮਰਜੀਤ ਸਿੰਘ ਮਾਨ ਦੇ ਨਾਨਾ ਜੀ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਤਿਹਾਸ ਨੂੰ ਮਿਟਾਇਆ ਨਹੀਂ ਜਾ ਸਕਦਾ ਅਤੇ ਬਾਦਲ ਦੇ ਪੁਰਖਿਆਂ ਦੇ ਸ਼ੱਕੀ ਕਿਰਦਾਰ ਇਤਿਹਾਸ ਦੇ ਪੰਨਿਆਂ ’ਤੇ ਉੱਕਰੇ ਹੋਏ ਹਨ। ਇਸ ਪਰਿਵਾਰ ਦੇ ਹੱਥ ਦੇਸ਼ ਭਗਤਾਂ ਦੇ ਖੂਨ ਨਾਲ ਰੰਗੇ ਹੋਏ ਹਨ ਅਤੇ ਰਾਸ਼ਟਰਵਾਦੀਆਂ ਦੀ ਪਿੱਠ ਵਿੱਚ ਛੁਰਾ ਮਾਰਨ ਵਿੱਚ ਇਨ੍ਹਾਂ ਗੱਦਾਰਾਂ ਦੀ ਭੂਮਿਕਾ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਮੇਰੇ ਕੋਲ ਇਸ ਗੱਲ ਦੇ ਢੁਕਵੇਂ ਸਬੂਤ ਹਨ ਕਿ ਇਨ੍ਹਾਂ ਲੋਕਾਂ ਨੇ ਸੂਬੇ ਅਤੇ ਇਥੋਂ ਦੇ ਲੋਕਾਂ ਨੂੰ ਕਿਵੇਂ ਲੁੱਟਿਆ।

ਵਿਰੋਧੀ ਆਗੂਆਂ ’ਤੇ ਆਪਣੇ ਹਮਲੇ ਨੂੰ ਹੋਰ ਤੇਜ਼ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੁਖਬੀਰ ਬਾਦਲ ਜ਼ਮੀਨੀ ਹਕੀਕਤਾਂ ਤੋਂ ਬਿਲਕੁਲ ਅਣਜਾਣ ਹਨ ਕਿਉਂਕਿ ਉਨ੍ਹਾਂ ਨੇ ਆਪਣੀ ਸਾਰੀ ਜ਼ਿੰਦਗੀ ਐਸ਼ੋ-ਆਰਾਮ ਵਾਲੇ ਮਾਹੌਲ ਵਿੱਚ ਬਿਤਾਈ ਹੈ। ਸੁਖਬੀਰ ਸਿੰਘ ਬਾਦਲ ਪੰਜਾਬ ਦੇ ਉਹ ਆਗੂ ਹਨ, ਜੋ ਕਾਨਵੈਂਟ ਸਕੂਲਾਂ ’ਚ ਪੜ੍ਹੇ-ਲਿਖੇ ਅਤੇ ਸੂਬੇ ਦੀ ਮੂਲ ਭੂਗੋਲਿਕ ਸਥਿਤੀ ਤੋਂ ਪੂਰੀ ਤਰ੍ਹਾਂ ਅਣਜਾਣ ਹਨ, ਪਰ ਫਿਰ ਵੀ ਪੰਜਾਬ ਵਿੱਚ ਸੱਤਾ ਹਥਿਆਉਣਾ ਲੋਚਦੇ ਹਨ। ਜੇ ਆਪਾਂ ਇਹ ਸਭ ਕੁਝ ਛੱਡ ਕੇ ਸੂਬੇ ਦੀਆਂ ਆਮ ਫਸਲਾਂ ਦੀ ਗੱਲ ਵੀ ਕਰੀਏ ਤਾਂ ਉਪ ਮੁੱਖ ਮੰਤਰੀ ਉਨ੍ਹਾਂ ਵਿੱਚ ਵੀ ਫ਼ਰਕ ਨਹੀਂ ਦੱਸ ਸਕਦੇ ਕਿਉਂਕਿ ਉਨ੍ਹਾਂ ਨੂੰ ਸੂਬੇ ਦੇ ਆਮ ਮੁੱਦਿਆਂ ਬਾਰੇ ਵੀ ਘੱਟ ਹੀ ਜਾਣਕਾਰੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਦਾ ਪੰਜਾਬ ਨੂੰ ਧੋਖਾ ਦੇਣ ਦਾ ਸ਼ੱਕੀ ਰਿਕਾਰਡ ਹੈ, ਕਿਉਂਕਿ ਉਨ੍ਹਾਂ ਨੇ ਸੂਬੇ ਦੀ ਦੁਸ਼ਮਣ ਹਰ ਤਾਕਤ, ਭਾਵੇਂ ਉਹ ਮੁਗਲ ਹੋਵੇ, ਅੰਗਰੇਜ਼ ਹੋਵੇ ਜਾਂ ਹੁਣ ਭਾਜਪਾ, ਨਾਲ ਖੜ੍ਹੇ ਹੋ ਕੇ ਕੰਮ ਕੀਤਾ। ਜਦੋਂ ਸੂਬੇ ਦੇ ਲੋਕਾਂ ਨੇ ਉਨ੍ਹਾਂ ਨੂੰ ਮੁੱਖ ਮੰਤਰੀ ਚੁਣਿਆ ਸੀ ਤਾਂ ਕੈਪਟਨ ਅਮਰਿੰਦਰ ਸਿੰਘ ਪੂਰੇ ਕਾਰਜਕਾਲ ਦੌਰਾਨ ਆਪਣੇ ਮਹਿਲ ’ਚੋਂ ਹੀ ਨਹੀਂ ਨਿਕਲੇ, ਉਨ੍ਹਾਂ ਨੇ ਮਸਾਂ ਸਿਰਫ਼ 10 ਕੁ ਵਾਰ ਸੂਬੇ ਦਾ ਦੌਰਾ ਕੀਤਾ। ਜਿਹੜੇ ਖੁਦ ਨੂੰ ਸੂਬੇ ਦੇ ਪਾਣੀਆਂ ਦਾ ਰਾਖਾ ਅਖਵਾਉਂਦੇ ਰਹੇ ਉਨ੍ਹਾਂ ਨੇ ਹੀ ਸੂਬੇ ਦੇ ਪਾਣੀਆਂ ਨੂੰ ਤਬਾਹ ਕਰ ਦਿੱਤਾ ਅਤੇ ਜਿਨ੍ਹਾਂ ਨੇ ਆਪਣੇ ਆਪ ਨੂੰ ਬਾਣੀ ਰਾਖੇ ਵਜੋਂ ਪੇਸ਼ ਕੀਤਾ, ਉਹ ਪਵਿੱਤਰ ਗ੍ਰੰਥ ਦੀ ਬੇਅਦਬੀ ਦਾ ਇਨਸਾਫ਼ ਨਹੀਂ ਦੇ ਸਕੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਾਂਗਰਸ ਅਤੇ ਅਕਾਲੀ ਦਲ ਉਹ ਸਿਉਂਕ ਹਨ, ਜਿਨ੍ਹਾਂ ਨੇ ਆਜ਼ਾਦੀ ਤੋਂ ਬਾਅਦ ਸੂਬੇ ਨੂੰ ਬਰਬਾਦ ਕਰ ਦਿੱਤਾ, ਜਿਸ ਕਰਕੇ ਪੰਜਾਬ ਤਰੱਕੀ ਦੇ ਰਾਹ ਵਿੱਚ ਪਛੜ ਗਿਆ। ਇਨ੍ਹਾਂ ਪਾਰਟੀਆਂ ਦੇ ਆਗੂ ਕਦੇ ਵੀ ਇੱਕ ਦੂਜੇ ਵਿਰੁੱਧ ਨਹੀਂ ਬੋਲਦੇ ਪਰ ਮੇਰੇ ਵਿਰੁੱਧ ਰੋਜ਼ਾਨਾ ਜ਼ਹਿਰ ਉਗਲਦੇ ਰਹਿੰਦੇ ਹਨ ਕਿਉਂਕਿ ਮੈਂ ਉਨ੍ਹਾਂ ਦਾ ਚਿਹਰਾ ਲੋਕਾਂ ਸਾਹਮਣੇ ਬੇਨਕਾਬ ਕੀਤਾ ਹੈ। ਇਹ ਉਹ ਗੱਦਾਰ ਹਨ ਜੋ ਕਦੇ ਵੀ ਸੂਬੇ ਅਤੇ ਇਸਦੇ ਲੋਕਾਂ ਪ੍ਰਤੀ ਵਫ਼ਾਦਾਰ ਨਹੀਂ ਰਹੇ।

ਕਾਂਗਰਸ ’ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਕਾਂਗਰਸ ਵਿੱਚ ਹਰੇਕ ਆਗੂ ਸੂਬੇ ਦਾ ਮੁਖੀ ਬਣਨਾ ਚਾਹੁੰਦਾ ਹੈ। ਕਾਂਗਰਸ ਕੋਲ ਚੋਣਾਂ ਵਿੱਚ ਕੰਮ ਕਰਨ ਲਈ ਪਾਰਟੀ ਵਰਕਰਾਂ ਨਾਲੋਂ ਵੱਧ ਤਾਂ ਮੁੱਖ ਮੰਤਰੀ ਹਨ। ਇਸ ਕਾਰਨ ਹਾਲ ਹੀ ਵਿੱਚ ਹੋਈ ਇੱਕ ਰੈਲੀ ਦੌਰਾਨ ਪਾਰਟੀ ਦੇ ਸਿਖ਼ਰਲੇ ਆਗੂ ਨੇ ਇਨ੍ਹਾਂ ਅਖੌਤੀ ਦਾਅਵੇਦਾਰਾਂ ਨੂੰ ਮੁੱਢੋਂ ਨਜ਼ਰਅੰਦਾਜ਼ ਕੀਤਾ। ਕਾਂਗਰਸ ਪਾਟੋ-ਧਾੜ ਦਾ ਸ਼ਿਕਾਰ ਹੈ, ਜੋ ਅੰਦਰੂਨੀ ਖਿੱਚੋ-ਤਾਣ ਕਰਕੇ ਢਹਿ-ਢੇਰੀ ਹੋਣ ਕਿਨਾਰੇ ਹੈ। ”

ਉਨ੍ਹਾਂ ਅੱਗੇ ਕਿਹਾ, ‘‘ਇਹ ਬੜੀ ਮੰਦਭਾਗੀ ਗੱਲ ਹੈ ਕਿ ਕਾਂਗਰਸੀਆਂ ਨੂੰ ਇਕਜੁੱਟ ਕਰਨ ਲਈ ਆਏ ਸਿਖ਼ਰਲੇ ਆਗੂ ਸਹੀ ਢੰਗ ਨਾਲ ਉਨ੍ਹਾਂ ਦੇ ਨਾਮ ਤੱਕ ਵੀ ਨਹੀਂ ਲੈਣਾ ਜਾਣਦੇ। ਇਸ ਦੇ ਉਲਟ ਸਾਡੀ ਸਟੇਜ ਤੋਂ ਸਿੱਖਿਆ, ਸਿਹਤ, ਬਿਜਲੀ, ਖੇਤੀਬਾੜੀ ਅਤੇ ਹੋਰ ਖੇਤਰਾਂ ’ਤੇ ਗੱਲਾਂ ਕੀਤੀਆਂ ਜਾ ਰਹੀਆਂ ਹਨ ਜਦੋਂ ਕਿ ਦੂਜੀਆਂ ਪਾਰਟੀਆਂ ਦੀਆਂ ਸਟੇਜਾਂ ’ਤੇ ਸੱਤਾ ਹਥਿਆਉਣ ਦੇ ਦਾਅਵੇ ਕੀਤੇ ਜਾ ਰਹੇ ਹਨ। ਇਹ ਮੌਕਾਪ੍ਰਸਤ ਆਗੂ ਬੜੇ ਹੈਰਾਨ ਹਨ ਕਿ ਲੋਕ ਉਨ੍ਹਾਂ ਨੂੰ ਕੋਈ ਜਵਾਬ ਕਿਉਂ ਨਹੀਂ ਦੇ ਰਹੇ ਅਤੇ ਉਨ੍ਹਾਂ ਦਾ ਏਜੰਡਾ ਲੋਕਾਂ ਦੀ ਬਜਾਏ ਆਪਣੇ ਪਰਿਵਾਰਾਂ ਦੀ ਭਲਾਈ ਤੱਕ ਮਹਿਦੂਦ ਹੈ।”

ਮੁੱਖ ਮੰਤਰੀ ਮਾਨ ਨੇ ਆਪਣੀ ਸਰਕਾਰ ਦੀਆਂ ਤਰਜੀਹਾਂ ਹਵਾਲਾ ਦਿੰਦਿਆਂ ਕਿਹਾ, ‘‘ਕੋਈ ਵੀ ਮੁਫ਼ਤ ਜਾਂ ਰਿਆਇਤੀ ਕਾਰਡ ਸੂਬੇ ਵਿੱਚੋਂ ਗਰੀਬੀ ਜਾਂ ਹੋਰ ਸਮਾਜਿਕ ਬੁਰਾਈਆਂ ਨੂੰ ਖਤਮ ਨਹੀਂ ਕਰ ਸਕਦੇ ,ਪਰ ਸਿੱਖਿਆ ਹੀ ਅਜਿਹਾ ਸੋਮਾ ਹੈ ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਕੇ ਖੁਸ਼ਹਾਲੀ ਲਿਆ ਸਕਦਾ ਹੈ। ਸਿੱਖਿਆ ਉਹ ਚਾਨਣ ਹੈ ਜੋ ਹਨੇਰੇ ਨੂੰ ਦੂਰ ਕਰਕੇ ਦੁਨੀਆ ਨੂੰ ਰੌਸ਼ਨ ਕਰਦੀ ਹੈ ਅਤੇ ਸੂਬਾ ਸਰਕਾਰ ਇਸ ’ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ। ਸਰਕਾਰ ਸਰਕਾਰੀ ਸਕੂਲਾਂ ਨੂੰ ਬਦਲਣ ਲਈ ਸਖ਼ਤ ਯਤਨ ਕਰ ਰਹੀ ਹੈ ਜਿਸ ਕਾਰਨ ਵਿਦਿਆਰਥੀ ਹਰ ਖੇਤਰ ਵਿੱਚ ਅੱਗੇ ਆ ਰਹੇ ਹਨ।”

ਖੇਤੀਬਾੜੀ ਅਤੇ ਬਿਜਲੀ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਰਾਜ ਦੇ ਇਤਿਹਾਸ ਵਿੱਚ ਪਹਿਲੀ ਵਾਰ ਝੋਨੇ ਦੇ ਸੀਜ਼ਨ ਦੌਰਾਨ ਟਿਊਬਵੈੱਲਾਂ ਨੂੰ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਕੀਤੀ ਗਈ ਹੈ। ਕਿਸਾਨਾਂ ਨੂੰ ਹੁਣ ਪਹਿਲੀ ਵਾਰ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਦੀ ਜ਼ਿੰਦਗੀ ਬਦਲ ਰਹੀ ਹੈ। ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਸਰਕਾਰੀ ਖਜ਼ਾਨੇ ਦੇ ਇੱਕ-ਇੱਕ ਪੈਸੇ ਦੀ ਸਮਝਦਾਰੀ ਨਾਲ ਵਰਤੋਂ ਕਰ ਰਹੀ ਹੈ।”

ਲੋਕ ਭਲਾਈ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਪੰਜਾਬ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾ ਰਹੇ ਹਨ। ਹਰ ਪਰਿਵਾਰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦਾ ਹੱਕਦਾਰ ਹੈ ਅਤੇ 30 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਪਹਿਲਾਂ ਹੀ ਸਿਹਤ ਕਾਰਡ ਮਿਲ ਚੁੱਕੇ ਹਨ। ਇਸ ਯੋਜਨਾ ਤਹਿਤ 1.65 ਲੱਖ ਲੋਕਾਂ ਨੂੰ ਮੁਫ਼ਤ ਇਲਾਜ ਮਿਲ ਚੁੱਕਾ ਹੈ ਅਤੇ ਮੈਂ ਲੋਕਾਂ ਨੂੰ ਇਨ੍ਹਾਂ ਕਾਰਡਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕਰਦਾ ਹਾਂ।”

ਉਨ੍ਹਾਂ ਅੱਗੇ ਕਿਹਾ, ਲੋਕਾਂ ਦੇ ਟੈਕਸ ਦਾ ਪੈਸਾ ਸੂਬੇ ਦਾ ਹੈ ਅਤੇ ਇਹ ਲੋਕਾਂ ਦੀ ਭਲਾਈ ’ਤੇ ਖਰਚ ਕੀਤਾ ਜਾ ਰਿਹਾ ਹੈ। ਲੋਕਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਆ ਰਿਹਾ ਹੈ। ਸੂਬਾ ਸਰਕਾਰ ਨੇ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ, ਭ੍ਰਿਸ਼ਟਾਚਾਰ ਤੋਂ ਬਿਨਾਂ 65000 ਤੋਂ ਵੱਧ ਨੌਜਵਾਨਾਂ ਨੂੰ ਨੌਕਰੀਆਂ, ਬਿਹਤਰ ਸੜਕਾਂ, ਟੋਲ ਪਲਾਜ਼ੇ ਬੰਦ ਹੋਣ ਨਾਲ ਰੋਜ਼ਾਨਾ 70 ਲੱਖ ਰੁਪਏ ਦੀ ਬੱਚਤ ਅਤੇ ਬੁਨਿਆਦੀ ਢਾਂਚਾ ਉਸਾਰਿਆ ਜਾ ਰਿਹਾ ਹੈ। ਯੁੱਧ ਨਸ਼ਿਆਂ ਵਿਰੁੱਧ ਵਰਗੇ ਲੋਕਪੱਖੀ ਪ੍ਰੋਗਰਾਮ ਨੇ ਸੂਬੇ ਵਿੱਚ ਨਸ਼ਿਆਂ ਦਾ ਲੱਕ ਤੋੜਿਆ ਹੈ।

ਹੋਰ ਯੋਜਨਾਵਾਂ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਹਰ ਔਰਤ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਔਰਤਾਂ 1500 ਰੁਪਏ ਪ੍ਰਤੀ ਮਹੀਨਾ ਪ੍ਰਾਪਤ ਕਰਨ ਦੀ ਹੱਕਦਾਰ ਹੋਵੇਗੀ। ਫੰਡ ਸਿੱਧੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੇ ਜਾਣਗੇ ਅਤੇ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨ ਪ੍ਰਾਪਤ ਕਰ ਰਹੀਆਂ ਔਰਤਾਂ ਵੀ ਇਸ ਸਕੀਮ ਲਈ ਯੋਗ ਹੋਣਗੀਆਂ। ਪੰਜਾਬ ਦੀਆਂ 97 ਫੀਸਦ ਔਰਤਾਂ ਨੂੰ ਲਾਭ ਹੋਣ ਦੀ ਉਮੀਦ ਹੈ ਅਤੇ ਸੂਬਾ ਸਰਕਾਰ ਨੇ ਬਜਟ ਵਿੱਚ 9300 ਕਰੋੜ ਰੁਪਏ ਅਲਾਟ ਕੀਤੇ ਹਨ।

ਇਸ ਮੌਕੇ ਕੈਬਨਿਟ ਮੰਤਰੀ ਡਾ. ਰਵਜੋਤ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਹੋਰ ਵੀ ਮੌਜੂਦ ਸਨ।

## ਮਹਿੰਗਾਈ ਅਤੇ ਬੇਰੁਜ਼ਗਾਰੀ ਭਾਰਤੀ ਨਾਗਰਿਕਾਂ ਲਈ ਮੁੱਖ

ਸਰਵੇਖਣ ਕੀਤੇ ਗਏ 29 ਵਿੱਚੋਂ 25 ਦੇਸ਼ਾਂ ਦੇ ਲੋਕ ਮਹਿਸੂਸ ਕਰਦੇ ਹਨ ਕਿ ਉਨ੍ਹਾਂ ਦਾ ਮੁਲਕ ‘ਗਲਤ ਰਾਹ’ ’ਤੇ ਹੈ।ਇਪਸੋਸ ਇੰਡੀਆ ਦੇ ਸੀਈਓ ਸੁਰੇਸ਼ ਰਾਮਾਲਿੰਗਮ ਨੇ ਕਿਹਾ ਕਿ ਘਰੇਲੂ ਚੁਣੌਤੀਆਂ ਅਤੇ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਵਾਂ ਕਾਰਨ ਪੈਦਾ ਹੋਏ ਆਲਮੀ ਵਿਘਨਾਂ ਦੇ ਬਾਵਜੂਦ, ਭਾਰਤ ਦੀ ਲਚਕਤਾ ਅਤੇ ਸਰਕਾਰ ਵੱਲੋਂ ਤੇਲ ਸੰਕਟ ਵਰਗੇ ਮੁੱਦਿਆਂ ’ਤੇ ਕੀਤੇ ਜਾ ਰਹੇ ਸਰਗਰਮ ਯਤਨਾਂ ਨੇ ਲੋਕਾਂ ਵਿੱਚ ਭਰੋਸਾ ਬਰਕਰਾਰ ਰੱਖਿਆ ਹੈ। ਹਾਲਾਂਕਿ ਰਿਪੋਰਟ ਚਿਤਾਵਨੀ ਦਿੰਦੀ ਹੈ ਕਿ ਜੇ ਪੱਛਮੀ ਏਸ਼ੀਆ ਵਿੱਚ ਤਣਾਅ ਘੱਟ ਨਹੀਂ ਹੁੰਦਾ, ਤਾਂ ਤੇਲ ਅਤੇ ਗੈਸ ਦੀ ਸਪਲਾਈ ਪ੍ਰਭਾਵਿਤ ਹੋਣ ਨਾਲ ਸਥਿਤੀ ਇੱਕ ਵਿਆਪਕ ਗਲੋਬਲ ਸੰਕਟ ਵਿੱਚ ਬਦਲ ਸਕਦੀ ਹੈ, ਜਿਸ ਨਾਲ ਨਜਿੱਠਣ ਲਈ ਭਾਰਤ ਆਪਣੇ ਤੇਲ ਆਯਾਤ ਸਰੋਤਾਂ ਵਿੱਚ ਵਿਭਿੰਨਤਾ ਲਿਆਉਣ ਦੀ ਕੋਸ਼ਿਸ਼ ਕਰ ਰਿਹਾ ਹੈ।

## ਪੀ.ਐਸ.ਈ.ਬੀ. ਵੱਲੋਂ 2010 ਤੋਂ ਬੋਰਡ ਪ੍ਰੀਖਿਆਵਾਂ

ਪ੍ਰਕਿਰਿਆ 27 ਅਪ੍ਰੈਲ, 2026 ਨੂੰ ਸ਼ੁਰੂ ਹੋਵੇਗੀ ਅਤੇ ਵਿਸ਼ੇਸ਼ ਪ੍ਰੀਖਿਆਵਾਂ 15 ਜੁਲਾਈ, 2026 ਤੋਂ ਹੋਣਗੀਆਂ। ਉਨ੍ਹਾਂ ਕਿਹਾ ਕਿ ਵਿਸਤਾਰਥ ਨਿਰਦੇਸ਼, ਵਿਸ਼ਾ-ਵਾਰ ਸਿਲੇਬਸ ਅਤੇ ਅਪਲਾਈ ਕਰਨ ਲਈ ਲਿੰਕ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਧਿਕਾਰਤ ਵੈੱਬਸਾਈਟ ’ਤੇ ਉਪਲਬਧ ਹੋਵੇਗਾ।

ਇਸ ਪਹਿਲਕਦਮੀ ਨੂੰ ਨੌਵੇਂ ਗੁਰੂ ਸਾਹਿਬ ਜੀ ਦੀ ਪਵਿੱਤਰ ਅਤੇ ਸਦੀਵੀਂ ਵਿਰਾਸਤ ਪ੍ਰਤੀ ਨਿਮਰ ਸ਼ਰਧਾਂਜਲੀ ਦੱਸਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਵਿਸ਼ੇਸ਼ ਮੌਕਾ ਉਨ੍ਹਾਂ ਵਿਦਿਆਰਥੀਆਂ ਲਈ ਇੱਕ ਸੁਨਹਿਰੀ ਅਵਸਰ ਹੋਵੇਗਾ, ਜੋ ਕਈ ਕੋਸ਼ਿਸ਼ਾਂ ਦੇ ਬਾਵਜੂਦ ਅਜੇ ਤੱਕ ਆਪਣੀ ਸਕੂਲੀ ਸਿੱਖਿਆ ਪੂਰੀ ਨਹੀਂ ਕਰ ਸਕੇ ਸਨ।

ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਵੱਲੋਂ ਦਰਸਾਏ ਦਇਆ-ਭਾਵਨਾ ਅਤੇ ਸਮਾਜਿਕ ਨਿਆਂ ਦੇ ਸਿਧਾਂਤਾਂ ਅਤੇ ਸਿੱਖਿਆ ਪ੍ਰਤੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਦੇ 350ਵੇਂ ਸ਼ਹੀਦੀ ਵਰ੍ਹੇ ਦੇ ਇਤਿਹਾਸਕ ਮੌਕੇ ਸੂਬਾ ਸਰਕਾਰ ਇਹ ਚਾਹੁੰਦੀ ਹੈ ਕਿ ਆਪਣੀ ਸਿੱਖਿਆ ਪੂਰੀ ਕਰਨ ਦਾ ਚਾਹਵਾਨ ਹਰ ਵਿਦਿਆਰਥੀ ਇਹ ਮਹਿਸੂਸ ਕਰੇ ਕਿ ਸਿੱਖਿਆ ਪੂਰੀ ਕਰਨ ਵਿੱਚ ਕਦੇ ਵੀ ਕੋਈ ਦੇਰੀ ਨਹੀਂ ਹੁੰਦੀ।

ਸ. ਬੈਂਸ ਨੇ ਕਿਹਾ ਕਿ ਇਹ ਮੌਕਾ ਆਪਣੇ ਭਵਿੱਖ ਨੂੰ ਲਿਖਣ ਦਾ ਇੱਕ ਸੁਨਹਿਰੀ ਮੌਕਾ ਹੈ। ਉਨ੍ਹਾਂ ਨੇ ਯੋਗ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਸਮਾਂ ਗੁਆਏ ਇਸ ਸਬੰਧੀ ਨਿਯਮਤ ਜਾਣਕਾਰੀ ਲਈ ਪੀ.ਐਸ.ਈ.ਬੀ. ਦੀ ਵੈੱਬਸਾਈਟ ਦੇਖਦੇ ਰਹਿਣ ਅਤੇ ਉਹ ਕਿਸੇ ਵੀ ਪੁੱਛਗਿੱਛ ਲਈ ਆਪਣੇ ਨੇੜਲੇ ਜ਼ਿਲ੍ਹਾ ਸਿੱਖਿਆ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।

## ਨਸ਼ਿਆਂ ਕਾਰਨ 4 ਪੁੱਤ ਗਵਾਉਣ ਵਾਲੀ ਮਾਂ ਦੇ

ਵੀਡੀਓ ਸੋਸ਼ਲ ਮੀਡੀਆ ’ਤੇ ਸੁਰਖੀਆਂ ਬਣ ਗਈ ਸੀ ਜਿਸ ਵਿਚ ਉਸ ਨੇ ਆਪਣੇ 4 ਪੁੱਤਾਂ ਦੀ ਨਸ਼ੇ ਨਾਲ ਮੌਤ ਹੋਣ ਦੀ ਗੱਲ ਕਰਦਿਆਂ ਪੰਜਵੇਂ ਪੁੱਤ ਨੂੰ ਬਚਾਉਣ ਦੀ ਅਪੀਲ ਕੀਤੀ ਸੀ। ਇਸ ਦੇ ਨਾਲ ਹੀ ਉਸ ਨੇ ਇਲਾਕੇ ਵਿਚ ਨਸ਼ਾ ਵਿਕਣ ਦੀ ਗੱਲ ਕਰਦਿਆਂ ਨਸ਼ਾ ਤਸਕਰਾਂ ਤੇ ਕਾਰਵਾਈ ਦੀ ਮੰਗ ਵੀ ਕੀਤੀ ਸੀ। ਵੀਡੀਓ ਵਾਇਰਲ ਹੋਣ ਪਿੱਛੋਂ ਹਰਕਤ ਵਿਚ ਆਏ ਪ੍ਰਸ਼ਾਸਨ ਵੱਲੋਂ ਮਨਜੀਤ ਕੌਰ ਦੇ ਪੰਜਵੇਂ ਪੁੱਤ ਨੂੰ ਹਸਪਤਾਲ ਦਾਖ਼ਲ ਕਰਵਾ ਦਿੱਤਾ ਗਿਆ ਸੀ ਤੇ ਅੱਜ ਮਨਜੀਤ ਕੌਰ ਦੀ ਰਿਹਾਇਸ਼ ਵਾਲੇ ਇਲਾਕੇ ਵਿਚ ਕਾਸੋ ਆਪ੍ਰੇਸ਼ਨ ਵੀ ਚਲਾਇਆ ਗਿਆ ਸੀ। ਅੱਜ ਦੇਰ ਸ਼ਾਮ ਮਨਜੀਤ ਕੌਰ ਦਾ ਪੰਜਵਾਂ ਪੁੱਤ ਵੀ ਹਸਪਤਾਲ ਵਿਚ ਦਮ ਤੋੜ ਗਿਆ ਹੈ।

## ਮਾਂ ਦੇ ਦੁੱਧ ਵਾਲੇ ਲੈਕਟੋਫੇਰਿਨ ਨਾਲ ਹੁਣ

ਹੋਰ ਤਰਲ ਪਦਾਰਥਾਂ ’ਚ ਵੀ ਪਾਇਆ ਜਾਂਦਾ ਹੈ। ਖੋਜ ਦੌਰਾਨ ਇਸ ਪ੍ਰੋਟੀਨ ਦੀ ਵਰਤੋਂ ਅੱਖਾਂ ’ਚ ਗੋਲੀ ਜਾਂ ਆਈ ਡ੍ਰੌਪਸ ਦੇ ਰੂਪ ’ਚ ਕੀਤੀ ਗਈ ਹੈ। ਮੌਜੂਦਾ ਸਮੇਂ ’ਚ ਇਸ ਦੇ ਇਲਾਜ ਲਈ ਵਰਤੇ ਜਾਣ ਵਾਲੇ ਸਟੀਰੋਇਡਜ਼ ਦੇ ਮੁਕਾਬਲੇ ਲੈਕਟੋਫੇਰਿਨ ਇਕ ਸੁਰੱਖਿਅਤ ਅਤੇ ਬਿਹਤਰ ਵਿਕਲਪ ਹੈ। ਏਮਜ਼ ’ਚ ਸਰਜਰੀ ਕਰਵਾ ਚੁੱਕੇ 50 ਮਰੀਜ਼ਾਂ ’ਤੇ ਕੀਤੀ ਗਈ ਖੋਜ ’ਚ ਪਾਇਆ ਗਿਆ ਕਿ ਜਿਨ੍ਹਾਂ ਮਰੀਜ਼ਾਂ ਨੂੰ ਲੈਕਟੋਫੇਰਿਨ ਦਿੱਤਾ ਗਿਆ, ਉਨ੍ਹਾਂ ਦੀਆਂ ਅੱਖਾਂ ’ਚ ਕੁਦਰਤੀ ਤੌਰ ’ਤੇ ਹੰਝੂ ਬਣਨ ਦੀ ਪ੍ਰਕਿਰਿਆ ਆਮ ਵਾਂਗ ਹੋ ਗਈ। ਇਸ ਖੋਜ ਦੀ ਸਫਲਤਾ ਨੂੰ ਦੇਖਦੇ ਹੋਏ ਹੁਣ 200 ਮਰੀਜ਼ਾਂ ’ਤੇ ਵੱਡੇ ਪੱਧਰ ’ਤੇ ਟਰਾਇਲ ਸ਼ੁਰੂ ਕੀਤਾ ਗਿਆ ਹੈ, ਜਿਸ ’ਚ ਅੱਖਾਂ ਦੀ ਸਤਹ ਅਤੇ ਹੰਝੂਆਂ ਦੀ ਗੁਣਵੱਤਾ ਦੀ ਜਾਂਚ ਕੀਤੀ ਜਾਵੇਗੀ।

## ਨਾਸਾ ਦਾ ‘ਆਰਟੇਮਿਸ-2’ ਮਿਸ਼ਨ ਚੰਦਰਮਾ

ਦੁਬਾਰਾ ਚੰਦਰਮਾ ’ਤੇ ਉਤਾਰਨ ਅਤੇ ਅੱਗੇ ਮੰਗਲ ਗ੍ਰਹਿ ਤੱਕ ਯਾਤਰਾ ਕਰਨ ਲਈ ਬੁਨਿਆਦ ਤਿਆਰ ਕਰ ਰਿਹਾ ਹੈ।

**ਚੰਦਰਮਾ ਦੇ ਦੂਜੇ ਪਾਸੇ ਤੋਂ ਲਈ ਧਰਤੀ ਦੀ ਪਹਿਲੀ ਇਤਿਹਾਸਕ ਤਸਵੀਰ :** ਅਮਰੀਕੀ ਪੁਲਾੜ ਏਜੰਸੀ ਨਾਸਾ ਨੇ ਮਨੁੱਖੀ ਪੁਲਾੜ ਯਾਤਰਾ ਵਿੱਚ ਇੱਕ ਨਵਾਂ ਮੀਲ ਪੱਥਰ ਸਥਾਪਿਤ ਕਰਦਿਆਂ ਚੰਦਰਮਾ ਦੇ ਦੂਜੇ ਪਾਸੇ ਤੋਂ ਲਈ ਗਈ ਧਰਤੀ ਦੀ ਪਹਿਲੀ ਇਤਿਹਾਸਕ ਤਸਵੀਰ ਸਾਂਝੀ ਕੀਤੀ ਹੈ। ’Humanity From the Other Side’ (ਦੂਜੇ ਪਾਸੇ ਤੋਂ ਮਨੁੱਖਤਾ) ਸਿਰਲੇਖ ਵਾਲੀ ਇਹ ਤਸਵੀਰ ‘ਆਰਟੇਮਿਸ-2’ ਮਿਸ਼ਨ ਦੇ ਕਮਾਂਡਰ ਰੀਡ ਵਾਈਜ਼ਮੈਨ ਨੇ ਓਰੀਅਨ ਕੈਪਸੂਲ ਦੀ ਖਿੜਕੀ ਤੋਂ ਉਸ ਸਮੇਂ ਖਿੱਚੀ ਜਦੋਂ ਪੁਲਾੜ ਯਾਨ ਚੰਦਰਮਾ ਦੇ ਦੂਜੇ ਹਿੱਸੇ ਤੋਂ ਬਾਹਰ ਨਿਕਲ ਰਿਹਾ ਸੀ।

**50 ਸਾਲਾਂ ਬਾਅਦ ਪਹਿਲਾ ਮਨੁੱਖੀ ਮਿਸ਼ਨ ਤੇ ਨਵਾਂ ਰਿਕਾਰਡ:** ‘ਆਰਟੇਮਿਸ-2’ ਪਿਛਲੇ 50 ਸਾਲਾਂ ਤੋਂ ਵੱਧ ਸਮੇਂ ਵਿੱਚ ਨਾਸਾ ਦਾ ਪਹਿਲਾ ਅਜਿਹਾ ਚੰਦਰਮਾ ਮਿਸ਼ਨ ਹੈ, ਜਿਸ ਵਿੱਚ ਪੁਲਾੜ ਯਾਤਰੀ ਸਵਾਰ ਹਨ। ਇਸ ਮਿਸ਼ਨ ਦੌਰਾਨ ਚਾਰ ਮੈਂਬਰੀ ਚਾਲਕ ਦਲ ਕਮਾਂਡਰ ਰੀਡ ਵਾਈਜ਼ਮੈਨ, ਪਾਇਲਟ ਵਿਕਟਰ ਗਲੋਵਰ, ਮਿਸ਼ਨ ਸਪੈਸ਼ਲਿਸਟ ਕ੍ਰਿਸਟੀਨਾ ਕੋਚ ਅਤੇ ਕੈਨੇਡੀਅਨ ਪੁਲਾੜ ਯਾਤਰੀ ਜੇਰੇਮੀ ਹੈਨਸਨ ਨੇ ਧਰਤੀ ਤੋਂ 248,655 ਮੀਲ ਦੀ ਦੂਰੀ ਤੈਅ ਕਰਕੇ ਇੱਕ ਨਵਾਂ ਰਿਕਾਰਡ ਬਣਾਇਆ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਸਾਲ 1970 ਵਿੱਚ ‘ਅਪੋਲੋ-13’ ਦੁਆਰਾ ਸਥਾਪਿਤ ਕੀਤੇ ਗਏ ਸਭ ਤੋਂ ਵੱਧ ਦੂਰੀ ਦੇ ਰਿਕਾਰਡ ਨੂੰ ਵੀ ਮਾਤ ਦੇ ਦਿੱਤੀ ਹੈ।

**ਭਾਵੁਕ ਪਲ ਤੇ ਸੰਪਰਕ ਟੁੱਟਣਾ:** ਚੰਦਰਮਾ ਦੇ ਦੂਜੇ ਪਾਸੇ ਉੱਡਣ ਦੌਰਾਨ, ਓਰੀਅਨ ਕੈਪਸੂਲ ਦਾ ਧਰਤੀ ਨਾਲੋਂ ਲਗਭਗ 40 ਮਿੰਟਾਂ ਲਈ ਸੰਪਰਕ ਪੂਰੀ ਤਰ੍ਹਾਂ ਟੁੱਟ ਗਿਆ ਸੀ, ਜੋ ਕਿ ਡੂੰਘੇ ਪੁਲਾੜ ਮਿਸ਼ਨਾਂ ਦਾ ਇੱਕ ਯੋਜਨਾਬੱਧ ਹਿੱਸਾ ਹੁੰਦਾ ਹੈ। ਸੰਪਰਕ ਬਹਾਲ ਹੋਣ ’ਤੇ ਪੁਲਾੜ ਯਾਤਰੀ ਕ੍ਰਿਸਟੀਨਾ ਕੋਚ ਨੇ ਭਾਵੁਕ ਹੁੰਦਿਆਂ ਕਿਹਾ ਕਿ ‘ਧਰਤੀ ਦੀ ਆਵਾਜ਼ ਦੁਬਾਰਾ ਸੁਣਨਾ ਬਹੁਤ ਵਧੀਆ ਸੀ’। ਵਾਈਟ ਹਾਊਸ ਨੇ ਵੀ ਇਸ ਤਸਵੀਰ ਨੂੰ ਸੋਸ਼ਲ ਮੀਡੀਆ ’ਤੇ ਸਾਂਝਾ ਕਰਦਿਆਂ ਇਸ ਨੂੰ ਬ੍ਰਹਿਮੰਡ ਵਿੱਚ ਮਨੁੱਖਤਾ ਦੀ ਸਥਿਤੀ ਦਾ ਇੱਕ ਸ਼ਕਤੀਸ਼ਾਲੀ ਪ੍ਰਤੀਕ ਦੱਸਿਆ ਹੈ।

**ਮਰਹੂਮ ਪਤਨੀ ਦੀ ਯਾਦ ਵਿੱਚ ਸ਼ਰਧਾਂਜਲੀ:** ਇਸ ਇਤਿਹਾਸਕ ਉਡਾਣ ਦੌਰਾਨ ਚਾਲਕ ਦਲ ਨੇ ਇੱਕ ਵਿਸ਼ੇਸ਼ ਤਜਵੀਜ਼ ਵੀ ਰੱਖੀ। ਉਨ੍ਹਾਂ ਨੇ ਚੰਦਰਮਾ ਦੇ ਇੱਕ ਅਣਪਛਾਤੇ ਕ੍ਰੇਟਰ (ਖੱਡੇ) ਦਾ ਨਾਮ ਕਮਾਂਡਰ ਵਾਈਜ਼ਮੈਨ ਦੀ ਮਰਹੂਮ ਪਤਨੀ ਕੈਰੋਲ ਦੀ ਯਾਦ ਵਿੱਚ ਰੱਖਣ ਦਾ ਸੁਝਾਅ ਦਿੱਤਾ।

ਚੜ੍ਹਦੀਕਲਾ

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ ‘ਦਰਦੀ’।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਚੀਮਾ ਵੱਲੋਂ ਮੁਲਾਜ਼ਮ ਯੂਨੀਅਨਾਂ ਨਾਲ ਮੰਗਾਂ ਦੇ ਹੱਲ ਲਈ ਗੱਲਬਾਤ

## ਵਿੱਤ ਮੰਤਰੀ ਵੱਲੋਂ ਲੰਬਿਤ ਜਾਇਜ਼ ਮੰਗਾਂ 'ਤੇ ਤੁਰੰਤ ਕਾਰਵਾਈ ਕਰਨ ਦੇ ਹੁਕਮ, ਵਿਭਾਗਾਂ ਨੂੰ ਬਿਨਾਂ ਕਿਸੇ ਦੇਰੀ ਦੇ ਨਤੀਜੇ ਦੇਣ ਦੇ ਨਿਰਦੇਸ਼

ਚੰਡੀਗੜ੍ਹ, 7 ਅਪ੍ਰੈਲ (ਚ.ਨ.ਸ.): ਪੰਜਾਬ ਦੇ ਵਿੱਤ ਮੰਤਰੀ ਤੇ ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਸਬੰਧੀ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਮੁਲਾਜ਼ਮ ਯੂਨੀਅਨਾਂ ਨਾਲ ਅਹਿਮ ਮੀਟਿੰਗਾਂ ਕੀਤੀਆਂ। ਇਹਨਾਂ ਵਿਚਾਰ-ਵਟਾਂਦਰਿਆਂ ਦਾ ਮੁੱਖ ਉਦੇਸ਼ ਸਬੰਧਤ ਯੂਨੀਅਨਾਂ ਨਾਲ ਜੁੜੇ ਮੁਲਾਜ਼ਮਾਂ ਨੂੰ ਦਰਪੇਸ਼ ਮੁਸ਼ਕਿਲਾਂ ਅਤੇ ਮੰਗਾਂ ਨੂੰ ਹੱਲ ਕਰਨਾ ਸੀ। ਦੋ ਘੰਟੇ ਤੱਕ ਚੱਲੀਆਂ ਇੰਨ੍ਹਾਂ ਮੀਟਿੰਗਾਂ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਯੂਨੀਅਨ ਆਗੂਆਂ ਵੱਲੋਂ ਪੇਸ਼ ਕੀਤੀਆਂ ਗਈਆਂ ਮੰਗਾਂ ਅਤੇ ਮਸਲਿਆਂ ਨੂੰ ਹਮਦਰਦੀ ਅਤੇ ਵਿਸਥਾਰ ਨਾਲ ਸੁਣਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁਲਾਜ਼ਮ ਭਲਾਈ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਵਿੱਤ ਮੰਤਰੀ ਨੇ ਸਬੰਧਤ ਸਰਕਾਰੀ ਵਿਭਾਗਾਂ ਦੇ ਹਾਜ਼ਰ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ।



ਵਿੱਤ ਮੰਤਰੀ ਚੀਮਾ ਨੇ ਉਹਨਾਂ ਨੂੰ ਹਦਾਇਤ ਕੀਤੀ ਕਿ ਸਾਰੀਆਂ ਜਾਇਜ਼ ਮੰਗਾਂ ਨੂੰ ਜਲਦ ਤੋਂ ਜਲਦ ਪੂਰਾ ਕਰਨ ਲਈ ਤੁਰੰਤ ਅਤੇ ਲੋੜੀਂਦੀ ਕਾਰਵਾਈ ਸ਼ੁਰੂ ਕੀਤੀ ਜਾਵੇ। ਇਸ ਤੋਂ ਇਲਾਵਾ, ਉਹਨਾਂ ਨੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੂੰ ਆਦੇਸ਼ ਦਿੱਤਾ ਕਿ ਉਹ ਸਬੰਧਤ ਯੂਨੀਅਨਾਂ ਨਾਲ ਵਿਸ਼ੇਸ਼ ਫਾਲੋ-ਅੱਪ ਮੀਟਿੰਗਾਂ ਕਰਨ ਤਾਂ ਜੋ ਉਹਨਾਂ ਦੇ ਖਾਸ ਮਸਲਿਆਂ ਦਾ ਤੇਜ਼, ਢੁਕਵਾਂ ਅਤੇ ਸਥਾਈ ਹੱਲ ਯਕੀਨੀ ਬਣਾਇਆ ਜਾ ਸਕੇ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਯੂਨੀਅਨ ਨੁਮਾਇੰਦਿਆਂ ਨੂੰ ਭਰੋਸਾ ਦਿੱਤਾ ਕਿ ਭਗਵੰਤ ਮਾਨ ਸਰਕਾਰ ਪੰਜਾਬ ਵਿੱਚ ਇੱਕ ਸਹਿਯੋਗੀ ਅਤੇ ਲਾਹੇਵੰਦ ਪ੍ਰਸ਼ਾਸਨਿਕ ਮਾਹੌਲ ਸਿਰਜਣ ਲਈ ਸਾਰੀਆਂ ਮੁਲਾਜ਼ਮ ਜਥੇਬੰਦੀਆਂ ਨਾਲ ਖੁੱਲ੍ਹੀ ਗੱਲਬਾਤ ਜਾਰੀ ਰੱਖਣ ਲਈ ਵਚਨਬੱਧ ਹੈ।

ਇਸ ਵਿਸਤ੍ਰਿਤ ਗੱਲਬਾਤ ਵਿੱਚ ਹਿੱਸਾ ਲੈਣ ਵਾਲੀਆਂ ਯੂਨੀਅਨਾਂ ਵਿੱਚ ਆਈ.ਈ.ਏ.ਟੀ ਸਪੈਸ਼ਲ ਬੀ.ਐੱਡ. ਪਾਸ ਐਜੂਕੇਸ਼ਨ ਯੂਨੀਅਨ ਦੀ ਨੁਮਾਇੰਦਗੀ ਰਾਕੇਸ਼ ਕੁਮਾਰ, ਮਨਜਿੰਦਰ ਸਿੰਘ ਅਤੇ ਜਗਰੂਪ ਕੌਰ ਨੇ ਕੀਤੀ। ਆਸ਼ਾ ਵਰਕਰਜ਼ ਅਤੇ ਆਸ਼ਾ ਫੈਸਿਲੀਟੇਟਰਜ਼ ਨਿਰੋਲ ਯੂਨੀਅਨ ਦੇ ਵਫ਼ਦ ਵਿੱਚ ਕਿਰਨਦੀਪ ਕੌਰ, ਜਸਵੀਰ ਕੌਰ ਅਤੇ ਪਵਨਪ੍ਰੀਤ ਕੌਰ ਸ਼ਾਮਲ ਸਨ। ਇਸ ਦੌਰਾਨ ਰਣਜੀਤ ਸਿੰਘ ਅਤੇ ਭੁਪਿੰਦਰ ਸਿੰਘ ਰੋਪੜ ਨੇ ਐਨ.ਐਸ.ਐਫ.ਕਿਊ ਵੋਕੇਸ਼ਨਲ ਟੀਚਰਜ਼ ਫਰੰਟ ਦੀਆਂ ਚਿੰਤਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਇਸ ਤੋਂ ਇਲਾਵਾ, ਗੌਰਮਿੰਟ ਕਾਲਜ ਸੀਨੀਅਰ ਲੈਬ ਅਟੈਂਡੈਂਟ ਯੂਨੀਅਨ ਦੀ ਨੁਮਾਇੰਦਗੀ ਅੰਗਰੇਜ਼ ਸਿੰਘ, ਸੁਰਜੀਤ ਸਿੰਘ ਅਤੇ ਸਕੱਤਰ ਸਿੰਘ ਨੇ ਕੀਤੀ, ਜਿਨ੍ਹਾਂ ਨੇ ਆਪਣੀਆਂ ਵਿਭਾਗ ਨਾਵ ਸਬੰਧਤ ਮੰਗਾਂ ਬਾਰੇ ਚਰਚਾ ਕੀਤੀ। ਅੰਤ ਵਿੱਚ, ਕੁਲਦੀਪ ਸਿੰਘ, ਬਜਿੰਦਰ ਸਿੰਘ ਅਤੇ ਗੁਰਪਿੰਦਰ ਕੌਰ ਨੇ ਪੰਜਾਬ ਨੇਤਰਹੀਣ ਯੂਥ ਐਸੋਸੀਏਸ਼ਨ ਨਾਲ ਸਬੰਧਤ ਅਹਿਮ ਮੰਗਾਂ ਅਤੇ ਮੁੱਦਿਆਂ ਨੂੰ ਉਠਾਉਂਦਿਆਂ ਇਹ ਯਕੀਨੀ ਬਣਾਇਆ ਗਿਆ ਕਿ ਵਿਸ਼ੇਸ਼ ਲੋੜਾਂ ਵਾਲੇ ਨੌਜਵਾਨਾਂ ਦੀਆਂ ਚਿੰਤਾਵਾਂ ਨੂੰ ਪ੍ਰਮੁੱਖਤਾ ਨਾਲ ਸੁਣਿਆ ਅਤੇ ਦਰਜ ਕੀਤਾ ਜਾਵੇ।

# ਪੰਜਾਬ ਦਾ ਆਬਕਾਰੀ ਮਾਲੀਆ ਟੀਚਿਆਂ ਨੂੰ ਪਾਰ ਕਰਦਾ ਹੋਇਆ 11,782 ਕਰੋੜ 'ਤੇ ਪੁੱਜਾ, ਚਾਰ ਸਾਲਾਂ ਵਿੱਚ ਉਗਰਾਹੀ ਲਗਭਗ ਹੋਈ ਦੁੱਗਣੀ : ਚੀਮਾ

ਚੰਡੀਗੜ੍ਹ, 7 ਅਪ੍ਰੈਲ (ਚ.ਨ.ਸ.): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਐਲਾਨ ਕੀਤਾ ਕਿ ਆਬਕਾਰੀ ਅਤੇ ਕਰ ਵਿਭਾਗ ਨੇ ਵਿੱਤੀ ਸਾਲ 2025-26 ਲਈ ਠੋਸ ਆਬਕਾਰੀ ਨੀਤੀ ਦੇ ਉਪਾਵਾਂ ਅਤੇ ਕੁਸ਼ਲ ਪ੍ਰਸ਼ਾਸਕੀ ਕਾਰਜਪ੍ਰਣਾਲੀ ਦੀ ਸਫਲਤਾ ਨੂੰ ਦਰਸਾਉਂਦਾ ਮਾਲੀਆ ਉਗਰਾਹੀ ਵਿੱਚ ਇੱਕ ਅਹਿਮ ਮੀਲ ਪੱਥਰ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ 11,200 ਕਰੋੜ ਰੁਪਏ ਦੇ ਸੋਧੇ ਹੋਏ ਆਬਕਾਰੀ ਮਾਲੀਆ ਟੀਚੇ ਦੇ ਮੁਕਾਬਲੇ, ਵਿਭਾਗ ਨੇ 31 ਮਾਰਚ, 2026 ਤੱਕ ਸਫਲਤਾਪੂਰਵਕ 11,782 ਕਰੋੜ ਰੁਪਏ ਪ੍ਰਾਪਤ ਕੀਤੇ ਹਨ, ਜੋ ਕਿ ਟੀਚੇ ਤੋਂ 582 ਕਰੋੜ ਰੁਪਏ ਵੱਧ ਹਨ। ਵਿਆਪਕ ਵਿੱਤੀ ਪ੍ਰਾਪਤੀਆਂ ਸਾਂਝੀਆਂ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਸ ਸਫਲਤਾ ਦਾ ਸਿਹਰਾ ਸਿੱਧੇ ਤੌਰ 'ਤੇ ਸੂਬਾ ਸਰਕਾਰ ਦੇ ਸਰਗਰਮ ਸ਼ਾਸਨ ਅਤੇ ਵਪਾਰ ਪੱਖੀ ਨੀਤੀਆਂ ਨੂੰ ਦਿੱਤਾ। ਇਤਿਹਾਸਕ ਪ੍ਰਾਪਤੀ ਨੂੰ ਉਜਾਗਰ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਕਿਹਾ, "ਖਾਸ ਤੌਰ 'ਤੇ, ਪਿਛਲੇ ਚਾਰ ਸਾਲਾਂ ਵਿੱਚ ਆਬਕਾਰੀ ਮਾਲੀਆ ਲਗਭਗ ਦੁੱਗਣਾ ਹੋ ਗਿਆ ਹੈ, ਜੋ ਕਿ 6,254.84 ਕਰੋੜ ਰੁਪਏ ਤੋਂ ਵੱਧ ਕੇ 11,782 ਕਰੋੜ ਰੁਪਏ ਹੋ ਗਿਆ ਹੈ, ਅਤੇ 2026-27 ਲਈ 12,800 ਕਰੋੜ ਰੁਪਏ



ਦਾ ਨਵਾਂ ਟੀਚਾ ਮਿੱਥਿਆ ਗਿਆ ਹੈ। ਇਹ ਪ੍ਰਾਪਤੀ ਪਾਰਦਰਸ਼ਤਾ ਅਤੇ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਂਦੇ ਹੋਏ ਮਾਲੀਏ ਨੂੰ ਵੱਧ ਤੋਂ ਵੱਧ ਕਰਨ ਪ੍ਰਤੀ ਵਿਭਾਗ ਦੀ ਦ੍ਰਿੜ ਵਚਨਬੱਧਤਾ ਨੂੰ ਰੇਖਾਂਕਿਤ ਕਰਦੀ ਹੈ।"

ਆਗਾਮੀ ਵਿੱਤੀ ਸਾਲ ਦੀ ਰੂਪ-ਰੇਖਾ ਦਾ ਵੇਰਵਾ ਦਿੰਦਿਆਂ ਵਿੱਤ ਮੰਤਰੀ ਚੀਮਾ ਨੇ ਰਣਨੀਤਕ ਵਿੱਤੀ ਟੀਚਿਆਂ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ, "ਵਿੱਤੀ ਸਾਲ 2026-27 ਲਈ, ਆਬਕਾਰੀ ਨੀਤੀ 10,520 ਕਰੋੜ ਰੁਪਏ ਦੇ ਅਨੁਮਾਨਿਤ ਲਾਇਸੈਂਸ ਫੀਸ ਟੀਚੇ ਨਾਲ ਤਿਆਰ ਕੀਤੀ ਗਈ ਹੈ, ਜਦੋਂ ਕਿ 2025-26 ਵਿੱਚ ਇਹ 9,877 ਕਰੋੜ ਰੁਪਏ ਸੀ। ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਸੂਬੇ ਦੇ ਸਾਰੇ 207 ਪ੍ਰਚੂਨ ਸ਼ਰਾਬ ਗਰੁੱਪ ਸਾਲ 2026-27 ਲਈ ਅਲਾਟ ਕੀਤੇ ਜਾ ਚੁੱਕੇ ਹਨ, ਜੋ ਸੂਬਾ ਸਰਕਾਰ ਦੀ ਆਬਕਾਰੀ ਨੀਤੀ ਵਿੱਚ ਲਾਇਸੰਸਧਾਰਕਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਆਬਕਾਰੀ ਨੀਤੀ 2026-27 ਪ੍ਰਤੀ ਸਮੁੱਚਾ ਹੁੰਗਾਰਾ ਉਤਸ਼ਾਹਜਨਕ ਰਿਹਾ ਹੈ। ਇਸ ਨੇ ਸੂਬੇ ਦੇ ਖਜ਼ਾਨੇ ਵਿੱਚ ਮਾਲੀਏ ਦੇ ਨਿਰਵਿਘਨ ਪ੍ਰਵਾਹ ਨੂੰ ਬਣਾਈ ਰੱਖਣ ਦੇ ਨਾਲ-ਨਾਲ ਸ਼ਰਾਬ ਦੇ ਵਪਾਰ ਵਿੱਚ ਸਥਿਰਤਾ ਨੂੰ ਯਕੀਨੀ ਬਣਾਇਆ ਹੈ।" ਸੂਬੇ ਦੇ ਮਾਲੀਏ ਦੇ ਸਰੋਤਾਂ ਵਿੱਚ ਲਗਾਤਾਰ ਹੋ ਰਹੇ ਵਾਧੇ ਬਾਰੇ ਗੱਲ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਭਵਿੱਖ ਦੀਆਂ ਰਣਨੀਤੀਆਂ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਆਪਣੀ ਕਿਹਾ, "ਭਵਿੱਖ ਵੱਲ ਦੇਖਦਿਆਂ, ਆਬਕਾਰੀ ਵਿਭਾਗ ਨੇ ਵਿੱਤੀ ਸਾਲ 2026-27 ਲਈ 12,800 ਕਰੋੜ ਰੁਪਏ ਦਾ ਅਭਿਲਾਸ਼ੀ ਕੁੱਲ ਮਾਲੀਆ ਟੀਚਾ ਮਿੱਥਿਆ ਹੈ। ਪੰਜਾਬ ਸਰਕਾਰ ਮਾਲੀਆ ਉਗਰਾਹੀ ਅਤੇ ਰੈਗੂਲੇਟਰੀ ਕੁਸ਼ਲਤਾ ਵਿਚਕਾਰ ਸੰਤੁਲਨ ਬਣਾਉਂਦੇ ਹੋਏ, ਮਜ਼ਬੂਤ ਇਨਫੋਰਸਮੈਂਟ, ਬਿਹਤਰ ਪਾਲਣਾ ਪ੍ਰਣਾਲੀਆਂ ਅਤੇ ਰਣਨੀਤਕ ਨੀਤੀਗਤ ਦਖਲਅੰਦਾਜ਼ੀ ਰਾਹੀਂ ਇਸ ਟੀਚੇ ਨੂੰ ਪ੍ਰਾਪਤ ਕਰਨ ਲਈ ਪੂਰੀ ਤਰ੍ਹਾਂ ਆਸਵੰਦ ਹੈ।"

# ਗੈਂਗਸਟਰਾਂ 'ਤੇ ਵਾਰ ਦੇ 77ਵੇਂ ਦਿਨ 501 ਥਾਵਾਂ ਉੱਤੇ ਛਾਪੇਮਾਰੀ ਦੌਰਾਨ 202 ਗ੍ਰਿਫ਼ਤਾਰ

ਚੰਡੀਗੜ੍ਹ, 7 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 77ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 501 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। 77ਵੇਂ ਦਿਨ, ਪੁਲਿਸ ਟੀਮਾਂ ਨੇ 202 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 19,450 ਹੋ ਗਈ ਹੈ।

ਇਸ ਤੋਂ ਇਲਾਵਾ 89 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 58 ਵਿਅਕਤੀਆਂ ਨੂੰ ਤਫਤੀਸ਼ ਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 10 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 402ਵੇਂ ਦਿਨ ਵੀ ਜਾਰੀ ਰੱਖਦਿਆਂ 112 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 5.8 ਕਿਲੋ ਹੈਰੋਇਨ, 587 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 19,050 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ਼ 402 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 57,519 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ ਪੰਜਾਬ ਪੁਲਿਸ ਨੇ ਅੱਜ 73 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਵਿਜੀਲੈਂਸ ਵੱਲੋਂ 20,000 ਰਿਸ਼ਵਤ ਮੰਗਣ ਦੇ ਦੋਸ਼ ਹੇਠ ਕੰਡਕਟਰ ਗ੍ਰਿਫ਼ਤਾਰ

ਚੰਡੀਗੜ੍ਹ 7 ਅਪ੍ਰੈਲ (ਦੀਪਕ ਸ਼ਰਮਾ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਪੀ.ਆਰ.ਟੀ.ਸੀ. ਡਿਪੂ ਬਠਿੰਡਾ ਵਿਖੇ ਤਾਇਨਾਤ ਕੰਡਕਟਰ ਨਰਿੰਦਰ ਸਿੰਘ ਉਰਫ਼ ਲਾਡੀ ਨੂੰ 20,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਕਿਹਾ ਕਿ ਉਕਤ ਮੁਲਜ਼ਮ ਨੂੰ ਤਹਿਸੀਲ ਤਲਵੰਡੀ ਸਾਬੋ ਜ਼ਿਲ੍ਹਾ ਬਠਿੰਡਾ ਦੇ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਪੀਆਰਟੀਸੀ ਡਿਪੂ ਬਠਿੰਡਾ ਵਿੱਚ ਡਰਾਈਵਰ ਵਜੋਂ ਕੰਮ ਕਰਦਾ ਹੈ, ਜੋ ਆਪਣਾ ਬੱਸ ਰੂਟ ਬਦਲਣਾ ਚਾਹੁੰਦਾ ਸੀ। ਇਸ ਸਬੰਧ ਵਿੱਚ ਮੁਲਜ਼ਮ ਕੇਵਲ ਕ੍ਰਿਸ਼ਨ, ਫਿਟਰ ਇੰਚਾਰਜ ਬੱਸ ਸਟੈਂਡ ਗੋਨਿਆਣਾ ਅਤੇ ਕੰਡਕਟਰ ਨਰਿੰਦਰ ਸਿੰਘ ਉਰਫ਼ ਲਾਡੀ ਬੱਸ ਰੂਟ ਬਦਲਣ



ਬਦਲੇ ਸ਼ਿਕਾਇਤਕਰਤਾ ਤੋਂ 20000 ਰੁਪਏ ਰਿਸ਼ਵਤ ਮੰਗੀ। ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਦੀ ਪੂਰੀ ਗੱਲਬਾਤ ਰਿਕਾਰਡ ਕਰ ਲਈ। ਸ਼ਿਕਾਇਤਕਰਤਾ ਦੇ ਕਹਿਣ ਅਨੁਸਾਰ ਉਹ ਕੋਈ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ, ਜਿਸ ਦੇ ਚਲਦਿਆਂ ਉਸਨੇ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਕੰਡਕਟਰ ਨੂੰ ਉਸ ਸਮੇਂ ਗ੍ਰਿਫ਼ਤਾਰ ਕਰ ਲਿਆ ਗਿਆ, ਜਦੋਂ ਉਹ ਸ਼ਿਕਾਇਤਕਰਤਾ ਤੋਂ 20,000 ਰੁਪਏ ਰਿਸ਼ਵਤ ਮੰਗ ਰਿਹਾ ਸੀ।

ਇਸ ਸਬੰਧ ਵਿੱਚ ਇਨ੍ਹਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਥਾਣਾ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਸਹਿ-ਮੁਲਜ਼ਮ ਫਿਟਰ ਕੇਵਲ ਕ੍ਰਿਸ਼ਨ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਮਾਨ ਸਰਕਾਰ ਨੇ 70 ਅਸਾਮੀਆਂ ਲਈ ਸਿੱਧੀ ਭਰਤੀ ਨੂੰ ਦਿੱਤੀ ਮਨਜ਼ੂਰੀ : ਚੀਮਾ

ਚੰਡੀਗੜ੍ਹ, 7 ਅਪ੍ਰੈਲ (ਚ.ਨ.ਸ.): ਸੂਬੇ ਵਿੱਚ ਰੁਜ਼ਗਾਰ ਉਤਪਤੀ ਅਤੇ ਪ੍ਰਸ਼ਾਸਕੀ ਕੁਸ਼ਲਤਾ ਨੂੰ ਵੱਡਾ ਹੁਲਾਰਾ ਦਿੰਦਿਆਂ, ਪੰਜਾਬ ਦੇ ਵਿੱਤ ਅਤੇ ਯੋਜਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਯੋਜਨਾਬੰਦੀ ਵਿਭਾਗ ਵਿੱਚ 70 ਅਸਾਮੀਆਂ ਲਈ ਸਿੱਧੀ ਭਰਤੀ ਪ੍ਰਕਿਰਿਆ ਨੂੰ ਰਸਮੀ ਤੌਰ 'ਤੇ ਪ੍ਰਵਾਨਗੀ ਦੇ ਦਿੱਤੀ ਹੈ। ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਹ ਖੁਲਾਸਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਿਭਾਗੀ ਕੰਮਕਾਜ ਨੂੰ ਸੁਚਾਰੂ ਬਣਾਉਣ ਅਤੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਭਾਰਤੀ ਕਰ ਰਹੀ ਹੈ। ਉਨ੍ਹਾਂ ਦੱਸਿਆ, "ਦੋ ਪ੍ਰਮੁੱਖ ਸੰਸਥਾਵਾਂ: ਅੰਕੜਾ ਡਾਇਰੈਕਟੋਰੇਟ ਤੇ ਆਰਥਿਕ ਨੀਤੀ ਤੇ ਯੋਜਨਾ ਬੋਰਡ ਦੇ ਅਧੀਨ ਆਉਂਦੀਆਂ ਵੱਖ-ਵੱਖ ਗਰੁੱਪ ਏ, ਬੀ ਤੇ ਸੀ ਦੀਆਂ ਅਸਾਮੀਆਂ ਲਈ ਸਿੱਧੀ ਭਰਤੀ ਸ਼ੁਰੂ ਕਰਨ ਲਈ ਰਸਮੀ ਮਨਜ਼ੂਰੀ ਦੇ ਦਿੱਤੀ ਗਈ ਹੈ।"



ਪ੍ਰ ਵਾ ਨਿ ਤ ਅਸਾਮੀਆਂ ਦਾ ਸ਼੍ਰੇਣੀਵਾਰ ਵੇਰਵਾ ਸਾਂਝਾ ਕਰਦਿਆਂ, ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਕੁੱਲ 70 ਖਾਲੀ ਅਸਾਮੀਆਂ ਵਿੱਚੋਂ 68 ਅਸਾਮੀਆਂ ਅੰਕੜਾ ਡਾਇਰੈਕਟੋਰੇਟ ਵਿੱਚ ਭਰੀਆਂ ਜਾਣਗੀਆਂ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਵਿੱਚ 14 ਸਹਾਇਕ ਖੋਜ ਅਫ਼ਸਰਾਂ, 4 ਸੀਨੀਅਰ ਸਹਾਇਕਾਂ ਅਤੇ 50 ਇਨਵੈਸਟੀਗੇਟਰਾਂ ਦੀ ਸਿੱਧੀ ਭਰਤੀ ਸ਼ਾਮਲ ਹੈ। ਵਿੱਤ ਮੰਤਰੀ ਨੇ ਅੱਗੇ ਕਿਹਾ, "ਬਾਕੀ ਦੋ ਅਸਾਮੀਆਂ ਆਰਥਿਕ ਨੀਤੀ ਅਤੇ ਯੋਜਨਾ ਬੋਰਡ ਨੂੰ ਅਲਾਟ ਕੀਤੀਆਂ ਗਈਆਂ ਹਨ, ਜਿਸ ਵਿੱਚ ਇੱਕ ਗਰੁੱਪ-ਏ ਪ੍ਰੋਗਰਾਮਰ ਅਤੇ ਇੱਕ ਸੀਨੀਅਰ ਸਹਾਇਕ ਦੀ ਭਰਤੀ ਸ਼ਾਮਲ ਹੋਵੇਗੀ।" ਇਸ ਫੈਸਲੇ ਦੇ ਪਿਛੋਕੜ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਚੀਮਾ ਨੇ ਦੱਸਿਆ ਕਿ ਸ਼ੁਰੂ ਵਿੱਚ ਪੰਜਾਬ ਕੈਬਨਿਟ ਅੱਗੇ ਇੱਕ ਮੰਗ ਪੱਤਰ ਪੇਸ਼ ਕੀਤਾ ਗਿਆ ਸੀ ਜਿਸ ਵਿੱਚ ਇਨ੍ਹਾਂ ਦੋਵਾਂ ਸੰਸਥਾਵਾਂ ਵਿੱਚ ਵੱਖ-ਵੱਖ ਸ਼੍ਰੇਣੀਆਂ ਅਧੀਨ 140 ਅਧਿਕਾਰੀਆਂ ਦੀ ਭਰਤੀ ਦੀ ਤਜਵੀਜ਼ ਰੱਖੀ ਗਈ ਸੀ। ਉਨ੍ਹਾਂ ਅੱਗੇ ਕਿਹਾ, "29 ਮਾਰਚ, 2026 ਨੂੰ ਹੋਈ ਕੈਬਨਿਟ ਮੀਟਿੰਗ ਦੌਰਾਨ ਪ੍ਰਸਤਾਵਿਤ ਅਸਾਮੀਆਂ ਵਿੱਚੋਂ ਪੰਜਾਹ ਫੀਸਦੀ ਅਸਾਮੀਆਂ ਭਰਨ ਦੀ ਪ੍ਰਵਾਨਗੀ ਦਿੱਤੀ ਗਈ ਸੀ, ਜਿਸ ਨਾਲ ਮੌਜੂਦਾ ਭਰਤੀ ਮੁਹਿੰਮ ਲਈ ਮਨਜ਼ੂਰਸ਼ੁਦਾ ਅਸਾਮੀਆਂ ਦੀ ਕੁੱਲ ਗਿਣਤੀ 70 ਹੋ ਗਈ।" ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਸ ਸੋਧੀ ਹੋਈ ਤਜਵੀਜ਼ ਦੀ ਰਸਮੀ ਪ੍ਰਵਾਨਗੀ ਤੋਂ ਬਾਅਦ ਹੁਣ ਰਸਮੀ ਪੱਤਰ ਅਧੀਨ ਸੇਵਾਵਾਂ ਚੋਣ ਬੋਰਡ (ਐਸ.ਐਸ.ਬੀ) ਨੂੰ ਭੇਜਿਆ ਜਾ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਐਸ.ਐਸ.ਬੀ ਵੱਲੋਂ ਭਰਤੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਇਨ੍ਹਾਂ ਅਹਿਮ ਅਸਾਮੀਆਂ ਨੂੰ ਜਲਦ ਤੋਂ ਜਲਦ ਪਾਰਦਰਸ਼ੀ ਢੰਗ ਨਾਲ ਭਰਿਆ ਜਾ ਸਕੇ।

# ਬਾਗ਼ਬਾਨੀ ਖੇਤਰ ਨੂੰ ਨਵੀਂ ਰਫ਼ਤਾਰ ਦੇਣ ਲਈ ਮੋਹਿੰਦਰ ਭਗਤ ਵੱਲੋਂ ਵੱਡੇ ਪੱਧਰ 'ਤੇ ਫ਼ਲਦਾਰ ਬੂਟੇ ਤਿਆਰ ਕਰਨ ਦੇ ਹੁਕਮ

ਚੰਡੀਗੜ੍ਹ, 7 ਅਪ੍ਰੈਲ (ਚ.ਨ.ਸ.): ਪੰਜਾਬ ਦੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਨੇ ਬਾਗ਼ਬਾਨੀ ਵਿਭਾਗ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਬਾਗ਼ਬਾਨੀ ਖੇਤਰ ਨੂੰ ਨਵੀਂ ਰਫ਼ਤਾਰ ਦੇਣ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਉਦੇਸ਼ ਨਾਲ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਫ਼ਲਦਾਰ ਬੂਟੇ ਵੱਡੇ ਪੱਧਰ 'ਤੇ ਤਿਆਰ ਕੀਤੇ ਜਾਣ। ਉਨ੍ਹਾ ਕਿਹਾ ਕਿ ਫ਼ਲਾਂ ਲਈ ਮਾਰਕੀਟ ਮੰਗ ਅਤੇ ਕਿਸਾਨਾਂ ਦੀ ਸਹੂਲਤ ਅਨੁਸਾਰ ਫ਼ਲਦਾਰ ਬੂਟਿਆਂ ਦੀ ਪਨੀਰੀ ਤਿਆਰ ਕੀਤੀ ਜਾਵੇ।

ਇਸ ਮੀਟਿੰਗ ਦੌਰਾਨ ਬਾਗ਼ਬਾਨੀ ਵਿਭਾਗ ਦੇ ਸਕੱਤਰ ਅਰਸ਼ਦੀਪ ਸਿੰਘ ਥਿੰਦ ਤੇ ਡਾਇਰੈਕਟਰ ਮਨੀਸ਼ ਕੁਮਾਰ ਵੱਲੋਂ ਵਿਭਾਗ ਦੇ ਵੱਖ ਵੱਖ ਪ੍ਰਾਜੈਕਟਾਂ ਦੀ ਉੱਨਤੀ ਬਾਰੇ ਮੰਤਰੀ ਨੂੰ ਜਾਣੂ ਕਰਵਾਇਆ ਗਿਆ। ਇਸ ਮੌਕੇ ਵਿਭਾਗ ਵਿੱਚ ਨਵੀਂ ਭਰਤੀ ਤੇ ਅਧਿਕਾਰੀਆਂ ਦੀ ਪ੍ਰਮੋਸ਼ਨ ਸਬੰਧੀ ਵੀ ਵਿਸੇਸ਼ ਚਰਚਾ ਕੀਤੀ ਗਈ। ਇਸ ਮੌਕੇ



ਬਾਗ਼ਬਾਨੀ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਸੂਬੇ ਵਿਚ ਬਾਗ਼ਬਾਨੀ ਖੇਤਰ ਨੂੰ ਪ੍ਰਫੁੱਲਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਜਾਪਾਨ ਇੰਟਰਨੈਸ਼ਨਲ ਕੋਆਪ੍ਰੇਸ਼ਨ ਏਜੰਸੀ, ਜੀਕਾ, ਦੇ ਸਹਿਯੋਗ ਨਾਲ ਲਗਭਗ 1300 ਕਰੋੜ ਰੁਪਏ ਦੇ ਮਨਜੂਰ ਪ੍ਰਾਜੈਕਟਾਂ ਦੀ ਪੈਰਵੀ ਕੀਤੀ ਜਾਵੇ। ਉਨ੍ਹਾ ਕਿਹਾ ਕਿ ਇਹਨਾਂ ਪ੍ਰਾਜੈਕਟਾਂ ਦਾ ਮਕਸਦ ਪੰਜਾਬ ਵਿੱਚ ਮੌਸਮੀ ਤਬਦੀਲੀਆਂ ਦੇ ਅਨੁਕੂਲ ਅਤੇ ਉੱਚ ਮੁੱਲ ਵਾਲੀ ਬਾਗ਼ਬਾਨੀ ਫਸਲਾਂ ਨੂੰ ਉਤਸ਼ਾਹਿਤ ਕਰਨਾ ਹੈ।

ਇਸ ਮੌਕੇ ਮੰਤਰੀ ਭਗਤ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਾਗ਼ਬਾਨੀ ਵਿਭਾਗ ਅਧੀਨ ਪ੍ਰਗਤੀ ਅਧੀਨ ਸਾਰੇ ਪ੍ਰਾਜੈਕਟਾਂ ਨੂੰ ਮਿੱਥੇ ਸਮੇਂ ਵਿੱਚ ਪੂਰਾ ਕੀਤਾ ਜਾਵੇ। ਉਨ੍ਹਾ ਕਿਹਾ ਕਿ ਅਧਿਕਾਰੀ ਸਥਾਨਕ ਪੰਚਾਇਤਾਂ ਅਤੇ ਕਿਸਾਨਾਂ ਨਾਲ ਨਿੱਜੀ ਤੌਰ ਤੇ ਰਾਬਤਾ ਕਾਇਮ ਕਰਨ ਅਤੇ ਕਿਸਾਨਾਂ ਨੂੰ ਸਰਕਾਰੀ ਹਦਾਇਤਾਂ ਅਨੁਸਾਰ ਹਰ ਸੰਭਵ ਸਹਾਇਤਾ ਕਰਨ। ਅਧਿਕਾਰੀਆਂ ਨੇ ਮੰਤਰੀ ਨੂੰ ਹਰ ਕੰਮ ਸਮੇਂ ਸਿਰ ਪੂਰਾ ਕਰਨ ਦਾ ਭਰੋਸਾ ਦਿੱਤਾ।

# ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੇ ਕੈਡਿਟ ਜਸਨੂਰ ਸਿੰਘ ਸੀ.ਡੀ.ਐਸ. ਮੈਰਿਟ ਸੂਚੀ ਵਿੱਚ ਦੇਸ਼ 'ਚੋਂ ਅੱਵਲ

ਚੰਡੀਗੜ੍ਹ, 7 ਅਪ੍ਰੈਲ (ਚ.ਨ.ਸ.): ਰੱਖਿਆ ਬਲਾਂ ਲਈ ਤਿਆਰੀ ਸਬੰਧੀ ਸਿੱਖਿਆ ਵਿੱਚ ਪੰਜਾਬ ਦੇ ਵਧਦੇ ਦਬਦਬੇ ਦੀ ਸ਼ਾਨਦਾਰ ਤਸਵੀਰ ਪੇਸ਼ ਕਰਦਿਆਂ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਨੇ ਇੱਕ ਵਾਰ ਫਿਰ ਕੌਮੀ ਪੱਧਰ ਮੀਲ ਪੱਥਰ ਸਥਾਪਤ ਕੀਤਾ ਹੈ। ਇਸ ਇੰਸਟੀਚਿਊਟ ਦੇ 10ਵੇਂ ਕੋਰਸ ਦੇ ਕੈਡਿਟ ਜਸਨੂਰ ਸਿੰਘ ਨੇ ਕੰਬਾਈਨਡ ਡਿਫੈਂਸ ਸਰਵਿਸਿਜ਼ (ਸੀ.ਡੀ.ਐਸ.) ਏਅਰ ਫੋਰਸ ਸੂਚੀ ਵਿੱਚ ਆਲ ਇੰਡੀਆ ਰੈਂਕ ਵਿੱਚ ਸਿਖਰਲਾ ਸਥਾਨ ਹਾਸਲ ਕੀਤਾ ਹੈ। ਪਠਾਨਕੋਟ ਦੇ ਇੱਕ ਕਾਰੋਬਾਰੀ ਦਾ ਪੁੱਤਰ, ਜਸਨੂਰ ਸਿੰਘ ਹੁਣ ਪ੍ਰੀ-ਫਲਾਇੰਗ ਸਿਖਲਾਈ ਕੋਰਸ ਲਈ ਹੈਦਰਾਬਾਦ ਵਿੱਚ ਏਅਰ ਫੋਰਸ ਅਕੈਡਮੀ ਜਾਵੇਗਾ। ਜਸਨੂਰ ਦੀ ਇਸ ਪ੍ਰਾਪਤੀ ਨਾਲ ਸੰਸਥਾ ਨੇ ਦੇਸ਼ ਭਰ ਵਿੱਚ ਪੰਜਵੀਂ ਵਾਰ ਸਿਖਰਲਾ ਰੈਂਕ ਪ੍ਰਾਪਤ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ ਅਤੇ ਪਿਛਲੇ ਦੋ ਸਾਲਾਂ ਵਿੱਚ ਸੰਸਥਾ ਦਾ ਇਹ ਤੀਜਾ ਸਨਮਾਨ ਹੈ, ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਦੇ ਸੁਪਨੇ ਸਾਕਾਰ ਕਰਨ ਲਈ ਕੀਤੇ ਜਾ



ਰਹੇ ਠੋਸ ਯਤਨਾਂ ਦਾ ਪ੍ਰਤੱਖ ਪ੍ਰਮਾਣ ਹੈ।

ਇਸ ਤੋਂ ਇਲਾਵਾ ਰੋਪੜ ਤੋਂ ਕੈਡਿਟ ਸੁਖਰਾਜ ਸਿੰਘ ਹੀਰਾ ਨੇ ਚੌਥਾ ਆਲ ਇੰਡੀਆ ਰੈਂਕ ਪ੍ਰਾਪਤ ਕੀਤਾ ਹੈ ਤੇ ਸੁਖਰਾਜ ਹੁਣ ਜੂਨ 2026 ਵਿੱਚ ਸ਼ੁਰੂ ਹੋਣ ਵਾਲੇ 161ਵੇਂ ਕੋਰਸ ਲਈ ਇੰਡੀਅਨ ਮਿਲਟਰੀ ਅਕੈਡਮੀ (ਆਈਐਮਏ), ਦੇਹਰਾਦੂਨ ਵਿੱਚ ਸ਼ਾਮਲ ਹੋਵੇਗਾ। ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਇਨ੍ਹਾਂ ਦੋਵਾਂ ਕੈਡਿਟਾਂ ਨੂੰ ਦਿਲੋਂ ਵਧਾਈਆਂ ਦਿੰਦੇ ਹੋਏ ਕਿਹਾ, "ਇਹ ਭਾਰਤ ਦੇ ਰੱਖਿਆ ਬਲਾਂ ਦੇ ਭਵਿੱਖੀ ਅਧਿਕਾਰੀ ਬਣਨ ਲਈ ਉਨ੍ਹਾਂ ਦੇ ਸਫ਼ਰ ਦਾ ਆਗਾਜ਼ ਹੈ। ਮੈਂ ਉਨ੍ਹਾਂ ਨੂੰ ਪੂਰੇ ਸਮਰਪਣ ਅਤੇ ਸੰਜੀਦਗੀ ਨਾਲ ਆਪਣੀ ਸਿਖਲਾਈ ਪੂਰੀ ਕਰਨ ਲਈ ਸ਼ੁਭਇੱਛਾਵਾਂ ਦਿੰਦਾ ਹਾਂ। ਪੰਜਾਬ ਨੂੰ ਇਨ੍ਹਾਂ ਹੋਣਹਾਰ ਨੌਜਵਾਨਾਂ ਦੀ ਪ੍ਰਾਪਤੀ 'ਤੇ ਸੱਚਮੁੱਚ ਮਾਣ ਹੈ।" ਇੰਸਟੀਟਿਊਟ ਦੇ ਡਾਇਰੈਕਟਰ ਮੇਜਰ ਜਨਰਲ (ਸੇਵਾਮੁਕਤ) ਅਜੈ ਐਚ. ਚੌਹਾਨ, ਵੀ.ਐਸ.ਐਮ., ਨੇ ਕੈਡਿਟ ਜਸਨੂਰ ਤੇ ਸੁਖਰਾਜ ਨੂੰ ਸੰਸਥਾ ਅਤੇ ਪੰਜਾਬ ਦਾ ਮਾਣ ਵਧਾਉਣ ਲਈ ਵਧਾਈ ਦਿੱਤੀ ਅਤੇ ਕਿਹਾ, "ਅਸੀਂ ਐਨਡੀਏ-156 ਕੋਰਸ ਦੀ ਮੈਰਿਟ ਸੂਚੀ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਾਂ, ਜਿਸ ਤੋਂ ਸਾਨੂੰ ਇੱਕ ਹੋਰ ਸ਼ਾਨਦਾਰ ਪ੍ਰਦਰਸ਼ਨ ਦੀ ਉਮੀਦ ਹੈ।"

# ਦਿੱਲੀ ਤੋਂ 409 ਸ਼ਰਧਾਲੂਆਂ ਨੂੰ ਪਾਕਿਸਤਾਨ ਦੇ ਗੁਰਦੁਆਰਿਆਂ ਦੇ ਦਰਸ਼ਨ ਲਈ ਮਿਲਿਆ ਵੀਜ਼ਾ

ਨਵੀਂ ਦਿੱਲੀ, 7 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਪਰਮਜੀਤ ਸਿੰਘ ਚੰਡੋਕ ਵੱਲੋਂ ਖਾਲਸਾ ਸਾਜਨਾ ਦਿਵਸ ਵਿਸਾਖੀ ਦੇ ਮੌਕੇ 'ਤੇ ਪਾਕਿਸਤਾਨ ਦੇ ਗੁਰਦੁਆਰਿਆਂ ਦੇ ਦਰਸ਼ਨ ਲਈ ਜਾਣ ਵਾਲੇ ਸ਼ਰਧਾਲੂਆਂ ਨੂੰ ਵੀਜ਼ਾ ਲਗਵਾ ਕੇ ਪਾਸਪੋਰਟ ਵੰਡੇ ਗਏ। ਪਰਮਜੀਤ ਸਿੰਘ ਚੰਡੋਕ ਨੇ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ 451 ਸ਼ਰਧਾਲੂਆਂ ਦੇ ਪਾਸਪੋਰਟ ਵੀਜ਼ਾ ਲਈ ਪਾਕਿਸਤਾਨ ਐਂਬੈਸੀ ਨੂੰ ਭੇਜੇ ਸਨ, ਪਰ ਉਨ੍ਹਾਂ ਵਿੱਚੋਂ 409 ਸ਼ਰਧਾਲੂਆਂ ਨੂੰ ਹੀ ਵੀਜ਼ਾ ਮਿਲਿਆ। ਜਿਨ੍ਹਾਂ ਨੂੰ ਵੀਜ਼ਾ ਨਹੀਂ ਮਿਲਿਆ, ਉਹ ਜਾਂ ਤਾਂ ਉਹ ਸ਼ਰਧਾਲੂ ਸਨ ਜਿਨ੍ਹਾਂ ਦੇ ਨਾਮ ਨਾਲ 'ਸਿੰਘ' ਜਾਂ 'ਕੌਰ' ਨਹੀਂ ਸੀ ਜਾਂ ਫਿਰ ਸਹਜਧਾਰੀ ਪਰਿਵਾਰ ਸਨ। ਉਨ੍ਹਾਂ ਨੇ ਦੱਸਿਆ ਕਿ ਕੁੱਲ ਮਿਲਾਕੇ 2840 ਸ਼ਰਧਾਲੂਆਂ ਨੂੰ ਵੀਜ਼ਾ ਦਿੱਤਾ ਗਿਆ ਹੈ।



ਪਰਮਜੀਤ ਸਿੰਘ ਚੰਡੋਕ ਨੇ ਇਹ ਵੀ ਦੱਸਿਆ ਕਿ 10 ਤੋਂ 19 ਤਾਰੀਖ ਤੱਕ ਦਾ ਵੀਜ਼ਾ ਦਿੱਤਾ ਗਿਆ ਹੈ, ਇਸ ਲਈ ਸਾਰੇ ਸ਼ਰਧਾਲੂ 10 ਤਾਰੀਖ ਦੀ ਸਵੇਰ ਬਾਰਡਰ ਪਾਰ ਕਰਕੇ ਪਾਕਿਸਤਾਨ ਵਿੱਚ ਪ੍ਰਵੇਸ਼ ਕਰਨਗੇ ਤੇ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਵਿੱਚ ਵਿਸਾਖੀ ਦਾ ਤਿਉਹਾਰ ਸ਼ਰਧਾ ਨਾਲ ਮਨਾਉਣਗੇ। ਉਨ੍ਹਾਂ ਨੇ ਕਿਹਾ ਕਿ ਪਿਛਲੀ ਵਾਰ ਇੱਕ ਮਹਿਲਾ ਦੇ ਪਾਕਿਸਤਾਨ ਵਿੱਚ ਜਥੇ ਤੋਂ ਵੱਖ ਹੋਣ ਦੀ ਦੁਖਦ ਘਟਨਾ ਵਾਪਰੀ ਸੀ, ਜੋ ਸ਼੍ਰੋਮਣੀ ਕਮੇਟੀ ਦੇ ਜਥੇ ਨਾਲ ਗਈ ਸੀ, ਇਸ ਲਈ ਇਸ ਵਾਰ ਪੂਰੀ ਸਾਵਧਾਨੀ ਵਰਤੀ ਜਾਵੇਗੀ ਤਾਂ ਜੋ ਅਜਿਹੀ ਘਟਨਾ ਮੁੜ ਨਾ ਹੋਵੇ।



## ਸੰਪਾਦਕੀ

# ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਪ੍ਰਭਾਵ

ਤੇਜ਼ੀ ਨਾਲ ਬਦਲ ਰਹੇ ਭੂ-ਰਾਜਨੀਤਿਕ ਦ੍ਰਿਸ਼ਟੀਕੋਣ ਵਿੱਚ, ਦੁਨੀਆ ਇਸ ਸਮੇਂ ਆਧੁਨਿਕ ਤਕਨਾਲੋਜੀਆਂ ਦੇ ਵਿਕਾਸ ਅਤੇ ਇਸ ਖੇਤਰ ਵਿੱਚ ਵਧੇਰੇ ਨਵੀਨਤਾ ਦੀ ਵਰਤੋਂ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਦੇਸ਼ ਆਪਣੀਆਂ ਵਿਕਾਸ ਨੀਤੀਆਂ ਵਿੱਚ ਨਵੀਨਤਮ ਤਕਨਾਲੋਜੀਆਂ ਨੂੰ ਅਪਣਾ ਰਹੇ ਹਨ ਅਤੇ ਬਹੁਤ ਸਾਰੇ ਰਵਾਇਤੀ ਤੌਰ 'ਤੇ ਕੀਤੇ ਜਾਂਦੇ ਕਾਰਜ ਹੁਣ ਪਰਿਵਰਤਨ ਦੇ ਦੌਰ ਵਿੱਚੋਂ ਗੁਜ਼ਰ ਰਹੇ ਹਨ। ਖਾਸ ਤੌਰ 'ਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਿਸਤ੍ਰਿਤ ਦਾਇਰੇ ਦਾ ਵਿਸ਼ਵਵਿਆਪੀ ਕਾਰਜ ਅਭਿਆਸਾਂ ਅਤੇ ਉਨ੍ਹਾਂ ਵਿੱਚ ਮਨੁੱਖਾਂ ਦੀ ਭੂਮਿਕਾ 'ਤੇ ਡੂੰਘਾ ਪ੍ਰਭਾਵ ਪਿਆ ਹੈ। ਇਸਨੂੰ ਸਮੇਂ ਦੇ ਨਾਲ ਤਾਲਮੇਲ ਰੱਖਣ ਅਤੇ ਵਿਕਾਸ ਲਈ ਜ਼ਰੂਰੀ ਮੰਨਿਆ ਜਾਂਦਾ ਹੈ ਅਤੇ ਸਾਰੇ ਦੇਸ਼ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਸਕਾਰਾਤਮਕ ਵਰਤੋਂ ਨੂੰ ਸਰਗਰਮੀ ਨਾਲ ਅੱਗੇ ਵਧਾ ਰਹੇ ਹਨ। ਭਾਰਤ ਇਸ ਸਬੰਧ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ। ਇਹ ਧਿਆਨ ਦੇਣ ਯੋਗ ਹੈ ਕਿ ਪਿਛਲੇ ਸਮੇਂ ਨਵੀਂ ਦਿੱਲੀ ਵਿੱਚ ਪੰਜ ਦਿਨਾਂ ਆਰਟੀਫੀਸ਼ੀਅਲ ਇੰਟੈਲੀਜੈਂਸ ਸੰਮੇਲਨ ਆਯੋਜਿਤ ਕੀਤਾ ਗਿਆ, ਜਿਸ ਵਿੱਚ ਰਾਜਾਂ ਦੇ ਮੁਖੀ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਕੰਪਨੀਆਂ ਦੇ ਸੀ ਈ ਓ ਸ਼ਾਮਲ ਹੋਣਗੇ। ਸੰਮੇਲਨ ਦਾ ਉਦੇਸ਼ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਿਆਪਕ ਢਾਂਚੇ 'ਤੇ ਚਰਚਾ ਕਰਨਾ ਅਤੇ ਆਮ ਲੋਕਾਂ ਦੇ ਜੀਵਨ 'ਤੇ ਇਸਦੇ ਸਿੱਧੇ ਪ੍ਰਭਾਵ ਅਤੇ ਲਾਭਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਦਰਅਸਲ, ਤਕਨੀਕੀ ਨਵੀਨਤਾ ਦੀ ਤੇਜ਼ ਰਫ਼ਤਾਰ ਅਤੇ ਸਾਰੇ ਮਹੱਤਵਪੂਰਨ ਖੇਤਰਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਫੈਲਾਅ ਨੂੰ ਦੇਖਦੇ ਹੋਏ, ਇਸਦੀ ਸੰਭਾਵਨਾ, ਉਮੀਦਾਂ ਅਤੇ ਸਬੰਧਤ ਚਿੰਤਾਵਾਂ 'ਤੇ ਚਰਚਾ ਕਰਨਾ ਜ਼ਰੂਰੀ ਹੋ ਜਾਂਦਾ ਹੈ। ਇਹ ਯਾਦ ਰੱਖਣਾ ਜ਼ਰੂਰੀ ਹੈ ਕਿ ਵਿਕਾਸ ਦਾ ਕੋਈ ਵੀ ਰੂਪ ਅੰਤ ਵਿੱਚ ਆਮ ਲੋਕਾਂ ਨੂੰ ਪ੍ਰਭਾਵਿਤ ਕਰਦਾ ਹੈ ਅਤੇ ਕਿਸੇ ਵੀ ਤਕਨਾਲੋਜੀ ਦਾ ਨਿਰਣਾ ਇਸਦੀ ਸਮੁੱਚੀ ਭਲਾਈ ਅਤੇ ਵਿਸ਼ਵ ਆਬਾਦੀ ਲਈ ਇਸਦੀ ਉਪਯੋਗਤਾ ਦੇ ਅਧਾਰ 'ਤੇ ਕੀਤਾ ਜਾਵੇਗਾ। ਜਦੋਂ ਤੋਂ ਹਾਲ ਹੀ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਧਦੇ ਦਾਇਰੇ ਅਤੇ ਪ੍ਰਭਾਵ ਬਾਰੇ ਚਰਚਾ ਸ਼ੁਰੂ ਹੋਈ ਹੈ, ਇਸਨੂੰ ਭਵਿੱਖ ਵਿੱਚ ਨੌਕਰੀਆਂ ਪੈਦਾ ਕਰਨ ਲਈ ਇੱਕ ਸਾਧਨ ਵਜੋਂ ਪੇਸ਼ ਕੀਤਾ ਗਿਆ ਹੈ। ਦੂਜੇ ਪਾਸੇ ਰੁਜ਼ਗਾਰ 'ਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਿਆਪਕ ਪ੍ਰਭਾਵ ਅਤੇ ਜ਼ੋਖਮਾਂ ਬਾਰੇ ਚਿੰਤਾਵਾਂ ਉਠਾਈਆਂ ਗਈਆਂ ਹਨ। ਦਿੱਲੀ ਕਾਨਫਰੰਸ ਦੇ ਉਦੇਸ਼ਾਂ ਵਿੱਚੋਂ ਇੱਕ ਰੁਜ਼ਗਾਰ 'ਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਪ੍ਰਭਾਵ, ਆਮ ਲੋਕਾਂ ਦੇ ਜੀਵਨ 'ਤੇ ਪ੍ਰਭਾਵ, ਅਤੇ ਇਸਦੇ ਜ਼ੋਖਮਾਂ ਨੂੰ ਘਟਾਉਣ ਲਈ ਠੋਸ ਉਪਾਵਾਂ ਅਤੇ ਯਤਨਾਂ 'ਤੇ ਚਰਚਾ ਕੀਤੀ ਹੈ। ਇਹ ਚੰਗੀ ਤਰ੍ਹਾਂ ਜਾਣਿਆ ਜਾਂਦਾ ਹੈ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਦਾ ਦਾਇਰਾ ਕਿੰਨਾ ਵਿਸ਼ਾਲ ਹੋ ਗਿਆ ਹੈ। ਹੱਥ ਵਿੱਚ ਸਮਾਰਟਫੋਨ ਹੁਣ ਸਿਰਫ਼ ਫੋਟੋਆਂ ਨੂੰ ਸੰਪਾਦਿਤ ਕਰਕੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸੁਰਖੀਆਂ ਹਾਸਲ ਕਰਨ ਦਾ ਸਾਧਨ ਨਹੀਂ ਰਿਹਾ। ਡਾਕਟਰੀ ਖੇਤਰ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਬਿਮਾਰੀ ਦੇ ਨਿਦਾਨ ਤੋਂ ਲੈ ਕੇ ਇਲਾਜ ਤੱਕ ਹਰ ਚੀਜ਼ ਲਈ ਕੀਤੀ ਜਾ ਰਹੀ ਹੈ। ਅਪਰਾਧ ਨੂੰ ਰੋਕਣ ਵਿੱਚ ਇਸਦੀ ਉਪਯੋਗਤਾ ਸਾਬਤ ਹੋਈ ਹੈ। ਇਸਦੀ ਵਰਤੋਂ ਸਿੱਖਿਆ ਤੋਂ ਲੈ ਕੇ ਰੱਖਿਆ ਅਤੇ ਕਾਰੋਬਾਰ ਤੱਕ ਵੱਖ-ਵੱਖ ਖੇਤਰਾਂ ਵਿੱਚ ਨਵੇਂ ਪੱਧਰਾਂ 'ਤੇ ਕੀਤੀ ਜਾ ਰਹੀ ਹੈ। ਸਪੱਸ਼ਟ ਤੌਰ 'ਤੇ ਵਿਕਾਸ ਲਈ ਨਵੇਂ ਮਾਪਦੰਡ ਸਥਾਪਤ ਕਰਨ ਅਤੇ ਆਧੁਨਿਕ ਦੁਨੀਆ ਵਿੱਚ ਇੱਕ ਸਥਾਨ ਸਥਾਪਤ ਕਰਨ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਅਪਡੇਟ ਰਹਿਣ ਦੀ ਲੋੜ ਹੋਵੇਗੀ। ਹਾਲਾਂਕਿ, ਤੇਜ਼ੀ ਨਾਲ ਉੱਭਰ ਰਹੇ ਮੁੱਦਿਆਂ ਨੂੰ ਹੱਲ ਕਰਨਾ, ਰੁਜ਼ਗਾਰ ਦੇ ਮੌਕਿਆਂ ਦੇ ਸੁੰਗੜਨ ਤੋਂ ਲੈ ਕੇ ਵੱਖ-ਵੱਖ ਪੱਧਰਾਂ 'ਤੇ ਲੋਕਾਂ ਦੇ ਜੀਵਨ ਲਈ ਬਹੁਪੱਖੀ ਜੋਖ਼ਮਾਂ ਤੱਕ, ਇੱਕ ਵੱਡੀ ਚੁਣੌਤੀ ਹੋਵੇਗੀ। ਇਸ ਤੋਂ ਇਲਾਵਾ ਜੇਕਰ ਆਰਟੀਫੀਸ਼ੀਅਲ ਇੰਟੈਲੀਜੈਂਸ ਡੇਟਾ ਸੈਂਟਰਾਂ ਦੇ ਵਾਤਾਵਰਣ ਪ੍ਰਭਾਵ ਅਤੇ ਪਾਣੀ ਦੀ ਖਪਤ ਨਾਲ ਸਬੰਧਤ ਚਿੰਤਾਵਾਂ ਨੂੰ ਹੱਲ ਕਰਨ ਲਈ ਠੋਸ ਹੱਲ ਨਹੀਂ ਲੱਭੇ ਜਾਂਦੇ ਹਨ ਤਾਂ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਅਧਾਰਤ ਵਿਕਾਸ ਦੀ ਪ੍ਰਕ੍ਰਿਆ ਰੁਕ ਜਾਵੇਗੀ।

**-ਜਗਜੀਤ ਸਿੰਘ ਦਰਦੀ**

---

### 2027 ਵਿੱਚ ਪੰਜਾਬ ਏਜੰਡਾ ਬਦਲਣਾ ਪਵੇਗਾ

# ਅੱਜ ਪੰਜਾਬ ਬਦਲਾਅ ਚਾਹੁੰਦੈ, ਪਰ ਰਾਜਨੀਤੀ ਅਜੇ ਉਸ ਤੋਂ ਦੂਰ

## ਬਿਨਾਂ ਏਜੰਡੇ ਦੇ ਰਾਜਨੀਤੀ ਦੀ ਸਤਰੰਜ ਵਿੱਚ ਵੋਟਾਂ ਲਈ ਭਟਕ ਰਹੀ ਹੈ ਹਨ ਪੰਜਾਬ ਦੀ ਰਾਜਨੀਤੀ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਇਸ ਵੇਲੇ ਪੰਜਾਬ ਦੀ ਰਾਜਨੀਤੀ ਪੂਰੀ ਤਰ੍ਹਾਂ ਵੋਟਾਂ ਦੀ ਸ਼ਤਰੰਜ ਦੀ ਰਾਜਨੀਤੀ ਵਿੱਚ ਉਲਝੀ ਹੋਈ ਹੈ।

ਸੱਭ ਪਾਰਟੀਆਂ ਦਾ ਇੱਕੋ ਹੀ ਇਰਾਦਾ ਹੈ ਸੱਤਾ 'ਤੇ ਕਾਬਜ਼ ਹੋਣਾ ਪਰ ਅਜੋਕੇ ਏਜੰਡੇ ਤੋਂ ਦੂਰ । ਇਹ ਹੀ ਪੰਜਾਬ ਦੀ ਤ੍ਰਾਸਦੀ ਦਾ ਅੱਜ ਦਾ ਚਿਹਰਾ ਹੈ ।ਅੱਜ 2027 ਵਿੱਚ ਜੇਕਰ ਖੁਸ਼ੀ ਆਉਣੀ ਹੈ ਤਾਂ ਪੰਜਾਬ ਵਿਚ ਏਜੰਡਾ ਬਦਲਣਾ ਪਵੇਗਾ, ਨਹੀਂ ਤਾਂ ਉਹੀ ਉਦਾਸੀ, ਉਹੀ ਭਟਕਣਾ ਅਤੇ ਉਹੀ ਬੇਗੈਰਤ ਰਾਜਨੀਤੀ ਰਹੇਗੀ।

ਅੱਜ ਪੰਜਾਬ ਦਾ ਅਸਲ ਏਜੰਡਾ ਕੀ ਹੋਣਾ ਚਾਹੀਦਾ ਹੈ ?

ਅੱਜ ਪੰਜਾਬ ਦੀ ਰਾਜਨੀਤੀ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਇੱਕ ਵੱਡਾ ਮੋੜ ਸਾਬਤ ਹੋਣ ਵਾਲੀਆਂ ਹਨ ਜਾਂ ਫਿਰ ਉਹੀ ਪੁਰਾਣੀ ਧੋਖਾਧੜੀ, ਤੂੰਬਾਦੀ ਅਤੇ ਬੇਗੈਰਤ ਵੋਟ ਬੈਂਕ ਰਾਜਨੀਤੀ ਦਾ ਚੱਕਰ ਚੱਲਦਾ ਰਹੇਗਾ? ਇਹ ਸਵਾਲ ਪੰਜਾਬ ਦੇ ਹਰ ਨੌਜਵਾਨ, ਕਿਸਾਨ ਅਤੇ ਆਮ ਆਦਮੀ ਦੇ ਮਨ ਵਿੱਚ ਘੁੰਮ ਰਿਹਾ ਹੈ। ਇੱਕ ਤਰਫ਼ ਆਮ ਆਦਮੀ ਪਾਰਟੀ ਸੱਤਾ ਵਿੱਚ ਹੈ ਅਤੇ ਵਾਅਦਿਆਂ ਦੀ ਝੜੀ ਲਗਾਉਂਦੀ ਫਿਰ ਰਹੀ ਹੈ, ਦੂਜੀ ਤਰਫ਼ ਕਾਂਗਰਸ ਫਿਰ ਤੋਂ ਏਕਤਾ ਅਤੇ ਨਵੀਆਂ ਚਿਹਰਿਆਂ ਦੀ ਗੱਲ ਕਰ ਰਹੀ ਹੈ, ਸ਼ਰੋਮਣੀ ਅਕਾਲੀ ਦਲ ਆਪਣੇ ਪੁਰਾਣੇ ਅਕਸ ਨੂੰ ਰੀਸੈੱਟ ਕਰਨ ਦੀ ਕੋਸ਼ਿਸ਼ ਵਿੱਚ ਹੈ ਅਤੇ ਭਾਜਪਾ ਇੱਕਲੌਤੀ ਲੜਾਈ ਲੜਨ ਦਾ ਐਲਾਨ ਕਰ ਚੁੱਕੀ ਹੈ।

ਅੱਜ ਪਰ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਇਸ ਸਭ ਵਿਚ ਪੰਜਾਬ ਦਾ ਏਜੰਡਾ, ਪੰਜਾਬ ਦਾ ਭਵਿੱਖ ਅਤੇ ਉਸ ਦੇ ਵੱਡੇ ਮਸਲੇ—ਬੇਰੁਜ਼ਗਾਰੀ, ਪ੍ਰਵਾਸ, ਡਰੱਗਜ਼ ਦਾ ਤੂਫਾਨ, ਘੱਟਦਾ ਭੂਗਰਭੀ ਪਾਣੀ, ਕਿਸਾਨਾਂ ਦੀ ਬਰਬਾਦੀ, ਖੇਤੀ ਤੋਂ ਘੱਟਦਾ ਰਕਬਾ ਅਤੇ ਪ੍ਰਸ਼ਾਸਨ ਵਿੱਚ ਭਰਪੂਰ ਭ੍ਰਿਸ਼ਟਾਚਾਰ—ਕਿਵੇਂ ਹੱਲ ਹੋਣਗੇ? ਕੀ ਇਹ ਚੋਣਾਂ ਰਾਜਨੀਤਿਕ ਤੌਰ 'ਤੇ ਕੁਝ ਖੁਸ਼ੀ ਲਿਆਉਣਗੀਆਂ ਜਾਂ ਫਿਰ ਉਦਾਸੀ ਦਾ ਉਹੀ ਮੌਸਮ ਚੱਲਦਾ ਰਹੇਗਾ, ਜਿਸ ਵਿੱਚ ਨੌਜਵਾਨ ਬਿਨਾਂ ਰਾਹ ਤੋਂ ਭਟਕ ਰਹੇ ਹਨ?

ਇਸ ਗੁੰਝਲਦਾਰ ਸਥਿਤੀ ਨੂੰ ਬਿਨਾਂ ਲਪੇਟੇ ਖੋਲ੍ਹ ਕੇ ਰੱਖਦਿਆਂ ਹੋਇਆਂ ਸਾਹਮਣੇ ਹੈ ਕਿ ਪੰਜਾਬ ਅੱਜ ਇੱਕ ਗੰਭੀਰ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ। ਇੱਕ ਵਾਰ ਭਾਰਤ ਦੀ ਖੇਤੀਬਾੜੀ ਦੀ ਰੀੜ੍ਹ ਦੀ ਹੱਡੀ ਵਜੋਂ ਜਾਣਿਆ ਜਾਣ ਵਾਲਾ ਇਹ ਸੂਬਾ ਅੱਜ ਬੇਰੁਜ਼ਗਾਰੀ, ਨਸ਼ਿਆਂ ਅਤੇ ਪ੍ਰਵਾਸ ਦੀ ਲਹਿਰ ਵਿੱਚ ਡੁੱਬਿਆ ਹੋਇਆ ਹੈ। ਨੌਜਵਾਨ ਇੱਥੋਂ ਭੱਜ ਰਹੇ ਹਨ—ਕੈਨੇਡਾ, ਆਸਟਰੇਲੀਆ, ਅਮਰੀਕਾ ਵੱਲ। ਇਸ ਨੂੰ ਆਰਥਿਕ ਵਿਗਿਆਨੀਆਂ 'ਡਿਸਟਰੈੱਸ ਮਾਈਗ੍ਰੇਸ਼ਨ' ਆਖ ਰਹੇ ਹਨ। ਬੇਰੁਜ਼ਗਾਰੀ ਦੀ ਰਾਕੇਟ ਵਾਂਗ ਵਧਦੀ ਦਰ ਨੌਜਵਾਨਾਂ ਨੂੰ ਨਸ਼ਿਆਂ ਵੱਲ ਧੱਕ ਰਹੀ ਹੈ।

ਸਰਕਾਰ ਵੀ ਮੰਨ ਰਹੀ ਹੈ ਕਿ ਬੇਰੁਜ਼ਗਾਰੀ ਡਰੱਗਾਂ ਦੀ ਜੜ੍ਹ ਹੈ। ਭੂ ਗਰਭੀ ਪਾਣੀ ਘੱਟ ਰਿਹਾ ਹੈ, ਟਿਊਬਵੈੱਲ ਡੂੰਘੇ ਹੋ ਰਹੇ ਹਨ ਅਤੇ ਹੁਣ ਇੱਕ ਨਵੀਂ ਤਬਾਹੀ ਆ ਰਹੀ ਹੈ—ਖੇਤੀ ਤੋਂ ਘੱਟਦਾ ਰਕਬਾ। 2019-20 ਤੋਂ 2023-24 ਤੱਕ ਪੰਜਾਬ ਨੇ ਲਗਭਗ 12,000 ਹੈਕਟੇਅਰ ਖੇਤੀਯੋਗ ਜ਼ਮੀਨ ਗਵਾਈ ਹੈ, ਜਦਕਿ ਹਰਿਆਣਾ ਨੇ 59,000 ਹੈਕਟੇਅਰ ਵਧਾਈ ਹੈ। ਇਹ ਘਾਤਕ ਰੁਝਾਨ ਸ਼ਹਿਰੀਕਰਨ, ਰਿਹਾਇਸ਼ੀ ਕਾਲੋਨੀਆਂ ਅਤੇ ਉਦਯੋਗਿਕ ਵਿਸਥਾਪਨ ਕਾਰਨ ਹੋ ਰਿਹਾ ਹੈ। ਸ਼ਹਿਰਾਂ ਦੇ ਆਲੇ-ਦੁਆਲੇ ਫਲਦੀ-ਫੁਲਦੀ ਖੇਤੀ ਜ਼ਮੀਨ ਇਮਾਰਤੀ ਯੋਜਨਾਵਾਂ ਵਿੱਚ ਬਦਲ ਰਹੀ ਹੈ। ਪੰਜਾਬ ਦੀ ਕੁੱਲ ਖੇਤੀਯੋਗ ਜ਼ਮੀਨ ਪਹਿਲਾਂ ਹੀ ਘੱਟ ਰਹੀ ਹੈ ਅਤੇ ਇਸ ਨਾਲ ਕਿਸਾਨਾਂ ਦੀ ਆਮਦਨੀ, ਰੁਜ਼ਗਾਰ ਅਤੇ ਖੁਰਾਕ ਸੁਰੱਖਿਆ 'ਤੇ ਵੱਡਾ ਡੰਡਾ ਲੱਗ ਰਿਹਾ ਹੈ। ਅੱਜ ਇਹ ਘਟਦਾ ਰਕਬਾ ਨਾ ਸਿਰਫ਼ ਆਰਥਿਕ ਤਬਾਹੀ ਹੈ, ਬਲਕਿ ਪੰਜਾਬੀਅਤ ਅਤੇ ਖੇਤੀ ਸਭਿਆਚਾਰ ਦੀ ਵੀ ਤਬਾਹੀ ਹੈ। ਕਿਸਾਨਾਂ ਦੀਆਂ ਸਮੱਸਿਆਵਾਂ ਇਸ ਤੋਂ ਵੀ ਗੰਭੀਰ ਹਨ। ਗ੍ਰੀਨ ਰਿਵੋਲਿਊਸ਼ਨ ਤੋਂ ਬਾਅਦ ਵੀਹ-ਪੰਜਾਹੀ ਵਰ੍ਹਿਆਂ ਤੱਕ ਪੰਜਾਬ ਭਾਰਤ ਦਾ ਅੰਨ ਭੰਡਾਰ ਰਿਹਾ, ਪਰ ਅੱਜ ਉਹੀ ਵਿਧੀਆਂ ਖੇਤੀ ਨੂੰ ਚੱਕਰਵਿਊ ਵਿੱਚ ਫਸਾ ਰਹੀਆਂ ਹਨ। ਇਹ ਚੱਕਰ ਚੱਲ ਰਿਹਾ ਹੈ, ਜਿਸ ਨਾਲ ਮਿੱਟੀ ਖਰਾਬ ਹੋ ਰਹੀ ਹੈ, ਪਾਣੀ ਘੱਟ ਰਿਹਾ ਹੈ ਅਤੇ ਖਰਚ ਵੱਧ ਰਿਹਾ ਹੈ। ਲਗਭਗ 89 ਫੀਸਦੀ ਕਿਸਾਨ ਪਰਿਵਾਰ ਕਰਜ਼ੇ ਵਿੱਚ ਡੁੱਬੇ ਹੋਏ ਹਨ, ਹਰ ਪਰਿਵਾਰ 'ਤੇ ਔਸਤਨ 3 ਲੱਖ ਰੁਪਏ ਤੋਂ ਵੱਧ ਦਾ ਕਰਜ਼ਾ ਹੈ ਅਤੇ ਕੁੱਲ ਖੇਤੀ ਕਰਜ਼ਾ 1 ਲੱਖ ਕਰੋੜ ਰੁਪਏ ਤੋਂ ਉਪਰ ਹੈ। ਇਨਪੁੱਟ ਖਰਚ—ਬੀਜ, ਖਾਦ, ਕੀਟਨਾਸ਼ਕ, ਮਜ਼ਦੂਰੀ ਅਤੇ ਮਸ਼ੀਨਰੀ—ਵੱਧ ਰਹੇ ਹਨ, ਪਰ ਲਾਭ ਨਹੀਂ ਵੱਧ ਰਿਹਾ।

ਅੱਜ MSP ਹੈ ਤਾਂ ਵੀ ਇਹ ਲਾਭ ਨਹੀਂ ਦੇ ਰਿਹਾ ਕਿਉਂਕਿ ਖਰੀਦ ਸਿਰਫ਼ ਥੋੜ੍ਹੀ ਜਿਹੀ ਹੁੰਦੀ ਹੈ ਅਤੇ ਬਾਕੀ ਬਾਜ਼ਾਰ ਵਿੱਚ ਘਾਟਾ ਹੈ। ਕਿਸਾਨ ਡਾਇਵਰਸੀਫਿਕੇਸ਼ਨ ਚਾਹੁੰਦਾ ਹੈ ਪਰ ਬਿਨਾਂ ਬਾਜ਼ਾਰ ਅਤੇ ਸਪੋਰਟ ਤੋਂ ਉਹ ਪੱਧੀ 'ਤੇ ਅਟਕਿਆ ਹੋਇਆ ਹੈ, ਜਿਸ ਨੂੰ ਲਗਭਗ 5000 ਲੀਟਰ ਪਾਣੀ ਇੱਕ ਕਿਲੋ ਚਾਵਲ ਲਈ ਲੱਗਦਾ ਹੈ। ਇਸ ਤੋਂ ਇਲਾਵਾ ਫਾਰਮਰ ਸੁਸਾਈਡਜ਼ ਅਜੇ ਵੀ ਚੱਲ ਰਹੀਆਂ ਹਨ—2023 ਵਿੱਚ 174 ਰਿਪੋਰਟ ਹੋਈਆਂ, ਪਰ ਯੂਨੀਅਨਾਂ ਕਹਿੰਦੀਆਂ ਹਨ ਕਿ ਅਸਲ ਅੰਕੜੇ ਬਹੁਤ ਵੱਧ ਹਨ। ਕਰਜ਼ੇ ਦੀ ਮਾਰ, ਬਦਲਦਾ ਮੌਸਮ ਅਤੇ ਘੱਟ ਲਾਭ ਕਿਸਾਨਾਂ ਨੂੰ ਆਤਮਹੱਤਿਆ ਵੱਲ ਧੱਕ ਰਹੇ ਹਨ। 2026 ਵਿੱਚ ਵੀ ਕੋਟਕਪੂਰਾ ਵਿੱਚ ਦੋ ਭਰਾਵਾਂ ਨੇ ਆਪਣੀ ਜਾਨ ਦੇ ਦਿੱਤੀ—ਕਰਜ਼ਾ 25 ਲੱਖ ਤੋਂ 50 ਲੱਖ ਹੋ ਗਿਆ ਸੀ ਅਤੇ ਆਲੂ ਵਰਗੀਆਂ ਫਸਲਾਂ ਵੀ ਘਾਟਾ ਦੇ ਰਹੀਆਂ ਸਨ।

ਅੱਜ ਪੰਜਾਬ ਵਿੱਚ ਪਾਰਟੀਆਂ ਇਸ ਤਬਾਹੀ ਵੱਲ ਕਿਵੇਂ ਵੇਖ ਰਹੀਆਂ ਹਨ? ਆਪ ਨੇ 2022 ਵਿੱਚ ਵੱਡੇ ਵਾਅਦੇ ਕੀਤੇ ਸਨ—ਭ੍ਰਿਸ਼ਟਾਚਾਰ ਖਤਮ, ਨੌਕਰੀਆਂ ਅਤੇ ਖੇਤੀ ਵਿੱਚ ਇਨਕਲਾਬ। ਪਰ ਚਾਰ ਸਾਲ ਬਾਅਦ ਖੇਤੀ ਰਕਬਾ ਘੱਟ ਰਿਹਾ ਹੈ, ਕਰਜ਼ਾ ਵੱਧ ਰਿਹਾ ਹੈ ਅਤੇ ਡਾਇਵਰਸੀਫਿਕੇਸ਼ਨ ਸਿਰਫ਼ ਬਿਆਨਬਾਜ਼ੀ ਤੱਕ ਸੀਮਤ ਹੈ। ਉਨ੍ਹਾਂ ਨੇ ਮਹਿਲਾਵਾਂ ਲਈ 1000 ਰੁਪਏ ਵਾਅਦਾ ਕੀਤਾ ਹੈ, ਪਰ ਖੇਤੀਬਾੜੀ ਦੀਆਂ ਜੜ੍ਹੀਆਂ ਵਾਲੀਆਂ ਸਮੱਸਿਆਵਾਂ—ਘਟਦਾ ਰਕਬਾ, ਵਾਟਰ ਟੇਬਲ ਅਤੇ ਕਰਜ਼ਾ—'ਤੇ ਕੋਈ ਠੋਸ ਕਦਮ ਨਹੀਂ। ਇਹ ਫਰੀਬੀਜ਼ ਦੀ ਰਾਜਨੀਤੀ ਤੋਂ ਵੱਧ ਕੁਝ ਨਹੀਂ, ਜੋ ਲੋਕਾਂ ਨੂੰ ਲਾਲਚ ਦੇ ਕੇ ਵੋਟਾਂ ਖਰੀਦਣ ਵਾਲੀ ਪੁਰਾਣੀ ਤਰਕੀਬ ਹੈ। ਕਾਂਗਰਸ ਨਵੀਆਂ ਚਿਹਰਿਆਂ ਦੀ ਗੱਲ ਕਰ ਰਹੀ ਹੈ, ਪਰ ਉਸ ਦੀ ਇਤਿਹਾਸਕ ਭ੍ਰਿਸ਼ਟਾਚਾਰ ਅਤੇ ਫੈਕਸ਼ਨਲਿਜ਼ਮ ਦੀ ਛਵੀ ਅਜੇ ਵੀ ਲੋਕਾਂ ਦੇ ਜ਼ਿਹਨ ਵਿੱਚ ਹੈ।

ਉਨ੍ਹਾਂ ਨੇ ਵੀ ਖੇਤੀ ਮਸਲਿਆਂ 'ਤੇ ਵਾਅਦੇ ਕੀਤੇ ਹਨ, ਪਰ ਪਿਛਲੀਆਂ ਸਰਕਾਰਾਂ ਵਿੱਚ ਉਹੀ ਗ੍ਰੀਨ ਰਿਵੋਲਿਊਸ਼ਨ ਵਾਲੀ ਫਸੀ ਹੋਈ ਖੇਤੀ ਨੂੰ ਬਦਲਣ ਵਿੱਚ ਅਸਫਲ ਰਹੀਆਂ ਹਨ। ਸ਼ਰੋਮਣੀ ਅਕਾਲੀ ਦਲ ਟਿਊਬਵੈੱਲ ਕੁਨੈਕਸ਼ਨ ਇੱਕ ਹਫ਼ਤੇ ਵਿੱਚ ਦੇਣ ਅਤੇ ਯੁਵਕਾਂ ਲਈ ਬਿਨਾਂ ਵਿਆਜ ਲੋਨ ਦੀ ਗੱਲ ਕਰ ਰਿਹਾ ਹੈ, ਪਰ ਲੋਕ ਪੁੱਛ ਰਹੇ ਹਨ—ਪਿਛਲੀਆਂ ਸਰਕਾਰਾਂ ਵਿੱਚ ਤੁਸੀਂ ਘਟਦੇ ਰਕਬੇ ਅਤੇ ਵਧਦੇ ਕਰਜ਼ੇ ਨੂੰ ਕਿਉਂ ਰੋਕਿਆ ਨਹੀਂ? ਅੱਜ ਅਕਾਲੀਆਂ ਦਾ ਅਕਸ ਭ੍ਰਿਸ਼ਟਾਚਾਰ ਅਤੇ ਗਠਜੋੜ ਰਾਜਨੀਤੀ ਨਾਲ ਖਰਾਬ ਹੋ ਚੁੱਕਿਆ ਹੈ। ਭਾਜਪਾ ਇੱਕਲੌਤੀ ਲੜਾਈ ਲੜਨ ਜਾ ਰਹੀ ਹੈ ਅਤੇ ਡਾਲਿਟ-ਓਬੀਸੀ ਵੋਟਰਾਂ ਨੂੰ ਟਾਰਗੇਟ ਕਰ ਰਹੀ ਹੈ, ਪਰ ਖੇਤੀ ਕਾਨੂੰਨਾਂ ਤੋਂ ਬਾਅਦ ਉਸ ਦੀ ਛਵੀ ਖਰਾਬ ਹੋਈ ਸੀ। ਉਹ ਹੁਣ ਵੀ ਖੇਤੀ ਰਕਬੇ ਅਤੇ ਕਿਸਾਨਾਂ ਦੀਆਂ ਗੰਭੀਰ ਸਮੱਸਿਆਵਾਂ 'ਤੇ ਠੋਸ ਏਜੰਡਾ ਪੇਸ਼ ਨਹੀਂ ਕਰ ਰਹੀ। ਇਸ ਵਾਰ ਵੀ ਜੇਕਰ ਸਭ ਉਸੇ ਪੁਰਾਣੀ ਵੋਟ ਬੈਂਕ ਰਾਜਨੀਤੀ ਵਿੱਚ ਫਸ ਗਈਆਂ ਤਾਂ ਘਟਦਾ ਖੇਤੀ ਰਕਬਾ, ਵਧਦਾ ਕਰਜ਼ਾ ਅਤੇ ਕਿਸਾਨਾਂ ਦੀ ਤਬਾਹੀ ਚੱਲਦੀ ਰਹੇਗੀ। ਪੰਜਾਬ ਦਾ ਅਸਲ ਏਜੰਡਾ ਕੀ ਹੋਣਾ ਚਾਹੀਦਾ ਹੈ?

ਅੱਜ ਸਭ ਤੋਂ ਪਹਿਲਾਂ ਖੇਤੀ ਰਕਬੇ ਨੂੰ ਬਚਾਉਣ ਲਈ ਸ਼ਹਿਰੀ ਵਿਸਥਾਪਨ 'ਤੇ ਸਖ਼ਤ ਰੋਕ ਲਗਾਉਣੀ ਚਾਹੀਦੀ ਹੈ ਅਤੇ ਖੇਤੀਯੋਗ ਜ਼ਮੀਨ ਨੂੰ ਗੈਰ-ਖੇਤੀ ਵਰਤੋਂ ਤੋਂ ਬਚਾਉਣ ਵਾਲੀਆਂ ਕਾਨੂੰਨੀ ਰੱਖਿਆਵਾਂ ਚਾਹੀਦੀਆਂ ਹਨ। ਕਿਸਾਨਾਂ ਲਈ MSP ਤੇ ਕਾਨੂੰਨੀ ਗਾਰੰਟੀ (ਸਵਾਮੀਨਾਥਨ ਫਾਰਮੂਲਾ—32+50%) ਲਾਜ਼ਮੀ ਹੈ ਤਾਂ ਜੋ ਲਾਭ ਹੋਵੇ। ਕਰਜ਼ਾ ਮਾਫੀ ਅਤੇ ਬੀਮਾ ਯੋਜਨਾਵਾਂ ਨੂੰ ਮਜ਼ਬੂਤ ਕਰਨਾ ਪਵੇਗਾ। ਡਾਇਵਰਸੀਫਿਕੇਸ਼ਨ ਲਈ ਬਿਹਤਰ ਬਾਜ਼ਾਰ, ਸਬਸਿਡੀ ਅਤੇ ਟਰੇਨਿੰਗ ਚਾਹੀਦੀ ਹੈ ਤਾਂ ਜੋ ਵਾਟਰ-ਇੰਟੈਂਸਿਵ ਫਸਲਾਂ ਤੋਂ ਬਾਹਰ ਨਿਕਲਿਆ ਜਾ ਸਕੇ। ਭੂਗਰਭੀ ਪਾਣੀ ਲਈ ਡਰਿਪ ਇਰੀਗੇਸ਼ਨ, ਫਸਲੀ ਵਿਭਿੰਨਤਾ ਅਤੇ ਵਾਟਰ ਸ਼ੇਅਰਿੰਗ ਫਾਰਮੂਲੇ 'ਤੇ ਗੰਭੀਰ ਚਰਚਾ ਚਾਹੀਦੀ ਹੈ।

ਅੱਜ ਬੇਰੁਜ਼ਗਾਰੀ ਲਈ ਉਦਯੋਗਿਕ ਵਿਕਾਸ ਅਤੇ ਨੌਜਵਾਨਾਂ ਲਈ ਸਿੱਖਿਆ-ਸਕਿੱਲ ਲਿੰਕਡ ਰੁਜ਼ਗਾਰ ਯੋਜਨਾਵਾਂ ਚਾਹੀਦੀਆਂ ਹਨ। ਡਰੱਗ ਵਿਰੋਧੀ ਮੁਹਿੰਮ ਸਿਰਫ਼ ਬਿਆਨਬਾਜ਼ੀ ਨਾ ਰਹੇ, ਬਲਕਿ ਮਾਫੀਆ ਤੱਕ ਪਹੁੰਚ ਕੇ ਖਤਮ ਕੀਤਾ ਜਾਵੇ। ਪ੍ਰਸ਼ਾਸਨ ਵਿੱਚ ਭ੍ਰਿਸ਼ਟਾਚਾਰ ਖਤਮ ਕਰਨ ਲਈ ਡਿਜੀਟਲ ਟਰਾਂਸਪੈਰੰਸੀ ਅਤੇ ਸਖ਼ਤ ਸਜ਼ਾਵਾਂ ਚਾਹੀਦੀਆਂ ਹਨ। ਪਰ ਅਸਲੀਅਤ ਇਹ ਹੈ ਕਿ ਸਾਰੀਆਂ ਪਾਰਟੀਆਂ ਅਜੇ ਵੀ ਉਸੇ ਪੁਰਾਣੀ ਖਾਈ ਵਿੱਚ ਫਸੀਆਂ ਹੋਈਆਂ ਹਨ। AAP ਫਰੀਬੀਜ਼ 'ਤੇ ਟਿਕੀ ਹੈ, ਕਾਂਗਰਸ ਏਕਤਾ ਦੀ ਗੱਲ ਕਰਦੀ ਹੈ ਪਰ ਅੰਦਰੂਨੀ ਲੜਾਈਆਂ ਚੱਲ ਰਹੀਆਂ ਹਨ, ਅਕਾਲੀ ਪੁਰਾਣੀ ਛਵੀ ਤੋਂ ਬਾਹਰ ਨਿਕਲਣ ਵਿੱਚ ਅਸਫਲ ਹਨ ਅਤੇ ਭਾਜਪਾ ਆਪਣੀ ਇੱਕਲੌਤੀ ਰਣਨੀਤੀ ਵਿੱਚ ਵਿਕਾਸ ਏਜੰਡਾ ਪੇਸ਼ ਨਹੀਂ ਕਰ ਪਾ ਰਹੀ।

ਇਸ ਲਈ 2027 ਵਿੱਚ ਰਾਜਨੀਤਿਕ ਤੌਰ 'ਤੇ ਖੁਸ਼ੀ ਦੀ ਬਜਾਏ ਉਦਾਸੀ ਵਧਣ ਦੀ ਸੰਭਾਵਨਾ ਵੱਧ ਹੈ। ਨੌਜਵਾਨ ਭਟਕ ਰਹੇ ਹਨ, ਕਿਸਾਨ ਤੰਗ ਹਨ, ਖੇਤੀ ਰਕਬਾ ਘੱਟ ਰਿਹਾ ਹੈ ਅਤੇ ਆਮ ਆਦਮੀ ਨਿਰਾਸ਼ ਹੈ। ਜੇਕਰ ਪਾਰਟੀਆਂ ਨੇ ਇਸ ਵਾਰ ਵੀ ਬਿਨਾਂ ਏਜੰਡੇ ਤੋਂ ਵੋਟਾਂ ਦੀ ਖੇਡ ਖੇਡੀ ਤਾਂ ਪੰਜਾਬ ਦਾ ਭਵਿੱਖ ਹੋਰ ਗੰਭੀਰ ਹੋ ਜਾਵੇਗਾ। ਪੰਜਾਬੀਅਤ ਅਤੇ ਪੰਜਾਬ ਦਾ ਭਵਿੱਖ ਇਸ ਤੋਂ ਉਪਰ ਉਠ ਕੇ ਇੱਕ ਨਵੀਂ ਰਾਜਨੀਤੀ ਦੀ ਮੰਗ ਕਰ ਰਿਹਾ ਹੈ।

ਅੱਜ ਇੱਕ ਏਜੰਡਾ ਜੋ ਘਟਦੇ ਖੇਤੀ ਰਕਬੇ ਨੂੰ ਰੋਕੇ, ਕਿਸਾਨਾਂ ਦੀਆਂ ਗੰਭੀਰ ਸਮੱਸਿਆਵਾਂ—ਕਰਜ਼ਾ, MSP ਅਤੇ ਡਾਇਵਰਸੀਫਿਕੇਸ਼ਨ—ਹੱਲ ਕਰੇ, ਭ੍ਰਿਸ਼ਟਾਚਾਰ ਖਤਮ ਕਰੇ, ਰੁਜ਼ਗਾਰ ਪੈਦਾ ਕਰੇ ਅਤੇ ਨਸ਼ਿਆਂ ਨੂੰ ਜੜ੍ਹੋਂ ਉਖਾੜੇ। ਨੌਜਵਾਨਾਂ ਨੂੰ ਰਾਹ ਦੇਣ ਲਈ ਸਿੱਖਿਆ, ਸਕਿੱਲ ਅਤੇ ਉਦਯੋਗ 'ਤੇ ਧਿਆਨ ਦੇਣਾ ਪਵੇਗਾ। ਇਹ ਸਭ ਤਦ ਹੀ ਸੰਭਵ ਹੈ ਜਦੋਂ ਰਾਜਨੀਤੀ ਬਦਲੇ—ਪਖੰਡ ਛੱਡ ਕੇ ਸੱਚੀ ਸੇਵਾ ਅਤੇ ਵਿਕਾਸ ਵੱਲ ਵਧੇ।

ਹੁਣ 2027 ਇੱਕ ਮੌਕਾ ਹੈ, ਪਰ ਜੇਕਰ ਇਸ ਨੂੰ ਵੀ ਗਵਾਇਆ ਗਿਆ ਤਾਂ ਪੰਜਾਬ ਦ ਉਦਾਸੀ ਦੇ ਉਸ ਮੌਸਮ ਵਿੱਚੋਂ ਬਾਹਰ ਨਿਕਲਣਾ ਮੁਸ਼ਕਲ ਹੋ ਜਾਵੇਗਾ। ਲੋਕਾਂ ਨੂੰ ਜਾਗਣਾ ਪਵੇਗਾ, ਵੋਟ ਬਿਨਾਂ ਏਜੰਡੇ ਤੋਂ ਨਾ ਦੇਣੀ ਪਵੇਗੀ ਅਤੇ ਰਾਜਨੀਤਿਕ ਪਾਰਟੀਆਂ ਨੂੰ ਸਮਝਣਾ ਪਵੇਗਾ ਕਿ ਪੰਜਾਬ ਦਾ ਏਜੰਡਾ ਪੰਜਾਬੀਆਂ ਦਾ ਭਵਿੱਖ ਹੈ, ਨਾ ਕਿ ਉਨ੍ਹਾਂ ਦੀਆਂ ਕੁਰਸੀਆਂ। ਇਸ ਤਿੱਖੀ ਚਰਚਾ ਤੋਂ ਬਾਅਦ ਇੱਕ ਗੱਲ ਸਾਫ਼ ਹੈ—ਪੰਜਾਬ ਬਦਲਾਅ ਚਾਹੁੰਦਾ ਹੈ, ਪਰ ਰਾਜਨੀਤੀ ਅਜੇ ਉਸ ਤੋਂ ਦੂਰ ਹੈ।

ਅੱਜ 2027 ਵਿੱਚ ਜੇਕਰ ਖੁਸ਼ੀ ਆਉਣੀ ਹੈ ਤਾਂ ਏਜੰਡਾ ਬਦਲਣਾ ਪਵੇਗਾ, ਨਹੀਂ ਤਾਂ ਉਹੀ ਉਦਾਸੀ, ਉਹੀ ਭਟਕਣਾ ਅਤੇ ਉਹੀ ਬੇਗੈਰਤ ਰਾਜਨੀਤੀ ਚੱਲਦੀ ਰਹੇਗੀ। ਪੰਜਾਬ ਵਾਸੀਆਂ ਨੂੰ ਇਸ ਵਾਰ ਆਪਣੀ ਤਾਕਤ ਨੂੰ ਪਛਾਣਨਾ ਪਵੇਗਾ ਅਤੇ ਉਨ੍ਹਾਂ ਪਾਰਟੀਆਂ ਨੂੰ ਚੁਣਨਾ ਪਵੇਗਾ ਜੋ ਸੱਚਮੁੱਚ ਘਟਦੇ ਖੇਤੀ ਰਕਬੇ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਹੋਰ ਵੱਡੇ ਮਸਲਿਆਂ ਨੂੰ ਹੱਲ ਕਰਨ ਦਾ ਵਾਅਦਾ ਨਾ ਕਰਨ ਬਲਕਿ ਕਰਨ ਵਾਲੀਆਂ ਹੋਣ।

ਨਹੀਂ ਤਾਂ ਇਹ ਚੋਣਾਂ ਵੀ ਇੱਕ ਹੋਰ ਧੋਖਾ ਸਾਬਤ ਹੋਣਗੀਆਂ।

---

# ਵਿਕਸਿਤ ਭਾਰਤ ਦੇ ਸੁਪਨੇ ਅਤੇ ਉਚ-ਨੈਤਿਕਤਾ ਦਾ ਸੁਮੇਲ 'ਮਿਜ਼ੋਰਮ'



ਡਾ. ਵਿਕਰਮ ਸਿੰਘ
98884 13836

ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਵਿਕਸਿਤ ਭਾਰਤ ਦਾ ਨਜ਼ਰੀਆ ਸਿਰਫ਼ ਭਾਰਤ ਦੇ ਸਿੱਧੇ-ਪੱਧਰੇ ਰਾਹਾਂ ਵਾਲਿਆਂ ਸੂਬਿਆਂ ਤੱਕ ਹੀ ਸੀਮਿਤ ਨਹੀਂ ਹੈ, ਸਗੋਂ ਉਨ੍ਹਾਂ ਦੇ ਇਸ ਨਜ਼ਰੀਏ ਦੀ ਝਲਕ ਉੱਤਰ-ਪੂਰਬ ਦੇ ਸੰਘਣੇ ਜੰਗਲ ਵਾਲੇ ਪਹਾੜੀ ਇਲਾਕਿਆਂ ਵਿੱਚ ਵੀ ਦੇਖਣ ਨੂੰ ਮਿਲਦੀ ਹੈ। ਅਸਲ ਵਿੱਚ ਇਹ ਉਨ੍ਹਾਂ ਦੇ ਸਮੁੱਚੇ ਦੇਸ਼ ਲਈ ਵਿਕਾਸ ਦੀ ਵਚਨਬੱਧਤਾ ਦਾ ਪ੍ਰਤੀਕ ਹੈ, ਜੋ ਉੱਤਰ-ਪੂਰਬ ਦੇ ਬਾਕੀ ਸੂਬਿਆਂ ਦੇ ਨਾਲ-ਨਾਲ ਆਪਣੇ ਵਿਲੱਖਣ ਸਲੀਕੇ ਨਾਲ ਜਾਣੇ ਜਾਂਦੇ ਮਿਜ਼ੋਰਮ ਸੂਬੇ ਵਿੱਚ ਵੀ ਦੇਖਣ ਨੂੰ ਮਿਲਦੀ ਹੈ।

ਮਿਜ਼ੋਰਮ ਹੁਣ ਤੱਕ ਆਪਣੇ ਵਿਲੱਖਣ ਸਲੀਕੇ ਅਤੇ ਇਮਾਨਦਾਰੀ ਲਈ ਤਾਂ ਜਾਣਿਆ ਹੀ ਜਾਂਦਾ ਸੀ ਪਰ ਹੁਣ ਤੋਂ ਇਹ ਕਦੀ ਸਾਕਾਰ ਨਾ ਹੋਣ ਵਾਲੇ ਖ਼ੁਆਬ ਦੇ ਦ੍ਰਿੜ੍ਹ ਇੱਛਾ ਨਾਲ ਸੱਚ-ਮੁੱਚ ਵਿੱਚ ਸਾਕਾਰ ਹੋਣ ਲਈ ਵੀ ਜਾਣਿਆ ਜਾ ਰਿਹਾ ਹੈ। ਅਸਲ ਵਿੱਚ ਆਪਣੀਆਂ ਭੂਗੋਲਿਕ ਸਥਿਤੀਆਂ ਕਾਰਨ ਮਿਜ਼ੋਰਮ ਦੀ ਧਰਤੀ ਉੱਤੇ ਰੇਲਵੇ ਲਾਈਨ ਦਾ ਖ਼ੁਆਬ ਦੇਖਣਾ ਤਾਂ ਦੂਰ, ਸ਼ਾਇਦ ਸੋਚਿਆ ਵੀ ਨਹੀਂ ਸੀ ਜਾ ਸਕਦਾ। ਪਰ 13 ਸਤੰਬਰ, 2025 ਦਾ ਦਿਨ ਮਿਜ਼ੋਰਮ ਸੂਬੇ ਲਈ ਇਤਿਹਾਸਕ ਦਿਨ ਸੀ। ਇਹ ਉਹ ਦਿਨ ਸੀ, ਜਦੋਂ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਹਰੀ ਝੰਡੀ ਦਿਖਾ ਕੇ ਮਿਜ਼ੋਰਮ ਨੂੰ ਭਾਰਤੀ ਰੇਲ ਦੇ ਨਕਸ਼ੇ ਉੱਤੇ ਹੀ ਨਹੀਂ ਲਿਆਂਦਾ, ਸਗੋਂ ਉਨ੍ਹਾਂ ਦੇ ਹੱਥ ਵਿੱਚ ਲਹਿਰਾ ਰਹੀ ਹਰੀ ਝੰਡੀ ਨੇ ਇਹ ਵੀ ਸਾਬਿਤ ਕਰ ਦਿੱਤਾ ਕਿ ਸਾਕਾਰਾਤਮਕ ਨਜ਼ਰੀਆ, ਹਿੰਮਤ ਅਤੇ ਆਪਣੇ ਦੇਸ਼-ਵਾਸੀਆਂ ਦੀ ਸੇਵਾ ਲਈ ਕੁਝ ਕਰ ਦਿਖਾਉਣ ਦਾ ਜਜ਼ਬਾ ਹਰ ਔਖੀ ਤੋਂ ਔਖੀ ਮੁਸ਼ਕਲ ਨੂੰ ਵੀ ਨਾਕਾਮ ਕਰਕੇ ਸੁਪਨਿਆਂ ਨੂੰ ਸਬਜ਼ ਕਰ ਸਕਦਾ ਹੈ।

ਆਖਣ ਨੂੰ ਤਾਂ ਇਹ ਸਿਰਫ ਬੇਰਾਇਵੀ ਤੋਂ ਸਾਰੰਗ ਤੱਕ ਦੀ ਸਿਰਫ਼ 51.38 ਕਿੱਲੋਮੀਟਰ ਦੀ ਰੇਲ ਲਾਈਨ ਹੈ। ਪਰ ਜਿਸ ਤਰ੍ਹਾਂ ਦੇ ਪਹਾੜਾਂ ਵਿੱਚ ਵਿਗਿਆਨਕ ਤਰੀਕੇ ਨਾਲ ਕਰੀਬ 45 ਸੁਰੰਗਾਂ ਅਤੇ 88 ਬ੍ਰਿਜ ਬਣਾ ਕੇ ਇਹ ਰੇਲ ਲਾਈਨ ਵਿਛਾਈ ਗਈ ਹੈ, ਉਸ ਨੂੰ ਦੇਖਕੇ ਹਰ ਭਾਰਤੀ ਦਾ ਸਿਰ ਫ਼ਖ਼ਰ ਨਾਲ ਉੱਚਾ ਹੋ ਜਾਂਦਾ ਹੈ। ਇਸ ਰੇਲ ਲਾਈਨ ਉੱਤੇ ਦੌੜਦੀਆਂ ਰੇਲਾਂ ਨੂੰ ਹਾਲੇ ਕਰੀਬ 200 ਤੋਂ ਵੱਧ ਦਿਨ ਹੀ ਹੋਏ ਹਨ ਪਰ ਇਸ ਦੇ ਸਾਕਾਰਾਤਮਕ ਨਤੀਜੇ ਮਿਜ਼ੋਰਮ ਨੂੰ ਮਿਲਣੇ ਸ਼ੁਰੂ ਹੋ ਗਏ ਹਨ। ਬੇਰਾਇਵੀ ਤੋਂ ਸਾਰੰਗ ਤੱਕ ਜਿੱਥੇ ਸੜਕ ਦੇ ਰਸਤੇ ਚਾਰ ਤੋਂ ਪੰਜ ਘੰਟੇ ਲੱਗਦੇ ਸਨ, ਉੱਥੇ ਇਹ ਸਫ਼ਰ ਰੇਲ ਰਾਹੀਂ ਸਿਰਫ਼ ਡੇਢ ਘੰਟੇ ਦਾ ਰਹਿ ਗਿਆ ਹੈ। ਇਹ ਰੇਲ ਲਾਈਨ ਉੱਤਰ ਭਾਰਤ ਦੇ ਕਾਲਕਾ-ਸ਼ਿਮਲਾ ਰੇਲ ਲਾਈਨ ਵਰਗਾ ਲੁਤਫ਼ ਤਾਂ ਦਿੰਦੀ ਹੀ ਹੈ, ਸਗੋਂ ਇਸ ਸਦਕਾ ਸੈਰ-ਸਪਾਟੇ ਦੇ ਨਾਲ-ਨਾਲ ਸਿੱਖਿਆ, ਮੈਡੀਕਲ ਅਤੇ ਵਪਾਰ ਆਦਿ ਦੇ ਖੇਤਰ ਨੂੰ ਵੀ ਹੁਲਾਰਾ ਮਿਲਿਆ ਹੈ। ਸ਼ੁਰੂਆਤੀ ਦਿਨਾਂ ਵਿੱਚ ਇਸਰੇਲ ਲਾਈਨ ਰਾਹੀਂ ਖ਼ਾਸ ਕਰਕੇ ਸੀਮੈਂਟ, ਬਜਰੀ ਅਤੇ ਰੇਤੇ ਦੀ ਢੋਆ-ਢੁਆਈ ਹੋਣ ਕਾਰਨ ਇਨ੍ਹਾਂ ਦੀਆਂ ਕੀਮਤਾਂ ਪਹਿਲਾਂ ਨਾਲੋਂ ਕਾਫ਼ੀ ਘੱਟ ਗਈਆਂ ਹਨ। ਸੂਬੇ ਵਿੱਚ ਉਸਾਰੀ ਦੇ ਕੰਮਾਂ ਦੀ ਰਫ਼ਤਾਰ ਪਹਿਲਾਂ ਨਾਲੋਂ ਤੇਜ਼ ਹੋ ਗਈ ਹੈ।

ਮਿਜ਼ੋਰਮ ਦੇ ਟਰਾਂਸਪੋਰਟ ਖੇਤਰ ਦਾ ਵਿਕਾਸ ਅਟੁੱਟ ਹਿੰਮਤ ਦਾ ਪ੍ਰਤੀਕ ਤਾਂ ਹੈ ਹੀ, ਸਗੋਂ ਖ਼ੁਸ਼ਦਿਲ ਲੋਕਾਂ ਦਾ ਇਹ ਸੂਬਾ ਸਲੀਕੇ ਅਤੇ ਇਮਾਨਦਾਰੀ ਦਾ ਸਬਕ ਵੀ ਸਿਖਾਉਂਦਾ ਹੈ। ਕਰੀਬ ਗਿਆਰ੍ਹਾ ਲੱਖ ਦੀ ਆਬਾਦੀ ਵਾਲੇ ਇਸ ਸੂਬੇ ਦੇ ਚਾਹੇ ਸਭ ਤੋਂ ਵੱਧ ਅਬਾਦੀ (ਕਰੀਬ ਪੰਜ ਲੱਖ) ਵਾਲੇ ਸ਼ਹਿਰ ਆਈਜ਼ੌਲ ਚਲੇ ਜਾਓ ਜਾਂ ਇਸ ਦੇ ਬਾਕੀ ਦਸ ਜ਼ਿਲ੍ਹਿਆਂ ਦੀ ਕਿਸੇ ਵੀ ਗਲੀ ਵਿੱਚ ਜਾਓ, ਉੱਥੇ ਲੋਕਾਂ ਦੇ ਵਿਹਾਰ ਵਿੱਚ 'ਪਹਿਲੇ ਆਪ' ਵਾਲਾ ਸਲੀਕਾ ਹਰ ਜਗ੍ਹਾ ਮਹਿਸੂਸ ਹੋਵੇਗਾ।

ਇਸ ਸੂਬੇ ਦੀਆਂ ਸੜਕਾਂ ਉੱਤੇ ਦੌੜਦੇ ਵਾਹਨਾਂ ਤੋਂ ਕਦੀ ਵੀ ਹੋਰਨਜ਼ ਦੀ ਆਵਾਜ਼ ਨਹੀਂ ਸੁਣਾਈ ਦਿੰਦੀ। ਇਸੇ ਕਰਕੇ ਮਿਜ਼ੋਰਮ ਦੀ ਰਾਜਧਾਨੀ ਆਈਜ਼ੌਲ ਨੂੰ 'ਭਾਰਤ ਦੀ ਸਾਇਲੈਂਟ ਸਿਟੀ' ਦਾ ਰੁਤਬਾ ਮਿਲਿਆ ਹੋਇਆ ਹੈ। ਇੱਥੇ ਸੜਕਾਂ ਉੱਤੇ ਜਾਮ ਲਗਦੇ ਹੀ ਸਾਰੇ ਵਾਹਨ ਇੱਕ ਕਤਾਰ ਵਿੱਚ ਖੜ੍ਹੇ ਨਜ਼ਰ ਆਉਂਦੇ ਹਨ। ਜਦੋਂ ਕੋਈ ਸ਼ਖ਼ਸ ਪੈਦਲ ਤੁਰਦੇ ਹੋਏ ਸੜਕ ਨੂੰ ਪਾਰ ਕਰਨ ਲਈ ਰੁਕਦਾ ਹੈ ਤਾਂ ਚਲਦੇ ਹੋਏ ਵਾਹਨ ਮੱਲੋ-ਮੱਲੀ ਸਤਿਕਾਰ ਨਾਲ ਰੁਕ ਜਾਂਦੇ ਹਨ। ਇੱਥੇ ਖ਼ਾਸ ਗੱਲ ਇਹ ਹੈ ਕਿ ਵਾਹਨ ਰੋਕਣ ਵਾਲੇ ਦੇ ਚਿਹਰੇ ਉੱਤੇ ਫ਼ਖ਼ਰ ਵਾਲਾ ਖੇੜਾ ਹੁੰਦਾ ਹੈ ਨਾ ਕਿ ਤਿਊੜੀਆਂ! ਹੈਰਾਨ ਕਰਨ ਵਾਲੀ ਗੱਲ ਇਹ ਵੀ ਹੈ ਕਿ ਇੱਥੇ ਕਿਸੇ ਸੜਕ ਉੱਤੇ ਨਾ ਤਾਂ ਟਰੈਫਿਕ ਲਾਈਟਜ਼ ਹਨ ਅਤੇ ਨਾ ਹੀ ਵਾਹਨਾਂ ਦਾ ਚਲਾਣ ਕੱਟਣ ਵਾਲੀ ਪੁਲਿਸ। ਟਰੈਫ਼ਿਕ ਨਿਯਮਾਂ ਦੀ ਪਾਲਣਾ ਇੱਥੇ ਦੇ ਲੋਕਾਂ ਲਈ 'ਡਰ' ਨਹੀਂ ਸਗੋਂ 'ਨੈਤਿਕ ਜ਼ਿੰਮੇਵਾਰੀ' ਹੈ।

ਮਿਜ਼ੋਰਮ ਦੀ ਕੁੱਲ ਆਬਾਦੀ ਵਿੱਚ ਕਰੀਬ ਅੱਧੀ ਅਬਾਦੀ ਔਰਤਾਂ ਦੀ ਹੈ। ਔਰਤਾਂ ਪ੍ਰਤੀ ਇਸ ਸੂਬੇ ਦਾ ਸਕਾਰਾਤਮਕ ਨਜ਼ਰੀਆ ਇਸ ਪੱਖੋਂ ਨਜ਼ਰ ਆਉਂਦਾ ਹੈ ਕਿ ਇਸ ਧਰਤੀ ਉੱਤੇ ਧੀਆਂ ਦੇ ਮਾਪਿਆਂ ਦੇ ਸ਼ਬਦ-ਕੋਸ਼ ਵਿੱਚ 'ਦਹੇਜ' ਸ਼ਬਦ ਹੀ ਨਹੀਂ ਹੈ। ਇੱਥੋਂ ਦੀਆਂ ਰਸਮਾਂ ਅਨੁਸਾਰ ਮਿਜ਼ੋਰਮ ਦਾ ਆਦਮੀ ਆਪਣੇ ਹੋਣ ਵਾਲੇ ਸਹੁਰਿਆਂ ਕੋਲ ਵਿਆਹ ਦੀ ਇਜਾਜ਼ਤ ਲੈਣ ਜਾਂਦਾ ਹੈ ਅਤੇ ਉਸ ਨੂੰ ਵਿਆਹ ਲਈ ਕੁੜੀ ਵਾਲਿਆਂ ਨੂੰ ਸ਼ਗਨ ਦੇ ਰੂਪ ਵਿੱਚ ਕੁਝ ਸੌ ਰੁਪਏ ਦੇਣੇ ਪੈਂਦੇ ਹਨ। ਔਰਤਾਂ ਦੀ ਮਹੱਤਤਾ ਸਿਰਫ਼ ਮਿਜ਼ੋਰਮ ਦੀਆਂ ਰਸਮਾਂ ਵਿੱਚ ਹੀ ਸੀਮਿਤ ਨਹੀਂ, ਸਗੋਂ ਇੱਥੇ ਘੁੰਮਦੇ ਹੋਏ ਹਰ ਤਰ੍ਹਾਂ ਦੇ ਕੰਮ ਨਾਲ ਸਬੰਧਤ ਕਰੀਬ 95 ਫ਼ੀਸਦ ਦੁਕਾਨਾਂ ਅਜਿਹੀਆਂ ਮਿਲਣਗੀਆਂ, ਜਿਸ ਨੂੰ ਪੂਰੀ ਤਰ੍ਹਾਂ ਔਰਤਾਂ ਹੀ ਸੰਭਾਲ ਰਹੀਆਂ ਹਨ। ਇਹ ਮਿਜ਼ੋਰਮ ਦੀਆਂ ਔਰਤਾਂ ਦੇ ਸਵੈ-ਨਿਰਭਰ ਅਤੇ ਸੂਬੇ ਦੀ ਤਰੱਕੀ ਵਿੱਚ ਔਰਤਾਂ ਦੀ ਭਾਗੀਦਾਰੀ ਦੀ ਉਮਦਾ ਮਿਸਾਲ ਹੈ।

ਮਿਜ਼ੋਰਮ ਵਿੱਚ ਬਿਨਾਂ ਦੁਕਾਨਦਾਰਾਂ ਵਾਲੀਆਂ ਦੁਕਾਨਾਂ ਦੀ ਇੱਕ ਵਿਲੱਖਣ ਪਰੰਪਰਾ ਹੈ। ਇਹ ਦੁਕਾਨਾਂ ਭਰੋਸੇ ਦੀ ਬੁਨਿਆਦ 'ਤੇ ਚਲਦੀਆਂ ਹਨ। ਇੱਥੋਂ ਗਾਹਕ ਆਪਣੀ ਪਸੰਦ ਦਾ ਸਾਮਾਨ ਲੈ ਸਕਦੇ ਹਨ ਅਤੇ ਸਮਾਨ ਕੋਲ ਰੱਖੇ ਬਾਕਸ ਵਿੱਚ ਪੈਸੇ ਪਾ ਸਕਦੇ ਹਨ ਜਾਂ ਆਨਲਾਈਨ ਭੁਗਤਾਨ ਕਰ ਸਕਦੇ ਹਨ। ਇਹ ਪ੍ਰਥਾ ਮਿਜ਼ੋ ਸਭਿਆਚਾਰ ਦੇ ਧੁਰ ਅੰਦਰ ਤੱਕ ਵੱਸੀ ਹੋਈ ਹੈ, ਜੋ ਇਮਾਨਦਾਰੀ ਅਤੇ ਭਾਈਚਾਰਕ ਸਾਂਝ 'ਤੇ ਜ਼ੋਰ ਦਿੰਦੀ ਹੈ। ਇਹ ਦੁਕਾਨਾਂ ਖ਼ਾਸਕਰ ਹਾਈਵੇਅ ਦੇ ਕਿਨਾਰਿਆਂ 'ਤੇ ਮਿਲਦੀਆਂ ਹਨ, ਖਾਸ ਕਰਕੇ ਉਨ੍ਹਾਂ ਇਲਾਕਿਆਂ ਵਿੱਚ ਜਿੱਥੇ ਕਿਸਾਨਾਂ ਲਈ ਆਵਾਜਾਈ ਦੇ ਖ਼ਰਚੇ ਕਾਰਨ ਬਾਜ਼ਾਰਾਂ ਤੱਕ ਪਹੁੰਚਣਾ ਮੁਸ਼ਕਲ ਹੁੰਦਾ ਹੈ।

ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਮਿਜ਼ੋਰਮ ਦੀ ਧਰਤੀ ਉੱਤੇ ਇੰਨੀ ਖ਼ੁਸ਼ਹਾਲ ਅਤੇ ਸਲੀਕੇ ਭਰਪੂਰ ਜ਼ਿੰਦਗੀ ਦਾ ਰਾਜ਼ ਕੀ ਹੈ। ਅਸਲ ਵਿੱਚ ਇਸ ਪਿੱਛੇ ਮਿਜ਼ੋਰਮ ਦੀਆਂ ਧਾਰਮਿਕ ਸੰਸਥਾਵਾਂ ਅਤੇ 'ਯੰਗ ਮਿਜ਼ੋ ਐਸੋਸੀਏਸ਼ਨ' ਤੋਂ ਇਲਾਵਾ ਭਾਰਤ ਦਾ ਸਭ ਤੋਂ ਵੱਧ ਸਾਖਰਤਾ ਦਰ ਵਾਲਾ ਸੂਬਾ (ਕਰੀਬ 98.2%) ਹੋਣ ਦੀ ਖ਼ਾਸ ਭੂਮਿਕਾ ਹੈ। ਐਤਵਾਰ ਵਾਲੇ ਦਿਨ ਮਿਜ਼ੋਰਮ ਤਕਰੀਬਨ ਬੰਦ ਹੁੰਦਾ ਹੈ ਕਿਉਂਕਿ ਇਸ ਦਿਨ ਇੱਥੋਂ ਦੇ ਲੋਕ ਧਾਰਮਿਕ ਸਥਾਨਾਂ 'ਤੇ ਇਕੱਤਰ ਹੁੰਦੇ ਹਨ। ਧਾਰਮਿਕ ਸਥਾਨਾਂ ਵਿੱਚ ਬੱਚੇ ਤੋਂ ਲੈਕੇ ਬਜ਼ੁਰਗ ਤੱਕ ਹਰ ਕਿਸੇ ਨੂੰ ਨੈਤਿਕਤਾ ਦਾ ਪਾਠ ਸਿਖਾਇਆ ਜਾਂਦਾ ਹੈ। ਇਸ ਤੋਂ ਇਲਾਵਾ ਮਿਜ਼ੋਰਮ ਵਿੱਚ 'ਯੰਗ ਮਿਜ਼ੋ ਐਸੋਸੀਏਸ਼ਨ' ਰਾਜ ਦੀ ਸਭ ਤੋਂ ਵੱਡੀ ਸਵੈ-ਸੇਵੀ ਸੰਸਥਾ ਹੈ, ਜਿਸਦੇ ਚਾਰ ਲੱਖ ਤੋਂ ਵੱਧ ਮੈਂਬਰ ਹਨ। ਇਸ ਸੰਸਥਾ ਦੀਆਂ ਗਤੀਵਿਧੀਆਂ ਮਿਜ਼ੋ ਲੋਕਾਂ ਦੇ ਸਮਾਜਿਕ ਜੀਵਨ ਦਾ ਮਾਰਗ-ਦਰਸ਼ਨ ਕਰਦੀਆਂ ਹਨ। ਅਸਲ ਵਿੱਚ ਮਿਜ਼ੋਰਮ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ 'ਵਿਕਸਿਤ ਭਾਰਤ' ਦੇ ਸੁਪਨੇ ਅਤੇ ਉੱਚ-ਨੈਤਿਕਤਾ ਦਾ ਸੁਮੇਲ ਹੈ। ਆਪਣੇ ਸਲੀਕੇ, ਅਨੁਸ਼ਾਸਨ, ਇਮਾਨਦਾਰੀ ਅਤੇ ਸਵੈ-ਨਿਰਭਰ ਔਰਤਾਂ ਰਾਹੀਂ ਇਹ ਸੂਬਾ ਸਾਬਿਤ ਕਰਦਾ ਹੈ ਕਿ ਅਸਲ ਵਿਕਾਸ ਉੱਥੇ ਹੁੰਦਾ ਹੈ, ਜਿੱਥੇ ਆਧੁਨਿਕਤਾ ਅਤੇ ਸੰਸਕਾਰ ਇੱਕ ਦੂਜੇ ਦੀ ਉਂਗਲ ਫੜਕੇ ਤੁਰਦੇ ਹਨ।

**(ਲੇਖਕ ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵਿੱਚ ਭਾਰਤੀ ਸੂਚਨਾ ਸੇਵਾ ਦੇ ਅਧਿਕਾਰੀ ਹਨ)**

---



ਵਿੰਕਲਜੀਤ ਸਿੰਘ ਸਰਾ
9501477889

### ਮਿਡਲ ਈਸਟ ਸੰਕਟ

# ਭਾਰਤ ਦੀ ਆਰਥਿਕਤਾ, ਵਿਦਿਆਰਥੀਆਂ ਅਤੇ ਐਨ.ਆਰ.ਆਈ. ਭਾਈਚਾਰੇ ਲਈ ਉੱਭਰਦੀਆਂ ਚੁਣੌਤੀਆਂ

ਮਿਡਲ ਈਸਟ (ਪੱਛਮੀ ਏਸ਼ੀਆ) ਵਿੱਚ ਪਿਛਲੇ ਕਾਫੀ ਸਮੇਂ ਤੋਂ ਜਾਰੀ ਜੰਗ ਅਤੇ ਲਗਾਤਾਰ ਵਧਦਾ ਤਣਾਅ ਹੁਣ ਸਿਰਫ਼ ਇੱਕ ਖੇਤਰੀ ਟਕਰਾਅ ਤੱਕ ਸੀਮਿਤ ਨਹੀਂ ਰਿਹਾ ਸਗੋਂ ਇਸ ਨੇ ਵਿਸ਼ਵਵਿਆਪੀ ਆਰਥਿਕ ਅਤੇ ਸਮਾਜਿਕ ਸਥਿਰਤਾ ਨੂੰ ਬੁਰੀ ਤਰ੍ਹਾਂ ਹਿਲਾ ਕੇ ਰੱਖ ਦਿੱਤਾ ਹੈ। ਭਾਰਤ ਲਈ ਇਸ ਖੇਤਰ ਦੀ ਅਹਿਮੀਅਤ ਇੰਨੀ ਜ਼ਿਆਦਾ ਹੈ ਕਿ ਉੱਥੇ ਵਾਪਰਨ ਵਾਲੀ ਹਰ ਘਟਨਾ ਦਾ ਸਿੱਧਾ ਅਤੇ ਮਾਰੂ ਅਸਰ ਭਾਰਤ ਦੇ ਆਮ ਨਾਗਰਿਕ, ਵਿਦਿਆਰਥੀ, ਕਾਰੋਬਾਰੀ ਅਤੇ ਐਨ.ਆਰ.ਆਈ. ਭਾਈਚਾਰੇ 'ਤੇ ਪੈ ਰਿਹਾ ਹੈ। ਇਹ ਜੰਗ ਹੁਣ ਇੱਕ ਗੰਭੀਰ ਮੋੜ 'ਤੇ ਪਹੁੰਚ ਚੁੱਕੀ ਹੈ ਜਿਸਦਾ ਅਸਰ ਦਿਨ-ਬ-ਦਿਨ ਸਾਡੀ ਰੋਜ਼ਾਨਾ ਜ਼ਿੰਦਗੀ, ਮਹਿੰਗਾਈ ਅਤੇ ਕੌਮਾਂਤਰੀ ਸਬੰਧਾਂ ਵਿੱਚ ਸਾਫ਼ ਦੇਖਿਆ ਜਾ ਸਕਦਾ ਹੈ। ਭਾਰਤ ਆਪਣੀ ਊਰਜਾ ਲੋੜਾਂ ਲਈ ਵੱਡੇ ਪੱਧਰ 'ਤੇ ਇਨ੍ਹਾਂ ਦੇਸ਼ਾਂ 'ਤੇ ਨਿਰਭਰ ਹੈ ਅਤੇ ਲੱਖਾਂ ਭਾਰਤੀ ਉੱਥੇ ਰੋਜ਼ਗਾਰ ਕਰ ਰਹੇ ਹਨ, ਜਿਸ ਕਾਰਨ ਇਜ਼ਰਾਈਲ, ਈਰਾਨ ਅਤੇ ਹੋਰ ਗੁਆਂਢੀ ਦੇਸ਼ਾਂ ਵਿਚਾਲੇ ਚੱਲ ਰਹੀ ਇਹ ਖ਼ੂਨੀ ਜੰਗ ਭਾਰਤ ਦੀ ਆਰਥਿਕ ਵਿਕਾਸ ਦਰ ਅਤੇ ਸਪਲਾਈ ਚੇਨ ਲਈ ਇੱਕ ਵੱਡਾ ਖਤਰਾ ਬਣ ਗਈ ਹੈ।

**ਵਿਦੇਸ਼ੀ ਸਿੱਖਿਆ ਅਤੇ ਵਿਦਿਆਰਥੀਆਂ 'ਤੇ ਪੈਂਦਾ ਵਿੱਤੀ ਬੋਝ** : ਵਿਦੇਸ਼ਾਂ ਵਿੱਚ ਪੜ੍ਹਨ ਦੇ ਚਾਹਵਾਨ ਅਤੇ ਪਹਿਲਾਂ ਹੀ ਉੱਥੇ ਪੜ੍ਹ ਰਹੇ ਭਾਰਤੀ ਵਿਦਿਆਰਥੀਆਂ ਲਈ ਇਹ ਜੰਗ ਇੱਕ ਵੱਡੀ ਵਿੱਤੀ ਅਤੇ ਮਾਨਸਿਕ ਮੁਸੀਬਤ ਬਣ ਕੇ ਸਾਹਮਣੇ ਆਈ ਹੈ। ਮਿਡਲ ਈਸਟ ਦੇ ਹਵਾਈ ਖੇਤਰ (Airspace) ਵਿੱਚ ਪਾਬੰਦੀਆਂ ਅਤੇ ਜੰਗੀ ਖ਼ਤਰਿਆਂ ਕਾਰਨ ਕੌਮਾਂਤਰੀ ਉਡਾਣਾਂ ਨੂੰ ਲੰਬੇ ਅਤੇ ਬਦਲਵੇਂ ਰੂਟਾਂ ਰਾਹੀਂ ਜਾਣਾ ਪੈ ਰਿਹਾ ਹੈ ਜਿਸ ਨਾਲ ਹਵਾਈ ਕਿਰਾਇਆ ਪਹਿਲਾਂ ਨਾਲੋਂ ਕਈ ਗੁਣਾ ਵਧ ਗਿਆ ਹੈ। ਖਾਸ ਕਰਕੇ ਪੰਜਾਬ ਵਰਗੇ ਰਾਜਾਂ ਤੋਂ ਕੈਨੇਡਾ, ਅਮਰੀਕਾ ਅਤੇ ਯੂਰਪ ਜਾਣ ਵਾਲੇ ਹਜ਼ਾਰਾਂ ਵਿਦਿਆਰਥੀ ਜੋ ਪਹਿਲਾਂ ਹੀ ਮਹਿੰਗੀ ਸਿੱਖਿਆ ਦਾ ਬੋਝ ਝੱਲ ਰਹੇ ਹਨ ਹੁਣ ਟਿਕਟਾਂ ਦੀਆਂ ਬੇਤਹਾਸ਼ਾ ਵਧੀਆਂ ਕੀਮਤਾਂ ਕਾਰਨ ਬੇਹੱਦ ਪ੍ਰੇਸ਼ਾਨ ਹਨ। ਜਿਹੜੇ ਵਿਦਿਆਰਥੀ ਪਹਿਲਾਂ ਹੀ ਵਿਦੇਸ਼ੀ ਯੂਨੀਵਰਸਿਟੀਆਂ ਵਿੱਚ ਪੜ੍ਹ ਰਹੇ ਹਨ, ਉਨ੍ਹਾਂ ਲਈ ਛੁੱਟੀਆਂ ਦੌਰਾਨ ਭਾਰਤ ਆਉਣਾ ਜਾਂ ਵਾਪਸ ਜਾਣਾ ਹੁਣ ਇੱਕ ਮਹਿੰਗਾ ਸੌਦਾ ਬਣ ਗਿਆ ਹੈ। ਇਸ ਤੋਂ ਇਲਾਵਾ ਜੰਗੀ ਹਾਲਾਤ ਕਾਰਨ ਪੈਦਾ ਹੋਈ ਅਸੁਰੱਖਿਆ ਨੇ ਕਈ ਪਰਿਵਾਰਾਂ ਨੂੰ ਆਪਣੇ ਬੱਚਿਆਂ ਦੇ ਭਵਿੱਖ ਬਾਰੇ ਚਿੰਤਾ ਵਿੱਚ ਪਾ ਦਿੱਤਾ ਹੈ। ਜੇਕਰ ਇਹ ਜੰਗ ਇਸੇ ਤਰ੍ਹਾਂ ਜਾਰੀ ਰਹਿੰਦੀ ਹੈ ਤਾਂ ਆਉਣ ਵਾਲੇ ਸਮੇਂ ਵਿੱਚ ਵਿਦੇਸ਼ੀ ਸਿੱਖਿਆ ਦਾ ਸੁਪਨਾ ਆਮ ਮੱਧਵਰਗੀ ਪਰਿਵਾਰ ਦੀ ਪਹੁੰਚ ਤੋਂ ਬਿਲਕੁਲ ਬਾਹਰ ਹੋ ਜਾਵੇਗਾ।

**ਐਨ.ਆਰ.ਆਈ. ਭਾਈਚਾਰੇ ਦੀ ਸੁਰੱਖਿਆ ਅਤੇ ਪਰਿਵਾਰਾਂ ਤੋਂ ਵਧਦੀ ਦੂਰੀ** : ਮਿਡਲ ਈਸਟ ਵਿੱਚ ਚੱਲ ਰਹੀ ਜੰਗ ਨੇ ਉੱਥੇ ਵਸਦੇ ਲਗਭਗ 90 ਲੱਖ ਭਾਰਤੀਆਂ ਦੇ ਜੀਵਨ ਵਿੱਚ ਵੱਡੀ ਉਥਲ-ਪੁਥਲ ਮਚਾ ਦਿੱਤੀ ਹੈ। ਇਹ ਐਨ.ਆਰ.ਆਈ. ਭਾਈਚਾਰਾ ਨਾ ਸਿਰਫ਼ ਆਪਣੇ ਪਰਿਵਾਰਾਂ ਦਾ ਸਹਾਰਾ ਹੈ, ਸਗੋਂ ਭਾਰਤ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਵੀ ਹੈ। ਲਗਾਤਾਰ ਵੱਧ ਰਹੇ ਤਣਾਅ ਅਤੇ ਫਲਾਈਟਾਂ ਦੇ ਮਹਿੰਗੇ ਕਿਰਾਏ ਕਾਰਨ ਇਨ੍ਹਾਂ ਪਰਵਾਸੀ ਭਾਰਤੀਆਂ ਲਈ ਆਪਣੇ ਵਤਨ ਅਤੇ ਪਰਿਵਾਰਾਂ ਨਾਲ ਜੁੜੇ ਰਹਿਣਾ ਦਿਨ-ਬ-ਦਿਨ ਮੁਸ਼ਕਿਲ ਹੁੰਦਾ ਜਾ ਰਿਹਾ ਹੈ। ਬਹੁਤ ਸਾਰੇ ਭਾਰਤੀ ਜੋ ਖਾੜੀ ਦੇਸ਼ਾਂ ਵਿੱਚ ਮਿਹਨਤ-ਮਜ਼ਦੂਰੀ ਕਰਦੇ ਹਨ, ਹੁਣ ਟਿਕਟਾਂ ਦੀ ਮਹਿੰਗਾਈ ਕਾਰਨ ਆਪਣੇ ਪਰਿਵਾਰਕ ਪ੍ਰੋਗਰਾਮਾਂ ਜਾਂ ਕਿਸੇ ਦੁੱਖ-ਸੁਖ ਦੇ ਸਮੇਂ ਭਾਰਤ ਆਉਣ ਤੋਂ ਅਸਮਰੱਥ ਮਹਿਸੂਸ ਕਰ ਰਹੇ ਹਨ। ਜੰਗੀ ਹਾਲਾਤ ਕਾਰਨ ਉੱਥੋਂ ਦੇ ਵਪਾਰਕ ਪ੍ਰੋਜੈਕਟਾਂ 'ਤੇ ਰੋਕ ਲੱਗ ਰਹੀ ਹੈ, ਜਿਸ ਨਾਲ ਨੌਕਰੀਆਂ ਜਾਣ ਦਾ ਖਤਰਾ ਪੈਦਾ ਹੋ ਗਿਆ ਹੈ। ਜੇਕਰ ਇਹ ਸਥਿਤੀ ਹੋਰ ਵਿਗੜਦੀ ਹੈ ਤਾਂ ਭਾਰਤ ਵਿੱਚ ਆਉਣ ਵਾਲੀ ਵਿਦੇਸ਼ੀ ਕਮਾਈ (Remittance) ਵਿੱਚ ਵੱਡੀ ਗਿਰਾਵਟ ਆਵੇਗੀ ਜਿਸਦਾ ਅਸਰ ਸਿੱਧਾ ਸਾਡੇ ਦੇਸ਼ ਦੇ ਵਿਕਾਸ 'ਤੇ ਪਵੇਗਾ।




**ਉਦਯੋਗਿਕ ਸਪਲਾਈ ਚੇਨ ਅਤੇ ਮਹਿੰਗਾਈ ਦੀ ਚੁਣੌਤੀ** : ਕਾਰੋਬਾਰੀ ਖੇਤਰ ਵਿੱਚ ਇਸ ਜੰਗ ਦਾ ਅਸਰ ਬਹੁਤ ਹੀ ਖ਼ਤਰਨਾਕ ਰੂਪ ਵਿੱਚ ਦਿਖਾਈ ਦੇ ਰਿਹਾ ਹੈ। ਸਪਲਾਈ ਚੇਨ ਵਿੱਚ ਆਈਆਂ ਰੁਕਾਵਟਾਂ ਨੇ ਭਾਰਤੀ ਨਿਰਯਾਤਕਾਂ ਲਈ ਵੱਡੀਆਂ ਮੁਸ਼ਕਿਲਾਂ ਖੜ੍ਹੀਆਂ ਕਰ ਦਿੱਤੀਆਂ ਹਨ। ਲਾਲ ਸਾਗਰ (Red Sea) ਵਰਗੇ ਮਹੱਤਵਪੂਰਨ ਵਪਾਰਕ ਰਸਤਿਆਂ 'ਤੇ ਹਮਲਿਆਂ ਕਾਰਨ ਸਮੁੰਦਰੀ ਜਹਾਜ਼ਾਂ ਨੂੰ ਹਜ਼ਾਰਾਂ ਮੀਲ ਦਾ ਵਾਧੂ ਸਫਰ ਕਰਕੇ ਆਉਣਾ ਪੈ ਰਿਹਾ ਹੈ, ਜਿਸ ਨਾਲ ਸ਼ਿਪਿੰਗ ਲਾਗਤਾਂ ਵਿੱਚ ਭਾਰੀ ਵਾਧਾ ਹੋਇਆ ਹੈ। ਪੰਜਾਬ ਦਾ ਬਾਸਮਤੀ ਚੌਲ ਉਦਯੋਗ ਅਤੇ ਟੈਕਸਟਾਈਲ ਵਪਾਰ ਇਸ ਦੀ ਸਭ ਤੋਂ ਵੱਡੀ ਮਾਰ ਝੱਲ ਰਿਹਾ ਹੈ ਕਿਉਂਕਿ ਨਿਰਯਾਤ ਖਰਚੇ ਵਧਣ ਕਾਰਨ ਸਾਡਾ ਮਾਲ ਕੌਮਾਂਤਰੀ ਬਾਜ਼ਾਰ ਵਿੱਚ ਮਹਿੰਗਾ ਹੁੰਦਾ ਜਾ ਰਿਹਾ ਹੈ। ਇਸ ਦੇ ਨਾਲ ਹੀ ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ ਭਾਰਤ ਵਿੱਚ ਮਹਿੰਗਾਈ ਦੇ ਇੱਕ ਨਵੇਂ ਦੌਰ ਨੂੰ ਸੱਦਾ ਦੇ ਰਹੀਆਂ ਹਨ। ਜੇਕਰ ਤੇਲ ਅਤੇ ਗੈਸ ਦੀ ਸਪਲਾਈ ਵਿੱਚ ਕੋਈ ਵੱਡੀ ਰੁਕਾਵਟ ਆਉਂਦੀ ਹੈ ਤਾਂ ਇਸ ਦਾ ਅਸਰ ਸਿੱਧਾ ਆਮ ਆਦਮੀ ਦੀ ਰਸੋਈ ਅਤੇ ਜੇਬ 'ਤੇ ਪਵੇਗਾ, ਜਿਸ ਨਾਲ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਦੀਆਂ ਕੀਮਤਾਂ ਅਸਮਾਨੀ ਚੜ੍ਹ ਜਾਣਗੀਆਂ।

**ਭਵਿੱਖੀ ਰਣਨੀਤੀ** : ਮਿਡਲ ਈਸਟ ਵਿੱਚ ਜਾਰੀ ਇਹ ਜੰਗ ਭਾਰਤ ਲਈ ਇੱਕ ਵੱਡੀ ਚੇਤਾਵਨੀ ਹੈ ਕਿ ਸਾਨੂੰ ਆਪਣੀ ਆਰਥਿਕ ਅਤੇ ਰਣਨੀਤਕ ਨੀਤੀਆਂ ਵਿੱਚ ਬਦਲਾਅ ਲਿਆਉਣ ਦੀ ਲੋੜ ਹੈ। ਭਵਿੱਖ ਦੀਆਂ ਚੁਣੌਤੀਆਂ ਨੂੰ ਦੇਖਦੇ ਹੋਏ ਭਾਰਤ ਨੂੰ ਆਪਣੀ ਊਰਜਾ ਸੁਰੱਖਿਆ ਲਈ ਨਵੇਂ ਰਾਹ ਲੱਭਣੇ ਪੈਣਗੇ ਅਤੇ ਵਿਦੇਸ਼ੀ ਨਿਰਭਰਤਾ ਨੂੰ ਘਟਾਉਣ ਲਈ ਘਰੇਲੂ ਉਤਪਾਦਨ 'ਤੇ ਜ਼ੋਰ ਦੇਣਾ ਪਵੇਗਾ। ਕੂਟਨੀਤਕ ਪੱਧਰ 'ਤੇ ਭਾਰਤ ਦੀ ਭੂਮਿਕਾ ਹੁਣ ਹੋਰ ਵੀ ਅਹਿਮ ਹੋ ਗਈ ਹੈ ਤਾਂ ਜੋ ਉਹ ਆਪਣੇ ਹਿੱਤਾਂ ਦੀ ਰਾਖੀ ਕਰ ਸਕੇ। ਇਹ ਸਾਫ਼ ਹੈ ਕਿ ਜੇਕਰ ਇਸ ਜੰਗ 'ਤੇ ਜਲਦੀ ਕਾਬੂ ਨਾ ਪਾਇਆ ਗਿਆ ਤਾਂ ਇਸ ਦੇ ਦੂਰਗਾਮੀ ਪ੍ਰਭਾਵ ਭਾਰਤ ਦੇ ਸਮਾਜਿਕ ਅਤੇ ਆਰਥਿਕ ਢਾਂਚੇ ਨੂੰ ਲੰਬੇ ਸਮੇਂ ਤੱਕ ਪ੍ਰਭਾਵਿਤ ਕਰਦੇ ਰਹਿਣਗੇ। ਸਮੇਂ ਦੀ ਮੰਗ ਹੈ ਕਿ ਸਰਕਾਰ ਅਤੇ ਨੀਤੀ ਨਿਰਧਾਰਤ ਇਸ ਬਦਲਦੀ ਸਥਿਤੀ ਨੂੰ ਗੰਭੀਰਤਾ ਨਾਲ ਲੈਂਦਿਆਂ ਠੋਸ ਕਦਮ ਚੁੱਕਣ ਤਾਂ ਜੋ ਦੇਸ਼ ਅਤੇ ਦੇਸ਼ ਵਾਸੀਆਂ ਨੂੰ ਘੱਟ ਤੋਂ ਘੱਟ ਨੁਕਸਾਨ ਹੋਵੇ।

# ਮਾਸੂਮ ਨਾਲ ਜਬਰ-ਜਨਾਹ ਮਾਮਲੇ 'ਚ ਸੁਪਰੀਮ ਕੋਰਟ ਨੇ ਸਿੱਟ ਨੂੰ ਮਨੋਵਿਗਿਆਨੀ ਨਾਲ ਬੱਚੀ ਦੇ ਘਰ ਜਾਣ ਦੇ ਨਿਰਦੇਸ਼ ਦਿੱਤੇ

ਨਵੀਂ ਦਿੱਲੀ, 7 ਅਪ੍ਰੈਲ (ਚ.ਨ.ਸ): ਗੁਰੂਗ੍ਰਾਮ ਵਿੱਚ ਇੱਕ ਤਿੰਨ ਸਾਲਾਂ ਦੀ ਮਾਸੂਮ ਬੱਚੀ ਨਾਲ ਹੋਏ ਦਰਿੰਦਗੀ ਭਰੇ ਜਬਰ-ਜਨਾਹ ਦੇ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਅਦਾਲਤ ਨੇ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ ਸਿੱਟ ਨੂੰ ਹਦਾਇਤ ਕੀਤੀ ਹੈ ਕਿ ਉਹ ਪੀੜਤ ਬੱਚੀ ਦਾ ਬਿਆਨ ਦਰਜ ਕਰਨ ਲਈ ਉਸਦੇ ਘਰ ਸਿਵਲ ਵਰਦੀ ਵਿੱਚ ਜਾਣ। ਅਦਾਲਤ ਨੇ ਸਪੱਸ਼ਟ ਕੀਤਾ ਕਿ ਜਾਂਚ ਟੀਮ ਦੇ ਨਾਲ ਇੱਕ ਮਨੋਵਿਗਿਆਨੀ ਤੇ ਬਾਲ ਕੌਂਸਲਰ ਦਾ ਹੋਣਾ ਲਾਜ਼ਮੀ ਹੈ ਤਾਂ ਜੋ ਬੱਚੀ ਦੇ ਮਨ 'ਤੇ ਕੋਈ ਮਾੜਾ ਮਾਨਸਿਕ ਪ੍ਰਭਾਵ ਨਾ ਪਵੇ। ਚੀਫ਼ ਜਸਟਿਸ ਸੂਰੀਆ ਕਾਂਤ ਤੇ ਜਸਟਿਸ ਜੋਏਮਾਲਿਆ ਬਾਗਚੀ 'ਤੇ ਆਧਾਰਿਤ ਬੈਂਚ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਮਹਿਲਾ ਅਧਿਕਾਰੀਆਂ ਦੀ ਅਗਵਾਈ ਵਾਲੀ 'ਸਿੱਟ' ਨੂੰ ਆਪਣੀ ਜਾਂਚ ਮੁਕੰਮਲ ਕਰਨ ਲਈ ਦੋ ਹਫ਼ਤਿਆਂ ਦਾ ਸਮਾਂ ਦਿੱਤਾ ਹੈ। ਇਸ ਦੇ ਨਾਲ ਹੀ ਅਦਾਲਤ ਨੇ ਹੇਠਲੀ ਅਦਾਲਤ ਨੂੰ ਸਖ਼ਤ ਹਦਾਇਤ ਦਿੱਤੀ ਹੈ ਕਿ ਜਦੋਂ ਤੱਕ ਜਾਂਚ ਟੀਮ ਵੱਲੋਂ ਚਾਰਜਸ਼ੀਟ ਦਾਖ਼ਲ ਨਹੀਂ ਕੀਤੀ ਜਾਂਦੀ, ਉਦੋਂ ਤੱਕ ਮੁਲਜ਼ਮਾਂ ਦੀ ਜ਼ਮਾਨਤ ਅਰਜ਼ੀ 'ਤੇ ਕੋਈ ਵਿਚਾਰ ਨਾ ਕੀਤਾ ਜਾਵੇ। ਸੁਣਵਾਈ ਦੌਰਾਨ ਚੀਫ਼ ਜਸਟਿਸ ਨੇ ਬਹੁਤ ਹੀ ਸੰਵੇਦਨਸ਼ੀਲ ਟਿੱਪਣੀ ਕਰਦਿਆਂ ਕਿਹਾ ਕਿ ਜਾਂਚ ਅਧਿਕਾਰੀਆਂ ਨੂੰ ਬੱਚੀ ਦੇ ਘਰ ਜਾ ਕੇ ਉਸ ਦੇ ਮਾਪਿਆਂ ਨਾਲ ਚਾਹ ਦੀ ਚੁਸਕੀ ਲੈਂਦਿਆਂ ਬੱਚੀ ਨਾਲ ਗੱਲਬਾਤ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਬੱਚੀ ਨੂੰ ਇਹ ਅਹਿਸਾਸ ਨਹੀਂ ਹੋਣਾ ਚਾਹੀਦਾ ਕਿ ਉਹ ਕਿਸੇ ਪੁਲਿਸ ਕਾਰਵਾਈ ਦਾ ਹਿੱਸਾ ਹੈ।ਅਦਾਲਤ ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 27 ਅਪ੍ਰੈਲ ਨੂੰ ਕਰੇਗੀ।

# ਹੋਰਮੁਜ਼ ਜਲਡਮਰੂ ਮੱਧ ਰਾਹੀਂ ਆਵਾਜਾਈ ਵਧੀ, ਪਰ ਕਤਰ ਦੇ ਗੈਸ ਟੈਂਕਰਾਂ ਨੂੰ ਈਰਾਨ ਨੇ ਰੋਕਿਆ

ਤਹਿਰਾਨ/ਦੋਹਾ, 7 ਅਪ੍ਰੈਲ (ਚ.ਨ.ਸ): ਪੱਛਮੀ ਏਸ਼ੀਆ ਵਿੱਚ ਚੱਲ ਰਹੀ ਭਿਆਨਕ ਜੰਗ ਦੇ 38ਵੇਂ ਦਿਨ ਇੱਕ ਪਾਸੇ ਜਿੱਥੇ ਫੌਜੀ ਟਕਰਾਅ ਤੇਜ਼ ਹੋ ਗਿਆ ਹੈ, ਉਥੇ ਹੀ ਦੂਜੇ ਪਾਸੇ ਦੁਨੀਆਂ ਦੇ ਸਭ ਤੋਂ ਮਹੱਤਵਪੂਰਨ ਸਮੁੰਦਰੀ ਰਸਤੇ ਹੋਰਮੁਜ਼ ਜਲਡਮਰੂ ਮੱਧ ਵਿੱਚ ਹਲਚਲ ਵਧਣ ਦੀਆਂ ਖ਼ਬਰਾਂ ਸਾਹਮਣੇ ਆਈਆਂ ਹਨ। ਤਾਜ਼ਾ ਰਿਪੋਰਟਾਂ ਅਨੁਸਾਰ ਈਰਾਨ ਵੱਲੋਂ ਦਿੱਤੀ ਗਈ ਹਰੀ ਝੰਡੀ ਤੋਂ ਬਾਅਦ ਪਿਛਲੇ ਕੁਝ



ਹਫਤਿਆਂ ਦੇ ਮੁਕਾਬਲੇ ਇਸ ਰਸਤੇ ਰਾਹੀਂ ਜਹਾਜ਼ਾਂ ਦੀ ਆਵਾਜਾਈ ਆਪਣੇ ਸਭ ਤੋਂ ਉਚੇ ਪੱਧਰ 'ਤੇ ਪਹੁੰਚ ਗਈ ਹੈ। ਹਾਲਾਂਕਿ ਇਸ ਦੌਰਾਨ ਈਰਾਨ ਦੀਆਂ ਰੈਵੋਲਿਊਸ਼ਨਰੀ ਗਾਰਡਜ਼ ਨੇ ਕਤਰ ਦੇ ਦੋ ਵੱਡੇ ਐਲ.ਐਨ.ਜੀ. ਟੈਂਕਰਾਂ ਨੂੰ ਰੋਕ ਕੇ ਸਥਿਤੀ ਮੁੜ ਤਣਾਅਪੂਰਨ ਕਰ ਦਿੱਤੀ ਹੈ। ਜੰਗ ਦੇ ਸ਼ੁਰੂਆਤੀ ਦਿਨਾਂ ਤੋਂ ਬਾਅਦ ਪਹਿਲੀ ਵਾਰ ਇਸ ਹਫਤੇ ਦੇ ਅੰਤ ਵਿੱਚ ਹੋਰਮੁਜ਼ ਦੇ ਰਸਤੇ 21 ਜਹਾਜ਼ਾਂ ਨੇ ਆਪਣਾ ਸਫਰ ਤੈਅ ਕੀਤਾ। ਇਹ ਮਾਰਚ ਦੇ ਸ਼ੁਰੂਆਤੀ ਦਿਨਾਂ ਤੋਂ ਬਾਅਦ ਦੀ ਸਭ ਤੋਂ ਵੱਡੀ ਗਿਣਤੀ ਹੈ। ਦੱਸਿਆ ਜਾ ਰਿਹਾ ਹੈ ਕਿ ਕਈ ਦੇਸ਼ਾਂ ਦੀਆਂ ਸਰਕਾਰਾਂ ਨੇ ਆਪਣੇ ਜਹਾਜ਼ਾਂ, ਸਮਾਨ ਤੇ ਕਰੂ ਮੈਂਬਰਾਂ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਈਰਾਨ ਨਾਲ ਗੁਪਤ ਸਮਝੌਤੇ ਕੀਤੇ ਹਨ। ਇਸ ਵਿੱਚ ਭਾਰਤ ਦੀ ਭੂਮਿਕਾ ਅਹਿਮ ਰਹੀ ਹੈ। ਭਾਰਤ ਨੇ ਨਾ ਸਿਰਫ ਆਪਣੇ ਫਸੇ ਹੋਏ ਜਹਾਜ਼ਾਂ ਨੂੰ ਕਢਵਾਉਣ ਲਈ ਗੱਲਬਾਤ ਕੀਤੀ, ਬਲਕਿ ਕਈ ਸਾਲਾਂ ਬਾਅਦ ਈਰਾਨ ਤੋਂ ਤਰਲ ਪੈਟਰੋਲੀਅਮ ਗੈਸ ਲੈ ਕੇ ਆਉਣ ਵਾਲੇ ਟੈਂਕਰਾਂ ਨੂੰ ਵੀ ਸੁਰੱਖਿਅਤ ਲੰਘਾਉਣ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਜੰਗ ਕਾਰਨ ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ 110 ਡਾਲਰ ਪ੍ਰਤੀ ਬੈਰਲ ਤੋਂ ਪਾਰ ਚਲੀਆਂ ਗਈਆਂ ਹਨ। ਮਾਹਿਰਾਂ ਦਾ ਕਹਿਣਾ ਹੈ ਕਿ ਭਾਵੇਂ ਇਰਾਨ ਕੁਝ ਦੇਸ਼ਾਂ ਨੂੰ ਰਾਹ ਦੇ ਰਿਹਾ ਹੈ, ਪਰ ਹੋਰਮੁਜ਼ ਜਲਡਮਰੂ ਮੱਧ 'ਤੇ ਅਜੇ ਵੀ ਉਸਦਾ ਪੂਰਾ ਕੰਟਰੋਲ ਹੈ ਤੇ ਉਹ ਕਿਸੇ ਵੀ ਸਮੇਂ ਇਸ ਰਸਤੇ ਨੂੰ ਪੂਰੀ ਤਰ੍ਹਾਂ ਬੰਦ ਕਰ ਸਕਦਾ ਹੈ। ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਵੱਲੋਂ ਈਰਾਨ ਨੂੰ ਦਿੱਤੀ ਗਈ ਡੈਡਲਾਈਨ ਖਤਮ ਹੋਣ ਦੇ ਨੇੜੇ ਹੈ, ਜਿਸ ਕਾਰਨ ਆਉਣ ਵਾਲੇ ਦਿਨਾਂ ਵਿੱਚ ਟਕਰਾਅ ਹੋਰ ਵਧਣ ਦੇ ਆਸਾਰ ਹਨ। ਫਿਲਹਾਲ ਪੂਰੀ ਦੁਨੀਆਂ ਦੀਆਂ ਨਜ਼ਰਾਂ ਇਸ ਗੱਲ 'ਤੇ ਟਿਕੀਆਂ ਹਨ ਕਿ ਕੀ ਕੋਈ ਜੰਗਬੰਦੀ ਹੋ ਸਕੇਗੀ ਜਾਂ ਫਿਰ ਇਹ ਜੰਗ ਵਿਸ਼ਵ ਵਿਆਪੀ ਆਰਥਿਕ ਸੰਕਟ ਦਾ ਕਾਰਨ ਬਣੇਗੀ।

# ਈਰਾਨ ਤੋਂ 1777 ਭਾਰਤੀਆਂ ਦੀ ਵਾਪਸੀ

ਨਵੀਂ ਦਿੱਲੀ, 7 ਅਪ੍ਰੈਲ (ਚ.ਨ.ਸ): ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਜਾਰੀ ਟਕਰਾਅ ਦਰਮਿਆਨ 1777 ਭਾਰਤੀ ਨਾਗਰਿਕਾਂ ਨੂੰ ਈਰਾਨੀ ਅਥਾਰਟੀਜ਼ ਦੇ ਸਹਿਯੋਗ ਨਾਲ ਆਰਮੀਨੀਆ ਤੇ ਆਜ਼ਰਬਾਇਜਾਨ ਰਸਤੇ ਵਾਪਸ ਭਾਰਤ ਲਿਆਂਦਾ ਗਿਆ ਹੈ। ਇਨ੍ਹਾਂ ਵਿੱਚ ਦੋ ਵਿਦੇਸ਼ੀ ਨਾਗਰਿਕ ਵੀ ਸ਼ਾਮਲ ਹਨ। ਮੰਤਰਾਲੇ ਨੇ ਕਿਹਾ ਕਿ ਭਾਰਤ ਨੇ ਖਾੜੀ ਤੇ ਪੱਛਮੀ ਏਸ਼ੀਆ ਖੇਤਰ ਵਿੱਚ ਨਿੱਤ ਬਦਲਦੇ ਹਾਲਾਤ 'ਤੇ ਨੇੜਿਓਂ ਨਜ਼ਰ ਬਣਾਈ ਹੋਈ ਹੈ ਤੇ



ਭਾਰਤੀ ਨਾਗਰਿਕਾਂ ਦੀ ਸੁਰੱਖਿਆ ਤੇ ਭਲਾਈ ਸਿਖਰਲੀ ਤਰਜੀਹ ਹੈ। ਵਿਦੇਸ਼ ਮੰਤਰਾਲੇ ਦੇ ਤਰਜ਼ਮਾਨ ਰਣਧੀਰ ਜੈਸਵਾਲ ਨੇ ਸ਼ਿੱਤੇ ਵਿੱਚ ਹਾਲੀਆ ਘਟਨਾਕ੍ਰਮ ਬਾਰੇ ਅੰਤਰ-ਮੰਤਰਾਲਾ ਬ੍ਰੀਫਿੰਗ ਦੌਰਾਨ ਦੱਸਿਆ ਕਿ ਤਹਿਰਾਨ ਸਥਿਤ ਭਾਰਤੀ ਸਫ਼ਾਰਤਖ਼ਾਨਾ ਭਾਰਤੀ ਨਾਗਰਿਕਾਂ ਨੂੰ ਉਥੋਂ ਸੁਰੱਖਿਅਤ ਕੱਢਣ ਲਈ ਸਰਗਰਮੀ ਨਾਲ ਤਾਲਮੇਲ ਕਰ ਰਿਹਾ ਹੈ। ਜੈਸਵਾਲ ਨੇ ਕਿਹਾ ਕਿ ਤਹਿਰਾਨ ਵਿੱਚ ਸਾਡੇ ਸਫ਼ਾਰਤਖ਼ਾਨੇ ਨੇ 1777 ਭਾਰਤੀ ਨਾਗਰਿਕਾਂ ਨੂੰ ਆਰਮੀਨੀਆ ਤੇ ਆਜ਼ਰਬਾਇਜਾਨ ਰਸਤੇ ਉਥੋਂ ਕੱਢਿਆ ਹੈ, ਜਿਹੜੇ ਹਵਾਈ ਰਸਤੇ ਭਾਰਤ ਵਾਪਸ ਆ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚ 895 ਭਾਰਤੀ ਵਿਦਿਆਰਥੀ ਤੇ 345 ਭਾਰਤੀ ਮਛੇਰੇ ਸ਼ਾਮਲ ਹਨ, ਜੋ ਈਰਾਨ ਦੀਆਂ ਵੱਖ-ਵੱਖ ਕੰਪਨੀਆਂ ਵਿੱਚ ਕੰਮ ਕਰਦੇ ਹਨ। ਮਛੇਰਿਆਂ ਨੂੰ ਆਰਮੀਨੀਆ ਰਸਤੇ ਕੱਢਿਆ ਗਿਆ ਹੈ ਤੇ ਉਹ 4 ਅਪ੍ਰੈਲ ਨੂੰ ਭਾਰਤ ਵਾਪਸ ਆ ਗਏ। ਉਨ੍ਹਾਂ ਦੀ ਉਡਾਣ ਚੇਨਈ 'ਚ ਉਤਰੀ। ਭਾਰਤੀ ਨਾਗਰਿਕਾਂ ਦੀ ਆਮਦ ਮਗਰੋਂ ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਆਪਣੇ ਆਰਮੀਨੀਅਨ ਹਮਰੁਤਬਾ ਅਰਾਰਾਤ ਮੀਰਜ਼ੋਇਆਂ ਦਾ ਧੰਨਵਾਦ ਕੀਤਾ ਹੈ। ਜੈਸਵਾਲ ਨੇ ਕਿਹਾ ਕਿ 1545 ਭਾਰਤੀ ਨਾਗਰਿਕ ਆਰਮੀਨੀਆ 'ਚ ਦਾਖ਼ਲ ਹੋਏ ਜਦੋਂਕਿ 234 ਆਜ਼ਰਬਾਇਜਾਨ ਰਸਤੇ ਭਾਰਤ ਪਹੁੰਚੇ। ਤਰਜਮਾਨ ਨੇ ਕਿਹਾ ਕਿ ਭਾਰਤੀ ਨਾਗਰਿਕਾਂ ਨਾਲ ਦੋ ਵਿਦੇਸ਼ੀ ਨਾਗਰਿਕ-ਇੱਕ ਬੰਗਲਾਦੇਸ਼ੀ ਤੇ ਦੂਜਾ ਸ੍ਰੀਲੰਕਨ ਵੀ ਪੁੱਜੇ ਹਨ।

# ਹਿਊਮੈਨਿਟੀ ਫਸਟ ਇੰਡੀਆ ਵੱਲੋਂ ਪ੍ਰੀਲੀਮਿਨਰੀ ਐਜੂਕੇਸ਼ਨ ਸਟੱਡੀ ਸੈਂਟਰ ਦਾ ਦੌਰਾ



ਗੁਰਦਾਸਪੁਰ, 7 ਅਪ੍ਰੈਲ (ਜਗੀਰ ਸਿੰਘ ਮੰਡ/ਨਾਹਰ): ਪਿੱਛੜੇ ਵਰਗਾਂ ਦੇ ਬੱਚਿਆਂ ਨੂੰ ਸਿੱਖਿਆ ਤੇ ਸਹਾਨੀਭੂਤੀ ਰਾਹੀਂ ਸਸ਼ਕਤ ਬਣਾਉਣ ਦੇ ਉਦੇਸ਼ ਨਾਲ ਹਿਊਮੈਨਿਟੀ ਫਸਟ ਇੰਡੀਆ ਵੱਲੋਂ ਮਾਨ ਕੌਰ ਦੇ ਸਲੱਮ ਇਲਾਕੇ ਵਿੱਚ ਸਥਿਤ ਪ੍ਰੀਲੀਮਿਨਰੀ ਐਜੂਕੇਸ਼ਨ ਸਟੱਡੀ ਸੈਂਟਰ ਦਾ ਦੌਰਾ ਕੀਤਾ ਗਿਆ। ਇਹ ਕੇਂਦਰ, ਰਾਸ਼ਟਰੀ ਪੁਰਸਕਾਰ ਜੇਤੂ ਰੋਮੇਸ਼ ਮਹਾਜਨ ਦੀ ਅਗਵਾਈ ਹੇਠ ਹਾਸ਼ੀਏ 'ਤੇ ਰਹਿੰਦੇ ਬੱਚਿਆਂ ਲਈ ਉਮੀਦ ਦੀ ਇੱਕ ਮਿਸਾਲ ਬਣ ਚੁੱਕਾ ਹੈ। ਹਿਊਮੈਨਿਟੀ ਫਸਟ ਇੰਡਿਆ ਦੀ ਟੀਮ ਦੀ ਅਗਵਾਈ ਵਾਈਸ ਚੇਅਰਮੈਨ ਐਸ.ਐਮ. ਬਸੀਰੁੱਦੀਨ ਨੇ ਕੀਤੀ, ਜਿਨ੍ਹਾਂ ਦੇ ਨਾਲ ਜਨਰਲ ਸਕੱਤਰ ਨਵੀਦ ਅਹਿਮਦ ਫ਼ਜ਼ਲ ਤੇ ਜ਼ਿਲ੍ਹਾ ਪ੍ਰਧਾਨ ਫ਼ਜ਼ਲ ਅਹਿਮਦ ਵੀ ਮੌਜੂਦ ਸਨ। ਉਨ੍ਹਾਂ ਦੇ ਪਹੁੰਚਣ 'ਤੇ ਰਮੇਸ਼ ਮਹਾਜਨ, ਉਨ੍ਹਾਂ ਦੀ ਟੀਮ ਤੇ ਬੱਚਿਆਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਸਮਾਗਮ ਦੌਰਾਨ ਬਸੀਰੁੱਦੀਨ ਸਾਹਿਬ ਨੇ ਰਮੇਸ਼ ਮਹਾਜਨ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਇਹ ਕੇਂਦਰ ਬੱਚਿਆਂ ਦੇ ਸਰਬਪੱਖੀ ਵਿਕਾਸ ਤੇ ਉਨ੍ਹਾਂ ਦੇ ਸੁਪਨਿਆਂ ਨੂੰ ਸਹੀ ਦਿਸ਼ਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਕੇਂਦਰ ਦੀ ਤਸਵੀਰਾਂ ਰਾਹੀਂ ਜਾਣਕਾਰੀ ਲੈਂਦੇ ਹੋਏ ਉਨ੍ਹਾਂ ਜ਼ੋਰ ਦਿੱਤਾ ਕਿ ਅੱਜ ਕੱਲ੍ਹ ਦੇ ਸਮੇਂ ਵਿੱਚ ਬੱਚਿਆਂ ਨੂੰ ਸਮਾਜਿਕ ਬੁਰਾਈਆਂ ਤੋਂ ਬਚਾਉਣਾ ਵੱਡੀ ਚੁਣੌਤੀ ਹੈ ਤੇ ਇਸ ਕੇਂਦਰ ਨੂੰ ਵੇਖ ਕੇ ਇਹ ਵਿਸ਼ਵਾਸ ਬਣਦਾ ਹੈ ਕਿ ਇੱਥੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਹੱਥਾਂ ਵਿੱਚ ਹੈ। ਇਸ ਮੌਕੇ ਉਨ੍ਹਾਂ ਨੇ ਆਪਣੀ ਸੰਸਥਾ ਹਿਊਮੈਨਿਟੀ ਫਸਟ ਇੰਡੀਆ ਦੇ ਮਿਸ਼ਨ ਬਾਰੇ ਵੀ ਜਾਣਕਾਰੀ ਦਿੱਤੀ, ਜੋ ਦੁੱਖ-ਦਰਦ ਘਟਾਉਣ, ਅਮਨ, ਸਹਿਣਸ਼ੀਲਤਾ ਤੇ ਆਪਸੀ ਸਤਿਕਾਰ ਨੂੰ ਵਧਾਵਾ ਦੇਣ ਲਈ ਕੰਮ ਕਰ ਰਹੀ ਹੈ।ਇਸ ਮੌਕੇ ਬੱਚਿਆਂ ਨੂੰ ਸਿੱਖਿਆ ਲਈ ਇੱਕ ਹਜ਼ਾਰ ਤੋਂ ਵੱਧ ਕਾਪੀਆਂ ਵੰਡੀਆਂ ਗਈਆਂ। ਆਖਰ ਵਿੱਚ ਬੱਚਿਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਨੇ ਸਭ ਦਾ ਮਨ ਮੋਹ ਲਿਆ। ਇਸ ਮੌਕੇ ਲਾਇਨਜ਼ ਕਲੱਬ ਦੇ ਪ੍ਰਧਾਨ ਕੇ.ਪੀ. ਸਿੰਘ, ਅਧਿਆਪਕ ਆਸ਼ੂ, ਮਨਜੀਤ, ਕਿਰਨ, ਸੁਰਜਾ ਤੇ ਹੋਰ ਕਈ ਪ੍ਰਮੁੱਖ ਸ਼ਖਸੀਅਤਾਂ ਵੀ ਮੌਜੂਦ ਸਨ।

# ਈਰਾਨ 'ਚ ਫਸੇ ਦੋ ਅਮਰੀਕੀ ਪਾਇਲਟਾਂ ਨੂੰ ਕੱਢਣ ਲਈ ਚਲਾਇਆ ਗੁਪਤ ਆਪ੍ਰੇਸ਼ਨ, ਟਰੰਪ ਨੇ ਪੱਤਰਕਾਰਾਂ ਨੂੰ ਜੇਲ੍ਹ ਭੇਜਣ ਦੀ ਦਿੱਤੀ ਧਮਕੀ

ਵਾਸ਼ਿੰਗਟਨ, 7 ਅਪ੍ਰੈਲ (ਚ.ਨ.ਸ): ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਨੇ ਈਰਾਨ ਵਿੱਚ ਸੁੱਟੇ ਗਏ ਦੋ ਅਮਰੀਕੀ ਹਵਾਈ ਸੈਨਾ ਦੇ ਜਵਾਨਾਂ ਨੂੰ ਬਚਾਉਣ ਲਈ ਚਲਾਏ ਗਏ ਬੇਹੱਦ ਖ਼ਤਰਨਾਕ ਤੇ ਗੁਪਤ ਮਿਸ਼ਨ ਦੀਆਂ ਜਾਣਕਾਰੀਆਂ ਲੀਕ ਕਰਨ ਵਾਲੇ ਪੱਤਰਕਾਰਾਂ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕਰ ਲਿਆ ਹੈ। ਇੱਕ ਪ੍ਰੈਸ ਕਾਨਫਰੰਸ ਦੌਰਾਨ ਟਰੰਪ ਨੇ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਕਿ ਜਿਨ੍ਹਾਂ ਮੀਡੀਆ ਅਦਾਰਿਆਂ ਜਾਂ ਪੱਤਰਕਾਰਾਂ ਨੇ ਇਸ ਮਿਸ਼ਨ ਦੌਰਾਨ ਗੁਪਤ ਜਾਣਕਾਰੀ ਪ੍ਰਕਾਸ਼ਿਤ ਕਰਕੇ ਜਵਾਨਾਂ ਦੀ ਜਾਨ ਨੂੰ ਖ਼ਤਰੇ ਵਿੱਚ



ਪਾਇਆ ਹੈ, ਉਨ੍ਹਾਂ ਨੂੰ ਜੇਲ੍ਹ ਦੀ ਹਵਾ ਖਾਣੀ ਪੈ ਸਕਦੀ ਹੈ। ਰਾਸ਼ਟਰਪਤੀ ਨੇ ਇਸ ਬਚਾਅ ਕਾਰਜ ਨੂੰ ਅਮਰੀਕੀ ਇਤਿਹਾਸ ਦੇ ਸਭ ਤੋਂ ਸਾਹਸੀ ਮਿਸ਼ਨਾਂ ਵਿੱਚੋਂ ਇੱਕ ਦੱਸਿਆ। ਉਨ੍ਹਾਂ ਦੱਸਿਆ ਕਿ ਈਰਾਨ ਵੱਲੋਂ ਅਮਰੀਕੀ 6-155 ਸਟ੍ਰਾਈਕ ਈਗਲ ਜਹਾਜ਼ ਨੂੰ ਮਾਰ ਸੁੱਟਣ ਤੋਂ ਬਾਅਦ ਦੋਵੇਂ ਪਾਇਲਟ ਦੁਸ਼ਮਣ ਦੇ ਇਲਾਕੇ ਵਿੱਚ ਫਸ ਗਏ ਸਨ। ਪਹਿਲੇ ਪਾਇਲਟ ਨੂੰ ਜਲਦੀ ਹੀ ਬਚਾਅ ਲਿਆ ਗਿਆ ਸੀ, ਪਰ ਦੂਜੇ ਅਧਿਕਾਰੀ (ਵੈਪਨ ਸਿਸਟਮ ਅਫਸਰ) ਦੀ ਭਾਲ ਕਰੀਬ 48 ਘੰਟਿਆਂ ਤੱਕ ਚੱਲੀ। ਟਰੰਪ ਦਾ ਦੋਸ਼ ਹੈ ਕਿ ਜਦੋਂ ਦੂਜੇ ਜਵਾਨ ਨੂੰ ਬਚਾਉਣ ਦੀ ਕਾਰਵਾਈ ਚੱਲ ਰਹੀ ਸੀ ਤਾਂ ਕੁਝ ਮੀਡੀਆ ਰਿਪੋਰਟਾਂ ਨੇ ਇਹ ਖੁਲਾਸਾ ਕਰ ਦਿੱਤਾ ਕਿ ਅਜੇ ਇੱਕ ਪਾਇਲਟ ਲਾਪਤਾ ਹੈ। ਟਰੰਪ ਮੁਤਾਬਿਕ ਇਸ ਜਾਣਕਾਰੀ ਕਾਰਨ ਈਰਾਨੀ ਫੌਜ ਚੌਕਸ ਹੋ ਗਈ ਤੇ ਉਨ੍ਹਾਂ ਨੇ ਉਸ ਇਲਾਕੇ ਵਿੱਚ ਤਲਾਸ਼ੀ ਤੇਜ਼ ਕਰ ਦਿੱਤੀ, ਜਿਸ ਨਾਲ ਅਮਰੀਕੀ ਜਵਾਨ ਦੀ ਜਾਨ 'ਤੇ ਬਣ ਆਈ ਸੀ।ਟਰੰਪ ਨੇ ਗੁੱਸੇ ਵਿੱਚ ਕਿਹਾ ਕਿ ਸਾਨੂੰ ਉਸ ਲੀਕਰ (ਜਾਣਕਾਰੀ ਲੀਕ ਕਰਨ ਵਾਲੇ) ਨੂੰ ਲੱਭਣਾ ਪਵੇਗਾ, ਕਿਉਂਕਿ ਉਹ ਇੱਕ ਬਿਮਾਰ ਮਾਨਸਿਕਤਾ ਵਾਲਾ ਵਿਅਕਤੀ ਹੈ। ਅਸੀਂ ਉਸ ਮੀਡੀਆ ਕੰਪਨੀ ਕੋਲ ਜਾਵਾਂਗੇ ਜਿਸ ਨੇ ਇਹ ਖ਼ਬਰ ਨਸ਼ਰ ਕੀਤੀ ਤੇ ਕਹਾਂਗੇ ਕਿ ਇਹ ਕੌਮੀ ਸੁਰੱਖਿਆ ਦਾ ਮਾਮਲਾ ਹੈ, ਸੂਤਰ ਦਾ ਨਾਮ ਦੱਸੋ ਜਾਂ ਜੇਲ੍ਹ ਜਾਣ ਲਈ ਤਿਆਰ ਰਹੋ। ਇਸ ਪੂਰੇ ਓਪਰੇਸ਼ਨ ਦੌਰਾਨ ਕਿਸੇ ਵੀ ਅਮਰੀਕੀ ਜਵਾਨ ਦੇ ਮਾਰੇ ਜਾਣ ਦੀ ਖ਼ਬਰ ਨਹੀਂ ਹੈ, ਹਾਲਾਂਕਿ ਬਚਾਏ ਗਏ ਪਾਇਲਟ ਜ਼ਖਮੀ ਦੱਸੇ ਜਾ ਰਹੇ ਹਨ। ਅਮਰੀਕੀ ਪ੍ਰਸ਼ਾਸਨ ਦੇ ਇਸ ਸਖ਼ਤ ਰੁਖ਼ ਨੇ ਪ੍ਰੈਸ ਦੀ ਆਜ਼ਾਦੀ ਤੇ ਕੌਮੀ ਸੁਰੱਖਿਆ ਵਿਚਾਲੇ ਇੱਕ ਨਵੀਂ ਬਹਿਸ ਛੇੜ ਦਿੱਤੀ ਹੈ।

# ਦਿਲ ਦੇ ਦੌਰੇ ਵਿਰੁੱਧ ਜੰਗ 'ਚ ਦਵਾਈ ਹੀ ਸਭ ਤੋਂ ਕਾਰਗਰ ਹਥਿਆਰ, ਸਿਰਫ਼ ਜੀਵਨਸ਼ੈਲੀ 'ਚ ਬਦਲਾਅ ਕਾਫ਼ੀ ਨਹੀਂ: ਡਾ. ਬੀ. ਦਿਨੇਸ਼ਾ

ਨਵੀਂ ਦਿੱਲੀ/ਬੈਂਗਲੂਰੂ, 7 ਅਪ੍ਰੈਲ (ਚ.ਨ.ਸ): ਦਿਲ ਦੇ ਦੌਰੇ (ਹਾਰਟ ਅਟੈਕ) ਨੂੰ ਰੋਕਣ ਲਈ ਸਿਰਫ਼ ਜੀਵਨਸ਼ੈਲੀ ਵਿੱਚ ਬਦਲਾਅ ਕਾਫ਼ੀ ਨਹੀਂ, ਸਗੋਂ ਡਾਕਟਰੀ ਦਵਾਈਆਂ ਹੀ



ਸਭ ਤੋਂ ਮਜ਼ਬੂਤ ਹਥਿਆਰ ਹਨ। ਇਹ ਪ੍ਰਗਟਾਵਾ ਸ੍ਰੀ ਜੈਦੇਵ ਇੰਸਟੀਚਿਊਟ ਆਫ ਕਾਰਡੀਓਵੈਸਕੂਲਰ ਸਾਇੰਸਜ਼ ਐਂਡ ਰਿਸਰਚ, ਬੈਂਗਲੂਰੂ ਦੇ ਡਾਇਰੈਕਟਰ ਡਾ. ਬੀ. ਦਿਨੇਸ਼ਾ ਨੇ ਇੱਕ ਵਿਸ਼ੇਸ਼ ਇੰਟਰਵਿਊ ਦੌਰਾਨ ਕੀਤਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਉਚ ਐਲ.ਡੀ.ਐਲ ਕੋਲੈਸਟ੍ਰੋਲ ਨੂੰ ਸਿਰਫ਼ ਖ਼ੁਰਾਕ ਜਾਂ ਕਸਰਤ ਨਾਲ ਕੰਟਰੋਲ ਕਰਨ ਦੀ ਕੋਸ਼ਿਸ਼ ਕਰਨਾ ਜਾਂ ਡਾਕਟਰ ਵੱਲੋਂ ਦੱਸੀ ਗਈ ਦਵਾਈ ਨੂੰ ਵਿਚਾਲੇ ਛੱਡਣਾ ਮੌਤ ਨੂੰ ਸੱਦਾ ਦੇਣ ਦੇ ਬਰਾਬਰ ਹੈ। ਡਾ. ਦਿਨੇਸ਼ਾ ਨੇ ਦੱਸਿਆ ਕਿ ਮਾੜਾ ਕੋਲੈਸਟ੍ਰੋਲ ਯਾਨੀ ਐਲ.ਡੀ.ਐਲ ਖ਼ੂਨ ਦੀਆਂ ਨਾੜੀਆਂ ਵਿੱਚ ਜੰਮ ਜਾਂਦਾ ਹੈ, ਜਿਸ ਨਾਲ ਪਲੇਕ ਬਣਦੀ ਹੈ ਤੇ ਇਹੀ ਬਾਅਦ ਵਿੱਚ ਹਾਰਟ ਅਟੈਕ ਜਾਂ ਸਟ੍ਰੋਕ ਦਾ ਕਾਰਨ ਬਣਦੀ ਹੈ। ਭਾਰਤ ਵਿੱਚ ਹਾਲ ਹੀ ਵਿੱਚ ਜਾਰੀ ਕੀਤੀਆਂ ਗਈਆਂ ਗਾਈਡਲਾਈਨਜ਼ ਅਨੁਸਾਰ ਦਿਲ ਦੇ ਮਰੀਜ਼ਾਂ ਲਈ ਐਲ.ਡੀ.ਐਲ ਦਾ ਪੱਧਰ 55 ਮਿਲੀਗ੍ਰਾਮ ਪ੍ਰਤੀ ਡੈਸੀਲੀਟਰ ਤੋਂ ਘੱਟ ਹੋਣਾ ਚਾਹੀਦਾ ਹੈ। ਉਨ੍ਹਾਂ ਅਫ਼ਸੋਸ ਜਤਾਇਆ ਕਿ ਭਾਰਤ ਵਿੱਚ 100 ਵਿੱਚੋਂ ਸਿਰਫ਼ 17 ਲੋਕ ਹੀ ਆਪਣੀ ਇਸ ਸਥਿਤੀ ਬਾਰੇ ਜਾਣੂੰ ਹਨ ਤੇ ਬਹੁਤ ਸਾਰੇ ਲੋਕ ਜਾਂ ਤਾਂ ਬਹੁਤ ਘੱਟ ਖ਼ੁਰਾਕ ਵਿੱਚ ਦਵਾਈ ਲੈ ਰਹੇ ਹਨ ਜਾਂ ਫਿਰ ਇਲਾਜ ਹੀ ਨਹੀਂ ਕਰਵਾ ਰਹੇ।ਡਾਕਟਰ ਅਨੁਸਾਰ ਸਭ ਤੋਂ ਵੱਡੀ ਚੁਣੌਤੀ ਇਹ ਹੈ ਕਿ ਲੋਕ ਕੁਝ ਸਮਾਂ ਦਵਾਈ ਲੈਣ ਤੋਂ ਬਾਅਦ ਜਦੋਂ ਠੀਕ ਮਹਿਸੂਸ ਕਰਦੇ ਹਨ ਤਾਂ ਉਹ ਦਵਾਈ ਬੰਦ ਕਰ ਦਿੰਦੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਕੋਲੈਸਟ੍ਰੋਲ ਦਾ ਇਲਾਜ ਇੱਕ ਜਾਂ ਦੋ ਦਿਨਾਂ ਦਾ ਪ੍ਰੋਗਰਾਮ ਨਹੀਂ ਹੈ, ਸਗੋਂ ਇਹ ਜੀਵਨ ਭਰ ਚੱਲਣ ਵਾਲੀ ਪ੍ਰਕਿਰਿਆ ਹੈ। ਦਵਾਈਆਂ ਦੀ ਵਰਤੋਂ ਵਿੱਚ ਅਣਗਹਿਲੀ ਵਰਤਣ ਨਾਲ ਦੂਜਾ ਹਾਰਟ ਅਟੈਕ ਹੋਣ ਦਾ ਖ਼ਤਰਾ ਪਹਿਲੇ ਨਾਲੋਂ ਕਿਤੇ ਜ਼ਿਆਦਾ ਘਾਤਕ ਹੁੰਦਾ ਹੈ।

# ਸਰਬ ਸਾਂਝਾ ਸ਼ਹੀਦੀ ਸਮਾਗਮ 10 ਨੂੰ



ਫਤਹਿਗੜ੍ਹ ਚੂੜੀਆਂ, 7 ਅਪ੍ਰੈਲ (ਰਾਜਨ ਸ਼ਰਮਾ): ਧੰਨ-ਧੰਨ ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਦੀ ਸ਼ਹੀਦੀ ਨੂੰ ਸਮਰਪਿਤ ਸਰਬ ਸਾਂਝਾ ਸ਼ਹੀਦੀ ਸਮਾਗਮ ਧੰਨ-ਧੰਨ ਅਮਰ ਸ਼ਹੀਦ ਬਾਬਾ ਮੋਤੀ ਰਾਮ ਵੈਲਫੇਅਰ ਸੁਸਾਇਟੀ ਤੇ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ 10 ਅਪ੍ਰੈਲ ਦਿਨ ਸ਼ੁੱਕਰਵਾਰ ਨੂੰ ਬਾਬਾ ਮੋਤੀ ਰਾਮ ਜੀ ਯਾਦਗਰੀ ਹਾਲ, ਬਦੋਵਾਲ ਰੋਡ, ਫਤਹਿਗੜ੍ਹ ਚੂੜੀਆਂ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਸਮਾਗਮ 'ਚ ਬੀਬੀ ਦਲੇਰ ਕੌਰ ਖ਼ਾਲਸਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਜਸਵੰਤ ਸਿੰਘ ਕਥਾਵਾਚਕ (ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ), ਭਾਈ ਰਣਜੀਤ ਸਿੰਘ ਕੀਰਤਨੀ ਜੱਥਾ ਸ੍ਰੀ ਅੰਮ੍ਰਿਤਸਰ, ਇੰਟਰਨੈਸ਼ਨਲ ਗੋਲਡ ਮੈਡਲਿਸਟ ਕਵੀਸ਼ਰੀ ਜੱਥਾ ਭਾਈ ਸੁੱਚਾ ਸਿੰਘ ਡੇਰਾ ਪਠਾਣਾ, ਭਾਈ ਇੰਦਰਜੀਤ ਸਿੰਘ ਕੀਰਤਨੀ ਜੱਥਾ ਫਤਹਿਗੜ੍ਹ ਚੂੜੀਆਂ ਵਾਲੇ ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।ਇਸ ਮੌਕੇ ਸਟੇਜ ਸੈਕਟਰੀ ਦੀ ਭੂਮਿਕਾ ਭਾਈ ਕੁਲਦੀਪ ਸਿੰਘ ਨਿਭਾਉਣਗੇ। ਗੁਰੂ ਕਾ ਅਟੁੱਟ ਲੰਗਰ ਤੇ ਦੁੱਧ ਦਾ ਲੰਗਰ ਵਰਤੇਗਾ। ਸਭਾ ਨੇ ਇਲਾਕੇ ਭਰ ਦੀ ਸੰਗਤ ਨੂੰ ਹੁੰਮ-ਹੁਮਾ ਕੇ ਪਹੁੰਚਣ ਦੀ ਬੇਨਤੀ ਕੀਤੀ ਹੈ। ਇੱਥੇ ਇਹ ਦੱਸਣਾ ਬਣਦਾ ਹੈ ਕਿ ਇਹ ਸ਼ਹੀਦੀ ਸਮਾਗਮ ਪਹਿਲਾਂ 29 ਮਾਰਚ ਦਿਨ ਐਤਵਾਰ ਨੂੰ ਕਰਵਾਇਆ ਜਾਣਾ ਸੀ। ਪਰ ਤੇਜ਼ ਬਾਰਿਸ਼ ਤੇ ਹਨ੍ਹੇਰੀ ਕਾਰਨ ਇਹ ਪ੍ਰੋਗਰਾਮ ਰੱਦ ਕਰ ਦਿੱਤਾ ਗਿਆ ਸੀ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਸਰਕਲ ਹਰਚੋਵਾਲ ਵੱਲੋਂ ਵਿਸ਼ਾਲ ਰੋਸ ਰੈਲੀ ਕੱਢੀ ਜਾਵੇਗੀ: ਪ੍ਰਧਾਨ ਡਾ. ਹਰਚੋਵਾਲ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 7 ਅਪ੍ਰੈਲ (ਸੁੱਖ ਅੰਮ੍ਰਿਤ ਮਾਨ/ਡਾ. ਸਰਬਜੀਤ ਭਿੰਡਰ): ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਸਰਕਲ ਹਰਚੋਵਾਲ ਦੇ ਪ੍ਰਧਾਨ ਡਾ. ਗੁਰਨੇਕ ਸਿੰਘ ਦੀ ਪ੍ਰਧਾਨਗੀ ਹੇਠ ਜਨਰਲ ਸਕੱਤਰ ਡਾ. ਸਤਨਾਮ ਸਿੰਘ ਕੰਡੀਲਾ ਦੀ ਯੋਗ ਅਗਵਾਈ ਵਿੱਚ ਹਰਚੋਵਾਲ ਗੁਰਦੁਆਰਾ ਦੇ ਛੋਟਾ ਘੱਲੂਘਾਰਾ ਸਾਹਿਬ ਵਿਖੇ 6 ਅਪ੍ਰੈਲ 2026 ਨੂੰ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਸਰਕਲ ਪ੍ਰਧਾਨ ਡਾ. ਗੁਰਨੇਕ ਸਿੰਘ ਹਰਚੋਵਾਲ, ਜਨਰਲ ਸਕੱਤਰ ਡਾ. ਸਤਨਾਮ ਸਿੰਘ ਕੰਡੀਲਾ, ਸੂਬੇ ਦੇ ਸੀਨੀਅਰ ਮੀਤ ਪ੍ਰਧਾਨ ਡਾ. ਅਵਤਾਰ ਸਿੰਘ ਕਿਲਾ ਲਾਲ ਸਿੰਘ, ਜ਼ਿਲ੍ਹਾ ਪ੍ਰਧਾਨ ਡਾ. ਪਿਆਰਾ ਸਿੰਘ ਹੰਭੋਵਾਲ, ਜ਼ਿਲ੍ਹਾ ਜਨਰਲ ਸਕੱਤਰ ਡਾ. ਭੁਪਿੰਦਰ ਸਿੰਘ ਗਿੱਲ ਨੇ ਇੱਕ ਸਾਂਝੇ ਬਿਆਨ ਵਿੱਚ ਮਤਾ ਪਾ ਕੇ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਵੱਲੋਂ ਚੋਣਾਂ ਸਮੇਂ ਕੀਤੇ ਗਏ ਵਾਅਦੇ ਨਾ ਪੂਰੇ ਕਰਨ ਦੇ



ਸਬੰਧ ਵਿੱਚ ਸਰਕਾਰ ਖ਼ਿਲਾਫ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ 11 ਅਪ੍ਰੈਲ ਨੂੰ ਵਿਸ਼ਾਲ ਰੋਸ ਰੈਲੀ ਪ੍ਰਦਰਸ਼ਨ ਕਰਕੇ ਮੈਮੋਰੰਡਮ ਦਿੱਤਾ ਜਾਵੇਗਾ ਤੇ ਰੋਸ ਮਾਰਚ ਵੀ ਕੀਤਾ ਜਾਵੇਗਾ। ਜਥੇਬੰਦੀ ਵੱਲੋਂ ਅਪੀਲ ਕੀਤੀ ਗਈ ਕਿ ਜਥੇਬੰਦੀ ਨਾਲ ਸਬੰਧਤ ਜਿੰਨੇ ਵੀ ਡਾਕਟਰ ਪ੍ਰੈਕਟਿਸ ਕਰਦੇ ਹਨ, ਉਹ ਆਪਣਾ ਫਰਜ਼ ਸਮਝਦੇ ਹੋਏ ਇਸ ਰੈਲੀ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣ ਤੇ ਰੈਲੀ ਵਿੱਚ ਜਥੇਬੰਦੀ ਦਾ ਪੂਰਨ ਸਹਿਯੋਗ ਕਰਨ ਤਾਂ ਜੋ ਇਸ ਰੈਲੀ ਨੂੰ ਇਤਿਹਾਸਕ ਰੂਪ ਦਿੱਤਾ ਜਾ ਸਕੇ। ਇਸ ਸਮੇਂ ਮੀਟਿੰਗ ਵਿੱਚ ਪਹੁੰਚੇ ਡਾਕਟਰਾਂ ਵਿੱਚ ਪ੍ਰਧਾਨ ਡਾ. ਦਿਲਬਾਗ ਸਿੰਘ ਪੰਨੂੰ ਕੈਸ਼ੀਅਰ ਡਾ. ਰਸ਼ਪਾਲ ਸਿੰਘ ਵਰਿਆ ਮੁੱਖ ਬੁਲਾਰਾ ਡਾ. ਸੰਤੋਖ ਸਿੰਘ ਲੀਲ ਕਲਾਂ ਮੁੱਖ ਸਲਾਹਕਾਰ ਡਾ. ਬਲਦੇਵ ਸਿੰਘ ਮਠੋਲਾ ਸਹਾਇਕ ਸਲਾਹਕਾਰ ਡਾ. ਸਤਨਾਮ ਸਿੰਘ ਮੁੱਲਾਂਵਾਲ ਪ੍ਰੈਸ ਸਕੱਤਰ ਡਾ. ਸਰਬਜੀਤ ਸਿੰਘ ਭਿੰਡਰ ਸਹਾਇਕ ਕੈਸ਼ੀਅਰ ਡਾ. ਭੁਪਿੰਦਰ ਸਿੰਘ ਬਸਰਾਵਾਂ ਸਾਂਝੇ ਸਕੱਤਰ ਡਾ. ਕੁਲਦੀਪ ਸਿੰਘ ਦਕੋਹਾ ਡਾ. ਸੁਖਚੈਨ ਸਿੰਘ ਭੱਡਾ ਤੇ ਹੋਰ ਵੀ ਬਹੁਤ ਭਾਰੀ ਗਿਣਤੀ ਵਿੱਚ ਡਾਕਟਰ ਹਾਜ਼ਰ ਸਨ।

# ਸਾਂਝੇ ਪੱਤਣ ਸੱਭਿਆਚਾਰਕ ਮੰਚ ਕਲਾਨੌਰ ਵੱਲੋਂ ਰੇਸ਼ਮ ਸਿੰਘ ਪੱਡਾ ਦਾ ਵਿਸ਼ੇਸ਼ ਸਨਮਾਨ

ਡੇਰਾ ਬਾਬਾ ਨਾਨਕ, 7 ਅਪ੍ਰੈਲ (ਹੈਪੀ ਕੋਟਲੀ): ਬੀਤੇ ਸਾਡੇ ਖੁਆਬ ਨਸ਼ਾ ਮੁਕਤ ਪੰਜਾਬ ਤਹਿਤ ਸਾਂਝੇ ਪੱਤਣ ਸੱਭਿਆਚਾਰਕ ਪੰਚ ਕਲਾਨੌਰ ਵੱਲੋਂ ਧੰਨ-ਧੰਨ ਬਾਬਾ ਕਾਰ ਜੀ ਸਟੇਡੀਅਮ ਕਲਾਨੌਰ ਵਿਖੇ ਕਰਵਾਏ ਖੇਡਾਂ ਤੇ ਸੱਭਿਆਚਾਰਕ ਮੇਲੇ 'ਚ ਹਲਕਾ ਡੇਰਾ ਬਾਬਾ ਨਾਨਕ ਤੋਂ ਸੀਨੀਅਰ ਨੌਜਵਾਨ ਆਗੂ ਤੇ ਬਲਾਕ ਸੰਮਤੀ ਮੈਂਬਰ ਰੇਸ਼ਮ ਸਿੰਘ ਪੱਡਾ ਦਾ ਸਾਂਝੇ ਪੱਤਣ ਸੱਭਿਆਚਾਰਕ ਮੰਚ ਕਲਾਨੌਰ ਦੀ ਟੀਮ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਰੇਸ਼ਮ ਪੱਡਾ ਵੱਲੋਂ ਇਸ ਮੇਲੇ ਦੀ ਪ੍ਰਬੰਧਕੀ ਟੀਮ ਨੂੰ ਵਧਾਈ ਦਿੱਤੀ ਗਈ, ਨਾਲ ਕਿਹਾ ਕਿ ਸਾਨੂੰ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਬਚਾਉਣ ਲਈ ਤੇ ਆਪਣੇ ਪੰਜਾਬੀ ਸੱਭਿਆਚਾਰ ਨਾਲ ਜੋੜਨ ਲਈ ਵੱਧ ਤੋਂ ਵੱਧ ਪਿੰਡਾਂ ਇਹੋ ਜਿਹੇ ਮੇਲੇ ਖੇਡਾਂ ਦੇ ਟੂਰਨਾਮੈਂਟ ਕਰਵਾਉਣੇ ਚਾਹੀਦੇ ਹਨ। ਰੇਸ਼ਮ ਸਿੰਘ ਪੱਡਾ ਨੇ ਕਿਹਾ ਕਿ ਉਨ੍ਹਾਂ ਟੀਮ ਵੱਲੋਂ ਹਮੇਸ਼ਾ ਇਹੋ ਉਪਰਾਲੇ



ਕਰਨ ਵਾਲੇ ਪ੍ਰਬੰਧਕਾਂ ਦਾ ਸਾਥ ਦਿੱਤਾ ਹੈ ਤੇ ਅੱਗੇ ਤੋਂ ਵੀ ਉਨ੍ਹਾਂ ਦੀ ਟੀਮ ਇਸੇ ਤਰ੍ਹਾਂ ਸਾਥ ਦਿੰਦੀ ਰਹੇਗੀ। ਇਸ ਮੌਕੇ ਸਾਂਝੇ ਪੱਤਣ ਸੱਭਿਆਚਾਰਕ ਮੰਚ ਕਲਾਨੌਰ ਦੇ ਮੁੱਖ ਪ੍ਰਬੰਧਕ ਐਡ. ਪਲਵਿੰਦਰ ਸਿੰਘ ਬਾਜਵਾ, ਜਤਿੰਦਰ ਸਿੰਘ ਹੈਪੀ, ਮਨਪ੍ਰੀਤ ਸਿੰਘ ਅਠਵਾਲ, ਪ੍ਰਿਤਪਾਲ ਸਿੰਘ ਪਕੀਵਾ, ਰਜਵੰਤ ਸਿੰਘ ਰਸੂਲਪੁਰ, ਸਰਬਜੀਤ ਸਿੰਘ ਭੰਗੂ, ਸੁਰਜੀਤ ਸਿੰਘ ਬਿਸ਼ਨਕੋਟ, ਸੁਬੇਗ ਜੀਓ ਜੁਲਾਈ, ਝਿਰਮਿਲ ਸਿੰਘ ਭੰਗੂ, ਰਛਪਾਲ ਸਿੰਘ ਮਾਨੇਪੁਰ, ਮਾਸਟਰ ਬਿਕਰਮਜੀਤ ਸਿੰਘ ਅਰਲੀਭੰਨ, ਇੰਦਰਜੀਤ ਸਿੰਘ ਲਾਡੀ ਬਿਸ਼ਨਕੋਟ, ਗੋਪੀ ਬੱਬਰੀ, ਸਰਪੰਚ ਸੁੱਖਾ ਮਸੰਤਕੋਟ, ਮਾਸਟਰ ਹਰਜੀਤ ਸਿੰਘ, ਗੁਰਦੀਪ ਸਿੰਘ ਬੋਹੜ ਵਡਾਲਾ, ਜਗਮਨ ਸਿੰਘ, ਮੰਗਲ ਸਿੰਘ ਸਕੂਲ ਕਲਾ, ਰੁਪਤਜਿੰਦਰ ਸਿੰਘ ਨਿੱਕੋਸਰਾ, ਅਮਨ ਕੁਮਾਰ ਨੜਾਵਾਲੀ ਨੰਬਰਦਾਰ ਜਗਦੀਪ ਸਿੰਘ ਕੋਟਲੀ, ਅਮਨਦੀਪ ਮਲੂਕਵਾਲੀ ਭੱਠੇਵਾਲੇ, ਹੈਰੀ ਪੱਡਾ ਤੇ ਹੋਰ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਹਾਜ਼ਰ ਸਨ।

# ਹਿਊਮੈਨਿਟੀ ਫਸਟ ਨੇ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਕਾਪੀਆਂ ਵੰਡ ਕੇ ਸਿੱਖਿਆ ਨੂੰ ਹੁਲਾਰਾ ਦਿੱਤਾ



ਕਾਦੀਆਂ, 7 ਅਪ੍ਰੈਲ (ਸੰਧੂ/ਤਾਰੀ): ਮੁਸਲਿਮ ਜਮਾਤ ਅਹਿਮਦੀਆ ਦੀ ਸਮਾਜ ਸੇਵੀ ਸੰਸਥਾ ਹਿਊਮੈਨਿਟੀ ਫਸਟ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲੇ ਲਗਾਤਾਰ ਜਾਰੀ ਹਨ। ਦੁਨੀਆਂ ਭਰ ਵਿੱਚ ਆਪਣੀਆਂ ਸੇਵਾਵਾਂ ਲਈ ਪ੍ਰਸਿੱਧ ਇਹ ਸੰਸਥਾ ਹਰ ਤਰ੍ਹਾਂ ਦੀ ਕੁਦਰਤੀ ਆਫਤਾਂ, ਗਰੀਬੀ ਤੇ ਸਿੱਖਿਆ ਦੀ ਘਾਟ ਵਰਗੀਆਂ ਸਮੱਸਿਆਵਾਂ ਨਾਲ ਜੂਝ ਰਹੇ ਲੋਕਾਂ ਦੀ ਮਦਦ ਲਈ ਹਮੇਸ਼ਾ ਅੱਗੇ ਰਹਿੰਦੀ ਹੈ। ਇਸੇ ਕੜੀ ਹੇਠ ਅੱਜ ਹਿਊਮੈਨਿਟੀ ਫਸਟ ਦੀ ਟੀਮ ਵੱਲੋਂ ਕਾਦੀਆਂ ਦੇ ਨਜ਼ਦੀਕੀ ਵੱਖ-ਵੱਖ ਸਰਕਾਰੀ ਸਕੂਲਾਂ ਦਾ ਦੌਰਾ ਕੀਤਾ ਗਿਆ, ਜਿੱਥੇ ਸਕੂਲੀ ਬੱਚਿਆਂ ਨੂੰ ਮੁਫ਼ਤ ਕਾਪੀਆਂ ਵੰਡੀਆਂ ਗਈਆਂ। ਇਸ ਉਪਰਾਲੇ ਦਾ ਮਕਸਦ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਤ ਬੱਚਿਆਂ ਦੀ ਸਿੱਖਿਆ ਵਿੱਚ ਸਹਾਇਤਾ ਕਰਨਾ ਤੇ ਉਨ੍ਹਾਂ ਨੂੰ ਪੜ੍ਹਾਈ ਲਈ ਉਤਸ਼ਾਹਿਤ ਕਰਨਾ ਸੀ। ਬੱਚਿਆਂ ਨੇ ਇਸ ਸਹਾਇਤਾ ਨੂੰ ਖੁਸ਼ੀ ਨਾਲ ਸਵੀਕਾਰ ਕੀਤਾ ਤੇ ਸੰਸਥਾ ਦਾ ਧੰਨਵਾਦ ਕੀਤਾ।ਇਸ ਮੌਕੇ ਬਲਾਕ ਨੋਡਲ ਅਫਸਰ ਕਾਦੀਆਂ ਵਿਜੇ ਕੁਮਾਰ ਨੇ ਹਿਊਮੈਨਿਟੀ ਫਸਟ ਦੇ ਇਸ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਸੰਸਥਾਵਾਂ ਸਮਾਜ ਲਈ ਪ੍ਰੇਰਨਾ ਦਾ ਸਰੋਤ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਹਿਊਮੈਨਿਟੀ ਫਸਟ ਪਹਿਲਾਂ ਵੀ ਸਕੂਲਾਂ ਵਿੱਚ ਬੈਗ, ਕਾਪੀਆਂ ਤੇ ਹੋਰ ਸਿੱਖਿਆ ਸਬੰਧੀ ਸਮੱਗਰੀ ਵੰਡ ਚੁੱਕੀ ਹੈ ਤੇ ਲੋੜਵੰਦ ਪਰਿਵਾਰਾਂ ਦੀ ਆਰਥਿਕ ਸਹਾਇਤਾ ਵੀ ਕਰਦੀ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਬੱਚਿਆਂ ਦੇ ਭਵਿੱਖ ਨੂੰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਐਸ.ਐਮ. ਬਸ਼ੀਰੁਦੀਨ, ਨਵੀਦ ਅਹਿਮਦ ਤੇ ਉਨ੍ਹਾਂ ਦੀ ਪੂਰੀ ਟੀਮ ਹਾਜ਼ਰ ਸੀ। ਟੀਮ ਮੈਂਬਰਾਂ ਨੇ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਮਨੁੱਖਤਾ ਦੀ ਸੇਵਾ ਕਰਨਾ ਹੈ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸੇਵਾ ਕਾਰਜ ਜਾਰੀ ਰੱਖੇ ਜਾਣਗੇ।ਸਥਾਨਕ ਲੋਕਾਂ ਤੇ ਅਧਿਆਪਕਾਂ ਵੱਲੋਂ ਵੀ ਇਸ ਉਪਰਾਲੇ ਦੀ ਸਰਾਹਨਾ ਕੀਤੀ ਗਈ।

# ਮੁੱਖ ਮੰਤਰੀ ਨੂੰ ਮੰਗ ਪੱਤਰ ਦੇਣ ਜਾ ਰਹੇ ਕਾਂਗਰਸੀ ਆਗੂਆਂ ਨੂੰ ਨਜ਼ਰਬੰਦ ਕੀਤਾ



ਹਰਿਆਣਾ, 7 ਅਪ੍ਰੈਲ (ਚੰਦਰ ਪ੍ਰਕਾਸ਼): ਇੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਹੁਸ਼ਿਆਰਪੁਰ ਫੇਰੀ ਦੌਰਾਨ ਮਾਹੌਲ ਉਦੋਂ ਤਣਾਅਪੂਰਨ ਹੋ ਗਿਆ, ਜਦੋਂ ਕਾਂਗਰਸ ਕਿਸਾਨ ਸੈਲ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਤੇ ਮੁਕੇਰੀਆਂ ਹਲਕੇ ਤੋਂ ਸੀਨੀਅਰ ਕਾਂਗਰਸੀ ਆਗੂ ਅਮਰਜੀਤ ਸਿੰਘ ਢਾਡੇਕਟਵਾਲ ਦੀ ਅਗਵਾਈ ਵਿੱਚ ਮੁੱਖ ਮੰਤਰੀ ਨੂੰ ਮੰਗ ਪੱਤਰ ਸੌਂਪਣ ਜਾ ਰਹੇ ਵਫ਼ਦ ਨੂੰ ਹਰਿਆਣਾ ਪੁਲਿਸ ਨੇ ਰਾਹ ਵਿੱਚ ਰੋਕ ਕੇ ਜਬਰੀ ਨਜ਼ਰਬੰਦ ਕਰ ਲਿਆ। ਕਾਂਗਰਸੀ ਆਗੂਆਂ ਨੇ ਦਾਅਵਾ ਕੀਤਾ ਕਿ ਸ਼ਾਂਤਮਈ ਢੰਗ ਨਾਲ ਮੁੱਖ ਮੰਤਰੀ ਨੂੰ ਮਿਲਣ ਜਾ ਰਹੇ ਵਫ਼ਦ ਨਾਲ ਹਰਿਆਣਾ ਪੁਲਿਸ ਨੇ ਧੱਕਾਮੁੱਕੀ ਕੀਤੀ ਤੇ ਲਾਠੀਚਾਰਜ ਵੀ ਕੀਤਾ ਗਿਆ। ਇਸ ਸਮੇਂ ਗੱਲਬਾਤ ਕਰਦਿਆਂ ਅਮਰਜੀਤ ਸਿੰਘ ਢਾਡੇਕਟਵਾਲ ਨੇ ਕਿਹਾ ਕਿ ਸੱਤਾਧਾਰੀ ਸਰਕਾਰ ਵੱਲੋਂ ਕੰਢੀ ਖੇਤਰ ਸਮੇਤ ਮੁਕੇਰੀਆਂ ਹਲਕੇ ਨਾਲ ਕੀਤਾ ਜਾ ਰਿਹਾ ਮਤਰੇਆ ਸਲੂਕ ਕੀਤਾ ਜਾ ਰਿਹਾ ਹੈ ਤੇ ਕੰਢੀ ਖੇਤਰ ਦੀਆਂ ਸੜਕਾਂ ਬਹੁਤ ਹੀ ਖਸਤਾਹਾਲ ਹੋ ਚੁੱਕੀਆਂ ਹਨ, ਜਿਸ ਕਾਰਨ ਆਮ ਜਨਤਾ ਤੇ ਕਿਸਾਨਾਂ ਨੂੰ ਦਿਨ-ਪ੍ਰਤੀਦਿਨ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸੇ ਕਰਕੇ ਖੇਤੀਬਾੜੀ ਉਤਪਾਦ ਨੂੰ ਮੰਡੀਆਂ ਤੱਕ ਪਹੁੰਚਾਉਣ ਵਿੱਚ ਵੀ ਰੁਕਾਵਟ ਆ ਰਹੀ ਹੈ। ਇਸ ਤੋਂ ਇਲਾਵਾ ਦਰਿਆ ਬਿਆਸ ਉਤੇ ਬਣੇ ਧੁੱਸੀ ਬੰਨ੍ਹ ਦੀ ਮੌਜੂਦਾ ਹਾਲਤ ਕਾਫ਼ੀ ਨਾਜ਼ੁਕ ਹੈ। ਇਸ ਤੋਂ ਇਲਾਵਾ ਡਰੇਨਾਂ ਦੀ ਸਫ਼ਾਈ ਨਾ ਹੋਣ ਕਾਰਨ ਪਾਣੀ ਦੀ ਨਿਕਾਸੀ ਰੁਕਦੀ ਹੈ। ਇਸ ਮੌਕੇ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਹਿੰਮਤ ਸਿੰਘ ਦਿਓਲ, ਯੂਥ ਕਾਂਗਰਸ ਦੇ ਸੂਬਾ ਜਨਰਲ ਸਕੱਤਰ ਪਰਮਵੀਰ ਸਿੰਘ ਢਾਡੇਕਟਵਾਲ, ਡਾ. ਸਤਿੰਦਰ ਸਿੰਘ ਖਿਜ਼ਰਪੁਰ, ਸ਼ਾਮ ਸਿੰਘ ਕੁੱਲੀਆਂ ਲੁਬਾਣਾ, ਭੁਪਿੰਦਰ ਸਿੰਘ ਪੁਰਾਣਾ ਭੰਗਾਲਾ, ਵਿਕਰਮ ਜੁਲਕਾ ਦਸੂਹਾ, ਸ਼ੰਕਰ ਖੋਸਲਾ ਜ਼ਿਲ੍ਹਾ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਟਾਇਗਰ ਫੋਰਸ, ਪ੍ਰਿੰਸ ਸ਼ਰਮਾ ਹਾਜੀਪੁਰ, ਜਤਿਨ ਸਿੰਘ, ਸਾਹਿਲ ਸਹੋਤਾ, ਜਤਿੰਦਰ ਬੱਧਣ, ਹਰਦੀਪ ਸਿੰਘ, ਹੈਪੀ ਮਸੀਹ, ਰੋਹਿਤ ਕੁਮਾਰ, ਪ੍ਰੀਤ ਲੁਬਾਣਾ, ਲਵਲੀ ਲੁਬਾਣਾ ਵਫ਼ਦ ਵਿੱਚ ਸ਼ਾਮਲ ਸਨ।

# ਪੰਜਾਬ ਆੜ੍ਹਤੀ ਐਸੋਸੀਏਸ਼ਨ ਵੱਲੋਂ ਗੁਰਮੁੱਖ ਰੰਧਾਵਾ ਸਟੇਟ ਬਾਡੀ ਦੇ ਮੀਤ ਪ੍ਰਧਾਨ ਨਿਯੁਕਤ



ਚੌਂਕ ਮਹਿਤਾ, 7 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ): ਪੰਜਾਬ ਆੜ੍ਹਤੀ ਐਸੋਸੀਏਸ਼ਨ ਵੱਲੋਂ ਦਾਣਾ ਮੰਡੀ ਮਹਿਤਾ ਤੋਂ ਆੜ੍ਹਤੀ ਗੁਰਮੁੱਖ ਸਿੰਘ ਰੰਧਾਵਾ ਸਾਬਾ ਉਦੋਨੰਗਲ ਨੂੰ ਸਟੇਟ ਬਾਡੀ ਦੇ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸੂਬਾ ਪ੍ਰਧਾਨ ਰਾਣਾ ਜਸਵਿੰਦਰ ਸਿੰਘ ਦੀ ਸਰਪ੍ਰਸਤੀ ਤੇ ਮਾਝਾ ਜ਼ੋਨ ਦੇ ਪ੍ਰਧਾਨ ਨਰਿੰਦਰ ਬਹਿਲ ਦੀ ਅਗਵਾਈ ਹੇਠ ਹੋਈ ਸੂਬਾ ਪੱਧਰੀ ਮੀਟਿੰਗ ਦੌਰਾਨ ਇਹ ਅਹੁਦੇਦਾਰੀਆਂ ਦਿੱਤੀਆਂ ਗਈਆਂ। ਨਵ-ਨਿਯੁਕਤ ਮੀਤ ਪ੍ਰਧਾਨ ਗੁਰਮੁੱਖ ਸਿੰਘ ਸਾਬਾ ਨੇ ਇਸ ਨਿਯੁਕਤੀ ਲਈ ਜਥੇਬੰਦੀ ਹਾਈਕਮਾਂਡ ਤੇ ਸਮੂਹ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਜ਼ਿੰਮੇਵਾਰੀ ਨੂੰ ਉਹ ਪੂਰੀ ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਬਲਜਿੰਦਰ ਸਿੰਘ ਹੈਪੀ, ਗੁਰਵੇਲ ਸਿੰਘ ਡੇਹਰੀਵਾਲ, ਜਥੇ.ਰਾਜਬੀਰ ਸਿੰਘ ਉਦੋਨੰਗਲ, ਪ੍ਰਧਾਨ ਸੁਖਦੇਵ ਸਿੰਘ, ਰਜਿੰਦਰ ਸਿੰਘ ਸਰਪੰਚ, ਕੇਵਲ ਕ੍ਰਿਸ਼ਨ, ਚੇਅਰਮੈਨ ਸੁਰਜੀਤ ਸਿੰਘ ਕੰਗ, ਗੁਰਮੁੱਖ ਸਿੰਘ ਡੇਹਰੀਵਾਲ, ਗਿਆਨੀ ਸੁਰਜੀਤ ਸਿੰਘ, ਕੁਲਤਾਰਨ ਸਿੰਘ ਪੱਡਾ, ਬਲਵਿੰਦਰ ਕੁਮਾਰ, ਦਵਿੰਦਰ ਸਿੰਘ ਮੱਲ੍ਹੀ, ਰਾਜਿੰਦਰ ਸਿੰਘ ਟੀਟੂ ਸ਼ਾਹ, ਜਤਿੰਦਰ ਸਿੰਘ ਲੱਧਾਮੁੰਡਾ, ਹਰਪਾਲ ਸਿੰਘ ਜੱਜ, ਸੁਖਬੀਰ ਸਿੰਘ, ਰਾਜਨ ਸਿੰਘ, ਪ੍ਰਧਾਨ ਰਣਜੀਤ ਸਿੰਘ ਮਹਿਤਾ, ਕਾਲੂ ਮਹਿਤਾ, ਜੋਧ ਮਹਿਤਾ ਤੇ ਮਿੱਠੂ ਚੌਧਰੀ ਆਦਿ ਮੌਜੂਦ ਸਨ।

# ਆੜ੍ਹਤੀ ਐਸੋਸੀਏਸ਼ਨ ਵੱਲੋਂ ਹੜਤਾਲ ਦੀ ਦਿੱਤੀ ਗਈ ਕਾਲ ਵਾਪਸ: ਪ੍ਰਧਾਨ ਸੰਧੂ

ਅਜਨਾਲਾ, 7 ਅਪ੍ਰੈਲ (ਸੁਖਦੇਵ ਸਿੰਘ ਖ਼ਾਲਸਾ): ਅਜਨਾਲਾ ਦੇ ਆੜ੍ਹਤੀ ਐਸੋਸੀਏਸ਼ਨ ਵੱਲੋਂ ਦਾਣਾ ਮੰਡੀ ਵਿਖੇ ਇੱਕ ਅਹਿਮ ਮੀਟਿੰਗ ਪ੍ਰਧਾਨ ਸਤਬੀਰ ਸੰਧੂ ਦੀ ਅਗਵਾਈ ਹੇਠ ਕੀਤੀ ਗਈ, ਜਿਸ ਵਿੱਚ ਇਹ ਮਤਾ ਪਾਸ ਕੀਤਾ ਗਿਆ ਕਿ ਜੋ ਮੰਡੀ ਵਿੱਚ 2.5 % ਕਮਿਸ਼ਨ ਦੀ ਮੰਗ ਨੂੰ ਲੈ ਕੇ ਹੜਤਾਲ ਦੀ ਕਾਲ



ਦਿੱਤੀ ਗਈ ਸੀ ਉਹ ਕੈਂਸਲ ਕਰ ਦਿੱਤੀ ਗਈ ਹੈ। ਜਿਸ ਦੀ ਵਜ੍ਹਾ ਮੌਸਮ ਖਰਾਬ ਤੇ ਜ਼ਿਮੀਦਾਰਾਂ ਦੀ ਪੱਕ ਚੁੱਕੀ ਫਸਲ ਹੈ ਤਾਂ ਕਿ ਜੋ ਸਾਡੇ ਜ਼ਿਮੀਦਾਰ ਭਰਾ ਮੰਡੀ ਵਿੱਚ ਖਰਾਬ ਨਾ ਹੋਣ। ਇਸ ਕਰਕੇ ਐਸੋਸੀਏਸ਼ਨ ਅਜਨਾਲਾ ਮੰਡੀ ਵੱਲੋਂ ਹੜਤਾਲ ਨੂੰ ਵਾਪਸ ਲਿਆ ਗਿਆ ਹੈ, ਜੋ ਵੀ ਜ਼ਿੰਮੀਦਾਰ ਪੱਕੀ ਫਸਲ ਮੰਡੀ ਵਿੱਚ ਲਿਆਏਗਾ, ਸਹੀ ਨਮੀ ਹੋਵੇਗੀ, ਉਸ ਦੀ ਕਣਕ ਦੀ ਤੁਰੰਤ ਖਰੀਦ ਕੀਤੀ ਜਾਵੇਗੀ। ਇਸ ਮੌਕੇ 'ਤੇ ਪ੍ਰਧਾਨ ਸਤਬੀਰ ਸੰਧੂ ਤੋਂ ਇਲਾਵਾ ਸੁਖਬੀਰ ਸਿੰਘ, ਹਰਪਾਲ ਸਿੰਘ, ਬਿਕਰਮ ਛੀਨਾ, ਇੰਦਰਜੀਤ ਭੁੱਲਰ, ਹਰਜੀਤ ਸਿੰਘ, ਨੌਨਿਹਾਲ ਸਿੰਘ, ਮਾਸਟਰ ਬਲਵਿੰਦਰ ਸਿੰਘ, ਵਿਜੇ ਕੁਮਾਰ, ਹਰਪ੍ਰੀਤ ਨਿਜਰ, ਸੁਵਿੰਦਰ ਸਿੰਘ, ਦਲਜੀਤ ਸਿੰਘ ਆਦਿ ਆੜ੍ਹਤੀਏ ਹਾਜ਼ਰ ਸਨ।

# ਥਾਣਾ ਗੜ੍ਹਦੀਵਾਲ ਦਾ ਘਿਰਾਓ ਤੇ ਸੂਬੇ ਭਰ 'ਚ ਹੋਏ ਜ਼ਬਰਦਸਤ ਵਿਰੋਧ ਪ੍ਰਦਰਸ਼ਨ ਤੋਂ ਬਾਅਦ ਨਜ਼ਰਬੰਦ ਦਰਸ਼ਵੀਰ ਸਿੰਘ ਰਾਣਾ ਰਿਹਾਅ

ਗੜ੍ਹਦੀਵਾਲਾ, 7 ਅਪ੍ਰੈਲ (ਗੌਰਵ): ਅੱਜ ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ. 26 ਦੇ ਸੂਬਾ ਜੁਆਇੰਟ ਸਕੱਤਰ ਸੁੱਖਵਿੰਦਰ ਸਿੰਘ ਖਰਲ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ



ਮਾਨ ਦੀ ਹੁਸ਼ਿਆਰਪੁਰ ਫੇਰੀ ਦੌਰਾਨ ਜਥੇਬੰਦੀ ਦੇ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ ਨੂੰ ਸਵੇਰੇ ਤੜਕਸਾਰ ਪੁਲਿਸ ਪ੍ਰਸ਼ਾਸਨ ਗੜ੍ਹਦੀਵਾਲਾ ਵੱਲੋਂ ਨਾਜਾਇਜ਼ ਤੌਰ 'ਤੇ ਅਰੈਸਟ ਕਰਕੇ ਨਜ਼ਰਬੰਦ ਕੀਤਾ ਗਿਆ ਤੇ ਇਸ ਕਾਰਨ ਜਲ ਸਪਲਾਈ ਸਕੀਮ ਗੋਂਦਪੁਰ ਰਾਣਾ ਤੋਂ ਚੱਲਦੇ ਪਾਣੀ ਦੀ ਸਪਲਾਈ ਬੰਦ ਰਹੀ, ਜਿਸ ਕਾਰਨ ਆਮ ਜਨਤਾ ਨੂੰ ਵੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਇਸ ਤੋਂ ਇਲਾਵਾ ਆਗੂਆਂ ਨੇ ਕਿਹਾ ਕਿ ਜਥੇਬੰਦੀ ਵੱਲੋਂ ਕਿਸੇ ਤਰ੍ਹਾਂ ਦਾ ਰੋਸ ਪ੍ਰਦਰਸ਼ਨ ਕਰਨ ਦਾ ਕੋਈ ਪ੍ਰੋਗਰਾਮ ਨਹੀਂ ਦਿੱਤਾ ਗਿਆ ਸੀ ਪ੍ਰੰਤੂ ਫ਼ੇਰ ਵੀ ਸਰਕਾਰ ਵੱਲੋਂ ਯੂਨੀਅਨ ਆਗੂਆਂ ਨੂੰ ਧੱਕੇ ਨਾਲ ਥਾਣੇ ਵਿੱਚ ਬੰਦ ਕਰਨਾ ਮੰਦਭਾਗਾ ਹੈ, ਜਿਸ ਦੀ ਸਮੂਹ ਸੂਬਾ ਕਮੇਟੀ ਨਿਖੇਧੀ ਕਰਦੀ ਹੈ, ਜਿਸ ਦੇ ਸਬੰਧ ਵਿੱਚ ਪੂਰੇ ਪੰਜਾਬ ਵਿੱਚ ਵੱਖ-ਵੱਖ ਜ਼ਿਲ੍ਹਿਆਂ ਵਿੱਚ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਹੁਸ਼ਿਆਰਪੁਰ ਦੇ ਸਮੂਹ ਵਰਕਰਾਂ ਨੇ ਥਾਣਾ ਗੜ੍ਹਦੀਵਾਲਾ ਦੇ ਅੱਗੇ ਰੋਸ ਧਰਨਾ ਲਗਾਇਆ ਗਿਆ, ਜਿਸ ਦੇ ਸਿੱਟੇ ਵਜੋਂ ਪ੍ਰਸ਼ਾਸਨ ਨੇ ਜਥੇਬੰਦੀ ਦੇ ਦਬਾਅ ਸਦਕਾ ਸੂਬਾ ਪ੍ਰਧਾਨ ਨੂੰ ਥਾਣੇ ਵਿੱਚੋਂ ਰਿਹਾ ਕਰਵਾਇਆ ਗਿਆ। ਇਸ ਸਮੇਂ ਬ੍ਰਾਂਚ ਪ੍ਰਧਾਨ ਅਨਿਲ ਕੁਮਾਰ ਟਾਂਡਾ ਕਮਲਜੀਤ ਸਿੰਘ, ਸ਼ਰਨਜੀਤ ਸਿੰਘ, ਪਰਦੀਪ ਸਿੰਘ, ਅਨਿਲ ਕੁਮਾਰ, ਜਗਦੀਸ਼ ਸਿੰਘ, ਜਗੀਰ ਸਿੰਘ, ਸੰਦੀਪ ਕੁਮਾਰ, ਕੁਲਵਿੰਦਰ ਸਿੰਘ, ਰਵਿੰਦਰ ਸਿੰਘ, ਕੁਲਦੀਪ ਰਾਣਾ, ਰਣਦੀਪ ਸਿੰਘ ਧਨੋਆ, ਹਰਨੇਕ ਸਿੰਘ, ਗੁਰਬਖਸ਼ ਰਾਏ, ਹਰਜੀਤ ਸਿੰਘ, ਦਿਲਬਾਗ ਸਿੰਘ, ਅਜੇ ਕੁਮਾਰ, ਸ਼ਾਮ ਸੁੰਦਰ, ਕੁਲਜੀਤ ਸਿੰਘ, ਮਨਪ੍ਰੀਤ ਸਿੰਘ, ਅਸ਼ੋਕ ਕੁਮਾਰ, ਮਨਦੀਪ ਸਿੰਘ, ਬਲਕਾਰ ਸਿੰਘ, ਸੁਪਿੰਦਰ ਸਿੰਘ, ਕੁਲਦੀਪ ਸਿੰਘ, ਗੁਰਮੱਖ ਸਿੰਘ ਹਾਜ਼ਰ ਸਨ।

# ਨੰਬਰਦਾਰਾਂ ਦੀਆਂ ਮੰਗਾਂ ਜਲਦ ਪੂਰੀਆਂ ਨਾ ਹੋਈਆਂ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ: ਗੁਰਦੇਵ ਸਿੰਘ ਮੱਲੀ

ਕਲਾਨੌਰ, 7 ਅਪ੍ਰੈਲ (ਇਕਬਾਲ ਵਾਲੀਆ/ਕਮਲਜੀਤ ਸਿੰਘ): ਨੰਬਰਦਾਰ ਯੂਨੀਅਨ ਦੀ ਬਲਾਕ ਪੱਧਰੀ ਅਹਿਮ ਬੈਠਕ ਤਹਿਸੀਲ ਕਲਾਨੌਰ ਕੰਪਲੈਕਸ ਵਿੱਚ ਪ੍ਰਧਾਨ ਗੁਰਦੇਵ ਸਿੰਘ ਮੱਲੀ ਭੰਡਾਲ ਦੀ ਅਗਵਾਈ ਹੇਠ ਹੋਈ। ਇਸ ਮੌਕੇ ਨੰਬਰਦਾਰਾਂ ਨੂੰ ਦਰਪੇਸ਼ ਮੁਸ਼ਕਿਲਾਂ ਸਮੱਸਿਆਵਾਂ 'ਤੇ ਭਰਵੀਂ ਵਿਚਾਰ ਚਰਚਾ ਕੀਤੀ ਗਈ। ਸੰਬੋਧਨ ਦੌਰਾਨ ਪ੍ਰਧਾਨ ਮੱਲੀ ਨੇ ਰੋਸ ਜ਼ਾਹਿਰ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਮੌਕੇ ਚੋਣ ਮਨੋਰਥ ਪੱਤਰ ਰਾਹੀਂ ਨੰਬਰਦਾਰਾਂ ਨਾਲ ਵਾਅਦਾ ਕੀਤਾ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਗਠਨ ਉਪਰੰਤ ਨੰਬਰਦਾਰਾਂ ਦੇ ਮਾਣ ਭੱਤੇ ਵਿੱਚ ਵਾਧਾ ਕੀਤਾ ਜਾਵੇਗਾ, ਨੰਬਰਦਾਰਾਂ ਨੂੰ ਬੈਠਣ ਲਈ ਤਹਿਸੀਲ ਵਿੱਚ ਦਫ਼ਤਰ ਅਲਾਟ ਕੀਤੇ ਜਾਣਗੇ,



ਪਰ ਅਜਿਹਾ ਕੁਝ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਮੰਗਾਂ ਪੂਰੀਆਂ ਨਾ ਹੋਣ ਕਾਰਨ ਸੂਬੇ ਵਿਚਲੇ ਸਮੂਹ ਨੰਬਰਦਾਰਾਂ ਦੇ ਮਨਾਂ ਵਿੱਚ ਰੋਸ ਦੀ ਲਹਿਰ ਵੱਡੇ ਪੱਧਰ 'ਤੇ ਫੈਲ ਰਹੀ ਹੈ। ਪ੍ਰਧਾਨ ਮੱਲੀ ਨੇ ਆਖਿਆ ਕਿ ਜੇਕਰ ਸਰਕਾਰ ਨੇ ਸਾਡੀਆਂ ਮੰਗਾਂ ਨਾ ਮੰਨੀਆਂ ਤਾਂ ਅਸੀਂ ਪੰਜਾਬ ਲੈਵਲ 'ਤੇ ਵੱਡੀ ਮੀਟਿੰਗ ਕਰਕੇ ਸਰਕਾਰ ਵਿਰੁੱਧ ਸੰਘਰਸ਼ ਦਾ ਐਲਾਨ ਕਰਾਂਗੇ। ਇਸ ਮੌਕੇ ਬਲਰਾਜ ਸਿੰਘ ਗਰਾਇਆ, ਗੁਰਵਿੰਦਰ ਪਾਲ ਸਿੰਘ, ਕੁਲਦੀਪ ਦੇਵਾ, ਧੰਨਾ ਸਿੰਘ, ਅਜੀਤ ਸਿੰਘ, ਅਮਰੀਕ ਬਚਿੱਤਰ, ਧਰਮਿੰਦਰ ਸਿੰਘ, ਚੰਨਣ ਸਿੰਘ, ਹਰਜੀਤ, ਬਸੰਤ, ਜਗੀਰ, ਹਰਭਜਨ, ਨਰਿੰਦਰ ਪਾਲ, ਗੁਰ ਬਾਜ ਸਿੰਘ, ਅਸ਼ਵਨੀ ਮਹਲਾ, ਜਗੀਰ, ਜਸਵਿੰਦਰ, ਪਲਵਿੰਦਰ ਸਿੰਘ, ਸੁਲੱਖਣ ਸਿੰਘ, ਸਰਬਜੀਤ ਸਿੰਘ, ਕੁਲਵਿੰਦਰ, ਦਲਬੀਰ, ਗੁਰੂਨਾਮ ਸਤਪਾਲ, ਅਵਤਾਰ, ਜਸ਼ਨ ਪ੍ਰੀਤ, ਪੰਜਾਬ ਸਿੰਘ, ਗੁਰਦੇਵ ਸਿੰਘ, ਪਰਮਿੰਦਰ ਸਿੰਘ, ਰਜਿੰਦਰ ਸਿੰਘ ਮੁਖਵਿੰਦਰ ਸਿੰਘ, ਲੱਖਾ ਸਿੰਘ, ਚੰਨਨ ਸਿੰਘ, ਹਰਭਜਨ ਸਿੰਘ, ਰਮੇਸ਼ ਕਮਲ, ਅਜੀਤ ਲਾਲ, ਕੱਤੋਵਾਲ, ਤਰਸੇਮ ਸਿੰਘ, ਜਸਵਿੰਦਰ ਸਿੰਘ, ਹਰਜੀਤ, ਗੁਰਵਿੰਦਰਪਾਲ, ਗੁਰਬਚਨ, ਬਲਵਿੰਦਰ ਹਾਜ਼ਰ ਸਨ।

# ਕਲਯੁਗੀ ਪੁੱਤ ਨੇ ਜ਼ਮੀਨ ਲਈ ਪਿਤਾ ਦਾ ਕਤਲ ਕੀਤਾ

ਡੱਬਵਾਲੀ, 7 ਅਪ੍ਰੈਲ (ਚ.ਨ.ਸ): ਹਰਿਆਣਾ ਦੇ ਸਿਰਸਾ ਜ਼ਿਲ੍ਹੇ ਦੇ ਡੱਬਵਾਲੀ ਦੇ ਪਿੰਡ ਅਹਿਮਦਪੁਰ ਦਾਰੇਵਾਲਾ ਤੋਂ ਇੱਕ ਦਿਲ ਨੂੰ ਦਹਿਲਾ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ।ਇੱਥੇ ਜ਼ਮੀਨ ਦੇ ਟੁਕੜੇ ਨੂੰ ਲੈ ਕੇ ਹੋਏ ਝਗੜੇ ਕਾਰਨ ਇੱਕ ਪੁੱਤਰ ਨੇ ਆਪਣੇ ਹੀ 65 ਸਾਲਾ ਪਿਤਾ ਜਸਵੰਤ ਸਿੰਘ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ। ਇਸ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਫੈਲਾ ਗਈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਐਤਵਾਰ ਰਾਤ ਲਗਭਗ 9:30 ਵਜੇ ਜਦੋਂ ਜਸਵੰਤ ਸਿੰਘ ਆਪਣੇ ਘਰ ਵਾਪਸ ਆ ਰਿਹਾ ਸੀ ਤਾਂ ਉਸਦੇ ਪੁੱਤਰ ਰਾਮ ਸਿੰਘ ਨੇ ਆਪਣੇ ਸਾਥੀਆਂ ਨਾਲ ਨੇ ਉਸ 'ਤੇ ਅਚਾਨਕ ਹਮਲਾ ਕਰ ਦਿੱਤਾ। ਰਾਮ ਸਿੰਘ ਨੇ ਪਹਿਲਾਂ ਇੱਕ ਜੀਪ ਨਾਲ ਆਪਣੇ ਪਿਤਾ ਨੂੰ ਟੱਕਰ ਮਾਰੀ ਤੇ ਜਸਵੰਤ ਸਿੰਘ ਜ਼ਮੀਨ 'ਤੇ ਡਿੱਗ ਗਿਆ। ਇਸ ਤੋਂ ਬਾਅਦ ਪੁੱਤਰ ਨੇ ਆਪਣੇ ਪਿਤਾ 'ਤੇ ਹਥਿਆਰਾਂ ਨਾਲ ਹਮਲਾ ਕੀਤਾ ਤੇ ਜਸਵੰਤ ਸਿੰਘ ਸੱਟਾਂ ਦੀ ਤਾਬ ਨਾ ਝੱਲਦਾ ਹੋਇਆ ਦਮ ਤੋੜ ਗਿਆ। ਇੱਕ ਗਸ਼ਤ ਕਰ ਰਹੀ ਡਾਇਲ 112 ਪੁਲਿਸ ਟੀਮ ਨੇ ਉਸ ਨੂੰ ਸਿਵਲ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ।ਮੁਲਜ਼ਮ ਪੁੱਤਰ ਰਾਮ ਸਿੰਘ ਨਾ ਸਿਰਫ਼ ਜ਼ਮੀਨ ਦੇ ਆਪਣੇ ਹੱਕਦਾਰ ਹਿੱਸੇ ਦਾ ਦਾਅਵਾ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ, ਸਗੋਂ ਆਪਣੀ ਵਿਆਹੁਤਾ ਭੈਣ ਤੇ ਆਪਣੇ ਮਾਨਸਿਕ ਤੌਰ 'ਤੇ ਕਮਜ਼ੋਰ ਭਰਾ ਦੇ ਹਿੱਸੇ ਵੀ ਹਥਿਆਉਣਾ ਚਾਹੁੰਦਾ ਸੀ। ਘਟਨਾ ਦੀ ਜਾਣਕਾਰੀ ਮਿਲਣ 'ਤੇ ਡੱਬਵਾਲੀ ਸਦਰ ਪੁਲਿਸ ਸਟੇਸ਼ਨ ਦੇ ਐਸਐਚਓ ਸ਼ੈਲੇਂਦਰ ਕੁਮਾਰ ਆਪਣੀ ਪੁਲਿਸ ਟੀਮ ਨਾਲ ਘਟਨਾ ਵਾਲੀ ਥਾਂ 'ਤੇ ਪਹੁੰਚੇ। ਪੁਲਿਸ ਨੇ ਮੁੱਖ ਮੁਲਜ਼ਮ ਰਾਮ ਸਿੰਘ ਤੇ ਉਸਦੇ ਸਾਥੀਆਂ ਵਿਰੁੱਧ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ। ਫਿਲਹਾਲ ਮੁਲਜ਼ਮ ਰਾਮ ਸਿੰਘ ਇਸ ਸਮੇਂ ਆਪਣੇ ਸਾਥੀਆਂ ਸਮੇਤ ਫਰਾਰ ਹੈ ਤੇ ਪੁਲਿਸ ਵੱਲੋਂ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਕੈਨੇਡਾ 'ਚ ਵੱਧ ਰਹੀ ਖਾਲਿਸਤਾਨੀ ਕੱਟੜਪੰਥੀ ਲਹਿਰ ਚਿੰਤਾ ਦਾ ਵਿਸ਼ਾ, ਗੁਰਦੁਆਰਾ ਪਲੇਟਫਾਰਮਾਂ ਦੀ ਹੋ ਰਹੀ ਹੈ ਦੁਰਵਰਤੋਂ: ਭਾਜਪਾ

ਅੰਮ੍ਰਿਤਸਰ, 7 ਅਪ੍ਰੈਲ (ਚ.ਨ.ਸ): ਭਾਰਤੀ ਜਨਤਾ ਪਾਰਟੀ ਨੇ ਕੈਨੇਡਾ ਦੇ ਵੱਖ-ਵੱਖ ਹਿੱਸਿਆਂ, ਖਾਸ ਕਰਕੇ ਓਨਟਾਰੀਓ ਸੂਬੇ ਵਿੱਚ ਸਿੱਖ ਸੰਸਥਾਵਾਂ ਦੇ ਕੁਝ ਹਿੱਸਿਆਂ ਵਿੱਚ ਖਾਲਿਸਤਾਨੀ ਕੱਟੜਪੰਥ ਦੇ ਵੱਧ ਰਹੇ ਪਸਾਰੇ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚੰਦ ਸਿੰਘ ਨੇ ਅੰਮ੍ਰਿਤਸਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੈਨੇਡਾ ਵਿੱਚ ਸਿੱਖ ਭਾਈਚਾਰੇ ਦੇ ਅੰਦਰ ਚੱਲ ਰਹੇ ਤਾਜ਼ਾ ਟਕਰਾਅ ਮਹਿਜ਼ ਆਮ ਭਾਈਚਾਰਕ ਵਿਵਾਦ ਨਹੀਂ ਹਨ, ਸਗੋਂ ਇਹ ਕੁਝ ਖਾਸ ਗਰੁੱਪਾਂ ਵੱਲੋਂ ਸਿੱਖ ਪਛਾਣ, ਅਧਿਕਾਰਾਂ ਤੇ ਨਿਆਂ ਦੇ ਨਾਮ ਹੇਠ ਆਪਣੀ ਵਿਚਾਰਧਾਰਕ ਸਰਦਾਰੀ ਸਥਾਪਤ ਕਰਨ ਦੀ ਇੱਕ ਡੂੰਘੀ ਸਾਜ਼ਿਸ਼ ਦਾ ਹਿੱਸਾ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਕੈਨੇਡਾ ਵਿੱਚ ਗੁਰਦੁਆਰਾ ਸਾਹਿਬਾਨ ਦੇ ਪਲੇਟਫਾਰਮਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ ਤੇ ਅਸਹਿਮਤੀ ਰੱਖਣ ਵਾਲੀਆਂ ਆਵਾਜ਼ਾਂ ਨੂੰ ਡਰਾਉਣ-ਧਮਕਾਉਣ ਤੇ ਚੁੱਪ ਕਰਾਉਣ ਦੇ ਯਤਨ ਕੀਤੇ ਜਾ ਰਹੇ ਹਨ। ਪ੍ਰੋ. ਸਰਚੰਦ ਸਿੰਘ ਨੇ ਕਿਹਾ ਕਿ ਇਹ ਸਥਿਤੀ ਬਿਆਨਬਾਜ਼ੀ ਤੋਂ ਅੱਗੇ ਵੱਧ ਕੇ ਹੁਣ ਸੰਸਥਾਵਾਂ 'ਤੇ ਕਬਜ਼ਾ ਕਰਨ ਦੇ ਸੰਗਠਿਤ ਯਤਨਾਂ ਵਿੱਚ ਬਦਲ ਚੁੱਕੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸਿੱਖ ਪਛਾਣ ਤੇ ਖਾਲਿਸਤਾਨੀ ਕੱਟੜਪੰਥ ਦੋ ਵੱਖ-ਵੱਖ ਚੀਜ਼ਾਂ ਹਨ ਤੇ ਵਿਸ਼ਵ ਭਰ ਦਾ ਸਿੱਖ ਭਾਈਚਾਰਾ ਹਿੰਸਾ ਜਾਂ ਅਜਿਹੀ ਕਿਸੇ ਵੀ ਲਹਿਰ ਦਾ ਸਮਰਥਨ ਨਹੀਂ ਕਰਦਾ ਜੋ ਅਮਨ-ਸ਼ਾਂਤੀ ਨੂੰ ਭੰਗ ਕਰਦੀ ਹੋਵੇ।ਭਾਜਪਾ ਆਗੂ ਨੇ ਕਿਹਾ ਕਿ ਕੁਝ ਲੋਕ 1984 ਦੇ ਦੁਖਾਂਤ ਤੇ ਧਾਰਮਿਕ ਭਾਵਨਾਵਾਂ ਦਾ ਸਿਆਸੀ ਲਾਹਾ ਲੈਣ ਲਈ ਨਿਰੰਤਰ ਯਤਨਸ਼ੀਲ ਹਨ। ਉਨ੍ਹਾਂ ਇਤਿਹਾਸ ਦਾ ਹਵਾਲਾ ਦਿੰਦਿਆਂ ਕਿਹਾ ਕਿ ਪੰਜਾਬ ਨੇ 1981 ਤੋਂ 2000 ਦਰਮਿਆਨ ਅੱਤਵਾਦ ਦੇ ਦੌਰ ਵਿੱਚ 21,000 ਤੋਂ ਵੱਧ ਜਾਨਾਂ ਗੁਆਈਆਂ ਹਨ, ਜਿਨ੍ਹਾਂ ਵਿੱਚ ਸਭ ਤੋਂ ਵੱਧ ਨੁਕਸਾਨ ਆਮ ਨਾਗਰਿਕਾਂ ਦਾ ਹੋਇਆ ਹੈ। ਉਨ੍ਹਾਂ 1985 ਦੇ ਏਅਰ ਇੰਡੀਆ ਫਲਾਇਟ 182 (ਕਨਿਸ਼ਕ) ਬੰਬ ਧਮਾਕੇ ਦਾ ਜ਼ਿਕਰ ਕਰਦਿਆਂ ਚੇਤਾਵਨੀ ਦਿੱਤੀ ਕਿ ਅਜਿਹੀ ਕੱਟੜਪੰਥੀ ਸੋਚ ਪੂਰੀ ਮਨੁੱਖਤਾ ਲਈ ਖ਼ਤਰਾ ਹੈ। ਪ੍ਰੋ. ਸਰਚੰਦ ਸਿੰਘ ਨੇ ਕਿਹਾ ਕਿ ਹਾਲ ਹੀ ਵਿੱਚ ਬਰੈਂਪਟਨ ਦੇ ਤ੍ਰਿਵੇਣੀ ਮੰਦਰ ਤੇ ਸਰੀ ਦੇ ਲਕਸ਼ਮੀ ਨਾਰਾਇਣ ਮੰਦਰ ਦੇ ਬਾਹਰ ਪ੍ਰਦਰਸ਼ਨਾਂ ਦੇ ਕੀਤੇ ਗਏ ਸੱਦੇ ਫੇਲ੍ਹ ਸਾਬਤ ਹੋਏ ਹਨ। ਉਨ੍ਹਾਂ ਕਿਹਾ ਕਿ ਹਜ਼ਾਰਾਂ ਦੀ ਗਿਣਤੀ ਦਾ ਦਾਅਵਾ ਕਰਨ ਵਾਲੇ ਗਰੁੱਪਾਂ ਨੂੰ ਸਿੱਖ ਭਾਈਚਾਰੇ ਵੱਲੋਂ ਕੋਈ ਹੁੰਗਾਰਾ ਨਹੀਂ ਮਿਲਿਆ, ਜਿਸ ਕਾਰਨ ਮਹਿਜ਼ ਮੁੱਠੀ ਭਰ ਲੋਕ ਹੀ ਉਥੇ ਇਕੱਠੇ ਹੋ ਸਕੇ। ਉਨ੍ਹਾਂ ਕਿਹਾ ਕਿ ਕੈਨੇਡੀਅਨ ਏਜੰਸੀਆਂ ਨੇ ਵੀ ਹੁਣ ਅਜਿਹੇ ਨੈਟਵਰਕਾਂ ਦੀ ਮੌਜੂਦਗੀ ਨੂੰ ਸਵੀਕਾਰ ਕਰਨਾ ਸ਼ੁਰੂ ਕਰ ਦਿੱਤਾ ਹੈ ਜੋ ਹਿੰਸਾ ਨੂੰ ਉਤਸ਼ਾਹਿਤ ਕਰਨ ਲਈ ਫੰਡਿੰਗ ਕਰਦੇ ਹਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਧਾਰਮਿਕ ਤੇ ਚੈਰੀਟੇਬਲ ਸੰਸਥਾਵਾਂ ਦੀ ਦੁਰਵਰਤੋਂ ਨਾ ਰੁਕੀ ਤਾਂ ਇਹ ਭਾਈਚਾਰੇ ਵਿੱਚ ਪਾੜਾ ਹੋਰ ਡੂੰਘਾ ਕਰ ਸਕਦੀ ਹੈ।

# ਮਹਿਲਾ ਦੇ ਚਾਰ ਪੁੱਤਾਂ ਦੀ ਮੌਤ ਦੇ ਦਾਅਵੇ ਮਗਰੋਂ ਐਕਸ਼ਨ 'ਚ ਆਈ ਪੁਲਿਸ

ਜਲੰਧਰ, 7 ਅਪ੍ਰੈਲ (ਚ.ਨ.ਸ): ਸੁਲਤਾਨਪੁਰ ਲੋਧੀ ਦੇ ਪੰਡੋਰੀ ਮੁਹੱਲੇ ਦੀ ਵਸਨੀਕ ਮਨਜੀਤ ਕੌਰ ਵੱਲੋਂ ਆਪਣੇ ਚਾਰ ਪੁੱਤਾਂ ਦੀ ਨਸ਼ੇ ਨਾਲ ਹੋਈ ਮੌਤ ਦੇ ਦਾਅਵੇ ਮਗਰੋਂ ਅੱਜ ਕਪੂਰਥਲਾ ਪੁਲਿਸ ਨੇ ਇਲਾਕੇ ਦੀ ਘੇਰਾਬੰਦੀ ਕਰਕੇ ਤਲਾਸ਼ੀ ਮੁਹਿੰਮ (ਕਾਸੋ) ਚਲਾਈ। ਇਸ ਮਾਮਲੇ ਨੂੰ ਉਜਾਗਰ ਕਰਨ ਦੇ ਇੱਕ ਦਿਨ ਬਾਅਦ ਪੁਲਿਸ ਨੇ ਕਾਰਵਾਈ ਕੀਤੀ। ਨਸ਼ਿਆਂ ਕਾਰਨ ਬਿਮਾਰ ਪਏ ਔਰਤ ਦੇ ਪੰਜਵੇਂ ਪੁੱਤਰ ਸੋਨੂੰ (30) ਨੂੰ ਪੁਲਿਸ ਨੇ ਅੰਮ੍ਰਿਤਸਰ ਦੇ ਸਰਕਾਰੀ ਹਸਪਤਾਲ 'ਚ ਦਾਖ਼ਲ ਕਰਵਾਇਆ ਹੈ।ਪੁਲਿਸ ਨੇ ਕਈ ਹੋਰ ਨੌਜਵਾਨਾਂ ਨੂੰ ਇਲਾਜ ਲਈ ਨਸ਼ਾ ਛੁਡਾਊ ਕੇਂਦਰਾਂ 'ਚ ਰੈਫਰ ਕੀਤਾ ਹੈ, ਜਿਨ੍ਹਾਂ ਵਿੱਚ ਇਕ ਹੋਰ ਔਰਤ ਦਾ ਪੁੱਤਰ ਵੀ ਸ਼ਾਮਲ ਹੈ, ਜਿਸ ਦਾ ਇਕ ਹੋਰ ਪੁੱਤਰ ਤੇ ਪਤੀ ਅੱਠ ਕੁ ਸਾਲ ਪਹਿਲਾਂ ਨਸ਼ਿਆਂ ਦੀ ਭੇਟ ਚੜ੍ਹ ਗਏ ਸਨ। ਮਹਿਲਾ ਨੇ ਦਾਅਵਾ ਕੀਤਾ ਕਿ ਉਸ ਨੇ ਪੁੱਤਰ ਦੇ ਇਲਾਜ ਲਈ 14 ਲੱਖ ਰੁਪਏ ਖ਼ਰਚੇ ਸਨ ਪਰ ਫਿਰ ਵੀ ਕੁਝ ਨਹੀਂ ਹੋਇਆ। ਪੁਲਿਸ ਨੇ ਜਿਵੇਂ ਹੀ ਕਾਰਵਾਈ ਆਰੰਭੀ ਤਾਂ ਮਨਜੀਤ ਕੌਰ ਭੁੱਬਾਂ ਮਾਰ ਕੇ ਰੋ ਪਈ



ਤੇ ਉਸ ਨੇ ਮਹਿਲਾ ਪੁਲਿਸ ਕਰਮੀ ਨੂੰ ਗਲਵੱਕੜੀ 'ਚ ਲੈ ਲਿਆ। 'ਆਪ' ਦੇ ਜਨਰਲ ਸਕੱਤਰ ਬਲਤੇਜ ਪੰਨੂੰ ਨੇ ਸਪੱਸ਼ਟੀਕਰਨ ਜਾਰੀ ਕਰਦਿਆਂ ਮਨਜੀਤ ਕੌਰ ਦੇ ਦਾਅਵਿਆਂ ਨੂੰ ਨਕਾਰਿਆ। ਉਨ੍ਹਾਂ ਕਿਹਾ ਕਿ ਮਹਿਲਾ ਦਾ ਇਕ ਪੁੱਤਰ ਕਰੀਬ ਅੱਠ ਸਾਲ ਪਹਿਲਾਂ ਨਸ਼ੇ ਦੀ ਕਥਿਤ ਓਵਰਡੋਜ਼ ਕਾਰਨ ਮਾਰਿਆ ਗਿਆ ਸੀ ਜਦਕਿ ਦੂਜਾ ਪੁੱਤਰ ਕਰੀਬ ਸੱਤ ਸਾਲ ਪਹਿਲਾਂ ਅੱਗ ਲੱਗਣ ਨਾਲ ਮਰ ਗਿਆ ਸੀ। ਤੀਜਾ ਪੁੱਤਰ ਸੱਤ ਸਾਲ ਪਹਿਲਾਂ ਜੇਲ੍ਹ 'ਚ ਮਰ ਗਿਆ ਸੀ ਜੋ ਐਨਡੀਪੀਐਸ ਐਕਟ ਸਮੇਤ ਦੋ ਕੇਸਾਂ 'ਚ ਬੰਦ ਸੀ। ਚੌਥਾ ਪੁੱਤਰ ਦੋ ਸਾਲ ਪਹਿਲਾਂ ਸ਼ਰਾਬ ਦੇ ਨਸ਼ੇ ਕਾਰਨ ਗੁਰਦੇ ਫੇਲ੍ਹ ਹੋਣ ਕਾਰਨ ਮਰ ਗਿਆ ਸੀ। ਕਪੂਰਥਲਾ ਦੇ ਐਸਐਸਪੀ ਗੌਰਵ ਤੂਰਾ ਨੇ ਕਿਹਾ ਕਿ ਐਨਡੀਪੀਐਸ ਐਕਟ ਤਹਿਤ 1300 ਤੋਂ ਵੱਧ ਐਫਆਈਆਰਜ਼ ਦਰਜ ਕਰਕੇ 1637 ਨਸ਼ੇੜੀਆਂ ਤੇ ਸਪਲਾਇਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ 900 ਤੋਂ ਵੱਧ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ 'ਚ ਦਾਖ਼ਲ ਕਰਵਾਇਆ ਗਿਆ ਹੈ।

# ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਨੇ ਕਿਸਾਨੀ ਮਸਲਿਆਂ ਨੂੰ ਲੈ ਕੇ ਡੀ.ਸੀ. ਨੂੰ ਮੁੱਖ ਮੰਤਰੀ ਦੇ ਨਾਮ ਮੰਗ ਪੱਤਰ ਸੌਂਪਿਆ

ਸ੍ਰੀ ਫਤਿਹਗੜ੍ਹ ਸਾਹਿਬ, 7 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੀ ਮਹੀਨਾਵਾਰ ਮੀਟਿੰਗ ਭਾਰਤੀ ਕਿਸਾਨ



ਯੂਨੀਅਨ ਸਿੱਧੂਪਰ ਪੰਜਾਬ ਦੇ ਕਨਵੀਨਰ ਦਲਵੀਰ ਸਿੰਘ ਸਿੱਧੂਪੁਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਗੁਰਮੀਤ ਸਿੰਘ ਰੁੜਕੀ ਵਰਕਿੰਗ ਕਮੇਟੀ ਮੈਂਬਰ ਪੰਜਾਬ, ਬਹਾਦਰ ਸਿੰਘ ਖੋਜੇ ਮਾਜਰਾ ਪ੍ਰਧਾਨ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਦੇ ਨਾਮ ਡਿਪਟੀ ਕਮਿਸ਼ਨਰ ਫਤਹਿਗੜ੍ਹ ਸਾਹਿਬ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਕਿਸਾਨਾਂ ਨੂੰ ਸੁਸਾਇਟੀਆਂ ਵਿੱਚ ਖਾਦ ਲੈਣ ਦੇ ਲਈ ਆ ਰਹੀਆਂ ਸਮੱਸਿਆਵਾਂ ਦੀ ਗੱਲ ਕੀਤੀ ਗਈ। ਪਿਛਲੇ 10 ਸਾਲਾਂ ਤੋਂ ਖੇਤੀ ਮੋਟਰਾਂ ਦੇ ਕੁਨੈਕਸ਼ਨ ਬੰਦ ਕੀਤੇ ਹੋਏ ਨੇ ਲੋੜਵੰਦ ਕਿਸਾਨਾਂ ਨੂੰ ਕੁਨੈਕਸ਼ਨ ਦੇਣੇ ਸ਼ੁਰੂ ਕੀਤ ਜਾਣ, ਪੰਜਾਬ ਵਿੱਚ ਪ੍ਰੀਪੇਡ ਮੀਟਰ ਜ਼ਬਰਦਸਤੀ ਲਗਾਉਣੇ ਬੰਦ ਕੀਤੇ ਜਾਣ ਕਿਉਂਕਿ ਕੇਂਦਰ ਸਰਕਾਰ ਨੇ ਵੀ ਐਲਾਨ ਕੀਤਾ ਹੈ ਕਿ ਪ੍ਰੀਪੇਡ ਮੀਟਰ ਖਪਤਕਾਰ ਦੀ ਮਰਜ਼ੀ ਨਾਲ ਲਗਾਉਣੇ ਹਨ। ਪੰਜਾਬ ਵਿੱਚ ਬੇਮੌਸਮੀ ਬਾਰਿਸ਼ ਤੇ ਗੜ੍ਹੇਮਾਰੀ ਨਾਲ ਹਾੜ੍ਹੀ ਦੀ ਫਸਲ ਕਣਕ ਫਲ ਸਬਜ਼ੀਆਂ ਹਰਾ-ਚਾਰਾ ਆਦਿ ਦਾ ਨੁਕਸਾਨ ਹੋਇਆ ਹੈ। ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਦਿੱਤਾ ਜਾਵੇ। ਸਰਕਾਰਾਂ ਦੀਆਂ ਗਲਤ ਨੀਤੀਆਂ ਨਾਲ ਕਿਸਾਨਾਂ-ਮਜ਼ਦੂਰਾਂ ਸਿਰ ਚੜ੍ਹਿਆ ਕਰਜ਼ਾ ਪਹਿਲ ਦੇ ਆਧਾਰ 'ਤੇ ਸੂਬਾ ਤੇ ਕੇਂਦਰ ਸਰਕਾਰਾਂ ਨੂੰ ਕਰਜ਼ਾ ਖਤਮ ਕਰ ਦੇਣਾ ਚਾਹੀਦਾ ਹੈ। ਪੰਜਾਬ ਸਰਕਾਰ ਖੇਤੀ ਸੰਕਟ ਨੂੰ ਹੱਲ ਕਰਨ ਲਈ ਲਾਭਦਾਇਕ ਵਾਤਾਵਰਨ ਕਿਸਾਨ ਪੱਖੀ ਖੇਤੀ ਨੀਤੀ ਲਾਗੂ ਕੀਤੀ ਜਾਵੇ। ਇਸ ਮੌਕੇ ਨਿਰਭੈ ਸਿੰਘ ਜਰਨਲ ਸਕੱਤਰ ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਪਰਮਿੰਦਰ ਸਿੰਘ, ਦਲਵੀਰ ਸਿੰਘ ਸਾਨੀਪੁਰ ਬਲਾਕ ਪ੍ਰਧਾਨ ਸਰਹੰਦ ਹਰਪ੍ਰੀਤ ਸਿੰਘ ਜੱਲਾ ਜਨਰਲ ਸਕੱਤਰ ਬਲਾਕ ਸਰਹੰਦ ਸਮੇਤ ਵੱਖ-ਵੱਖ ਬਲਾਕਾਂ ਤੋਂ ਆਏ ਕਿਸਾਨ ਹਾਜ਼ਰ ਸਨ।

# ਭਾਜਪਾ ਦੇ 47ਵੇਂ ਸਥਾਪਨਾ ਦਿਵਸ 'ਤੇ ਡਾ. ਸੀਮਾਂਤ ਗਰਗ ਨੇ ਭਾਜਪਾ ਤੇ ਆਰ.ਐਸ.ਐਸ. ਦੇ ਸਮਰਪਿਤ ਨੇਤਾਵਾਂ ਨੂੰ ਸਨਮਾਨਤ ਕੀਤਾ

ਮੋਗਾ, 7 ਅਪ੍ਰੈਲ (ਨਿਸ਼ੀ ਮਨਚੰਦਾ/ ਗੁਰਦੇਵ ਖੁਰਾਣਾ): ਭਾਰਤ ਨੂੰ ਤਰੱਕੀ ਦੇ ਰਾਹ 'ਤੇ ਲੈ ਜਾਣ ਤੇ ਵਿਸ਼ਵ ਪੱਧਰ 'ਤੇ ਦੇਸ਼ ਨੂੰ ਉਚੀਆਂ ਉਚਾਈਆਂ 'ਤੇ ਪਹੁੰਚਾਉਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਯਤਨ ਸੱਚਮੁੱਚ ਬੇਮਿਸਾਲ ਹਨ। ਸੱਚਮੁੱਚ ਉਨ੍ਹਾਂ ਨੇ ਦੁਨੀਆਂ ਦੇ ਮੋਹਰੀ ਦੇਸ਼ਾਂ ਵਿੱਚ ਭਾਰਤ ਦਾ ਸਥਾਨ ਸੁਰੱਖਿਅਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਨਤੀਜੇ ਵਜੋਂ ਭਾਰਤ ਦੀ ਪ੍ਰਤਿਸ਼ਠਾ ਅੱਜ ਦੂਨੀਆਂ ਭਰ ਵਿੱਚ ਗੂੰਜਦੀ ਹੈ ਤੇ ਦੇਸ਼ ਇੱਕ ਵੱਡੀ ਵਿਸ਼ਵ ਸ਼ਕਤੀ ਵਜੋਂ ਉਭਰਿਆ ਹੈ। ਇਹ ਭਾਵਨਾਵਾਂ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਅੱਜ ਪਾਰਟੀ ਦੇ 47ਵੇਂ ਸਥਾਪਨਾ ਦਿਵਸ ਮੌਕੇ ਪੁਰਾਣੀ ਅਨਾਜ ਮੰਡੀ ਸਥਿਤ ਭਾਜਪਾ ਦਫ਼ਤਰ ਵਿਖੇ ਆਯੋਜਿਤ ਇੱਕ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਇਸ ਮੌਕੇ ਡਾ. ਰਾਜੇਸ਼ ਪੁਰੀ (ਸ਼ਹੀਦੀ ਸਮਾਰਕ ਸੰਮਤੀ ਦੇ ਸਾਬਕਾ ਚੇਅਰਮੈਨ ਤੇ ਸਾਬਕਾ ਐਸਐਮਓ), ਵਿਜੇ ਕੌਸ਼ਿਕ (ਆਰਐਸਐਸ), ਸੀਨੀਅਰ ਭਾਜਪਾ ਆਗੂ ਐਡ. ਰਾਜੇਸ਼ ਸ਼ਰਮਾ,



ਐਡ. ਅਜੈ ਗੁਲਾਟੀ, ਡਾ. ਰਮਿੰਦਰ ਸ਼ਰਮਾ, ਕੁਲਦੀਪ ਧੀਮਾਨ, ਰਜਨੀਸ਼ ਕਾਂਸਲ ਤੇ ਸੁਧੀਰ ਕੋਹਲੀ ਦੇ ਨਾਲ-ਨਾਲ ਭਾਜਪਾ ਜਨਰਲ ਸਕੱਤਰ ਮੁਖਤਿਆਰ ਸਿੰਘ, ਭਾਜਪਾ ਉਪ-ਪ੍ਰਧਾਨ ਵਿੱਕੀ ਸਿਤਾਰਾ, ਉਪ-ਪ੍ਰਧਾਨ ਰਾਹੁਲ ਗਰਗ ਤੇ ਸਾਬਕਾ ਆਈਟੀ ਸੈਲ ਮੈਂਬਰ ਮੌਜੂਦ ਸਨ। ਡਾ. ਸੀਮਾਂਤ ਗਰਗ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਇੱਕ ਰਾਸ਼ਟਰਵਾਦੀ ਰਾਜਨੀਤਿਕ ਪਾਰਟੀ ਹੈ ਜੋ ਵਿਸ਼ਵ ਪੱਧਰ 'ਤੇ ਭਾਰਤ ਨੂੰ ਇੱਕ ਮਜ਼ਬੂਤ, ਖੁਸ਼ਹਾਲ ਤੇ ਸ਼ਕਤੀਸ਼ਾਲੀ ਰਾਸ਼ਟਰ ਵਜੋਂ ਸਥਾਪਤ ਕਰਨ ਲਈ ਦ੍ਰਿੜ੍ਹਤਾ ਨਾਲ ਵਚਨਬੱਧ ਹੈ। ਇਸ ਮੌਕੇ 'ਤੇ ਆਰ.ਐਸ.ਐਸ. ਕੇ. ਵਿਜੇ ਕੌਸ਼ਿਕ ਤੇ ਡਾ. ਰਾਜੇਸ਼ ਪੁਰੀ ਨੇ ਕਿਹਾ ਕਿ ਭਾਜਪਾ ਦੀ ਮੋਦੀ ਸਰਕਾਰ ਨੇ 'ਮੇਕ ਇਨ ਇੰਡੀਆ', 'ਸਕਿੱਲ ਇੰਡੀਆ', 'ਅਟਲ ਪੈਨਸ਼ਨ ਯੋਜਨਾ', 'ਪ੍ਰਧਾਨ ਮੰਤਰੀ ਕਿਸਾਨ ਨਿਧੀ ਯੋਜਨਾ', 'ਪ੍ਰਧਾਨ ਮੰਤਰੀ ਆਵਾਸ ਯੋਜਨਾ', 'ਪ੍ਰਧਾਨ ਮੰਤਰੀ ਅੰਤਯੋਦਯ ਯੋਜਨਾ', 'ਉਜਵਲਾ ਯੋਜਨਾ', 'ਅੰਮ੍ਰਿਤ ਮਿਸ਼ਨ', 'ਦੀਨਦਿਆਲ ਗ੍ਰਾਮ ਜਯੋਤੀ ਯੋਜਨਾ' ਤੇ 'ਡਿਜੀਟਲ ਇੰਡੀਆ' ਵਰਗੀਆਂ ਯੋਜਨਾਵਾਂ ਰਾਹੀਂ ਭਾਰਤ ਨੂੰ ਆਧੁਨਿਕ ਤੇ ਸਸ਼ਕਤ ਬਣਾਉਣ ਵੱਲ ਮਜ਼ਬੂਤ ਕਦਮ ਚੁੱਕੇ ਹਨ। ਇਸ ਮੌਕੇ ਡਾ. ਸੀਮਾਂਤ ਗਰਗ ਨੇ 11 ਸੀਨੀਅਰ ਆਗੂਆਂ ਤੇ ਪਤਵੰਤਿਆਂ ਜਿਨ੍ਹਾਂ ਨੇ ਆਪਣੇ-ਆਪ ਨੂੰ ਭਾਜਪਾ ਤੇ ਆਰਐਸਐਸ ਲਈ ਸਮਰਪਿਤ ਕੀਤਾ ਹੈ ਨੂੰ ਸ਼ਾਲ ਭੇਟ ਕਰਕੇ ਸਨਮਾਨਤ ਕੀਤਾ।

# ਗੁ. ਸ੍ਰੀ ਹੇਮਕੁੰਟ ਸਾਹਿਬ ਦੁਆਲੇ ਬਰਫ਼ ਜੰਮੀ

ਅੰਮ੍ਰਿਤਸਰ, 7 ਅਪ੍ਰੈਲ (ਚ.ਨ.ਸ): ਉਤਰਾਖੰਡ ਵਿੱਚ ਕਰੀਬ 15 ਹਜ਼ਾਰ ਫੁੱਟ ਦੀ ਉਚਾਈ 'ਤੇ ਸਥਾਪਤ ਗੁਰਦੁਆਰਾ ਹੇਮਕੁੰਟ ਸਾਹਿਬ 'ਤੇ ਇਸ ਵੇਲੇ ਪੰਜ ਤੋਂ ਛੇ ਫੁੱਟ ਬਰਫ ਹੈ। ਅਟਲਾਕੋਟੀ ਗਲੇਸ਼ੀਅਰ ਤੱਕ ਰਸਤੇ ਵਿੱਚ ਬਰਫ ਜੰਮੀ ਹੋਈ ਹੈ। ਗੁਰਦੁਆਰਾ ਹੇਮਕੁੰਟ ਸਾਹਿਬ ਦੀ ਸਾਲਾਨਾ ਯਾਤਰਾ ਲਈ 23 ਮਈ ਤੋਂ ਗੁਰਦੁਆਰੇ ਦੇ ਕਪਾਟ ਸੰਗਤ ਵਾਸਤੇ ਖੋਲ੍ਹੇ ਜਾ ਰਹੇ ਹਨ। ਗੁਰਦੁਆਰਾ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਵਲੰਟੀਅਰਾਂ ਤੇ ਭਾਰਤੀ ਫ਼ੌਜ ਦੇ




ਜਵਾਨਾਂ ਨੇ ਸਾਂਝੇ ਤੌਰ 'ਤੇ ਗੁਰਦੁਆਰਾ ਗੋਬਿੰਦਘਾਟ ਤੋਂ ਹੇਮਕੁੰਟ ਸਾਹਿਬ ਤੱਕ ਦੇ ਟਰੈਕ ਰੂਟ ਦੀ ਜਾਂਚ ਕੀਤੀ। ਇਸ ਦੌਰਾਨ ਪਤਾ ਲੱਗਿਆ ਕਿ ਹੇਮਕੁੰਟ ਸਾਹਿਬ ਵਿੱਚ ਲਗਭਗ ਪੰਜ ਤੋਂ ਛੇ ਫੁੱਟ ਬਰਫ ਜੰਮੀ ਹੋਈ ਸੀ। ਰਸਤੇ ਦੇ ਨਾਲ ਅਟਲਾਕੋਟੀ ਗਲੇਸ਼ੀਅਰ ਪੁਆਇੰਟ 'ਤੇ ਵੀ ਕਾਫ਼ੀ ਮਾਤਰਾ ਵਿੱਚ ਬਰਫ ਸੀ। ਟਰੱਸਟ ਦੇ ਮੁਖੀ ਨਰਿੰਦਰਜੀਤ ਸਿੰਘ ਬਿੰਦਰਾ ਨੇ ਦੱਸਿਆ ਕਿ ਦਸ ਦਿਨਾਂ ਤੋਂ ਪੈ ਰਹੀ ਬਰਫ਼ ਆਉਣ ਵਾਲੇ ਦਿਨਾਂ ਵਿੱਚ ਸੂਰਜ ਚਮਕਣ 'ਤੇ ਆਸਾਨੀ ਨਾਲ ਪਿਘਲ ਜਾਵੇਗੀ। ਇਸ ਨਾਲ ਟਰੈਕ ਰੂਟ ਨੂੰ ਸਾਫ਼ ਕਰਨ 'ਤੇ ਯਾਤਰਾ ਨੂੰ ਸ਼ੁਰੂ ਕਰਨ ਵਿੱਚ ਮਦਦ ਮਿਲੇਗੀ। ਭਾਰਤੀ ਫ਼ੌਜ ਦੇ ਜਵਾਨਾਂ ਦੀ ਟੁਕੜੀ 15 ਅਪ੍ਰੈਲ ਤੋਂ ਬਾਅਦ ਰਸਤੇ 'ਤੇ ਬਰਫ਼ ਸਾਫ਼ ਕਰਨ ਲਈ ਜਾਵੇਗੀ। ਪ੍ਰਬੰਧਕ ਕਮੇਟੀ ਇਹ ਯਕੀਨੀ ਬਣਾਉਣ ਲਈ ਯਤਨਸ਼ੀਲ ਹੈ ਕਿ ਸਾਲਾਨਾ ਯਾਤਰਾ ਸਬੰਧੀ ਪੋਰਟਲ ਖੁੱਲ੍ਹਣ ਤੋਂ ਪਹਿਲਾਂ ਪੂਰੀ ਤਰ੍ਹਾਂ ਸੁਰੱਖਿਅਤ ਰਸਤੇ ਤੇ ਸ਼ਰਧਾਲੂਆਂ ਵਾਸਤੇ ਲੋੜੀਂਦੀਆਂ ਸਹੂਲਤਾਂ ਦਾ ਪ੍ਰਬੰਧ ਮੁਕੰਮਲ ਕੀਤਾ ਜਾ ਸਕੇ। ਯਾਤਰਾ ਲਈ ਪਹਿਲਾ ਜੱਥਾ 20 ਮਈ ਨੂੰ ਰਿਸ਼ੀਕੇਸ਼ ਤੋਂ ਰਵਾਨਾ ਹੋਵੇਗਾ।

# ਦੇਸ਼ ਭਗਤ ਗਲੋਬਲ ਸਕੂਲ 'ਚ ਨਵੇਂ ਅਕਾਦਮਿਕ ਸੈਸ਼ਨ ਦੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾ ਕੇ ਸ਼ੁਰੂਆਤ



ਮੰਡੀ ਗੋਬਿੰਦਗੜ੍ਹ, 7 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਗਲੋਬਲ ਸਕੂਲ ਮੰਡੀ ਗੋਬਿੰਦਗੜ੍ਹ ਵਿੱਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਧਾਰਮਿਕ ਉਤਸ਼ਾਹ, ਖੁਸ਼ੀ ਤੇ ਸਕਾਰਾਤਮਕਤਾ ਨਾਲ ਕੀਤੀ ਗਈ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ ਤੇ ਰਾਗੀ ਸਿੰਘਾਂ ਨੇ ਰਸ-ਭਿੰਨਾ ਸ਼ਬਦ ਕੀਰਤਨ ਕੀਤਾ। ਪ੍ਰਿੰਸੀਪਲ ਇੰਦੂ ਸ਼ਰਮਾ ਦੀ ਅਗਵਾਈ ਹੇਠ ਕਰਵਾਏ ਧਾਰਮਿਕ ਸਮਾਗਮ ਦੌਰਾਨ ਸਕੂਲ ਕੈਂਪਸ ਵਿੱਚ ਸ਼ਾਂਤ ਤੇ ਸੁਹਾਵਣਾ ਮਾਹੌਲ ਭਗਤੀ ਦਾ ਅਹਿਸਾਸ ਕਰਵਾ ਰਿਹਾ ਸੀ। ਇਸ ਮੌਕੇ ਆਉਣ ਵਾਲੇ ਸਾਲ ਦੀ ਕਾਮਯਾਬੀ ਤੇ ਖੁਸ਼ਹਾਲੀ ਲਈ ਅਰਦਾਸ ਕੀਤੀ ਗਈ। ਵਿਦਿਆਰਥੀਆਂ ਨੇ ਨਵੇਂ ਜਜ਼ਬੇ, ਊਰਜਾ ਤੇ ਸਮਰਪਣ ਨਾਲ ਆਪਣੀ ਪੜ੍ਹਾਈ ਨੂੰ ਅੱਗੇ ਵਧਾਉਣ ਦਾ ਸੰਕਲਪ ਕੀਤਾ। ਸਕੂਲ ਦੇ ਚੇਅਰਮੈਨ ਡਾ. ਜ਼ੋਰਾ ਸਿੰਘ, ਜਨਰਲ ਸਕੱਤਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਅਧਿਆਪਕਾਂ, ਸਟਾਫ਼ ਤੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀ ਵਧਾਈ ਦਿੱਤੀ।

# ਕਣਕ ਦੀ ਖਰੀਦ ਲਈ ਮੰਡੀਆਂ 'ਚ ਪ੍ਰਬੰਧ ਮੁਕੰਮਲ: ਡੀ.ਸੀ.

ਫ਼ਿਰੋਜ਼ਪੁਰ, 7 ਅਪ੍ਰੈਲ (ਤਿਵਾੜੀ): ਆਗਾਮੀ ਕਣਕ ਦੀ ਖਰੀਦ ਦੇ ਮੱਦੇਨਜ਼ਰ ਜ਼ਿਲ੍ਹੇ ਅੰਦਰ ਖਰੀਦ, ਸਟੋਰੇਜ, ਕਰੇਟਾਂ ਦੀ ਉਪਲੱਬਧਤਾ, ਬਾਰਦਾਨਾ, ਟਰਾਂਸਪੋਰਟ ਤੇ ਸਮੂਹ ਮੰਡੀਆਂ 'ਚ ਸੁਚੱਜੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ (ਆਈ.ਏ.ਐਸ.) ਨੇ ਦਿੱਤੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਸਾਫ਼-ਸਫ਼ਾਈ, ਬਿਜਲੀ, ਪੀਣ ਲਈ ਸਾਫ਼ ਪਾਣੀ, ਬਾਰਦਾਨਾ ਆਦਿ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਇਸ ਦੇ ਨਾਲ ਹੀ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸੁੱਕੀ ਕਣਕ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਨੂੰ ਕਣਕ ਵੇਚਣ ਵਿੱਚ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਸਮੂਹ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੰਦਿਆਂ ਕਿਹਾ ਕਿ ਫ਼ਸਲ ਦੀ ਆਮਦ 'ਤੇ ਫ਼ਸਲ ਦੀ ਨਮੀ ਨੂੰ ਸਹੀ ਢੰਗ ਨਾਲ ਚੈਕ ਕੀਤਾ ਜਾਵੇ ਤੇ ਫ਼ਸਲ ਦੀ ਸਟੋਰੇਜ ਲਈ ਗੋਦਾਮਾਂ ਜਾਂ ਹੋਰ ਥਾਵਾਂ ਦੇ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਜਾਣ। ਇਸ ਸਬੰਧੀ ਜ਼ਿਲ੍ਹਾ ਮੰਡੀ ਅਫਸਰ ਜਸ਼ਨਦੀਪ ਸਿੰਘ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਕਣਕ ਦੀ ਖ਼ਰੀਦ ਲਈ ਕੁੱਲ 128 ਰੈਗੂਲਰ ਤੇ 131 ਆਰਜ਼ੀ ਮੰਡੀਆਂ ਹਨ। ਉਨ੍ਹਾਂ ਦੱਸਿਆ ਕਿ ਖ਼ਰੀਦ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਤੇ ਖ਼ਰੀਦ ਸੀਜ਼ਨ ਦੌਰਾਨ ਮੰਡੀਆਂ ਵਿੱਚ ਬਾਰਦਾਨੇ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ, ਛਾਂ ਆਦਿ ਸਮੇਤ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

# ਰਿਮਟ ਹਸਪਤਾਲ 'ਚ ਮੁਫ਼ਤ ਮੈਡੀਕਲ ਕੈਂਪ ਭਲਕੇ

ਮੰਡੀ ਗੋਬਿੰਦਗੜ੍ਹ, 7 ਅਪ੍ਰੈਲ (ਸੂਦ): ਰਿਮਟ ਹਸਪਤਾਲ ਮੰਡੀ ਗੋਬਿੰਦਗੜ੍ਹ ਵਿੱਚ 9 ਅਪ੍ਰੈਲ ਨੂੰ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਹਸਪਤਾਲ ਦੇ ਡਾਇਰੈਕਟਰ ਡਾ. ਟੀਸੀ ਗੋਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ, ਕੰਨ, ਦਿਲ, ਹੱਡੀਆਂ ਤੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ, ਇਸ ਤੋਂ ਬਿਨਾਂ ਖ਼ੂਨ ਦੇ ਸਾਰੇ ਟੈਸਟ ਫ੍ਰੀ ਕੀਤੇ ਜਾਣਗੇ। ਪ੍ਰਬੰਧਕਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਅਲਟਰਾਸਾਊਂਡ, ਸੀਟੀ ਸਕੈਨ, ਈਸੀਜੀ, ਖ਼ੂਨ ਦੀ ਜਾਂਚ ਤੇ ਐਕਸਰੇ ਆਦਿ ਕਰਵਾਉਣ ਦੀ ਲੋੜ ਪਵੇ ਤਾਂ ਉਹ ਵੀ ਸਾਰੇ ਮੁਫ਼ਤ ਕੀਤੇ ਜਾਣਗੇ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਹਸਪਤਾਲ ਵਿੱਚ ਆਯੁਸ਼ਮਾਨ ਭਾਰਤ ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਦੂਰਬੀਨ ਰਾਹੀਂ ਦਿਮਾਗ ਦੀ ਸਰਜਰੀ, ਦੂਰਬੀਨ ਰਾਹੀਂ ਰੀੜ੍ਹ ਦੀ ਹੱਡੀ ਦੀ ਸਰਜਰੀ ਤੇ ਨਵਜਾਤ ਬੱਚਿਆਂ ਦੀ ਦੇਖਭਾਲ ਆਦਿ ਦਾ ਵੀ ਪ੍ਰਬੰਧ ਹੈ। ਉਨ੍ਹਾਂ ਚੂਲੇ ਬਦਲਣ ਦਾ ਵੀ ਇਥੇ ਸਫ਼ਲ ਪ੍ਰਬੰਧ ਹੈ ਤੇ ਆਯੁਸ਼ਮਾਨ ਕਾਰਡ ਧਾਰਕਾਂ ਲਈ ਮੁਫ਼ਤ ਓਪੀਡੀ ਦਾ ਪ੍ਰਬੰਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਹਸਪਤਾਲ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

# ਹੋਲੀ ਹਾਰਟ ਸਕੂਲ ਅਜੀਤਵਾਲ 'ਚ ਦਾਖ਼ਲਿਆਂ ਲਈ ਮਾਪਿਆਂ ਦਾ ਭਾਰੀ ਇਕੱਠ: ਚੇਅਰਮੈਨ ਸੁਭਾਸ਼ ਪਲਤਾ

ਅਜੀਤਵਾਲ, 7 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖਰਾਣਾ): ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਸਿੱਖਿਆ ਦੇ ਖੇਤਰ ਵਿੱਚ ਆਪਣੀ ਵੱਖਰੀ ਪਛਾਣ ਬਣਾਉਂਦਾ ਹੋਇਆ ਹੋਲੀ ਹਾਰਟ ਸਕੂਲ ਅਜੀਤਵਾਲ ਇੱਕ ਵਾਰ ਫਿਰ ਚਰਚਾ ਦਾ ਕੇਂਦਰ ਬਣਿਆ ਹੋਇਆ ਹੈ। ਨਵੇਂ ਸੈਸ਼ਨ ਦੇ ਦਾਖ਼ਲਿਆਂ ਨੂੰ ਲੈ ਕੇ ਸਕੂਲ ਵਿੱਚ ਮਾਪਿਆਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ। ਸਵੇਰੇ ਤੋਂ ਹੀ ਮਾਪੇ ਆਪਣੇ ਬੱਚਿਆਂ ਦੇ ਦਾਖ਼ਲੇ ਲਈ ਸਕੂਲ ਪਹੁੰਚਣ ਲੱਗ ਪਏ, ਜਿਸ ਨਾਲ ਪੂਰੇ ਕੈਂਪਸ ਵਿੱਚ ਚਹਿਲ-ਪਹਿਲ ਦਾ ਮਾਹੌਲ ਬਣ ਗਿਆ। ਸਕੂਲ ਦੇ ਦਫ਼ਤਰ ਦੇ ਬਾਹਰ ਲੰਬੀਆਂ ਕਤਾਰਾਂ ਦੇਖਣ ਨੂੰ ਮਿਲੀਆਂ, ਜਿੱਥੇ ਮਾਪੇ ਆਪਣੇ ਬੱਚਿਆਂ ਲਈ ਦਾਖ਼ਲਾ ਪ੍ਰਕਿਰਿਆ ਪੂਰੀ ਕਰਨ ਲਈ ਉਤਸ਼ਾਹ ਨਾਲ ਉਡੀਕ ਕਰਦੇ ਨਜ਼ਰ ਆਏ। ਮਾਪਿਆਂ ਵਿੱਚ ਸਕੂਲ ਪ੍ਰਤੀ ਵੱਧ ਰਹੇ ਭਰੋਸੇ ਤੇ ਉਮੀਦਾਂ ਨੂੰ ਵੇਖਦਿਆਂ ਇਹ ਸਪੱਸ਼ਟ ਹੁੰਦਾ ਹੈ ਕਿ ਹੋਲੀ ਹਾਰਟ ਸਕੂਲ ਅਜੀਤਵਾਲ ਇਲਾਕੇ ਵਿੱਚ ਤੇਜ਼ੀ ਨਾਲ ਨੰਬਰ ਵਨ ਸਿੱਖਿਆ ਸੰਸਥਾਨ ਵਜੋਂ ਉਭਰ ਰਿਹਾ ਹੈ। ਮਾਪਿਆਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਸਕੂਲ ਦੀ ਉਚ-ਮਿਆਰੀ ਸਿੱਖਿਆ ਪ੍ਰਣਾਲੀ, ਅਨੁਸ਼ਾਸਿਤ ਮਾਹੌਲ,




ਆਧੁਨਿਕ ਸਹੂਲਤਾਂ ਤੇ ਅਧਿਆਪਕਾਂ ਦੀ ਲਗਨ ਹੀ ਉਨ੍ਹਾਂ ਨੂੰ ਇੱਥੇ ਆਪਣੇ ਬੱਚਿਆਂ ਦਾ ਦਾਖ਼ਲਾ ਕਰਵਾਉਣ ਲਈ ਪ੍ਰੇਰਿਤ ਕਰਦੀ ਹੈ। ਕਈ ਮਾਪਿਆਂ ਨੇ ਇਹ ਵੀ ਕਿਹਾ ਕਿ ਸਕੂਲ ਦੇ ਪਿਛਲੇ ਸਾਲਾਂ ਦੇ ਸ਼ਾਨਦਾਰ ਨਤੀਜੇ ਇਸ ਗੱਲ ਦਾ ਸਬੂਤ ਹਨ ਕਿ ਇੱਥੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਹੱਥਾਂ ਵਿੱਚ ਹੈ। ਇਸ ਮੌਕੇ 'ਤੇ ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ ਨੇ ਕਿਹਾ ਕਿ ਹੋਲੀ ਹਾਰਟ ਸਕੂਲ ਸਿਰਫ ਪੜ੍ਹਾਈ ਤੱਕ ਹੀ ਸੀਮਿਤ ਨਹੀਂ, ਸਗੋਂ ਬੱਚਿਆਂ ਦੇ ਸਰਵਾਂਗੀਣ ਵਿਕਾਸ ਲਈ ਵੀ ਸਮਰਪਿਤ ਹੈ। ਉਨ੍ਹਾਂ ਨੇ ਕਿਹਾ ਕਿ ਸਕੂਲ ਵਿੱਚ ਸਿੱਖਿਆ ਦੇ ਨਾਲ-ਨਾਲ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਤੇ ਨੈਤਿਕ ਮੁੱਲਾਂ 'ਤੇ ਵੀ ਬਰਾਬਰ ਧਿਆਨ ਦਿੱਤਾ ਜਾਂਦਾ ਹੈ, ਜਿਸ ਨਾਲ ਬੱਚੇ ਹਰ ਪੱਖੋਂ ਮਜ਼ਬੂਤ ਬਣਦੇ ਹਨ।

# ਵਰਲਡ ਕੈਂਸਰ ਕੇਅਰ ਸੰਸਥਾ ਦੇ ਸਹਿਯੋਗ ਨਾਲ ਗੁਰਦੁਆਰਾ ਸੰਤ ਭਵਨ ਕੁਟੀਆ ਅੰਗੀਠਾ ਸਾਹਿਬ ਰੌਲੀ ਵਿਖੇ ਰੋਕੋ ਕੈਂਸਰ ਕੈਂਪ ਲਗਾਇਆ

ਮੋਗਾ, 7 ਅਪ੍ਰੈਲ (ਸਰਬਜੀਤ ਰੌਲੀ): ਨਜ਼ਦੀਕੀ ਪਿੰਡ ਰੌਲੀ ਵਿਖੇ ਗੁਰਦੁਆਰਾ ਸੰਤ ਭਵਨ ਕੁਟੀਆ ਅੰਗੀਠਾ ਸਾਹਿਬ ਵਿੱਚ ਵਰਲਡ ਕੈਂਸਰ ਕੇਅਰ ਸੰਸਥਾ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਰੋਕੋ ਕੈਂਸਰ ਜਾਗਰੂਕਤਾ ਤੇ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਸੱਚਖੰਡ ਵਾਸੀ ਧੰਨ-ਧੰਨ ਬਾਬਾ ਨਰਾਇਣ ਸਿੰਘ ਜੀ ਰੌਲੀ ਵਾਲਿਆਂ ਦੀ 24ਵੀਂ ਬਰਸੀ ਨੂੰ ਸਮਰਪਿਤ ਸਮਾਗਮਾਂ ਦੌਰਾਨ ਲਗਾਇਆ ਗਿਆ। ਕੈਂਪ ਦਾ ਉਦਘਾਟਨ ਸੰਤ ਬਾਬਾ ਹਰਵਿੰਦਰ ਸਿੰਘ ਖ਼ਾਲਸਾ ਰੌਲੀ ਵਾਲਿਆਂ ਤੇ ਸੀਨੀਅਰ ਅਕਾਲੀ ਆਗੂ ਬਰਜਿੰਦਰ ਸਿੰਘ ਮੱਖਣ ਬਰਾੜ ਵੱਲੋਂ ਸਾਂਝੇ ਤੌਰ 'ਤੇ ਰਿਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਤੇ ਇਲਾਕੇ ਦੇ ਲੋਕ ਮੌਜੂਦ ਰਹੇ। ਕੈਂਪ ਦੌਰਾਨ ਹਜ਼ਾਰਾਂ ਲੋਕਾਂ ਨੇ ਆਪਣੇ ਸਰੀਰ ਦੀ ਮੁਫ਼ਤ ਜਾਂਚ ਕਰਵਾਈ, ਜਿਸ ਵਿੱਚ ਕੈਂਸਰ, ਕਾਲਾ ਪੀਲੀਆ, ਸ਼ੂਗਰ ਤੇ




ਕਿਡਨੀ ਨਾਲ ਸਬੰਧਤ ਬਿਮਾਰੀਆਂ ਦੀ ਸਕ੍ਰੀਨਿੰਗ ਕੀਤੀ ਗਈ। ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ ਤੇ ਸਮੇਂ ਸਿਰ ਇਲਾਜ ਬਾਰੇ ਵੀ ਜਾਗਰੂਕ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸੰਤ ਬਾਬਾ ਹਰਵਿੰਦਰ ਸਿੰਘ ਖ਼ਾਲਸਾ ਨੇ ਕਿਹਾ ਕਿ ਅਜਿਹੇ ਕੈਂਪ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਜੇਕਰ ਕਿਸੇ ਵੀ ਭਿਆਨਕ ਬਿਮਾਰੀ ਦਾ ਸਮੇਂ ਸਿਰ ਪਤਾ ਲੱਗ ਜਾਵੇ ਤਾਂ ਇਲਾਜ ਰਾਹੀਂ ਮਰੀਜ਼ ਨੂੰ ਨਵੀਂ ਜ਼ਿੰਦਗੀ ਦਿੱਤੀ ਜਾ ਸਕਦੀ ਹੈ। ਉਨ੍ਹਾਂ ਨੇ ਜਥੇਦਾਰ ਤੋਤਾ ਸਿੰਘ ਦੇ ਪਰਿਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਉਪਰਾਲਾ ਮਾਨਵਤਾ ਦੀ ਭਲਾਈ ਲਈ ਕਾਬਿਲ-ਏ-ਸਤਿਕਾਰ ਹੈ। ਉਧਰ ਬਰਜਿੰਦਰ ਸਿੰਘ ਮੱਖਣ ਬਰਾੜ ਨੇ ਕਿਹਾ ਕਿ ਅਜਿਹੇ ਕੈਂਪਾਂ ਦਾ ਮੁੱਖ ਮਕਸਦ ਇਹ ਹੈ ਕਿ ਆਮ ਲੋਕ, ਜੋ ਸਮੇਂ ਦੀ ਕਮੀ ਜਾਂ ਹੋਰ ਕਾਰਨਾਂ ਕਰਕੇ ਆਪਣੀ ਜਾਂਚ ਨਹੀਂ ਕਰਵਾ ਸਕਦੇ, ਉਹ ਇਨ੍ਹਾਂ ਕੈਂਪਾਂ ਦਾ ਲਾਹਾ ਲੈ ਸਕਣ। ਉਨ੍ਹਾਂ ਨੇ ਦੱਸਿਆ ਕਿ ਵਰਲਡ ਕੈਂਸਰ ਕੇਅਰ ਸੰਸਥਾ ਦੇ ਸਹਿਯੋਗ ਨਾਲ ਅਜਿਹੇ ਮਹੀਨਾਵਾਰ ਕੈਂਪ ਅੱਗੇ ਵੀ ਨਿਰੰਤਰ ਜਾਰੀ ਰਹਿਣਗੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜਿੱਥੇ ਵੀ ਇਸ ਤਰ੍ਹਾਂ ਦੇ ਕੈਂਪ ਲੱਗਣ, ਉਥੇ ਪਹੁੰਚ ਕੇ ਆਪਣੀ ਸਿਹਤ ਦੀ ਜਾਂਚ ਜ਼ਰੂਰ ਕਰਵਾਉਣ ਤਾਂ ਜੋ ਭਿਆਨਕ ਬਿਮਾਰੀਆਂ ਤੋਂ ਬਚਿਆ ਜਾ ਸਕੇ। ਇਹ ਕੈਂਪ ਸਿਰਫ਼ ਇਲਾਜ ਹੀ ਨਹੀਂ, ਸਗੋਂ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਇਆ।


ਕੇਨਰਾ ਬੈਂਕ
ਭਾਰਤ ਸਰਕਾਰ ਦਾ ਅਦਾਰਾ

Canara Bank
(A Govt. of India Undertaking)

ਸਿੰਡਿਕੇਟ Syndicate

**ਈ-ਨਿਲਾਮੀ ਵਿਕਰੀ ਸੂਚਨਾ**

ਕੇਨਰਾ ਬੈਂਕ : -ਵਸੂਲੀ ਸੈਕਸ਼ਨ, ਪੰਚਕੂਲਾ
ਸੰਪਰਕ ਨੰਬਰ : 7009727632, 6395959753, ਈਮੇਲ : rocpcarec@canarabank.com

**ਈ-ਨਿਲਾਮੀ ਵਿਕਰੀ ਸੂਚਨਾ**

**ਸੁਰੱਖਿਆ ਵਿਆਜ ਐਕਟ, 2002 ਦੇ ਨਿਯਮ 8(6) ਦੇ ਤਹਿਤ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੇ ਲਾਗੂਕਰਨ ਅਧੀਨ ਅਚੱਲ/ਚੱਲ ਸੰਪਤੀਆਂ ਦੀ ਵਿਕਰੀ ਨੋਟਿਸ**

ਇਸ ਦੁਆਰਾ ਆਮ ਤੌਰ 'ਤੇ ਜਨਤਾ ਨੂੰ ਅਤੇ ਖਾਸ ਤੌਰ 'ਤੇ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦੱਸੀਆਂ ਗਈਆਂ ਅਚੱਲ ਸੰਪਤੀਆਂ ਜੋ ਸੁਰੱਖਿਅਤ ਲੈਣਦਾਰ ਨੂੰ ਗਿਰਵੀ ਰੱਖੀਆਂ ਗਈਆਂ ਹਨ/ਚਾਰਜ ਕੀਤੀਆਂ ਗਈਆਂ ਹਨ, ਜਿਨ੍ਹਾਂ ਦਾ ਕਬਜ਼ਾ ਕੇਨਰਾ ਬੈਂਕ ਦੇ ਅਧਿਕਾਰਤ ਅਧਿਕਾਰੀ ਦੁਆਰਾ ਲਿਆ ਗਿਆ ਹੈ, ਨੂੰ ਸੇਵਾ ਪ੍ਰਦਾਤਾ BAANKNET (M/s PSB Alliance Pvt. Ltd) ਦੁਆਰਾ ਪ੍ਰਬੰਧਿਤ ਨਿਲਾਮੀ ਵਿੱਚ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ", ਅਤੇ 00ਜੋ ਕੁਝ ਹੈ" 'ਤੇ ਵੇਚਿਆ ਜਾਵੇਗਾ, (ਸੰਪਰਕ ਨੰਬਰ 8291220220, ਈਮੇਲ: support.BAANKNET@psballiance.com)।

ਲੜੀ ਨੰ. 01 ਈ-ਨਿਲਾਮੀ ਦੀ ਆਖਰੀ ਮਿਤੀ 27.04.2026 (ਦੁਪਹਿਰ 12:30 ਵਜੇ ਤੋਂ ਦੁਪਹਿਰ 1:30 ਵਜੇ ਤੱਕ) ਹੈ।

ਲੜੀ ਨੰ. 01 ਈਐਮਡੀ ਪ੍ਰਾਪਤ ਕਰਨ ਦੀ ਆਖਰੀ ਮਿਤੀ 24.04.2026 ਸ਼ਾਮ 5:00 ਵਜੇ ਤੱਕ ਹੈ।

(ਵਿਕਰੀ ਖਤਮ ਹੋਣ ਤੱਕ ਹਰੇਕ 5 ਮਿੰਟਾਂ ਦੀ ਮਿਆਦ ਦੇ ਅਸੀਮਿਤ ਵਾਧੇ ਸਮੇਤ)

| ਲ. ਨੰ. | ਸ਼ਾਖਾ ਦਾ ਨਾਮ/ਕਰਜ਼ਦਾਰ (ਾਂ)/ ਜ਼ਾਮਨ (ਾਂ) ਦਾ ਨਾਮ ਅਤੇ ਪਤਾ | ਸੰਪੱਤੀ/ਆਂ ਦਾ ਸੰਖੇਪ ਵੇਰਵਾ | ਨਿਰਧਾਰਤ ਮਿਤੀ ਨੂੰ ਕੁੱਲ ਦੇਣਦਾਰੀਆਂ | ਰਾਖਵੀਂ ਕੀਮਤ (ਰੁ. 'ਚ) | ਬਿਆਨਾ ਰਕਮ ਜਮ੍ਹਾਂ (ਈਐਮਡੀ) (ਰੁ. 'ਚ) | ਖਾਤਾ ਨੰਬਰ ਦੇ ਵੇਰਵੇ / ਆਈਐਫਐਸਸੀ ਕੋਡ / ਕਬਜ਼ੇ ਦੀ ਕਿਸਮ |
|---|---|---|---|---|---|---|
| 01 | ਕੇਨਰਾ ਬੈਂਕ : ਕਾਲਕਾ ਸ਼ਾਖਾ, ਅਧਿਕਾਰਤ ਅਧਿਕਾਰੀ: ਸ੍ਰੀ ਅਨਿਲ ਕੁਮਾਰ, (ਮੋ. 85728-02570) E-mail : cb2570@canarabank.com<br>1. ਮੈਸਰਜ਼ ਗਿੱਲ ਫਾਸਟਨਰ (ਕਰਜ਼ਦਾਰ) ਪਤਾ- ਆਈਸ਼ਰ ਸਕੂਲ ਦੇ ਸਾਹਮਣੇ, ਪਰਵਾਣੂ, ਜ਼ਿਲ੍ਹਾ ਸੋਲਨ, ਹਿਮਾਚਲ ਪ੍ਰਦੇਸ਼-173220, 2. ਸ਼੍ਰੀ ਦਿਲਬਾਗ ਸਿੰਘ ਪੁੱਤਰ ਸ਼੍ਰੀ ਕਸ਼ਮੀਰ ਸਿੰਘ (ਪ੍ਰੋਪਰਾਈਟਰ) ਵਾਸੀ ਪਲਾਟ ਨੰਬਰ 15 (ਮਕਾਨ ਨੰਬਰ 35), ਗੌਤਮ ਨਗਰ, ਵਾਕੀਆ ਜਗੀਰਪੁਰ, ਲੁਧਿਆਣਾ-141001 3. ਸ਼੍ਰੀ ਕਸ਼ਮੀਰ ਸਿੰਘ ਪੁੱਤਰ ਸਰਦਾਰਾ ਸਿੰਘ (ਜ਼ਾਮਨ) ਵਾਸੀ ਪਲਾਟ ਨੰ: 15 (ਮਕਾਨ ਨੰ: 35), ਗੌਤਮ ਨਗਰ, ਵਾਕੀਆ ਜਗੀਰਪੁਰ, ਲੁਧਿਆਣਾ-141001 | (ਜਾਇਦਾਦ-1) ਰਿਹਾਇਸ਼ੀ ਜਾਇਦਾਦ ਦਾ ਸਾਰੇ ਭਾਗ ਅਤੇ ਹਿੱਸੇ ਜਿਸਦੀ ਉਸਾਰੀ ਕੀਤੀ ਗਈ ਹੈ, ਪਲਾਟ ਨੰਬਰ 15, ਜਿਸਦੀ ਮਾਪ 498 ਵਰਗ ਗਜ਼ ਹੈ, ਜੋ ਕਿ ਖਸਰਾ ਨੰਬਰ 5//17/2, ਖਾਤਾ ਨੰਬਰ 6/8, ਸਾਲ 1999-2000 ਲਈ ਜਮ੍ਹਾਂਬੰਦੀ ਵਿੱਚ ਸ਼ਾਮਲ ਹੈ, ਪਿੰਡ ਜਾਗੀਰਪੁਰ (ਆਬਾਦੀ ਗੌਤਮ ਨਗਰ), ਲੁਧਿਆਣਾ ਵਿਖੇ ਪ੍ਰਤੀ ਵਿਕਰੀ ਡੀਡ ਵਸੀਕਾ ਨੰਬਰ 8565 ਮਿਤੀ 09.09.1985 ਸ਼੍ਰੀ ਕਸ਼ਮੀਰ ਸਿੰਘ ਪੁੱਤਰ ਸ਼੍ਰੀ ਸਰਦਾਰਾ ਸਿੰਘ, ਜ਼ਿਲ੍ਹਾ-ਲੁਧਿਆਣਾ ਦੇ ਨਾਮ 'ਤੇ ਹੈ ਅਤੇ ਇਸ ਤਰ੍ਹਾਂ ਹੱਦਬੰਦੀ ਹੈ:- ਉੱਤਰ-ਸੜਕ 20' ਚੌੜੀ, ਦੱਖਣ- ਦਾ ਪਲਾਟ ਨੰਬਰ 12 ਅਮਰਜੀਤ ਸਿੰਘ ਦਾ ਅਤੇ 13, 14 ਪ੍ਰਕਾਸ਼ ਸਿੰਘ , ਪੂਰਬ- ਮੇਲਾ ਰਾਮ ਦਾ ਪਲਾਟ ਨੰਬਰ 32, ਪੱਛਮੀ-ਸੜਕ 20' ਚੌੜੀ।<br>(ਜਾਇਦਾਦ-2) ਰਿਹਾਇਸ਼ੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜਿਸਦੀ ਉਸਾਰੀ ਕੀਤੀ ਗਈ ਹੈ, ਪਲਾਟ ਨੰਬਰ 35, ਜਿਸਦੀ ਮਾਪ 100 ਵਰਗ ਗਜ਼ ਹੈ, ਜੋ ਕਿ ਖਸਰਾ ਨੰਬਰ 5//17/2, ਖਟਾ ਨੰਬਰ 8/9, ਸਾਲ 1999-2000 ਲਈ ਜਮ੍ਹਾਂਬੰਦੀ ਵਿੱਚ ਸ਼ਾਮਲ ਹੈ, ਪਿੰਡ ਜਾਗੀਰਪੁਰ (ਆਬਾਦੀ ਗੌਤਮ ਨਗਰ), ਲੁਧਿਆਣਾ ਵਿਖੇ ਪ੍ਰਤੀ ਵਿਕਰੀ ਡੀਡ ਵਸੀਕਾ ਨੰਬਰ 6634 ਮਿਤੀ 12.05.1994 ਨੂੰ ਸ਼੍ਰੀ ਕਸ਼ਮੀਰ ਸਿੰਘ ਪੁੱਤਰ ਸ਼੍ਰੀ ਸਰਦਾਰਾ ਸਿੰਘ ਦੇ ਨਾਮ 'ਤੇ ਹੈ ਅਤੇ ਇਸ ਤਰ੍ਹਾਂ ਹੱਦਬੰਦੀ: - ਉੱਤਰ-ਘਰ ਨੰਬਰ 36 ਚਰਨ ਦਾਸ ਦਾ, ਦੱਖਣ- ਗਲੀ 20' ਚੌੜੀ, ਪੂਰਬ-ਪਲਾਟ ਨੰਬਰ 40 ਅੰਮ੍ਰਿਤ ਪਾਲ ਦਾ, ਪੱਛਮੀ-ਸੜਕ 20' ਚੌੜੀ। | 04.10.2022 ਦ ਅਨੁਸਾਰ ਕੁੱਲ ਦੇਣਦਾਰੀਆਂ : ਰੁ. 44,07,895.00/- ਜਮ੍ਹਾਂ ਅਗਲੇਰਾ ਵਿਆਜ ਅਤੇ ਹੋਰ ਫੀਸਾਂ (ਮਨਫੀ ਵਸੂਲੀ, ਜੇਕਰ ਕੋਈ ਹੈ) | Property-1 Rs.48,65,000/-<br>Property-2 Rs.25,95,000/- | Property-1 Rs.4,86,000/-<br>Property-2 Rs.2,59,000/- | 209272434<br>CNRB0002570<br>ਸੰਕੇਤਕ ਕਬਜ਼ਾ |

**ਹੋਰ ਨਿਯਮ ਅਤੇ ਸ਼ਰਤਾਂ:**

A) ਜਾਇਦਾਦ ਸਾਰੇ ਮੌਜੂਦਾ ਅਤੇ ਹੋਰ ਬੋਝਾਂ ਨਾਲ ਵੇਚੀ ਜਾ ਰਹੀ ਹੈ, ਭਾਵੇਂ ਬੈਂਕ ਨੂੰ ਪਤਾ ਹੋਵੇ ਜਾਂ ਅਣਜਾਣ। ਅਧਿਕਾਰਤ ਅਧਿਕਾਰੀ/ਸੁਰੱਖਿਅਤ ਲੈਣਦਾਰ ਕਿਸੇ ਵੀ ਤੀਜੀ ਧਿਰ ਦੇ ਦਾਅਵਿਆਂ/ਅਧਿਕਾਰਾਂ/ਬਕਾਇਆਂ ਲਈ ਕਿਸੇ ਵੀ ਤਰ੍ਹਾਂ ਜ਼ਿੰਮੇਵਾਰ ਨਹੀਂ ਹੋਵੇਗਾ। ਖਰੀਦਦਾਰ ਨੂੰ ਆਪਣੀ ਸੰਤੁਸ਼ਟੀ ਲਈ ਜਾਇਦਾਦ ਨਾਲ ਸਬੰਧਤ ਸਾਰੇ ਪਹਿਲੂਆਂ 'ਤੇ ਉਚਿਤ ਜਾਂਚ ਕਰਨੀ ਚਾਹੀਦੀ ਹੈ। ਬੋਲੀਕਾਰ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਹਿੱਤ ਵਿੱਚ ਸੁਰੱਖਿਅਤ ਸੰਪਤੀਆਂ ਨਾਲ ਸਬੰਧਤ ਹੋਰ ਵੇਰਵਿਆਂ ਦੇ ਸਿਰਲੇਖ ਅਤੇ ਸ਼ੁੱਧਤਾ ਨਾਲ ਸੰਤੁਸ਼ਟ ਹੋਣ, ਜਿਸ ਵਿੱਚ ਸਵਾਲ ਵਿੱਚ ਅਚੱਲ ਸੁਰੱਖਿਅਤ ਸੰਪਤੀ ਦਾ ਆਕਾਰ/ਖੇਤਰ ਸ਼ਾਮਲ ਹੈ ਅਤੇ ਬੋਲੀ ਜਮ੍ਹਾਂ ਕਰਨ ਤੋਂ ਪਹਿਲਾਂ ਸਬੰਧਤ ਅਧਿਕਾਰੀਆਂ ਤੋਂ ਉਨ੍ਹਾਂ ਦੀ ਸੰਤੁਸ਼ਟੀ ਲਈ ਕਿਸੇ ਵੀ ਹੋਰ ਬਕਾਏ/ਦੇਣਦਾਰੀਆਂ/ਬੋਝ ਦਾ ਪਤਾ ਲਗਾਉਣ। ਖਰੀਦਦਾਰ ਬਾਅਦ ਦੀ ਮਿਤੀ 'ਤੇ ਇਸ ਸਬੰਧ ਵਿੱਚ ਅਧਿਕਾਰਤ ਅਧਿਕਾਰੀ/ਸੁਰੱਖਿਅਤ ਲੈਣਦਾਰਾਂ ਵਿਰੁੱਧ ਕੋਈ ਦਾਅਵਾ ਕਰਨ ਦਾ ਹੱਕਦਾਰ ਨਹੀਂ ਹੋਵੇਗਾ।
B) ਨਿਲਾਮੀ/ਬੋਲੀ ਸਿਰਫ਼ ÷ਔਨਲਾਈਨ ਇਲੈਕਟ੍ਰਾਨਿਕ ਬੋਲੀ÷ ਰਾਹੀਂ ਵੈੱਬਸਾਈਟ https://www.bankeauctions.com ਰਾਹੀਂ ਹੋਵੇਗੀ। ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਈ-ਨਿਲਾਮੀ ਵਿਕਰੀ ਕਾਰਵਾਈ ਵਿੱਚ ਹਿੱਸਾ ਲੈਣ ਤੋਂ ਪਹਿਲਾਂ ਵਿਸਤ੍ਰਿਤ ਸ਼ਰਤਾਂ ਲਈ ਵੈੱਬਸਾਈਟ ਦੇਖਣ।
C) ਜਾਇਦਾਦ ਦਾ ਨਿਰੀਖਣ ਅਧਿਕਾਰਤ ਅਧਿਕਾਰੀ ਨਾਲ ਪਹਿਲਾਂ ਤੋਂ ਮੁਲਾਕਾਤ ਨਾਲ ਵਿਕਰੀ ਨੋਟਿਸ ਵਿੱਚ ਦੱਸੀਆਂ ਤਾਰੀਖਾਂ 'ਤੇ ਕੀਤਾ ਜਾ ਸਕਦਾ ਹੈ।
D) ਜਾਇਦਾਦ ਨੂੰ ਉਸ ਕੀਮਤ 'ਤੇ ਵੇਚਿਆ ਜਾਵੇਗਾ ਜੋ ਰਿਜ਼ਰਵ ਕੀਮਤ ਤੋਂ ਵੱਧ ਹੈ ਅਤੇ ਭਾਗ ਲੈਣ ਵਾਲੇ ਬੋਲੀਕਾਰ ਨਿਲਾਮੀ ਪ੍ਰਕਿਰਿਆ ਦੌਰਾਨ ਆਪਣੀ ਪੇਸ਼ਕਸ਼ ਨੂੰ ਹੋਰ ਬਿਹਤਰ ਬਣਾ ਸਕਦੇ ਹਨ।
E) ਰਿਜ਼ਰਵ ਕੀਮਤ ਦਾ 10% EMD ਰਕਮ ਸਿੱਧੇ ਤੌਰ 'ਤੇ M/s PSB ਅਲਾਇੰਸ ਪ੍ਰਾਈਵੇਟ ਲਿਮਟਿਡ (BAANKNET) ਪੋਰਟਲ ਦੇ ਈ-ਵਾਲਿਟ ਵਿੱਚ ਜਮ੍ਹਾ ਕੀਤੀ ਜਾਣੀ ਹੈ ਜਾਂ ਉਸ ਵਿੱਚ ਚਲਾਨ ਤਿਆਰ ਕਰਕੇ RTGS/NEFT ਰਾਹੀਂ EMD ਜਮ੍ਹਾਂ ਕਰਵਾਉਣਾ ਹੈ ਜਿਵੇਂ ਕਿ ਉਕਤ ਚਲਾਨ ਵਿੱਚ ਦੱਸੇ ਗਏ ਖਾਤੇ ਦੇ ਵੇਰਵਿਆਂ ਵਿੱਚ।
F) EMD ਰਕਮ ਦਾ ਭੁਗਤਾਨ ਕਰਨ ਤੋਂ ਬਾਅਦ, ਇੱਛੁਕ ਬੋਲੀਕਾਰਾਂ ਨੂੰ ਹੇਠ ਲਿਖੇ ਦਸਤਾਵੇਜ਼ਾਂ/ਵੇਰਵਿਆਂ ਦੀ ਇੱਕ ਕਾਪੀ ਲੜੀ ਨੰ. 01 24.04.2026 ਨੂੰ ਜਾਂ ਇਸ ਤੋਂ ਪਹਿਲਾਂ ਸ਼ਾਮ 5.00 ਵਜੇ ਤੱਕ ਕੈਨਰਾ ਬੈਂਕ, ਖੇਤਰੀ ਦਫ਼ਤਰ ਪੰਚਕੂਲਾ ਸ਼ਾਖਾ ਨੂੰ ਹੱਥੀਂ ਜਾਂ ਈਮੇਲ ਰਾਹੀਂ ਜਮ੍ਹਾ ਕਰਨੀ ਚਾਹੀਦੀ ਹੈ।
i) EMD ਰਕਮ ਪ੍ਰਤੀ ਡਿਮਾਂਡ ਡਰਾਫਟ/ਪੇਅ ਆਰਡਰ। ਜੇਕਰ RTGS/NEFT ਰਾਹੀਂ ਭੁਗਤਾਨ ਕੀਤਾ ਜਾਂਦਾ ਹੈ, ਤਾਂ UTR ਨੰਬਰ ਦੇ ਨਾਲ ਇਸਦੀ ਰਸੀਦ ਰਸੀਦ।
ii) ਪੈਨ ਕਾਰਡ, ਆਈਡੀ ਪਰੂਫ਼ ਅਤੇ ਪਤੇ ਦੇ ਸਬੂਤ ਦੀਆਂ ਫੋਟੋਕਾਪੀਆਂ। ਹਾਲਾਂਕਿ, ਸਫਲ ਬੋਲੀਕਾਰ ਨੂੰ ਬੋਲੀ ਦੀ ਰਕਮ ਦੇ 25% ਦੀ ਬਕਾਇਆ ਰਕਮ ਦਾ ਭੁਗਤਾਨ ਕਰਦੇ ਸਮੇਂ ਬੈਂਕ ਨੂੰ ਇਹ ਦਸਤਾਵੇਜ਼ ਅਸਲ ਵਿੱਚ ਪੇਸ਼ ਕਰਨੇ ਪੈਣਗੇ।
iii) ਬੋਲੀਕਾਰਾਂ ਦਾ ਨਾਮ, ਸੰਪਰਕ ਨੰਬਰ, ਪਤਾ, ਈ-ਮੇਲ ਆਈਡੀ।
iv. EMD ਦੀ ਔਨਲਾਈਨ ਰਿਫੰਡ ਲਈ ਬੋਲੀਕਾਰ ਦੇ ਖਾਤੇ ਦੇ ਵੇਰਵੇ।
G) ਇੱਛੁਕ ਬੋਲੀਕਾਰਾਂ ਨੂੰ ਆਪਣੇ ਨਾਮ ਪੋਰਟਲ https://BAANKNET.in/ 'ਤੇ ਰਜਿਸਟਰ ਕਰਨੇ ਚਾਹੀਦੇ ਹਨ ਅਤੇ ਆਪਣੀ ਯੂਜ਼ਰ ਆਈਡੀ ਅਤੇ ਪਾਸਵਰਡ ਮੁਫ਼ਤ ਪ੍ਰਾਪਤ ਕਰਨਾ ਚਾਹੀਦਾ ਹੈ। ਸੰਭਾਵੀ ਬੋਲੀਕਾਰ ਸੇਵਾ ਪ੍ਰਦਾਤਾ BAANKNET, (ਸੰਪਰਕ ਨੰਬਰ 8291220220, support.BAANKNET@psballiance.com) ਤੋਂ ਈ-ਨਿਲਾਮੀ 'ਤੇ ਔਨਲਾਈਨ ਸਿਖਲਾਈ ਪ੍ਰਾਪਤ ਕਰ ਸਕਦਾ ਹੈ।
H) ਅਸਫਲ ਬੋਲੀਕਾਰ ਦੁਆਰਾ ਜਮ੍ਹਾ ਕੀਤੀ ਗਈ EMD ਉਹਨਾਂ ਨੂੰ ਵਾਪਸ ਕੀਤੀ ਜਾਵੇਗੀ। EMD 'ਤੇ ਕੋਈ ਵਿਆਜ ਨਹੀਂ ਹੋਵੇਗਾ।
I) ਨਿਲਾਮੀ ਰਿਜ਼ਰਵ ਕੀਮਤ 'ਤੇ ਸ਼ੁਰੂ ਹੋਵੇਗੀ, ਜਿਵੇਂ ਕਿ ਉੱਪਰ ਦੱਸਿਆ ਗਿਆ ਹੈ। ਬੋਲੀਕਾਰ ਆਪਣੀਆਂ ਪੇਸ਼ਕਸ਼ਾਂ ਨੂੰ 10,000/- ਰੁਪਏ ਦੇ ਗੁਣਾ ਵਿੱਚ ਲੜੀ ਨੰ. 1 ਵਿਚ ਸੁਧਾਰ ਕਰਨਗੇ। 'ਔਨਲਾਈਨ' ਨਿਲਾਮੀ ਦੇ ਬੰਦ ਹੋਣ 'ਤੇ ਸਭ ਤੋਂ ਵੱਧ ਬੋਲੀ (ਰਿਜ਼ਰਵ ਕੀਮਤ ਤੋਂ ਉੱਪਰ) ਜਮ੍ਹਾਂ ਕਰਵਾਉਣ ਵਾਲੇ ਬੋਲੀਕਾਰ ਨੂੰ ਸਫਲ ਬੋਲੀਕਾਰ ਘੋਸ਼ਿਤ ਕੀਤਾ ਜਾਵੇਗਾ। ਵਿਕਰੀ ਦੀ ਪੁਸ਼ਟੀ ਸਫਲ ਬੋਲੀਕਾਰ ਦੇ ਹੱਕ ਵਿੱਚ ਕੀਤੀ ਜਾਵੇਗੀ, ਸੁਰੱਖਿਅਤ ਲੈਣਦਾਰ ਦੁਆਰਾ ਇਸਦੀ ਪੁਸ਼ਟੀ ਦੇ ਅਧੀਨ।
J) ਸਫਲ ਬੋਲੀਕਾਰ ਸਫਲ ਬੋਲੀਕਾਰ ਵਜੋਂ ਘੋਸ਼ਿਤ ਕਰਨ ਤੋਂ ਤੁਰੰਤ ਬਾਅਦ ਵਿਕਰੀ ਕੀਮਤ ਦਾ 25% (ਪਹਿਲਾਂ ਹੀ ਅਦਾ ਕੀਤਾ ਗਿਆ EMD ਸਮੇਤ) ਅਤੇ ਸੁਰੱਖਿਅਤ ਲੈਣਦਾਰ ਦੁਆਰਾ ਵਿਕਰੀ ਦੀ ਪੁਸ਼ਟੀ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਬਕਾਇਆ ਰਕਮ ਜਮ੍ਹਾਂ ਕਰਵਾਏਗਾ। ਜੇਕਰ ਸਫਲ ਬੋਲੀਕਾਰ ਵਿਕਰੀ ਕੀਮਤ ਦਾ ਭੁਗਤਾਨ ਕਰਨ ਵਿੱਚ ਅਸਫਲ ਰਹਿੰਦਾ ਹੈ, ਤਾਂ ਉਸ ਦੁਆਰਾ ਕੀਤੀ ਗਈ ਜਮ੍ਹਾਂ ਰਕਮ ਅਧਿਕਾਰਤ ਅਧਿਕਾਰੀ ਦੁਆਰਾ ਬਿਨਾਂ ਕਿਸੇ ਨੋਟਿਸ ਦੇ ਜ਼ਬਤ ਕਰ ਲਈ ਜਾਵੇਗੀ ਅਤੇ ਜਾਇਦਾਦ ਨੂੰ ਤੁਰੰਤ ਦੁਬਾਰਾ ਵਿਕਰੀ ਲਈ ਰੱਖਿਆ ਜਾਵੇਗਾ। 50.00 ਲੱਖ ਰੁਪਏ (ਪੰਜਾਹ ਲੱਖ ਰੁਪਏ) ਅਤੇ ਇਸ ਤੋਂ ਵੱਧ ਦੀ ਵਿਕਰੀ ਦੀ ਰਕਮ ਲਈ, ਸਫਲ ਬੋਲੀਕਾਰ ਨੂੰ ਵਿਕਰੀ ਦੀ ਰਕਮ 'ਤੇ 1% ਦੀ ਦਰ ਨਾਲ TDS ਕੱਟਣਾ ਪਵੇਗਾ ਅਤੇ TDS ਸਰਟੀਫਿਕੇਟ ਦੀ ਅਸਲ ਰਸੀਦ ਬੈਂਕ ਨੂੰ ਜਮ੍ਹਾ ਕਰਨੀ ਪਵੇਗੀ।
K) ਟਰਾਂਸਪੋਰਟੇਸ਼ਨ, ਸਟੈਂਪ ਡਿਊਟੀ/GST, ਰਜਿਸਟ੍ਰੇਸ਼ਨ, NDC ਚਾਰਜ ਆਦਿ ਦੇ ਸਾਰੇ ਖਰਚੇ, ਜਿਵੇਂ ਕਿ ਲਾਗੂ ਹੁੰਦੇ ਹਨ, ਸਿਰਫ ਸਫਲ ਬੋਲੀਕਾਰ ਦੁਆਰਾ ਹੀ ਸਹਿਨ ਕੀਤੇ ਜਾਣਗੇ।
I) ਸਫਲ ਬੋਲੀਕਾਰ ਸਾਰੇ ਸੋਸਾਇਟੀ ਬਕਾਏ, ਨਗਰਪਾਲਿਕਾ ਟੈਕਸ/ਪੰਚਾਇਤ ਟੈਕਸ/ਬਿਜਲੀ/ਪਾਣੀ ਦੇ ਖਰਚੇ/ਹੋਰ ਖਰਚੇ, ਡਿਊਟੀਆਂ ਅਤੇ ਟੈਕਸਾਂ ਦਾ ਭੁਗਤਾਨ ਕਰਨ ਲਈ ਜ਼ਿੰਮੇਵਾਰ ਹੋਵੇਗਾ, ਜਿਸ ਵਿੱਚ ਵਿਸ਼ਾ ਜਾਇਦਾਦ ਦੇ ਸੰਬੰਧ ਵਿੱਚ ਅਤੇ/ਜਾਂ ਪ੍ਰਭਾਵਿਤ ਕਰਨ ਵਿੱਚ ਬਕਾਇਆ, ਜੇਕਰ ਕੋਈ ਹੋਵੇ, ਸ਼ਾਮਲ ਹੈ।
M) ਅਧਿਕਾਰਤ ਅਧਿਕਾਰੀ ਬਿਨਾਂ ਕੋਈ ਕਾਰਨ ਦੱਸੇ ਈ-ਨਿਲਾਮੀ ਦੇ ਨਿਯਮਾਂ ਅਤੇ ਸ਼ਰਤਾਂ ਨੂੰ ਮੁਲਤਵੀ / ਰੱਦ ਕਰਨ ਜਾਂ ਬਦਲਣ ਦਾ ਅਧਿਕਾਰ ਰਾਖਵਾਂ ਰੱਖਦਾ ਹੈ।
N) ਜੇਕਰ ਅਜਿਹੇ ਬੋਲੀਕਾਰ ਹਨ ਜਿਨ੍ਹਾਂ ਕੋਲ ਇੰਟਰਨੈੱਟ ਦੀ ਪਹੁੰਚ ਨਹੀਂ ਹੈ ਪਰ ਈ-ਨਿਲਾਮੀ ਵਿੱਚ ਹਿੱਸਾ ਲੈਣ ਵਿੱਚ ਦਿਲਚਸਪੀ ਰੱਖਦੇ ਹਨ, ਤਾਂ ਉਹ ਇੱਕ ਸੁਵਿਧਾ ਕੇਂਦਰ ਵਜੋਂ ਕੇਨਰਾ ਬੈਂਕ, ਕਰਨਾਲ ਸਰਕਲ ਦਫ਼ਤਰ ਜਾਂ ਖੇਤਰੀ ਦਫ਼ਤਰ, ਪੰਚਕੂਲਾ ਨਾਲ ਸੰਪਰਕ ਕਰ ਸਕਦੇ ਹਨ।

**ਵਿਸ਼ੇਸ਼ ਹਦਾਇਤ/ਚੇਤਾਵਨੀ**

ਬੋਲੀਕਾਰਾਂ ਵੱਲੋਂ ਉਨ੍ਹਾਂ ਦੇ ਆਪਣੇ ਹਿੱਤ ਵਿਚ ਆਖਰੀ ਮਿੰਟਾਂ/ਸਕਿੰਟਾਂ ਵਿਚ ਬੋਲੀ ਦੇਣ ਤੋਂ ਗੁਰੇਜ਼ ਕੀਤਾ ਜਾਣਾ ਚਾਹੀਦਾ ਹੈ। ਨਾ ਤਾਂ ਕੇਨਰਾ ਬੈਂਕ ਅਤੇ ਨਾ ਹੀ ਸਰਵਿਸ ਪ੍ਰੋਵਾਈਡਰ ਅਜਿਹੇ ਮਾਮਲਿਆਂ ਵਿਚ ਬੋਲੀਕਾਰ ਜਾਂ ਵਿਕਰੀਕਾਰ ਦੇ ਵੱਲੋਂ ਕਿਸੇ ਤਰੁੱਟੀ/ਅਸਫਲਤਾ (ਇੰਟਰਨੈਟ ਅਸਫਲਤਾ, ਬਿਜਲੀ ਅਸਫਲਤਾ ਆਦਿ) ਦੇ ਲਈ ਜੁਆਬਦੇਹ ਹੋਣਗੇ। ਅਜਿਹੀ ਅਚਨਚੇਤ ਸਥਿਤੀ ਨੂੰ ਟਾਲਣ ਦੇ ਸਬੰਧ ਵਿਚ ਬੋਲੀਕਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬੈਕ-ਅੱਪ, ਬਿਜਲੀ ਸਪਲਾਈ ਅਤੇ ਜੋ ਵੀ ਅਜਿਹਾ ਲੋੜੀਂਦਾ ਹੋਵੇ ਵਰਗੇ ਲੋੜੀਂਦੇ ਪ੍ਰਬੰਧ/ਵਿਕਲਪ ਬਣਾ ਕੇ ਰੱਖਣ ਤਾਂ ਜੋ ਉਹ ਅਜਿਹੀ ਅਚਨਚੇਤੀ ਸਥਿਤੀ ਨਾਲ ਨਜਿੱਠਣ ਦੇ ਸਮਰਥ ਹੋਣ ਅਤੇ ਸਫਲਤਾਪੂਰਵਕ ਨਿਲਾਮੀ ਵਿਚ ਭਾਗ ਲੈ ਸਕਣ।

ਸਰਫਾਇਸੀ ਐਕਟ 2002 ਦੇ ਅਧੀਨ 15 ਰੋਜ਼ਾ ਵਿਧਾਨਿਕ ਵਿਕਰੀ ਸੂਚਨਾ

ਮਿਤੀ : 04.04.2026 ਸਥਾਨ : ਪੰਚਕੂਲਾ ਅਧਿਕਾਰਤ ਅਧਿਕਾਰੀ, ਕੇਨਰਾ ਬੈਂਕ

# ਸੁਨੀਲ ਕੁਮਾਰ ਪ੍ਰਭਾਕਰ ਨੇ ਸੰਭਾਲਿਆ ਨਾਇਬ ਤਹਿਸੀਲਦਾਰ-ਸਬ ਰਜਿਸਟਰਾਰ ਦਾ ਅਹੁਦਾ

ਪਾਇਲ, 7 ਅਪ੍ਰੈਲ (ਸੰਜੀਵ ਲਹਿਲ): ਪਾਇਲ ਵਿਖੇ ਸੁਨੀਲ ਕੁਮਾਰ ਪ੍ਰਭਾਕਰ ਵੱਲੋਂ ਨਾਇਬ ਤਹਸੀਲਦਾਰ – ਸਬ ਰਜਿਸਟਰਾਰ ਦਾ ਅਹੁਦਾ ਸੰਭਾਲਿਆ ਗਿਆ, ਇੱਥੇ ਜ਼ਿਕਰਯੋਗ ਹੈ ਕਿ ਗੁਰਪ੍ਰੀਤ ਸਿੰਘ ਨਾਇਬ ਤਹਿਸੀਲਦਾਰ ਬਦਲੀ ਤੋਂ ਬਾਅਦ ਇਹ ਅਹੁਦਾ ਖਾਲੀ ਹੋ ਗਿਆ ਸੀ, ਜਿਸ ਨੂੰ ਕਿ ਵਿਧਾਇਕ ਇੰਜੀਨੀਅਰ ਮਨਿੰਦਰ ਸਿੰਘ ਗਿਆਸਪੁਰਾ ਦੀਆਂ ਕੋਸ਼ਿਸ਼ਾਂ ਸਦਕਾ ਪੰਜਾਬ ਸਰਕਾਰ ਬਤੌਰ ਨਾਇਬ ਤਹਿਸੀਲਦਾਰ ਕੰਮ ਸਬ ਰਜਿਸਟਰਾਰ ਸੁਨੀਲ ਪ੍ਰਭਾਕਰ ਜੀ ਨੂੰ ਪਾਇਲ ਵਿਖੇ ਲਗਾਇਆ ਗਿਆ ਹੈ। ਇੱਥੇ ਜ਼ਿਕਰ ਯੋਗ ਹੈ ਕਿ ਸੁਨੀਲ ਪ੍ਰਭਾਕਰ ਜੀ ਜਿੱਥੇ ਮਾਲ ਵਿਭਾਗ ਵਿੱਚ ਇਹਨਾਂ ਦਾ ਲੰਬਾ ਤਜਰਬਾ ਹੈ ਉੱਥੇ ਹੀ ਬੜੇ ਹੀ ਅਣਥੱਕ ਮਿਹਨਤੀ ਇਮਾਨਦਾਰ ਅਤੇ ਅਣਥੱਕ ਅਫਸਰ ਹਨ। ਹਲਕੇ ਦੇ ਲੋਕਾਂ ਅਤੇ




ਸਮੂਹ ਨੰਬਰਦਾਰ ਐਸੋਸੀਏਸ਼ਨ ਪਾਇਲ ਵੱਲੋਂ ਜਿੱਥੇ ਨੈਬ ਤਹਿਸੀਲਦਾਰ ਸ੍ਰੀ ਸੁਨੀਲ ਪ੍ਰਭਾਕਰ ਜੀ ਨੂੰ ਜੀ ਆਇਆਂ ਕਿਹਾ ਗਿਆ, ਉੱਥੇ ਹੀ ਹਲਕਾ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਜੀ ਦਾ ਇਹ ਤਹਿ ਦਿਲੋਂ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਕਿ ਪਿਛਲੇ ਨੈਬ ਸਾਹਿਬ ਦੀ ਬਦਲੀ ਤੋਂ ਤੁਰੰਤ ਬਾਅਦ ਹੀ ਇਸ ਅਹੁਦੇ ਨੂੰ ਭਰ ਦਿੱਤਾ। ਉੱਧਰ ਪ੍ਰੈੱਸ ਨਾਲ ਗੱਲਬਾਤ ਕਰਦੇ ਆਂ ਨਾਇਬ ਤਹਸੀਲਦਾਰ ਸ੍ਰੀ ਸੁਨੀਲ ਪ੍ਰਭਾਕਰ ਨੇ ਕਿਹਾ ਕਿ ਉਹ ਲੋਕਾਂ ਦੀ ਸੇਵਾ ਵਿੱਚ ਹਮੇਸ਼ਾ ਹਾਜ਼ਰ ਹਨ। ਉਹਨਾਂ ਕਿਹਾ ਕਿ ਮੇਰੇ ਦਫਤਰ ਦਾ ਕੋਈ ਵੀ ਕੰਮ ਹੈ ਤਾਂ ਹਰ ਵਿਅਕਤੀ ਮੈਨੂੰ ਸਿੱਧਾ ਆ ਕੇ ਮੇਰੇ ਦਫਤਰ ਮਿਲ ਸਕਦਾ ਹੈ। ਤਾਂ ਕਿ ਕਿਸੇ ਨੂੰ ਕੋਈ ਸਮੱਸਿਆ ਦਫਤਰ ਵਿੱਚ ਪੇਸ਼ ਨਾ ਆਵੇ ਉਹਨਾਂ ਇਸ ਸਮੇਂ ਆਪਣੇ ਦਫਤਰ ਦੇ ਅਧਿਕਾਰੀਆਂ ਨਾਲ ਵੀ ਮੀਟਿੰਗ ਕੀਤੀ ਅਤੇ ਉਹਨਾਂ ਨੂੰ ਹਦਾਇਤ ਦਿੱਤੀ, ਕਿ ਉਹ ਦਫਤਰ ਵਿੱਚ ਆਉਣ ਵਾਲੇ ਹਰ ਵਿਅਕਤੀ ਦਾ ਕੰਮ ਪਹਿਲ ਦੇ ਆਧਾਰ 'ਤੇ ਕਰਨ ਤਾਂ ਜੋ ਕਿ ਕਿਸੇ ਨੂੰ ਦਫਤਰ ਵਿੱਚ ਆ ਕੇ ਖੱਜਲ ਖੁਆਰ ਨਾ ਹੋਣਾ ਪਵੇ।

# ਹੁਣ ਪੈਟਰੋਲ ਪੰਪਾਂ 'ਤੇ ਵੀ ਉਪਲੱਬਧ ਹੋਣਗੇ 5 ਕਿੱਲੋ ਫ੍ਰੀ ਟਰੇਡ ਐਲ.ਪੀ.ਜੀ. ਸਿਲੰਡਰ



ਲੁਧਿਆਣਾ, 7 (ਵਿਸ਼ਾਲ ਸ਼ਰਮਾ): ਫੂਡ ਸਪਲਾਈ ਵਿਭਾਗ ਨੇ ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਨਾਲ ਮਿਲ ਕੇ ਬਸੀ ਕਾਰੀਗਰਾਂ ਦੀ ਮੱਦਦ ਲਈ ਇੱਕ ਨਵਾਂ ਪ੍ਰੋਗਰਾਮ ਚਲਾਇਆ ਹੈ। ਰੇਸ਼ਨ ਡੀਪੋਆਂ ਵਰਗੇ ਹੁਣ ਸ਼ਹਿਰ ਭਰ ਦੇ ਚੁਣੇ ਹੋਏ ਪੈਟਰੋਲ ਪੰਪਾਂ 'ਤੇ ਵੀ 5 ਕਿਲੋਗ੍ਰਾਮ ਫ੍ਰੀ ਟਰੇਡ ਐਲਪੀਜੀ (ਐਫਟੀਐਲ) ਸਿਲੰਡਰ ਉਪਲੱਬਧ ਹੋਣਗੇ, ਜਿਸ ਨਾਲ ਰਸੋਈ ਈਂਧਨ ਆਸਾਨੀ ਨਾਲ ਮਿਲੇਗਾ ਅਤੇ ਬਸੀ ਕਾਰੀਗਰ ਆਪਣੇ ਘਰਾਂ ਵੱਲ ਨਾ ਜਾਣਾ ਪਵੇ। ਜ਼ਿਲ੍ਹਾ ਫੂਡ ਐਂਡ ਸਪਲਾਈ ਕੰਟਰੋਲਰ (ਡੀਐਫਐਸਸੀ) ਲੁਧਿਆਣਾ ਨੇ ਪੈਟਰੋਲ ਪੰਪ ਮਾਲਕਾਂ ਨਾਲ ਮੀਟਿੰਗ ਕੀਤੀ, ਜਿਨ੍ਹਾਂ ਨੇ ਪ੍ਰਸ਼ਾਸਨ ਨੂੰ ਪੂਰਾ ਸਮਰਥਨ ਦਿੱਤਾ ਹੈ ਅਤੇ ਚੁਣੇ ਹੋਏ ਆਊਟਲਾਇਟਾਂ 'ਤੇ ਐਫਟੀਐਲ ਸਿਲੰਡਰਾਂ ਦਾ ਸਟਾਕ ਰੱਖਣ ਲਈ ਸਹਿਮਤੀ ਦਿੱਤੀ ਹੈ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਕਿਹਾ, ਇਹ ਕਦਮ ਐਲਪੀਜੀ ਉਪਲੱਬਧਤਾ ਦੀਆਂ ਮੁਸ਼ਕਲਾਂ ਨੂੰ ਹੱਲ ਕਰਦਾ ਹੈ ਅਤੇ ਨਿਵਾਸੀਆਂ ਨੂੰ ਜ਼ਰੂਰੀ ਰਾਹਤ ਪ੍ਰਦਾਨ ਕਰਦਾ ਹੈ।

# ਮੰਤਰੀ ਈ.ਟੀ.ਓ. ਨੇ ਪੀ.ਡਬਲਯੂ.ਡੀ. ਕੈਂਪਸ ਦੇ ਦਫ਼ਤਰਾਂ ਦਾ ਕੀਤਾ ਅਚਨਚੇਤ ਨਿਰੀਖਣ

ਲੁਧਿਆਣਾ,7 ਅਪ੍ਰੈਲ (ਵਿਸ਼ਾਲ ਸ਼ਰਮਾ): ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਮੰਗਲਵਾਰ ਨੂੰ ਲੋਕ ਨਿਰਮਾਣ ਵਿਭਾਗ (ਪੀਡਬਲਯੂਡੀ) ਲੁਧਿਆਣਾ ਡਿਵੀਜ਼ਨ ਦੀਆਂ ਵੱਖ-ਵੱਖ ਸ਼ਾਖਾਵਾਂ ਦਾ ਅਚਨਚੇਤ ਨਿਰੀਖਣ ਕੀਤਾ, ਤਾਂ ਜੋ ਕਰਮਚਾਰੀਆਂ ਦੇ ਸਮੇਂ ਦੀ ਪਾਬੰਦਤਾ ਅਤੇ ਸੰਚਾਲਨ ਕੁਸ਼ਲਤਾ ਦਾ ਮੁਲਾਂਕਣ ਕੀਤਾ ਜਾ ਸਕੇ।



ਦੌਰੇ ਦੌਰਾਨ, ਉਨ੍ਹਾਂ ਨੇ ਪੀ ਡਬਲਯੂ ਡੀ ਕੈਂਪਸ ਅਧੀਨ ਸਾਰੇ ਦਫਤਰਾਂ ਦੀ ਜਾਂਚ ਕੀਤੀ ਅਤੇ ਪੂਰੇ ਸਟਾਫ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਨੈਸ਼ਨਲ ਹਾਈਵੇ ਸਰਕਲ, ਕੰਸਟ੍ਰਕਸ਼ਨ ਸਰਕਲ, ਕੰਸਟ੍ਰਕਸ਼ਨ ਡਿਵੀਜ਼ਨ ਨੰਬਰ 1, 2 ਅਤੇ 3, ਲੁਧਿਆਣਾ, ਬਾਗਬਾਨੀ ਡਿਵੀਜ਼ਨ, ਲੁਧਿਆਣਾ, ਨੈਸ਼ਨਲ ਹਾਈਵੇਅ ਡਿਵੀਜ਼ਨ ਨੰਬਰ 1, ਲੁਧਿਆਣਾ ਅਤੇ ਇਲੈਕਟ੍ਰੀਕਲ ਡਿਵੀਜ਼ਨ, ਲੁਧਿਆਣਾ ਸਮੇਤ ਕਈ ਦਫਤਰਾਂ ਦਾ ਦੌਰਾ ਕੀਤਾ। ਨਿਰੀਖਣ ਦਾ ਉਦੇਸ਼ ਇਹ ਯਕੀਨੀ ਬਣਾਉਣਾ ਸੀ ਕਿ ਵਿਭਾਗ ਡਿਊਟੀਆਂ ਅਤੇ ਪ੍ਰੋਜੈਕਟਾਂ ਦੇ ਸਮੇਂ ਸਿਰ ਅਮਲ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ ਨਿਰਵਿਘਨ ਕੰਮ ਕਰੇ। ਨਿਰੀਖਣ ਦੌਰਾਨ, ਮੰਤਰੀ ਈਟੀਓ ਨੇ ਵੱਖ-ਵੱਖ ਸ਼ਾਖਾਵਾਂ ਵਿੱਚ ਸਟਾਫ ਦੀ ਮੌਜੂਦਗੀ ਦੀ ਪੁਸ਼ਟੀ ਕਰਨ ਲਈ ਹਾਜ਼ਰੀ ਰਜਿਸਟਰਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ। ਉਨ੍ਹਾਂ ਨੇ ਸਮੇਂ ਦੀ ਪਾਬੰਦਤਾ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਅਨੁਸ਼ਾਸਨ ਬਣਾਈ ਰੱਖਣ ਅਤੇ ਸੁਚਾਰੂ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਕਾਰਜ ਸਥਾਨ 'ਤੇ ਸਮੇਂ ਸਿਰ ਪਹੁੰਚਣਾ ਜ਼ਰੂਰੀ ਹੈ।ਉਨ੍ਹਾਂ ਨੇ ਕਰਮਚਾਰੀਆਂ ਨੂੰ ਦਫ਼ਤਰੀ ਸਮੇਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ। ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਸਮੇਂ ਦੀ ਪਾਬੰਦਤਾ ਜਨਤਕ ਸੇਵਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਅਤੇ ਵਿਭਾਗ ਦੀ ਭਰੋਸੇਯੋਗਤਾ ਨੂੰ ਵਧਾਉਂਦੀ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਆਪਣੇ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੇ ਕੁਪ੍ਰਬੰਧ ਤੋਂ ਬਚਣ ਅਤੇ ਸਾਰੇ ਚੱਲ ਰਹੇ ਪ੍ਰੋਜੈਕਟਾਂ ਨੂੰ ਸਮੇਂ ਸਿਰ ਪੂਰਾ ਕਰਨ ਨੂੰ ਤਰਜੀਹ ਦੇਣ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪ੍ਰੋਜੈਕਟ ਐਗਜ਼ੀਕਿਊਸ਼ਨ ਵਿੱਚ ਦੇਰੀ ਜਨਤਾ ਦੇ ਵਿਸ਼ਵਾਸ ਨੂੰ ਕਮਜ਼ੋਰ ਕਰ ਸਕਦੀ ਹੈ ਅਤੇ ਕੁਸ਼ਲ ਸੇਵਾਵਾਂ ਪ੍ਰਦਾਨ ਕਰਨ ਲਈ ਸਰਕਾਰ ਦੇ ਯਤਨਾਂ ਨੂੰ ਰੋਕ ਸਕਦੀ ਹੈ। ਇਸ ਤੋਂ ਇਲਾਵਾ, ਕੈਬਨਿਟ ਮੰਤਰੀ ਈਟੀਓ ਨੇ ਉਨ੍ਹਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਇੱਕ ਸਰਗਰਮ ਪਹੁੰਚ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਨੁਸ਼ਾਸਿਤ ਕੰਮ ਦੀ ਨੈਤਿਕਤਾ ਵਿਭਾਗੀ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਬੁਨਿਆਦ ਹੈ। ਉਨ੍ਹਾਂ ਨੇ ਸੀਨੀਅਰ ਅਧਿਕਾਰੀਆਂ ਨੂੰ ਹਾਜ਼ਰੀ ਅਤੇ ਪ੍ਰੋਜੈਕਟ ਦੀ ਪ੍ਰਗਤੀ ਦੀ ਨੇੜਿਓਂ ਨਿਗਰਾਨੀ ਕਰਨ ਲਈ ਵੀ ਕਿਹਾ, ਇਹ ਯਕੀਨੀ ਬਣਾਉਣ ਲਈ ਕਿ ਸਮੇਂ ਦੀ ਪਾਬੰਦਤਾ ਜਾਂ ਪ੍ਰਦਰਸ਼ਨ ਵਿੱਚ ਕਿਸੇ ਵੀ ਕਮੀ ਨੂੰ ਤੁਰੰਤ ਦੂਰ ਕੀਤਾ ਜਾਵੇ।

# ਪੰਜਾਬ ਸਕੂਲ ਸਿੱਖਿਆ ਬੋਰਡ ਦੇ ਨਵੇਂ ਫ਼ੈਸਲੇ ਨਾਲ ਵਿਦਿਆਰਥੀ ਅਤੇ ਅਧਿਆਪਕ ਪ੍ਰੇਸ਼ਾਨ

## ਕੰਪਿਊਟਰਾਇਜ਼ਡ ਜਨਮ ਸਰਟੀਫ਼ਿਕੇਟ ਦੀ ਸ਼ਰਤ ਵਾਪਿਸ ਲਵੇ ਬੋਰਡ : ਡੀ. ਟੀ. ਐਫ਼.




ਫਿਲੌਰ, 7 ਅਪ੍ਰੈਲ (ਅਜੇ ਸਿੰਘ ਨਾਗੀ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਦਿਆਰਥੀਆਂ ਦੇ ਦਾਖਲੇ 'ਤੇ ਲਾਏ ਨਵੇਂ ਨਿਯਮਾਂ ਕਾਰਨ ਵਿਦਿਆਰਥੀਆਂ ਦਾ ਭਵਿੱਖ ਖਤਰੇ ਵਿੱਚ ਪਾ ਦਿੱਤਾ ਹੈ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਦੱਸਿਆ ਕਿ ਨੌਵੀਂ ਜਮਾਤ ਵਿੱਚ ਦਾਖਲਾ ਲੈਣ ਲਈ ਵਿਦਿਆਰਥੀ ਕੋਲ ਸੁਵਿਧਾ ਕੇਂਦਰ ਵੱਲੋਂ ਜ਼ਾਰੀ ਕੀਤਾ ਕੰਪਿਊਟਰਾਇਜ਼ਡ ਜਨਮ ਸਰਟੀਫਿਕੇਟ ਹੋਣਾ ਜਰੂਰੀ ਕਰ ਦਿੱਤਾ ਹੈ। ਜਿਸ ਨਾਲ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਦੀਆਂ ਪ੍ਰੇਸ਼ਾਨੀਆਂ ਵਧ ਜਾਣਗੀਆਂ ਅਤੇ ਵਿਦਿਆਰਥੀ ਦਾਖਲਾ ਲੈਣ ਤੋਂ ਅਯੋਗ ਹੋ ਜਾਣਗੇ। ਉਹਨਾਂ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਇਹ ਫ਼ੈਸਲਾ ਜਮੀਨੀ ਪੱਧਰ ਦੀਆਂ ਹਾਲਤਾਂ ਦੇ ਅਨੁਕੂਲ ਨਹੀਂ ਹੈ। ਕਿਉਂਕਿ ਬਹੁਤ ਸਾਰੇ ਬੱਚਿਆਂ ਕੋਲ ਜਨਮ ਸਰਟੀਫਿਕੇਟ ਨਹੀਂ ਹੈ ਅਤੇ ਬਹੁਤਿਆਂ ਕੋਲ ਹਸਪਤਾਲ ਜਾਂ ਕਿਸੇ ਹੋਰ ਸੰਸਥਾ ਵੱਲੋਂ ਹੱਥ ਲਿਖਤ ਜਨਮ ਸਰਟੀਫਿਕੇਟ ਹੀ ਹਨ। ਆਗੂਆਂ ਨੇ ਕਿਹਾ ਕਿ ਇਸ ਫੈਸਲੇ ਨਾਲ ਸਰਕਾਰੀ ਸਕੂਲਾਂ ਦੇ ਦਾਖਲੇ ਘਟਣ ਦਾ ਖਦਸ਼ਾ ਵੀ ਪੈਦਾ ਹੋ ਗਿਆ ਹੈ ।

ਜਥੇਬੰਦੀ ਦੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੁਖਵਿੰਦਰਪ੍ਰੀਤ ਸਿੰਘ, ਜ਼ਿਲ੍ਹਾ ਸਕੱਤਰ ਅਵਤਾਰ ਲਾਲ, ਜ਼ਿਲਾ ਕਮੇਟੀ ਮੈਂਬਰ ਗੌਰਵ ਕੁਮਾਰ, ਅਮਨਦੀਪ ਸਿੰਘ ਸ਼ਾਹਕੋਟ ਅਤੇ ਰਾਜਵਿੰਦਰਪਾਲ ਸਿੰਘ ਆਗੂਆਂ ਨੇ ਕਿਹਾ ਕਿ ਬੋਰਡ ਦੇ ਇਸ ਫੈਸਲੇ ਨਾਲ ਵਿਦਿਆਰਥੀਆਂ ਅਤੇ ਮਾਪਿਆਂ ਦੀ ਖੱਜਲ ਖੁਆਰੀ ਵੱਧ ਜਾਵੇਗੀ। ਉਹ ਦਾਖਲਾ ਲੈਣ ਦੇ ਦਿਨਾਂ ਵਿੱਚ ਸੁਵਿਧਾ ਕੇਂਦਰਾਂ ਦੀਆਂ ਲਾਇਨਾਂ ਵਿੱਚ ਖੜ੍ਹ ਕੇ ਖੱਜਲ ਖੁਆਰ ਹੋ ਰਹੇ ਹਨ।ਆਗੂਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਅਪੀਲ ਕੀਤੀ ਕਿ ਇਹ ਬੇਤੁੱਕਾ ਫ਼ੈਸਲਾ ਤੁਰੰਤ ਵਾਪਿਸ ਲਿਆ ਜਾਵੇ।

# ਖੜ੍ਹੀ ਕਰੇਟਾ ਨੂੰ ਲੱਗੀ ਅੱਗ, ਹੋਇਆ ਮਾਲੀ ਨੁਕਸਾਨ



ਫਿਲੌਰ, 7 ਅਪ੍ਰੈਲ (ਅਜੇ ਸਿੰਘ ਨਾਗੀ): ਹਲਕਾ ਫਿਲੌਰ ਦੇ ਵੱਖ ਵੱਖ ਪਿੰਡਾਂ ਤੇ ਕਸਬਿਆ ਤੋਂ ਸਰਕਾਰੀ ਦਫਤਰਾਂ 'ਚ ਕੰਮ ਕਰਵਾਉਣ ਲਈ ਆਉਂਦੇ ਹਨ ਤੇ ਉਹ ਆਪਣੇ ਪਾਰਕਿੰਗ 'ਚ ਲਾਉਣ ਦੀ ਬਜਾਏ ਸੜਕਾਂ 'ਤੇ ਖੜ੍ਹੇ ਕਰਕੇ ਚੱਲੇ ਜਾਂਦੇ ਹਨ, ਜਿਸ ਨਾਲ ਟਰੈਫਿਕ ਤੇ ਆਵਜਾਈ 'ਚ ਵਿਘਨ ਪੈਂਦਾ ਹੈ ਤੇ ਕਈਆਂ ਦੇ ਮੋਟਰਸਾਈਕਲ ਚੋਰੀ ਹੋ ਚੁੱਕੇ ਹਨ।ਅੱਜ ਸਵੇਰੇ ਕਰੇਟਾ ਗੱਡੀ ਦਾ ਮਾਲਕ ਸੰਤੋਖ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪੁਆਦੜਾ ਬਾਹਰ ਲਾਕੇ ਚੱਲ ਗਿਆ ਥੋੜ੍ਹੇ ਸਮੇਂ ਬਾਅਦ ਹੀ ਕਰੇਟਾ ਗੱਡੀ ਨੂੰ ਅੱਗ ਲੱਗ ਗਈ ਤੇ ਗੱਡੀ ਦਾ ਮਾਲਕ ਸੰਤੋਖ ਸਿੰਘ ਨੂੰ ਨਾਲ ਦੇ ਸਾਥੀ ਮੈਂ ਦੱਸਿਆ ਕਿ ਬਾਹਰ ਕਿਸੇ ਗੱਡੀ ਨੂੰ ਅੱਗ ਲੱਗੀ ਹੋਈ, ਜਦੋਂ ਆ ਕੇ ਵੇਖਿਆ ਕਿ ਉਹਨਾਂ ਦੀ ਕਰੇਟਾ ਗੱਡੀ ਅੱਗ ਦੀ ਲਵਟਾਂ ਨਿਕਲੀਆਂ ਸਨ, ਤੇ ਲੋਕਾਂ ਨੇ ਫਾਇਰ ਫਾਇਰ ਬ੍ਰਿਗੇਡ ਫਿਲੌਰ ਦੇ ਕਰਮਚਾਰੀ ਨੂੰ ਫੋਨ ਕੀਤਾ ਮੌਕੇ 'ਤੇ ਕਰਮਚਾਰੀਆਂ ਸਮੇਤ ਪਹੁੰਚੇ, ਸੰਤੋਖ ਸਿੰਘ ਤੇ ਲੋਕਾਂ ਨੇ ਜਦੋ ਜਹਿਦ ਕਰਕੇ ਅੱਗ ਨੂੰ ਕਾਬੂ ਪਾਇਆ, ਤੇ ਗੱਡੀ ਨੂੰ ਅੱਗ ਲੱਗਣ ਕਾਰਨ ਪਤਾ ਨਹੀਂ ਲੱਗਿਆ। ਇਸ ਮੌਕੇ ਕਰੇਟਾ ਗੱਡੀ ਦਾ ਮਾਲਕ ਸੰਤੋਖ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪੁਆਦੜਾ ਆਪਣੇ ਕੰਮ ਕਰਵਾਉਣ ਲਈ ਕਚਹਿਰੀ ਆਇਆ ਸੀ, ਤੇ ਮੈਂ ਬਾਹਰ ਗੱਡੀ ਲਾਈ ਸੀ, ਥੋੜ੍ਹੇ ਸਮੇ ਬਾਅਦ ਗੱਡੀ ਨੂੰ ਅੱਗ ਲੱਗ ਗਈ ਤੇ ਗੱਡੀ ਦਾ ਅੱਗ ਭਾਰੀ ਨੁਕਸਾਨ ਹੋਇਆ ਹੈ। 112 ਦੇ ਇੰਚਾਰਜ ਲਖਵਿੰਦਰ ਸਿੰਘ ਥਾਣੇਦਾਰ ਨੇ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਕਿ ਆਪਣੇ ਵਾਹਨ ਪਾਰਕਿੰਗ 'ਚ ਖੜ੍ਹੇ ਕਰਨੇ ਤੇ ਜੇਕਰ ਟ੍ਰੈਫਿਕ ਨਿਯਮਾਂ ਦੀਆਂ ਪਾਲਣਾ ਨਹੀਂ ਕਰਨਗੇ, ਉਨ੍ਹਾਂ 'ਤੇ ਖਿਲਾਫ ਬਨਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਪੰਜਾਬ ਇਤਿਹਾਸਕ ਰਿਕਾਰਡ ਨਿਵੇਸ਼ ਨਾਲ ਨੰਬਰ ਵਨ ਸੂਬਾ ਬਣਿਆ : ਮੰਤਰੀ ਅਰੋੜਾ

ਲੁਧਿਆਣਾ, 7 ਅਪ੍ਰੈਲ (ਵਿਸ਼ਾਲ ਸ਼ਰਮਾ): ਲੁਧਿਆਣਾ ਉਦਯੋਗ ਨਾਲ ਕੀਤੇ ਆਪਣੇ ਵਾਅਦੇ ਨੂੰ ਪੂਰਾ ਕਰਦੇ ਹੋਏ ਪੰਜਾਬ ਦੇ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਸਥਾਨਕ ਸਰਕਾਰਾਂ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਅੱਜ ਕਿਹਾ ਕਿ ਜਲੰਧਰ ਬਾਈਪਾਸ ਨੇੜੇ 10 ਏਕੜ ਜ਼ਮੀਨ 'ਤੇ ਇੱਕ ਪ੍ਰਦਰਸ਼ਨੀ ਕੇਂਦਰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਲਈ ਟੈਂਡਰ ਸੋਮਵਾਰ ਨੂੰ ਖੋਲ੍ਹੇ ਜਾਣਗੇ ਅਤੇ ਕੰਮ ਇੱਕ ਸਾਲ ਦੇ ਅੰਦਰ ਪੂਰਾ ਕਰ ਲਿਆ ਜਾਵੇਗਾ। ਸੰਜੀਵ ਅਰੋੜਾ ਨੇ ਅੱਜ ਇੱਥੇ ਹੋਟਲ ਹਯਾਤ ਰੀਜੈਂਸੀ ਵਿਖੇ ਲੁਧਿਆਣਾ ਦੇ ਪ੍ਰਮੁੱਖ ਉਦਯੋਗਪਤੀਆਂ ਨਾਲ ਗੱਲਬਾਤ ਦੌਰਾਨ ਇਹ ਐਲਾਨ ਕੀਤਾ। ਉਦਯੋਗਪਤੀਆਂ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਅਰੋੜਾ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਅੰਦਰ ਸਾਲ 2025-26 ਲਈ ਆਪਣੇ ਇਤਿਹਾਸ ਵਿੱਚ ਹੁਣ ਤੱਕ ਦਾ ਸਭ ਤੋਂ ਵੱਧ ਨਿਵੇਸ਼ 60256 ਕਰੋੜ ਦਾ ਹੋਇਆ। ਇਸਦੇ ਨਾਲ 1 ਲੱਖ 35 ਹਜ਼ਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮਿਲਣਗੇ। ਜੋ ਕਿ ਉਦਯੋਗਿਕ ਵਿਕਾਸ ਲਈ ਅਨੁਕੂਲ ਮਾਹੌਲ ਪ੍ਰਦਾਨ ਕਰਨ ਦੇ ਪੰਜਾਬ ਸਰਕਾਰ ਦੇ ਦ੍ਰਿੜ ਇਰਾਦੇ ਨੂੰ ਦਰਸਾਉਂਦਾ ਹੈ।




ਕੈਬਨਿਟ ਮੰਤਰੀ ਨੇ ਕਿਹਾ, ਅਗਲੇ ਸਾਲ ਲਈ ਸਾਡਾ ਟੀਚਾ 75,000 ਕਰੋੜ ਰੁਪਏ ਹੋਵੇਗਾ ਅਤੇ ਸਾਨੂੰ ਯਕੀਨ ਹੈ ਕਿ ਅਸੀਂ ਇਸ ਟੀਚੇ ਨੂੰ ਪਾਰ ਕਰ ਲਵਾਂਗੇ। ਲੁਧਿਆਣਾ ਵਿੱਚ ਸਥਾਨਕ ਉਦਯੋਗਪਤੀਆਂ ਨਾਲ ਗੱਲਬਾਤ ਸੈਸ਼ਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਮੰਤਰੀ ਨੇ ਕਿਹਾ ਕਿ ਪੰਜਾਬ ਨਿਵੇਸ਼ਕਾਂ ਲਈ ਸਭ ਤੋਂ ਪਸੰਦੀਦਾ ਸਥਾਨਾਂ ਵਿੱਚੋਂ ਇੱਕ ਵਜੋਂ ਉਭਰਿਆ ਹੈ। ਉਨ੍ਹਾਂ ਕਿਹਾ ਕਿ ਜੇ.ਐਸ.ਡਬਲਯੂ ਗਰੁੱਪ ਅਤੇ ਮਿੱਤਲ ਗਰੁੱਪ ਸਮੇਤ ਪ੍ਰਮੁੱਖ ਉਦਯੋਗਿਕ ਸਮੂਹਾਂ ਨੇ ਕ੍ਰਮਵਾਰ 3,000 ਕਰੋੜ ਰੁਪਏ ਅਤੇ 2,600 ਕਰੋੜ ਰੁਪਏ ਦੇ ਨਿਵੇਸ਼ ਦਾ ਐਲਾਨ ਕੀਤਾ ਗਿਆ ਹੈ। ਟਾਟਾ ਗਰੁੱਪ ਨੇ ਪਿੰਡ ਧਨਾਨਸੂ (ਲੁਧਿਆਣਾ) ਵਿਖੇ ਸਾਈਕਲ ਵੈਲੀ ਵਿੱਚ ਸਥਾਪਿਤ ਟਾਟਾ ਸਟੀਲਜ਼ ਪਲਾਂਟ ਵਿੱਚ ਆਪਣਾ ਉਤਪਾਦਨ ਸ਼ੁਰੂ ਕਰ ਦਿੱਤਾ ਹੈ। ਨੀਤੀ ਨੂੰ ਇੱਕ ਗੇਮ-ਚੇਂਜਰ ਦੱਸਦਿਆਂ, ਉਨ੍ਹਾਂ ਕਿਹਾ ਕਿ ਇਨ੍ਹਾਂ ਨਵੇਂ ਪਾਰਕਾਂ ਵਿੱਚ ਤਬਦੀਲ ਹੋਣ ਵਾਲੇ ਉਦਯੋਗਾਂ ਨੂੰ ਵੱਡੇ ਪ੍ਰੋਤਸਾਹਨ ਮਿਲਣਗੇ। ਜ਼ੀਰੋ ਲਿਕਵਿਡ ਡਿਸਚਾਰਜ ਮਾਪਦੰਡ ਅਪਣਾਉਣ ਵਾਲੇ ਮੌਜੂਦਾ ਉਦਯੋਗ 10 ਕਰੋੜ ਰੁਪਏ ਤੱਕ ਦੇ ਪ੍ਰੋਤਸਾਹਨ ਲਈ ਯੋਗ ਹੋਣਗੇ ਜਦੋਂ ਕਿ ਨਵੇਂ ਉਦਯੋਗਾਂ ਨੂੰ 100 ਪ੍ਰਤੀਸ਼ਤ ਪ੍ਰੋਤਸਾਹਨ ਮਿਲਣਗੇ।

# ਐਸ.ਐਸ.ਪੀ. ਬਣੇ ਮਿਸਾਲ, ਜਥੇਬੰਦੀਆਂ ਨੇ ਕੀਤੀ ਸ਼ਲਾਘਾ



ਲੁਧਿਆਣਾ, 7 ਅਪ੍ਰੈਲ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ): ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕੀਤੇ ਜਾ ਰਹੇ ਪ੍ਰਭਾਵਸ਼ਾਲੀ ਕੰਮਾਂ ਦੀ ਸਮਾਜਿਕ ਜਥੇਬੰਦੀਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ ਹੈ। ਵੱਖ ਵੱਖ ਜਥੇਬੰਦੀਆਂ ਦੇ ਪ੍ਰਤੀਨਿਧੀਆਂ ਨੇ ਕਿਹਾ ਕਿ ਜਿਸ ਮੀਟ ਮਾਰਕੀਟ ਇਲਾਕੇ ਨੂੰ ਕਦੇ ਨਸ਼ਾ ਤਸਕਰੀ ਦਾ ਹੌਟ ਸਪੌਟ ਮੰਨਿਆ ਜਾਂਦਾ ਸੀ, ਉੱਥੇ ਹੁਣ ਕਾਫੀ ਹੱਦ ਤੱਕ ਨਸ਼ੇ 'ਤੇ ਕਾਬੂ ਪਾਇਆ ਗਿਆ ਹੈ, ਜੋ ਕਿ ਖੰਨਾ ਪੁਲਿਸ ਦੀ ਵੱਡੀ ਸਫਲਤਾ ਹੈ। ਉਹਨਾਂ ਨੂੰ ਉਮੀਦ ਹੈ ਕਿ ਐਸਐਸਪੀ ਡਾ. ਦਰਪਣ ਆਹਲੂਵਾਲੀਆ ਦੀ ਯੋਗ ਅਗਵਾਈ ਹੇਠ ਪੁਲਿਸ ਜ਼ਿਲ੍ਹਾ ਖੰਨਾ ਬਹੁਤ ਛੇਤੀ ਪੂਰੀ ਤਰ੍ਹਾਂ ਨਾਲ ਨਸ਼ਾ ਮੁਕਤ ਜ਼ਿਲ੍ਹਾ ਬਣੇਗਾ। ਖੰਨਾ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਉਭੀ, ਆੜ੍ਹਤੀ ਐਸੋਸੀਏਸ਼ਨ ਖੰਨਾ ਦੇ ਪ੍ਰਧਾਨ ਹਰਬੰਸ ਸਿੰਘ ਰੋਸ਼ਾ ਅਤੇ ਹੋਰਨਾਂ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਐਸ.ਐਸ.ਪੀ ਖੰਨਾ ਡਾ. ਦਰਪਣ ਆਹਲੂਵਾਲੀਆ ਵੱਲੋਂ ਸ਼ੁਰੂ ਕੀਤੀ ਘਰ-ਘਰ ਸੰਪਰਕ ਮੁਹਿੰਮ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਐਸ.ਐਸ.ਪੀ ਖੰਨਾ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਪੁਲਿਸ ਵੱਲੋਂ ਕੀਤੀਆਂ ਲਗਾਤਾਰ ਕਾਰਵਾਈਆਂ ਅਤੇ ਜਾਗਰੂਕਤਾ ਯਤਨਾਂ ਕਾਰਨ ਇਲਾਕੇ ਵਿੱਚ ਸਕਾਰਾਤਮਕ ਬਦਲਾਅ ਆਇਆ ਹੈ। ਜਥੇਬੰਦੀਆਂ ਨੇ ਕਿਹਾ ਕਿ ਪਹਿਲਾਂ ਲੋਕ ਇਸ ਇਲਾਕੇ ਵਿੱਚ ਜਾਣ ਤੋਂ ਵੀ ਘਬਰਾਉਂਦੇ ਸਨ, ਪਰ ਹੁਣ ਹਾਲਾਤ ਕਾਫੀ ਸੁਧਰੇ ਹੋਏ ਹਨ ਅਤੇ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਰਹੇ ਹਨ। ਜਥੇਬੰਦੀਆਂ ਨੇ ਖਾਸ ਤੌਰ 'ਤੇ ਇਹ ਵੀ ਜ਼ਿਕਰ ਕੀਤਾ ਕਿ ਖੰਨਾ ਪੁਲਿਸ ਸਿਰਫ਼ ਕਾਰਵਾਈ ਤੱਕ ਸੀਮਿਤ ਨਹੀਂ ਰਹੀ, ਸਗੋਂ ਸਮਾਜਿਕ ਜ਼ਿੰਮੇਵਾਰੀ ਨਿਭਾਉਂਦੇ ਹੋਏ ਬੱਚਿਆਂ ਦੀ ਸਿੱਖਿਆ ਵੱਲ ਵੀ ਧਿਆਨ ਦੇ ਰਹੀ ਹੈ। ਇਸ ਨਾਲ ਨਵੀਂ ਪੀੜ੍ਹੀ ਨੂੰ ਸਹੀ ਦਿਸ਼ਾ ਮਿਲ ਰਹੀ ਹੈ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਨਾ ਮਿਲਦੀ ਹੈ। ਸਮਾਜਿਕ ਜਥੇਬੰਦੀਆਂ ਨੇ ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਦੀ ਵੀ ਖੁੱਲ੍ਹ ਕੇ ਤਾਰੀਫ਼ ਕੀਤੀ। ਅੰਤ ਵਿੱਚ ਜਥੇਬੰਦੀਆਂ ਦੇ ਆਗੂਆਂ ਨੇ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਅਤੇ ਪੂਰੀ ਖੰਨਾ ਪੁਲਿਸ ਟੀਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਯਤਨਾਂ ਨਾਲ ਇਲਾਕੇ ਵਿੱਚ ਨਵੀਂ ਉਮੀਦ ਜਗੀ ਹੈ। ਲੋਕਾਂ ਵਿੱਚ ਭਰੋਸਾ ਬਣਿਆ ਹੈ ਕਿ ਹੁਣ ਨਸ਼ਾ ਤਸਕਰਾਂ ਲਈ ਕੋਈ ਥਾਂ ਨਹੀਂ ਬਚੇਗੀ ਅਤੇ ਖੰਨਾ ਨੂੰ ਨਸ਼ਾ ਮੁਕਤ ਬਣਾਉਣ ਦਾ ਸੁਪਨਾ ਜਲਦੀ ਹੀ ਸਾਕਾਰ ਹੋਵੇਗਾ।

# ਕਨ੍ਹਈਆ ਗੁਪਤਾ ਬਾਂਕਾ ਤੀਜੀ ਵਾਰ ਬਣੇ ਪ੍ਰਧਾਨ




ਜਗਰਾਓਂ, 7 ਅਪ੍ਰੈਲ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਆੜ੍ਹਤੀਆ ਐਸੋਸੀਏਸ਼ਨ ਦੀ ਅੱਜ ਸਥਾਨਕ ਪੁਰਾਣੀ ਦਾਣਾ ਮੰਡੀ ਧਰਮਸ਼ਾਲਾ ਵਿਖੇ ਹੋਈ ਹੋਈ ਮੀਟਿੰਗ ਵਿੱਚ ਵੱਡੀ ਗਿਣਤੀ 'ਚ ਪੁੱਜੇ ਆੜ੍ਹਤੀਆਂ ਨੇ ਲਗਾਤਾਰ ਤੀਜੀ ਵਾਰ ਕਨ੍ਹਈਆ ਗੁਪਤਾ ਬਾਂਕਾਂ ਨੂੰ ਪ੍ਰਧਾਨ ਥਾਪਿਆ। ਸਰਪ੍ਰਸਤ ਕਮਲਜੀਤ ਸਿੰਘ ਮੱਲਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸਮੂਹ ਮੈਂਬਰਾਂ ਨੇ ਪ੍ਰਧਾਨ ਬਾਂਕਾ ਵੱਲੋਂ ਪਿਛਲੀਆਂ ਦੋ ਟਰਮਾਂ ਵਿੱਚ ਐਸੋਸੀਏਸ਼ਨ ਦੀ ਬੇਹਤਰੀ ਲਈ ਕੀਤੇ ਗਏ ਵੱਡੇ ਵੱਡੇ ਕੰਮਾਂ ਦਾ ਖਾਸ ਜਿਕਰ ਕਰਦਿਆਂ ਉਨ੍ਹਾਂ ਦੇ ਕਾਰਜਕਾਲ ਤੇ ਸੰਤੁਸ਼ਟੀ ਪ੍ਰਗਟਾਈ। ਇਸ ਦੇ ਨਾਲ ਹੀ ਸਰਪ੍ਰਸਤ ਵੱਲੋਂ ਤੀਜੀ ਵਾਰ ਬਾਂਕਾ ਦਾ ਨਾਮ ਪ੍ਰਧਾਨਗੀ ਲਈ ਪੇਸ਼ ਕੀਤਾ ਤਾਂ ਸਮੂਹ ਮੈਂਬਰਾਂ ਨੇ ਹੱਥ ਖੜ੍ਹੇ ਕਰਕੇ ਪ੍ਰਵਾਨਗੀ ਦਿੰਦਿਆਂ ਉਹਨਾਂ ਨੂੰ ਤੀਸਰੀ ਵਾਰ ਪ੍ਰਧਾਨ ਨਿਯੁਕਤ ਕੀਤਾ। ਇਸੇ ਤਰ੍ਹਾਂ ਆੜ੍ਹਤੀਆ ਐਸੋਸੀਏਸ਼ਨ ਦੇ ਬਾਕੀ ਅਹੁਦੇਦਾਰਾਂ ਵਿੱਚ ਸਰਪ੍ਰਸਤ ਕਮਲਜੀਤ ਸਿੰਘ ਮੱਲਾ, ਚੇਅਰਮੈਨ ਭੂਸ਼ਣ ਗੋਇਲ, ਉਪ ਚੇਅਰਮੈਨ ਸਵਨਜੀਤ ਸਿੰਘ ਗਿੱਲ, ਜਨ ਸਕੱਤਰ ਜਤਿੰਦਰ ਸਿੰਘ ਸਰਾਂ, ਸੀਨੀਅਰ ਵਾਈਸ ਪ੍ਰਧਾਨ ਅਤੇ ਕੈਸ਼ੀਅਰ ਜਗਜੀਤ ਸਿੰਘ ਸਿੱਧੂ ,ਮੀਤ ਪ੍ਰਧਾਨ ਗੁਰਮੀਤ ਸਿੰਘ ਦੌਂਦਰ, ਜਸਵੰਤ ਸਿੰਘ ਸੋਹੀ ,ਰਜਿੰਦਰ ਜੈਨ ਕਾਕਾ ,ਸਤਪਾਲ, ਨਵੀਨ ਸਿੰਗਲਾ, ਜਗਜੀਤ ਸਿੰਘ ਕੌਂਕੇ ਅਤੇ ਆਸ਼ੂ ਮਿੱਤਲ, ਐਸੋਸੀਏਸ਼ਨ ਦੇ ਸਲਾਹਕਾਰ ਵਜੋਂ ਜੱਟ ਗਰੇਵਾਲ ਅਤੇ ਅਪਾਰ ਸਿੰਘ, ਸਹਾਇਕ ਸਕੱਤਰ ਵਿੱਚ ਅੰਮ੍ਰਿਤ ਪਾਲ ਸਿੰਘ ਰੋਹਿਤ ਗੋਇਲ ,ਸਕੱਤਰ ਵਿੱਚ ਮਹਿੰਦਰਪਾਲ ਸਿੰਘ ਗੁਰੂ ਸਰ ,ਪ੍ਰੈਸ ਸਕੱਤਰ ਮਨੋਹਰ ਲਾਲ, ਸਕੱਤਰ ਬੂਟਾ ਸਿੰਘ ਗਰੇਵਾਲ ਨਿਯੁਕਤ ਕੀਤੇ ਗਏ।

# ਜੈ ਮਾਂ ਚਿੰਤਪੁਰਨੀ ਪਰਿਵਾਰ ਵੱਲੋਂ ਕਰਵਾਈ ਗਈ ਮਾਂ ਦੀ ਚੌਂਕੀ

ਮੁੱਲਾਂਪੁਰ ਦਾਖਾ, 7 ਅਪ੍ਰੈਲ (ਦਵਿੰਦਰ ਸਿੰਘ ਲੰਮੇ): ਸਥਾਨਕ ਸ਼ਹਿਰ ਦੇ ਜਗਰਾਓਂ ਰੋਡ 'ਤੇ ਸਥਿਤ ਸਤ ਈਸ਼ਵਰ ਮੰਦਰ ਵਿਖੇ ਜੈ ਮਾਂ ਚਿੰਤਪੁਰਨੀ ਪਰਿਵਾਰ ਵੱਲੋਂ ਸਮੂਹ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਮਹਾਂਮਾਈ ਦੀ ਚੌਂਕੀ ਕਰਵਾਈ ਗਈ । ਧਰਤੀ ਪੂਜਨ ਪੰਡਿਤ ਮਨੋਜ ਤਿਵਾੜੀ ਅਤੇ ਮਾਂ ਚਿੰਤਪੁਰਨੀ ਸਮੂਹ ਪਰਿਵਾਰ ਵੱਲੋਂ ਕਰਵਾਇਆ ਗਿਆ । ਮਾਂ ਦੀ ਪਵਿੱਤਰ ਜੋਤ ਮਾਂ ਚਿੰਤਪੁਰਨੀ ਦਰਬਾਰ ਤੋਂ ਲਿਆਕੇ ਪੂਰੇ ਸ਼ਹਿਰ ਵਿੱਚ ਸ਼ੋਭਾ ਯਾਤਰਾ ਕੱਢੀ ਗਈ । ਜਿੱਥੇ ਮਾਂ ਦੇ ਭਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ। ਸ਼ੋਭਾ ਯਾਤਰਾ ਦੌਰਾਨ ਮਾਂ ਦੇ ਆਕਾਸ਼ ਗੁੰਜਾਊ ਜੈਕਾਰੇ ਲਗਾਏ ।ਮਾਂ ਦੀ ਚੌਂਕੀ ਦਾ ਆਗਾਜ਼ ਵਿੱਕੀ ਮੁਸ਼ਾਲ ਵੱਲੋਂ ਗਣੇਸ਼ ਬੰਦਨਾ ਨਾਲ ਕੀਤਾ ਗਿਆ ਅਤੇ ਉਨ੍ਹਾਂ ਕਈ ਭਜਨ ਗਾਏ। ਗੁੱਡੂ ਵਾਧਵਾ ਨੇ ਵੀ ਮਾਂ ਦੀਆਂ ਭੇਟਾਂ ਦਾ ਗੁਣਗਾਨ ਕਰਕੇ ਮਾਂ ਭਗਤਾਂ ਨੂੰ ਨਿਹਾਲ ਕੀਤਾ। ਮਾਂ ਦੀ ਚੌਂਕੀ ਵਿੱਚ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਕੈਪਟਨ ਸੰਦੀਪ ਸੰਧੂ ਅਤੇ ਸ਼੍ਰੋਮਣੀ ਅਕਾਲੀ ਦੇ ਹਲਕਾ ਇੰਚਾਰਜ ਜਸਕਰਨ ਸਿੰਘ ਦਿਓਲ ਨੇ ਹਾਜ਼ਰੀ ਭਰੀ। ਇਸ ਮੌਕੇ ਮਾਂ ਚਿੰਤਪੁਰਨੀ ਪਰਿਵਾਰ ਵੱਲੋਂ 51 ਕੰਜਕਾਂ ਦਾ ਕੰਜਕ ਪੂਜਨ ਕੀਤਾ ਗਿਆ। ਵੱਡੀ ਗਿਣਤੀ ਸ਼ਰਧਾਲੂਆਂ ਨੇ ਮਾਂ ਦੇ ਦਰਬਾਰ 'ਤੇ ਹਾਜ਼ਰੀ ਭਰੀ। ਚੌਂਕੀ ਵਿੱਚ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਅਤੇ ਸੰਸਥਾਵਾਂ ਵੱਲੋਂ ਸ਼ਿਰਕਤ ਕੀਤੀ ਗਈ ਜਿਨ੍ਹਾਂ ਦਾ ਮਾਂ ਚਿੰਤਪੁਰਨੀ ਪਰਿਵਾਰ ਨੇ ਸਨਮਾਨ ਕੀਤ। ਇਸ ਮੌਕੇ ਸੁਸ਼ੀਲ ਬਾਂਸਲ, ਰਾਹੁਲ ਗਰੋਵਰ, ਰਾਜੀਵ ਮਲਹੋਤਰਾ, ਗੋਲਡੀ ਗਾਬਾ, ਹਰਮਨ ਗੋਇਲ, ਦੀਪਕ ਅਗਰਵਾਲ, ਨਰੇਸ਼



ਬਾਂਸਲ, ਰਮਨ ਸਿੰਗਲਾ, ਪੰਕਜ ਗਰਗ, ਵਰੁਣ ਕਾਂਸਲ, ਅਭੈ ਬਾਂਸਲ, ਸ਼ੁਭਮ ਗੋਇਲ, ਅਤੁਲ ਜਿੰਦਲ, ਗੌਰਵ ਚੌਧਰੀ, ਅਮਨ ਜਾਇਸਵਾਲ, ਸਨੀ ਗਿੱਲੀ, ਯੋਗੇਸ਼ ਗਾਬਾ, ਹਨੀ ਗਾਬਾ, ਸੁਨੀਲ ਮਿੱਤਲ, ਮਣੀ ਜੋਸ਼ੀ, ਪਰਮਿੰਦਰ ਚੌਧਰੀ, ਰਾਘਵ ਲੂਥਰਾ, ਅਭੈ ਅਰੋੜਾ, ਜਿਗਰ ਗੋਇਲ, ਰਾਜਨ ਵਰਮਾ, ਨਰੇਸ਼ ਜਿੰਦਲ, ਰਵਿੰਦਰ ਪਾਲ ਕਾਲਾ, ਅਸ਼ਵਨੀ ਸਿੰਗਲਾ, ਰਮੇਸ਼ ਸਿੰਗਲਾ, ਤੇਲੂ ਰਾਮ ਬਾਂਸਲ, ਸੱਜਣ ਬਾਂਸਲ, ਬਜਰੰਗ ਬਾਂਸਲ, ਸੰਜੀਵ ਢੰਡ, ਰਾਕੇਸ਼ ਸਿੰਗਲਾ ਅਤੇ ਨਿਤਿਨ ਬਾਂਸਲ ਆਦਿ ਹਾਜ਼ਰ ਸਨ।

# ਸਿਟੀ ਸੈਂਟਰ ਦਾ ਰੁੱਕਿਆ ਕੰਮ ਮੁੜ ਤੋਂ ਸ਼ੁਰੂ ਕਰਵਾਇਆ ਜਾਵੇ : ਖ਼ਾਲਸਾ

ਲੁਧਿਆਣਾ, 7 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਸੀਨੀਅਰ ਅਕਾਲੀ ਆਗੂ ਤੇ ਸਾਬਕਾ ਕੌਂਸਲਰ ਰਵਿੰਦਰ ਪਾਲ ਸਿੰਘ ਖਾਲਸਾ ਨੇ ਦਿੱਤੇ ਬਿਆਨ ਵਿੱਚ ਕਿਹਾ ਹੈ ਕਿ ਲੁਧਿਆਣੇ ਦੀ



ਪੱਛਮੀ ਵਿਧਾਨ ਸਭਾ ਸੀਟ ਤੋਂ ਜ਼ਿਮਨੀ ਚੋਣ ਜਿੱਤ ਕੇ ਕੈਬਨਿਟ ਮੰਤਰੀ ਬਣੇ ਸੰਜੀਵ ਅਰੋੜਾ ਕਦੀ ਫੋਕਲ ਪੁਆਇੰਟ, ਕਦੀ ਹਲਵਾਰਾ ਹਵਾਈ ਅੱਡਾ, ਆਦਿ ਵੱਡੇ ਵੱਡੇ ਮਸਲੇ ਚੁੱਕਦੇ ਹਨ, ਜਿਨ੍ਹਾਂ ਦੇ ਸ਼ਹਿਰ ਵਿੱਚ ਥਾਂ ਥਾਂ 'ਤੇ ਹੋਰਡਿੰਗ ਲਗਾ ਕੇ ਪ੍ਰਚਾਰ ਕੀਤਾ ਜਾਂਦਾ ਹੈ, ਪਰ ਉਹਨਾਂ ਦੇ ਆਪਣੇ ਪੱਛਮੀ ਹਲਕੇ ਵਿੱਚ ਬਹੁਤ ਹੀ ਪਾਸ਼ ਇਲਾਕਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਸਮੇਂ ਆਰੰਭ ਹੋਇਆ, ਸਿਟੀ ਸੈਂਟਰ 20 ਸਾਲ ਤੋਂ ਖੰਡਰ ਦਾ ਰੂਪ ਧਾਰਨ ਕਰੀ ਬੈਠਾ ਹੈ। ਭਗਵੰਤ ਮਾਨ ਦੀ ਸਰਕਾਰ ਬਣਿਆ ਨੂੰ ਚਾਰ ਸਾਲ ਗੁਜਰ ਗਏ ਹਨ, ਪਰ ਇਸ ਦਾ ਮਸਲਾ ਹੱਲ ਕਰਨ ਦੀ ਕਿਸੇ ਨੇ ਲੋੜ ਨਹੀਂ ਸਮਝੀ। ਇਸ ਹਲਕੇ ਤੋਂ ਜਿੱਤੇ ਸੰਜੀਵ ਅਰੋੜਾ ਨੇ ਪਿਛਲੇ ਦਿਨੀ ਪੱਛਮੀ ਹਲਕੇ ਦੀਆਂ ਬਹੁਤ ਸਾਰੀਆਂ ਸੜਕਾਂ ਦੇ ਉਦਘਾਟਨ ਕੀਤੇ ਹਨ। ਉਹਨਾਂ ਨੂੰ ਸਿਟੀ ਸੈਂਟਰ ਵੱਲ ਪਹਿਲ ਦੇ ਆਧਾਰ 'ਤੇ ਧਿਆਨ ਦੇ ਕੇ ਇਸ ਨੂੰ ਮੁੜ ਤੋਂ ਆਰੰਭ ਕਰਾਉਣਾ ਚਾਹੀਦਾ ਹੈ, ਜਿਸ ਨਾਲ ਇਲਾਕੇ ਦੀ ਨਕਸਨਹਾਰ ਬਦਲ ਜਾਵੇਗੀ। ਇਲਾਕੇ ਦੇ ਲੋਕ ਉਹਨਾਂ ਨੂੰ ਇਸ ਕੰਮ ਲਈ ਹਮੇਸ਼ਾ ਯਾਦ ਰੱਖਣਗੇ। ਖਾਲਸਾ ਨੇ ਸ੍ਰੀ ਅਰੋੜਾ ਦਾ ਸਿਟੀ ਸੈਂਟਰ ਵੱਲ ਧਿਆਨ ਦਿਵਾਉਂਦਿਆਂ ਕਿਹਾ ਕਿ ਇਸ ਇਲਾਕੇ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਹੋ ਚੁੱਕਾ ਹੈ। ਅਗਰ ਸਰਕਾਰ ਚਾਹਵੇ ਤਾਂ ਪਹਿਲਾਂ ਵਾਲੀ ਕੰਪਨੀ ਨਾਲ ਸਮਝੌਤਾ ਕਰਕੇ ਕਿਸੇ ਹੋਰ ਨੂੰ ਦੇ ਕੇ ਇਹ ਸਿਟੀ ਸੈਂਟਰ ਦੀ ਮੁੜ ਤੋਂ ਉਸਾਰੀ ਆਰੰਭ ਕਰਾ ਦੇਵੇ। ਇਲਾਕੇ ਦੇ ਮੱਥੇ ਦੇ ਕਲੰਕ ਰੂਪੀ ਸਿਟੀ ਸੈਂਟਰ ਦੇ ਖੰਡਰ ਮੁੜ ਕੇ ਰੌਣਕ ਦਾ ਘਰ ਬਣ ਸਕਦੇ ਹਨ।

# ਭਾਜਪਾ ਦੇ ਸਥਾਪਨਾ ਦਿਵਸ ਮੌਕੇ ਸੀਨੀਅਰ ਆਗੂਆਂ ਦਾ ਸਨਮਾਨ



ਲੁਧਿਆਣਾ, 7 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਭਾਜਪਾ ਲੁਧਿਆਣਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਦਫ਼ਤਰ ਵਿਖੇ ਪਾਰਟੀ ਝੰਡਾ ਲਹਿਰਾ ਕੇ 47ਵਾਂ ਸਥਾਪਨਾ ਦਿਵਸ ਬਹੁਤ ਧੂਮਧਾਮ ਨਾਲ ਮਨਾਇਆ ਗਿਆ। ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਇਸ ਸਮਾਰੋਹ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਜ਼ਿਲ੍ਹਾ ਅਧਿਕਾਰੀਆਂ ਨੇ ਇੱਕ ਦੂਜੇ ਨੂੰ ਸਥਾਪਨਾ ਦਿਵਸ ਦੀ ਵਧਾਈ ਦਿੱਤੀ।

ਇਸ ਮੌਕੇ ਸ਼੍ਰੀ ਸੰਧੂ ਨੇ ਆਖਿਆ ਕਿ ਭਾਜਪਾ ਆਪਣੇ ਮਹਾਨ ਆਗੂਆਂ ਪੰਡਿਤ ਦੀਨਦਿਆਲ ਉਪਾਧਿਆਏ, ਸ਼ਿਆਮਾ ਪ੍ਰਸਾਦ ਮੁਖਰਜੀ ਅਤੇ ਅਟਲ ਬਿਹਾਰੀ ਵਾਜਪਾਈ ਤੋਂ ਪ੍ਰੇਰਨਾ ਲੈਂਦੀ ਹੈ। ਇਸ ਵਾਰ ਇਹ ਲਗਭਗ ਤੈਅ ਹੈ ਕਿ ਭਾਜਪਾ ਪੰਜਾਬ ਵਿੱਚ ਵੀ ਸਰਕਾਰ ਬਣਾਏਗੀ। ਇਸ ਮੌਕੇ ਭਾਜਪਾ ਆਗੂਆਂ ਵਿੱਚ ਪ੍ਰਾਣ ਭਾਟੀਆ, ਜਗਦੀਸ਼ ਸ਼ਰਮਾ, ਵਿਨੋਦ ਕਾਲੀਆ, ਕਮਲ ਗੋਸਵਾਮੀ, ਵੇਦ ਬਹਿਲ, ਜਗਦੀਸ਼ ਬਿੰਦਰਾ, ਭੂਸ਼ਣ ਵਰਮਾ, ਰਾਕੇਸ਼ ਗੋਇਲ, ਬਿਹਾਰੀ ਲਾਲ ਸਿੰਗਲਾ, ਰਾਮਪਾਲ ਭੀਮ, ਜਸਵੰਤ ਸਾਲਦੀ, ਰਾਧੇ ਸ਼ਿਆਮ ਖੱਤਰੀ, ਪਿਊਸ਼ ਕਾਂਤ ਜੈਨ, ਇੰਦਰਜੀਤ ਵਰਮਾ, ਅਸ਼ੋਕ ਲੂੰਬਾ, ਸਰਦਾਰ ਤਰਨਜੀਤ ਸਿੰਘ, ਵਿਜੇ ਸੂਰੀ, ਬਲਦੇਵ ਪਾਠਕ, ਤਰਸੇਮ ਲਾਲ ਜੈਨ ਅਤੇ ਜਗਨਨਾਥ ਚੋਪੜਾ ਸ਼ਾਮਲ ਸਨ।

ਇਸ ਮੌਕੇ ਭਾਜਪਾ ਦੇ ਸੂਬਾ ਖਜ਼ਾਨਚੀ ਗੁਰਦੇਵ ਸ਼ਰਮਾ ਦੇਵੀ, ਕੋਰ ਗਰੁੱਪ ਮੈਂਬਰ ਜੀਵਨ ਗੁਪਤਾ, ਸਰਦਾਰ ਕੰਵਰਵੀਰ ਸਿੰਘ ਟੌਹੜਾ, ਦਿਨੇਸ਼ ਸਰਪਾਲ, ਸੁਭਾਸ਼ ਡਾਬਰ, ਅਰੁਣੇਸ਼ ਮਿਸ਼ਰਾ, ਡਾ. ਡੀ.ਪੀ. ਖੋਸਲਾ, ਡਾ: ਸੁਭਾਸ਼ ਬਾਂਸਲ, ਵਿਪਨ ਸੂਦ ਕਾਕਾ, ਹਰਬੰਸ ਲਾਲ ਫੈਂਟਾ, ਜ਼ਿਲ੍ਹਾ ਜਨਰਲ ਸਕੱਤਰ ਡਾ: ਕਨਿਕਾ ਜਿੰਦਲ, ਮੀਤ ਪ੍ਰਧਾਨ ਮਹੇਸ਼ ਸ਼ਰਮਾ, ਡਾ: ਨਿਰਮਲ ਨਈਅਰ, ਮਨੀਸ਼ ਚੋਪੜਾ, ਅਸ਼ਵਨੀ ਟੰਡਨ, ਨਵਲ ਜੈਨ, ਲੱਕੀ ਸ਼ਰਮਾ, ਸੁਮਿਤ ਟੰਡਨ, ਬੌਬੀ ਜਿੰਦਲ, ਪ੍ਰੈਸ ਸਕੱਤਰ ਡਾ: ਸਤੀਸ਼ ਕੁਮਾਰ ਪ੍ਰਧਾਨ ਮਹਿਲਾ ਪ੍ਰਧਾਨ ਸਤੀਸ਼ ਕੁਮਾਰ, ਐਫ. ਚੁੱਘ, ਨੀਰੂ ਸ਼ਰਮਾ, ਸੀਮਾ ਸ਼ਰਮਾ, ਰੀਨਾ ਜੈਨ, ਮੰਡਲ ਪ੍ਰਧਾਨ ਰਾਕੇਸ਼ ਪਰਾਸ਼ਰ, ਪੀਯੂਸ਼ ਚੋਪੜਾ, ਦੀਪਕ ਜੌਹਰ, ਅਮਿਤ ਮਿੱਤਲ, ਰਵੀ ਚੌਰਸੀਆ, ਕੇਸ਼ਵ ਗੁਪਤਾ, ਨਵੀਨ ਵਡੇਰਾ, ਅਸ਼ੋਕ ਰਾਣਾ, ਚਿਰਾਗ ਅਰੋੜਾ, ਰਾਜਨ ਸ਼ਰਮਾ, ਕੌਂਸਲਰ ਪੂਨਮ ਰਤੜਾ, ਰੋਹਿਤ ਸਿੱਕਾ, ਸੁਨਾਮੀ ਪਲੰਬਰ ਸਮੇਤ ਭਾਜਪਾ ਦੇ ਸੁਨਾਮ ਸਿੰਘ ਵਰਿਆਣਾ, ਸੁਨਾਮ ਸਿੰਘ, ਐਚ.ਐਸ. ਮੋਦਗਿਲ, ਗੁਰਦਿੱਤ ਸਿੰਘ ਗੋਰਾ, ਮੁਕੇਸ਼ ਖੱਤਰੀ, ਹੈਪੀ ਸ਼ੇਰਪੁਰੀਆ, ਵਿਪਨ ਵਿਨਾਇਕ, ਸਰਦਾਰ ਗੁਰਦੀਪ ਸਿੰਘ ਨੀਟੂ, ਸੁਰਿੰਦਰ ਕੌਸ਼ਲ, ਹਰਪ੍ਰੀਤ ਸਿੰਘ ਮੋਨੂੰ, ਮੁਕੇਸ਼ ਸਾਹਨੀ, ਵਰਿੰਦਰ ਸਹਿਗਲ, ਸਚਿਨ ਮੋਦਗਿਲ, ਕਸ਼ਿਸ਼ ਰੱਤਾ, ਹਰਕੇਸ਼ ਮਿੱਤਲ, ਮਨਮੀਤ ਸਿੰਘ ਚਾਵਲਾ, ਡਾ: ਰਾਜਿੰਦਰ ਕੁਮਾਰ, ਅਮਨ ਕੁਮਰਾ, ਦਫ਼ਤਰ ਸਕੱਤਰ ਸੰਜੇ ਸ਼ਰਮਾ ਆਦਿ ਹਾਜ਼ਰ ਸਨ ।

# ਗੁਰਦੁਆਰਾ ਸ਼ਹੀਦਾਂ ਫੇਰੂਮਾਨ ਵਿਖੇ ਜਪ-ਤਪ ਚੁਪਹਿਰਾ ਸਮਾਗਮ ਸੰਪੰਨ



ਲੁਧਿਆਣਾ, 7 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਸਿੱਖ ਸ਼ਹੀਦਾਂ ਦਾ ਯਾਦਗਾਰੀ ਅਸਥਾਨ ਗੁਰਦੁਆਰਾ ਸ਼ਹੀਦਾਂ ਫੇਰੂਮਾਨ ਢੋਲੇਵਾਲ ਚੌਂਕ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਵਿਸ਼ੇਸ਼ ਸਪਤਾਹਿਕ 'ਜਪ-ਤਪ ਚੌਪਹਿਰਾ ਸਮਾਗਮ' ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰਬਾਣੀ ਦਾ ਆਨੰਦ ਮਾਣਿਆ। ਚੌਪਹਿਰੇ ਦੌਰਾਨ ਵਿਸ਼ੇਸ਼ ਤੌਰ 'ਤੇ ਜਪੁਜੀ ਸਹਿਬ, ਚੌਪਈ ਸਹਿਬ, ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੋਂ ਇਲਾਵਾ ਨਾਮ-ਸਿਮਰਨ ਅਤੇ 'ਵਾਹਿਗੁਰੂ' ਮੰਤਰ ਦਾ ਜਾਪ ਕਰਵਾਇਆ ਗਿਆ, ਜਿਸ ਨਾਲ ਪੂਰਾ ਮਾਹੌਲ ਅਧਿਆਤਮਿਕ ਰੰਗ ਵਿੱਚ ਰੰਗਿਆ ਗਿਆ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਕਿਹਾ ਕਿ ਗੁਰੂ ਜੀ ਦਾ ਜੀਵਨ ਮਨੁੱਖਤਾ ਅਤੇ ਧਾਰਮਿਕ ਆਜ਼ਾਦੀ ਦੀ ਰੱਖਿਆ ਦੀ ਇੱਕ ਉੱਤਮ ਉਦਾਹਰਣ ਹੈ। ਉਨ੍ਹਾਂ ਦਾ ਜੀਵਨ ਸਾਨੂੰ ਬੇਇਨਸਾਫ਼ੀ ਦੇ ਵਿਰੁੱਧ ਨਿਡਰਤਾ ਨਾਲ ਖੜ੍ਹੇ ਹੋਣ ਅਤੇ ਸੱਚ ਦੇ ਮਾਰਗ 'ਤੇ ਅਡੋਲ ਰਹਿਣ ਲਈ ਪ੍ਰੇਰਿਤ ਕਰਦਾ ਹੈ।

ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਹੋਰਨਾਂ ਤੋਂ ਇਲਾਵਾ ਦਵਿੰਦਰ ਕੌਰ ਸੋਹਲ, ਹਰਭਜਨ ਕੌਰ, ਹਰਮਿੰਦਰ ਕੌਰ, ਪਰਵਿੰਦਰ ਕੌਰ ਲਾਇਲਪੁਰੀ, ਜਸਮੇਲ ਕੌਰ ਖੇੜੀਕਲਾਂ, ਅਰਵਿੰਦਰ ਕੌਰ, ਰਵਨੀਤ ਕੌਰ ਖੇੜੀਕਲਾਂ, ਅਮਰਜੀਤ ਕੌਰ, ਬਲਜੀਤ ਕੌਰ, ਅਨੂਪ ਕੌਰ, ਰਣਜੀਤ ਕੌਰ, ਮਨਜੀਤ ਕੌਰ ਬੱਬਲ, ਕੁਲਵੰਤ ਕੌਰ ਡੰਗ, ਪਰਮਜੀਤ ਕੌਰ, ਜਸਵਿੰਦਰ ਕੌਰ, ਸੁਰਿੰਦਰ ਕੌਰ, ਨਰਿੰਦਰ ਕੌਰ, ਸੁਖਵਿੰਦਰ ਕੌਰ, ਗੁਰਿੰਦਰ ਕੌਰ, ਬਲਵਿੰਦਰ ਕੌਰ, ਬਲਜੀਤ ਕੌਰ, ਜਸਵੀਰ ਕੌਰ, ਹਰਦੀਪ ਕੌਰ, ਮਨਪ੍ਰੀਤ ਕੌਰ, ਰਜਿੰਦਰ ਕੌਰ, ਪਰਮਜੀਤ ਕੌਰ, ਲਵਦੀਪ ਕੌਰ, ਤਰਲੋਚਨ ਸਿੰਘ ਬੱਬਰ, ਗੁਰਜੀਤ ਸਿੰਘ ਗਿੱਲ ਐਨਆਰਆਈ, ਅਰਜਨ ਸਿੰਘ ਚੀਮਾ, ਇੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਤੇਜਿੰਦਰ ਸਿੰਘ ਡੰਗ, ਪਰਮਜੀਤ ਸਿੰਘ ਲਾਇਲਪੁਰੀ, ਸੁਰਿੰਦਰਜੀਤ ਸਿੰਘ ਮੱਕੜ, ਇੰਦਰਜੀਤ ਸਿੰਘ ਗੋਲਾ, ਮੋਹਨ ਸਿੰਘ ਚੌਹਾਨ, ਜੱਥੇਦਾਰ ਲਖਵਿੰਦਰ ਸਿੰਘ ਲੱਖਾ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਭਾਈ ਸੁਖਦੇਵ ਸਿੰਘ, ਦਵਿੰਦਰ ਸਿੰਘ ਸਿੱਬਲ, ਗੁਰਮੀਤ ਸਿੰਘ , ਸੁਰਿੰਦਰ ਸਿੰਘ. ਨਾਰੰਗ ਵੀ ਗੁਰੂ ਘਰ ਨਤਮਸਤਿਕ ਹੋਏ।

# ਅੰਧੇਰੀ ਰੀਕ੍ਰੀਏਸ਼ਨ ਕਲੱਬ ਵਿਖੇ ਜੋਤਿਸ਼ ਸੰਮੇਲਨ ਕਰਵਾਇਆ

ਲੁਧਿਆਣਾ, 7 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਜੋਤਿਸ਼ ਪੁੰਜ ਗਲੋਬਲ ਫਾਊਂਡੇਸ਼ਨ ਨੇ ਜੋਤਿਸ਼ ਪ੍ਰਕਾਸ਼ਨ ਕਰ ਅਤੇ ਗਣੇਸ਼ ਵੰਦਨਾ ਸੰਮੇਲਨ ਦੀ ਸ਼ੁਰੂਆਤ ਕੀਤੀ।ਇਸ ਮੌਕੇ ਵਿਸ਼ਾਲ



ਜੋਤਿਸ਼ ਸੰਮੇਲਨ ਕਰਵਾਇਆ ਗਿਆ। ਇਹ ਵਿਸ਼ਾਲ ਸਮਾਗਮ ਮੁੰਬਈ ਦੇ ਅੰਧੇਰੀ ਵੈਸਟ ਵਿੱਚ ਅੰਧੇਰੀ ਰੀਕ੍ਰੀਏਸ਼ਨ ਕਲੱਬ ਵਿਖੇ ਕਰਵਾਇਆ ਗਿਆ। ਇਸ ਵਿੱਚ ਦੇਸ਼ ਭਰ ਦੇ ਪ੍ਰਸਿੱਧ ਜੋਤਿਸ਼ੀਆਂ, ਵਿਦਵਾਨਾਂ ਅਤੇ ਜੋਤਿਸ਼ ਪ੍ਰੇਮੀਆਂ ਨੇ ਸ਼ਿਰਕਤ ਕੀਤੀ।ਇਸ ਪ੍ਰੋਗਰਾਮ ਦਾ ਪ੍ਰਬੰਧ ਨਮਰਤਾ ਓਝਾ ਅਤੇ ਨਲਿਨ ਜੋਸ਼ੀ ਦੁਆਰਾ ਕੀਤਾ ਗਿਆ ਸੀ। ਪ੍ਰੋਗਰਾਮ ਦੀ ਪ੍ਰਧਾਨਗੀ ਵਿਜੇ ਦਹੀਵੜੇ ਦੁਆਰਾ ਕੀਤੀ ਗਈ ਸੀ।

ਇਸ ਕਾਨਫਰੰਸ ਵਿੱਚ ਗੁਰੂਦੇਵ ਸ੍ਰੀ ਅਸ਼ਵਨੀ ਗੌਤਮ, ਜੋਤਿਸ਼ ਪੁੰਜ ਦੇ ਚੇਅਰਮੈਨ, ਡਾ. ਲਲਿਤ ਪੰਤ, ਧਰਮਗੁਰੂ ਸਵਾਮੀ ਧਿਆਨ ਰਹੱਸਯ, ਅਤੇ ਚੰਡੀਗੜ੍ਹ ਦੇ ਵਿਸ਼ਵ ਪ੍ਰਸਿੱਧ ਜੋਤਸ਼ੀ ਪ੍ਰੋਫੈਸਰ ਬਖਸ਼ੀਸ਼ ਸਿੰਘ ਬਾਵਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਜਬਲਪੁਰ ਤੋਂ ਸ਼੍ਰੀ ਸੰਜੀਵ ਮਹਿਤਾ ਸਮੇਤ ਮਹਾਰਾਸ਼ਟਰ ਦੇ ਕਈ ਪ੍ਰਸਿੱਧ ਜੋਤਸ਼ੀਆਂ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ। ਮੌਜੂਦ ਸਾਰੇ ਵਿਦਵਾਨਾਂ ਨੇ ਜੋਤਿਸ਼ ਦੇ ਵੱਖ-ਵੱਖ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਆਪਣੇ ਅਨੁਭਵ ਸਾਂਝੇ ਕੀਤੇ।ਇਹ ਸਮਾਗਮ ਪੂਰੀ ਤਰ੍ਹਾਂ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਸੀ, ਜਿਸ ਵਿੱਚ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਜੋਤਸ਼ੀਆਂ ਨੇ ਆਪਣੇ ਭਾਸ਼ਣ ਦਿੱਤੇ, ਜਿਸ ਨਾਲ ਸਾਰਿਆਂ ਦਾ ਗਿਆਨ ਵਧਿਆ। ਕਾਨਫਰੰਸ ਵਿੱਚ ਜੋਤਿਸ਼, ਅਧਿਆਤਮਿਕਤਾ ਅਤੇ ਭਾਰਤੀ ਸੱਭਿਆਚਾਰ ਨਾਲ ਸਬੰਧਤ ਕਈ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕੀਤੀ ਗਈ।ਜੋਤਸ਼ੀ ਆਚਾਰੀਆ ਬਾਵਾ ਜੀ ਨੇ ਕਿਹਾ ਕਿ ਅੱਜਕੱਲ੍ਹ ਸਰਕਾਰ ਨੂੰ ਇੰਸਟਾਗ੍ਰਾਮ ਅਤੇ ਫੇਸਬੁੱਕ 'ਤੇ ਜੋਤਿਸ਼ ਦੇ ਨਾਮ 'ਤੇ ਸੁਝਾਏ ਜਾ ਰਹੇ ਗਲਤ ਉਪਾਵਾਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਕਿਉਂਕਿ ਇਸ ਦਾ ਸਾਡੀ ਸੰਸਕ੍ਰਿਤੀ ਅਤੇ ਜੋਤਿਸ਼ 'ਤੇ ਬੁਰਾ ਪ੍ਰਭਾਵ ਪੈ ਰਿਹਾ ਹੈ ਅਤੇ ਆਉਣ ਵਾਲੀ ਪੀੜ੍ਹੀ ਜੋਤਿਸ਼ ਨੂੰ ਮਜ਼ਾਕ ਸਮਝ ਰਹੀ ਹੈ। ਜੋਤਿਸ਼ ਸੱਚ ਹੈ, ਜੋਤਸ਼ੀ ਗਲਤ ਹੋ ਸਕਦਾ ਹੈ ਪਰ ਜੋਤਿਸ਼ ਨਹੀਂ।

# ਸਿਹਤਨਾਮਾ



## ਬਾਕੀ ਦੇ ਕੰਮ ਬਾਅਦ 'ਚ, ਪਹਿਲਾਂ ਸਿਹਤ ਜ਼ਰੂਰੀ ਏ

**ਸਰੀਰਕ** ਤੰਦਰੁਸਤੀ ਮਨੁੱਖ ਲਈ ਬਹੁਤ ਮਹੱਤਵਪੂਰਨ ਹੈ। ਜੇਕਰ ਸਾਡੀ ਸਿਹਤ ਹੀ ਠੀਕ ਨਹੀ ਤਾਂ ਧਨ-ਦੌਲਤ ਅਤੇ ਅਮੀਰੀ ਸਾਡੇ ਲਈ ਕੋਈ ਵੀ ਮਾਅਨੇ ਨਹੀ ਰੱਖਦੀ। ਅੱਜ ਤੋਂ ਤਕਰੀਬਨ 50 ਕੁ ਸਾਲ ਪਹਿਲਾਂ ਲੋਕ ਵੱਧ ਤੰਦਰੁਸਤ ਹੁੰਦੇ ਸਨ। ਉਨ੍ਹਾਂ ਦੀ ਤੰਦਰੁਸਤੀ ਦਾ ਰਾਜ਼ ਮਾਨਸਿਕ ਤਣਾਅ ਦਾ ਘੱਟ ਹੋਣਾ, ਦੇਸੀ ਖਾਣ-ਪੀਣ, ਸਰੀਰਕ ਖੇਡਾਂ ਆਦਿ ਸੀ। ਹੁਣ ਬਹੁਤ ਕੁਝ ਬਦਲ ਚੁੱਕਾ ਹੈ। ਬੱਚੇ ਦੇਸੀ ਖਾਣ-ਪੀਣ ਤਿਆਗ ਕੇ ਫਾਸਟ ਫੂਡ ਵੱਲ ਨੂੰ ਤੁਰ ਪਏ ਹਨ ਅਤੇ ਸਰੀਰਕ ਖੇਡਾਂ ਛੱਡ ਕੇ ਕੰਪਿਊਟਰ ਗੇਮਾਂ ਦੇ ਸ਼ੌਕੀਨ ਬਣ ਚੁੱਕੇ ਹਨ। ਸਰੀਰਕ ਕੰਮ ਬਹੁਤ ਘਟ ਚੁੱਕਾ ਹੈ। ਹਰ ਚੀਜ਼ ਮਿਲਾਵਟ ਵਾਲੀ ਮਿਲ ਰਹੀ ਹੈ। ਪ੍ਰਦੂਸ਼ਣ ਪਹਿਲਾਂ ਨਾਲੋਂ ਕਈ ਗੁਣਾ ਵਧ ਚੁੱਕਾ ਹੈ। ਸ਼ਾਇਦ ਇਹੀ ਕਾਰਨ ਹੈ ਕਿ ਅੱਜ ਲੋਕ ਪਹਿਲਾਂ ਵਾਂਗ ਤੰਦਰੁਸਤ ਅਤੇ ਖ਼ੁਸ਼ ਦਿਖਾਈ ਨਹੀ ਦਿੰਦੇ। ਹੁਣ ਲੋਕ ਸਿਰਫ਼ ਘਰਾਂ ਦੀ ਚਾਰਦੀਵਾਰੀ ਵਿੱਚ ਮੋਬਾਈਲ ਦੇ ਗ਼ੁਲਾਮ ਬਣ ਕੇ ਰਹਿ ਗਏ ਹਨ। ਇੰਝ ਲੱਗਦਾ ਹੈ ਜਿਵੇਂ ਪਹਿਲਾਂ ਵਰਗਾ ਆਪਣਾਪਣ, ਖੁੱਲ੍ਹਾਪਣ ਅਤੇ ਭਾਈਚਾਰਾ ਕਿਧਰੇ ਗੁਆਚ ਗਿਆ ਹੋਵੇ। ਅੱਜ ਦੇ ਦੌਰ ਵਿੱਚ ਪਹਿਲਾਂ ਵਰਗੀ ਜੀਵਨ ਸ਼ੈਲੀ ਨਹੀ ਰਹੀ। ਸ਼ਾਇਦ ਇਹੀ ਕਾਰਨ ਹੈ ਕਿ ਹੁਣ ਹਰ ਵਿਅਕਤੀ ਬਲੱਡ ਪ੍ਰੈਸ਼ਰ, ਸ਼ੂਗਰ, ਕੈਂਸਰ ਵਰਗੀਆਂ ਬਿਮਾਰੀਆਂ ਨਾਲ ਜੂਝ ਰਿਹਾ ਹੈ। ਕਿਸੇ ਸਮੇਂ ਖੇਡਾਂ ਵਿੱਚ ਜਿੱਥੇ ਸਾਡੀ ਜਵਾਨੀ ਕਬੱਡੀ ਤੇ ਕੁਸ਼ਤੀ ਦੇ ਅਖਾੜਿਆਂ ਦਾ ਸ਼ਿੰਗਾਰ ਹੁੰਦੀ ਸੀ, ਉੱਥੇ ਅੱਜ ਸੋਸ਼ਲ ਮੀਡੀਆ ਨੇ ਸਭ ਬਦਲ ਦਿੱਤਾ ਹੈ। ਬੱਚੇ ਵੀਡੀਓ ਗੇਮਜ਼, ਮੋਬਾਈਲ 'ਚ ਗੇਮਜ਼ ਤੇ ਕੰਪਿਊਟਰ ਦਾ ਹਿੱਸਾ ਬਣ ਕੇ ਰਹਿ ਗਏ ਹਨ। ਸੈਲਫੀਆਂ ਖਿੱਚਦਾ ਬੰਦਾ ਸਿਰਫ਼ ਇਕੱਲੇ ਹੋਣ ਦਾ ਪ੍ਰਤੀਕ ਹੈ। ਧੰਨ ਸਨ ਸਾਡੀਆਂ ਉਹ ਮਾਵਾਂ, ਦਾਦੀਆਂ ਤੇ ਨਾਨੀਆਂ ਜੋ ਵੱਡੇ-ਵੱਡੇ ਟੱਬਰਾਂ ਨੂੰ ਪਾਲਦੀਆਂ ਹੋਈਆਂ ਵੀ ਤੰਦਰੁਸਤ ਹੁੰਦੀਆਂ ਸਨ ਅਤੇ ਉਨ੍ਹਾਂ ਦੀ ਤੰਦਰੁਸਤੀ ਦਾ ਵੱਡਾ ਰਾਜ਼ ਹੱਥੀ ਕੰਮ ਕਰਨਾ ਸੀ ਤੇ ਉਹ ਨਰਮਾ ਕਪਾਹ ਦੀਆਂ ਛਟੀਆਂ ਤੇ ਪਾਥੀਆਂ ਦੀ ਅੱਗ 'ਤੇ ਵੀਹ-ਵੀਹ ਬੰਦਿਆਂ ਦੀ ਰੋਟੀ ਬਣਾ ਲੈਂਦੀਆਂ ਸਨ। ਅੱਜ ਸਾਡੇ ਘਰਾਂ ਤੋਂ ਲੌਂਗ, ਲਾਚੀ, ਸੁੰਢ, ਅਜਵਾਇਣ ਆਦਿ ਗਾਇਬ ਹਨ। ਉਨ੍ਹਾਂ ਦੀ ਥਾਂ ਕਰੋਸੀਨ ਤੇ ਡਿਸਪਰੀਨ ਆਦਿ ਦਵਾਈਆਂ ਦੇਖੀਆਂ ਜਾ ਸਕਦੀਆਂ ਹਨ, ਜੋ ਮਾੜੀ ਸਿਹਤ ਦਾ ਸੰਕੇਤ ਹਨ। ਅੱਜ ਦੇ ਮਰਦਾਂ ਨੇ ਵੀ ਹੱਥੀ ਕੰਮ ਕਰਨਾ ਘਟਾ ਦਿੱਤਾ ਹੈ ਤੇ ਲਗਪਗ ਮਸ਼ੀਨਰੀ 'ਤੇ ਨਿਰਭਰ ਹੋ ਚੁੱਕੇ ਹਨ। ਦੂਜੇ ਪਾਸੇ ਦੁੱਧ, ਫ਼ਲ ਤੇ ਸਬਜ਼ੀਆਂ ਦੀ ਵਧ ਰਹੀ ਮੰਗ ਤਹਿਤ ਨਕਲੀ ਦੁੱਧ-ਘਿਓ ਅਤੇ ਦਵਾਈਆਂ ਵਾਲੀਆਂ ਫ਼ਸਲਾਂ ਤਿਆਰ ਕਰ ਕੇ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ। ਜੇਕਰ ਅਸੀ ਆਪਣੇ ਆਪ, ਪਰਿਵਾਰ, ਸਮਾਜ

**ਕੁਲਦੀਪ ਸਿੰਘ ਸਾਹਿਲ**
**94179-90040**

ਅਤੇ ਦੇਸ਼ ਦੇ ਵਿਕਾਸ 'ਚ ਯੋਗਦਾਨ ਪਾਉਣਾ ਹੈ ਤਾਂ ਸਭ ਤੋਂ ਪਹਿਲਾਂ ਚੰਗੀ ਸਿਹਤ, ਤੰਦਰੁਸਤੀ ਅਤੇ ਮਾਨਸਿਕ ਤੌਰ 'ਤੇ ਖੁੱਲ੍ਹਾਪਣ ਲਿਆਉਣਾ ਜ਼ਰੂਰੀ ਹੈ। ਬੇਸ਼ੱਕ ਹੁਣ ਪਹਿਲਾਂ ਵਾਲਾ ਸਮਾਂ ਤਾਂ ਨਹੀ ਆ ਸਕਦਾ, ਪਰ ਫਿਰ ਵੀ ਅਸੀ ਕੁਝ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣੇ ਆਪ ਨੂੰ ਤੰਦਰੁਸਤ ਰੱਖ ਸਕਦੇ ਹਾਂ, ਜਿਸ ਵਿੱਚ ਨੀਦ ਦਾ ਇੱਕ ਮਹੱਤਵਪੂਰਨ ਸਥਾਨ ਹੈ। ਹਰੇਕ ਦਾ ਸਰੀਰ ਲੋੜ ਅਨੁਸਾਰ ਨੀਦ ਮੰਗਦਾ ਹੈ। ਕਸਰਤ, ਯੋਗ ਅਤੇ ਸੈਰ ਸਰੀਰ ਲਈ ਬਹੁਤ ਜ਼ਰੂਰੀ ਹਨ। ਸਾਦਾ ਖਾਣ-ਪੀਣ, ਨਸ਼ਿਆਂ ਤੋਂ ਦੂਰ ਰਹਿਣਾ, ਹੱਸਣਾ, ਖੇਡਣਾ, ਖ਼ੁਸ਼ ਰਹਿਣਾ ਵੀ ਤੰਦਰੁਸਤ ਸਰੀਰ ਤੇ ਦਿਮਾਗ਼ ਲਈ ਜ਼ਰੂਰੀ ਹਨ। ਮਨੁੱਖ ਜਿੰਨੀ ਮਰਜ਼ੀ ਚੰਗੀ ਖ਼ੁਰਾਕ ਖਾ ਲਵੇ, ਜੇ ਉਸ ਦੇ ਵਿਚਾਰ ਚੰਗੇ ਨਹੀ ਅਤੇ ਸੋਚ ਨਾਂਹ-ਪੱਖੀ ਹੈ ਤਾਂ ਉਹ ਕਦੇ ਵੀ ਮਾਨਸਿਕ ਅਤੇ ਸਰੀਰਕ ਤੌਰ 'ਤੇ ਤੰਦਰੁਸਤ ਨਹੀ ਰਹਿ ਸਕਦਾ। ਗੁੱਸਾ, ਨਿਰਾਸ਼ਾ, ਚਿੰਤਾ, ਘਰੇਲੂ ਕਲੇਸ਼ ਮਨੁੱਖੀ ਸਿਹਤ 'ਤੇ ਮਾੜਾ ਅਸਰ ਪਾਉਂਦੇ ਹਨ। ਚੰਗੀ ਖ਼ੁਰਾਕ ਦੇ ਨਾਲ-ਨਾਲ ਚੰਗੇ ਵਿਚਾਰ ਤੇ ਲੜਾਈ-ਝਗੜੇ ਤੋਂ ਦੂਰ ਰਹਿਣ ਨਾਲ ਮਾਨਸਿਕ ਸ਼ਾਂਤੀ ਮਿਲਦੀ ਹੈ, ਜੋ ਚੰਗੀ ਮਾਨਸਿਕ ਤੇ ਸਰੀਰਕ ਸਿਹਤ ਲਈ ਬਹੁਤ ਜ਼ਰੂਰੀ ਹੈ। ਸਾਡੀ ਜ਼ਿੰਦਗੀ ਵਿੱਚ ਚੰਗੀ ਸਿਹਤ ਲਈ ਪੌਣ-ਪਾਣੀ ਦਾ ਵੀ ਮਹੱਤਵਪੂਰਨ ਯੋਗਦਾਨ ਹੁੰਦਾ ਹੈ। ਸਾਫ਼ ਹਵਾ ਤੇ ਪਾਣੀ ਹਮੇਸ਼ਾ ਮਨੁੱਖ ਨੂੰ ਤੰਦਰੁਸਤ ਰੱਖਦੇ ਹਨ। ਸਾਨੂੰ ਆਪਣੇ ਘਰ ਅਤੇ ਆਲੇ-ਦੁਆਲੇ ਦੀ ਸਾਫ਼-ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ। ਮਾੜੀ ਆਬੋ-ਹਵਾ ਤੇ ਧੂੜ ਮਿੱਟੀ ਕਈ ਤਰ੍ਹਾਂ ਦੀਆਂ ਬਿਮਾਰੀਆਂ ਨੂੰ ਜਨਮ ਦਿੰਦੇ ਹਨ। ਇਸ ਲਈ ਸਫ਼ਾਈ ਪੱਖੋਂ ਕਦੇ ਵੀ ਅਣਗਹਿਲੀ ਨਹੀ ਕਰਨੀ ਚਾਹੀਦੀ। ਚੰਗੀ ਸਿਹਤ ਲਈ ਸਿੱਖਿਆ ਅਤੇ ਜਾਣਕਾਰੀ ਹੋਣੀ ਬਹੁਤ ਜ਼ਰੂਰੀ ਹੈ। ਮਨੁੱਖ ਨੂੰ ਚੰਗਾ ਵਾਤਾਵਰਨ ਸਿਰਜਣ ਲਈ ਸਾਇੰਸ ਵਿਸ਼ਾ ਜ਼ਰੂਰ ਪੜ੍ਹਨਾ ਚਾਹੀਦਾ ਹੈ ਤੇ ਵਿਗਿਆਨਕ ਸੋਚ ਅਪਣਾਉਣੀ ਚਾਹੀਦੀ ਹੈ। ਇਸ ਨਾਲ ਵਿਟਾਮਿਨ ਤੇ ਮਿਨਰਲਜ਼ ਵਰਗੇ ਖਣਿਜਾਂ ਬਾਰੇ ਸਹੀ ਜਾਣਕਾਰੀ ਪ੍ਰਾਪਤ ਕਰ ਕੇ ਅਸੀ ਆਪਣੀ ਖ਼ੁਰਾਕ ਵਿੱਚ ਇਨ੍ਹਾਂ ਤੱਤਾਂ ਨੂੰ ਸ਼ਾਮਿਲ ਕਰ ਸਕਦੇ ਹਾਂ। ਨਸ਼ਾ ਕਰਨ ਵਾਲਾ ਵਿਆਕਤੀ ਕਦੇ ਵੀ ਸਰੀਰਕ ਤੇ ਮਾਨਸਿਕ ਤੌਰ 'ਤੇ ਖੁਸ਼ਹਾਲ ਨਹੀ ਰਹਿ ਸਕਦਾ ਅਤੇ ਨਾ ਹੀ ਲੰਮੀ ਉਮਰ ਭੋਗ ਸਕਦਾ ਹੈ। ਅੱਜ ਸਮਾਜ 'ਚ ਨਸ਼ਾ ਬਹੁਤ ਭਿਆਨਕ ਰੂਪ ਧਾਰ ਚੁੱਕਾ ਹੈ, ਜਿਸ ਨਾਲ ਰਿਸ਼ਤੇ ਟੁੱਟ ਰਹੇ ਹਨ, ਅਪਰਾਧ ਵਧਦਾ ਜਾ ਰਿਹਾ ਹੈ। ਨਸ਼ਿਆਂ ਤੋਂ ਦੂਰੀ ਸਿਹਤਮੰਦ ਜੀਵਨ ਵੱਲ ਪੁੱਟਿਆ ਗਿਆ ਵੱਡਾ ਤੇ ਅਹਿਮ ਕਦਮ ਹੈ। ਘਰ ਸਿਰਫ਼ ਇੱਟਾਂ ਅਤੇ ਸੀਮਿੰਟ ਨਾਲ ਹੀ ਨਹੀ ਬਣਦੇ, ਇਹ ਪਰਿਵਾਰਕ ਸਾਂਝ, ਪਿਆਰ ਤੇ ਵਿਸ਼ਵਾਸ ਨਾਲ ਬਣਦੇ ਹਨ। ਪੁਰਾਣੇ ਸਮਿਆਂ ਦੇ ਮੁਕਾਬਲੇ ਹੁਣ ਪਰਿਵਾਰ ਛੋਟੇ ਹੁੰਦੇ ਜਾ ਰਹੇ ਹਨ। ਪਰਿਵਾਰ 'ਚ ਆਪਸੀ ਮੇਲ-ਮਿਲਾਪ, ਇੱਕ-ਦੂਜੇ ਨਾਲ ਵਿਚਾਰ ਸਾਂਝੇ ਕਰਨਾ ਤੇ ਉਨ੍ਹਾਂ ਦਾ ਸਨਮਾਨ ਕਰਨਾ ਸੁਖੀ ਪਰਿਵਾਰ ਦੇ ਨਾਲ ਨਾਲ ਮਾਨਸਿਕ ਤੇ ਸਰੀਰਕ ਤੰਦਰੁਸਤੀ ਦਾ ਖ਼ਜ਼ਾਨਾ ਮੰਨੇ ਗਏ ਹਨ। ਵੱਡੀ ਉਮਰ ਦੇ ਲੋਕਾਂ ਨੂੰ ਸਮੇਂ ਸਿਰ ਸਰੀਰ ਦੇ ਟੈਸਟ ਕਰਵਾਉਂਦੇ ਰਹਿਣਾ ਜ਼ਰੂਰੀ ਬਣ ਚੁੱਕਾ ਹੈ। ਸਿਆਣੇ ਕਹਿੰਦੇ ਹਨ ਕਿ ਸਿਹਤ ਹੈ ਤਾਂ ਸਭ ਕੁਝ ਹੈ। ਅੰਗਰੇਜ਼ੀ ਵਿੱਚ ਵੀ ਕਿਹਾ ਗਿਆ ਹੈ 'ਹੈਲਥ ਇਜ਼ ਵੈਲਥ' ਭਾਵ ਚੰਗੀ ਸਿਹਤ ਹੀ ਸਭ ਤੋਂ ਵੱਡੀ ਦੌਲਤ ਹੈ।

## ਸਵੇਰੇ-ਸਵੇਰੇ ਗਰਮ ਪਾਣੀ ਪੀਣਾ ਕੀ ਵਾਕਈ ਫ਼ਾਇਦੇਮੰਦ ਹੁੰਦੈ ?

**21** ਸਾਲਾ ਮਰੀਅਮ ਖਾਨ ਕਹਿੰਦੇ ਹਨ, "ਸੋਸ਼ਲ ਮੀਡੀਆ ਫੀਡ ਸਕ੍ਰੋਲ ਕਰਦੇ ਸਮੇਂ ਮੈਨੂੰ ਗਰਮ ਪਾਣੀ ਪੀਣ ਦੇ ਫਾਇਦਿਆਂ ਦੀ ਵੀਡੀਓ ਨਜ਼ਰ ਆਈ, ਜਿਸ ਤੋਂ ਬਾਅਦ ਮੈਂ ਇੱਕ ਤੋਂ ਬਾਅਦ ਇੱਕ ਲਗਾਤਾਰ ਕਈ ਵੀਡੀਓਜ਼ ਦੇਖੀਆਂ ਅਤੇ ਸੋਚਿਆ ਕਿ ਕਿਉਂ ਨਾ ਇੱਕ ਵਾਰ ਅਜ਼ਮਾ ਕੇ ਵੇਖਿਆ ਜਾਵੇ।" ਇਹ ਕੋਈ ਮੁਸ਼ਕਿਲ ਵਰਕਆਊਟ ਰੂਟੀਨ ਜਾਂ ਮਹਿੰਗਾ ਸਕਿਨਕੇਅਰ ਨਹੀ ਸੀ। ਮਰੀਅਮ ਖਾਨ ਅਤੇ ਉਨ੍ਹਾਂ ਵਰਗੇ ਕਈ ਹੋਰ, ਜਿਹੜੇ ਇਸ ਟ੍ਰੈਂਡ ਨੂੰ ਅਜ਼ਮਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਇਹ ਬਹੁਤ ਆਸਾਨ ਹੈ- ਸਿਰਫ਼ ਸਵੇਰੇ ਉੱਠ ਕੇ ਗਰਮ ਪਾਣੀ ਪੀਣਾ। ਗਰਮ ਪਾਣੀ ਪੀਣ ਨਾਲ ਸਿਹਤ ਨੂੰ ਹੋਣ ਵਾਲੇ ਫਾਇਦਿਆਂ ਦਾ ਪ੍ਰਚਾਰ ਚੀਨ ਦੇ ਰਵਾਇਤੀ ਸਿਹਤ ਖੇਤਰ ਅਤੇ ਭਾਰਤ 'ਚ ਆਯੁਰਵੇਦ ਜ਼ਰੀਏ ਹਜ਼ਾਰਾਂ ਸਾਲਾਂ ਤੋਂ ਹੁੰਦਾ ਆ ਰਿਹਾ ਹੈ। ਪਰ ਸਦੀਆਂ ਪੁਰਾਣੀ ਇਹ ਜੀਵਨਸ਼ੈਲੀ ਹੁਣ ਇਸ ਸਾਲ ਦੇ ਸ਼ੁਰੂਆਤ ਤੋਂ ਸੋਸ਼ਲ ਮੀਡੀਆ ਜ਼ਰੀਏ ਦੁਨੀਆ ਭਰ 'ਚ ਪ੍ਰਚਲਿਤ ਹੋ ਗਈ ਹੈ। ਟਿਕਟੌਕ ਅਤੇ ਇੰਸਟਾਗ੍ਰਾਮ 'ਤੇ ਲੱਖਾਂ ਵਾਰ ਵੇਖੀਆਂ ਗਈਆਂ ਵੀਡੀਓਜ਼ 'ਤੇ 'ਨਿਊਲੀ ਚਾਈਨੀਜ਼' ਅਤੇ 'ਚਾਈਨਾਮੈਕਸਿੰਗ' ਟੈਗ ਕੀਤਾ ਗਿਆ ਹੁੰਦਾ। ਇਨ੍ਹਾਂ ਵੀਡੀਓਜ਼ 'ਚ ਆਮ ਤੌਰ 'ਤੇ ਨੌਜਵਾਨ ਗਰਮ ਜਾਂ ਕੋਸਾ ਪਾਣੀ ਪੀਂਦੇ ਹਨ, ਗਰਮ ਨਾਸ਼ਤਾ ਕਰਦੇ ਅਤੇ ਦਿਨ ਦੀ ਸ਼ੁਰੂਆਤ ਕਸਰਤ ਨਾਲ ਕਰਦੇ ਦਿਖਾਈ ਦਿੰਦੇ ਹਨ। ਪਰ ਕੀ ਇਹ ਸਧਾਰਨ ਜੀਵਨਸ਼ੈਲੀ ਤੁਹਾਡੀ ਸਿਹਤ 'ਚ ਵਾਕਈ ਸੁਧਾਰ ਲਿਆਉਂਦੀਆਂ ਹਨ ?

### 'ਚੀ' ਯਾਨੀ ਊਰਜਾ ਦੀ ਸੰਭਾਲ

ਚੀਨ 'ਚ ਰਵਾਇਤੀ ਸਿਹਤ ਨੁਕਤਿਆਂ ਦਾ ਇਸਤੇਮਾਲ ਕਰਨ ਵਾਲੇ ਲੱਖਾਂ ਲੋਕਾਂ ਦਾ ਮੰਨਣਾ ਹੈ ਕਿ ਊਰਜਾ ਜਾਂ 'ਚੀ' (ਚੀਨੀ ਭਾਸ਼ਾ ਦਾ ਸ਼ਬਦ) ਲਗਾਤਾਰ ਸਰੀਰ 'ਚੋ ਵਗਦੀ ਰਹਿੰਦੀ ਹੈ। ਜਦੋਂ ਇਸ ਊਰਜਾ ਦਾ ਪ੍ਰਵਾਹ ਰੁਕ ਜਾਂਦਾ ਹੈ ਜਾਂ ਅੰਸਤੁਲਨ ਹੋ ਜਾਂਦਾ ਹੈ, ਤਾਂ ਬਿਮਾਰੀ ਹੁੰਦੀ ਹੈ। ਲੋਕਾਂ ਦਾ ਅਜਿਹਾ ਮੰਨਣਾ ਹੈ ਕਿ ਗਰਮ ਪਾਣੀ (ਜਿਸ ਦਾ ਤਾਪਮਾਨ 40 ਤੋਂ 60 ਡਿਗਰੀ ਵਿਚਾਲੇ ਹੋਵੇ ਤਾਂ ਜੋ ਪੀਣ ਵਾਲੇ ਦਾ ਮੂੰਹ ਨਾ ਸੜੇ) ਊਰਜਾ ਦੇ ਵਹਾਅ ਨੂੰ ਤੇਜ਼ ਕਰਦਾ ਹੈ ਜਿਸ ਨਾਲ ਸਿਹਤ 'ਚ ਸੁਧਾਰ ਹੁੰਦਾ ਅਤੇ ਉਮਰ ਵਧਦੀ ਹੈ। ਰਵਾਇਤੀ ਚੀਨੀ ਚਿਕਿਤਸਾ ਰਿਸਰਚਰ ਪ੍ਰੋ. ਸ਼ੰਨ ਓ ਕਹਿੰਦੇ ਹਨ, "ਇਸ ਨੂੰ ਇੱਕ ਘਰ ਦੀ ਤਰ੍ਹਾਂ ਸਮਝੋ।" ਉਹ ਅੱਗੇ ਸਮਝਾਉਂਦੇ ਹੋਏ ਕਹਿੰਦੇ ਹਨ ਕਿ ਠੰਢਾ ਭੋਜਨ ਕਰਨਾ ਅਜਿਹਾ ਹੈ ਜਿਵੇਂ ਤੁਹਾਡੇ ਘਰ ਚੋਂ ਠੰਢੀ ਹਵਾ ਵਹਿ ਰਹੀ ਹੋਵੇ। ਇਸੇ ਵਿਚਾਰਧਾਰਾ 'ਤੇ ਚੀਨ ਦੇ ਕਈ ਰਵਾਇਤੀ ਸਿਹਤ ਸੁਝਾਅ ਅਧਾਰਿਤ ਹਨ। ਜਿਵੇਂ ਘਰ 'ਚ ਗਰਮ ਚੱਪਲਾਂ ਪਾ ਕੇ ਰੱਖਣਾ ਅਤੇ ਦਿਨ ਦੀ ਸ਼ੁਰੂਆਤ ਗਰਮ ਨਾਸ਼ਤੇ ਨਾਲ ਕਰਨਾ। ਲੰਡਨ 'ਚ ਆਰਕੀਟੈਕਚਰਲ ਅਸਿਸਟੈਂਟ ਵਜੋਂ ਕੰਮ ਕਰਨ ਵਾਲੇ ਮਰੀਅਮ ਖਾਨ, ਜਿਨ੍ਹਾਂ ਨੇ ਪਹਿਲੀ ਵਾਰ ਇਹ ਵੀਡੀਓ ਟਿਕਟੌਕ 'ਤੇ ਦੇਖੀ ਸੀ, ਉਨ੍ਹਾਂ ਲਈ ਇਹ ਆਦਤਾਂ ਚੀਨ ਦੀ ਰਵਾਇਤੀ ਸਿਹਤ ਤਰੀਕਿਆਂ ਨੂੰ ਅਪਣਾਉਣ ਵੱਲ ਪਹਿਲਾ ਕਦਮ ਸੀ। ਮਰੀਅਮ ਕਹਿੰਦੇ ਹਨ ਕਿ ਦਿਨ ਦੀ ਸ਼ੁਰੂਆਤ 'ਤਾਈ-ਚੀ' (ਚੀਨੀ ਸ਼ਬਦ), ਜਿਸ 'ਚ ਹਲਕੀ-ਫੁਲਕੀ ਕਸਰਤ, ਲੰਬੇ ਸਾਹ ਲੈਣਾ, ਧਿਆਨ ਲਗਾਉਣਾ ਅਤੇ ਕਾਫੀ ਦੀ ਥਾਂ ਗਰਮ ਪਾਣੀ ਪੀਣਾ ਸ਼ਾਮਿਲ ਹਨ, ਨਾਲ ਕਰਨ ਨਾਲ ਉਨ੍ਹਾਂ ਨੂੰ ਕਾਫੀ ਰਾਹਤ ਦਿੰਦਾ ਹੈ। ਉਹ ਕਹਿੰਦੇ ਹਨ, "ਦਿਨ ਦੀ ਸ਼ੁਰੂਆਤ ਸਿੱਧਾ ਕੈਫੀਨ ਨਾਲ ਕਰਨ 'ਤੇ ਮੈਨੂੰ ਬਾਅਦ 'ਚ ਉਲਟੀ ਵਾਂਗ ਮਹਿਸੂਸ ਹੋਣ ਲੱਗਦਾ ਸੀ।" "ਹਾਲਾਂਕਿ ਬਾਅਦ 'ਚ ਮੈਂ ਗਰਮ ਪਾਣੀ, ਕਦੇ ਪੁਦੀਨੇ ਜਾਂ ਕਦੇ ਨੀਬੂ ਨਾਲ ਪੀਣਾ ਸ਼ੁਰੂ ਕੀਤਾ, ਜਿਸ ਨਾਲ ਮੈਨੂੰ ਕਾਫੀ ਤਰੋ-ਤਾਜ਼ਾ ਮਹਿਸੂਸ ਹੋਣ ਲੱਗਾ।"

### ਰਵਾਇਤੀ ਦਵਾਈਆਂ ਦਾ ਰੁਖ਼ ਕਿਉਂ ਕਰ ਰਹੇ ਲੋਕ ?

ਵਿਸ਼ਵ ਸਿਹਤ ਸੰਗਠਨ (WHO) ਦੇ ਗਲੋਬਲ ਟ੍ਰੈਡੀਸ਼ਨਲ ਮੈਡੀਸਨ ਸੈਂਟਰ ਦੇ ਕਾਰਜਕਾਰੀ ਡਾਇਰੈਕਟਰ ਡਾ. ਸ਼ਿਆਮਾ ਕੁਰੂਵਿਲਾ ਕਹਿੰਦੇ ਹਨ, "ਅੱਜ-ਕੱਲ੍ਹ ਦੀ ਨੌਜਵਾਨ ਪੀੜ੍ਹੀ ਦੀ ਚੀਨ ਦੀ ਰਵਾਇਤੀ ਜੀਵਨਸ਼ੈਲੀ 'ਚ ਆਨਲਾਈਨ ਦਿਲਚਸਪੀ ਇੱਕ ਵੱਧਦੇ ਸਮਾਜਿਕ ਟ੍ਰੈਂਡ ਵੱਲ ਸੰਕੇਤ ਦੇ ਰਹੀ ਹੈ।" ਉਹ ਦੱਸਦੇ ਹਨ, "ਯੂਰਪ 'ਚ ਵੀ ਆਬਾਦੀ ਦੇ ਆਧਾਰ 'ਤੇ ਕਈ ਅਧਿਐਨ ਕੀਤੇ ਗਏ। ਜਰਮਨੀ ਦਾ ਇੱਕ ਅਧਿਐਨ ਦਰਸਾਉਂਦਾ ਹੈ ਕਿ ਕਰੀਬ 70 ਫੀਸਦ ਲੋਕ ਅਜਿਹੇ ਹਨ ਜੋ ਰਵਾਇਤੀ ਦਵਾਈਆਂ ਦਾ ਇਸਤੇਮਾਲ ਕਰਦੇ ਹਨ ਜਦੋਂਕਿ ਚੀਨ ਅਤੇ ਭਾਰਤ ਵਰਗੇ ਕੁਝ ਮੁਲਕਾਂ 'ਚ ਇਹ ਅੰਕੜਾ 90 ਫੀਸਦ ਤੱਕ ਵੀ ਹੈ।" ਲੋਕ ਹੁਣ ਆਧੁਨਿਕ ਦਵਾਈਆਂ 'ਤੇ ਘੱਟ ਭਰੋਸਾ ਕਰਦੇ ਹਨ, ਇਹ ਇੱਕ ਅਜਿਹੀ ਵਿਚਾਰਧਾਰਾ ਹੈ ਜੋ ਸ਼ਾਇਦ ਕੋਵਿਡ ਮਹਾਮਾਰੀ ਤੋਂ ਬਾਅਦ ਸ਼ੁਰੂ ਹੋਈ ਹੈ। ਅਮਰੀਕਾ 'ਚ ਹੋਏ ਇੱਕ ਅਧਿਐਨ ਮੁਤਾਬਕ 2020 'ਚ ਡਾਕਟਰਾਂ ਅਤੇ ਹਸਪਤਾਲਾਂ 'ਤੇ ਕਰੀਬ 70 ਫੀਸਦ ਲੋਕ ਭਰੋਸਾ ਕਰਦੇ ਸਨ ਪਰ 2024 'ਚ ਇਹ ਅੰਕੜਾ ਘੱਟ ਕੇ 40 ਫੀਸਦ 'ਤੇ ਪਹੁੰਚ ਗਿਆ। ਕੁਝ ਲੋਕ ਬਾਇਓਮੈਡੀਕਲ ਦਵਾਈਆਂ ਨਹੀ ਖਰੀਦ ਸਕਦੇ ਅਤੇ ਸਸਤੇ ਬਦਲ ਵੱਜੋ ਰਵਾਇਤੀ ਦਵਾਈਆਂ ਨੂੰ ਚੁਣਦੇ ਹਨ ਜਦਕਿ ਕੁਝ ਲੋਕ ਰਵਾਇਤੀ ਦਵਾਈਆਂ ਇਸ ਲਈ ਚੁਣਦੇ ਹਨ ਕਿਉਂਕਿ ਇਹ ਵਿਅਕਤੀਗਤ ਅਤੇ ਸੰਤੁਲਿਤ ਜੀਵਨ ਦੀ ਪੇਸ਼ਕਸ਼ ਕਰਦੀ ਹੈ। ਗਰਮ ਪਾਣੀ ਪੀਣ ਵਰਗੀਆਂ ਆਦਤਾਂ ਮਨ, ਸਰੀਰ ਅਤੇ ਵਾਤਾਵਰਣ ਵਿੱਚ ਸੰਤੁਲਨ ਬਣਾਉਣ ਵਾਲੀਆਂ ਸਿਹਤ ਪ੍ਰਣਾਲੀਆਂ ਵਿੱਚ ਦਾਖਲ ਹੋਣ ਦਾ ਇੱਕ ਸੌਖਾ ਰਾਹ ਬਣ ਸਕਦੀਆਂ ਹਨ। ਇਨ੍ਹਾਂ ਪ੍ਰਣਾਲੀਆਂ ਦਾ ਬਹੁਤ ਸਾਰੇ



ਲੋਕਾਂ ਲਈ ਡੂੰਘਾ ਸੱਭਿਆਚਾਰਕ, ਅਧਿਆਤਮਕ ਅਤੇ ਇਤਿਹਾਸਕ ਮਹੱਤਵ ਵੀ ਹੁੰਦਾ ਹੈ। ਕੁਰੂਵਿਲਾ ਕਹਿੰਦੇ ਹਨ, "ਰਵਾਇਤੀ ਦਵਾਈਆਂ ਦਾ ਇਸਤੇਮਾਲ ਕਰਨ ਵਾਲੇ ਜ਼ਿਆਦਾਤਰ ਮੂਲ ਭਾਈਚਾਰੇ ਕਹਿੰਦੇ ਹਨ, ਅਸੀ ਹਜ਼ਾਰਾਂ ਸਾਲਾਂ ਤੋਂ ਇਨ੍ਹਾਂ ਦਾ ਇਸਤੇਮਾਲ ਕਰ ਰਹੇ ਹਾਂ ਅਤੇ ਅਸੀ ਦੇਖਿਆ ਹੈ ਕਿ ਇਹ ਕਿਵੇਂ ਲੋਕਾਂ ਲਈ

**ਕੇਟ ਬੋਵੀ**

ਫਾਇਦੇਮੰਦ ਸਾਬਿਤ ਹੁੰਦੀਆਂ ਹਨ।" ਵਿਸ਼ਵ ਸਿਹਤ ਸੰਗਠਨ (WHO) ਦਾ ਗਲੋਬਲ ਟ੍ਰੈਡੀਸ਼ਨਲ ਮੈਡੀਸਨ ਸੈਂਟਰ, ਸਬੂਤਾਂ ਦਾ ਮੁਲਾਂਕਣ ਕਰਦਾ ਹੈ ਤਾਂ ਜੋ ਨੀਤੀ ਘਾੜਕਾਂ ਅਤੇ ਮਰੀਜ਼ਾਂ ਦਾ ਸਹੀ ਮਾਰਗਦਰਸ਼ਨ ਕੀਤਾ ਜਾ ਸਕੇ। ਉਹ ਕਹਿੰਦੇ ਹਨ, "ਇਹ ਬਹੁਤ ਵੱਡਾ ਕੰਮ ਹੈ ਕਿਉਂਕਿ ਮੌਜੂਦਾ ਸਮੇਂ 'ਚ ਗਲੋਬਲ ਹੈਲਥ ਰਿਸਰਚ ਫੰਡਿੰਗ ਦਾ ਇੱਕ ਫੀਸਦ ਤੋਂ ਵੀ ਘੱਟ ਰਵਾਇਤੀ ਦਵਾਈਆਂ ਬਾਬਤ ਖੋਜ 'ਤੇ ਖਰਚ ਕੀਤਾ ਜਾਂਦਾ ਹੈ।" ਉਹ ਕਹਿੰਦੇ ਹਨ, "ਸਬੂਤਾਂ ਦੇ ਆਧਾਰ ਨੂੰ ਮਜ਼ਬੂਤ ਕਰਨ ਦੀ ਬਹੁਤ ਵੱਡੀ ਲੋੜ ਹੈ।" ਵਿਸ਼ਵ ਸਿਹਤ ਸੰਗਠਨ ਦੇ ਮਾਹਰ ਕਹਿੰਦੇ ਹਨ, "ਰਵਾਇਤੀ ਸਿਹਤ ਨੁਸਖ਼ੇ ਅਪਣਾਉਣ ਤੋਂ ਪਹਿਲਾਂ ਮਰੀਜ਼ਾਂ ਨੂੰ ਆਪਣੇ ਡਾਕਟਰ ਨਾਲ ਸਲਾਹ ਕਰਨੀ ਚਾਹੀਦੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੀ ਸਿਹਤ 'ਤੇ ਕੋਈ ਮਾਰੂ ਅਸਰ ਨਹੀ ਪਵੇਗਾ।" ਹਾਲਾਂਕਿ ਖਾਸ ਤੌਰ 'ਤੇ ਗਰਮ ਪਾਣੀ ਪੀਣ ਬਾਰੇ ਕੁਰੂਵਿਲਾ ਕਹਿੰਦੇ ਹਨ ਕਿ ਵਿਸ਼ਵ ਸਿਹਤ ਸੰਗਠਨ ਵੱਲੋਂ ਇਸ ਬਾਬਤ ਕੋਈ ਵਿਸ਼ੇਸ਼ ਦਿਸ਼ਾ-ਨਿਰਦੇਸ਼ ਨਹੀ ਦਿੱਤੇ ਗਏ ਹਨ। ਇਹ ਪੂਰੀ ਤਰ੍ਹਾਂ ਇਸ 'ਤੇ ਨਿਰਭਰ ਕਰਦਾ ਹੈ ਕਿ ਪਾਣੀ ਕਿੰਨਾ ਗਰਮ ਹੈ, ਤੁਸੀ ਕਿੰਨਾ ਪਾਣੀ ਪੀ ਰਹੇ ਹੋ ਅਤੇ ਤੁਹਾਡੀ ਸਿਹਤ ਦੀ ਕੀ ਸਥਿਤੀ ਹੈ। ਉਹ ਜ਼ੋਰ ਦਿੰਦਿਆਂ ਕਹਿੰਦੇ ਹਨ, "ਇਹ ਸਭ ਕੁਝ... ਸਬੂਤ ਅਤੇ ਸੰਤੁਲਨ 'ਤੇ ਨਿਰਭਰ ਕਰਦਾ ਹੈ।"

### ਵਿਗਿਆਨ ਕੀ ਕਹਿੰਦਾ ਹੈ ?

ਜੀਪੀ ਅਤੇ ਮੈਡੀਸਨ ਮਾਹਰ ਡਾ. ਰੋਜ਼ੀ ਬਰੂਕਸ ਕਹਿੰਦੇ ਹਨ ਕਿ ਗਰਮੀ ਪਾਣੀ ਪੀਣ ਨਾਲ ਕੁਝ ਫਾਇਦੇ ਹੋ ਸਕਦੇ ਹਨ। ਉਹ ਕਹਿੰਦੇ ਹਨ, "ਇਸ ਨਾਲ ਪਾਚਨ ਸ਼ਕਤੀ 'ਚ ਸੁਧਾਰ ਅਤੇ ਕਬਜ਼ ਨੂੰ ਲੈਕੇ ਰਾਹਤ ਮਿਲ ਸਕਦੀ ਹੈ। ਕੁਝ ਸਬੂਤ ਇਹ ਵੀ ਹਨ ਕਿ ਗਰਮ ਪਾਣੀ ਗਲੇ ਨੂੰ ਪੇਟ ਨਾਲ ਜੋੜਨ ਵਾਲੀਆਂ ਨਲੀਆਂ ਨੂੰ ਰਾਹਤ ਦੇਣ 'ਚ ਮਦਦ ਕਰਦਾ ਹੈ।" ਉਹ ਅੱਗੇ ਕਹਿੰਦੇ ਹਨ, "ਪਰ ਇਸ ਤੋਂ ਇਲਾਵਾ ਪਾਣੀ ਪੀਣਾ ਫਿਰ ਭਾਵੇਂ ਗਰਮ ਹੋਵੇ ਜਾਂ ਠੰਡਾ, ਸਰੀਰ ਨੂੰ ਹ੍ਰਾਈਡ੍ਰੇਟ ਕਰਨ 'ਚ ਮਦਦਗਾਰ ਹੁੰਦਾ ਹੈ।"

ਯੂਕੇ 'ਚ ਡਾ. ਹੇਲੇਨ ਮੈਡੀਕਲ (ਨਿੱਜੀ ਅਦਾਰਾ) ਵਿਖੇ ਬਤੌਰ ਜੀਪੀ ਅਤੇ ਲਾਈਫਸਟਾਈਲ ਫਿਜ਼ੀਸ਼ੀਅਨ ਪ੍ਰੈਕਟਿਸ ਕਰ ਰਹੇ ਡਾ. ਸੇਲੀਨਾ ਗ੍ਰੇਅ ਕਹਿੰਦੇ ਹਨ, "ਅਜਿਹੇ ਵੀ ਕੋਈ ਸਬੂਤ ਨਹੀ ਹਨ ਕਿ ਠੰਡਾ ਪਾਣੀ ਪੀਣ ਨਾਲ ਸਿਹਤ ਨੂੰ ਨੁਕਸਾਨ ਹੁੰਦਾ ਹੈ।" ਉਹ ਜ਼ੋਰ ਦਿੰਦਿਆਂ ਕਹਿੰਦੇ ਹਨ ਕਿ ਸੋਸ਼ਲ ਮੀਡੀਆ 'ਤੇ ਹੋ ਰਹੇ ਦਾਅਵਿਆਂ ਤੋਂ ਇਲਾਵਾ ਅਜਿਹੇ ਕੋਈ ਸਬੂਤ ਨਹੀ ਹਨ ਕਿ ਗਰਮ ਪਾਣੀ ਪੀਣ ਨਾਲ ਮੋਟਾਪਾ ਘੱਟਦਾ ਹੈ, ਮੈਟਾਬੋਲਿਜ਼ਮ ਤੇਜ਼ ਹੁੰਦਾ ਜਾਂ ਸਰੀਰ 'ਡੀਟੋਕਸ' ਹੁੰਦਾ ਹੈ। ਉਹ ਅੱਗੇ ਕਹਿੰਦੇ ਹਨ, "ਜੇਕਰ ਕੋਈ ਗਰਮ ਪਾਣੀ ਪੀਣ ਨੂੰ ਤਰਜੀਹ ਦਿੰਦਾ ਹੈ ਅਤੇ ਇਹ ਉਸ ਨੂੰ ਹੋਰ ਗਰਮ ਪਾਣੀ ਪੀਣ ਲਈ ਪ੍ਰੇਰਿਤ ਕਰਦਾ ਹੈ ਤਾਂ ਇਹ ਚੰਗੀ ਗੱਲ ਹੈ ਪਰ ਇਹ ਕੋਈ ਸ਼ਾਰਟਕਟ ਨਹੀ ਹੈ।" ਰਵਾਇਤੀ ਚੀਨੀ ਦਵਾਈਆਂ ਵਿਚਾਲੇ ਸਿੰਗਾਪੁਰ 'ਚ ਰਹਿ ਰਹੇ ਹੋਏ ਗ੍ਰੇਅ ਕਹਿੰਦੇ ਹਨ ਕਿ ਉਨ੍ਹਾਂ ਨੂੰ ਅਜੇ ਵੀ ਆਪਣੀ ਮਾਂ ਤੋਂ ਇਹ ਸੁਣਨ ਨੂੰ ਮਿਲ ਜਾਂਦਾ ਹੈ ਕਿ 'ਸਰੀਰ ਨੂੰ ਗਰਮ ਰੱਖਣ ਲਈ ਗਰਮ ਪਾਣੀ ਪਿਓ।' ਉਹ ਅੱਗੇ ਕਹਿੰਦੇ ਹਨ, "ਇਹ ਰਵਾਇਤਾਂ ਅਜਿਹੀ ਜੀਵਨਸ਼ੈਲੀ ਦਿੰਦੀਆਂ ਹਨ ਜੋ ਕੁਦਰਤੀ ਹੁੰਦੀਆਂ ਹਨ ਅਤੇ ਆਸਾਨੀ ਨਾਲ ਅਪਣਾਈਆਂ ਜਾ ਸਕਦੀਆਂ ਅਤੇ ਸੱਭਿਆਚਾਰਕ ਪੱਖੋਂ ਵੀ ਅਹਿਮ ਮਾਇਨੇ ਰੱਖਦੀਆਂ ਹਨ।"

### ਜੀਵਨਸ਼ੈਲੀ ਸਥਿਰ ਕਰਨ ਦਾ ਤਰੀਕਾ

ਹਾਲਾਂਕਿ ਗਰਮ ਪੀਣ ਨਾਲ ਹੋਣ ਵਾਲੇ ਫਾਇਦਿਆਂ ਨੂੰ ਲੈਕੇ ਸਬੂਤਾਂ ਦੀ ਘਾਟ ਹੈ ਪਰ ਅਧਿਐਨ ਸੁਝਾਉਂਦੇ ਹਨ ਕਿ ਬਾਕੀ ਰਵਾਇਤੀ ਆਦਤਾਂ ਫਾਇਦੇਮੰਦ ਹੋ ਸਕਦੀਆਂ ਹਨ। ਤਮਾਮ ਸਮੱਗਰੀਆਂ ਪਾ ਕੇ ਬਣਾਇਆ ਗਿਆ ਇੱਕ ਗਰਮ ਨਾਸ਼ਤਾ, ਠੰਡੇ ਸੀਰੀਅਲ (ਅਨਾਜ) ਖਾਉਣ ਨਾਲੋਂ ਵੱਧ ਪੋਸ਼ਟਿਕ ਹੋ ਸਕਦਾ ਹੈ। ਭਾਵੇਂ ਇਸ ਗੱਲ ਦਾ ਕੋਈ ਸਬੂਤ ਨਹੀ ਕਿ ਠੰਢੇ ਪੈਰ ਬਿਮਾਰੀ ਦਾ ਕਾਰਨ ਬਣਦੇ ਹਨ ਪਰ ਸਰੀਰ ਨੂੰ ਗਰਮ ਰੱਖਣਾ ਅਤੇ ਆਰਾਮ ਮਹਿਸੂਸ ਕਰਨਾ, ਤੁਹਾਨੂੰ ਰਿਲੈਕਸ ਹੋਣ ਅਤੇ ਚੰਗੀ ਨੀਂਦ ਲੈਣ ਵਿੱਚ ਮਦਦ ਕਰ ਸਕਦਾ ਹੈ। ਪਰ ਕੁਝ ਛੋਟੇ ਅਕਾਰ ਦੇ ਪਰ ਚੰਗੇ ਪੱਧਰ ਦੇ ਅਧਿਐਨਾਂ ਤੋਂ ਇਹ ਪਤਾ ਲੱਗਾ ਹੈ ਕਿ ਰਵਾਇਤੀ ਚੀਨੀ 'ਤਾਇ ਚੀ' ਅਤੇ 'ਸ਼ੀਗੁੰਗ' ਕਸਰਤਾਂ ਸਰੀਰ ਨੂੰ ਮਜ਼ਬੂਤ ਕਰਨ, ਫੁਰਤੀਲਾ ਬਣਾਉਣ ਅਤੇ ਤਣਾਅ ਘੱਟ ਕਰਨ 'ਚ ਮਦਦ ਕਰਦੀਆਂ ਹਨ।

ਚੀਨੀ ਮੈਡੀਸਨ ਮਾਹਰ ਓ ਕਹਿੰਦੇ ਹਨ, "ਸਾਡੀ ਰੋਜ਼ਾਨਾ ਜ਼ਿੰਦਗੀ 'ਚ ਦਿਮਾਗ ਕਾਫੀ ਕੰਮ ਕਰਦਾ ਹੈ...ਸਾਡਾ ਸਰੀਰ ਅਤੇ ਸਾਡਾ ਦਿਮਾਗ ਦੋ ਵੱਖੋ-ਵੱਖਰੀਆਂ ਥਾਂਵਾਂ ਹਨ। ਧਿਆਨ ਲਾਉਣਾ, ਸ਼ੀਗੁੰਗ ਅਤੇ ਤਾਇ ਚੀ ਦਾ ਮਕਸਦ ਇਸ ਭੱਜ-ਦੌੜ ਨੂੰ ਘੱਟ ਕਰਨਾ ਹੈ।" ਹਾਲਾਂਕਿ ਬਰੂਕਸ ਇਹ ਨਹੀ ਮੰਨਦੇ ਕਿ ਗਰਮ ਪਾਣੀ ਪੀਣ ਨਾਲ ਸਿਹਤ ਨੂੰ ਜ਼ਿਆਦਾ ਫਾਇਦੇ ਨਹੀ ਹੁੰਦੇ ਪਰ ਉਹ ਇਹ ਜ਼ਰੂਰ ਮੰਨਦੇ ਹਨ ਕਿ ਮਨੋਵਿਗਿਆਨੀ ਤੌਰ 'ਤੇ ਇਹ ਮਦਦਗਾਰ ਹੋ ਸਕਦਾ ਹੈ। ਉਹ ਅੱਗੇ ਕਹਿੰਦੇ ਹਨ, "ਇਹ ਇੱਕ ਰੂਟੀਨ ਦੀ ਤਰ੍ਹਾਂ ਹੈ... ਅਜਿਹਾ ਕਰਕੇ ਤੁਸੀ ਖੁਦ ਲਈ ਥੋੜ੍ਹਾ ਸਮਾਂ ਕੱਢ ਲੈਂਦੇ ਹੋ, ਜੋ ਆਪਣੀ ਮਸਰੂਫੀਅਤ ਭਰੀ ਜ਼ਿੰਦਗੀ ਕਰਕੇ ਅਕਸਰ ਨਹੀ ਕੱਢ ਪਾਉਂਦੇ।" ਮਰੀਅਮ ਖਾਨ ਕਹਿੰਦੇ ਹਨ ਕਿ ਸਵੇਰੇ ਉੱਠ ਕੇ ਗਰਮ ਪਾਣੀ ਪੀਣ ਨਾਲ ਉਹ ਆਪਣੇ ਲਈ ਥੋੜ੍ਹਾ ਸਮਾਂ ਕੱਢ ਪਾਉਂਦੇ ਹਨ ਅਤੇ ਅਜਿਹਾ ਕਰਕੇ ਉਨ੍ਹਾਂ ਨੂੰ ਮਾਨਸਿਕ ਤੌਰ 'ਤੇ ਚੰਗਾ ਮਹਿਸੂਸ ਹੁੰਦਾ ਹੈ। "ਮੈਂ ਇਸ ਨੂੰ ਇੱਕ ਮੌਕੇ ਦੀ ਤਰ੍ਹਾਂ ਦੇਖਦੀ ਹਾਂ ਤਾਂ ਜੋ ਮੈਂ ਜ਼ਿੰਦਗੀ 'ਚ ਥੋੜ੍ਹਾ ਠਹਿਰਾਅ ਲਿਆ ਸਕਾਂ, ਚੀਜ਼ਾਂ ਨੂੰ ਚੰਗੀ ਤਰ੍ਹਾਂ ਸਮਝਾਂ ਅਤੇ ਇੱਕ ਉਦੇਸ਼ ਨਾਲ ਦਿਨ ਦੀ ਸ਼ੁਰੂਆਤ ਕਰਾਂ।"

## ਭਾਰ ਘਟਾਉਣ ਲਈ ਸਿਰਫ਼ ਫ਼ਲ ਖਾਣ ਨਾਲ ਹੋ ਸਕਦੀਆਂ ਨੇ ਕਿਹੜੀਆਂ ਬਿਮਾਰੀਆਂ?

**ਸ਼ਨਮੁਗ ਪ੍ਰਿਅ ਸੇਲਵਰਾਜ਼**

**ਵਿਸ਼ਵ** ਸਿਹਤ ਸੰਗਠਨ (ਡਬਲਯੂਐਚਓ) ਦੀ ਇੱਕ ਰਿਪੋਰਟ ਅਨੁਸਾਰ, ਦੁਨੀਆ ਵਿੱਚ ਔਸਤਨ ਹਰ ਅੱਠ ਵਿੱਚੋਂ ਇੱਕ ਵਿਅਕਤੀ ਮੋਟਾਪੇ ਨਾਲ ਪੀੜਤ ਹੈ। ਰਿਪੋਰਟ ਸਾਲ 2025 ਵਿੱਚ ਪ੍ਰਕਾਸ਼ਿਤ ਹੋਈ ਸੀ। ਇਸ ਦੇ ਮੁਤਾਬਕ, 1990 ਤੋਂ 35 ਸਾਲਾਂ ਦੇ ਸਮੇਂ ਦੌਰਾਨ ਦੁਨੀਆ ਵਿੱਚ ਮੋਟਾਪੇ ਨਾਲ ਪੀੜਤ ਬਾਲਗਾਂ ਦੀ ਗਿਣਤੀ ਦੁੱਗਣੀ ਹੋ ਗਈ ਹੈ, ਜਦਕਿ ਕਿਸ਼ੋਰਾਂ ਵਿੱਚ ਇਹ ਵਾਧਾ ਚੌਗੁਣਾ ਹੋ ਗਿਆ ਹੈ। 2022 ਵਿੱਚ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ 6.89 ਅਰਬ ਲੋਕ ਮੋਟਾਪੇ ਨਾਲ ਪੀੜਤ ਸਨ। ਡਬਲਯੂਐਚਓ ਦੇ ਅੰਕੜਿਆਂ ਅਨੁਸਾਰ, ਇਨ੍ਹਾਂ ਵਿੱਚੋਂ 43 ਫੀਸਦੀ ਲੋਕ ਵੱਧ ਵਜ਼ਨ ਵਾਲੇ ਅਤੇ 16 ਫੀਸਦੀ ਮੋਟਾਪੇ ਨਾਲ ਪੀੜਤ ਸਨ। ਮਾਹਰਾਂ ਦੇ ਅਨੁਸਾਰ, ਜਦੋਂ ਕਿਸੇ ਵਿਅਕਤੀ ਦੇ ਭੋਜਨ ਅਤੇ ਸਰੀਰਕ ਗਤੀਵਿਧੀ ਵਿੱਚ ਅਸੰਤੁਲਨ ਹੁੰਦਾ ਹੈ, ਤਾਂ ਉਸ ਦਾ ਵਜ਼ਨ ਵੱਧ ਜਾਂਦਾ ਹੈ ਜਾਂ ਉਹ ਮੋਟਾਪੇ ਦਾ ਸ਼ਿਕਾਰ ਹੋ ਜਾਂਦਾ ਹੈ। ਡਬਲਯੂਐਚਓ ਦਾ ਕਹਿਣਾ ਹੈ ਕਿ ਜ਼ਿਆਦਾਤਰ ਮਾਮਲਿਆਂ ਵਿੱਚ ਵਾਤਾਵਰਣ, ਮਾਨਸਿਕ ਸਥਿਤੀ ਅਤੇ ਵਿਰਾਸਤੀ ਕਾਰਕਾਂ ਵਰਗੇ ਕਈ ਤੱਤ ਮੋਟਾਪੇ ਨੂੰ ਪ੍ਰਭਾਵਿਤ ਕਰਦੇ ਹਨ। ਲੋਕ ਆਪਣੇ ਭੋਜਨ ਵਿੱਚ ਬਦਲਾਅ ਕਰਕੇ ਮੋਟਾਪੇ ਤੋਂ ਬਚਣ ਲਈ ਵੱਖ-ਵੱਖ ਤਰੀਕੇ ਅਪਣਾਉਂਦੇ ਹਨ। ਇੱਕ ਤਰੀਕਾ ਫਰੂਟੇਰੀਅਨਿਜ਼ਮ ਹੈ, ਜਿਸ ਵਿੱਚ ਵਿਅਕਤੀ ਸਿਰਫ਼ ਫਲ, ਸੁੱਕੇ ਮੇਵੇ ਅਤੇ ਵੱਖ-ਵੱਖ ਕਿਸਮਾਂ ਦੇ ਸੁੱਕੇ ਬੀਜ ਖਾਂਦਾ ਹੈ।



### ਕੀ ਸਰੀਰ ਦੇ ਲਈ ਸਿਰਫ ਫਲ ਹੀ ਚੰਗੇ ਹੁੰਦੇ ਹਨ?

ਹਾਲਾਂਕਿ ਕਈ ਲੋਕ ਮੰਨਦੇ ਹਨ ਕਿ ਸਿਰਫ਼ ਫਲ ਖਾਣ ਨਾਲ ਵਜ਼ਨ ਘਟਾਉਣ ਵਿੱਚ ਮਦਦ ਮਿਲਦੀ ਹੈ, ਪਰ ਸਵਾਲ ਇਹ ਹੈ ਕਿ ਕੀ ਇਹ ਅਸਲ ਵਿੱਚ ਸਿਹਤਮੰਦ ਬਦਲ ਹੈ?

ਤਮਿਲਨਾਡੂ ਦੇ ਇਰੋਡ ਦੇ ਡਾਕਟਰ ਅਰੁਣ ਕੁਮਾਰ ਦਾ ਕਹਿਣਾ ਹੈ ਕਿ ਇਹ ਸਹੀ ਹੈ ਕਿ ਸਿਰਫ਼ ਫਲ ਖਾਣ ਨਾਲ ਭਾਰ ਘੱਟ ਸਕਦਾ ਹੈ, ਪਰ ਇਹ ਸਿਹਤ ਲਈ ਚੰਗਾ ਨਹੀ ਹੈ। ਇਸ ਦਾ ਕਾਰਨ ਦੱਸਦੇ ਹੋਏ ਡਾ. ਅਰੁਣ ਕੁਮਾਰ ਕਹਿੰਦੇ ਹਨ, "ਜੋ ਲੋਕ ਸਿਰਫ਼ ਫਲ ਖਾਂਦੇ ਹਨ, ਉਨ੍ਹਾਂ ਨੂੰ ਆਪਣੀ ਰੋਜ਼ਾਨਾ ਕੈਲੋਰੀ ਦਾ 80 ਤੋਂ 90 ਫੀਸਦੀ ਹਿੱਸਾ ਫਲਾਂ ਤੋਂ ਮਿਲਦਾ ਹੈ। ਆਮ ਤੌਰ 'ਤੇ ਫਲਾਂ ਵਿੱਚ ਕੈਲੋਰੀ ਘੱਟ ਹੁੰਦੀ ਹੈ ਅਤੇ ਉਨ੍ਹਾਂ ਤੋਂ ਵੱਧ ਤੋਂ ਵੱਧ ਲਗਭਗ 1500 ਕੈਲੋਰੀ ਹੀ ਮਿਲ ਸਕਦੀ ਹੈ।" "ਇਸ ਨਾਲ ਕੈਲੋਰੀਜ਼ ਦੀ ਘਾਟ ਪੈਦਾ ਹੁੰਦੀ ਹੈ ਅਤੇ ਵਜ਼ਨ ਘੱਟਦਾ ਹੈ। ਹਾਲਾਂਕਿ, ਸਿਰਫ਼ ਫਲ ਖਾਣ ਨਾਲ ਸਰੀਰ ਦੀ ਪ੍ਰੋਟੀਨ ਦੀ ਲੋੜ ਪੂਰੀ ਨਹੀ ਹੁੰਦੀ, ਜਿਸ ਨਾਲ ਮਾਸਪੇਸ਼ੀਆਂ ਕਮਜ਼ੋਰ ਹੋ ਸਕਦੀਆਂ ਹਨ।" ਇਸ ਤੋਂ ਇਲਾਵਾ, ਸਿਰਫ਼ ਫਲ ਖਾਣ ਨਾਲ ਸਰੀਰ ਨੂੰ ਆਇਰਨ, ਜ਼ਿੰਕ ਅਤੇ ਓਮੇਗਾ-3 ਵਰਗੇ ਜ਼ਰੂਰੀ ਪੋਸ਼ਕ ਤੱਤ ਨਹੀ ਮਿਲਦੇ। ਇਸ ਨਾਲ ਸਰੀਰ ਵਿੱਚ ਫਰਕਟੋਜ਼ (ਇੱਕ ਕਿਸਮ ਦੀ ਕੁਦਰਤੀ ਖੰਡ) ਦਾ ਪੱਧਰ ਵੱਧ ਸਕਦਾ ਹੈ। ਇਸਦੇ ਨਾਲ ਹੀ, ਟ੍ਰਾਈਗਲਿਸਰਾਈਡਜ਼ (ਇੱਕ ਕਿਸਮ ਦਾ ਫੈਟ) ਅਤੇ ਜਿਗਰ ਵਿੱਚ ਫੈਟ ਦੀ ਮਾਤਰਾ ਵੀ ਵੱਧ ਸਕਦੀ ਹੈ। ਡਾ. ਅਰੁਣ ਕੁਮਾਰ ਦਾ ਕਹਿਣਾ ਹੈ ਕਿ ਸਿਰਫ਼ ਫਲ ਖਾਣਾ ਵਜ਼ਨ ਘਟਾਉਣ ਦਾ ਸਹੀ ਤਰੀਕਾ ਨਹੀ ਹੈ। ਉਹ ਵਜ਼ਨ ਘਟਾਉਣ ਲਈ ਖੁਰਾਕ ਵਿੱਚ ਭਰਪੂਰ ਮਾਤਰਾ ਵਿੱਚ ਫਲ ਸ਼ਾਮਲ ਕਰਨ ਦੀ ਸਲਾਹ ਦਿੰਦੇ ਹਨ, ਪਰ ਸਿਰਫ਼ ਫਲਾਂ 'ਤੇ ਨਿਰਭਰ ਰਹਿਣ ਨੂੰ ਖ਼ਤਰਨਾਕ ਮੰਨਦੇ ਹਨ।



### ਜੇਕਰ ਅਸੀਂ ਸਿਰਫ ਫਲ ਖਾਈਏ ਤਾਂ ਕੀ ਹੋਵੇਗਾ ?

ਕਈ ਅਧਿਐਨਾਂ ਤੋਂ ਪਤਾ ਲੱਗਿਆ ਹੈ ਕਿ ਸਿਰਫ਼ ਫਲ, ਮੇਵੇ ਜਾਂ ਬੀਜ ਖਾਣ ਨਾਲ ਵੱਖ-ਵੱਖ ਪੋਸ਼ਕ ਤੱਤਾਂ ਦੀ ਘਾਟ ਹੋ ਸਕਦੀ ਹੈ। ਅਮਰੀਕੀ ਗ਼ੈਰ-ਮੁਨਾਫ਼ਾ ਚਿਕਿਤਸਾ ਸੰਸਥਾ ਮੇਯੋ ਕਲਿਨਿਕ ਦੇ ਮੁਤਾਬਕ, ਸਿਰਫ਼ ਫਲ ਖਾਣ ਨਾਲ ਪ੍ਰੋਟੀਨ, ਜ਼ਰੂਰੀ ਚਰਬੀ, ਕੈਲਸ਼ੀਅਮ, ਆਇਰਨ, ਵਿਟਾਮਿਨ ਬੀ12 ਵਰਗੇ ਪੋਸ਼ਕ ਤੱਤ ਨਹੀ ਮਿਲਦੇ। ਇਸ ਨਾਲ ਮਾਸਪੇਸ਼ੀਆਂ ਅਤੇ ਸਰੀਰ ਦੀ ਰੋਗ-ਰੋਕੂ ਸਮਰੱਥਾ ਕਮਜ਼ੋਰ ਹੋ ਜਾਂਦੀ ਹੈ। ਨਾਲ ਹੀ ਐਨੀਮੀਆ ਦਾ ਖ਼ਤਰਾ ਵੱਧ ਜਾਂਦਾ ਹੈ। ਜਰਨਲ ਆਫ਼ ਦਿ ਇੰਟਰਨੈਸ਼ਨਲ ਸੋਸਾਇਟੀ ਆਫ਼ ਸਪੋਰਟਸ ਨਿਊਟ੍ਰਿਸ਼ਨ ਦੇ ਮੁਤਾਬਕ, ਜੇ ਸਰੀਰ ਵਿੱਚ ਪ੍ਰੋਟੀਨ ਦੀ ਘਾਟ ਹੋਵੇ, ਤਾਂ ਇਸ ਦਾ ਸਿੱਧਾ ਅਸਰ ਪਾਚਨ ਤੰਤਰ 'ਤੇ ਪੈਂਦਾ ਹੈ। ਇਹ ਸਰੀਰ ਦੇ ਲੰਬੇ ਸਮੇਂ ਦੇ ਸਿਹਤ ਲਈ ਸੰਤੁਲਿਤ ਖੁਰਾਕ ਦੀ ਮਹੱਤਤਾ ਨੂੰ ਦਰਸਾਉਂਦਾ ਹੈ।

### ਕੀ ਚਿਕਨ ਅਤੇ ਮਟਨ ਖਾਣ ਨਾਲ ਮੋਟਾਪਾ ਵੱਧਦਾ ਹੈ ?

ਅਜਿਹੀ ਧਾਰਨਾ ਹੈ ਕਿ ਵੱਧ ਚਿਕਨ ਅਤੇ ਮਟਨ ਖਾਣ ਨਾਲ ਮੋਟਾਪਾ ਵੱਧਦਾ ਹੈ। ਕੀ ਇਸ ਵਿੱਚ ਕੋਈ ਸੱਚਾਈ ਹੈ? ਡਾ. ਅਰੁਣ ਕੁਮਾਰ ਕਹਿੰਦੇ ਹਨ, "ਜੇ ਚਿਕਨ ਅਤੇ ਮਟਨ ਦਾ ਸੇਵਨ ਸਹੀ ਮਾਤਰਾ ਵਿੱਚ ਕੀਤਾ ਜਾਵੇ, ਤਾਂ ਇਸ ਨਾਲ ਵਜ਼ਨ ਘਟਾਉਣ ਵਿੱਚ ਮਦਦ ਮਿਲ ਸਕਦੀ ਹੈ।" "ਵਾਧੂ ਕੈਲੋਰੀ ਅਤੇ ਕਾਰਬੋਹਾਈਡਰੇਟ ਇੰਸੁਲਿਨ ਦੇ ਸ੍ਰਾਵ (ਸੈਕ੍ਰੇਸ਼ਨ) ਨੂੰ ਵਧਾਉਂਦੇ ਹਨ, ਜਿਸ ਨਾਲ ਸਰੀਰ ਵਿੱਚ ਚਰਬੀ ਇਕੱਠੀ ਹੋਣ ਲੱਗਦੀ ਹੈ। ਕਾਰਬੋਹਾਈਡਰੇਟ ਦੀ ਵੱਧ ਮਾਤਰਾ ਵਾਲੇ ਖਾਣੇ ਦਾ ਜ਼ਿਆਦਾ ਸੇਵਨ ਪੇਟ ਦੇ ਆਲੇ-ਦੁਆਲੇ ਚਰਬੀ ਇਕੱਠੀ ਹੋਣ ਦਾ ਕਾਰਨ ਬਣਦਾ ਹੈ।" "ਕਾਰਬੋਹਾਈਡਰੇਟ ਅਤੇ ਕੈਲੋਰੀ ਨਾਲ ਭਰਪੂਰ ਅਤੇ ਇੰਸੁਲਿਨ ਦੇ ਸ੍ਰਾਵ ਨੂੰ ਵਧਾਉਣ ਵਾਲੇ ਖਾਣੇ ਦਾ ਸੇਵਨ ਕਰਨ ਨਾਲ ਪੇਟ ਦੇ ਆਲੇ-ਦੁਆਲੇ ਚਰਬੀ ਇਕੱਠੀ ਹੋ ਜਾਂਦੀ ਹੈ।" ਉਨ੍ਹਾਂ ਨੇ ਕਿਹਾ ਕਿ ਜੇ ਚਿਕਨ ਅਤੇ ਮਟਨ ਵਰਗੇ ਖਾਣੇ ਦਾ ਸਹੀ ਮਾਤਰਾ ਵਿੱਚ ਸੇਵਨ ਕੀਤਾ ਜਾਵੇ, ਤਾਂ ਇਹ ਵਜ਼ਨ ਘਟਾਉਣ ਲਈ ਇੱਕ ਉਚਿਤ ਆਹਾਰ ਹੋ ਸਕਦਾ ਹੈ। ਉਹ ਵਜ਼ਨ ਘਟਾਉਣ ਲਈ ਮਾਸ ਸਮੇਤ ਘੱਟ ਕੈਲੋਰੀ ਵਾਲੇ ਸਿਹਤਮੰਦ ਖਾਣੇ ਦਾ ਸੇਵਨ ਕਰਨ ਦੀ ਸਲਾਹ ਦਿੰਦੇ ਹਨ।

## ਸਿਹਤ ਲਈ ਖ਼ਤਰਨਾਕ ਹਨ ਰੰਗ-ਬਿਰੰਗੇ ਪਕਵਾਨ



**ਅਸ਼ਵਨੀ ਚਤਰਥ**
**62842-20595**

**ਮਨੁੱਖ** ਦਾ ਸੁਭਾਅ ਹੀ ਹੈ ਕਿ ਉਹ ਆਪਣੇ ਆਲੇ-ਦੁਆਲੇ ਦੀਆਂ ਰੰਗਦਾਰ ਚੀਜ਼ਾਂ ਵੱਲ ਆਸਾਨੀ ਨਾਲ ਖਿੱਚਿਆ ਜਾਂਦਾ ਹੈ। ਜਿਵੇਂ ਰੰਗਦਾਰ ਕੱਪੜੇ, ਰੰਗਦਾਰ ਫੁੱਲ-ਫਲ ਅਤੇ ਰੰਗਦਾਰ ਬਾਗ਼-ਬਗੀਚੇ ਮਨੁੱਖ ਨੂੰ ਬੇਹੱਦ ਪ੍ਰਭਾਵਿਤ ਕਰਦੇ ਹਨ। ਉਂਜ ਵੀ ਭਾਰਤੀ ਸੱਭਿਆਚਾਰ ਅਤੇ ਰੀਤੀ ਰਿਵਾਜਾਂ ਵਿੱਚ ਵੰਨ-ਸੁਵੰਨੇ ਰੰਗਾਂ ਨੂੰ ਵਿਸ਼ੇਸ਼ ਮਹੱਤਵ ਦਿੱਤਾ ਜਾਂਦਾ ਹੈ। ਇਸੇ ਤਰ੍ਹਾਂ ਰੰਗ-ਬਿਰੰਗੇ ਪਕਵਾਨ ਵੀ ਸਾਨੂੰ ਸਭ ਤੋਂ ਪਹਿਲਾਂ ਅੱਖਾਂ ਰਾਹੀ ਹੀ ਪ੍ਰਭਾਵਿਤ ਕਰਦੇ ਹਨ। ਅਜੋਕੇ ਦੌਰ ਵਿੱਚ ਰੰਗਾਂ ਨਾਲ ਲਬਰੇਜ਼ ਖਾਣ ਵਾਲੀਆਂ ਵਸਤਾਂ ਤੋਂ ਕੁਝ ਚੁਕੰਨਾ ਹੋਣ ਦੀ ਵੀ ਲੋੜ ਹੈ। ਰੰਗ-ਬਿਰੰਗੇ ਪਕਵਾਨ ਭਾਵੇਂ ਵੇਖਣ ਵਿੱਚ ਕਿੰਨੇ ਹੀ ਲਜ਼ੀਜ਼ ਕਿਉਂ ਨਾ ਲੱਗਦੇ ਹੋਣ, ਪਰ ਇਨ੍ਹਾਂ ਦੀ ਰੰਗਤ ਨਿਖਾਰਨ ਲਈ ਜਿਨ੍ਹਾਂ ਰੰਗਾਂ ਦੀ ਵਰਤੋਂ ਕੀਤੀ ਜਾਂਦੀ ਹੈ, ਸਾਨੂੰ ਉਨ੍ਹਾਂ ਦਾ ਗਿਆਨ ਹੋਣਾ ਵੀ ਲਾਜ਼ਮੀ ਹੈ। ਸਾਡੇ ਘਰਾਂ ਵਿੱਚ ਆਮ ਤੌਰ 'ਤੇ ਰੰਗਦਾਰ ਪਕਵਾਨ ਪੂਰੇ ਚਾਅ ਨਾਲ ਬਣਾਏ ਤੇ ਖਾਧੇ ਜਾਂਦੇ ਹਨ। ਘਰੇਲੂ ਪੱਧਰ 'ਤੇ ਵੱਖ ਵੱਖ ਪਕਵਾਨਾਂ ਨੂੰ ਰੰਗਤ ਦੇਣ ਲਈ ਕਈ ਚੀਜ਼ਾਂ ਦੀ ਵਰਤੋਂ ਕੀਤੀ ਜਾਂਦੀ ਹੈ, ਜਿਵੇਂ ਲਾਲ ਰੰਗਤ ਲਈ ਦੇਗੀ ਮਿਰਚ ਦੀ ਵਰਤੋਂ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਮਿੱਠੇ ਪੀਲੇ ਰੰਗ ਦੇ ਚੌਲ ਜਾਂ ਸੂਜੀ ਦਾ ਹਲਵਾ ਖ਼ਾਸ ਤੌਰ 'ਤੇ ਖਾਣ ਵਾਲੇ ਪੀਲੇ ਰੰਗ ਨਾਲ ਤਿਆਰ ਕੀਤੇ ਜਾਂਦੇ ਹਨ। ਪਰ ਬਾਜ਼ਾਰ ਵਿੱਚ ਮਿਲਣ ਵਾਲੀਆਂ ਕਈ ਰੰਗਦਾਰ ਚੀਜ਼ਾਂ ਸਿਹਤ ਲਈ ਨੁਕਸਾਨਦੇਹ ਵੀ ਹੋ ਸਕਦੀਆਂ ਹਨ ਕਿਉਂਕਿ ਉਨ੍ਹਾਂ ਨੂੰ ਤਿਆਰ ਕਰਨ ਵੇਲੇ ਜਿਨ੍ਹਾਂ ਰੰਗਾਂ ਦੀ ਵਰਤੋਂ ਕੀਤੀ ਜਾਂਦੀ ਹੈ, ਉਹ ਮਨੁੱਖੀ ਸਰੀਰ ਲਈ ਖ਼ਤਰਨਾਕ ਹੋ ਸਕਦੇ ਹਨ। ਬਚਪਨ ਵਿੱਚ ਅਸੀ ਬਰਫ਼ ਦੇ ਰੰਗਦਾਰ ਗੋਲੇ ਬੜੇ ਹੀ ਚਾਅ ਨਾਲ ਖਾਂਦੇ ਰਹੇ ਹਾਂ, ਪਰ ਉਸ ਵੇਲੇ ਸਾਨੂੰ ਇਹ ਨਹੀ ਸੀ ਪਤਾ ਕਿ ਇਨ੍ਹਾਂ ਵਿੱਚ ਵਰਤੇ ਜਾਂਦੇ ਰੰਗ ਸਿਹਤ ਲਈ ਠੀਕ ਵੀ ਹਨ ਜਾਂ ਨਹੀ। ਅੱਜ ਵੀ ਲੋਕਾਂ ਨੂੰ ਰੇੜ੍ਹੀਆਂ ਉੱਤੇ ਬਰਫ਼ ਦੇ ਗੋਲੇ ਅਤੇ ਹੋਰ ਰੰਗ-ਬਿਰੰਗੀਆਂ ਵਸਤਾਂ ਖਾਂਦੇ ਦੇਖਿਆ ਜਾ ਸਕਦਾ ਹੈ। ਸਵਾਲ ਇਹੀ ਖੜ੍ਹਾ ਹੁੰਦਾ ਹੈ ਕਿ ਇਹ ਖਾਣ ਵਾਲੀਆਂ ਵਸਤਾਂ ਸਿਹਤ ਲਈ ਕਿੰਨੀਆਂ ਕੁ ਲਾਹੇਵੰਦ ਹਨ? ਭੋਜਨ ਦੇ ਸੁਆਦ ਅਤੇ ਖ਼ੁਸ਼ਬੂ ਤੋਂ ਇਲਾਵਾ ਉਸ ਦੀ ਦਿੱਖ ਵੀ ਸਾਨੂੰ ਭੁੱਖ ਲੱਗਣ ਲਗਾ ਦਿੰਦੀ ਹੈ ਕਿਉਂਕਿ ਕੋਈ ਵੀ ਖਾਣ ਵਾਲੀ ਚੀਜ਼ ਸਭ ਤੋਂ ਪਹਿਲਾਂ ਆਪਣੀ ਦਿੱਖ ਨਾਲ ਹੀ ਸਾਨੂੰ ਪ੍ਰਭਾਵਿਤ ਕਰਦੀ ਹੈ। ਤਾਜ਼ੀਆਂ ਹਰੀਆਂ ਸਬਜ਼ੀਆਂ, ਸ਼ਾਹੀ ਪਨੀਰ ਦੀ ਸੰਤਰੇ ਰੰਗੀ ਸਬਜ਼ੀ ਅਤੇ ਰੰਗ-ਬਿਰੰਗੀਆਂ ਆਈਸਕਰੀਮਾਂ ਸਾਡੀ ਸੁੱਤੀ ਪਈ ਭੁੱਖ ਨੂੰ ਜਗਾ ਦਿੰਦੀਆਂ ਹਨ। ਆਖ਼ਰ ਇਹ ਅੱਖਾਂ ਹੀ ਤਾਂ ਹਨ, ਜੋ ਖਾਣ ਤੋਂ ਪਹਿਲਾਂ ਖਾਣੇ ਨੂੰ ਵੇਖਦੀਆਂ ਹਨ, ਪਰ ਬਹੁਤੀ ਵਾਰ ਦਿਸਣ ਵਿੱਚ ਲਜ਼ੀਜ਼ ਲੱਗਣ ਵਾਲੀ ਚੀਜ਼ ਸਿਹਤ ਲਈ ਜ਼ਹਿਰ ਦੇ ਸਮਾਨ ਵੀ ਹੁੰਦੀ ਹੈ ਕਿਉਂਕਿ ਚਮਕਦਾਰ ਅਤੇ ਰੰਗ-ਬਿਰੰਗੇ ਭੋਜਨ ਬਣਾਉਟੀ ਰੰਗਾਂ ਕਰਕੇ ਹੀ ਮਨਭਾਉਂਦੇ ਜਾਪਦੇ ਹਨ। ਸੰਤਰੇ ਰੰਗੀਆਂ ਜਲੇਬੀਆਂ, ਵੰਨ-ਸੁਵੰਨੇ ਰੰਗਾਂ ਦੇ ਚਟਪਟੇ ਨਮਕੀਨ, ਰੰਗ-ਬਿਰੰਗੀਆਂ ਆਈਸਕਰੀਮਾਂ, ਭਾਂਤ ਭਾਂਤ ਦੇ ਜੰਕਫੂਡ ਆਦਿ ਨੂੰ ਰੰਗਦਾਰ ਬਣਾਉਣ ਲਈ ਬਣਾਉਟੀ ਰੰਗਾਂ ਦੀ ਵਰਤੋਂ ਹੀ ਕੀਤੀ ਜਾਂਦੀ ਹੈ। ਗੱਲ ਕਰੀਏ ਜੇਕਰ ਬਾਜ਼ਾਰੀ ਭੋਜਨ ਪਦਾਰਥਾਂ ਵਿੱਚ ਵਰਤੇ ਜਾਂਦੇ ਰੰਗਾਂ ਦੀ ਤਾਂ ਇਨ੍ਹਾਂ ਰੰਗਾਂ ਨੂੰ ਸਭ ਤੋਂ ਪਹਿਲਾਂ ਸੰਨ 1856 ਵਿੱਚ ਲੁੱਕ ਤੋਂ ਤਿਆਰ ਕੀਤਾ ਗਿਆ ਸੀ। ਅੱਜਕੱਲ੍ਹ ਇਹ ਜਾਂ ਤਾਂ ਰੁੱਖਾਂ ਤੋਂ ਪ੍ਰਾਪਤ ਕੀਤੇ ਗਏ ਕੁਦਰਤੀ ਰਸਾਇਣਾਂ ਤੋਂ ਬਣਾਏ ਜਾਂਦੇ ਹਨ ਜਾਂ ਫਿਰ ਫੈਕਟਰੀਆਂ ਵਿੱਚ ਬਣਾਉਟੀ ਤੌਰ 'ਤੇ ਰਸਾਇਣਾਂ ਤੋਂ ਤਿਆਰ ਕੀਤੇ ਜਾਂਦੇ ਹਨ। ਭਾਰਤ ਵਿੱਚ ਖਾਣ ਪੀਣ ਵਾਲੀਆਂ ਵਸਤਾਂ ਦੀ ਗੁਣਵੱਤਾ ਅਤੇ ਸ਼ੁੱਧਤਾ ਦਾ ਪੈਮਾਨਾ ਤੈਅ ਕਰਨ ਵਾਲੀ ਸੰਸਥਾ ਫੂਡ ਸੇਫਟੀ ਐਂਡ ਸਟੈਂਡਰਡਜ਼ ਅਥੌਰਿਟੀ ਔਫ ਇੰਡੀਆ (FSSAI) ਨੇ ਭੋਜਨ ਪਦਾਰਥਾਂ ਵਿੱਚ ਵਰਤੇ ਜਾਣ ਵਾਲੇ ਰੰਗਾਂ ਲਈ ਨਿਯਮ ਤੈਅ ਕੀਤੇ ਹੋਏ ਹਨ। ਅਦਾਰੇ ਵੱਲੋਂ ਕੁਝ ਕੁਦਰਤੀ ਰੰਗਾਂ ਨੂੰ ਭੋਜਨਾਂ ਵਿੱਚ ਵਰਤਣ ਦੀ ਇਜਾਜ਼ਤ ਦਿੱਤੀ ਗਈ ਹੈ। ਇਨ੍ਹਾਂ ਵਿੱਚ ਕੇਸਰ ਦਾ ਰੰਗ, ਜਿਸ ਦੀ ਵਰਤੋਂ ਚੌਲ ਅਤੇ ਮਠਿਆਈਆਂ ਬਣਾਉਣ ਲਈ ਕੀਤੀ ਜਾਂਦੀ ਹੈ, ਚੁਕੰਦਰ ਤੋਂ ਪ੍ਰਾਪਤ ਕੀਤੇ ਰੰਗ, ਜਿਸ ਦਾ ਪਾਊਡਰ ਗੂੜ੍ਹੇ ਲਾਲ ਰੰਗ ਦਾ ਹੁੰਦਾ ਹੈ ਅਤੇ ਇਸ ਦੀ ਵਰਤੋਂ ਚਟਣੀਆਂ, ਬਰੈੱਡ, ਕੇਕ ਅਤੇ ਬਿਸਕੁਟ ਆਦਿ ਤਿਆਰ ਕਰਨ ਵਿੱਚ ਕੀਤੀ ਜਾਂਦੀ ਹੈ, ਹਲਦੀ ਦੀ ਵਰਤੋਂ ਵਸਤਾਂ ਨੂੰ ਪੀਲਾ ਰੰਗ ਦੇਣ ਲਈ ਕੀਤੀ ਜਾਂਦੀ ਹੈ, ਪਾਲਕ ਅਤੇ ਹੋਰ ਹਰੇ ਪੱਤੇ ਵਾਲੀਆਂ ਸਬਜ਼ੀਆਂ ਤੋਂ ਤਿਆਰ ਕੀਤੇ ਗਏ ਹਰੇ ਪਾਊਡਰ ਨੂੰ ਬਾਜ਼ਾਰ ਦੀਆਂ ਹਰੇ ਰੰਗ ਦੀਆਂ ਖਾਣ ਵਾਲੀਆਂ ਚੀਜ਼ਾਂ ਤਿਆਰ ਕਰਨ ਲਈ ਵਰਤਿਆ ਜਾਂਦਾ ਹੈ, ਸੇਂਧਾ ਨਮਕ ਜਿਸ ਦੀ ਵਰਤੋਂ ਨਾਨ, ਬਿਸਕੁਟ ਅਤੇ ਬਰੈੱਡ ਆਦਿ ਤਿਆਰ ਕਰਨ ਲਈ ਕੀਤੀ ਜਾਂਦੀ ਹੈ ਅਤੇ ਕਾਲਾ ਮੁਨੱਕਾ (Black Currant), ਜਿਸ ਦੀ ਵਰਤੋਂ ਆਈਸਕਰੀਮ, ਜੈਮ ਅਤੇ ਫਲਾਂ ਤੋਂ ਤਿਆਰ ਹੋਣ ਵਾਲੇ ਜੂਸ ਆਦਿ ਤਿਆਰ ਕਰਨ ਲਈ ਕੀਤੀ ਜਾਂਦੀ ਹੈ। ਇਨ੍ਹਾਂ ਤੋਂ ਇਲਾਵਾ ਖਾਣ-ਪੀਣ ਵਾਲੀਆਂ ਬਾਜ਼ਾਰੀ ਵਸਤਾਂ ਨੂੰ ਤਿਆਰ ਕਰਨ ਲਈ ਆਮ ਤੌਰ 'ਤੇ ਵਰਤੇ ਜਾ ਰਹੇ ਬਣਾਉਟੀ ਰੰਗਾਂ ਦੇ ਨਾਂ ਹਨ: 'ਰੈੱਡ-40', 'ਯੈਲੋ-5', 'ਸਨ-ਸੈੱਟ ਯੈਲੋ' ਅਤੇ 'ਬਰੀਲਿਅੰਟ ਬਲੂ' ਆਦਿ। ਇਨ੍ਹਾਂ ਨੂੰ ਫੂਡ-ਡਾਈਆਂ ਵੀ ਆਖਦੇ ਹਨ। ਰੈੱਡ-40 ਨੂੰ ਮਠਿਆਈਆਂ ਅਤੇ ਪੀਣ ਵਾਲੇ ਤਰਲ ਪਦਾਰਥਾਂ ਵਿੱਚ ਵਰਤਿਆ ਜਾਂਦਾ ਹੈ। ਯੈਲੋ-5 ਨੂੰ ਰੰਗਦਾਰ ਗੋਲੀਆਂ-ਟੌਫ਼ੀਆਂ ਅਤੇ ਕੁਲਫ਼ੀਆਂ ਆਦਿ ਬਣਾਉਣ ਲਈ ਵਰਤਿਆ ਜਾਂਦਾ ਹੈ। ਸਨਸੈੱਟ ਯੈਲੋ ਨੂੰ ਪੇਸਟਰੀਆਂ, ਗੋਲੀਆਂ-ਟੌਫ਼ੀਆਂ ਅਤੇ ਪੀਣ ਵਾਲੇ ਤਰਲ ਪਦਾਰਥਾਂ ਦੀ ਤਿਆਰੀ ਵਿੱਚ ਵਰਤਿਆ ਜਾਂਦਾ ਹੈ। ਬਰੀਲਿਅੰਟ ਬਲੂ ਦੀ ਵਰਤੋਂ ਸ਼ਰਬਤ, ਪੀਣ ਵਾਲੇ ਤਰਲ ਪਦਾਰਥ, ਟੌਫ਼ੀਆਂ ਅਤੇ ਬੇਕਰੀ ਦੀਆਂ ਰੰਗਦਾਰ ਵਸਤਾਂ ਵਿੱਚ ਵਰਤਿਆ ਜਾਂਦਾ ਹੈ। ਅਜੋਕੇ ਸਮੇਂ ਵਿੱਚ ਇਨ੍ਹਾਂ ਦੀ ਵਰਤੋਂ ਬਾਜ਼ਾਰ ਵਿੱਚ ਲਗਾਤਾਰ ਵਧਦੀ ਜਾ ਰਹੀ ਹੈ।

ਇਨ੍ਹਾਂ ਰੰਗਾਂ ਦੀ ਵਰਤੋਂ ਨਾਲ ਕਈ ਬਿਮਾਰੀਆਂ ਹੋਣ ਦੀ ਸੰਭਾਵਨਾ ਹੁੰਦੀ ਹੈ। ਕੁਝ ਲੋਕਾਂ ਨੂੰ ਬਣਾਉਟੀ ਰੰਗਾਂ ਤੋਂ ਅਲਰਜੀ ਹੋ ਸਕਦੀ ਹੈ। ਇਨ੍ਹਾਂ ਨਾਲ ਦਮਾ, ਖਾਰਸ਼ ਜਾਂ ਸੋਜ਼ਿਸ਼ ਆਦਿ ਦੀ ਸ਼ਿਕਾਇਤ ਹੋ ਸਕਦੀ ਹੈ। ਮਾਹਿਰਾਂ ਅਨੁਸਾਰ ਕਈ ਰੰਗਾਂ ਵਿੱਚ 'ਬੈਂਜ਼ੀਨ' ਨਾਂ ਦਾ ਰਸਾਇਣ ਹੁੰਦਾ ਹੈ, ਜਿਸ ਨਾਲ ਕੈਂਸਰ ਹੋਣ ਦੀ ਸੰਭਾਵਨਾ ਵਧ ਜਾਂਦੀ ਹੈ। ਬਣਾਉਟੀ ਰੰਗਾਂ ਨਾਲ ਬੱਚਿਆਂ ਵਿੱਚ ਏ ਡੀ ਐੱਚ ਡੀ (Attention deficit hyperactivity disorder) ਨਾਂ ਦੀ ਬਿਮਾਰੀ ਹੋ ਸਕਦੀ ਹੈ। ਇਹ ਬਿਮਾਰੀ ਬੱਚਿਆਂ ਦੇ ਦਿਮਾਗ਼ ਨੂੰ ਪ੍ਰਭਾਵਿਤ ਕਰਦੀ ਹੈ ਅਤੇ ਇਸ ਨਾਲ ਉਹ ਕਿਸੇ ਵੀ ਕੰਮ 'ਤੇ ਆਪਣਾ ਧਿਆਨ ਕੇਂਦਰਿਤ ਕਰਨ ਤੋਂ ਅਸਮਰੱਥ ਹੋ ਜਾਂਦੇ ਹਨ। ਇਸ ਬਿਮਾਰੀ ਤੋਂ ਪੀੜਤ ਬੱਚੇ ਪੜ੍ਹਾਈ ਵਿੱਚ ਪਿੱਛੇ ਰਹਿ ਜਾਂਦੇ ਹਨ। ਇਸੇ ਤਰ੍ਹਾਂ ਇਨ੍ਹਾਂ ਰੰਗਾਂ ਨਾਲ ਚਮੜੀ, ਅੱਖਾਂ ਅਤੇ ਵਾਲਾਂ ਦੀਆਂ ਅਲਰਜੀਆਂ ਵੀ ਹੋ ਸਕਦੀਆਂ ਹਨ। ਇਸ ਤੋਂ ਬਚਣ ਦਾ ਸਭ ਤੋਂ ਵਧੀਆ ਤਰੀਕਾ ਇਹ ਹੈ ਕਿ ਬਾਜ਼ਾਰ ਵਿੱਚ ਮਿਲਣ ਵਾਲੀਆਂ ਖਾਣ-ਪੀਣ ਦੀਆਂ ਵਸਤਾਂ ਦੀ ਥਾਂ ਘਰ ਦਾ ਬਣਿਆ ਖਾਣਾ ਖਾਧਾ ਜਾਵੇ। ਬਾਜ਼ਾਰ 'ਚ ਮਿਲਦੇ ਰੰਗਦਾਰ ਕੇਕ, ਕੁਲਫ਼ੀ, ਆਈਸਕਰੀਮ ਅਤੇ ਪੀਣ ਵਾਲੇ ਪਦਾਰਥਾਂ ਤੋਂ ਪਰਹੇਜ਼ ਕੀਤਾ ਜਾਵੇ। ਜੇਕਰ ਬਾਜ਼ਾਰ ਦਾ ਡੱਬਾਬੰਦ ਭੋਜਨ ਖਾਣਾ ਮਜਬੂਰੀ ਹੀ ਬਣ ਜਾਵੇ ਤਾਂ ਪਹਿਲਾਂ ਇਸ ਦੇ ਲੇਬਲ 'ਤੇ ਦਿੱਤੀ ਜਾਣਕਾਰੀ ਪੜ੍ਹੀ ਜਾਵੇ ਤਾਂ ਜੋ ਉਸ ਵਿੱਚ ਕਿਸੇ ਰਸਾਇਣਕ ਰੰਗ ਦੀ ਵਰਤੋਂ ਹੋਣ ਬਾਰੇ ਪਤਾ ਲੱਗ ਸਕੇ। ਖ਼ਾਸ ਕਰਕੇ ਗੂੜ੍ਹੇ ਅਤੇ ਭੜਕੀਲੇ ਰੰਗਾਂ ਵਾਲੇ ਭੋਜਨ ਪਦਾਰਥਾਂ ਤੋਂ ਬਚਿਆ ਜਾਏ। ਇਸੇ ਤਰ੍ਹਾਂ ਘਰ ਦਾ ਖਾਣਾ ਤਿਆਰ ਕਰਦੇ ਸਮੇਂ ਵੀ ਸਿਰਫ਼ ਕੁਦਰਤੀ ਰੰਗਾਂ ਦੀ ਵਰਤੋਂ ਨੂੰ ਹੀ ਯਕੀਨੀ ਬਣਾਇਆ ਜਾਵੇ।



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਗਰਮੀਆਂ 'ਚ ਤਿੱਲ ਦੇ ਸੇਵਨ ਤੋਂ ਕਰੋ ਪਰਹੇਜ਼

ਗਰਮੀ ਦੇ ਮੌਸਮ ਵਿਚ ਕਈ ਵਾਰ ਪਾਚਣ ਸਬੰਧੀ ਪ੍ਰੇਸ਼ਾਨੀਆਂ ਵੀ ਹੋ ਸਕਦੀਆਂ ਹਨ। ਅਜਿਹੇ ਵਿਚ ਸਿਹਤ ਪ੍ਰਤੀ ਜਾਗਰੂਕ ਲੋਕ ਖਾਸ ਤੌਰ 'ਤੇ ਉਹ ਆਪਣੀ ਡਾਇਟ ਵਿਚ ਅਜਿਹੀਆਂ ਚੀਜ਼ਾਂ ਸ਼ਾਮਲ



ਕਰਨ ਜੋ ਸਰੀਰ ਨੂੰ ਠੰਡਕ ਪਹੁੰਚਾਉਣ ਤੇ ਹੈਲਦੀ ਵੀ ਹੋਣ।ਤੁਹਾਨੂੰ ਇਹ ਜਾਣਨਾ ਚਾਹੀਦਾ ਹੈ ਕਿ ਕੁਝ ਸੀਡਸ ਅਜਿਹੇ ਹੁੰਦੇ ਹਨ ਜਿਨ੍ਹਾਂ ਦਾ ਸੇਵਨ ਗਰਮੀ ਵਿਚ ਨੁਕਸਾਨਦਾਇਕ ਹੋ ਸਕਦਾ ਹੈ। ਇਹ ਸੀਡਸ ਸਰੀਰ ਵਿਚ ਗਰਮੀ ਨੂੰ ਵਧਾ ਸਕਦੇ ਹਨ ਤੇ ਪਾਚਣ ਤੰਤਰ ਨੂੰ ਪ੍ਰਭਾਵਿਤ ਕਰ ਸਕਦੇ ਹਨ।

**ਚਿਆ ਸੀਡਸ ;** ਚਿਆ ਸੀਡਸ ਸਰੀਰ ਨੂੰ ਠੰਡਕ ਦਿੰਦੇ ਹਨ ਤੇ ਓਮੇਗਾ-3 ਫੈਟੀ ਐਸਿਡ ਨਾਲ ਭਰਪੂਰ ਹੁੰਦੇ ਹਨ। ਗਰਮੀ ਵਿਚ ਜ਼ਿਆਦਾ ਸੇਵਨ ਕਰਨ ਨਾਲ ਇਹ ਪਾਚਣ ਤੰਤਰ 'ਤੇ ਬੋਝ ਪਾ ਸਕਦੇ ਹਨ। ਇਸ ਦੀ ਵਜ੍ਹਾ ਨਾਲ ਪੇਟ ਵਿਚ ਗੈਸ ਦੀ ਸਮੱਸਿਆ ਹੋ ਸਕਦੀ ਹੈ। ਗਰਮੀ ਵਿਚ ਸੀਮਤ ਮਾਤਰਾ ਵਿਚ ਹੀ ਇਸ ਦਾ ਸੇਵਨ ਕਰਨਾ ਚਾਹੀਦਾ ਹੈ।

**ਕੱਦੂ ਦੇ ਬੀਜ ;** ਕੱਦੂ ਦੇ ਬੀਜ ਵਿਚ ਪ੍ਰੋਟੀਨ ਤੇ ਹੈਲਦੀ ਫੈਟਸ ਭਰਪੂਰ ਮਾਤਰਾ ਵਿਚ ਹੁੰਦੇ ਹਨ ਪਰ ਇਹ ਸਰੀਰ ਦੀ ਗਰਮੀ ਵਧਾ ਸਕਦੇ ਹਨ। ਗਰਮੀਆਂ ਵਿਚ ਇਨ੍ਹਾਂ ਨੂੰ ਜ਼ਿਆਦਾ ਮਾਤਰਾ ਵਿਚ ਖਾਣ ਨਾਲ ਪਸੀਨਾ ਵਧ ਆ ਸਕਦਾ ਹੈ ਤੇ ਸਰੀਰ ਜਲਦੀ ਥੱਕ ਸਕਦਾ ਹੈ।

**ਤਿਲ ;** ਤਿਲ ਕੈਲਸ਼ੀਅਮ ਤੇ ਮਿਨਰਲਸ ਦੇ ਚੰਗੇ ਸਰੋਤ ਹਨ ਪਰ ਇਹ ਸਰੀਰ ਵਿਚ ਗਰਮਾਹਟ ਵਧਾਉਂਦੇ ਹਨ। ਜੇਕਰ ਤੁਸੀਂ ਗਰਮੀ ਵਿਚ ਇਸ ਦਾ ਸੇਵਨ ਕਰ ਰਹੇ ਹੋ ਤਾਂ ਮਾਤਰਾ ਦਾ ਧਿਆਨ ਜ਼ਰੂਰ ਕਰੋ।

**ਅਲਸੀ ਦੇ ਬੀਜ ;** ਅਲਸੀ ਵਿਚ ਫਾਈਬਰ ਤੇ ਓਮੇਗਾ-3 ਫੈਟੀ ਐਸਿਡ ਕਾਫੀ ਮਾਤਰਾ ਵਿਚ ਹੁੰਦਾ ਹੈ। ਜ਼ਿਆਦਾ ਮਾਤਰਾ ਵਿਚ ਖਾਣ ਨਾਲ ਪਾਚਣ ਵਿਚ ਸਮੱਸਿਆ, ਪੇਟ ਵਿਚ ਦਰਦ ਹੋ ਸਕਦੀ ਹੈ। ਗਰਮੀ ਵਿਚ ਇਸ ਦਾ ਸੇਵਨ ਸੰਤੁਲਿਤ ਮਾਤਰਾ ਵਿਚ ਹੀ ਕਰੋ।

# 15ਵਾਂ ਨਗਰ ਕੀਰਤਨ ਗੁ. ਬਾਬਾ ਬੁੱਢਾ ਸਾਹਿਬ ਸਿੱਖ ਸੈਂਟਰ ਕਸਤੇਨੇਦਲੋ ਵੱਲੋਂ 19 ਅਪ੍ਰੈਲ ਨੂੰ



ਬਰੇਸ਼ੀਆ, 7 ਅਪ੍ਰੈਲ (ਦਲਜੀਤ ਮੱਕੜ) : ਕਲਗੀਧਰ ਦਸ਼ਮੇਸ਼ ਪਿਤਾ ਧੰਨ ਸ਼੍ਰੀ ਗੁਰੂ ਗੋਬਿੰਦ ਸਾਹਿਬ ਜੀ ਦੁਆਰਾ ਸਿਰਜੇ ਖਾਲਸਾ ਪੰਥ ਦੀਆ ਬਾਤਾਂ ਪੂਰੀ ਦੁਨੀਆ ਵਿੱਚ ਪੈ ਰਹੀਆਂ ਹਨ । ਮਹਾਨ ਖਾਲਸਾ ਪੰਥ ਦੇ ਸਾਜਣਾ ਦਿਵਸ ਨੂੰ ਸਮਰਪਿਤ ਅਨੇਕਾਂ ਵਿਸ਼ਾਲ ਨਗਰ ਕੀਰਤਨ, ਗੁਰਮਤਿ ਸਮਾਗਮ ਅਤੇ ਅਮ੍ਰਿਤ ਸੰਚਾਰ ਇਟਲੀ ਦੀ ਧਰਤੀ ਤੇ ਵੱਸਦੀ ਸਿੱਖ ਸੰਗਤ ਦੁਆਰਾ ਬੜੇ ਉਤਸ਼ਾਹ ਤੇ ਸ਼ਰਧਾ ਨਾਲ ਕਰਵਾਏ ਜਾ ਰਹੇ ਹਨ।ਲੰਬਾਰਦੀਆ ਸੂਬੇ ਦੇ ਪ੍ਰਸਿੱਧ ਗੁਰਦੁਆਰਾ ਸਾਹਿਬ ਬਾਬਾ ਬੁੱਢਾ ਸਾਹਿਬ ਜੀ ਸਿੱਖ ਸੈਂਟਰ ਕਸਤੇਨੇਦਲੋ (ਬਰੇਸ਼ੀਆ)ਵੱਲੋਂ ਸਮੁੱਚੀਆਂ ਸੰਗਤਾਂ ਦੇ ਸਹਿਯੋਗ ਨਾਲ ਆਪਣਾ 15ਵਾਂ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ । ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਵਲੋਂ ਜਾਣਕਾਰੀ ਦਿੰਦਿਆ ਦੱਸਿਆ ਕਿ 19 ਅਪ੍ਰੈਲ ਦਿਨ ਐਤਵਾਰ ਨੂੰ ਕਸਤੇਨੇਦਲੋ ਸ਼ਹਿਰ ਵਿੱਚ ਵਿਸ਼ਾਲ ਨਗਰ ਕੀਰਤਨ ਸੱਜ ਰਿਹਾ ਹੈ। ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਦੁਪਿਹਰ 12 ਵਜੇ ਆਰੰਭ ਹੋਵੇਗਾ। ਇਸ ਮੌਕੇ ਪੰਥ ਪ੍ਰਸਿੱਧ ਰਾਗੀ,ਢਾਡੀ ਸੰਗਤਾਂ ਨੂੰ ਖਾਲਸੇ ਦਾ ਗੌਰਵਮਈ ਇਤਿਹਾਸ ਸਰਵਣ ਕਰਾਉਣਗੇ। ਜਿਹਨਾਂ ਵਿੱਚ ਕੀਰਤਨੀ ਜੱਥਾ ਭਾਈ ਜਗਤਾਰ ਸਿੰਘ ਅਤੇ ਮਾਝੈ ਵਾਲਾ ਕਵੀਸ਼ਰ ਜੱਥਾ ਭਾਈ ਗੁਰਜੀਤ ਸਿੰਘ ਘਰਿਆਲੀ ਤੇ ਭਾਈ ਜੋਗਿੰਦਰ ਸਿੰਘ ਦਦੇਹਰ ਸਾਹਿਬ ਵਾਲੇ ਵਿਸੇ ?ਸ ਤੌਰ ਤੇ ਪਹੁੰਚ ਰਹੇ ਹਨ। ਨਗਰ ਕੀਰਤਨ ਕਸਤੇਨੇਦਲੋ ਨਗਰ ਦੀ ਪਰਿਕਰਮਾ ਕਰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਵੇਗਾ। ਪ੍ਰਬੰਧਕਾਂ ਨੇ ਸੰਗਤ ਨੂੰ ਨਗਰ ਕੀਰਤਨ ਵਿੱਚ ਹੁੰਮ -ਹੁੰਮਾਂ ਕੇ ਪਹੁੰਚਣ ਦੀ ਅਪੀਲ ਕਰਦਿਆ ਕਿਹਾ ਕਿ ਵੱਧ ਤੋ ਵੱਧ ਸਿੱਖ ਸੰਗਤਾਂ ਨਗਰ ਕੀਰਤਨ ਵਿੱਚ ਹਾਜ਼ਰੀ ਭਰਨ ਤਾਂ ਜੋ ਇਟਲੀ ਵਿੱਚ ਜਨਮੇ ਸਿੱਖ ਪਰਿਵਾਰ ਦੇ ਬੱਚੇ ਆਪਣੇ ਗੌਰਮਮਈ ਸਿੱਖ ਇਤਿਹਾਸ ਨੂੰ ਡੂੰਘਾਈ ਨਾਲ ਸਮਝਦੇ ਹੋਏ ਇਸ ਦੇ ਧਾਰਨੀ ਬਣਕੇ ਪੰਥ ਦੀ ਚੜ੍ਹਦੀ ਕਲਾ ਦੇ ਕਾਰਜਾਂ ਦਾ ਹਿੱਸਾ ਬਣਨ।ਸਾਹਿਬਜਾਦਾ ਅਜੀਤ ਸਿੰਘ,ਸਾਹਿਬਜਾਦਾ ਜੁਝਾਰ ਸਿੰਘ ਗੱਤਕਾ ਅਖਾੜਾ ਬਨਿਔਲੋ ਦੀਆਂ ਫੌਜ਼ਾਂ ਇਸ ਮੌਕੇ ਸਿੱਖ ਮਾਰਸ਼ਲ ਆਰਟ ਗੱਤਕਾ ਕਲਾ ਦੇ ਹੈਰਤ ਅੰਗੇਜ ਕਾਰਨਾਮੇ ਦਿਖਾਉਣਗੇ।

# ਟ੍ਰਾਈਡੈਂਟ ਗਰੁੱਪ ਨੂੰ ਈਟੀ ਐਜ ਵੱਲੋਂ ਮਹਿਲਾਵਾਂ ਲਈ ਸਰਵੋਤਮ ਸੰਸਥਾ-2026 ਵਜੋਂ ਕੀਤਾ ਸਨਮਾਨਿਤ



ਚੰਡੀਗੜ੍ਹ/ਬਰਨਾਲਾ, 7 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਟ੍ਰਾਈਡੈਂਟ ਗਰੁੱਪ ਨੂੰ ਈਟੀ ਐਜ ਵੱਲੋਂ 'ਮਹਿਲਾਵਾਂ ਲਈ ਸਰਵੋਤਮ ਸੰਸਥਾ 2026' ਦੇ ਸਨਮਾਨ ਨਾਲ ਨਿਵਾਜਿਆ ਗਿਆ ਹੈ। ਇਹ ਸਨਮਾਨ ਕੰਮਕਾਜੀ ਥਾਵਾਂ 'ਤੇ ਮਹਿਲਾਵਾਂ ਲਈ ਸਮਾਵੇਸ਼ੀ, ਸਹਿਯੋਗੀ ਅਤੇ ਸਸ਼ਕਤ ਮਾਹੌਲ ਤਿਆਰ ਕਰਨ ਲਈ ਗਰੁੱਪ ਦੇ ਲਗਾਤਾਰ ਯਤਨਾਂ ਦੀ ਪਹਿਚਾਣ ਕਰਦਾ ਹੈ। ਇਸ ਮੌਕੇ ਟ੍ਰਾਈਡੈਂਟ ਗਰੁੱਪ ਦੀ ਮੁੱਖ ਮਨੁੱਖੀ ਸਰੋਤ ਅਧਿਕਾਰੀ ਪੂਜਾ ਬੀ. ਲੂਥਰਾ ਨੇ ਕਿਹਾ ਕਿ ਟ੍ਰਾਈਡੈਂਟ ਵਿੱਚ ਮਹਿਲਾਵਾਂ ਦਾ ਸਸ਼ਕਤੀਕਰਨ ਸਾਡੀ ਸੋਚ, ਕੰਮਕਾਜ ਅਤੇ ਵਿਕਾਸ ਦਾ ਅਟੁੱਟ ਹਿੱਸਾ ਹੈ। ਅਸੀਂ ਐਸਾ ਮਾਹੌਲ ਬਣਾਉਣ ਲਈ ਵਚਨਬੱਧ ਹਾਂ ਜਿੱਥੇ ਮਹਿਲਾਵਾਂ ਨੂੰ ਸਤਿਕਾਰ ਮਿਲੇ, ਪੂਰਾ ਸਹਿਯੋਗ ਪ੍ਰਾਪਤ ਹੋਵੇ ਅਤੇ ਉਹ ਆਤਮਵਿਸ਼ਵਾਸ ਨਾਲ ਆਪਣੇ ਲਕਸ਼ ਹਾਸਲ ਕਰ ਸਕਣ। ਇਹ ਸਨਮਾਨ ਸਾਡੇ ਇਸ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦਾ ਹੈ ਕਿ ਜਦੋਂ ਮਹਿਲਾਵਾਂ ਸਸ਼ਕਤ ਹੁੰਦੀਆਂ ਹਨ ਤਾਂ ਸੰਸਥਾ ਵੀ ਹੋਰ ਮਜ਼ਬੂਤ ਬਣਦੀ ਹੈ। ਇਸ ਦਿਸ਼ਾ ਵਿੱਚ ਗਰੁੱਪ ਵੱਲੋਂ ਕਈ ਮਹੱਤਵਪੂਰਨ ਪਹਿਲਾਂ ਸ਼ੁਰੂ ਕੀਤੀਆਂ ਗਈਆਂ ਹਨ। 'ਸ਼੍ਰੀਜਨਾ', 'ਅਸਮੀਤਾ ਛੁੱਟੀਆਂ' ਅਤੇ 'ਸ਼ਗੁਨ/ਆਸ਼ੀਰਵਾਦ' ਵਰਗੇ ਪ੍ਰੋਗਰਾਮਾਂ ਦੇ ਨਾਲ 'ਹਸਤਕਲਾ' ਪਹਿਲ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਮਾਤਰਤਵ ਲਾਭ, ਲਚਕੀਲੇ ਕੰਮਕਾਜ ਦੇ ਵਿਕਲਪ, ਸਿਹਤ ਅਤੇ ਭਲਾਈ ਸੰਬੰਧੀ ਪ੍ਰੋਗਰਾਮ ਅਤੇ ਨੇਤ੍ਰਿਤਵ ਵਿਕਾਸ ਦੀਆਂ ਸੁਵਿਧਾਵਾਂ ਵੀ ਮਹਿਲਾਵਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਇਹ ਸਨਮਾਨ ਟ੍ਰਾਈਡੈਂਟ ਗਰੁੱਪ ਦੀ ਉਸ ਵਚਨਬੱਧਤਾ ਨੂੰ ਦੁਹਰਾਉਂਦਾ ਹੈ ਜਿਸ ਦੇ ਤਹਿਤ ਉਹ ਮਹਿਲਾਵਾਂ ਨੂੰ ਨੇਤ੍ਰਿਤਵ ਕਰਨ, ਨਵੀਂ ਸੋਚ ਲਿਆਉਣ ਅਤੇ ਲੰਬੇ ਸਮੇਂ ਦਾ ਪ੍ਰਭਾਵ ਪੈਦਾ ਕਰਨ ਲਈ ਯੋਗ ਬਣਾ ਰਿਹਾ ਹੈ, ਜਿਸ ਨਾਲ ਵੱਖ-ਵੱਖ ਖੇਤਰਾਂ ਅਤੇ ਪੀੜ੍ਹੀਆਂ ਵਿੱਚ ਸਮਾਵੇਸ਼ੀ ਵਿਕਾਸ ਨੂੰ ਬੜਾਵਾ ਮਿਲਦਾ ਹੈ।


## ਅੰਤਿਮ ਅਰਦਾਸ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਮਾਤਾ ਜੀ

**ਸਰਦਾਰਨੀ ਸਤਪਾਲ ਕੌਰ ਅਨੰਦ**

ਮਿਤੀ 4 ਅਪ੍ਰੈਲ 2026 ਦਿਨ ਸ਼ਨੀਵਾਰ ਨੂੰ ਗੁਰੂ ਚਰਨਾਂ ਵਿਚ ਜਾ ਬਿਰਾਜੇ ਹਨ।
ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ
ਮਿਤੀ 8 ਅਪ੍ਰੈਲ 2026 ਦਿਨ ਬੁੱਧਵਾਰ ਨੂੰ ਉਨ੍ਹਾਂ ਦੇ ਗ੍ਰਹਿ ਵਿਖੇ ਹੋਵੇਗਾ। ਉਪਰੰਤ ਕੀਰਤਨ ਅਤੇ ਅੰਤਿਮ ਅਰਦਾਸ
ਦੁਪਹਿਰ 12:00 ਤੋਂ 1:00 ਵਜੇ ਤੱਕ
ਗੁਰਦੁਆਰਾ ਸੰਤ ਬਾਬਾ ਜੀਵਨ ਸਿੰਘ ਜੀ
ਲਾਹੌਰੀ ਗੇਟ, ਪਟਿਆਲਾ ਵਿਖੇ ਹੋਵੇਗੀ।

ਮਾਲਕ ਦੇ ਭਾਣੇ ਵਿੱਚ

ਸਤਿੰਦਰਜੀਤ ਸਿੰਘ 92166-67180
ਇੰਦਰਜੀਤ ਸਿੰਘ 76964-08642


# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ 'ਤੇ ਵਿਦਿਆਰਥੀਆਂ ਦੀ ਆਮਦ 'ਤੇ ਨਿੱਘਾ ਸੁਆਗਤ

ਪਟਿਆਲਾ, 7 ਅਪ੍ਰੈਲ (ਚ.ਨ.ਸ.) : ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਪਟਿਆਲਾ ਵਿਖੇ ਅਪ੍ਰੈਲ ਮਹੀਨੇ ਤੋਂ ਸਕੂਲ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ



ਹੋਣ ਅਤੇ ਵਿਦਿਆਰਥੀਆਂ ਦੇ ਨਤੀਜੇ ਸ਼ਾਨਦਾਰ ਰਹਿਣ 'ਤੇ ਸਕੂਲ ਦੇ ਡਾਇਰੈਕਟਰ ਸ਼੍ਰੀਮਤੀ ਜਸਵਿੰਦਰ ਕੌਰ ਦਰਦੀ ਅਤੇ ਪ੍ਰਿੰਸੀਪਲ ਡਾ: ਕੰਵਲਜੀਤ ਕੌਰ ਵੱਲੋਂ ਵਾਹਿਗੁਰੂ ਜੀ ਦਾ ਸ਼ੁਕਰਾਨਾ ਕੀਤਾ ਗਿਆ ਅਤੇ ਨਾਲ ਹੀ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਗਈ। ਮੈਡਮ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਦੀ ਨਵੀਆਂ ਜਮਾਤਾਂ ਵਿੱਚ ਆਮਦ 'ਤੇ ਉਨ੍ਹਾਂ ਦਾ ਨਿੱਘਾ ਸੁਆਗਤ ਕੀਤਾ ਗਿਆ ਅਤੇ ਉਨ੍ਹਾਂ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਵਿੱਦਿਆ ਇੱਕ ਅਨਮੋਲ ਖਜ਼ਾਨਾ ਹੈ ਜਿਸ ਨੂੰ ਕਦੇ ਕੋਈ ਚੋਰੀ ਨਹੀਂ ਕਰ ਸਕਦਾ ਆਪਣੀ ਮਿਹਨਤ ਅਤੇ ਲਗਨ ਸਦਕਾ ਹਰ ਬੱਚਾ ਆਪਣੀ ਮੰਜ਼ਿਲ 'ਤੇ ਪਹੁੰਚ ਸਕਦਾ ਹੈ ਅਤੇ ਆਪਣਾ ਭਵਿੱਖ ਉੱਜਲ ਬਣਾ ਸਕਦਾ ਹੈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਚੰਗੇ ਇਨਸਾਨ ਅਤੇ ਇੱਕ ਪਵਿੱਤਰ ਆਤਮਾ ਬਣਨ ਦੀ ਪ੍ਰੇਰਨਾ ਦਿੱਤੀ ਜੋ ਕਿ ਹਰ ਲੋੜਵੰਦ ਦੀ ਮਦਦ ਕਰੇ ਅਤੇ ਪ੍ਰਮਾਤਮਾ ਵੱਲੋਂ ਬਖਸ਼ੀ ਹਰ ਵਸਤੂ ਲਈ ਉਸ ਦਾ ਸ਼ੁਕਰਾਨਾ ਕਰੇ । ਉਨ੍ਹਾਂ ਨੇ ਕਿਹਾ ਕਿ ਉਹ ਇਸੇ ਤਰ੍ਹਾਂ ਹੀ ਮਿਹਨਤ ਤੇ ਲਗਨ ਨਾਲ ਪੜ੍ਹਾਈ ਕਰਕੇ ਕਾਮਯਾਬ ਹੁੰਦੇ ਰਹਿਣ ਅਤੇ ਆਪਣੇ ਮਾਤਾ ਪਿਤਾ ਤੇ ਸਕੂਲ ਦਾ ਨਾਮ ਰੋਸ਼ਨ ਕਰਨ।

# ਇਟਲੀ ਦੇ ਸ਼ਹਿਰ ਬੈਰਗਮੋ ਵਿਖੇ ਸਜਾਇਆ ਨਗਰ ਕੀਰਤਨ



ਮਿਲਾਨ, 7 ਅਪ੍ਰੈਲ (ਦਲਜੀਤ ਮੱਕੜ) : ਇਟਲੀ ਦੀ ਧਰਤੀ ਤੇ ਹਰ ਸਾਲ ਖਾਲਸਾ ਪੰਥ ਸਿਰਜਣਾ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਵੱਡੀ ਗਿਣਤੀ ਵਿੱਚ ਸਜਾਏ ਜਾਂਦੇ ਹਨ, ਜਿਸਦਾ ਮੁੱਖ ਮੰਤਵ ਇਟਾਲੀਅਨ ਅਤੇ ਹੋਰਨਾਂ ਮੂਲ਼ ਦੇ ਲੋਕਾਂ ਨੂੰ ਸਿੱਖ ਧਰਮ ਬਾਰੇ ਜਾਣੂ ਕਰਵਾਉਣਾ ਹੁੰਦਾ ਹੈ। ਇਸ ਸਾਲ ਵੀ ਇਟਲੀ ਵਿੱਚ ਖਾਲਸਾ ਪੰਥ ਦੇ ਸਿਰਜਣਾ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਉਣੇ ਆਰੰਭ ਹੋ ਚੁੱਕੇ ਹਨ। ਜਿਸਦੇ ਤਹਿਤ ਬੀਤੇ ਦਿਨ ਗੁਰਦੁਆਰਾ ਸਿੰਘ ਸਭਾ ਕੋਰਤੇਨੋਵਾ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੁੱਚੀਆਂ ਸੰਗਤਾਂ ਦੇ ਸਹਿਯੋਗ ਨਾਲ ਇਟਲੀ ਦੇ ਸ਼ਹਿਰ ਬੈਰਗਮੋ ਵਿਖੇ ਨਗਰ ਕੀਰਤਨ ਸਜਾਇਆ। ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਹੇਠ ਨਗਰ ਕੀਰਤਨ ਦੀ ਆਰੰਭਤਾ ਪਿਆਸਾ ਮਲਪੇਸਾਤਾ ਤੋਂ ਹੋਈ। ਆਰੰਭਤਾ ਮੌਕੇ ਸੰਗਤਾਂ ਦੁਆਰਾ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਫੁੱਲਾਂ ਦੀ ਵਰਖਾ ਕੀਤੀ।ਵੱਖ ਵੱਖ ਰਾਗੀ ਸਿੰਘਾਂ ਦੁਆਰਾ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਜੋੜਿਆਂ।ਬਾਬਾ ਅਜੀਤ ਸਿੰਘ ਬਾਬਾ ਜੁਝਾਰ ਸਿੰਘ ਗੱਤਕਾ ਅਕੈਡਮੀ ਦੇ ਸਿੰਘਾਂ ਦੁਆਰਾ ਗੱਤਕੇ ਦੇ ਜੌਹਰ ਦਿਖਾਏ। ਸੰਗਤਾਂ ਦੁਆਰਾ ਸਾਰੇ ਰਾਸਤੇ ਸਤਿਨਾਮ ਵਾਹਿਗੁਰੂ ਦਾ ਜਾਪ ਕੀਤਾ ਗਿਆ।ਬੈਰਗਮੋ ਦੇ ਵੱਖ-ਵੱਖ ਸਥਾਨਾਂ ਤੋਂ ਹੁੰਦਾ ਹੋਇਆ ਨਗਰ ਕੀਰਤਨ ਸ਼ਾਮ ਨੂੰ ਨਗਰ ਕੀਰਤਨ ਮਰਕਾਤੋ ਰਿਓਨਾਲੇ ਵਿਖੇ ਸਮਾਪਤ ਹੋਇਆ। ਸੇਵਾਦਾਰਾਂ ਤੋਂ ਇਲਾਵਾ ਵੱਖ ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀਆ ਅਤੇ ਸਮਾਜਿਕ ਜੱਥੇਬੰਦੀਆਂ ਦੇ ਆਗੂਆ ਨੇ ਵੀ ਸ਼ਿਰਕਤ ਕੀਤੀ।ਵੱਖ ਵੱਖ ਸੇਵਾਵਾਂ ਕਰਨ ਵਾਲੇ ਸੇਵਾਦਾਰਾਂ ਨੂੰ ਸਿਰੋਪਾਓ ਅਤੇ ਇਟਾਲੀਅਨ ਪ੍ਰਸ਼ਾਸ਼ਨ ਨੂੰ ਸਨਮਾਨ ਚਿੰਨ ਭੇਂਟ ਕੀਤੇ ਗਏ। ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਸੇਵਾਦਾਰਾਂ ਨੇ ਆਈ ਹੋਈ ਸਮੁੱਚੀ ਸੰਗਤ ਦਾ ਧੰਨਵਾਦ ਕੀਤਾ। ਉਹਨਾਂ ਸੰਗਤਾਂ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਲਈ ਪ੍ਰੇਰਿਤ ਕੀਤਾ।

# ਸੁਖਮਨ ਕੌਰ ਨੇ ਇਟਲੀ ਵਿੱਚ ਪੁਲਿਸ ਦੀ ਪ੍ਰਾਪਤ ਕੀਤੀ ਨੌਕਰੀ

ਮਿਲਾਨ, 7 ਅਪ੍ਰੈਲ (ਦਲਜੀਤ ਮੱਕੜ) : ਇਟਲੀ ਵਿੱਚ ਵੱਸਦੇ ਪੰਜਾਬੀਆ ਦੀ ਨਵੀਂ ਪੀੜੀ ਅੱਜਕੱਲ ਸਫਲਤਾ ਦੇ ਝੰਡੇ ਬੁਲੰਦ ਕਰ ਰਹੀ ਹੈ।ਜਿਸ ਨਾਲ ਇਟਲੀ ਵਿੱਚ ਵੱਸਦੇ ਪੰਜਾਬੀਆ ਦੀ ਚੜ੍ਹਤ ਦਿਨ-ਬ-ਦਿਨ ਵੱਧਦੀ ਜਾ ਰਹੀ ਹੈ। ਇਟਲੀ ਦੇ ਮਿਲਾਨ ਸ਼ਹਿਰ ਵਿੱਚ ਲੋਕਲ ਪੁਲਿਸ (ਪੁਲੀਸੀਆ ਲੋਕਾਲੇ) ਵਿੱਚ ਭਰਤੀ ਹੋਈ ਸੁਖਮਨ ਕੌਰ ਨੇ ਇਟਲੀ ਵਿੱਚ ਕਾਮਯਾਬੀ ਦੇ ਝੰਡੇ ਗੱਡੇ ਹਨ ਅਤੇ ਭਾਈਚਾਰੇ ਦਾ ਮਾਣ ਵਧਾਇਆ ਹੈ। 20 ਸਾਲਾਂ ਸੁਖਮਨ ਕੌਰ ਜੋ ਕਿ ਪੰਜਾਬ ਦੇ ਜਿਲਾ ਕਪੂਰਥਲਾ ਦੇ ਪਿੰਡ ਨਿੱਕੀ ਮਿਆਣੀ (ਬੇਗੋਵਾਲ) ਨਾਲ ਸੰਬੰਧਿਤ ਹੈ ਅਤੇ ਆਪਣੇ ਪਿਤਾ ਪਲਵਿੰਦਰ ਸਿੰਘ ਅਤੇ ਮਾਤਾ ਹਰਜੀਤ ਕੌਰ ਨਾਲ ਇਟਲੀ ਦੇ ਤੋਰਤੋਨਾ (ਅਲੈਸਾਂਦਰੀਆ) ਵਿਖੇ ਰਹਿ ਰਹੀ ਹੈ। ਉਸਨੇ ਦੱਸਿਆ ਕਿ ਉਸਦੇ ਮਾਪਿਆ ਦੇ ਸਹਿਯੋਗ ਅਤੇ ਅਰਦਾਸਾਂ ਦੇ



ਸਦਕਾ ਹੀ ਇਹ ਸਾਰਾ ਸੰਭਵ ਹੋ ਸਕਿਆ। ਗੁਰਦੁਆਰਾ ਸਿੰਘ ਸਭਾ ਫਲੇਰੋ ਦੇ ਮੁੱਖ ਸੇਵਾਦਾਰ ਭਾਈ ਬਲਕਾਰ ਸਿੰਘ ਘੋੜੇਸ਼ਾਹਵਾਨ ਜੋ ਕਿ ਸੁਖਮਨ ਕੌਰ ਦੇ ਨਜਦੀਕੀ ਰਿਸ਼ਤੇਦਾਰ ਵੀ ਹਨ, ਉਹਨਾਂ ਸੁਖਮਨ ਕੌਰ ਦੇ ਪੁਲਿਸ ਚ ਨੌਕਰੀ ਪ੍ਰਾਪਤ ਕਰਨ ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਇਟਲੀ ਵਿੱਚ ਨਵੀਂ ਪੀੜੀ ਚੰਗੀ ਪੜਾਈ ਕਰਕੇ ਵੱਡੀਆਂ ਨੌਕਰੀਆਂ ਪ੍ਰਾਪਤ ਕਰੇ ਅਤੇ ਪੰਜਾਬ(ਭਾਰਤ) ਦਾ ਨਾਮ ਇਸੇ ਤਰਾਂ ਰੌਸ਼ਨ ਕਰੇ।






# ਮਾਝਾ-ਦੁਆਬਾ

ਆਸ ਪਾਸ



## ਖ਼ਾਲਸਾ ਸਾਜਣਾ ਦਿਵਸ ਮੌਕੇ 1763 ਸ਼ਰਧਾਲੂਆਂ ਦਾ ਜਥਾ ਜਾਵੇਗਾ ਪਾਕਿਸਤਾਨ

ਅੰਮ੍ਰਿਤਸਰ, 7 ਅਪ੍ਰੈਲ (ਗੁਰਦਿਆਲ ਸਿੰਘ ਖਾਲਸਾ): ਸਾਜਣਾ ਦਿਵਸ (ਵਿਸਾਖੀ) ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੇ ਜਾਣ ਵਾਲੇ ਜਥੇ ਲਈ 1763 ਸ਼ਰਧਾਲੂਆਂ ਨੂੰ ਵੀਜੇ ਪ੍ਰਾਪਤ ਹੋਏ ਹਨ। ਇਹ ਜਥਾ 10 ਅਪ੍ਰੈਲ ਨੂੰ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਰਵਾਨਾ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ 1795 ਸ਼ਰਧਾਲੂਆਂ ਦੇ ਪਾਸਪੋਰਟ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਨੂੰ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ ਦੂਤਾਵਾਸ ਵੱਲੋਂ 1763 ਸ਼ਰਧਾਲੂਆਂ ਨੂੰ ਵੀਜ਼ਾ ਜਾਰੀ ਕੀਤਾ ਗਿਆ ਹੈ, ਜਦਕਿ 32 ਸ਼ਰਧਾਲੂਆਂ ਨੂੰ ਵੀਜ਼ਾ ਨਹੀਂ ਮਿਲ ਸਕਿਆ।ਉਨ੍ਹਾਂ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਖਾਲਸਾ ਸਾਜਣਾ ਦਿਵਸ (ਵਿਸਾਖੀ) ਮੌਕੇ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਭੇਜਿਆ ਜਾਣਾ ਹੈ। ਇਹ ਜਥਾ 10 ਅਪ੍ਰੈਲ ਨੂੰ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜੈਕਾਰਿਆਂ ਦੀ ਗੂੰਜ ਵਿਚ ਰਵਾਨਾ ਹੋਵੇਗਾ, ਜੋ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਹਸਨ ਅਬਦਾਲ ਵਿਖੇ ਖਾਲਸਾ ਸਾਜਨਾ ਦਿਵਸ ਵਿਸਾਖੀ ਦੇ ਮੁੱਖ ਸਮਾਗਮ ਵਿੱਚ ਸ਼ਾਮਲ ਹੋਣ ਉਪਰੰਤ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨ ਕਰਕੇ 19 ਅਪ੍ਰੈਲ ਨੂੰ ਵਾਪਸ ਦੇਸ਼ ਪਰਤੇਗਾ। ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਕਿਹਾ ਕਿ ਪਾਕਿਸਤਾਨ ਜਾਣ ਵਾਲੇ ਸ਼ਰਧਾਲੂ ਜਿਨ੍ਹਾਂ ਦੇ ਵੀਜੇ ਲੱਗੇ ਹਨ ਉਹ ਆਪਣੇ ਪਾਸਪੋਰਟ 9 ਅਪ੍ਰੈਲ ਨੂੰ ਦਫ਼ਤਰੀ ਸਮੇਂ ਦੌਰਾਨ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਪ੍ਰਾਪਤ ਕਰਨ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਸ਼ਰਧਾਲੂਆਂ ਨੂੰ ਵੀਜ਼ਾ ਨਹੀਂ ਮਿਲਿਆ। ਉਨ੍ਹਾਂ ਦਾ ਸੀਰੀਅਲ ਨੰਬਰ 144, 146, 161, 163, 201, 225, 245, 250, 251, 252, 304, 370, 413, 441, 509, 510, 524, 645, 652, 679, 680, 895, 1026, 1027, 1038, 1087, 1276, 1277, 1510, 1547, 1785 ਤੇ 1786 ਸ਼ਾਮਲ ਹਨ।

## ਖ਼ਾਲਸਾ ਮੈਨੇਜਮੈਂਟ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



ਅੰਮ੍ਰਿਤਸਰ, 7 ਅਪ੍ਰੈਲ (ਬਬਲੂ ਮਹਾਜਨ)—ਨੌਵੀਂ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਪੁਰਬ ਖਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਅੱਜ ਕਾਲਜ ਕੈਂਪਸ ਸਥਿਤ ਗੁਰਦੁਆਰਾ ਸਾਹਿਬ ਵਿਖੇ ਬੜੀ ਸ਼ਰਧਾ-ਭਾਵਨਾ ਸਹਿਤ ਮਨਾਇਆ ਗਿਆ। ਇਸ ਮੌਕੇ ਗੁਰੂ ਚਰਨਾਂ 'ਚ ਹਾਜ਼ਰੀ ਲਗਾਉਣ ਲਈ ਪੁੱਜੇ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਗੁਰੂ ਸਾਹਿਬ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਅਨਮੋਲ ਸਿੱਖਿਆਵਾਂ ਸਬੰਧੀ ਚਰਚਾ ਕੀਤੀ।ਇਸ ਮੌਕੇ ਸ: ਛੀਨਾ ਨੇ ਸਮੂੰਹ ਜਗਤ ਤੇ ਹਾਜ਼ਰ ਸੰਗਤਾਂ ਨੂੰ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੰਦਿਆ ਕਿਹਾ ਕਿ ਗੁਰੂ ਜੀ ਨੇ ਮਨੁੱਖਤਾ ਦੀ ਭਲਾਈ ਅਤੇ ਧਾਰਮਿਕ ਆਜ਼ਾਦੀ ਲਈ ਅਪਾਰ ਕੁਰਬਾਨੀ ਦਿੱਤੀ। ਉਨ੍ਹਾਂ ਨੇ ਆਪਣੇ ਜੀਵਨ ਰਾਹੀਂ ਸੱਚਾਈ, ਧੀਰਜ ਅਤੇ ਨਿਡਰਤਾ ਦਾ ਸੰਦੇਸ਼ ਦਿੱਤਾ, ਜੋ ਅੱਜ ਵੀ ਸਮਾਜ ਲਈ ਪ੍ਰੇਰਨਾਦਾਇਕ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਨੂੰ 'ਹਿੰਦ ਦੀ ਚਾਦਰ' ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ, ਕਿਉਂਕਿ ਉਨ੍ਹਾਂ ਨੇ ਧਰਮ ਦੀ ਰੱਖਿਆ ਲਈ ਆਪਣੀ ਸ਼ਹਾਦਤ ਦਿੱਤੀ। ਉਨ੍ਹਾਂ ਦੀ ਸ਼ਹਾਦਤ ਮਨੁੱਖੀ ਅਧਿਕਾਰਾਂ ਅਤੇ ਧਾਰਮਿਕ ਸਵਤੰਤਰਤਾ ਦੀ ਸਭ ਤੋਂ ਵੱਡੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਹਰੇਕ ਇਨਸਾਨ ਨੂੰ ਗੁਰੂ ਸਾਹਿਬ ਦੁਆਰਾ ਵਿਖਾਏ ਮਾਰਗ 'ਤੇ ਚੱਲਦਿਆਂ ਸਰਬੱਤ ਦੇ ਭਲੇ ਦੇ ਲਈ ਕਾਰਜ ਕਰਨੇ ਚਾਹੀਦੇ ਹਨ।ਇਸ ਤੋਂ ਪਹਿਲਾਂ ਖਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਸ ਦੇ ਵਿਦਿਆਰਥੀਆਂ ਨੇ ਰਸਭਿੰਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਉਪਰੰਤ ਸਿੱਖ ਇਤਿਹਾਸ ਮਾਹਿਰ ਅਤੇ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਸੰਗਤ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਅਤੇ ਕੌਮ ਖਾਤਿਰ ਦਿੱਤੀ ਲਾਸਾਨੀ ਸ਼ਹਾਦਤ ਸਬੰਧੀ ਵਿਸਥਾਰ ਪੂਰਵਕ ਜਾਣੂ ਕਰਵਾਇਆ ਅਤੇ ਗੁਰੂ ਸਾਹਿਬ ਜੀ ਦੇ ਉਪਦੇਸ਼ਾਂ 'ਤੇ ਚਾਨਣਾ ਪਾਇਆ। ਇਸ ਮੌਕੇ ਸ: ਛੀਨਾ ਨੇ 'ਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਅਤੇ ਖ਼ਾਲਸਾ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨਾਲ ਮਿਲ ਕੇ ਸ਼ਬਦ ਗਾਇਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ।ਇਸ ਮੌਕੇ 'ਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ, ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ, ਰਿਸਰਚ ਡੀਨ ਡਾ. ਆਰ. ਕੇ. ਧਵਨ, ਕੌਂਸਲ ਦੇ ਜੁਆਇੰਟ ਸਕੱਤਰ ਸ: ਲਖਵਿੰਦਰ ਸਿੰਘ ਢਿੱਲੋਂ, ਮੈਂਬਰ ਸ: ਗੁਰਮੀਤ ਸਿੰਘ ਭੱਟੀ, ਡਾ. ਰਮਿੰਦਰ ਕੌਰ, ਸ: ਕਰਮਜੀਤ ਸਿੰਘ ਭੱਟੀ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਪ੍ਰਿੰਸੀਪਲ ਡਾ. ਮਨਦੀਪ ਕੌਰ, ਖ਼ਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਸ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ, ਖ਼ਾਲਸਾ ਕਾਲਜ ਆਫ਼ ਨਰਸਿੰਗ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ, ਖ਼ਾਲਸਾ ਕਾਲਜ ਚਵਿੰਡਾ ਦੇਵੀ ਪ੍ਰਿੰਸੀਪਲ ਗੁਰਦੇਵ ਸਿੰਘ, ਖ਼ਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਪ੍ਰਿੰਸੀਪਲ ਸ੍ਰੀਮਤੀ ਪੁਨੀਤ ਕੌਰ ਨਾਗਪਾਲ, ਖ਼ਾਲਸਾ ਕਾਲਜ ਪਬਲਿਕ ਸਕੂਲ ਜੀ. ਟੀ. ਰੋਡ ਪ੍ਰਿੰਸੀਪਲ ਸ: ਅਮਰਜੀਤ ਸਿੰਘ ਗਿੱਲ ਅਤੇ ਵੱਡੀ ਗਿਣਤੀ 'ਚ ਕਾਲਜ, ਸਕੂਲ ਦੇ ਵਿਦਿਆਰਥੀ ਹਾਜ਼ਰ ਸਨ।

## ਪੱਤਰਕਾਰ ਬਲਜੀਤ ਕਾਹਲੋਂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ



ਅਜਨਾਲਾ /ਚੇਤਨਪੁਰਾ 7 ਅਪ੍ਰੈਲ (ਸੁਖਦੇਵ ਸਿੰਘ ਖਾਲਸਾ )- ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਤਲਵੰਡੀ ਖੁੰਮਣ ਦੇ ਉੱਘੇ ਰੰਗ ਕਰਮੀ ਸ੍ਰੀ ਕੁਲਦੀਪ ਸਿੰਘ ਕਾਹਲੋਂ ਦੇ ਭਰਾਤਾ ਪੱਤਰਕਾਰ ਬਲਜੀਤ ਸਿੰਘ ਕਾਹਲੋਂ ਦਾ ਬੀਤੇ ਦਿਨੀ ਦੇਹਾਂਤ ਹੋ ਗਿਆ। ਸ੍ਰੀ ਬਲਜੀਤ ਕਾਹਲੋ ਵੱਲੋਂ ਪੱਤਰਕਾਰੀ ਦੇ ਖੇਤਰ ਵਿੱਚ ਨਿਭਾਈਆਂ ਸੇਵਾਵਾਂ ਨੂੰ ਕਦੀ ਵੀ ਭੁਲਾਇਆ ਨਹੀਂ ਜਾ ਸਕਦਾ। ਸ੍ਰੀ ਕਾਹਲੋਂ ਹਰਦਿਲ ਅਜੀਜ ਅਤੇ ਮਿਲਾਪੜੇ ਸੁਭਾਅ ਦਾ ਮਾਲਕ ਸੀ। ਅਚਨ ਚੇਤ ਦਿਲ ਦਾ ਦੌਰਾ ਪੈਣ ਕਾਰਨ ਹੋਈ ਉਹਨਾਂ ਦੀ ਮੌਤ ਤੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਪੱਤਰਕਾਰ ਯੂਨੀਅਨ ਬਲਾਕ ਅਜਨਾਲਾ ਉਨਾਂ ਦੀ ਬੇਵਕਤੀ ਹੋਈ ਮੌਤ ਤੇ ਦੁੱਖ ਦਾ ਇਜ਼ਹਾਰ ਕਰਦਿਆਂ ਪਰਿਵਾਰ ਨਾਲ ਦਿਲੋਂ ਹਮਦਰਦੀ ਜਾਹਿਰ ਕਰਦੀ ਹੈ। ਪੱਤਰਕਾਰ ਯੂਨੀਅਨ ਵੱਲੋਂ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਪਰਿਵਾਰ ਨਾਲ ਇਸ ਦੁੱਖ ਦੀ ਘੜੀ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਪੱਤਰਕਾਰ ਸੁਖਵੰਤ ਚੇਤਨਪੁਰੀ, ਨਿਰਵੈਰ ਗਿਲ, ਮਹਾਂਬੀਰ ਗਿੱਲ, ਸੁਖਦੇਵ ਸਿੰਘ ਖਾਲਸਾ, ਰਕੇਸ਼ ਭੱਟੀ, ਰਣਬੀਰ ਸਿੰਘ ਮਿੰਟੂ, ਕੁਲਦੀਪ ਸੰਤੂ ਨੰਗਲ, ਜਸਵਿੰਦਰ ਸੰਧੂ, ਸ਼ਰਨਜੀਤ ਸਿੰਘ ਗਿੱਲ, ਸਾਬਕਾ ਬਲਾਕ ਸੰਮਤੀ ਮੈਂਬਰ ਗੁਰਪਿੰਦਰ ਸਿੰਘ ਪਾਖਰਪੁਰਾ, ਸਰਪੰਚ ਸਤਨਾਮ ਸਿੰਘ ਪਾਖਰਪੁਰਾ, ਦਲਜੀਤ ਸਿੰਘ ਪਾਖਰਪੁਰਾ, ਸੁਖਵਿੰਦਰ ਸਿੰਘ ਢਿੱਲੋ ਪਾਖਰਪੁਰਾ, ਕਾਮਰੇਡ ਟਹਿਲ ਸਿੰਘ ਚੇਤਨਪੁਰਾ, ਸਾਬਕਾ ਸਰਪੰਚ ਅਮਰਜੀਤ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ, ਕਾ: ਬਲਕਾਰ ਸਿੰਘ ਦੁਧਾਲਾ, ਕਾ: ਬਲਵਿੰਦਰ ਸਿੰਘ ਦਧਾਲਾ, ਰਘਬੀਰ ਸਿੰਘ ਸਰਪੰਚ ਤਲਵੰਡੀ ਖੁੰਬਣ, ਹਰਅੰਮ੍ਰਿਤ ਪਾਲ ਸਿੰਘ ਸਾਬਕਾ ਸਰਪੰਚ ਤਲਵੰਡੀ ਖੁੰਮਣ, ਪਰਮਿੰਦਰ ਸਿੰਘ ਬੱਲ ਤਲਵੰਡੀ ਖੁੰਮਣ, ਸੁਖ ਸਿਮਰਤ ਸਿੰਘ ਬੱਲ, ਰਜਿੰਦਰ ਸਿੰਘ ਪ੍ਰਧਾਨ, ਗੁਰਸ਼ਰਨ ਸਿੰਘ ਬਾਠ, ਕੁਲਵੰਤ ਸਿੰਘ ਕਾਹਲੋਂ,ਪੱਤਰਕਾਰ ਜਗਦੀਸ਼ ਬਮਰਾ, ਸੋਇਮ ਆਨੰਦ, ਜਸਪਾਲ ਗਿੱਲ, ਮਨਿੰਦਰ ਸਿੰਘ ਸੌਖੀ, ਜਗਤਾਰ ਸਿੰਘ ਸਹਿਮੀ, ਆਦਿ ਸ਼ਾਮਿਲ ਹਨ।

## ਗੰਦੇ ਪਾਣੀ ਤੋਂ ਤੰਗ ਲੋਕਾਂ ਦਾ ਗੁੱਸਾ ਭੜਕਿਆ, ਭਲਕੇ ਸਰਕਾਰ ਤੇ ਨਿਗਮ ਦਾ ਪੁਤਲਾ ਫੂਕਣ ਦੀ ਚੇਤਾਵਨੀ



ਅੰਮ੍ਰਿਤਸਰ , 7 ਅਪ੍ਰੈਲ (ਬਬਲੂ ਮਹਾਜਨ) ਵਾਰਡ ਨੰਬਰ 43 ਦੇ ਕੌਂਸਲਰ ਅਤੇ ਸੀਨੀਅਰ ਅਕਾਲੀ ਆਗੂ ਸਰਦਾਰ ਇੰਦਰਜੀਤ ਸਿੰਘ ਪਡੋਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਲਾਕੇ ਵਿੱਚ ਪਿਛਲੇ ਦੋ ਮਹੀਨਿਆਂ ਤੋਂ ਚੱਲ ਰਹੀ ਗੰਦੇ ਪਾਣੀ ਦੀ ਸਮੱਸਿਆ ਨੂੰ ਲੈ ਕੇ ਗੰਭੀਰ ਚਿੰਤਾ ਜਤਾਈ ਹੈ। ਉਨ੍ਹਾਂ ਕਿਹਾ ਕਿ ਗੰਦਾ ਪਾਣੀ ਆਉਣ ਕਾਰਨ ਇਲਾਕੇ ਦੇ ਲੋਕ ਬਹੁਤ ਪਰੇਸ਼ਾਨ ਹਨ ਅਤੇ ਕਈ ਕਿਸਮ ਦੀਆਂ ਬਿਮਾਰੀਆਂ ਦਾ ਸ਼ਿਕਾਰ ਵੀ ਹੋ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਮਾਮਲੇ ਨੂੰ ਲੈ ਕੇ ਉਹ ਕਈ ਵਾਰ ਨਗਰ ਨਿਗਮ ਦੇ ਜਿੰਮੇਵਾਰ ਅਧਿਕਾਰੀਆਂ ਅਤੇ ਹਲਕਾ ਵਿਧਾਇਕ ਨਾਲ ਸੰਪਰਕ ਕਰ ਚੁੱਕੇ ਹਨ। ਫੋਨ ਕਾਲਾਂ ਅਤੇ ਵਟਸਐਪ ਮੈਸੇਜਾਂ ਰਾਹੀਂ ਵੀ ਬੇਨਤੀ ਕੀਤੀ ਗਈ, ਪਰ ਅਜੇ ਤੱਕ ਕਿਸੇ ਵੀ ਪੱਖੋਂ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਗਈ। ਪਡੋਰੀ ਨੇ ਦੋਸ਼ ਲਾਇਆ ਕਿ ਅਧਿਕਾਰੀ ਲੋਕਾਂ ਦੀ ਸਮੱਸਿਆ ਪ੍ਰਤੀ ਬੇਪਰਵਾਹੀ ਵਿਖਾ ਰਹੇ ਹਨ।ਉਨ੍ਹਾਂ ਕਿਹਾ ਕਿ ਜੇਕਰ ਜਲਦੀ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਲੋਕਾਂ ਦਾ ਗੁੱਸਾ ਫਟ ਸਕਦਾ ਹੈ। ਇਸ ਲਈ ਉਹਨਾਂ ਨਗਰ ਨਿਗਮ ਅਤੇ ਸੰਬੰਧਤ ਅਧਿਕਾਰੀਆਂ ਨੂੰ ਦੋ ਦਿਨ ਦਾ ਅਲਟੀਮੇਟਮ ਦਿੱਤਾ ਹੈ।ਪਡੋਰੀ ਨੇ ਸਪਸ਼ਟ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 2 ਦਿਨਾਂ ਵਿੱਚ ਗੰਦੇ ਪਾਣੀ ਦੀ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ 9 ਅਪ੍ਰੈਲ, ਵੀਰਵਾਰ ਨੂੰ ਸ਼ਹੀਦ ਊਧਮ ਸਿੰਘ ਨਗਰ ਚੌਕ ਵਿੱਚ ਸਰਕਾਰ, ਨਗਰ ਨਿਗਮ ਅਤੇ ਹਲਕਾ ਵਿਧਾਇਕ ਦਾ ਪੁਤਲਾ ਫੂਕਿਆ ਜਾਵੇਗਾ।ਇਸ ਮੌਕੇ ਉਨ੍ਹਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਲੋਕਾਂ ਦੀ ਸਿਹਤ ਨਾਲ ਜੁੜੇ ਇਸ ਗੰਭੀਰ ਮਾਮਲੇ ਨੂੰ ਤੁਰੰਤ ਹੱਲ ਕੀਤਾ ਜਾਵੇ ਤਾਂ ਜੋ ਇਲਾਕਾ ਵਾਸੀਆਂ ਨੂੰ ਰਾਹਤ ਮਿਲ ਸਕੇ। ਇਸ ਮੌਕੇ ਸੁਰਜੀਤ ਸਿੰਘ ਕੰਡਾ ਬੂਟਾ ਸਿੰਘ ਕੰਡਾ ਰਾਜਾ ਜੀਵਨ ਸਿੰਘ ਜੇ ਅਸ਼ਵਨੀ ਕੁਮਾਰ ਕੁਲਬੀਰ ਸਿੰਘ ਸ਼ੀਹ ਅਤੇ ਹੋਰ ਮੈਂਬਰ ਨਾਲ ਸਨ ਇਸ ਮੌਕੇ ਉਨ੍ਹਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਲੋਕਾਂ ਦੀ ਸਿਹਤ ਨਾਲ ਜੁੜੇ ਇਸ ਗੰਭੀਰ ਮਾਮਲੇ ਨੂੰ ਤੁਰੰਤ ਹੱਲ ਕੀਤਾ ਜਾਵੇ ਤਾਂ ਜੋ ਇਲਾਕਾ ਵਾਸੀਆਂ ਨੂੰ ਰਾਹਤ ਮਿਲ ਸਕੇ। ਇਸ ਮੌਕੇ ਸੁਰਜੀਤ ਸਿੰਘ ਕੰਡਾ ਬੂਟਾ ਸਿੰਘ ਕੰਡਾ ਰਾਜਾ ਜੀਵਨ ਸਿੰਘ ਜੇ ਅਸ਼ਵਨੀ ਕੁਮਾਰ ਕੁਲਬੀਰ ਸਿੰਘ ਸ਼ੀਹ ਅਤੇ ਹੋਰ ਮੈਂਬਰ ਨਾਲ ਸਨ

## ਮੇਅਰ ਅਤੇ ਕਮਿਸ਼ਨਰ ਨੇ ਠੋਸ ਕੂੜੇ ਦੇ ਪ੍ਰਬੰਧਨ ਲਈ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ



ਅੰਮ੍ਰਿਤਸਰ ,7 ਅਪ੍ਰੈਲ ਗੁਰਦਿਆਲ ਸਿੰਘ: ਮੇਅਰ ਜਤਿੰਦਰ ਸਿੰਘ ਭਾਟੀਆ ਅਤੇ ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਸ਼ਹਿਰ ਵਿੱਚ ਠੋਸ ਕੂੜੇ ਦੇ ਪ੍ਰਬੰਧਨ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਰਣਜੀਤ ਐਵੀਨਿਊ ਸਥਿਤ ਨਗਰ ਨਿਗਮ ਦਫ਼ਤਰ ਤੋਂ ਇੱਕ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਮੇਅਰ ਨੇ ਕਿਹਾ ਕਿ ਠੋਸ ਕੂੜੇ ਦੇ ਸਹੀ ਪ੍ਰਬੰਧਨ ਲਈ ਘਰ ਵਿੱਚ ਕੂੜੇ ਦਾ ਪ੍ਰਬੰਧਨ ਕਰਨਾ ਜ਼ਰੂਰੀ ਹੈ। ਜਿਸ ਤਹਿਤ ਘਰ ਵਿਚ ਹੀ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਕੂੜੇਦਾਨਾਂ ਵਿੱਚ ਰੱਖਣਾ ਚਾਹੀਦਾ ਹੈ। ਗਿੱਲੇ ਕੂੜੇ ਵਿੱਚ ਸਬਜ਼ੀਆਂ ਅਤੇ ਫਲਾਂ ਦੇ ਛਿਲਕੇ, ਖਰਾਬ ਭੋਜਨ, ਅੰਡੇ ਦੇ ਛਿਲਕੇ, ਟੀ ਬੈਗ, ਸੜੇ ਫਲ, ਫੁੱਲਾਂ ਦੇ ਹਾਰ, ਪੱਤੇ, ਮਾਸ ਅਤੇ ਮੱਛੀ ਦੀਆਂ ਹੱਡੀਆਂ ਆਦਿ ਸ਼ਾਮਲ ਹਨ। ਸੁੱਕੇ ਕੂੜੇ ਵਿੱਚ ਪਲਾਸਟਿਕ ਦੇ ਕਵਰ, ਬੋਤਲਾਂ ਅਤੇ ਡੱਬੇ, ਚਿਪਸ ਅਤੇ ਟੌਫੀ ਦੇ ਰੈਪਰ, ਅਖ਼ਬਾਰ, ਗੱਤੇ, ਫਾਈਲ ਪੇਪਰ, ਟੈਟਰਾਪੈਕ, ਧਾਤ ਦੇ ਡੱਬੇ, ਗਲਾਸ, ਬੋਤਲਾਂ, ਜਾਰ ਅਤੇ ਪਲੇਟਾਂ ਆਦਿ ਸ਼ਾਮਲ ਹਨ। ਇਸ ਤੋਂ ਇਲਾਵਾ, ਘਰਾਂ ਤੋਂ ਰਸਾਇਣਕ ਕੂੜਾ, ਜਿਵੇਂ ਕਿ ਕੀਟਨਾਸ਼ਕ, ਵਰਤੀਆਂ ਗਈਆਂ ਬੈਟਰੀਆਂ ਅਤੇ ਸੈੱਲ, ਮਿਆਦ ਪੁੱਗ ਚੁੱਕੀਆਂ ਦਵਾਈਆਂ, ਫਿਨਾਇਲ, ਐਸਿਡ, ਬਲੀਚਿੰਗ ਏਜੰਟ, ਖਰਾਬ ਬਿਜਲੀ ਦੀਆਂ ਤਾਰਾਂ ਆਦਿ ਨੂੰ ਕਾਲੇ ਕੂੜੇਦਾਨ ਵਿੱਚ ਰੱਖਣਾ ਚਾਹੀਦਾ ਹੈ। ਘਰੇਲੂ ਕੂੜਾ ਇਕੱਠਾ ਕਰਨ ਵਾਲੇ ਕਰਮਚਾਰੀਆਂ ਨੂੰ ਇਨਫੈਕਸ਼ਨ ਤੋਂ ਬਚਾਉਣ ਲਈ ਸੈਨੇਟਰੀ ਪੈਡ ਅਤੇ ਡਾਇਪਰ ਸਮੇਤ ਸੈਨੇਟਰੀ ਕੂੜੇ ਲਈ ਲਾਲ ਕੂੜੇਦਾਨ ਦੀ ਵਰਤੋਂ ਕਰਨੀ ਚਾਹੀਦੀ ਹੈ। ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਇਸ ਮੌਕੇ ਕਿਹਾ ਕਿ ਸ਼ਹਿਰ ਵਿੱਚ ਕੂੜਾ ਪ੍ਰਬੰਧਨ ਜਨਤਕ ਸਹਿਯੋਗ ਅਤੇ ਭਾਗੀਦਾਰੀ ਤੋਂ ਬਿਨਾਂ ਅਸੰਭਵ ਹੈ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਖਾਲੀ ਪਲਾਟਾਂ ਅਤੇ ਗਲੀਆਂ- ਸੜਕਾਂ ਵਿੱਚ ਕੂੜਾ ਨਾ ਸੁੱਟਣ ਅਤੇ ਸਮਾਜਿਕ ਅਤੇ ਧਾਰਮਿਕ ਸਮਾਗਮਾਂ ਤੋਂ ਬਾਅਦ ਸਫਾਈ ਨੂੰ ਯਕੀਨੀ ਬਣਾਉਣ।

## ਗੁਰਜਾਤ ਗੈਸ ਕੰਪਨੀ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੀ ਨੌਕਰੀਆਂ ਲਈ ਚੋਣ



ਅੰਮ੍ਰਿਤਸਰ, 7 ਅਪ੍ਰੈਲ ( ਗੁਰਦਿਆਲ ਸਿੰਘ ) - ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਦੀ ਯੋਗ ਅਗਵਾਈ ਹੇਠ ਡਾਇਰੈਕਟੋਰੇਟ ਆਫ ਪਲੇਸਮੈਂਟ ਐਂਡ ਕਰੀਅਰ ਐਨਹਾਂਸਮੈਂਟ ਦੇ ਉਦਮ ਨਾਲ ਗੁਜਰਾਤ ਗੈਸ ਕੰਪਨੀ ਵੱਲੋਂ ਕੈਂਪਸ ਪਲੇਸਮੈਂਟ ਡਰਾਈਵ ਦਾ ਆਯੋਜਨ ਕੀਤਾ ਗਿਆ। ਇਸ ਪਲੇਸਮੈਂਟ ਡਰਾਈਵ ਵਿੱਚ ਐਮ.ਬੀ.ਏ., ਬੀ.ਟੈਕ ਮਕੈਨਿਕਲ ਇੰਜੀਨੀਅਰਿੰਗ ਅਤੇ ਬੀ.ਟੈਕ ਸਿਵਲ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਨੇ ਭਾਗ ਲਿਆ।ਗੁਜਰਾਤ ਗੈਸ ਦੀ 5 ਮੈਂਬਰੀ ਟੀਮ, ਜਿਸ ਦੀ ਅਗਵਾਈ ਮਿਸਟਰ ਸਤਯੇਨ ਤ੍ਰਿਵੇਦੀ ਨੇ ਕੀਤੀ, ਭਰਤੀ ਪ੍ਰਕਿਰਆ ਲਈ ਯੂਨੀਵਰਸਿਟੀ ਪਹੁੰਚੀ। ਯੂਨੀਵਰਸਿਟੀ ਬਿਜ਼ਨਸ ਸਕੂਲ, ਯੂਨੀਵਰਸਿਟੀ ਸਕੂਲ ਆਫ ਫਾਈਨੈਂਸ਼ਲ ਸਟੱਡੀਜ਼, ਸਿਵਲ ਅਤੇ ਮਕੈਨਿਕਲ ਇੰਜੀਨੀਅਰਿੰਗ ਵਿਭਾਗਾਂ ਦੇ ਵਿਦਿਆਰਥੀਆਂ ਨੇ ਇਸ ਵਿੱਚ ਭਾਗ ਲਿਆ ਜਿਨ੍ਹਾਂ ਵਿੱਚੋਂ ਐਮ.ਬੀ.ਏ. ਵਿਦਿਆਰਥੀ—ਹਰਸ਼ਿਤ ਸ਼ਰਮਾ, ਆਗਾਸਦੀਪ ਸਿੰਘ ਅਤੇ ਸਮਰੀਤ ਕੌਰ—ਕੰਪਨੀ ਵੱਲੋਂ ਚੁਣੇ ਗਏ। ਚੁਣੇ ਗਏ ਵਿਦਿਆਰਥੀਆਂ ਨੂੰ ਸਾਲਾਨਾ 8 ਲੱਖ ਰੁਪਏ ਦਾ ਪੈਕੇਜ ਦਿੱਤਾ ਗਿਆ ਹੈ ਅਤੇ ਇਹ ਵਿਦਿਆਰਥੀ ਜੁਲਾਈ 2026 ਵਿੱਚ ਆਪਣੀ ਡਿਗਰੀ ਪੂਰੀ ਕਰਨ ਤੋਂ ਬਾਅਦ ਨੌਕਰੀ ਜੁਆਇਨ ਕਰਨਗੇ।ਡਾ. ਹਰਵਿੰਦਰ ਸਿੰਘ ਸੈਨੀ, ਡੀਨ ਅਕਾਦਮਿਕ ਮਾਮਲੇ ਨੇ ਕਿਹਾ ਕਿ ਸਾਨੂੰ ਆਪਣੇ ਵਿਦਿਆਰਥੀਆਂ 'ਤੇ ਮਾਣ ਹੈ ਕਿ ਉਨ੍ਹਾਂ ਨੇ ਗੁਜਰਾਤ ਗੈਸ ਵਰਗੀ ਉਚ ਪੱਧਰੀ ਕੰਪਨੀ ਵਿੱਚ ਸਥਾਨ ਪ੍ਰਾਪਤ ਕੀਤਾ ਹੈ। ਇਹ ਉਪਲਬਧੀ ਯੂਨੀਵਰਸਿਟੀ ਦੀ ਗੁਣਵੱਤਾ ਪੂਰਨ ਸਿੱਖਿਆ, ਉਦਯੋਗ-ਕੇਂਦਰਿਤ ਪਾਠਕ੍ਰਮ ਅਤੇ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਮਿਹਨਤ ਦਾ ਪ੍ਰਤੀਕ ਹੈ।ਰਜਿਸਟਰਾਰ ਡਾ. ਕੇ.ਐਸ. ਚਾਹਲ ਨੇ ਕੰਪਨੀ ਨੁਮਾਇੰਦਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਸਫਲ ਪਲੇਸਮੈਂਟ ਡਰਾਈਵਾਂ ਸਾਡੇ ਵਿਦਿਆਰਥੀਆਂ ਨੂੰ ਉੱਚ ਦਰਜੇ ਦੇ ਰੋਜ਼ਗਾਰ ਮੌਕੇ ਪ੍ਰਦਾਨ ਕਰਨ ਦੀ ਸਾਡੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੀਆਂ ਹਨ।ਡਾ. ਅਮਿਤ ਚੋਪੜਾ, ਡਾਇਰੈਕਟਰ, ਡਾਇਰੈਕਟੋਰੇਟ ਆਫ ਪਲੇਸਮੈਂਟ ਐਂਡ ਕਰੀਅਰ ਐਨਹਾਂਸਮੈਂਟ ਨੇ ਦੱਸਿਆ ਕਿ ਇਹ ਦੇਸ਼ ਦੀ ਸਭ ਤੋਂ ਵੱਡੀ ਸਿਟੀ ਗੈਸ ਡਿਸਟ੍ਰਿਬਿਊਸ਼ਨ ਕੰਪਨੀ ਹੈ ਜੋ 6 ਰਾਜਾਂ ਦੇ 44 ਜ਼ਿਲ੍ਹਿਆਂ ਵਿੱਚ ਕੰਮ ਕਰ ਰਹੀ ਹੈ ਅਤੇ ਇਸਦਾ ਨੈਚਰਲ ਗੈਸ ਪਾਈਪਲਾਈਨ ਨੈੱਟਵਰਕ 44,540 ਕਿਲੋਮੀਟਰ ਤੋਂ ਵੱਧ ਹੈ।

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸੰਗਤਾਂ ਨੂੰ ਵਧਾਈਆਂ

### ਕ੍ਰਿਪਾਨ 'ਤੇ ਪਾਬੰਦੀ ਸਿੱਖ ਹੱਕਾਂ 'ਤੇ ਹਮਲਾ - ਜਥੇਦਾਰ ਗੜਗੱਜ*

**ਨਾ ਆਪ ਡਰਨਾ ਤੇ ਨਾ ਕਿਸੇ ਨੂੰ ਡਰਾਉਣਾ : ਜਥੇਦਾਰ ਦਾ ਸੰਦੇਸ਼**



ਅੰਮ੍ਰਿਤਸਰ, 7 ਅਪ੍ਰੈਲ (ਬਬਲੂ ਮਹਾਜਨ)ਅੰਮ੍ਰਿਤਸਰ ਚ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਜਿੱਥੇ ਇੱਕ ਪਾਸੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿੱਚ ਸੁੰਦਰ ਜਲੌਅ ਸਾਹਿਬ ਸਜਾਏ ਗਏ ਅਤੇ ਸੰਗਤਾਂ ਸਵੇਰ ਤੋਂ ਹੀ ਦਰਸ਼ਨ ਕਰ ਰਹੀਆਂ ਹਨ, ਉੱਥੇ ਹੀ ਦੂਜੇ ਪਾਸੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਸਥਿਤ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਜਨਮ ਅਸਥਾਨ 'ਤੇ ਮੱਥਾ ਟੇਕ ਰਹੀਆਂ ਹਨ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਪਹੁੰਚ ਕੇ ਨਤਮਸਤਕ ਹੋਏ। ਉਨ੍ਹਾਂ ਨੇ ਸਮੂਹ ਸਿੱਖ ਸੰਗਤ ਅਤੇ ਗੁਰੂ ਨਾਨਕ ਨਾਮ ਲੇਵਾ ਨੂੰ ਪ੍ਰਕਾਸ਼ ਪੁਰਬ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ। ਚੜ੍ਹਦੀਕਲਾ ਟਾਈਮ ਟੀਵੀ ਨਾਲ ਗੱਲਬਾਤ ਕਰਦਿਆਂ ਜਥੇਦਾਰ ਗੜਗੱਜ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਜੀਵਨ ਅਤੇ ਉਨ੍ਹਾਂ ਦੀ ਸ਼ਹਾਦਤ ਸਾਰੀ ਮਨੁੱਖਤਾ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਧਾਰਮਿਕ ਜ਼ੁਲਮ ਦੇ ਖ਼ਿਲਾਫ਼ ਖੜ੍ਹ ਕੇ ਤਿਲਕ ਤੇ ਜਨੇਊ ਦੀ ਰੱਖਿਆ ਲਈ ਆਪਣੀ ਸ਼ਹਾਦਤ ਦਿੱਤੀ, ਜੋ ਇਤਿਹਾਸ ਵਿੱਚ ਬੇਮਿਸਾਲ ਹੈ। ਉਨ੍ਹਾਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਉਪਦੇਸ਼ ਨਾ ਆਪ ਡਰਨਾ ਤੇ ਨਾ ਕਿਸੇ ਨੂੰ ਡਰਾਉਣਾ ਅੱਜ ਵੀ ਸਾਨੂੰ ਸਹੀ ਰਾਹ ਦਿਖਾਉਂਦਾ ਹੈ।ਜਥੇਦਾਰ ਨੇ ਬੰਦੀ ਸਿੰਘਾਂ ਦੇ ਮਸਲੇ 'ਤੇ ਗੱਲ ਕਰਦਿਆਂ ਕਿਹਾ ਕਿ ਇਹ ਮਨੁੱਖੀ ਅਧਿਕਾਰਾਂ ਨਾਲ ਜੁੜਿਆ ਮਾਮਲਾ ਹੈ ਅਤੇ ਸਮੂਹ ਪੰਥ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕਰਦਾ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਮਾਮਲੇ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ ਅਤੇ ਜਿਨ੍ਹਾਂ ਨੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ, ਉਨ੍ਹਾਂ ਨੂੰ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਸਿੱਖ ਧਾਰਮਿਕ ਨਿਸ਼ਾਨੀਆਂ 'ਤੇ ਲੱਗ ਰਹੀਆਂ ਪਾਬੰਦੀਆਂ ਦਾ ਵੀ ਜ਼ਿਕਰ ਕੀਤਾ। ਜਥੇਦਾਰ ਨੇ ਕਿਹਾ ਕਿ ਕਿਰਪਾਨ ਸਿੱਖ ਧਰਮ ਦਾ ਅਟੁੱਟ ਅੰਗ ਹੈ ਅਤੇ ਇਸ 'ਤੇ ਕਿਸੇ ਵੀ ਤਰ੍ਹਾਂ ਦੀ ਪਾਬੰਦੀ ਸਿੱਖਾਂ ਦੇ ਸੰਵਿਧਾਨਕ ਹੱਕਾਂ 'ਤੇ ਸਿੱਧਾ ਹਮਲਾ ਹੈ। ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਹਵਾਈ ਅੱਡਿਆਂ 'ਤੇ ਅੰਮ੍ਰਿਤਧਾਰੀ ਸਿੱਖਾਂ ਨੂੰ ਕਿਰਪਾਨ ਨਾਲ ਜਾਣ 'ਤੇ ਲੱਗੀਆਂ ਪਾਬੰਦੀਆਂ ਨੂੰ ਤੁਰੰਤ ਵਾਪਸ ਲਿਆ ਜਾਵੇ।

## ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਛੁੱਟੀ ਮੰਗ

ਅੰਮ੍ਰਿਤਸਰ, 7 ਅਪ੍ਰੈਲ (ਬਬਲੂ ਮਹਾਜਨ ) ਸੇਵਕ ਜੱਥਾ ਇਸ਼ਨਾਨ ਗੁਰਦੁਆਰਾ ਸੰਤੋਖਸਰ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮੈਨੇਜਰ ਸ੍ਰੀ ਦਰਬਾਰ ਸਾਹਿਬ ਵਲੋ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ 9 ਅਪ੍ਰੈਲ ਨੂੰ ਬੜੀ ਧੂਮਧਾਮ ਨਾਲ ਮਨਾਇਆ ਜਾਏਗਾ ਅੱਜ ਮੁੱਖ ਸੇਵਾਦਾਰ ਤਰਲੋਚਨ ਸਿੰਘ ਬਿੱਟੂ ਦੀ ਅਗਵਾਈ ਹੇਠ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਅਤੇ 9 ਅਪ੍ਰੈਲ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਸਵੇਰੇ 8 ਵਜੇ ਪਾਏ ਜਾਣਗੇ ਪ੍ਰਧਾਨ ਤਰਲੋਚਨ ਸਿੰਘ ਬਿੱਟੂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਬਾਅਦ ਦੁਪਹਿਰ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਜਾਏਗਾ ਜਿਸ ਵਿੱਚ ਬੀਬੀ ਕੋਲਾ ਦੀ ਭਲਾਈ ਕੇਂਦਰ ਤੋਂ ਭਾਈ ਗੁਰਇਕਬਾਲ ਸਿੰਘ ਜੀ, ਭਾਈ ਜਗਤਾਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਜਸਬੀਰ ਸਿੰਘ ਜੀ, ਪਾਊਂਟਾ ਸਾਹਿਬ ਭਾਈ ਜਸਕਰਨ ਸਿੰਘ ਜੀ, ਪਟਿਆਲਾ ਭਾਈ ਹਰਜੋਤ ਸਿੰਘ ਜੀ ਜ਼ਖ਼ਮੀ, ਜਲੰਧਰ ਭਾਈ ਬਲਵਿੰਦਰ ਸਿੰਘ ਜੀ ਰੰਗੀਲਾ, ਚੰਡੀਗੜ੍ਹ ਭਾਈ ਗੁਰਦੇਵ ਸਿੰਘ ਜੀ, ਆਸਟ੍ਰੇਲੀਆ ਭਾਈ ਚਮਨਜੀਤ ਸਿੰਘ ਜੀ, ਦਿੱਲੀਵਾ ਲੇ ਅਤੇ ਸਿੰਘ ਸਾਹਿਬਾਨ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਕਰਨਗੇ। ਪ੍ਰਬੰਧਕਾਂ ਵੱਲੋਂ ਸਰਕਾਰ ਅਤੇ ਜ਼ਿਲਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ 9ਅਪ੍ਰੈਲ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਜਿਲਾ ਅੰਮ੍ਰਿਤਸਰ ਵਿਖੇ ਛੁੱਟੀ ਦਾ ਐਲਾਨ ਕੀਤਾ ਜਾਵੇ ਇਸ ਮੌਕੇ ਹਰਿਮੰਦਰ ਸਾਹਿਬ ਦੇ ਮੈਨੇਜਰ ਸਰਦਾਰ ਵਿਕਰਮ ਸਿੰਘ ਗੁਰਦੁਆਰਾ ਸੰਤੋਖਸਰ ਸਾਹਿਬ ਦੇ ਗ੍ਰੰਥੀ ਆਜ਼ਾਦਵਿੰਦਰ ਸਿੰਘ ਸਰਦਾਰ ਬਲਬੀਰ ਸਿੰਘ ਤਰਲੋਚਨ ਸਿੰਘ ਮਨਜੀਤ ਸਿੰਘ ਮਗਾ ਸ਼ਹੀਦ ਸਿੰਘ ਹਰਜੀਤ ਸਿੰਘ ਗੁਰਦਾਸ ਹਾਲ ਮਨਜੀਤ ਸਿੰਘ ਫੌਜੀ ਗੁਰ ਪ੍ਰਸਾਦਿ ਸਿੰਘ ਹਰਪ੍ਰੀਤ ਸਿੰਘ ਹੈਪੀ ਮਨਜੀਤ ਸਿੰਘ ਮਿੱਠੀ ਹੋਰ ਮੈਂਬਰ ਹਾਜ਼ਰ ਸਨ

## ਖਾਲਸਾ ਕਾਲਜ ਮਹਿਤਾ ਦੇ ਕਾਮਰਸ ਵਿਭਾਗ ਦਾ ਨਤੀਜਾ ਰਿਹਾ ਸ਼ਾਨਦਾਰ




ਚੌਂਕ ਮਹਿਤਾ, 7 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ)ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ .ਕਾਮ ਸਮੈਸਟਰ ਪਹਿਲੇ ਦੇ ਨਤੀਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਘੋਸ਼ਿਤ ਕੀਤੇ ਗਏ । ਇਹਨਾਂ ਨਤੀਜਿਆ ਵਿੱਚ ਬੀ.ਕਾਮ ਸਮੈਸਟਰ ਪਹਿਲੇ ਦੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਬੀ.ਕਾਮ ਦੀ ਸੁਮਨਪ੍ਰੀਤ ਕੌਰ , ਗੁਰਲੀਨ ਕੌਰ,ਅਰਮਾਨਦੀਪ ਸਿੰਘ ਨੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਅਜੇ ਇਸਦੇ ਨਾਲ ਹੀ ਨਵਨੀਤ ਕੌਰ ,ਜਪਜੀਤ ਕੌਰ, ਜੈਸਮੀਨ ਕੌਰ, ਸੰਦੀਪ ਕੌਰ, ਮਨਜਿੰਦਰ ਕੌਰ ਅਤੇ ਅਰਪਨਜੋਤ ਸਿੰਘ ਨੇ ਵਧੀਆ ਅੰਕ ਹਾਸਿਲ ਕਰਕੇ ਕਾਲਜ ਅਤੇ ਮਾਪਿਆ ਦਾ ਨਾਮ ਰੌਸ਼ਨ ਕੀਤਾ। ਇਸ ਬਿਹਤਰੀਨ ਨਤੀਜੇ ਕਰਕੇ ਕਾਲਜ ਵਿੱਚ ਵਿੱਚ ਦਾਖਲਿਆਂ ਦਾ ਰੁਝਾਨ ਕਾਫ਼ੀ ਵਧ ਗਿਆ ਹੈ । ਇਸ ਮੌਕੇ ਤੇ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਖੁਸ਼ੀ ਜ਼ਾਹਿਰ ਕਰਦਿਆ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਅਤੇ ਕਿਹਾ ਕਿ ਇਹ ਨਤੀਜੇ ਸਿਰਫ ਤੁਹਾਡੀ ਲਗਾਤਾਰ ਕੋਸ਼ਿਸ਼ ਨਹੀਂ ਸਗੋਂ ਤੁਹਾਡੇ ਭਵਿੱਖ ਦੀ ਮਜਬੂਤ ਨੀਂਹ ਵੀ ਹਨ ।ਤੁਸੀ ਕਾਲਜ ਦਾ ਮਾਨ ਵਧਾਇਆ ਹੈ ਤੇ ਹੋਰ ਬੱਚਿਆਂ ਲਈ ਪ੍ਰੇਰਨਾ ਦਾ ਇੱਕ ਉਦਾਹਰਣ ਬਣੇ ਹੋ । ਉਹਨਾਂ ਨੇ ਵਿਦਿਆਰਥੀਆਂ ਨੂੰ ਦਿਲ ਲਾ ਕੇ ਪੜ੍ਹਨ ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ।ਇਸ ਸੁਭਾਗੇ ਮੌਕੇ ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ,ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ, ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ।

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਹੋਏ ਗੁਰਮਤਿ ਸਮਾਗਮ



ਅੰਮ੍ਰਿਤਸਰ, 7 ਅਪ੍ਰੈਲ- ਗੁਰਦਿਆਲ ਸਿੰਘਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਵੱਡੀ ਗਿਣਤੀ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਗੁਰਮਤਿ ਸਮਾਗਮ ਕੀਤੇ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ।ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਸਮਾਗਮ ਦੌਰਾਨ ਵੱਖ-ਵੱਖ ਰਾਗੀ ਜਥਿਆਂ ਨੇ ਵੀ ਗੁਰਬਾਣੀ ਕੀਰਤਨ ਕੀਤਾ।ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਗਏ। ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨ 'ਤੇ ਦੀਪਮਾਲਾ ਵੀ ਕੀਤੀ ਗਈ।ਇਸ ਮੌਕੇ ਬਾਬਾ ਸਤਨਾਮ ਸਿੰਘ ਕਾਰਸੇਵਾ ਕਿਲ੍ਹਾ ਅਨੰਦਗੜ੍ਹ ਵਾਲੇ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਭਾਈ ਪ੍ਰੇਮ ਸਿੰਘ, ਗ੍ਰੰਥੀ ਭਾਈ ਗੁਰਸੇਵਕ ਸਿੰਘ ਤੇ ਭਾਈ ਰਣਜੀਤ ਸਿੰਘ ਆਦਿ ਹਾਜ਼ਰ ਸਨ।

## ਬਾਬਾ ਰਾਮ ਸਿੰਘ ਭਿੰਡਰਾਂਵਾਲਿਆਂ ਵੱਲੋਂ ਅਮਰੀਕਾ ਵਿੱਚ ਗੁਰਮਤਿ ਪ੍ਰਚਾਰ ਦੌਰਾ



ਅੰਮ੍ਰਿਤਸਰ, 7 ਅਪ੍ਰੈਲ (ਬਬਲੂ ਮਹਾਜਨ) ਦਮਦਮੀ ਟਕਸਾਲ ਦੇ ਮੁਖੀ ਸਿੰਘ ਸਾਹਿਬ ਬਾਬਾ ਰਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਗੁਰਮਤਿ ਪ੍ਰਚਾਰ ਅਤੇ ਪਸਾਰ ਲਈ ਵਿਦੇਸ਼ਾਂ ਵਿੱਚ ਵਿਸ਼ਾਲ ਧਾਰਮਿਕ ਦੌਰਾ ਕੀਤਾ ਜਾ ਰਿਹਾ ਹੈ। ਇਸ ਦੌਰੇ ਤਹਿਤ ਉਹ ਇੱਕ ਮਹੀਨੇ ਲਈ ਅਮਰੀਕਾ ਦੇ ਵੱਖ-ਵੱਖ ਗੁਰੂ ਘਰਾਂ ਵਿੱਚ ਧਾਰਮਿਕ ਸਮਾਗਮਾਂ ਦੀਆਂ ਹਾਜ਼ਰੀਆਂ ਭਰਨਗੇ, ਜਿੱਥੇ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਉਨ੍ਹਾਂ ਦੇ ਉਪਦੇਸ਼ ਸੁਣ ਰਹੀਆਂ ਹਨ।ਇਸ ਦੌਰਾਨ ਸਜੇ ਹੋਏ ਦੀਵਾਨਾਂ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਪਵਿੱਤਰ ਦਿਹਾੜੇ 'ਤੇ ਬਾਬਾ ਜੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬ ਦੇ ਮਹਾਨ ਜੀਵਨ ਅਤੇ ਕੁਰਬਾਨੀ ਬਾਰੇ ਵਿਸਥਾਰ ਨਾਲ ਕਥਾ ਰਾਹੀਂ ਸਾਂਝ ਪਾਈ। ਉਨ੍ਹਾਂ ਕਿਹਾ ਕਿ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਮਨੁੱਖਤਾ ਦੀ ਰੱਖਿਆ ਲਈ ਜੋ ਅਦੁਤੀ ਸ਼ਹਾਦਤ ਦਿੱਤੀ ਉਹ ਹਰ ਧਰਮੀ ਮਨੁੱਖ ਲਈ ਇੱਕ ਪ੍ਰੇਰਣਾ ਦਾ ਸਰੋਤ ਹੈ।ਬਾਬਾ ਰਾਮ ਸਿੰਘ ਜੀ ਨੇ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਸਾਨੂੰ ਸੱਚ, ਨਿਡਰਤਾ ਅਤੇ ਧਰਮ ਦੀ ਰੱਖਿਆ ਲਈ ਡਟ ਕੇ ਖੜ੍ਹੇ ਰਹਿਣ ਦਾ ਸੰਦੇਸ਼ ਦਿੰਦਾ ਹੈ। ਬਾਬਾ ਜੀ ਨੇ ਆਖਿਆ, ਸਤਿਗੁਰਾਂ ਦਾ ਇਹ ਪੁਰਬ ਜਿੰਨਾ ਸਿੱਖਾਂ ਲਈ ਉੱਤਮ ਹੈ ਉਨਾ ਹੀ ਹਿੰਦੂ ਵੀਰਾਂ ਲਈ ਵੀ ਮਹਾਨ ਹੈ। ਇਹ ਪੂਰਬ ਦੋਹਾਂ ਧਰਮਾਂ ਲਈ ਸਾਂਝਾ ਹੈ। ਉਨ੍ਹਾਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਅਪਣਾਇਆ ਜਾਵੇ ਅਤੇ ਸਿੱਖੀ ਦੇ ਅਸੂਲਾਂ 'ਤੇ ਚੱਲਦਿਆਂ ਆਪਣਾ ਜੀਵਨ ਬਤੀਤ ਕੀਤਾ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਵਿਦੇਸ਼ਾਂ ਵਿੱਚ ਵੱਸ ਰਹੀ ਸਿੱਖ ਕੌਮ ਨੂੰ ਆਪਣੇ ਧਰਮ, ਸੰਸਕਾਰ ਅਤੇ ਪਰੰਪਰਾਵਾਂ ਨਾਲ ਜੁੜੇ ਰਹਿਣ ਦੀ ਖਾਸ ਲੋੜ ਹੈ।

## ਤਾਜਪੁਰ 'ਚ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ 10ਅਪ੍ਰੈਲ ਨੂੰ

ਜਲੰਧਰ, 7 ਅਪ੍ਰੈਲ : ਸੰਦੀਪ ਕੌਲ : ਮੁੱਖ ਖੇਤੀਬਾੜੀ ਅਫ਼ਸਰ ਡਾ.ਜਸਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਧਰਤੀ ਮਾਤਾ ਬਚਾਓ ਅਭਿਆਨ ਤਹਿਤ ਜਮੀਨ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਅਤੇ ਸਾਉਣੀ ਦੀਆਂ ਫਸਲਾਂ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ 10 ਅਪ੍ਰੈਲ 2026 ਨੂੰ ਜਿਲ੍ਹਾ ਜਲੰਧਰ ਦੇ ਪਿੰਡ ਤਾਜਪੁਰ ਵਿਖੇ ਜਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਖੇਤੀ ਪ੍ਰਦਰਸ਼ਨੀ ਲਗਾਈ ਜਾ ਰਹੀ ਹੈ। ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਚਲਾਏ ਜਾ ਰਹੇ ਧਰਤੀ ਮਾਤਾ ਬਚਾਓ ਅਭਿਆਨ ਨੂੰ ਸਮਰਪਿਤ ਖੇਤੀ ਕੈਂਪ ਦੌਰਾਨ ਹਲਕਾ ਵਿਧਾਇਕ ਕਰਤਾਰਪੁਰ ਬਲਕਾਰ ਸਿੰਘ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਣਗੇ। ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਵਲੋਂ ਕੈਂਪ ਦਾ ਉਦਘਾਟਨ ਕੀਤਾ ਜਾਵੇਗਾ ਅਤੇ ਸੰਯੁਕਤ ਡਾਇਰੇਕਟਰ ਖੇਤੀਬਾੜੀ(ਇਨਪੁੱਟਸ) ਡਾ. ਗੁਰਨਾਮ ਸਿੰਘ ਵਲੋਂ ਕੈਂਪ ਦੀ ਪ੍ਰਧਾਨਗੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮਾਹਿਰ ਅਤੇ ਖੇਤੀਬਾੜੀ ਵਿਭਾਗ ਦੇ ਅਫਸਰ ਪਹੁੰਚ ਰਹੇ ਹਨ। ਉਹਨਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਮਿਤੀ 10 ਅਪ੍ਰੈਲ ਨੂੰ ਪਿੰਡ ਤਾਜਪੁਰ ਵਿਖੇ ਲਗਾਏ ਜਾ ਰਹੇ ਜ਼ਿਲ੍ਹਾ ਪੱਧਰੀ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਕੇ ਖੇਤੀਬਾੜੀ ਮਾਹਿਰਾਂ ਦੇ ਸੁਝਾਵਾਂ ਅਨੁਸਾਰ ਖੇਤੀ ਨੂੰ ਲਾਹੇਵੰਦ ਧੰਦਾ ਬਣਾਕੇ ਸੂਬੇ ਦੀ ਆਰਥਿਕ ਪ੍ਰਗਤੀ ਵਿੱਚ ਵੱਡਮੁੱਲਾ ਯੋਗਦਾਨ ਪਾਉਣ।

# ਖ਼ਾਲਸਾ ਕਾਲਜ ਵਿਖੇ ਕਰਵਾਇਆ ਗਿਆ ਵਿਸ਼ੇਸ਼ ਲੈਕਚਰ



ਭਗਤਾ ਭਾਈ ਕਾ, 7 ਅਪਰੈਲ (ਸਵਰਨ ਸਿੰਘ ਭਗਤਾ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ ਵਿਦਿਆ ਸੁਖਮਿੰਦਰ ਸਿੰਘ ਅਤੇ ਸਿਕੰਦਰ ਸਿੰਘ ਮਲੂਕਾ (ਕੈਬਨਿਟ ਮੰਤਰੀ ਪੰਜਾਬ ਅਤੇ ਆਨਰੇਰੀ ਸਕੱਤਰ ਕਾਲਜ) ਦੀ ਰਹਿਨੁਮਾਈ ਅਤੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈ ਕਾ ਵਿਖੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਤੇ ਗੁਰਮਤਿ ਵਿਚਾਰ ਕੇਂਦਰ ਵੱਲੋਂ ਨੈਤਿਕ ਸਿੱਖਿਆ ਅਤੇ ਗੁਰਬਾਣੀ ਦੀ ਲੋਅ ਵਿੱਚ ਜੀਵਨ ਜਾਂਚ ਵਿਸ਼ੇ ਤੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਸ ਦੇ ਮੁਖੀ ਵਕਤਾ ਸਤਨਾਮ ਸਿੰਘ ਸਲ੍ਹੋਪੁਰੀ ਨੇ ਵਿਦਿਆਰਥੀਆਂ ਨਾਲ ਗੁਰਬਾਣੀ ਤੋਂ ਸੇਧ ਲੈ ਕੇ ਜੀਵਨ ਜਿਉਣ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਤੋਂ ਇਲਾਵਾ ਉਹਨਾਂ ਨੇ ਅਜੋਕੇ ਸਮੇਂ ਵਿੱਚ ਪੜ੍ਹਾਈ ਦਾ ਮਹੱਤਵ, ਨਸ਼ਾਖੋਰੀ ਦੇ ਦੁਰ ਪ੍ਰਭਾਵ, ਰਿਸ਼ਵਤ ਖੋਰੀ ਆਦਿ ਵਿਸ਼ਿਆਂ ਸਬੰਧੀ ਵੱਖ-ਵੱਖ ਖੇਤਰਾਂ ਵਿੱਚੋਂ ਉਦਾਹਰਨਾਂ ਦੇ ਕੇ ਸੁਚੱਜੀ ਜੀਵਨ ਜਾਂਚ ਬਾਰੇ ਸੇਧ ਦਿੱਤੀ। ਸ੍ਰੀ ਸਹਿਜ ਪਾਠ ਸੇਵਾ ਸੁਸਾਇਟੀ ਸ੍ਰੀ ਅੰਮ੍ਰਿਤਸਰ ਨਾਲ ਜੁੜੇ ਸਤਨਾਮ ਸਿੰਘ ਨੇ ਇਸ ਸੰਸਥਾ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੰਦੇ ਦੱਸਿਆ ਕਿ ਇਸ ਸੰਸਥਾ ਦੇ ਵਲੰਟੀਅਰ ਦੇਸ਼ ਵਿਦੇਸ਼ ਵਿੱਚ ਵਿਦਿਅਕ ਸੰਸਥਾਵਾਂ ਤੇ ਹੋਰ ਜਨਤਕ ਸੰਸਥਾਵਾਂ ਵਿੱਚ ਜਾ ਕੇ ਲੋਕਾਂ ਨੂੰ ਗੁਰਬਾਣੀ ਨਾਲ ਜੋੜਨ ਦਾ ਉਪਰਾਲਾ ਕਰਦੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪੋਥੀਆਂ, ਗੁਟਕਾ ਸਾਹਿਬ ਅਤੇ ਹੋਰ ਮੁੱਲਵਾਨ ਲਿਟਰੇਚਰ ਸੰਸਥਾ ਵੱਲੋਂ ਫਰੀ ਮੁਹੱਈਆ ਕਰਵਾਇਆ ਜਾਂਦਾ ਹੈ। ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਅਤੇ ਸਟਾਫ਼ ਵੱਲੋਂ ਸਤਨਾਮ ਸਿੰਘ ਸਲ੍ਹੋਪੁਰੀ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਅਖੀਰ ਵਿੱਚ ਇਸ ਸਮੁੱਚੀ ਟੀਮ ਵੱਲੋਂ ਕਾਲਜ ਦੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਸ੍ਰੀ ਸਹਿਜ ਪਾਠ ਲਈ ਪ੍ਰੇਰਿਤ ਕਰਦਿਆਂ 'ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਸਬੰਧੀ', 'ਵਿਦਿਅਕ ਪ੍ਰਫੁਲਤਾ ਦੇ ਪੰਜ 'ਸ'','ਅਮਨ ਪ੍ਰੀਤ ਦੀਆਂ ਪੈੜਾਂ' ਅਤੇ 'ਸਤਨਾਮ ਸਿੰਘ ਦੀ ਸਵੈਜੀਵਨੀ' ਆਦਿਕ ਮੁੱਲਵਾਨ ਕਿਤਾਬਾਂ ਦਿੱਤੀਆਂ ਗਈਆਂ। ਇਸ ਮੌਕੇ ਪੰਜਾਬੀ ਵਿਭਾਗ ਦੇ ਮੁਖੀ ਡਾ ਹਰਮਨਦੀਪ ਕੌਰ, ਡਾ ਸਿਮਰਜੀਤ ਕੌਰ, ਪ੍ਰੋ.ਰੀਮਾ ਰਾਣੀ, ਪ੍ਰੋ. ਅੰਮ੍ਰਿਤਪਾਲ ਸਿੰਘ,ਪ੍ਰੋ. ਜਸਬੀਰ ਕੌਰ,ਧਾਰਮਿਕ ਅਧਿਆਪਕ ਸ. ਅਰਸ਼ਦੀਪ ਸਿੰਘ,ਪ੍ਰੋ. ਗਗਨਦੀਪ ਕੌਰ (ਅੰਗਰੇਜ਼ੀ ਵਿਭਾਗ) ਹਾਜ਼ਰ ਸਨ।

# ਸੰਤ ਰਾਮ ਸਿੰਗਲਾ ਦੀ 21ਵੀਂ ਬਰਸੀ ਮੌਕੇ 'ਚ ਕਰਵਾਏ ਸਮਾਗਮ 'ਚ ਕਾਂਗਰਸੀ ਲੀਡਰਸ਼ਿਪ ਨੇ ਲਗਵਾਈ ਹਾਜ਼ਰੀ



ਸੰਗਰੂਰ, 7 ਅਪ੍ਰੈਲ (ਹਰਕੰਵਲ ਸਿੰਘ ਹੈਪੀ) : ਕਾਂਗਰਸ ਦੇ ਸੀਨੀਅਰ ਆਗੂ ਤੇ ਸਾਬਕਾ ਮੈਂਬਰ ਪਾਰਲੀਮੈਂਟ ਸਵ: ਸੰਤ ਰਾਮ ਸਿੰਗਲਾ ਦੀ 21ਵੀਂ ਬਰਸੀ ਉਨਾਂ ਦੇ ਸਪੁੱਤਰ ਵਿਜੈ ਇੰਦਰ ਸਿੰਗਲਾ ਤੇ ਸਮੂਹ ਸਿੰਗਲਾ ਪਰਿਵਾਰ ਵੱਲੋਂ ਮਨਾਈ ਗਈ। ਸੰਗਰੂਰ ਦੇ ਸਿੰਗਲਾ ਨਿਵਾਸ ਵਿਖੇ ਹੋਏ ਵੱਡੇ ਬਰਸੀ ਸਮਾਗਮ ਵਿੱਚ ਜਿੱਥੇ ਪੰਜਾਬ ਕਾਂਗਰਸ ਕਮੇਟੀ ਦੀ ਸੀਨੀਅਰ ਲੀਡਰਸ਼ਿਪ ਤੋਂ ਇਲਾਵਾ ਹਜ਼ਾਰਾਂ ਦੀ ਗਿਣਤੀ ਵਿੱਚ ਕਾਂਗਰਸੀ ਵਰਕਰ, ਆਮ ਲੋਕ ਅਤੇ ਸਿੰਗਲਾ ਪਰਿਵਾਰ ਦੇ ਰਿਸ਼ਤੇਦਾਰ ਪੁੱਜੇ।ਬਰਸੀ ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਸਵ: ਸੰਤ ਰਾਮ ਸਿੰਗਲਾ ਜੀ ਕਾਂਗਰਸ ਪਾਰਟੀ ਦੇ ਰੌਸ਼ਨ ਦਿਮਾਗ ਲੀਡਰ ਸਨ ਅਤੇ ਉਨ੍ਹਾਂ ਨੇ ਗਿਆਨੀ ਜ਼ੈਲ ਸਿੰਘ ਦੇ ਨਾਲ ਸਮੁੱਚੇ ਦੇਸ਼ ਦੀ ਰਾਜਨੀਤੀ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਈ। ਉਨਾਂ ਨੇ ਹਮੇਸ਼ਾ ਆਮ ਲੋਕਾਂ ਦੀ ਸੇਵਾ ਕੀਤੀ ਅਤੇ ਹਮੇਸ਼ਾ ਗਰੀਬ ਤੇ ਮਜ਼ਲੂਮ ਲੋਕਾਂ ਦੀ ਆਵਾਜ਼ ਚੁੱਕੀ। ਅੱਜ ਉਨਾਂ ਦੇ ਸਪੁੱਤਰ ਵਿਜੈ ਇੰਦਰ ਸਿੰਗਲਾ ਉਸੇ ਰਾਹ ਤੇ ਚੱਲ ਕੇ ਲੋਕ ਸੇਵਾ ਵਿੱਚ ਲੱਗੇ ਹੋਏ ਹਨ। ਉਨਾਂ ਆਖਿਆ ਕਿ ਵਿਜੈ ਇੰਦਰ ਸਿੰਗਲਾ ਨੇ ਆਪਣੀ ਕਾਬਲੀਅਤ ਦੇ ਸਹਾਰੇ ਕਾਂਗਰਸ ਪਾਰਟੀ ਵਿੱਚ ਸੂਬੇ ਹੀ ਨਹੀਂ ਸਗੋਂ ਨੈਸ਼ਨਲ ਪੱਧਰ ਤੇ ਆਪਣੀ ਵਿਸ਼ੇਸ਼ ਪਹਿਚਾਣ ਬਣਾਈ ਹੈ। ਉਨਾਂ ਆਖਿਆ ਕਿ ਅੱਜ ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਵਰਗੇ ਸੀਨੀਅਰ ਲੀਡਰ ਵੀ ਵਿਜੈ ਇੰਦਰ ਸਿੰਗਲਾ ਤੋਂ ਹਰੇਕ ਗੱਲ 'ਤੇ ਸਲਾਹ ਲੈਂਦੇ ਹਨ, ਇਹ ਗੱਲਾਂ ਉਨਾਂ ਦੀ ਕਾਬਲੀਅਤ ਸਿੱਧ ਕਰਦੀਆਂ ਹਨ।ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਉਹ ਜਦੋਂ ਛੋਟੇ ਹੁੰਦੇ ਸਨ, ਤਾਂ ਉਨ੍ਹਾਂ ਨੇ ਸਵ: ਸੰਤ ਰਾਮ ਸਿੰਗਲਾ ਜੀ ਦੇ ਕਾਰਜਸ਼ੈਲੀ ਵੇਖੀ ਹੈ। ਉਨਾਂ ਕਿਹਾ ਕਿ ਸਿੰਗਲਾ ਪਰਿਵਾਰ ਮੁੱਢ ਤੋਂ ਆਮ ਲੋਕਾਂ ਦਾ ਹਮਾਇਤੀ ਰਿਹਾ ਹੈ। ਅੱਜ ਉਨਾਂ ਦੇ ਪੁੱਤਰ ਵਿਜੈ ਇੰਦਰ ਸਿੰਗਲਾ ਉਨ੍ਹਾਂ ਦੀਆਂ ਲੀਹਾਂ ਤੇ ਚਲਦਿਆਂ ਪਾਰਟੀ ਅਤੇ ਲੋਕਾਂ ਵਿੱਚ ਆਪਣਾ ਵਿਸ਼ੇਸ਼ ਸਥਾਨ ਬਣਾਈ ਬੈਠੇ ਹਨ। ਉਨ੍ਹਾਂ ਸਮੂਹ ਕਾਂਗਰਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਅੱਜ ਸਵ: ਸੰਤ ਰਾਮ ਸਿੰਗਲਾ ਨੂੰ ਸੱਚੀ ਸ਼ਰਧਾਂਜਲੀ ਇਹੋ ਹੋਵੇਗੀ ਕਿ ਆਪਾਂ ਸਾਰੇ ਗਿਲੇ ਸ਼ਿਕਵੇ ਭੁਲਾ ਕੇ ਕਾਂਗਰਸ ਪਾਰਟੀ ਦੀ ਸੇਵਾ ਲਈ ਇਕਜੁਟ ਹੋ ਜਾਈਏ। ਉਨ੍ਹਾਂ ਆਮ ਆਦਮੀ ਪਾਰਟੀ ਦੇ ਖਿਲਾਫ਼ ਬੋਲਦਿਆਂ ਵੀ ਕਿਹਾ ਕਿ ਇਸ ਪਾਰਟੀ ਨੂੰ ਚਾਰ ਸਾਲਾਂ ਵਿੱਚ ਪੰਜਾਬ ਨੂੰ ਕਰਜ਼ਾਈ ਬਣਾ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਸਿਰਫ਼ ਅਰਵਿੰਦ ਕੇਜਰੀਵਾਲ ਦੇ ਇਸ਼ਾਰਿਆਂ 'ਤੇ ਕੰਮ ਕਰ ਰਹੇ ਹਨ। ਉਨ੍ਹਾਂ ਸੰਗਰੂਰ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਵਾਰ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਸੂਪੜਾ ਸਾਫ਼ ਕਰ ਦਿਓ।ਇਸ ਮੌਕੇ ਪਰਮਿੰਦਰ ਸਿੰਘ ਢੀਂਡਸਾ, ਜਸਵੀਰ ਡਿੰਪਾ, ਕੁਲਜੀਤ ਨਾਗਰਾ, ਆਦਿਤਿਆ ਸੁਰਜੇਵਾਲਾ, ਗੁਰਕੀਰਤ ਕੋਟਲੀ, ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਰਾਹੁਲ ਸਿੱਧੂ ਭੱਟਲ, ਦੁਰਲੱਭ ਸਿੱਧੂ, ਗੁਰਸ਼ਰਨ ਕੌਰ ਰੰਧਾਵਾ, ਸੁਰਿੰਦਰਪਾਲ ਸਿਬੀਆ, ਅਨਿਲ ਦੱਤੀ, ਅਮਿਤ ਵਿਜ, ਕਮਲ ਧਾਲੀਵਾਲ, ਦਲਬੀਰ ਸਿੰਘ ਗੋਲਡੀ, ਜਸਵਿੰਦਰ ਸਿੰਘ ਧੀਮਾਨ, ਮਮਤਾ ਦੱਤਾ, ਕੁਲਦੀਪ ਕਾਲਾ ਢਿੱਲੋਂ, ਬਲਕੌਰ ਸਿੰਘ ਸਿੱਧੂ (ਮੂਸੇਵਾਲਾ), ਜੀਤਇੰਦਰ ਸਿੰਘ ਮੋਫਰ, ਕੁਲਵੰਤ ਰਾਏ ਸਿੰਗਲਾ, ਅਸਵਨੀ ਸਰਮਾ ਰੋਪੜ, ਅਜੈ ਮੰਗੂਪੁਰ, ਸ਼ੁਭਮ ਸ਼ੁਭੀ, ਰਾਹੁਲ ਭੱਠਲ, ਜ਼ਿਲਾ ਕਾਂਗਰਸ ਕਮੇਟੀ ਦੇ ਸਮੂਹ ਅਹੁਦੇਦਾਰ ਸਾਹਿਬਾਨ, ਕੌਂਸਲਰ ਸਾਹਿਬਾਨ, ਮਹਿਲਾ ਮੰਡਲ, ਪੰਚ ਅਤੇ ਸਰਪੰਚ ਸਾਹਿਬਾਨ, ਜ਼ਿਲਾ ਪ੍ਰੀਸ਼ਦ ਮੈਂਬਰ, ਬਲਾਕ ਸੰਮਤੀ ਮੈਂਬਰ ਵੀ ਮੌਜੂਦ ਸਨ।

# ਲੋਕ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪੁਲਿਸ ਦਾ ਸਾਥ ਦੇਣ: ਸਰਤਾਜ ਚਹਿਲ



ਧੂਰੀ, 7 ਅਪਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ) ਜ਼ਿਲ੍ਹਾ ਪੁਲਿਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਜ਼ਿਲ੍ਹਾ ਪੁਲਿਸ ਵੱਲੋਂ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਵਿੱਢੀ ਗਈ ਵਿਸ਼ੇਸ਼ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਸਬ ਡਵੀਜ਼ਨ ਧੂਰੀ ਪੁਲਿਸ ਨੇ ਨਸ਼ਾ ਤਸਕਰਾਂ ਤੇ ਸ਼ਿਕੰਜਾ ਕਸਦਿਆਂ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ। ਉਨ੍ਹਾਂ ਦੱਸਿਆ ਕਿ 30 ਮਾਰਚ ਤੋਂ 5 ਅਪਰੈਲ ਤੱਕ ਚਲਾਈ ਗਈ ਇਸ ਵਿਸ਼ੇਸ਼ ਮੁਹਿੰਮ ਦੌਰਾਨ 02 ਅਪਰਾਧਿਕ ਮੁਕੱਦਮੇ ਦਰਜ ਕਰਕੇ 02 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਫੜੇ ਗਏ ਵਿਅਕਤੀਆਂ ਕੋਲੋਂ 100 ਨਸ਼ੀਲੀਆਂ ਗੋਲੀਆਂ ਅਤੇ 50 ਗ੍ਰਾਮ ਹੈਰੋਇਨ (ਚਿੱਟਾ) ਬਰਾਮਦ ਕਰਕੇ ਨਸ਼ੇ ਦੀ ਸਪਲਾਈ ਚੇਨ ਨੂੰ ਤੋੜਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ।ਸ੍ਰੀ ਚਾਹਲ ਨੇ ਅੱਗੇ ਦੱਸਿਆ ਕਿ ਪੁਲਿਸ ਕੇਵਲ ਨਸ਼ਾ ਤਸਕਰਾਂ ਨੂੰ ਫੜਨ ਤੱਕ ਹੀ ਸੀਮਤ ਨਹੀਂ ਹੈ, ਸਗੋਂ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਵੀ ਯਤਨਸ਼ੀਲ ਹੈ। ਇਸੇ ਤਹਿਤ 09 ਨਸ਼ਾ ਪੀੜਤ ਵਿਅਕਤੀਆਂ ਨੂੰ ਇਲਾਜ ਲਈ ਓਟ ਸੈਂਟਰਾਂ ਵਿੱਚ ਭਰਤੀ ਕਰਵਾਇਆ ਗਿਆ ਹੈ। ਕਾਨੂੰਨੀ ਪ੍ਰਕਿਰਿਆ ਨੂੰ ਤੇਜ਼ ਕਰਦਿਆਂ, ਪੁਲਿਸ ਨੇ 17 ਅਹਿਮ ਮੁਕੱਦਮਿਆਂ ਦੀ ਤਫ਼ਤੀਸ਼ ਮੁਕੰਮਲ ਕਰਕੇ ਦੋਸ਼ੀਆਂ ਵਿਰੁੱਧ ਮਾਨਯੋਗ ਅਦਾਲਤ ਵਿੱਚ ਚਲਾਨ ਪੇਸ਼ ਕੀਤੇ ਹਨ। ਇਸ ਤੋਂ ਇਲਾਵਾ, ਲੰਬੇ ਸਮੇਂ ਤੋਂ ਫਰਾਰ ਚੱਲ ਰਹੇ 03 ਭਗੌੜੇ ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਵੀ ਕਾਮਯਾਬੀ ਮਿਲੀ ਹੈ। ਜਨਤਕ ਸ਼ਿਕਾਇਤਾਂ ਦੇ ਨਿਪਟਾਰੇ ਲਈ ਪੁਲਿਸ ਨੇ ਪਹਿਲ ਦੇ ਆਧਾਰ ਤੇ ਕਾਰਵਾਈ ਕਰਦਿਆਂ 55 ਦਰਖਾਸਤਾਂ ਦਾ ਤੁਰੰਤ ਹੱਲ ਕੀਤਾ ਹੈ।

# ਲੁੱਟ ਦਾ ਨਾਟਕ ਫ਼ਲਾਪ: ਆਪਣੀ ਹੀ ਕਾਰ ਗਾਇਬ ਕਰਨ ਵਾਲਾ ਚਾਲਕ ਚੜ੍ਹਿਆ ਪੁਲਿਸ ਅੜਿੱਕੇ

ਬਠਿੰਡਾ, 7 ਅਪ੍ਰੈਲ (ਦੀਪਕ ਸ਼ਰਮਾ) : ਬਠਿੰਡਾ ਪੁਲਿਸ ਨੇ ਇੱਕ ਅਜਿਹੇ 'ਸ਼ਾਤਰ' ਦਿਮਾਗ ਦਾ ਪਰਦਾਫਾਸ਼ ਕੀਤਾ ਹੈ, ਜਿਸ ਨੇ ਆਪਣੇ ਹੀ ਮਾਲਕ ਦੀ ਕਾਰ ਖੁਰਦ-ਬੁਰਦ ਕਰਨ ਲਈ ਲੁੱਟ ਦਾ ਪੂਰਾ ਨਾਟਕ ਰਚਿਆ ਸੀ। ਰਾਜਸਥਾਨ ਦੇ ਹਨੂਮਾਨਗੜ੍ਹ ਨਿਵਾਸੀ ਸ਼ੌਕਤ ਅਲੀ ਦੀ ਅਰਟਿਕਾ ਕਾਰ 'ਤੇ ਚਾਲਕ ਵਜੋਂ ਕੰਮ ਕਰਦੇ ਰਾਜਪ੍ਰੀਤ ਸਿੰਘ ਨੇ 4 ਅਪ੍ਰੈਲ ਨੂੰ ਬਠਿੰਡਾ-ਬਰਨਾਲਾ ਰਾਹ 'ਤੇ ਲੁੱਟ ਦੀ ਝੂਠੀ ਕਹਾਣੀ ਬਣਾਈ। ਪਰ ਪੁਲਿਸ ਦੀ ਗਹਿਰਾਈ ਨਾਲ ਕੀਤੀ ਜਾਂਚ ਨੇ ਸੱਚਾਈ ਸਾਹਮਣੇ ਲਿਆ ਦਿੱਤੀ—ਇਹ ਕੋਈ ਲੁੱਟ ਨਹੀਂ ਸੀ, ਸਗੋਂ ਕਾਰ ਗਾਇਬ ਕਰਨ ਦੀ ਨਾਕਾਮ ਕੋਸ਼ਿਸ਼ ਸੀ। ਪੁਲਿਸ ਨੇ ਮੁੱਖ ਦੋਸ਼ੀ ਨੂੰ ਕਾਬੂ ਕਰ ਲਿਆ ਹੈ, ਜਦਕਿ ਉਸ ਦੇ ਹੋਰ ਸਾਥੀਆਂ ਦੀ ਭਾਲ ਜਾਰੀ ਹੈ।ਇਹ ਮਾਮਲਾ ਤਾਂ ਇਕ ਨਾਟਕ ਸਾਬਤ ਹੋਇਆ, ਪਰ ਦੂਜੇ ਪਾਸੇ ਸ਼ਹਿਰ ਵਿੱਚ ਅਸਲ ਅਪਰਾਧ ਵੀ ਲਗਾਤਾਰ ਵਧ ਰਹੇ ਹਨ। ਰਾਮਪੁਰਾ ਫੂਲ ਦੇ ਗਾਂਧੀ ਨਗਰ ਇਲਾਕੇ ਵਿੱਚ ਰਾਤ ਦੇ ਸਮੇਂ ਤਿੰਨ ਨਕਾਬਪੋਸ਼ ਨੌਜਵਾਨਾਂ ਨੇ ਇੱਕ ਕਿਰਾਣੇ ਵਾਲੇ ਨੂੰ ਹਥਿਆਰ ਦਿਖਾ ਕੇ ਨਕਦੀ ਅਤੇ ਮੋਬਾਈਲ ਲੁੱਟ ਲਿਆ। ਇਸ ਦੌਰਾਨ ਇਲਾਕੇ ਦੇ ਲੋਕਾਂ ਨੇ ਹਿੰਮਤ ਦਿਖਾਉਂਦਿਆਂ ਹਮਲਾਵਰਾਂ ਦਾ ਪਿੱਛਾ ਵੀ ਕੀਤਾ, ਪਰ ਉਹ ਹਨੇਰੇ ਦਾ ਫਾਇਦਾ ਚੁੱਕ ਕੇ ਫਰਾਰ ਹੋ ਗਏ।ਸ਼ਹਿਰ ਦੀ ਅਮਨ-ਸ਼ਾਂਤੀ ਉੱਤੇ ਸਵਾਲ ਉਸ ਵੇਲੇ ਹੋਰ ਗੰਭੀਰ ਹੋ ਜਾਂਦੇ ਹਨ, ਜਦੋਂ ਪਿਛਲੀਆਂ ਵਾਰਦਾਤਾਂ ਨੂੰ ਯਾਦ ਕੀਤਾ ਜਾਵੇ। ਕਿਤੇ ਲੋਹੇ ਦੀਆਂ ਸਲਾਖਾਂ ਨਾਲ ਹਮਲੇ, ਕਿਤੇ ਚਾਕੂ ਅਤੇ ਕਿਰਪਾਨ ਨਾਲ ਵਾਰ,ਇਹ ਸਾਰੀਆਂ ਘਟਨਾਵਾਂ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਰਹੀਆਂ ਹਨ। ਪੁਲਿਸ ਹਰ ਮਾਮਲੇ ਵਿੱਚ ਸੀਸੀਟੀਵੀ ਦੀ ਮਦਦ ਨਾਲ ਜਾਂਚ ਦਾ ਦਾਅਵਾ ਕਰ ਰਹੀ ਹੈ, ਪਰ ਲੋਕਾਂ ਦੇ ਮਨ ਵਿੱਚ ਅਜੇ ਵੀ ਅਸੁਰੱਖਿਆ ਦੀ ਭਾਵਨਾ ਵਧ ਰਹੀ ਹੈ।ਇਸੇ ਦਰਮਿਆਨ, ਚੋਰੀ ਦੀਆਂ ਵਾਰਦਾਤਾਂ ਵੀ ਰੁਕਣ ਦਾ ਨਾਮ ਨਹੀਂ ਲੈ ਰਹੀਆਂ। ਸਰਕਾਰੀ ਐਲੀਮੈਂਟਰੀ ਸਕੂਲ ਮਾਤਾ ਜੀਵੀ ਨਗਰ ਵਿੱਚੋਂ ਦਿਨ ਦਿਹਾੜੇ ਸਮਾਨ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਅਣਪਛਾਤੇ ਵਿਅਕਤੀ ਨੇ ਮੌਕਾ ਦੇਖ ਕੇ ਅੰਦਰ ਦਾਖਲ ਹੋ ਕੇ ਕੀਮਤੀ ਸਾਮਾਨ ਚੁੱਕ ਲਿਆ। ਉੱਧਰ, ਰਾਹਗੀਰਾਂ ਤੋਂ ਮੋਬਾਈਲ ਖੋਹਣ ਵਾਲੇ ਦੋ ਨੌਜਵਾਨਾਂ ਨੂੰ ਪੁਲਿਸ ਨੇ ਸੂਚਨਾ ਦੇ ਆਧਾਰ 'ਤੇ ਘੇਰਾਬੰਦੀ ਕਰਕੇ ਕਾਬੂ ਕੀਤਾ ਹੈ। ਪੁੱਛਗਿੱਛ ਦੌਰਾਨ ਹੋਰ ਖੁਲਾਸਿਆਂ ਦੀ ਸੰਭਾਵਨਾ ਜਤਾਈ ਜਾ ਰਹੀ ਹੈ।ਲਗਾਤਾਰ ਸਾਹਮਣੇ ਆ ਰਹੀਆਂ ਇਹ ਘਟਨਾਵਾਂ ਇੱਕ ਪਾਸੇ ਪੁਲਿਸ ਦੀ ਕਾਰਵਾਈ ਨੂੰ ਦਰਸਾਉਂਦੀਆਂ ਹਨ, ਪਰ ਦੂਜੇ ਪਾਸੇ ਇਹ ਵੀ ਸਾਬਤ ਕਰਦੀਆਂ ਹਨ ਕਿ ਅਪਰਾਧੀਆਂ ਦੇ ਹੌਸਲੇ ਹਾਲੇ ਵੀ ਘਟੇ ਨਹੀਂ। ਸ਼ਹਿਰ ਦੇ ਲੋਕ ਹੁਣ ਸਿਰਫ ਕਾਰਵਾਈ ਨਹੀਂ, ਸੁਰੱਖਿਆ ਦੀ ਪੱਕੀ ਗਰੰਟੀ ਚਾਹੁੰਦੇ ਹਨ।

# ਲਾਲੀ ਸਕਰੌਦੀ ਨੂੰ ਸਦਮਾ, ਪਿਤਾ ਦਾ ਦੇਹਾਂਤ

ਭਵਾਨੀਗੜ੍ਹ, 7 ਅਪ੍ਰੈਲ (ਅਮਨਦੀਪ ਸਿੰਘ ਮਾਝਾ) : ਕਿਸਾਨ ਆਗੂ ਅਤੇ ਪੰਜਾਬ ਕਿਸਾਨ ਕਾਂਗਰਸ ਦੇ ਜਨਰਲ ਸਕੱਤਰ ਲਾਲਵਿੰਦਰ ਸਿੰਘ ਲਾਲੀ ਗਰੇਵਾਲ ਅਤੇ ਕੁਲਵਿੰਦਰ ਸਿੰਘ ਗਰੇਵਾਲ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ, ਜਦੋਂ ਉਹਨਾਂ ਦੇ ਪਿਤਾ ਹਰਚਰਨ ਸਿੰਘ ਗਰੇਵਾਲ ਦਾ ਦੇਹਾਂਤ ਹੋ ਗਿਆ। ਸਵ: ਹਰਚਰਨ ਸਿੰਘ ਗਰੇਵਾਲ ਦੇ ਅਕਾਲ ਚਲਾਣਾ ਕਰ ਜਾਣ ਤੇ ਸਮਾਜ ਸੇਵੀ, ਕਿਸਾਨ ਆਗੂਆਂ ਅਤੇ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਜਿੰਨ੍ਹਾਂ ਵਿਚ ਵਿਧਾਇਕ ਸੁਖਪਾਲ ਸਿੰਘ ਖਹਿਰਾ (ਚੇਅਰਮੈਨ ਕਿਸਾਨ ਵਿੰਗ ਆਲ ਇੰਡੀਆ ਕਾਂਗਰਸ), ਡਾ. ਧਰਮਵੀਰ ਗਾਂਧੀ ਐਮ. ਪੀ. ਪਟਿਆਲਾ, ਵਿਜੈਇੰਦਰ ਸਿੰਗਲਾ ਸਾਬਕਾ ਕੈਬਨਿਟ ਮੰਤਰੀ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

# ਅਕਾਲੀ ਏਕਤਾ ਸਿੱਖੀ ਸਿਧਾਂਤਾਂ ਨੂੰ ਮੁੱਖ ਰੱਖ ਕੇ ਹੀ ਹੋ ਸਕਦੀ ਹੈ :ਜਥੇਦਾਰ ਬਹਿਣੀਵਾਲ



ਲਹਿਰਾਗਾਗਾ, 7 ਅਪ੍ਰੈਲ (ਗੁਰਦੀਪ ਸਿੰਘ) : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਆਦੇਸ਼ ਮੁਤਾਬਕ ਪੰਜ ਮੈਂਬਰੀ ਕਮੇਟੀ ਰਾਹੀਂ ਭਰਤੀ ਕਰਕੇ ਹੋਂਦ ਵਿੱਚ ਆਇਆ ਹੈ ਅਤੇ ਸਿੱਖੀ ਸਿਧਾਂਤਾਂ 'ਤੇ ਪਹਿਰਾ ਦਿੰਦਾ ਹੋਇਆ ਸਿੱਖੀ ਪਰੰਪਰਾਵਾਂ ਅਤੇ ਰਵਾਇਤਾਂ ਦੀ ਤਰਜਮਾਨੀ ਕਰਦਾ ਹੋਇਆ ਹਮੇਸ਼ਾਂ ਪੰਜਾਬ ਅਤੇ ਪੰਜਾਬੀਅਤ ਲਈ ਪਹਿਰਾ ਦਿੰਦਾ ਰਹੇਗਾ, ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਪੰਜਾਬ ਦੇ ਮੁੱਦਿਆਂ ਨੂੰ ਲੈ ਕੇ ਹਰ ਘਰ ਦਸਤਕ ਦੇਵੇਗਾ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਜਿਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਅੱਜ ਇੱਥੇ ਇੱਕ ਧਾਰਮਿਕ ਸਮਾਗਮ ਵਿੱਚ ਹਿੱਸਾ ਲੈਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ,ਉਨ੍ਹਾਂ ਕਿਹਾ ਕਿ ਅੱਜ ਪੰਜਾਬ ਨਸ਼ਿਆਂ ਦੀ ਦਲਦਲ ਵਿੱਚ ਫਸਿਆ ਦਿਖਾਈ ਦੇ ਰਿਹਾ ਹੈ, ਸਾਡੀ ਨੌਜਵਾਨ ਪੀੜੀ ਜਿੱਥੇ ਨਸ਼ਿਆਂ ਦੀ ਦਲਦਲ ਵਿੱਚ ਖੁਭੀ ਪਈ ਹੈ ਉੱਥੇ ਪੰਜਾਬ ਦੇ ਨੌਜਵਾਨਾਂ ਲਈ ਬੇਰੁਜ਼ਗਾਰੀ ਮੁੱਖ ਮੁੱਦਾ ਹੈ, ਇਸ ਤੋਂ ਇਲਾਵਾ ਸਾਡੀ ਕਿਸਾਨੀ ਸਰਕਾਰਾਂ ਦੀਆਂ ਬਦਨੀਤੀਆਂ ਕਾਰਨ ਬਰਬਾਦੀ ਦੇ ਕੰਢੇ 'ਤੇ ਆਹ ਖੜੀ ਹੈ, ਪੰਜਾਬ ਵਿੱਚ ਸਰਕਾਰ ਤੋਂ ਜਿੱਥੇ ਲਾਅ ਐਂਡ ਆਰਡਰ ਕੰਟਰੋਲ ਨਹੀਂ ਹੋ ਰਿਹਾ ਉਥੇ ਸੂਬੇ ਅੰਦਰ ਅਰਾਜਕਤਾ ਦਾ ਮਾਹੌਲ ਬਣਿਆ ਪਿਆ ਹੈ ,ਵਪਾਰੀ ਵਰਗ ਆਪਣੇ ਆਪ ਨੂੰ ਅਸੁਰੱਖਿਤ ਮਹਿਸੂਸ ਕਰ ਰਿਹਾ ਹੈ, ਜਿਸ ਕਰਕੇ ਇੰਡਸਟਰੀ ਪੰਜਾਬ ਤੋਂ ਬਾਹਰ ਚਲੀ ਜਾ ਰਹੀ ਹੈ,ਪੰਜਾਬ ਅੰਦਰ ਕੋਈ ਨਵਾਂ ਉਦਯੋਗ ਨਹੀਂ ਲੱਗ ਰਿਹਾ, ਜਿਸ ਨਾਲ ਰੁਜ਼ਗਾਰ ਦੇ ਸਾਧਨ ਪੈਦਾ ਹੋ ਸਕਨ, ਪੰਜਾਬ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ,ਅਕਾਲੀ ਏਕਤਾ ਸਬੰਧੀ ਪੱਤਰਕਾਰ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਉਨਾਂ ਕਿਹਾ ਕਿ ਅਕਾਲੀ ਏਕਤਾ ਸਿੱਖੀ ਸਿਧਾਂਤਾਂ ਨੂੰ ਮੁੱਖ ਰੱਖਕੇ ਹੀ ਹੋ ਸਕਦੀ ਹੈ, ਜਿਹੜੇ ਲੋਕ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਨੂੰ ਮੰਨਦੇ ਹੋਏ ਦੋ ਦਸੰਬਰ 2024 ਦੇ ਹੁਕਮਨਾਮੇ ਦੀ ਪਾਲਣਾ ਕਰਨ ਲਈ ਵਚਨਵੱਧ ਹੋਣਗੇ ਉਹਨਾਂ ਨਾਲ ਹੀ ਏਕਤਾ ਦੀ ਗੱਲ ਹੋ ਸਕਦੀ ਹੈ,

# ਰਾਈਸ ਮਿੱਲਰਜ਼ ਐਸੋਸੀਏਸ਼ਨ ਨੇ ਰਾਜਨ ਸਿੰਗਲਾ ਨੂੰ ਰੋਟਰੀ ਕਲੱਬ ਦਾ ਪ੍ਰਧਾਨ ਬਣਨ 'ਤੇ ਸਨਮਾਨਿਤ ਕੀਤਾ



ਸੁਨਾਮ ਊਧਮ ਸਿੰਘ ਵਾਲਾ, 7 ਅਪ੍ਰੈਲ (ਮੋਹਣ ਸ਼ਰਮਾ / ਰਾਉਵਰਿੰਦਰ ਮਠਾੜੂ) : ਰਾਈਸ ਮਿੱਲਰਜ਼ ਐਸੋਸੀਏਸ਼ਨ ਸੁਨਾਮ ਨੇ ਰਾਜਨ ਸਿੰਗਲਾ ਨੂੰ ਰੋਟਰੀ ਕਲੱਬ ਆਫ਼ ਸੁਨਾਮ (2027-28) ਦਾ ਪ੍ਰਧਾਨ ਬਣਨ ਤੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰਧਾਨ ਸੰਜੀਵ ਕੁਮਾਰ, ਸਰਪ੍ਰਸਤ ਘਣਸ਼ਿਆਮ ਕਾਂਸਲ, ਚੇਅਰਮੈਨ ਸਤੀਸ਼ ਮਿੱਤਲ, ਰਜਨੀਸ਼ ਗੋਲਡੀ ਅਤੇ ਹੋਰ ਮੈਂਬਰਾਂ ਨੇ ਸ੍ਰੀ ਰਾਜਨ ਸਿੰਗਲਾ ਦੀ ਪ੍ਰਧਾਨ ਵਜੋਂ ਨਿਯੁਕਤੀ ਤੇ ਖੁਸ਼ੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਰਾਜਨ ਸਿੰਗਲਾ ਬਹੁਤ ਮਿਹਨਤੀ ਵਿਅਕਤੀ ਹਨ ਅਤੇ ਹਮੇਸ਼ਾ ਸੰਗਠਨ ਦਾ ਸਮਰਥਨ ਕਰਦੇ ਹਨ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਉਹ ਰੋਟਰੀ ਕਲੱਬ ਵਿੱਚ ਵੀ ਪੂਰੀ ਲਗਨ ਨਾਲ ਕੰਮ ਕਰਦੇ ਰਹਿਣਗੇ।ਇਸ ਮੌਕੇ ਰਾਜਨ ਸਿੰਗਲਾ ਨੇ ਐਸੋਸੀਏਸ਼ਨ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਸਨਮਾਨਿਤ ਕੀਤੇ ਜਾਣਾ ਉਨ੍ਹਾਂ ਲਈ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਬਣਨ ਤੇ ਉਹ ਆਪਣੀ ਪੂਰੀ ਟੀਮ ਨਾਲ ਸ਼ਹਿਰ ਲਈ ਸਮਾਜਿਕ ਕਾਰਜਾਂ ਲਈ ਕੰਮ ਕਰਨਗੇ।

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋ ਸ਼ਖ਼ਸੀਅਤ ਉਸਾਰੀ ਅਤੇ ਆਤਮ ਵਿਕਾਸ ਲਈ ਪ੍ਰੇਰਣਾ ਭਾਸ਼ਣ ਕਰਵਾਇਆ



ਬਠਿੰਡਾ, 7 ਅਪ੍ਰੈਲ (ਸੰਦੀਪ ਜੋਸ਼ੀ) : ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਹਿਉਮੈਨਟੀਜ਼ ਐਂਡ ਲੈਂਗੁਏਜ਼ਸ ਦੇ ਧਰਮ ਅਧਿਐਨ ਵਿਭਾਗ ਵੱਲੋਂ ਗੁਰੂ ਨਾਨਕ ਚੇਅਰ ਦੇ ਸਹਿਯੋਗ ਨਾਲ ਵਿਦਿਆਰਥੀਆਂ ਦੀ ਸ਼ਖਸੀਅਤ ਉਸਾਰੀ ਅਤੇ ਆਤਮ ਵਿਕਾਸ ਲਈ ਪ੍ਰੇਰਣਾ ਭਾਸ਼ਣ ਆਯੋਜਿਤ ਕੀਤਾ ਗਿਆ, ਜਿਸ ਵਿੱਚ ਨਾਮਵਰ ਚਿੰਤਕ ਅਤੇ ਵਿਦਵਾਨ ਸਤਨਾਮ ਸਿੰਘ ਸਲ੍ਹੋਪੁਰੀ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ , ਜਦ ਕਿ ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸਮਾਰੋਹ ਵਿੱਚ ਡੀਨ ਡਾ. ਅਮਿੰਤ ਟੁਟੇਜਾ,ਅਧਿਆਪਕ ਅਤੇ ਲਗਭਗ 400 ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਮੁੱਖ ਵਕਤਾ ਸਲ੍ਹੋਪੁਰੀ ਨੇ ਗੁਰਬਾਣੀ ਦੇ ਹਵਾਲੇ ਨਾਲ ਵਿਦਿਆਰਥੀਆਂ ਨੂੰ ਆਪਣੇ ਅਮੀਰ ਵਿਰਸੇ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ। ਉਹਨਾਂ ਵਿਦਿਆਰਥੀਆਂ ਨੂੰ ਪੱਕੇ ਇਰਾਦੇ ਅਤੇ ਇਕਾਗਰਚਿੱਤ ਮਨ ਨਾਲ ਪੜ੍ਹਾਈ ਕਰਨ ਅਤੇ ਗੁਰੂਆਂ ਵੱਲੋਂ ਵਿਖਾਏ ਰਸਤੇ 'ਤੇ ਚੱਲਦਿਆਂ ਨੇਕ ਜ਼ਿੰਦਗੀ ਬਤੀਤ ਕਰਨ ਲਈ ਕਿਹਾ। ਉਹਨਾਂ ਵਿਦਿਆਰਥੀਆਂ ਨੂੰ ਮੁਸ਼ਕਿਲ ਹਾਲਤਾਂ ਤੋ ਨਾਂ ਘਬਰਾਉਣ ਅਤੇ ਹਮੇਸ਼ਾ ਆਪਣਾ ਮਨੋਬਲ ਚੜ੍ਹਦੀ ਕਲਾ ਵਿੱਚ ਰੱਖਣ ਲਈ ਕਿਹਾ। ਉਹਨਾਂ ਵਿਸ਼ੇਸ਼ ਤੌਰ ਤੇ ਗੁਰਬਾਣੀ ਦਾ ਟੀਕਾ ਕਰਨ ਵਾਲੇ ਮਹਾਨ ਟੀਕਾਕਾਰ ਡਾ. ਸਾਹਿਬ ਸਿੰਘ ਦੇ ਜੀਵਨ ਦਾ ਹਵਾਲਾ ਦਿੰਦਿਆਂ ਔਖੇ ਹਲਾਤਾਂ ਵਿੱਚ ਵੀ ਮੰਜ਼ਿਲ ਫਤਿਹ ਕਰਨ ਦੀ ਗੱਲ ਆਖੀ। ਉਹਨਾਂ ਭਾਰਤੀ ਇਤਿਹਾਸ ਵਿੱਚ ਗੁਰਬਾਣੀ ਦੇ ਸੰਕਲਪਾਂ ਨਾਲ ਸੰਬੰਧਿਤ ਕਿਤਾਬਾਂ ਵੀ ਵਿਦਿਆਰਥੀਆਂ ਨੂੰ ਭੇਟ ਕੀਤੀਆਂ। ਵਾਈਸ ਚਾਂਸਲਰ (ਡਾ.) ਧੀਮਾਨ ਨੇ ਕਿਹਾ ਕਿ ਸੁੱਖ-ਦੁੱਖ ਜ਼ਿੰਦਗੀ ਦੇ ਦੋ ਪਹਿਲੂ ਹਨ, ਜਿਸ ਤਰ੍ਹਾਂ ਧੁੱਪ ਤੇ ਛਾਂ ਸਾਡੀ ਜ਼ਿੰਦਗੀ ਦਾ ਹਿੱਸਾ ਹਨ, ਠੀਕ ਉਸੇ ਤਰ੍ਹਾਂ ਖੁਸ਼ਹਾਲੀ ਅਤੇ ਦੁੱਖ ਸਾਡੇ ਜੀਵਨ ਦਾ ਹਿੱਸਾ ਹਨ। ਇਸ ਲਈ ਮੁਸ਼ਕਿਲ ਘੜੀ ਵਿੱਚ ਹੌਸਲਾਂ ਨਹੀਂ ਛੱਡਣ ਚਾਹੀਦਾ, ਸਗੋਂ ਆਪਣੀ ਮੰਜ਼ਿਲ ਵੱਲ ਵਧਣਾ ਚਾਹੀਦਾ ਹੈ। ਕਿਉਂਕਿ ਹਰੇਕ ਨੂੰ ਆਪਣਾ ਮੂਲ ਪਛਾਣ ਦੇ ਫ ਲਸਫੇ ਅਨੁਸਾਰ ਚੜ੍ਹਦੀ ਕਲਾ 'ਚ ਰਹਿਣ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ। ਸਮਾਰੋਹ ਦਾ ਸੰਚਾਲਨ ਕਰਦੇ ਹੋਏ ਵਿਭਾਗ ਮੁੱਖੀ ਡਾ. ਗੁਰਜੀਤ ਸਿੰਘ ਖਾਲਸਾ ਨੇ ਕਿਹਾ ਕਿ ਮੁਸ਼ਕਿਲ ਸਾਡੇ ਜੀਵਨ ਦੀ ਪਰੀਖਿਆ ਦਾ ਸਮਾਂ ਹੁੰਦਾ ਹੈ, ਇਸ ਲਈ ਸੰਕਟ ਦੀ ਘੜੀ ਸਮੇਂ ਪਰਮਾਤਮਾ ਵਿੱਚ ਵਿਸ਼ਵਾਸ ਰੱਖਦੇ ਹੋਏ, ਆਪਣੇ ਸੱਚੇ ਕਰਮ ਕਰਦੇ ਰਹਿਣਾ ਚਾਹੀਦਾ ਹੈ। ਆਯੋਜਕਾਂ ਵੱਲੋਂ ਮੁੱਖ ਵਕਤਾ ਨੂੰ ਦੁਸ਼ਾਲੇ ਅਤੇ ਸਮ੍ਰਿਤੀ ਚਿੰਨ੍ਹ ਨਾਲ ਸਨਮਾਨਿਤ ਕੀਤਾ।

# ਭੱਠਾ ਐਸੋਸੀਏਸ਼ਨ ਦੀ ਅਹਿਮ ਮੀਟਿੰਗ, 20 ਨੂੰ



ਲਹਿਰਾਗਾਗਾ, 7 ਅਪ੍ਰੈਲ (ਰਾਮੇਸ਼ਵਰ ਸ਼ਰਮਾ/ ਖੁਸਵਿੰਦਰ ਸ਼ਰਮਾ) : ਭੱਠਾ ਐਸੋਸੀਏਸ਼ਨ ਬਲਾਕ ਲਹਿਰਾਗਾਗਾ ਦੀ ਇੱਕ ਵਿਸ਼ੇਸ਼ ਮੀਟਿੰਗ ਸਥਾਨਕ ਹੋਟਲ ਅਮਰੀਕਨ ਹਿੱਲ ਵਿਖੇ ਪ੍ਰਧਾਨ ਅਸ਼ਵਨੀ ਕੁਮਾਰ ਆਸ਼ੂ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੇਖੋ ਆਪਣੀ ਟੀਮ ਸਮੇਤ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਦੌਰਾਨ ਭੱਠਾ ਉਦਯੋਗ ਨਾਲ ਜੁੜੀਆਂ ਆ ਰਹੀਆਂ ਸਮੱਸਿਆਵਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸਭ ਦੀ ਸਹਿਮਤੀ ਨਾਲ ਇਹ ਅਹਿਮ ਫੈਸਲਾ ਲਿਆ ਗਿਆ ਕਿ 20 ਮਈ 2026 ਨੂੰ ਜ਼ਿਲ੍ਹੇ ਦੇ ਸਾਰੇ ਭੱਠੇ ਬੰਦ ਰੱਖੇ ਜਾਣਗੇ।ਇਸ ਦੇ ਨਾਲ ਹੀ ਇਹ ਵੀ ਤੈਅ ਕੀਤਾ ਗਿਆ ਕਿ ਸਰਕਾਰੀ ਤੌਰ 'ਤੇ ਨਿਰਧਾਰਿਤ 8400 ਰੁਪਏ ਡੀਸੀ ਰੇਟ ਅਨੁਸਾਰ ਹੀ ਇੱਟਾਂ ਦੀ ਵਿਕਰੀ ਕੀਤੀ ਜਾਵੇਗੀ ਅਤੇ ਕੋਈ ਵੀ ਭੱਠਾ ਮਾਲਕ ਇਸ ਦੀ ਉਲੰਘਣਾ ਨਹੀਂ ਕਰੇਗਾ। ਕੋਲੇ ਦੇ ਵਧ ਰਹੇ ਭਾਅ ਨੂੰ ਧਿਆਨ ਵਿੱਚ ਰੱਖਦਿਆਂ ਇਹ ਫੈਸਲਾ ਲਿਆ ਗਿਆ ਹੈ।ਮੀਟਿੰਗ ਵਿੱਚ ਮੌਜੂਦ ਸਾਰੇ ਭੱਠਾ ਮਾਲਕਾਂ ਨੇ ਇਕਜੁੱਟਤਾ ਦਿਖਾਉਂਦੇ ਹੋਏ ਇਸ ਫੈਸਲੇ ਨੂੰ ਲਾਗੂ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਪ੍ਰਧਾਨ ਅਸ਼ਵਨੀ ਕੁਮਾਰ ਆਸ਼ੂ ਤੋਂ ਇਲਾਵਾ ਹੇਮੰਤ ਹਨੀ, ਸੰਦੀਪ ਦੀਪੂ ਅਤੇ ਹੋਰ ਭੱਠਾ ਮਾਲਕ ਵੀ ਹਾਜ਼ਰ ਸਨ।ਮਾਲਕ ਵੀ ਹਾਜ਼ਰ ਸਨ।

# ਹਰ ਇਕ ਵਰਕਰ ਦਾ ਕੀਤਾ ਜਾਵੇਗਾ ਸਨਮਾਨ : ਕੁਲਵੰਤ ਰਾਏ ਸਿੰਗਲਾ



ਬੁਢਲਾਡਾ, 7 ਅਪ੍ਰੈਲ ( ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ): ਬਰੇਟਾ ਵਿੱਚ ਕਾਂਗਰਸ ਪਾਰਟੀ ਦੀਆਂ ਸਰਗਰਮੀਆਂ ਨੂੰ ਹੋਰ ਤੇਜ਼ੀ ਦੇਣ ਲਈ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਵੱਲੋਂ ਲਗਾਤਾਰ ਦੌਰੇ ਕੀਤੇ ਜਾ ਰਹੇ ਹਨ। ਇਸੀ ਤਹਿਤ ਅੱਜ ਉਹ ਬਰੇਟਾ ਵਿਖੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸ੍ਰੀ ਪ੍ਰਕਾਸ਼ ਚੰਦ ਕੁਲਰੀਆਂ ਦੀ ਦੁਕਾਨ 'ਤੇ ਪਹੁੰਚੇ, ਜਿੱਥੇ ਉਨ੍ਹਾਂ ਵਰਕਰਾਂ ਨਾਲ ਮੁਲਾਕਾਤ ਕਰਦਿਆਂ ਪਾਰਟੀ ਦੀ ਮਜ਼ਬੂਤੀ ਲਈ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਕੁਲਵੰਤ ਰਾਏ ਸਿੰਗਲਾ ਨੇ ਸਪੱਸ਼ਟ ਕੀਤਾ ਕਿ ਕਾਂਗਰਸ ਪਾਰਟੀ ਵਿੱਚ ਹਰ ਇਕ ਵਰਕਰ ਅਤੇ ਆਗੂ ਦਾ ਸਨਮਾਨ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜੋ ਵੀ ਵਰਕਰ ਦਿਲੋਂ ਪਾਰਟੀ ਲਈ ਕੰਮ ਕਰ ਰਿਹਾ ਹੈ, ਉਸ ਦੀ ਕਦਰ ਕਰਨਾ ਅਤੇ ਉਸ ਨੂੰ ਬਨਦਾ ਮਾਣ-ਸਨਮਾਨ ਦੇਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪਾਰਟੀ ਦੀ ਅਸਲੀ ਤਾਕਤ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਵਰਕਰ ਹੁੰਦੇ ਹਨ ਅਤੇ ਉਹਨਾਂ ਦੀ ਮਿਹਨਤ ਨਾਲ ਹੀ ਕਾਂਗਰਸ ਮਜ਼ਬੂਤ ਬਣਦੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਉੱਚ ਅਧਿਕਾਰੀਆਂ ਵੱਲੋਂ ਉਨ੍ਹਾਂ 'ਤੇ ਜਤਾਇਆ ਗਿਆ ਭਰੋਸਾ ਉਹ ਪੂਰੀ ਨਿਸ਼ਠਾ ਨਾਲ ਨਿਭਾ ਰਹੇ ਹਨ ਅਤੇ ਜ਼ਿਲ੍ਹੇ ਦੇ ਹਰ ਕੋਨੇ ਵਿੱਚ ਜਾ ਕੇ ਵਰਕਰਾਂ ਨਾਲ ਸਿੱਧੀ ਗੱਲਬਾਤ ਕਰ ਰਹੇ ਹਨ। ਉਹਨਾਂ ਨੇ ਕਿਹਾ ਕਿ ਜ਼ਿਲ੍ਹੇ ਦੇ ਹਰ ਹਲਕੇ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾ ਰਿਹਾ ਹੈ। ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਬਣਾਉਣ ਲਈ ਵਰਕਰਾਂ ਨੂੰ ਇਕਜੁੱਟ ਕਰਨਾ ਸਮੇਂ ਦੀ ਲੋੜ ਹੈ।ਸਿੰਗਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਹੀ ਆਮ ਲੋਕਾਂ ਦੀ ਪਾਰਟੀ ਰਹੀ ਹੈ ਅਤੇ ਲੋਕਾਂ ਦੇ ਹੱਕਾਂ ਦੀ ਲੜਾਈ ਲੜਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਲੋਕ ਮਹਿੰਗਾਈ, ਬੇਰੁਜ਼ਗਾਰੀ ਅਤੇ ਹੋਰ ਮੁੱਦਿਆਂ ਨਾਲ ਜੂਝ ਰਹੇ ਹਨ ਅਤੇ ਕਾਂਗਰਸ ਪਾਰਟੀ ਹੀ ਲੋਕਾਂ ਦੀ ਆਵਾਜ਼ ਬਣ ਸਕਦੀ ਹੈ। ਇਸ ਲਈ ਪਾਰਟੀ ਦੇ ਹਰ ਵਰਕਰ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਲੋਕਾਂ ਨਾਲ ਜੁੜਨਾ ਚਾਹੀਦਾ ਹੈ।

# ਬੇਮੌਸਮੀ ਬਰਸਾਤ ਨੇ ਅੰਨਦਾਤਾ ਦੀ ਚਿੰਤਾ ਵਧਾਈ: ਸ਼ੇਰਗੜ੍ਹ



ਅਰਨੋਂ, 7 ਅਪ੍ਰੈਲ (ਕਰਮਵੀਰ ਸਿੰਘ ) : ਸਮਾਨ ਵਿੱਚ ਛਾਏ ਕਾਲੇ ਬੱਦਲ ਅਤੇ ਤੇਜ ਹਵਾਵਾਂ ਦੇ ਮੌਸਮ ਨੇ ਕਿਸਾਨਾਂ ਦੀ ਚਿੰਤਾ ਵਿੱਚ ਵਾਧਾ ਕਰ ਦਿੱਤਾ ਹੈ। ਇਸ ਸਬੰਧੀ ਬੀ, ਕੇ, ਯੂ, ਖੋਸਾ, ਦੇ ਜਿਲ੍ਹਾ ਪ੍ਰਧਾਨ ਸ.ਬਲਜੀਤ ਸਿੰਘ ਸੰਧੂ ਸ਼ੇਰਗੜ ਨੇ ਕਿਹਾ ਕਿ ਜੇਕਰ ਆਉਣ ਵਾਲੇ ਦਿਨਾਂ ਵਿੱਚ ਤੇਜ਼ ਹਵਾਵਾਂ ਜਾਂ ਬੇ ਮੌਸਮੀ ਬਰਸਾਤ ਹੁੰਦੀ ਹੈ ਤਾਂ ਕਿਸਾਨਾਂ ਨੂੰ ਵੱਡਾ ਆਰਥਿਕ ਨੁਕਸਾਨ ਝੱਲਣਾ ਪੈ ਸਕਦਾ ਹੈ।ਉਹਨਾਂ ਨੇ ਕਿਹਾ ਕਿ ਇਸ ਵੇਲੇ ਖੇਤਾਂ ਵਿੱਚ ਖੜੀ ਕਣਕ ਦੀ ਫਸਲ ਪੂਰੀ ਤਰਾਂ ਪੱਕ ਕੇ ਤਿਆਰ ਹੋਣ ਦੇ ਕੰਢੇ ਪਹੁੰਚ ਚੁੱਕੀ ਹੈ। ਕਿਸਾਨਾਂ ਨੇ ਇਸ ਫਸਲ ਨੂੰ ਪੁੱਤਾ ਵਾਂਗ ਪਾਲਿਆ ਹੈ ਅਤੇ ਹੁਣ ਵਾਢੀ ਤੋਂ ਠੀਕ ਪਹਿਲਾਂ ਮੌਸਮ ਅਚਾਨਕ ਖਰਾਬ ਹੋਣਾ ਉਨਾ ਕਿਸਾਨਾਂ ਦੀਆਂ ਉਮੀਦਾਂ ਤੇ ਪਾਣੀ ਫੇਰ ਸਕਦਾ ਹੈ। ਸੰਧੂ ਨੇ ਦੱਸਿਆ ਕਿ ਜੇਕਰ ਤੇਜ ਹਵਾਵਾਂ ਚਲਦੀਆਂ ਹਨ ਜਾਂ ਮੀਹ ਪੈਂਦਾ ਹੈ ਤਾ ਕਣਕ ਦੀ ਫਸਲ ਢਹਿ ਸਕਦੀ ਹੈ ਜਿਸ ਨਾਲ ਪੈਦਾਵਾਰ ਤੇ ਗੁਣਵੰਤਾ ਦੋਵਾਂ ਤੇ ਮਾੜਾ ਅਸਰ ਪਵੇਗਾ। ਸੰਧੂ ਨੇ ਇਹ ਵੀ ਕਿਹਾ ਕਿ ਸਿਰਫ ਕਣਕ ਹੀ ਨਹੀਂ ਸਗੋਂ ਮੌਸਮੀ ਫਸਲਾਂ ਵੀ ਇਸ ਬਦਲ ਦੇ ਮੌਸਮ ਨਾਲ ਪ੍ਰਭਾਵਿਤ ਹੋ ਸਕਦੀਆਂ ਹਨ, ਉਨ੍ਹਾਂ ਨੇ ਕਿਹਾ ਕਿ ਇਹ ਸਾਰੀਆਂ ਫਸਲਾਂ ਕਿਸਾਨਾਂ ਲਈ ਆਮਦਨ ਦਾ ਵੱਡਾ ਸਾਧਨ ਹੁੰਦੀਆਂ ਨੇ ਅਤੇ ਜੇ ਮੌਸਮ ਨੇ ਸਾਥ ਨਾ ਦਿੱਤਾ ਤਾਂ ਕਿਸਾਨਾਂ ਦੇ ਆਰਥਿਕ ਹਾਲਤ ਹੋਰ ਵੀ ਕਮਜ਼ੋਰ ਹੋ ਸਕਦੇ ਹਨ। ਅੰਤ ਚ ਉਹਨਾਂ ਕਿਹਾ ਕਿ ਕਿਸਾਨ ਪਹਿਲਾਂ ਹੀ ਵਧ ਰਹੀ ਮਹਿੰਗਾਈ, ਖਰਚਿਆਂ ਅਤੇ ਮੰਡੀ ਸਬੰਧੀ ਸਮੱਸਿਆਵਾ ਨਾਲ ਜੂਝ ਰਿਹਾ ਹੈ। ਜੇਕਰ ਕੁਦਰਤ ਵੀ ਸਾਥ ਨਾ ਦੇਵੇ ਤਾਂ ਅੰਨਦਾਤਾ ਲਈ ਹਾਲਾਤ ਹੋਰ ਵੀ ਮੁਸ਼ਕਿਲ ਹੋ ਜਾਂਦੇ ਹਨ

# ਭਾਜਪਾ ਨੇ ਸਥਾਪਨਾ ਦਿਵਸ ਉਤਸ਼ਾਹ ਨਾਲ ਮਨਾਇਆ



ਭੁੱਚੋ ਮੰਡੀ ਨਥਾਣਾ, 7 ਅਪ੍ਰੈਲ (ਹਰਬੰਸ ਸਿੰਘ ਭੋਲਾ) : ਵਿਧਾਨ ਸਭਾ ਹਲਕਾ ਭੁੱਚੋ ਮੰਡੀ ਦੇ ਪਿੰਡ ਸੇਮਾ ਕਲਾ ਵਿਖੇ ਭਾਰਤੀ ਜਨਤਾਂ ਪਾਰਟੀ ਨੇ ਪਾਰਟੀ ਦਾ ਸਥਾਪਨਾ ਦਿਵਸ ਪਾਰਟੀ ਦਾ ਝੰਡਾ ਲਹਿਰਾ ਕੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਇਸ ਮੌਕੇ ਭਾਰਤੀ ਜਨਤਾਂ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸਰੂਪ ਚੰਦ ਸਿੰਗਲਾ ਦੀ ਅਗਵਾਈ ਵਿੱਚ ਹਲਕਾ ਭੁੱਚੋ ਦੇ ਮੰਡਲ ਪ੍ਰਧਾਨ ਤੇ ਭਾਰਤੀ ਜਨਤਾਂ ਪਾਰਟੀ ਦੇ ਆਗੂਆਂ ਸਮੇਤ ਭਾਰੀ ਗਿਣਤੀ ਵਿੱਚ ਵਰਕਰਾਂ ਤੇ ਆਗੂਆਂ ਨੇ ਆਪਣੀ ਹਾਜ਼ਰੀ ਲਗਵਾਈ ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸਰੂਪ ਚੰਦ ਸਿੰਗਲਾ, ਮੀਤ ਪ੍ਰਧਾਨ ਰੰਜੀਵ ਟੀਨੂੰ, ਜ਼ਿਲ੍ਹਾ ਜਨਰਲ ਸਕੱਤਰ ਜਤਿੰਦਰ ਗੋਗੀ ਕਲਿਆਣ , ਬੀ ਜੇ ਪੀ ਸੀਨੀਅਰ ਆਗੂ ਡਾਕਟਰ ਕੁਲਰਾਜ ਸਿੰਘ, ਜ਼ਿਲ੍ਹਾ ਪ੍ਰਧਾਨ ਐਸ ਸੀ ਮੋਰਚਾ ਬਲਦੇਵ ਸਿੰਘ ਆਕਲੀਆ,ਮੰਡਲ ਪ੍ਰਧਾਨ ਵਿਸ਼ਾਲ ਮਹੇਸ਼ਵਰੀ, ਮੰਡਲ ਪ੍ਰਧਾਨ ਮਾਸਟਰ ਚਰਨਜੀਤ ਸਿੰਘ ਲਹਿਰਾਂ ਮਹੁੱਬਤ,ਨਥਾਣਾ ਮੰਡਲ ਪ੍ਰਧਾਨ ਰਾਮ ਲਾਲ ਗੰਗਾ, ਸਾਬਕਾ ਮੰਡਲ ਪ੍ਰਧਾਨ ਜਤਿੰਦਰ ਸੇਮਾ ਕਲਾ ਇਨ੍ਹਾਂ ਸਾਰੇ ਆਗੂਆਂ ਨੇ ਪਾਰਟੀ ਦੇ ਸਥਾਪਨਾ ਦਿਵਸ ਦੀ ਖੁਸ਼ੀ ਮਨਾਉਂਦਿਆਂ ਹੋਇਆਂ ਜ਼ਿਲ੍ਹਾ ਪ੍ਰਧਾਨ ਸਰੂਪ ਚੰਦ ਸਿੰਗਲਾ ਦੀ ਅਗਵਾਈ ਵਿੱਚ ਪਾਰਟੀ ਦਾ ਝੰਡਾ ਲਹਿਰਾਇਆ ਗਿਆ ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸਰੂਪ ਚੰਦ ਸਿੰਗਲਾ ਦੀ ਜ਼ਿਲ੍ਹਾ ਪ੍ਰਧਾਨ ਐੱਸ ਸੀ ਮੋਰਚਾ ਬਲਦੇਵ ਸਿੰਘ ਆਕਲੀਆ ਤੇ ਸੀਨੀਅਰ ਬੀਜੇਪੀ ਆਗੂ ਡਾਕਟਰ ਕੁਲਰਾਜ ਸਿੰਘ ਨੇ ਪਾਰਟੀ ਦੇ ਸਥਾਪਨਾ ਦਿਵਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਤੇ ਸਭਨਾਂ ਨੂੰ ਇਸ ਸ਼ੁਭ ਅਵਸਰ ਦੀ ਵਧਾਈ ਦਿੱਤੀ ਤੇ ਪਾਰਟੀ ਦੇ 47 ਸਾਲਾ ਦੇ ਸਫ਼ਰ ਦੀ ਕਹਾਣੀ ਬਿਆਨ ਕੀਤੀ ਤੇ ਜਿਸ ਨੂੰ ਸੁਣ ਕਿ ਸਭਨਾਂ ਨੇ ਫ਼ਖ਼ਰ ਮਹਿਸੂਸ ਕੀਤਾ ਕਿ ਅਸੀਂ ਵੀ ਇਸ ਪਾਰਟੀ ਦੇ ਪਰਿਵਾਰ ਹਿਸਾ ਬਣ ਚੁੱਕੇ ਆ ਇਸ ਪਾਰਟੀ ਨੇ ਜੋ ਵੀ ਲੋਕ ਭਲਾਈ ਸਕੀਮਾਂ, ਗਰੀਬਾਂ, ਮਜ਼ਦੂਰਾਂ, ਬੇਸਹਾਰਾ ਲੋਕਾਂ ਦਾ ਸਹਾਰਾ ਬਣਕੇ ਸੇਵਾ ਕਰਨ ਦਾ ਸੰਕਲਪ ਲਿਆ

# ਰੇਲਵੇ ਨਾਲ ਸਬੰਧਤ ਮੰਗਾਂ ਨੂੰ ਲੈ ਕੇ ਧੂਰੀ ਵਿਕਾਸ ਮੰਚ ਨੇ ਡੀ.ਆਰ.ਐਮ ਨੂੰ ਸੌਂਪਿਆ ਮੰਗ ਪੱਤਰ



ਧੂਰੀ, 7 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਅੰਬਾਲਾ ਰੇਲਵੇ ਡਵੀਜਨ ਦੇ ਮੈਨੇਜਰ ਵਿਨੋਦ ਭਾਟੀਆ ਵੱਲੋਂ ਅੱਜ ਸਥਾਨਕ ਰੇਲਵੇ ਸਟੇਸ਼ਨ ਦੇ ਕੀਤੇ ਗਏ ਦੌਰੇ ਦੌਰਾਨ ਧੂਰੀ ਵਿਕਾਸ ਮੰਚ ਧੂਰੀ ਦੇ ਆਹੁੱਦੇਦਾਰਾਂ ਵੱਲੋਂ ਰੇਲਵੇ ਸਟੇਸ਼ਨ 'ਤੇ ਯਾਤਰੂਆਂ ਨੂੰ ਦਰਪੇਸ਼ ਮੁਸ਼ਕਲਾਂ ਸੰਬੰਧੀ ਮੰਗ ਪੱਤਰ ਸੌਂਪਿਆ ਗਿਆ। ਡੀ.ਆਰ.ਐਮ ਵਿਨੋਦ ਭਾਟੀਆ ਅੱਜ ਸਥਾਨਕ ਰੇਲਵੇ ਸਟੇਸ਼ਨ 'ਤੇ ਚੱਲ ਰਹੇ ਵਿਕਾਸ ਕਾਰਜਾ ਦਾ ਜਾਇਜ਼ਾ ਲੈਣ ਲਈ ਪੁੱਜੇ ਸਨ। ਇਸ ਮੌਕੇ ਧੂਰੀ ਵਿਕਾਸ ਮੰਚ ਧੂਰੀ ਦੇ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਸਕੱਤਰ ਜਨਰਲ ਹੰਸ ਰਾਜ ਬਜਾਜ ਅਤੇ ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ ਵੱਲੋਂ ਡੀ.ਆਰ.ਐਮ ਨੂੰ ਸੌਂਪੇ ਗਏ ਮੰਗ ਪੱਤਰ ਰਾਹੀਂ ਰੇਲਵੇ ਗੱਡੀਆਂ ਦੇ ਸਥਾਨਕ ਰੇਲਵੇ ਸਟੇਸ਼ਨ 'ਤੇ ਠਹਿਰਾ ਅਤੇ ਰੂਟ 'ਚ ਵਾਧਾ ਕਰਨ ਦੀ ਮੰਗ ਕਰਦਿਆਂ ਸਵਾਰੀ ਗੱਡੀ ਨੰਬਰ 54631 ਹਿਸਾਰ -ਧੂਰੀ ਨੂੰ ਲੁਧਿਆਣਾ ਤੱਕ, ਰੇਲ ਗੱਡੀ ਨੰਬਰ 54766 ਬਠਿੰਡਾ-ਧੂਰੀ ਨੂੰ ਅੰਬਾਲਾ ਤੱਕ, ਗੱਡੀ ਨੰਬਰ 54553 ਅੰਬਾਲਾ-ਧੂਰੀ ਨੂੰ ਪੁਰਾਣੇ ਸਮੇਂ ਮੁਤਾਬਿਕ ਬਹਾਲ ਕਰਨ, ਰੇਲ ਗੱਡੀਆਂ ਅੰਦਰ ਸਫ਼ਾਈ ਦੇ ਪੁਖ਼ਤਾ ਪ੍ਰਬੰਧ ਕਰਨ, ਰੇਲਵੇ ਕੁਆਟਰਾਂ ਦੇ ਨਵੀਨੀਕਰਨ, ਸਟੇਸ਼ਨ ਤੇ ਚੱਲ ਰਹੇ ਵਿਕਾਸ ਕਾਰਜਾਂ ਚ ਨਿਰਧਾਰਿਤ ਮਾਪ ਦੰਡਾਂ ਮੁਤਾਬਿਕ ਮੈਟੀਰੀਅਲ ਦੀ ਵਰਤੋਂ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ। ਡੀ.ਆਰ.ਐਮ ਵਿਨੋਦ ਭਾਟੀਆ ਨੇ ਭਰੋਸਾ ਦਿੱਤਾ ਕਿ ਮੰਗ ਪੱਤਰ ਚ ਸ਼ਾਮਲ ਮੰਗਾਂ ਨੂੰ ਰੇਲਵੇ ਬੋਰਡ ਤੱਕ ਪਹੁੰਚਾ ਕੇ ਹੱਲ ਕਰਵਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ।

# ਵਿਸ਼ਵ ਸਿਹਤ ਦਿਵਸ ਮੌਕੇ ਲੋਕਾਂ ਨੂੰ ਕੀਤਾ ਜਾਗਰੂਕ



ਕੌਹਰੀਆਂ,7 ਅਪ੍ਰੈਲ (ਅਵਤਾਰ ਸਿੰਘ ਜਟਾਣਾ ) :ਸਿਵਲ ਸਰਜਨ ਡਾ. ਅਮਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਬਲਜਿੰਦਰ ਕੌਰ ਕਾਹਲੋਂ ਦੀ ਅਗਵਾਈ ਵਿੱਚ ਸਿਹਤ ਬਲਾਕ ਕੌਹਰੀਆਂ ਅਧੀਨ ਵੱਖ ਵੱਖ ਸਿਹਤ ਕੇਂਦਰਾਂ ਵਿੱਚ ਅੱਜ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਜਿਸ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਤੇ ਬਿਮਾਰੀਆਂ ਦੀ ਰੋਕਥਾਮ ਬਾਰੇ ਜਾਗਰੂਕ ਕਰਨਾ ਸੀ। ਡਾ. ਬਲਜਿੰਦਰ ਕੌਰ ਕਾਹਲੋਂ ਨੇ ਦੱਸਿਆ ਕਿ ਮੌਜੂਦਾ ਦੌਰ ਵਿੱਚ ਵਧ ਰਹੀਆਂ ਗੈਰ-ਸੰਚਾਰੀ ਬਿਮਾਰੀਆਂ ਜਿਵੇਂ ਕਿ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਤੋਂ ਬਚਣ ਲਈ ਸੰਤੁਲਿਤ ਖੁਰਾਕ ਅਤੇ ਰੋਜ਼ਾਨਾ ਕਸਰਤ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਵਿਗਿਆਨਕ ਖੋਜਾਂ ਨੇ ਵੱਡੀ ਗਿਣਤੀ ਬਿਮਾਰੀਆਂ ਨੂੰ ਠੱਲ੍ਹ ਪਾਈ ਹੈ। ਟੀਕਾਕਰਨ ਨਾਲ ਕਈ ਮਾਰੂ ਬਿਮਾਰੀਆਂ ਨੂੰ ਕਾਬੂ ਕੀਤਾ ਜਾ ਸਕਿਆ ਹੈ। ਉਨ੍ਹਾਂ ਕਿਹਾ ਕਿ ਸਿਹਤ ਸਬੰਧੀ ਜਾਗਰੂਕਤਾ ਵਧਾਉਣ ਨਾਲ ਅਸੀਂ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਅਹਿਮ ਯੋਗਦਾਨ ਪਾ ਸਕਦੇ ਹਾਂ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਹਰ ਨਾਗਰਿਕ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਨਰਿੰਦਰ ਪਾਲ ਸਿੰਘ ਬਲਾਕ ਐਜੂਕੇਟਰ ਵੱਲੋ ਸੀ.ਐਚ.ਸੀ. ਕੌਹਰੀਆਂ ਵਿਖੇ ਲੋਕਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਿਹਤ ਸਕੀਮਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਤਾਂ ਜੋ ਗਰੀਬ ਅਤੇ ਲੋੜਵੰਦ ਵਰਗ ਇਨ੍ਹਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਾਨੂੰ ਨਸ਼ਿਆਂ ਅਤੇ ਜੰਕ ਫੂਡ ਵਰਗੀਆਂ ਮਾੜੀਆਂ ਆਦਤਾਂ ਦਾ ਤਿਆਗ ਕਰਕੇ ਕੁਦਰਤੀ ਖੁਰਾਕ ਵੱਲ ਮੁੜਨਾ ਚਾਹੀਦਾ ਹੈ।ਇਸ ਮੌਕੇ ਵੀਰ ਸਿੰਘ, ਦਵਿੰਦਰ ਸਿੰਘ, ਮਨਦੀਪ ਸਿੰਘ ਵੀ ਹਾਜ਼ਰ ਸਨ।

# ਸਾਈਬਰ ਠੱਗਾਂ ਦਾ ਨਵਾਂ ਡਿਜੀਟਲ ਹਥਿਆਰ: ਜੰਗ ਅਤੇ ਤਾਲਾਬੰਦੀ ਦੇ ਨਾਂ 'ਤੇ ਫ਼ੋਨਾਂ 'ਚ ਵੜ ਰਿਹੈ ਜਾਨਲੇਵਾ ਵਾਇਰਸ

ਬਠਿੰਡਾ, 7 ਅਪ੍ਰੈਲ (ਦੀਪਕ ਸ਼ਰਮਾ)ਜਦੋਂ ਦੁਨੀਆ ਕਿਸੇ ਜੰਗ ਜਾਂ ਤਾਲਾਬੰਦੀ ਦੀ ਦਹਿਸ਼ਤ ਵਿੱਚ ਹੁੰਦੀ ਹੈ, ਉਦੋਂ ਸਾਈਬਰ ਅਪਰਾਧੀ ਤੁਹਾਡੀ ਇਸੇ ਮਾਨਸਿਕਤਾ ਨੂੰ ਆਪਣਾ ਸ਼ਿਕਾਰ ਬਣਾਉਂਦੇ ਹਨ। ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ (ਐਨ.ਸੀ.ਆਰ.ਬੀ.) ਦੀ ਰਿਪੋਰਟ ਇੱਕ ਭਿਆਨਕ ਸੱਚਾਈ ਬਿਆਨ ਕਰਦੀ ਹੈ ਕਿ ਭਾਰਤ ਵਿੱਚ ਸਾਈਬਰ ਠੱਗਾਂ ਨੇ ਵੱਖ-ਵੱਖ ਢੰਗਾਂ ਨਾਲ ਹੁਣ ਤੱਕ ਹਜ਼ਾਰਾਂ ਕਰੋੜ ਰੁਪਏ ਦੀ ਠੱਗੀ ਮਾਰੀ ਹੈ। ਅਫ਼ਸੋਸਨਾਕ ਪਹਿਲੂ ਇਹ ਹੈ ਕਿ ਇਹ ਸਿਰਫ਼ ਪੈਸੇ ਦੀ ਲੁੱਟ ਨਹੀਂ, ਸਗੋਂ ਕਈ ਮਾਮਲਿਆਂ ਵਿੱਚ ਲੋਕਾਂ ਨੇ ਇਸ ਮਾਨਸਿਕ ਪੀੜਾ ਅਤੇ ਬਦਨਾਮੀ ਤੋਂ ਦੁਖੀ ਹੋ ਕੇ ਆਪਣੀ ਜੀਵਨ ਲੀਲਾ ਤੱਕ ਸਮਾਪਤ ਕਰ ਲਈ ਹੈ। ਪੰਜਾਬ ਸਮੇਤ ਪੂਰੇ ਦੇਸ਼ ਵਿੱਚ ਹੁਣ ਇੱਕ ਅਜਿਹਾ ਡਿਜਿਟਲ ਹਮਲਾ ਸ਼ੁਰੂ ਹੋਇਆ ਹੈ, ਜੋ ਤੁਹਾਡੇ ਫ਼ੋਨ ਨੂੰ ਤੁਹਾਡਾ ਹੀ ਦੁਸ਼ਮਣ ਬਣਾ ਰਿਹਾ ਹੈ।ਸਾਈਬਰ ਅਪਰਾਧ ਦੀ ਦੁਨੀਆ ਵਿੱਚ ਇਸ ਸਮੇਂ ਸਭ ਤੋਂ ਵੱਡਾ ਖ਼ਤਰਾ ਏਪੀਕੇ (ਐਪਲੀਕੇਸ਼ਨ ਪੈਕੇਜ) ਫਾਈਲਾਂ ਦੇ ਰੂਪ ਵਿੱਚ ਸਾਹਮਣੇ ਆਇਆ ਹੈ। ਅਪਰਾਧੀ ਜੰਗ ਦੀਆਂ ਸਿੱਧੀਆਂ ਵੀਡੀਓਜ਼ ਜਾਂ ਨਵੀਂ ਤਾਲਾਬੰਦੀ ਦੇ ਨਿਯਮਾਂ ਦੇ ਫ਼ਰਜ਼ੀ ਲਿੰਕ ਬਣਾ ਕੇ ਵਟਸਐਪ ਤੇ ਫਾਈਲਾਂ ਭੇਜ ਰਹੇ ਹਨ। ਜਿਵੇਂ ਹੀ ਕੋਈ ਭੋਲਾ-ਭਾਲਾ ਵਿਅਕਤੀ ਇਸ ਫਾਈਲ ਤੇ ਉਂਗਲ ਧਰਦਾ ਹੈ, ਉਸ ਦੇ ਫ਼ੋਨ ਦਾ ਪੂਰਾ ਕੰਟਰੋਲ ਹੈਕਰਾਂ ਕੋਲ ਚਲਾ ਜਾਂਦਾ ਹੈ। ਇਹ ਵਾਇਰਸ ਤੁਹਾਡੇ ਬੈਂਕ ਦੇ ਵਨ ਟਾਈਮ ਪਾਸਵਰਡ (ਓਟੀਪੀ) ਨੂੰ ਚੋਰੀ ਕਰਨ ਤੋਂ ਲੈ ਕੇ ਤੁਹਾਡੀ ਨਿੱਜੀ ਤਸਵੀਰਾਂ ਤੱਕ ਪਹੁੰਚ ਬਣਾ ਲੈਂਦਾ ਹੈ।ਮਾਹਿਰਾਂ ਅਨੁਸਾਰ, ਇਹ ਇੱਕ ਅਜਿਹੀ ਅਦਿੱਖ ਜੰਗ ਹੈ ਜਿਸ ਵਿੱਚ ਹਥਿਆਰ ਤੁਹਾਡਾ ਆਪਣਾ ਮੋਬਾਈਲ ਹੈ। ਅਪਰਾਧੀ ਸਮਾਜਿਕ ਮਾਨਸਿਕਤਾ ਰਾਹੀਂ ਤੁਹਾਡੇ ਡਰ ਦਾ ਫਾਇਦਾ ਉਠਾਉਂਦੇ ਹਨ। ਜੇਕਰ ਤੁਹਾਡੇ ਫ਼ੋਨ ਵਿੱਚ ਕੋਈ ਅਜਹੀ ਫਾਈਲ ਆਉਂਦੀ ਹੈ ਜਿਸ ਦੇ ਪਿੱਛੇ ਏਪੀਕੇ ਲਿਖਿਆ ਹੋਵੇ, ਤਾਂ ਉਸ ਨੂੰ ਤੁਰੰਤ ਮਿਟਾਉਣਾ ਹੀ ਇੱਕੋ-ਇੱਕ ਬਚਾਅ ਹੈ। ਯਾਦ ਰੱਖੋ, ਐਨ.ਸੀ.ਆਰ.ਬੀ. ਦੇ ਅੰਕੜੇ ਸਿਰਫ਼ ਗਿਣਤੀ ਨਹੀਂ, ਸਗੋਂ ਉਨ੍ਹਾਂ ਲੱਖਾਂ ਪਰਿਵਾਰਾਂ ਦੀ ਬਰਬਾਦੀ ਦੀ ਦਾਸਤਾਨ ਹਨ ਜੋ ਸਿਰਫ਼ ਇੱਕ ਗ਼ਲਤ ਕਲਿੱਕ ਕਾਰਨ ਸਭ ਕੁਝ ਗੁਆ ਬੈਠੇ।ਇਸ ਸਬੰਧੀ ਸਾਈਬਰ ਮਾਹਿਰਾਂ ਅਤੇ ਪੁਲਿਸ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਜੇਕਰ ਕੋਈ ਵਿਅਕਤੀ ਅਜਿਹੀ ਕਿਸੇ ਠੱਗੀ ਦਾ ਸ਼ਿਕਾਰ ਹੁੰਦਾ ਹੈ, ਤਾਂ ਉਹ ਬਿਨਾਂ ਦੇਰੀ ਕੀਤੇ ਤੁਰੰਤ ਨਜ਼ਦੀਕੀ ਥਾਣਾ ਸਾਈਬਰ ਅਪਰਾਧ ਵਿੱਚ ਆਪਣੀ ਰਿਪੋਰਟ ਦਰਜ ਕਰਵਾਏ। ਇਸ ਦੇ ਨਾਲ ਹੀ ਸੁਰੱਖਿਆ ਦੇ ਲਿਹਾਜ਼ ਨਾਲ ਆਪਣੇ ਬੈਂਕ ਖਾਤੇ ਤੁਰੰਤ ਸੀਲ (ਫ੍ਰੀਜ਼) ਕਰਵਾਏ ਜਾਣ ਤਾਂ ਜੋ ਹੋਰ ਮਾਲੀ ਨੁਕਸਾਨ ਤੋਂ ਬਚਿਆ ਜਾ ਸਕੇ। ਪੁਲਿਸ ਅਨੁਸਾਰ ਜਾਗਰੂਕਤਾ ਹੀ ਸਾਈਬਰ ਅਪਰਾਧੀਆਂ ਵਿਰੁੱਧ ਸਭ ਤੋਂ ਵੱਡਾ ਹਥਿਆਰ ਹੈ।

# ਬਾਬਾ ਨਾਭਾ ਦਾਸ ਜੀ ਦੇ ਜਨਮ ਦਿਹਾੜੇ ਬਾਰੇ ਵਿਦਿਆਰਥੀਆਂ ਨੂੰ ਕਰਵਾਇਆ ਜਾਣੂੰ



ਬਰਨਾਲਾ,7 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਹਰਪ੍ਰੀਤ ਕੌਰ ਇੰਗਲਿਸ਼ ਮਿਸਟ੍ਰੈੱਸ ਸ ਸ ਸ ਸ ਸੰਧੂ ਪੱਤੀ ਸਕੂਲ ਬਰਨਾਲਾ ਵਿਖੇ ਵਿਦਿਆਰਥੀਆਂ ਵੱਲੋਂ 8 ਅਪ੍ਰੈਲ ਦੀ ਛੁੱਟੀ ਦੇ ਕਾਰਨ ਬਾਰੇ ਪੁੱਛਿਆ ਤਾਂ ਵਿਚਾਰ ਆਇਆ ਕਿ ਜ਼ਰੂਰ ਆਇਆ ਕਿ ਵਿਦਿਆਰਥੀਆਂ ਨੂੰ ਬਾਬਾ ਨਾਭਾ ਦਾਸ ਜੀ ਬਾਰੇ ਜਾਣਕਾਰੀ ਜ਼ਰੂਰ ਦਿੱਤੀ ਜਾਵੇ ਅਤੇ ਵਿਦਿਆਰਥੀਆਂ ਦੀ ਜਗਿਆਸਾ ਨੂੰ ਜ਼ਰੂਰ ਸ਼ਾਂਤ ਕੀਤਾ ਜਾਵੇ। ਬਾਬਾ ਨਾਭਾ ਦਾਸ ਜੀ, ਜਿਨ੍ਹਾਂ ਦੇ ਪ੍ਰਕਾਸ਼ ਦਿਹਾੜੇ ਨੂੰ ਅੱਜ ਦੇ ਦਿਨ ਦੀ ਛੁੱਟੀ ਸਮਰਪਿਤ ਹੈ, ਦਾ ਜਨਮ 8 ਅਪ੍ਰੈਲ 1537 ਈਸਵੀ ਨੂੰ ਗੋਦਾਵਾਰੀ ਨਦੀ ਦੇ ਕੰਢੇ ਭਦ੍ਰਚਲਮ ਤੇਲੰਗਾਨਾ (ਆਂਧਰਾ ਪ੍ਰਦੇਸ਼) ਵਿੱਚ ਮਾਤਾ ਜਾਨਕੀ ਦੇਵੀ ਦੀ ਕੁੱਖੋਂ ਪਿਤਾ ਰਾਮ ਦਾਸ ਜੀ ਦੇ ਘਰ ਹੋਇਆ। ਇੱਕ ਮਹਾਨ ਸੰਤ, ਅਧਿਆਤਮਕ ਵਿਚਾਰਕ, ਅਤੇ ਉੱਚ ਕੋਟੀ ਦੇ ਧਰਮ ਸ਼ਾਸਤਰੀ ਬਾਬਾ ਨਾਭਾ ਦਾਸ ਜੀ ਦਾ ਮੁੱਢਲਾ ਨਾਮ ਨਾਰਾਇਣ ਦਾਸ ਜੀ ਸੀ। ਆਪ ਮਹਾਸ਼ਾ (ਨਾਭਾਚਾਰਿਆ) ਭਾਈਚਾਰੇ ਨਾਲ ਸੰਬਧਿਤ ਸਨ। ਪਰ ਆਪ ਵੱਲੋਂ ਰਚਿਤ ਧਾਰਮਿਕ ਰਚਨਾਵਾਂ ਨੇ ਜੋ ਮਾਨਵਤਾ ਦੀ ਸੇਵਾ ਅਤੇ ਮਾਰਗ ਦਰਸ਼ਨ ਕੀਤਾ, ਉਸ ਦਾ ਵਰਨਣ ਜ਼ਿਕਰਯੋਗ ਹੈ। ਬਾਬਾ ਜੀ ਦੀਆਂ ਰਚਨਾਵਾਂ ਜਿੱਥੇ ਅਧਿਆਤਮਕਤਾ ਦੇ ਨੂਰ ਵਿੱਚ ਰੰਗੀਆਂ ਹਨ, ਉੱਥੇ ਆਪ ਵੱਲੋਂ ਰਚਿਤ 'ਭਕਤਮਾਲ' ਵਰਗੇ ਧਾਰਮਿਕ ਗ੍ਰੰਥ ਸਤਯੁੱਗ ਤੋਂ ਕਲਯੁੱਗ ਤੱਕ ਦੇ ਸੰਤਾਂ ਦੇ ਜੀਵਨ ਦਾ ਵਰਨਣ ਕਰਕੇ ਆਪ ਜੀ ਨੂੰ ਉੱਚ ਕੋਟੀ ਦੇ ਰਚਨਾਕਾਰ ਬਣਾ ਕੇ ਸੰਤ ਮਹਾਤਮਾ ਦਾ ਦਰਜਾ ਵੀ ਦਿੰਦੇ ਹਨ। ਨਾਭਾ ਦਾਸ ਜੀ ਦੀਆਂ ਲਿਖਤਾਂ ਅਧਿਆਤਮਿਕ ਗਿਆਨ ਅਤੇ ਭਗਤੀ ਦਾ ਭਰਪੂਰ ਖਜ਼ਾਨਾ ਹਨ। ਉਸਦੀ ਸਭ ਤੋਂ ਮਸ਼ਹੂਰ ਰਚਨਾ ਭਕਤਮਾਲ ਹੈ, ਇੱਕ ਕਾਵਿ ਸੰਗ੍ਰਹਿ ਜੋ ਸਤਯੁਗ ਤੋਂ ਕਲਿਯੁਗ ਤੱਕ 200 ਤੋਂ ਵੱਧ ਸੰਤਾਂ ਦੇ ਜੀਵਨ ਅਤੇ ਸਿੱਖਿਆਵਾਂ ਦਾ ਵਰਨਨ ਕਰਦਾ ਹੈ। ਇਸ ਪਵਿੱਤਰ ਪਾਠ ਨੂੰ ਸ਼ਰਧਾ, ਨਿਮਰਤਾ, ਅਤੇ ਸਮਾਨਤਾ 'ਤੇ ਜ਼ੋਰ ਦਿੰਦੇ ਹੋਏ ਇੱਕ ਮਹੱਤਵਪੂਰਨ ਇਤਿਹਾਸਕ ਅਤੇ ਧਾਰਮਿਕ ਦਸਤਾਵੇਜ਼ ਮੰਨਿਆ ਜਾਂਦਾ ਹੈ। ਆਪ ਦੀਆਂ ਕੁਝ ਮਹੱਤਵਪੂਰਨ ਰਚਨਾਵਾਂ ਵਿੱਚ ਸ਼ਾਮਲ ਹਨ: 'ਅਸਤਯਮ' ਇੱਕ ਅਧਿਆਤਮਿਕ ਪਾਠ ਹੈ, ਜੋ ਸ਼ਰਧਾ ਅਤੇ ਅਧਿਆਤਮਿਕਤਾ ਦੀ ਪ੍ਰਕਿਰਤੀ ਦੀ ਪੜਚੋਲ ਕਰਦਾ ਹੈ। 'ਰਾਮਸ਼ਟਯਮ' ਇੱਕ ਕਾਵਿ ਰਚਨਾ ਹੈ, ਜੋ ਭਗਵਾਨ ਰਾਮ ਦੀ ਮਹਿਮਾ ਦਾ ਜਸ਼ਨ ਮਨਾਉਂਦੀ ਹੈ। 'ਰਾਮਚਰਿੱਤਰ ਦੇ ਪਦ' ਬਾਣੀ ਦਾ ਸੰਗ੍ਰਹਿ ਹੈ, ਜੋ ਭਗਵਾਨ ਰਾਮ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਬਿਆਨ ਕਰਦਾ ਹੈ।

ਬਾਬਾ ਨਾਭਾ ਦਾਸ ਜੀ ਦੀਆਂ ਲਿਖਤਾਂ ਨੇ ਭਾਰਤੀ ਸਾਹਿਤ ਅਤੇ ਅਧਿਆਤਮਿਕਤਾ 'ਤੇ ਡੂੰਘਾ ਪ੍ਰਭਾਵ ਪਾਇਆ ਹੈ, ਜੋ ਪੀੜ੍ਹੀਆਂ ਨੂੰ ਭਗਤੀ ਅਤੇ ਨਿਰਸਵਾਰਥਤਾ ਨੂੰ ਅਪਣਾਉਣ ਲਈ ਪ੍ਰੇਰਿਤ ਕਰਦੀਆਂ ਹਨ। ਬਾਬਾ ਜੀ ਦੀਆਂ ਸਿੱਖਿਆਵਾਂ ਨੇ ਜਾਤ-ਪਾਤ ਅਤੇ ਸਮਾਜਿਕ ਰੁਕਾਵਟਾਂ ਤੋਂ ਪਾਰ ਜਾ ਕੇ ਭਗਤੀ, ਨਿਮਰਤਾ ਅਤੇ ਸਮਾਨਤਾ 'ਤੇ ਜ਼ੋਰ ਦਿੱਤਾ। ਉਸਦੀ ਵਿਰਾਸਤ ਪੀੜ੍ਹੀਆਂ ਨੂੰ ਰੂਹਾਨੀਅਤ ਅਤੇ ਨਿਰਸਵਾਰਥਤਾ ਨੂੰ ਅਪਣਾਉਣ ਲਈ ਪ੍ਰੇਰਿਤ ਕਰਦੀ ਹੈ।

# ਗਰੀਨ ਫੀਲਡ ਕਾਨਵੈਂਟ ਸਕੂਲ ਵਿਖੇ ਨਵੇਂ ਦਾਖ਼ਲ ਹੋਏ ਬੱਚਿਆਂ ਦਾ ਨਿੱਘਾ ਸਵਾਗਤ ਕੀਤਾ



ਧਨੌਲਾ, 7 ਅਪ੍ਰੈਲ (ਚਮਕੌਰ ਸਿੰਘ ਗੱਗੀ) : ਗਰੀਨ ਫ਼ੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਵਿਖੇ ਨਵੇਂ ਦਾਖ਼ਲ ਹੋਏ ਬੱਚਿਆਂ ਦਾ ਬੜੀ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਪ੍ਰੀਤ ਕਮਲ ਸ਼ਰਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਤੁਹਾਡੇ ਲਈ ਇਸ ਸਕੂਲ 'ਚ ਦਾਖਲਾ ਮਿਲਣਾ ਖ਼ੁਸ਼ਕਿਸਮਤੀ ਵਾਲੀ ਗੱਲ ਹੈ। ਕਿਉਂਕਿ ਇਹ ਸਕੂਲ ਇਲਾਕੇ ਦਾ ਮੰਨਿਆ ਪਰਮੰਨਿਆ ਸਕੂਲ ਹੈ। ਇੱਥੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਬੁਲੰਦੀਆਂ 'ਤੇ ਪਹੁੰਚਾਇਆ ਜਾਂਦਾ ਹੈ। ਇਸ ਮੌਕੇ ਉਹਨਾਂ ਨੇ ਬੱਚਿਆਂ ਨੂੰ ਸਮਝਾਉਂਦਿਆਂ ਕਿਹਾ ਕਿ ਤੁਸੀਂ ਨੇ ਸ਼ੁਰੂ ਤੋਂ ਹੀ ਪੜ੍ਹਾਈ ਵੱਲ ਧਿਆਨ ਦੇਣਾ ਹੈ ਅਤੇ ਪੜ੍ਹਾਈ ਦੇ ਨਾਲ-ਨਾਲ ਜਿੰਦਗੀ ਦੇ ਨਿਯਮਾਂ ਨੂੰ ਵੀ ਗ੍ਰਹਿਣ ਕਰਨਾ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਬੱਚਿਆਂ ਨੂੰ ਦੁਨੀਆਂਦਾਰੀ ਬਾਰੇ ਵੀ ਸਮਝਾਇਆ ਕਿ ਕਿਸ ਤਰ੍ਹਾਂ ਆਪਣੇ ਮਾਪਿਆਂ ਦਾ, ਰਿਸ਼ਤੇਦਾਰਾਂ ਦਾ, ਆਪ ਤੋਂ ਵੱਡਿਆਂ ਦਾ ਅਤੇ ਅਧਿਆਪਕਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਕਿਸ ਤਰ੍ਹਾਂ ਅਨੁਸ਼ਾਸਨ ਵਿੱਚ ਰਹਿ ਕੇ ਤੁਸੀਂ ਇੱਕ ਬਿਹਤਰੀਨ ਇਨਸਾਨ ਬਣ ਸਕਦੇ ਹੋ। ਇਸ ਤੋਂ ਉਪਰੰਤ ਸਕੂਲ ਵੱਲੋਂ ਬੱਚਿਆਂ ਨੂੰ ਸਵਾਗਤੀ ਕਾਰਡ ਦੇ ਕੇ ਉਹਨਾਂ ਦਾ ਸਵਾਗਤ ਕੀਤਾ। ਇਸ ਮੌਕੇ ਚੇਅਰਮੈਨ ਸੁਖਮਿੰਦਰ ਸਿੰਘ ਗਿੱਲ, ਵਾਈਸ ਪ੍ਰਿੰਸੀਪਲ ਜਸਵੀਰ ਕੌਰ, ਇੰਚਾਰਜ ਅਜਿੰਦਰਪਾਲ ਟਿਵਾਣਾ , ਮੈਡਮ ਹਰਮੋਹਨ ਅਤੇ ਮੈਡਮ ਰੁਪਿੰਦਰ ਸ਼ਰਮਾ ਆਦਿ ਹਾਜ਼ਰ ਸਨ।

# ਮੇਰਾ ਘਰ ਮੇਰੇ ਨਾਮ : ਵਿਧਾਇਕ ਲਾਭ ਸਿੰਘ ਉੱਗੋਕੇ ਨੇ ਲਾਲ ਲਕੀਰ ਅੰਦਰਲੇ ਘਰਾਂ ਦੀਆਂ ਰਜਿਸਟਰੀਆਂ ਸੌਂਪੀਆਂ

## ਪੰਜਾਬ ਸਰਕਾਰ ਦੇ ਉਪਰਾਲੇ ਨਾਲ ਲੋਕਾਂ ਨੂੰ ਮਿਲੀ ਵੱਡੀ ਰਾਹਤ : ਉੱਗੋਕੇ



ਭਦੌੜ, 7 ਅਪ੍ਰੈਲ (ਸੁਖਵਿੰਦਰ ਪਲਾਹਾ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਉਨ੍ਹਾਂ ਦੀਆਂ ਜਾਇਦਾਦਾਂ ਦੇ ਅਸਲ ਮਾਲਕਾਨਾ ਹੱਕ ਦੇਣ ਦੇ ਮਕਸਦ ਨਾਲ ਚਲਾਈ ਗਈ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਹਲਕਾ ਭਦੌੜ ਦੇ ਪਿੰਡ ਦੀਪਗੜ੍ਹ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਲਕਾ ਵਿਧਾਇਕ ਲਾਭ ਸਿੰਘ ਉੱਗੋਕੇ ਵੱਲੋਂ ਪਿੰਡ ਦੇ ਲਾਲ ਲਕੀਰ ਅੰਦਰ ਰਹਿੰਦੇ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੀਆਂ ਰਜਿਸਟਰੀਆਂ ਤਕਸੀਮ ਕੀਤੀਆਂ ਗਈਆਂ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਲਾਭ ਸਿੰਘ ਉੱਗੋਕੇ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਲਾਲ ਲਕੀਰ ਅੰਦਰ ਰਹਿੰਦੇ ਲੋਕਾਂ ਕੋਲ ਆਪਣੇ ਘਰਾਂ ਦੇ ਕਾਨੂੰਨੀ ਦਸਤਾਵੇਜ਼ ਨਾ ਹੋਣ ਕਾਰਨ ਉਨ੍ਹਾਂ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਹੁਣ ਇਸ ਸਕੀਮ ਰਾਹੀਂ ਉਨ੍ਹਾਂ ਨੂੰ ਆਪਣੇ ਘਰ ਦਾ ਅਸਲ ਮਾਲਕ ਬਣਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਰਜਿਸਟਰੀਆਂ ਮਿਲਣ ਨਾਲ ਹੁਣ ਲੋਕ ਆਪਣੇ ਘਰਾਂ 'ਤੇ ਬੈਂਕ ਕਰਜ਼ਾ ਜਾਂ ਹੋਰ ਸਹੂਲਤਾਂ ਵੀ ਲੈ ਸਕਣਗੇ। ਸਮਾਗਮ ਦੌਰਾਨ ਐੱਸ.ਡੀ.ਐਮ. ਤਪਾ ਸ੍ਰੀ ਆਯੂਸ਼ ਗੋਇਲ ਵੀ ਹਾਜ਼ਰ ਰਹੇ, ਜਿਨ੍ਹਾਂ ਨੇ ਸਕੀਮ ਦੀਆਂ ਤਕਨੀਕੀ ਬਾਰੀਕੀਆਂ ਅਤੇ ਸਰਕਾਰ ਦੇ ਇਸ ਲੋਕ-ਪੱਖੀ ਫੈਸਲੇ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਪਿੰਡ ਵਾਸੀਆਂ ਨੇ ਇਸ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਲਾਭ ਸਿੰਘ ਉੱਗੋਕੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਨੇ ਉਨ੍ਹਾਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਕੇ ਵੱਡੀ ਰਾਹਤ ਦਿੱਤੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅੰਮ੍ਰਿਤ ਢਿੱਲਵਾਂ ਚੇਅਰਮੈਨ ਮਾਰਕੀਟ ਕਮੇਟੀ ਭਦੌੜ, ਸਰਪੰਚ ਅੰਗਰੇਜ ਸਿੰਘ ਦੀਪਗੜ੍ਹ , ਆਗੂ ਜੋਗਿੰਦਰ ਸਿੰਘ ਮਠਾੜੂ, ਗੁਰਤੇਜ ਸਿੰਘ ਧਾਲੀਵਾਲ ਪ੍ਰਧਾਨ ਟਰੱਕ ਯੂਨੀਅਨ ਤਪਾ, ਮਾਲ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਵਾਈ.ਐਸ. ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਆਈ.ਆਈ.ਟੀ. ਮਦਰਾਸ ਸਰਟੀਫ਼ਿਕੇਸ਼ਨ ਕੋਰਸਾਂ ਵਿੱਚਛ ਸ਼ਾਨਦਾਰ ਪ੍ਰਦਰਸ਼ਨ

ਬਰਨਾਲਾ, 7 ਅਪ੍ਰੈਲ (ਹਮੀਰ ਸਿੰਘ) : ਅਕਾਦਮਿਕ ਉੱਤਮਤਾ ਦੀ ਆਪਣੀ ਪਰੰਪਰਾ ਨੂੰ ਜਾਰੀ ਰੱਖਦਿਆਂ, ਵਾਈ.ਐਸ. ਪਬਲਿਕ ਸਕੂਲ, ਜੋ ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਹੈ, ਨੇ ਇੱਕ ਵਾਰ ਫਿਰ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਵਿਦਿਆਰਥੀਆਂ ਨੇ ਇੰਡੀਅਨ ਇੰਸਟੀਚਿਊਟ ਆਫ ਟੈਕਨੋਲੋਜੀ ਮਦਰਾਸ (ਆਈ.ਆਈ.ਟੀ. ਮਦਰਾਸ) ਵੱਲੋਂ ਕਰਵਾਏ ਗਏ ਸਰਟੀਫਿਕੇਸ਼ਨ ਕੋਰਸਾਂ ਵਿੱਚ ਬਿਹਤਰੀਨ ਨਤੀਜੇ ਹਾਸਲ ਕੀਤੇ ਹਨ। ਸਕੂਲ ਨੇ ਆਪਣੇ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੀਆਂ ਉਪਲੱਬਧੀਆਂ ਦਾ ਜਸ਼ਨ ਮਨਾਇਆ। ਸਮਾਇਰਾ ਅਤੇ ਆਦਿਤ ਭਾਰਤੀ ਨੇ ਕ੍ਰਮਵਾਰ ਇੰਟਰੋਡਕਸ਼ਨ ਟੂ ਲਾਅ ਅਤੇ ਇਕਨਾਮਿਕਸ, ਫਾਈਨੈਂਸ ਐਂਡ ਮਨੀ ਮੈਟਰਜ਼ ਵਿੱਚ 100 ਵਿੱਚੋਂ 100 ਅੰਕ ਪ੍ਰਾਪਤ ਕੀਤੇ। ਚੈਤਨਿਆ ਨੇ ਵੀ ਇੰਟਰੋਡਕਸ਼ਨ ਟੂ ਲਾਅ ਵਿੱਚ 96 ਅੰਕ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਹਰਸੀਰਤ ਕੌਰ ਨੇ 93 ਅਤੇ ਕੁਲਵਿੰਦਰ ਸਿੰਘ ਨੇ ਇੰਟਰੋਡਕਸ਼ਨ ਟੂ ਡਾਟਾ ਸਾਇੰਸ ਐਂਡ ਏ.ਆਈ. ਵਿੱਚ 83 ਅੰਕ ਪ੍ਰਾਪਤ ਕੀਤੇ। ਇਹ ਉਪਲੱਬਧੀਆਂ ਵਿਦਿਆਰਥੀਆਂ ਦੀ ਮਿਹਨਤ, ਲਗਨ ਅਤੇ ਸਕੂਲ ਦੇ

ਮਜ਼ਬੂਤ ਅਕਾਦਮਿਕ ਮਾਹੌਲ ਨੂੰ ਦਰਸਾਉਂਦੀਆਂ ਹਨ। ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੇ ਆਪਣੇ ਵਿਦਿਆਰਥੀਆਂ ਦੀ ਇਸ ਕਾਮਯਾਬੀ 'ਤੇ ਮਾਣ ਪ੍ਰਗਟਾਇਆ। ਪ੍ਰਿੰਸੀਪਲ ਸ਼੍ਰੀ ਮੋਹਿਤ ਜਿੰਦਲ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ, 'ਅਸੀਂ ਆਪਣੇ ਵਿਦਿਆਰਥੀਆਂ ਦੇ ਇਸ ਸ਼ਾਨਦਾਰ ਪ੍ਰਦਰਸ਼ਨ 'ਤੇ ਬਹੁਤ ਮਾਣ ਮਹਿਸੂਸ ਕਰਦੇ ਹਾਂ। ਇਹ ਨਤੀਜੇ ਉਨ੍ਹਾਂ ਦੀ ਸਿੱਖਣ ਪ੍ਰਤੀ ਲਗਨ ਅਤੇ ਸਕੂਲ ਦੀ ਗੁਣਵੱਤਾ ਵਾਲੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੇ ਹਨ। ਵਾਈ.ਐਸ. ਪਬਲਿਕ ਸਕੂਲ ਵਿੱਚ ਅਸੀਂ ਹਮੇਸ਼ਾਂ ਪ੍ਰਤਿਭਾ ਨੂੰ ਨਿਖਾਰਨ ਅਤੇ ਵਿਦਿਆਰਥੀਆਂ ਨੂੰ ਗਲੋਬਲ ਮੌਕਿਆਂ ਲਈ ਤਿਆਰ ਕਰਨ ਦੀ ਕੋਸ਼ਿਸ਼ ਕਰਦੇ ਹਾਂ। ਇਹ ਸਫਲਤਾ ਉਤਮਤਾ ਅਤੇ ਸਮਰਪਣ ਦੀ ਮਿਸਾਲ ਹੈ।

# ਡਿਪਟੀ ਕਮਿਸ਼ਨਰ ਵੱਲੋਂ ਕਣਕ ਦੇ ਖ਼ਰੀਦ ਪ੍ਰਬੰਧਾਂ ਬਾਰੇ ਵਿਭਾਗਾਂ, ਆੜ੍ਹਤੀਆਂ ਤੇ ਹੋਰ ਧਿਰਾਂ ਨਾਲ ਮੀਟਿੰਗ



ਬਰਨਾਲਾ, 7 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕਣਕ ਦੇ ਮੌਜੂਦਾ ਖਰੀਦ ਸੀਜ਼ਨ ਨੂੰ ਸੁਚਾਰੂ ਢੰਗ ਨਾਲ ਨੇਪਰੇ ਚੜ੍ਹਾਉਣ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਦਿੱਕਤ ਨਾ ਆਉਣ ਦੇਣ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਸਾਫ਼-ਸਫ਼ਾਈ, ਬਿਜਲੀ ਦੀ ਰੌਸ਼ਨੀ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਉਪਲੱਬਧਤਾ ਹਰ ਹਾਲ ਵਿੱਚ ਯਕੀਨੀ ਬਣਾਈ ਜਾਵੇ। ਓਹਨਾਂ ਕਿਹਾ ਕਿ ਸਬੰਧਤ ਉਪ ਮੰਡਲ ਮੈਜਿਸਟਰੇਟ ਆਪਣੇ-ਆਪਣੇ ਖੇਤਰਾਂ ਦੀਆਂ ਮੰਡੀਆਂ ਦੀ ਨਿਯਮਤ ਨਿਗਰਾਨੀ ਕਰਨਗੇ, ਤਾਂ ਜੋ ਕਿਸਾਨਾਂ ਦੀ ਫ਼ਸਲ ਦੀ ਤੁਲਾਈ, ਚੁਕਾਈ ਅਤੇ ਅਦਾਇਗੀ ਸਮੇਂ ਸਿਰ ਹੋ ਸਕੇ। ਓਹਨਾਂ ਕਿਹਾ ਕਿ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਖ਼ੱਜਲ-ਖ਼ੁਆਰੀ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਮੰਡੀਆਂ ਵਿੱਚ ਲਿਫਟਿੰਗ, ਲੇਬਰ, ਬਾਰਦਾਨੇ ਦੀ ਉਪਲੱਬਧਤਾ ਸਮੇਂ ਸਿਰ ਯਕੀਨੀ ਬਣਾਈ ਜਾਵੇ। ਇਸ ਮੌਕੇ ਉਹਨਾਂ ਆੜ੍ਹਤੀਆਂ ਤੇ ਮੌਜੂਦ ਹੋਰ ਧਿਰਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਅਤੇ ਮੁਸ਼ਕਿਲਾਂ ਦੇ ਹੱਲ ਦਾ ਭਰੋਸਾ ਦਿੱਤਾ। ਓਹਨਾਂ ਕਿਹਾ ਕਿ ਮੰਡੀਆਂ ਦੇ ਸੁਚਾਰੂ ਪ੍ਰਬੰਧਾਂ ਲਈ ਵੱਖ ਵੱਖ ਅਫ਼ਸਰ ਨਿਯੁਕਤ ਕੀਤੇ ਗਏ ਹਨ ਅਤੇ ਕੋਈ ਵੀ ਢਿੱਲ ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕੀ ਅਤੇ ਸਾਫ਼ ਕਣਕ ਹੀ ਲੈ ਕੇ ਆਉਣ ਤਾਂ ਜੋ ਨਮੀ ਦੀ ਮਾਤਰਾ ਨਿਰਧਾਰਿਤ ਹੱਦ ਦੇ ਅੰਦਰ ਰਹੇ ਅਤੇ ਖਰੀਦ ਤੁਰੰਤ ਕੀਤੀ ਜਾ ਸਕੇ। ਇਸ ਮੌਕੇ ਜ਼ਿਲ੍ਹਾ ਪੁਲੀਸ ਮੁਖੀ ਮੁਹੰਮਦ ਸਰਫ਼ਰਾਜ਼ ਆਲਮ, ਏਡੀਸੀ (ਜ) ਸ੍ਰੀ ਵਿਵੇਕ ਕੁਮਾਰ ਮੋਦੀ, ਡੀਐਫਐਸਸੀ ਰੂਪਪ੍ਰੀਤ ਕੌਰ, ਜ਼ਿਲ੍ਹਾ ਮੰਡੀ ਅਫ਼ਸਰ ਬੀਰਇੰਦਰ ਸਿੰਘ, ਆੜ੍ਹਤੀਆਂ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ, ਨਗਰ ਕੌਂਸਲ ਭਦੌੜ ਦੇ ਪ੍ਰਧਾਨ ਮੁਨੀਸ਼ ਗਰਗ, ਸਮੂਹ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰ ਹਾਜ਼ਰ ਸਨ।

# ਸਬ ਡਵੀਜ਼ਨਲ ਹਸਪਤਾਲ ਤਪਾ ਵਿਖੇ ਮਨਾਇਆ ਵਿਸ਼ਵ ਸਿਹਤ ਦਿਵਸ



ਤਪਾ ਮੰਡੀ, 7 ਅਪ੍ਰੈਲ (ਭੂਸ਼ਨ ਘੜੈਲਾ / ਰਾਜੂ ਮਹਿਰਾ) : ਸਿਵਲ ਸਰਜਨ ਡਾ. ਹਰੀਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕੰਵਲਜੀਤ ਸਿੰਘ ਬਾਜਵਾ ਦੀ ਅਗਵਾਈ ਵਿੱਚ ਸਬ ਡਵੀਜ਼ਨਲ ਹਸਪਤਾਲ ਤਪਾ ਸਮੇਤ ਬਲਾਕ ਤਪਾ ਅਧੀਨ ਵੱਖ-ਵੱਖ ਸਿਹਤ ਕੇਂਦਰਾਂ ਵਿੱਚ ਅੱਜ 'ਵਿਸ਼ਵ ਸਿਹਤ ਦਿਵਸ' ਮਨਾਇਆ ਗਿਆ। ਜਿਸ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਤੇ ਬਿਮਾਰੀਆਂ ਦੀ ਰੋਕਥਾਮ ਬਾਰੇ ਜਾਗਰੂਕ ਕਰਨਾ ਸੀ। ਇੱਥੇ ਕਰਵਾਏ ਇੱਕ ਸੈਮੀਨਾਰ ਵਿੱਚ ਆਸ਼ਾ ਨੂੰ ਸੰਬੋਧਨ ਕਰਦਿਆਂ ਬਲਾਕ ਐਜੂਕੇਟਰ ਜਸਪਾਲ ਸਿੰਘ ਜਟਾਣਾ ਨੇ ਦੱਸਿਆ ਕਿ ਵਿਸ਼ਵ ਸਿਹਤ ਦਿਵਸ ਹਰ ਸਾਲ 7 ਅਪ੍ਰੈਲ ਨੂੰ ਮਨਾਇਆ ਜਾਂਦਾ ਹੈ। ਵਿਸ਼ਵ ਸਿਹਤ ਦਿਵਸ ਦਾ ਇਸ ਸਾਲ ਦਾ ਥੀਮ ਸਿਹਤ ਲਈ ਇਕਜੁੱਟ: ਵਿਗਿਆਨ ਦੇ ਨਾਲ ਖੜ੍ਹੇ ਰਹੋ ਹੈ। ਇਹ ਥੀਮ ਵਿਗਿਆਨਕ ਸਹਿਯੋਗ, ਮਜ਼ਬੂਤ ਸਿਹਤ ਪ੍ਰਣਾਲੀਆਂ ਅਤੇ ਸਾਂਝੀ ਸਿਹਤ 'ਤੇ ਕੇਂਦ੍ਰਿਤ ਹੈ ਤਾਂ ਜੋ ਇੱਕ ਸੁਰੱਖਿਅਤ ਭਵਿੱਖ ਬਣਾਇਆ ਜਾ ਸਕੇ। ਇਸ ਦਾ ਮਕਸਦ ਵਿਗਿਆਨ 'ਤੇ ਅਧਾਰਿਤ ਨੀਤੀਆਂ ਰਾਹੀਂ ਗਲੋਬਲ ਸਿਹਤ ਚੁਣੌਤੀਆਂ ਦਾ ਸਾਹਮਣਾ ਕਰਨਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਦੌਰ ਵਿੱਚ ਵਧ ਰਹੀਆਂ ਗੈਰ-ਸੰਚਾਰੀ ਬਿਮਾਰੀਆਂ ਜਿਵੇਂ ਕਿ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਤੋਂ ਬਚਣ ਲਈ ਸੰਤੁਲਿਤ ਖੁਰਾਕ ਅਤੇ ਰੋਜ਼ਾਨਾ ਕਸਰਤ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਵਿਗਿਆਨਕ ਖੋਜਾਂ ਨੇ ਵੱਡੀ ਗਿਣਤੀ ਬਿਮਾਰੀਆਂ ਨੂੰ ਠੱਲ੍ਹ ਪਾਈ ਹੈ। ਟੀਕਾਕਰਨ ਨਾਲ ਕਈ ਮਾਰੂ ਬਿਮਾਰੀਆਂ ਨੂੰ ਕਾਬੂ ਕੀਤਾ ਜਾ ਸਕਿਆ ਹੈ। ਉਨ੍ਹਾਂ ਕਿਹਾ ਕਿ ਸਿਹਤ ਸਬੰਧੀ ਜਾਗਰੂਕਤਾ ਵਧਾਉਣ ਨਾਲ ਅਸੀਂ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਅਹਿਮ ਯੋਗਦਾਨ ਪਾ ਸਕਦੇ ਹਾਂ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਹਰ ਨਾਗਰਿਕ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਾਨੂੰ ਨਸ਼ਿਆਂ ਅਤੇ ਜੰਕ ਫੂਡ ਵਰਗੀਆਂ ਮਾੜੀਆਂ ਆਦਤਾਂ ਦਾ ਤਿਆਗ ਕਰਕੇ ਕੁਦਰਤੀ ਖੁਰਾਕ ਵੱਲ ਮੁੜਨਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਆਈ. ਰਣਜੀਵ ਕੁਮਾਰ, ਮ.ਪ.ਹ.ਵ ਗਗਨਦੀਪ ਸਿੰਘ, ਮਨਪ੍ਰੀਤ ਸਿੰਘ ਹਾਜ਼ਰ ਸਨ।

# ਜ਼ਿਲ੍ਹੇ 'ਚ ਕੋਈ ਵੀ ਵਿਅਕਤੀ ਸਰਕਾਰੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਨਹੀਂ ਕਰੇਗਾ : ਜ਼ਿਲ੍ਹਾ ਮੈਜਿਸਟਰੇਟ

ਬਰਨਾਲਾ, 7 ਅਪ੍ਰੈਲ (ਬਘੇਲ ਸਿੰਘ ਧਾਲੀਵਾਲ): ਜ਼ਿਲ੍ਹਾ ਮੈਜਿਸਟਰੇਟ ਬਰਨਾਲਾ ਹਰਪ੍ਰੀਤ ਸਿੰਘ ਆਈ.ਏ.ਐਸ. ਨੇ ਭਰਤੀ ਨਾਗਰਿਕ ਸੁਰੱਖਿਆ ਸੰਘਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਇਹ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਕੋਈ ਵੀ ਵਿਅਕਤੀ ਸਰਕਾਰੀ ਸੜਕ, ਰਸਤੇ ਅਤੇ ਜ਼ਮੀਨ 'ਤੇ ਨਜਾਇਜ਼ ਕਬਜ਼ਾ ਨਹੀਂ ਕਰ ਸਕਦਾ। ਇਸ ਦੇ ਨਾਲ ਹੀ ਉਹਨਾਂ ਹਦਾਇਤ ਕੀਤੀ ਕਿ ਜ਼ਿਲ੍ਹਾ ਬਰਨਾਲਾ ਅੰਦਰ ਪੋਲਟਰੀ ਫਾਰਮਾਂ, ਰਾਈਸ ਸੈਲਰਾਂ, ਭੱਠਿਆਂ ਅਤੇ ਹੋਰ ਲਘੂ ਉਦਯੋਗਾਂ ਦੇ ਮਾਲਕ ਅਤੇ ਘਰੇਲੂ ਨੌਕਰ ਰੱਖਣ ਵਾਲੇ ਆਪਣੇ ਅਧੀਨ ਕੰਮ ਕਰਨ ਵਾਲੇ ਵਿਅਕਤੀਆਂ ਦਾ ਨਾਮ ਅਤੇ ਮੁਕੰਮਲ ਪੱਕਾ ਪਤਾ, ਤਿੰਨ ਤਸਵੀਰਾਂ (ਸੱਜੇ, ਖੱਬੇ ਅਤੇ ਸਾਹਮਣੇ ਤੋਂ ਪੋਜ) ਆਪਣੇ ਘਰਾਂ ਵਿੱਚ ਰਜਿਸਟਰ ਲਾ ਕੇ ਰੱਖਣ ਅਤੇ ਉਨਾਂ ਦੀਆਂ ਸਾਰੀਆਂ ਰਿਸ਼ਤੇਦਾਰੀਆਂ ਦੇ ਪਤੇ ਲਿਖ ਕੇ ਰੱਖੇ ਜਾਣ ਅਤੇ ਨੌਕਰ ਦੀ ਤਨਖਾਹ ਵਿਚੋਂ 100/200 ਰੁਪਏ ਦਾ ਮਨੀ ਆਰਡਰ ਉਸਦੇ ਨਜ਼ਦੀਕੀ ਰਿਸ਼ਤੇਦਾਰ ਦੇ ਪਤੇ 'ਤੇ ਭੇਜਣ, ਮਨੀ ਆਰਡਰ ਪਹੁੰਚਣ ਉਪਰੰਤ ਰਸੀਦ ਦੀ ਫੋਟੋ ਕਾਪੀ ਨੂੰ ਆਪਣੇ ਕਬਜ਼ੇ ਵਿੱਚ ਰੱਖਣ। ਨੌਕਰ ਦੇ ਹੱਥਾਂ 'ਤੇ ਉਂਗਲਾਂ ਦੇ ਨਿਸ਼ਾਨ ਸਬੰਧਤ ਮਾਲਕ ਆਪਣੇ ਰਜਿਸਟਰ ਵਿੱਚ ਦਰਜ਼ ਕਰਨ ਅਤੇ ਇਹ ਸਾਰਾ ਰਿਕਾਰਡ ਸਬੰਧਤ ਪੁਲਿਸ ਥਾਣਾ ਅਤੇ ਚੌਕੀ ਵਿੱਚ ਦਰਜ਼ ਕਰਾਉਣਾ ਯਕੀਨੀ ਬਣਾਉਣਗੇ। ਇਸੇ ਤਰਾਂ ਮਕਾਨ ਮਾਲਕ ਵੀ ਆਪਣੇ ਮਕਾਨ ਵਿੱਚ ਰੱਖੇ ਜਾਣ ਵਾਲੇ ਕਿਰਾਏਦਾਰਾਂ ਦਾ ਪੂਰਾ ਵੇਰਵਾ ਸਬੰਧਤ ਥਾਣੇ/ਪੁਲਿਸ ਚੌਕੀ ਵਿੱਚ ਦਰਜ਼ ਕਰਵਾਉਣ। ਉਪਰੋਕਤ ਹੁਕਮ ਮਿਤੀ 13 ਮਈ 2026 ਤੱਕ ਲਾਗੂ ਰਹਿਣਗੇ। ਹੁਕਮਾਂ ਦੀ ਉਲੰਘਣਾ ਕਰਨ ਵਾਲੇ ਦੇ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਸੁਵਿਧਾ ਕੇਂਦਰਾਂ ਵਿੱਚ ਲੱਗੀਆਂ ਲੰਬੀਆਂ ਲਾਈਨਾਂ ਤੋਂ ਅੱਕੇ ਲੋਕ



ਭਦੌੜ, 7 ਅਪ੍ਰੈਲ (ਸੁਖਵਿੰਦਰ ਪਲਾਹਾ) : ਪੰਜਾਬ ਸਰਕਾਰ ਵੱਲੋਂ ਪੰਜਾਬ ਦੀਆਂ ਅਨੁਸੂਚਿਤ ਜਾਤੀ ਨਾਲ ਸਬੰਧਿਤ ਔਰਤਾਂ ਦੇ ਖਾਤਿਆਂ ਵਿੱਚ 1500 ਪ੍ਰਤੀ ਮਹੀਨਾ ਪਾਉਣ ਦੇ ਵਾਅਦੇ ਕਾਰਨ ਸੁਵਿਧਾ ਕੇਂਦਰਾਂ ਵਿੱਚ ਵੱਡੀਆਂ ਵੱਡੀਆਂ ਲਾਈਨਾਂ ਲੱਗ ਚੁੱਕੀਆਂ ਹਨ, ਜਿਸ ਕਾਰਨ ਸਾਰੇ ਹੀ ਸੁਵਿਧਾ ਕੇਂਦਰਾਂ ਵਿੱਚ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨ ਪੈ ਰਿਹਾ ਹੈ। ਅੱਜ ਜਦੋਂ ਪੱਤਰਕਾਰਾਂ ਵੱਲੋਂ ਸਭ ਤਹਿਸੀਲ ਭਦੌੜ ਦਫਤਰ ਵਿੱਚ ਬਣੇ ਸੁਵਿਧਾ ਕੇਂਦਰ ਦਾ ਦੌਰਾ ਕੀਤਾ ਗਿਆ ਤਾਂ ਉੱਥੇ ਔਰਤਾਂ ਦੀ ਬਹੁਤ ਜ਼ਿਆਦਾ ਭੀੜ ਜਮ੍ਹਾਂ ਹੋਈ ਸੀ ਅਤੇ ਸੁਵਿਧਾ ਕੇਂਦਰਾਂ ਵਿੱਚ ਕੰਮ ਕਰਵਾਉਣ ਵਾਲੇ ਲੋਕਾਂ ਲਈ ਕੋਈ ਵੀ ਬੈਠਣ ਦਾ ਪ੍ਰਬੰਧ ਖ਼ਾਸ ਪ੍ਰਬੰਧ ਨਹੀਂ ਸੀ ਕੀਤਾ ਗਿਆ। ਵੇਖਿਆ ਗਿਆ ਕਿ ਔਰਤਾਂ ਆਪਣੇ ਛੋਟੇ ਛੋਟੇ ਬੱਚਿਆਂ ਸਮੇਤ ਸੁਵਿਧਾ ਕੇਂਦਰ ਵਿੱਚ ਆਪਣੇ ਜਾਤੀ ਸਰਟੀਫਿਕੇਟ ਬਣਾਉਣ ਲਈ ਪਹੁੰਚੇ ਹੋਏ ਸਨ, ਪਰ ਪੀਣ ਵਾਲੇ ਪਾਣੀ ਦਾ ਪ੍ਰਬੰਧ ਨਾ ਹੋਣ ਕਰਕੇ ਛੋਟੇ ਛੋਟੇ ਬੱਚੇ ਪਾਣੀ ਲਈ ਤਰਸ ਰਹੇ ਸਨ। ਜਦੋਂ ਲੰਬੀਆਂ ਲੰਬੀਆਂ ਲੱਗੀਆਂ ਲਾਈਨਾਂ ਸਬੰਧੀ ਜਾਣਕਾਰੀ ਹਾਸਲ ਕੀਤੀ ਤਾਂ ਪਤਾ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਦੇ ਨਾਲ ਸਬੰਧਿਤ ਔਰਤਾਂ ਦੇ ਖਾਤਿਆਂ ਵਿੱਚ 1500 ਅਤੇ ਜਨਰਲ ਤੇ ਪੱਛੜੀ ਸ਼੍ਰੇਣੀ ਜਾਤੀ ਨਾਲ ਸਬੰਧਿਤ ਔਰਤਾਂ ਦੇ ਖਾਤਿਆਂ ਵਿੱਚ 1000 ਰੁਪਏ ਪ੍ਰਤੀ ਮਹੀਨਾ ਪੰਜਾਬ ਸਰਕਾਰ ਵੱਲੋਂ ਦਿੱਤਾ ਜਾਇਆ ਕਰੇਗਾ, ਜਿਸ ਕਾਰਨ ਅਨੁਸੂਚਿਤ ਜਾਤੀ ਨਾਲ ਸਬੰਧਿਤ ਔਰਤਾਂ ਵੱਡੀ ਗਿਣਤੀ ਵਿੱਚ ਸੁਵਿਧਾ ਕੇਂਦਰਾਂ ਵਿੱਚ ਆਪਣੀ ਅਨੁਸੂਚਿਤ ਜਾਤੀ ਸਰਟੀਫਿਕੇਟ ਬਣਵਾਉਣ ਲਈ ਪਹੁੰਚੀਆਂ ਹੋਈਆਂ ਸਨ। ਇੱਥੇ ਜ਼ਿਕਰਯੋਗ ਹੈ ਕਿ ਅਕਾਲੀ ਸਰਕਾਰ ਦੁਆਰਾ ਬਣਾਏ ਗਏ ਸੁਵਿਧਾ ਕੇਂਦਰਾਂ ਨੂੰ ਪੰਜਾਬ ਦੀ ਮੌਜੂਦਾ ਸਰਕਾਰ ਵੱਲੋਂ ਕੁਝ ਗਿਣਵੇਂ ਸੁਵਿਧਾ ਕੇਂਦਰਾਂ ਨੂੰ ਰੱਖ ਕੇ ਬਾਕੀਆਂ ਨੂੰ ਬੰਦ ਕਰ ਦਿੱਤਾ ਗਿਆ ਸੀ। ਅਗਰ ਉਹ ਸੁਵਿਧਾ ਕੇਂਦਰ ਅੱਜ ਚਲਦੇ ਹੁੰਦੇ ਤਾਂ ਪੰਜਾਬ ਦੇ ਸੁਵਿਧਾ ਕੇਂਦਰ ਵਿੱਚ ਇੰਨੀਆਂ ਲੰਬੀਆਂ ਲਾਈਨਾਂ ਨਹੀਂ ਸੀ ਲੱਗਣੀਆਂ, ਜਿਸ ਕਾਰਨ ਅੱਜ ਲੋਕ ਦੁਬਾਰਾ ਅਕਾਲੀ ਭਾਜਪਾ ਸਰਕਾਰ ਦੇ ਰਾਜ ਨੂੰ ਯਾਦ ਕਰਦੇ ਹੋਏ ਇਹ ਗੱਲ ਕਹਿ ਰਹੇ ਸਨ ਕਿ ਜੇ ਸਾਰੇ ਸੁਵਿਧਾ ਕੇਂਦਰ ਚੱਲਦੇ ਹੁੰਦੇ ਤਾਂ ਅੱਜ ਸਾਨੂੰ ਆਹ ਮੁਸ਼ਕਿਲਾਂ ਦਾ ਸਾਹਮਣਾ ਨਾ ਕਰਨਾ ਪੈਂਦਾ।

# ਸੁਮਨ ਬਾਂਸਲ ਨੇ ਮਹਿਲਾ ਸ਼ੂਟਿੰਗ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗ਼ਾ ਜਿੱਤਿਆ



ਤਪਾ ਮੰਡੀ, 7 ਅਪ੍ਰੈਲ (ਭੂਸ਼ਨ ਘੜੈਲਾ / ਰਾਜੂ ਮਹਿਰਾ) : ਸਥਾਨਕ ਵਰਮਾ ਸ਼ੂਟਿੰਗ ਅਕੈਡਮੀ ਵਿੱਚ ਕਰਵਾਏ ਗਏ ਸ਼ੂਟਿੰਗ ਮੁਕਾਬਲਿਆਂ ਨੇ ਖੇਡ ਪ੍ਰੇਮੀਆਂ ਵਿੱਚ ਖਾਸ ਉਤਸ਼ਾਹ ਪੈਦਾ ਕੀਤਾ। ਇਸ ਮੁਕਾਬਲੇ ਵਿੱਚ ਲੱਗਭੱਗ 150 ਦੇ ਕਰੀਬ ਖਿਡਾਰੀਆਂ ਨੇ ਵੱਖ-ਵੱਖ ਵਰਗਾਂ ਵਿੱਚ ਭਾਗ ਲਿਆ ਅਤੇ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਦੌਰਾਨ ਸੀਨੀਅਰ ਮਾਸਟਰ ਮਹਿਲਾ ਵਰਗ ਵਿੱਚ ਸੁਮਨ ਬਾਂਸਲ ਪਤਨੀ ਡਾ.ਸੁਰਿੰਦਰ ਬਾਂਸਲ ਵਾਸੀ ਤਪਾ(ਚੰਡੀਗੜ੍ਹ) ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਦਾ ਤਗ਼ਮਾ ਜਿੱਤਿਆ। ਉਨ੍ਹਾਂ ਇਸ ਕਾਮਯਾਬੀ 'ਤੇ ਮੌਜੂਦ ਸਾਰੇ ਖਿਡਾਰੀ ਅਤੇ ਦਰਸ਼ਕ ਬਹੁਤ ਉਤਸ਼ਾਹਿਤ ਹੋਏ ਅਤੇ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ। ਮੁਕਾਬਲਿਆਂ ਦੌਰਾਨ ਦਸ ਮੀਟਰ ਏਅਰ ਪਿਸਤਲ ਵਿੱਚ ਤਨੀਸ਼ਾ(ਸੋਨਾ), ਸਟੇਟਸ(ਚਾਂਦੀ) ਅਤੇ ਕਿਰਤਮਨ ਕੌਰ ਨੇ ਕਾਂਸੀ ਦਾ ਤਗ਼ਮਾ ਜਿੱਤਿਆ। ਇਸੇ ਤਰ੍ਹਾਂ ਦਸ ਮੀਟਰ ਏਅਰ ਰਾਈਫਲ ਵਿੱਚ ਗੁਰਮੀਤ ਕੌਰ ਨੇ ਸੋਨਾ, ਪਰਬਤ ਰੂਪ ਕੌਰ ਨੇ ਚਾਂਦੀ ਅਤੇ ਸ਼ਾਨਪ੍ਰੀਤ ਕੌਰ ਨੇ ਕਾਂਸੀ ਦਾ ਤਗ਼ਮਾ ਆਪਣੇ ਨਾਮ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾਕਟਰ ਸੁਰਿੰਦਰ ਬਾਂਸਲ ਸੇਵਾ ਮੁਕਤ ਡਾਇਰੈਕਟਰ ਸਿਹਤ ਵਿਭਾਗ, ਬਿਟੂ ਸਿੰਘ ਵਰਮਾ, ਗੁਰਪ੍ਰੀਤ ਸਿੰਘ ਸਿੱਧੂ,ਬਲਜੀਤ ਸਿੰਘ, ਅਸ਼ਵਨੀ ਕੁਮਾਰ, ਲਾਡੀ ਸਿੰਘ ਢਿਲਵਾਂ,ਬਸੰਤ ਕੁਮੱਾਰ ਭੋਲਾ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੇ ਖਿਡਾਰੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਖਿਡਾਰੀਆਂ ਨੂੰ ਸੰਦੇਸ਼ ਦਿੱਤਾ ਕਿ ਲਗਾਤਾਰ ਅਭਿਆਸ ਅਤੇ ਸਮਰਪਣ ਨਾਲ ਹੀ ਵੱਡੀਆਂ ਕਾਮਯਾਬੀਆਂ ਹਾਸਲ ਕੀਤੀਆਂ ਜਾ ਸਕਦੀਆਂ ਹਨ। ਪ੍ਰਬੰਧਕਾਂ ਵੱਲੋਂ ਜੇਤੂਆਂ ਨੂੰ ਤਗ਼ਮਿਆਂ ਅਤੇ ਟਰਾਫੀਆਂ ਦੇਕੇ ਸਨਮਾਨਿਤ ਕੀਤਾ ਗਿਆ। ਖਾਸ ਗੱਲ ਇਹ ਰਹੀ ਕਿ ਸੁਮਨ ਬਾਂਸਲ ਪਹਿਲਾਂ ਵੀ ਸੂਬਾ ਪੱਧਰੀ ਅਤੇ ਨੌਰਥ ਇੰਡੀਆ ਪੱਧਰ ਦੇ ਸ਼ੂਟਿੰਗ ਮੁਕਾਬਲਿਆਂ ਵਿੱਚ ਸੋਨੇ ਦੇ ਤਗ਼ਮੇ ਜਿੱਤ ਚੁੱਕੀ ਹੈ। ਇਸ ਦੇ ਨਾਲ ਹੀ ਉਹ ਨੈਸ਼ਨਲ ਪੱਧਰ 'ਤੇ ਪੰਜਵਾਂ ਸਥਾਨ ਹਾਸਲ ਕਰਕੇ ਆਪਣੇ ਸ਼ਹਿਰ ਅਤੇ ਜ਼ਿਲ੍ਹੇ ਦਾ ਨਾਮ ਰੋਸ਼ਨ ਕਰ ਚੁੱਕੀ ਹੈ।

# ਪ੍ਰੀ-ਪ੍ਰਾਇਮਰੀ ਦੇ ਬੱਚਿਆਂ ਨੂੰ ਕਿੱਟ-ਬੈਗ ਵੰਡੇ



ਬਰਨਾਲਾ, 7 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਕੂਲ ਅਮਲਾ ਸਿੰਘ ਵਾਲਾ ਵਿਖੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਸਾਰੇ ਹੀ 31 ਪ੍ਰੀ – ਪ੍ਰਾਇਮਰੀ ਵਿਦਿਆਰਥੀਆਂ ਨੂੰ ਕਿੱਟ ਬੈਗ ਵੰਡੇ ਗਏ। ਸਕੂਲ ਮੁਖੀ ਨਰਿੰਦਰ ਕੁਮਾਰ ਨੇ ਦੱਸਿਆ ਕਿ ਬੂਟਾ ਸਿੰਘ ਪੰਚ ਅਤੇ ਗੁਰਮੇਲ ਸਿੰਘ ਰਿਟਾ ਮੈਨੇਜਰ ਫੂਡ ਸਪਲਾਈ ਵੱਲੋਂ ਇਹ ਬੈਗ ਦਾਨ ਵਿੱਚ ਦਿੱਤੇ ਗਏ ਹਨ। ਸਾਦਾ ਤੇ ਪ੍ਰਭਾਵਸ਼ਾਲੀ ਸਮਾਗਮ ਕਰਦੇ ਹੋਏ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਰੇਸ਼ਮ ਸਿੰਘ ਨੇ ਦੱਸਿਆ ਕਿ 1 ਅਪ੍ਰੈਲ ਨੂੰ ਸਾਰੇ ਵਿਦਿਆਰਥੀਆਂ ਨੂੰ ਆਈ .ਕਾਰਡ ਮਹੁੱਈਆ ਕਰਾਉਣ ਵਾਲਾ ਵੀ ਪੰਜਾਬ ਦਾ ਇਹ ਇਕਲੌਤਾ ਸਕੂਲ ਹੋਵੇਗਾ। ਇਹ ਆਈ .ਕਾਰਡ, ਟਾਈ, ਬੈਲਟ ਅਤੇ ਸਕੂਲ ਡਾਇਰੀਆਂ ਵੀ ਜੋਗਾ ਸਿੰਘ ਚੌਪੜਾ ਤੇ ਸੁਖਵਿੰਦਰ ਸਿੰਘ ਥਾਣੇਦਾਰ ਵੱਲੋਂ ਭੇਟ ਕੀਤੀਆਂ ਗਈਆਂ। ਇਸ ਮੌਕੇ ਬੋਲਦਿਆਂ ਹਰਜਿੰਦਰ ਸਿੰਘ ਨੇ ਕਿਹਾ ਕਿ ਇਸ ਸਕੂਲ ਦੇ ਵਿਦਿਆਰਥੀਆਂ ਦੀ ਦਾਨੀ ਸੱਜਣਾਂ ਦੇ ਸਹਿਯੋਗ ਸਦਕਾ ਉਹ ਸਾਰਿਆਂ ਸਹੂਲਤਾਂ ਮਿਲ ਰਹੀਆਂ ਹਨ, ਜੋ ਵੱਡੇ ਵੱਡੇ ਪ੍ਰਾਈਵੇਟ ਸਕੂਲਾਂ ਵਿੱਚ ਹਨ , ਉਹਨਾਂ ਹੋਰ ਦਾਨੀ ਸੱਜਣਾਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਆਉਣ ਤਾਂ ਕਿ ਬਾਕੀ ਰਹਿੰਦੇ ਬੱਚਿਆਂ ਨੂੰ ਵੀ ਕਿੱਟ ਬੈਗ ਵੰਡੇ ਜਾ ਸਕਣ। ਇਸ ਮੌਕੇ ਸਕੂਲ ਕਮੇਟੀ ਦੇ ਸੀਨੀਅਰ ਮੈਂਬਰ ਹਰਬੰਸ ਸਿੰਘ ਫੌਜੀ, ਨੀਲਮ ਯਾਦਵ, ਨਵਜੋਤ ਕੌਰ ਤੇ ਅਧਿਆਪਕ ਹਰਜਿੰਦਰ ਭੱਟੀ ਅਤੇ ਗਗਨਦੀਪ ਸਿੰਘ ਹਾਜ਼ਰ ਸਨ।

# ਪੁਲਿਸ ਵੱਲੋਂ 13 ਕਿੱਲੋ ਭੁੱਕੀ ਸਮੇਤ ਦੋ ਵਿਅਕਤੀ ਕਾਬੂ



ਭਦੌੜ, 7 ਅਪ੍ਰੈਲ (ਸੁਖਵਿੰਦਰ ਪਲਾਹਾ) : ਪੰਜਾਬ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਨਿਰੰਤਰ ਜੰਗ ਅਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਮਾਨਯੋਗ ਐੱਸ.ਐੱਸ.ਪੀ. ਮੁਹੰਮਦ ਸਰਫ਼ਰਾਜ਼ ਆਲਮ ਅਤੇ ਡੀ.ਐੱਸ.ਪੀ.ਤਪਾ ਗੁਰਪ੍ਰੀਤ ਸਿੰਘ ਸਿੱਧੂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਮਾਜ ਵਿਰੋਧੀ ਅਨਸਰਾਂ ਤੇ ਸ਼ਿਕੰਜਾ ਕੱਸਣ ਲਈ ਵੱਖ-ਵੱਖ ਥਾਂਵਾਂ 'ਤੇ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਜਾ ਰਹੀ ਸੀ ਜਿਸ ਦੇ ਤਹਿਤ ਕਾਰਵਾਈ ਕਰਦਿਆਂ ਭਦੌੜ ਪੁਲਿਸ ਨੇ ਦੋ ਵਿਅਕਤੀਆਂ ਨੂੰ ਭਾਰੀ ਮਾਤਰਾ ਵਿੱਚ ਭੁੱਕੀ ਚੂਰਾ ਸਮੇਤ ਕਾਬੂ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ। ਪ੍ਰਾਪਤ ਵੇਰਵਿਆਂ ਅਨੁਸਾਰ ਏ.ਐੱਸ.ਆਈ. ਸੁਰਿੰਦਰ ਸਿੰਘ ਦੀ ਅਗਵਾਈ ਹੇਠ ਪੁਲਿਸ ਕਰਮਚਾਰੀਆਂ ਦੀ ਇੱਕ ਟੀਮ ਸਰਕਾਰੀ ਗੱਡੀ ਨੰਬਰ ਪੀ.ਬੀ.-65-ਬੀ.ਐੱਚ.-4067 ਰਾਹੀਂ ਇਲਾਕੇ ਵਿੱਚ ਗਸ਼ਤ ਅਤੇ ਸ਼ੱਕੀ ਪੁਰਸ਼ਾਂ ਤੇ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕਰ ਰਹੀ ਸੀ। ਜਦੋਂ ਇਹ ਪੁਲਿਸ ਪਾਰਟੀ ਦਾਣਾ ਮੰਡੀ ਭਦੌੜ ਦੇ ਨਜ਼ਦੀਕ ਪਹੁੰਚੀ ਤਾਂ ਉੱਥੇ ਦੋ ਵਿਅਕਤੀ ਪੀਲੇ ਰੰਗ ਦੇ ਖਾਦ ਵਾਲੇ ਗੱਟੇ ਸਮੇਤ ਸ਼ੱਕੀ ਹਾਲਤ ਵਿੱਚ ਘੁੰਮਦੇ ਦਿਖਾਈ ਦਿੱਤੇ, ਜਿਨ੍ਹਾਂ ਨੂੰ ਪੁਲਿਸ ਨੇ ਘੇਰਾ ਪਾ ਕੇ ਤੁਰੰਤ ਕਾਬੂ ਕਰ ਲਿਆ ਅਤੇ ਜਦੋਂ ਉਨ੍ਹਾਂ ਦੀ ਤਲਾਸ਼ੀ ਲਈ ਗਈ ਤਾਂ ਉਨ੍ਹਾਂ ਦੇ ਕਬਜ਼ੇ ਵਿੱਚੋਂ 13 ਕਿੱਲੋ ਭੁੱਕੀ ਚੂਰਾ ਪੋਸਤ ਬਰਾਮਦ ਹੋਇਆ। ਫੜੇ ਗਏ ਵਿਅਕਤੀਆਂ ਦੀ ਪਛਾਣ ਭੋਲਾ ਸਿੰਘ ਪੁੱਤਰ ਨੀਲਾ ਸਿੰਘ ਵਾਸੀ ਭੱਠਾ ਬਸਤੀ ਨੈਣੇਵਾਲ ਰੋਡ ਭਦੌੜ ਅਤੇ ਪਰਮਪ੍ਰੀਤ ਸਿੰਘ ਪੁੱਤਰ ਸਾਹਿਬ ਸਿੰਘ ਵਾਸੀ ਬਾਹਰਲਾ ਵਿਹੜਾ ਭਦੌੜ ਵਜੋਂ ਹੋਈ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਕਾਰਵਾਈ ਉੱਚ ਅਧਿਕਾਰੀਆਂ ਵੱਲੋਂ ਦਿੱਤੇ ਸਖ਼ਤ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਕੀਤੀ ਗਈ ਹੈ ਤਾਂ ਜੋ ਇਲਾਕੇ ਨੂੰ ਨਸ਼ਾ ਮੁਕਤ ਬਣਾਇਆ ਜਾ ਸਕੇ। ਕਾਬੂ ਕੀਤੇ ਗਏ ਮੁਲਜ਼ਮਾਂ ਵਿਰੁੱਧ ਬਣਦੀਆਂ ਕਾਨੂੰਨੀ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਉਨ੍ਹਾਂ ਕੋਲੋਂ ਸਖ਼ਤੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਨਸ਼ਾ ਤਸਕਰੀ ਦੇ ਇਸ ਜਾਲ ਨਾਲ ਜੁੜੇ ਹੋਰਨਾਂ ਵਿਅਕਤੀਆਂ ਦਾ ਵੀ ਪਤਾ ਲਗਾਇਆ ਜਾ ਸਕੇ ਅਤੇ ਇਹ ਜਾਣਕਾਰੀ ਹਾਸਲ ਕੀਤੀ ਜਾ ਸਕੇ ਕਿ ਇਹ ਨਸ਼ੀਲਾ ਪਦਾਰਥ ਕਿੱਥੋਂ ਲਿਆਂਦਾ ਗਿਆ ਸੀ।

# ਜੈ ਵਾਟਿਕਾ ਪਬਲਿਕ ਸਕੂਲ, ਬਰਨਾਲਾ ਵਿਖੇ ਵਿਸ਼ਵ ਸਿਹਤ ਦਿਵਸ ਉਤਸ਼ਾਹ ਨਾਲ ਮਨਾਇਆ



ਬਰਨਾਲਾ, 7 ਅਪ੍ਰੈਲ (ਇਸ਼ੇਨ ਕੰਗ) : ਵਿਸ਼ਵ ਸਿਹਤ ਦਿਵਸ ਮਨਾਉਣ ਲਈ, ਜੈ ਵਾਟਿਕਾ ਪਬਲਿਕ ਸਕੂਲ, ਬਰਨਾਲਾ ਵਿਖੇ ਪਹਿਲੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਬਹੁਤ ਉਤਸ਼ਾਹ ਅਤੇ ਜਾਗਰੂਕਤਾ ਨਾਲ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ। ਬੱਚਿਆਂ ਨੂੰ ਚੰਗੀ ਸਿਹਤ ਬਣਾਈ ਰੱਖਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਉਤਸ਼ਾਹਿਤ ਕੀਤਾ ਗਿਆ। ਪ੍ਰੋਗਰਾਮ ਦੌਰਾਨ, ਵਿਦਿਆਰਥੀਆਂ ਨੇ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ, ਪੌਸ਼ਟਿਕ ਭੋਜਨ ਦੀ ਮਹੱਤਤਾ ਅਤੇ ਆਪਣੇ ਰੋਜ਼ਾਨਾ ਜੀਵਨ ਵਿੱਚ ਚੰਗੀਆਂ ਸਿਹਤ ਆਦਤਾਂ ਅਪਨਾਉਣ ਬਾਰੇ ਜਾਣਕਾਰੀ ਸਾਂਝੀ ਕੀਤੀ। ਬੱਚਿਆਂ ਨੇ ਸਿਹਤਮੰਦ ਰਹਿਣ ਦਾ ਪ੍ਰਣ ਵੀ ਲਿਆ। ਪ੍ਰਾਰਥਨਾ ਸਭਾ ਦੌਰਾਨ, ਸਕੂਲ ਅਧਿਆਪਕ ਨੇ ਵਿਦਿਆਰਥੀਆਂ ਨੂੰ ਯੋਗਾ ਅਤੇ ਪ੍ਰਾਣਾਯਾਮ ਦੀ ਮਹੱਤਤਾ ਬਾਰੇ ਦੱਸਿਆ ਅਤੇ ਉਨ੍ਹਾਂ ਨੂੰ ਕਈ ਸਧਾਰਨ ਯੋਗਾ ਆਸਣ ਅਤੇ ਪ੍ਰਾਣਾਯਾਮ ਰਾਹੀਂ ਅਗਵਾਈ ਦਿੱਤੀ। ਬੱਚਿਆਂ ਨੂੰ ਰੋਜ਼ਾਨਾ ਯੋਗਾ ਕਰਨ ਅਤੇ ਆਪਣੇ ਸਰੀਰ ਨੂੰ ਸਿਹਤਮੰਦ ਰੱਖਣ ਲਈ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ 'ਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੋਵਾਂ ਨੇ ਉਤਸ਼ਾਹ ਨਾਲ ਯੋਗ ਆਸਣ ਕੀਤੇ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ, ਸਕੂਲ ਪ੍ਰਿੰਸੀਪਲ ਡਾ. ਪਰਵਿੰਦਰ ਕੌਰ ਨੇ ਕਿਹਾ ਕਿ ਚੰਗੀ ਸਿਹਤ ਲਈ ਜਲਦੀ ਉੱਠਣਾ, ਜਲਦੀ ਸੌਣਾ ਅਤੇ ਸੰਤੁਲਿਤ ਖੁਰਾਕ ਖਾਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇੱਕ ਸਿਹਤਮੰਦ ਮਨ ਇੱਕ ਸਿਹਤਮੰਦ ਸਰੀਰ ਵਿੱਚ ਰਹਿੰਦਾ ਹੈ, ਅਤੇ ਇੱਕ ਬਿਹਤਰ ਜੀਵਨ ਲਈ ਚੰਗੀ ਸਿਹਤ ਬਣਾਈ ਰੱਖਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਬੱਚਿਆਂ ਨੂੰ ਸਰੀਰਕ ਖੇਡਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ, ਮੋਬਾਈਲ ਫੋਨ ਦੀ ਜ਼ਿਆਦਾ ਵਰਤੋਂ ਤੋਂ ਬਚਣ ਅਤੇ ਇੱਕ ਸਰਗਰਮ ਅਤੇ ਅਨੁਸ਼ਾਸਿਤ ਜੀਵਨ ਸ਼ੈਲੀ ਅਪਣਾਉਣ ਲਈ ਉਤਸ਼ਾਹਿਤ ਕੀਤਾ। ਅੰਤ ਵਿੱਚ, ਉਨ੍ਹਾਂ ਸਾਰਿਆਂ ਨੂੰ ਵਿਸ਼ਵ ਸਿਹਤ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਾਰਿਆਂ ਦੀ ਚੰਗੀ ਸਿਹਤ ਦੀ ਕਾਮਨਾ ਕੀਤੀ। ਸਕੂਲ ਵਿੱਚ ਆਯੋਜਿਤ ਇਹ ਪ੍ਰੋਗਰਾਮ ਵਿਦਿਆਰਥੀਆਂ ਲਈ ਸਿਹਤ, ਅਨੁਸ਼ਾਸਨ ਅਤੇ ਜਾਗਰੂਕਤਾ ਦਾ ਇੱਕ ਪ੍ਰੇਰਨਾਦਾਇਕ ਸੰਦੇਸ਼ ਲੈ ਕੇ ਆਇਆ।

# ਖ਼ਰਾਬ ਮੌਸਮ ਦੇ ਚੱਲਦਿਆਂ ਕਣਕ ਦੀ ਵਾਢੀ ਹੋਈ ਸ਼ੁਰੂ



ਤਪਾ ਮੰਡੀ, 7 ਅਪ੍ਰੈਲ (ਭੂਸ਼ਨ ਘੜੈਲਾ / ਰਾਜੂ ਮਹਿਰਾ) : ਪਿਛਲੇ ਕਈ ਦਿਨਾਂ ਤੋਂ ਚੱਲ ਰਹੇ ਖਰਾਬ ਮੌਸਮ ਨੂੰ ਮੱਦੇ ਨਜ਼ਰ ਰੱਖਦਿਆਂ ਹੋਇਆ ਕਿਸਾਨਾਂ ਵੱਲੋਂ ਤਪਾ ਖੇਤਰ ਅੰਦਰ ਕਣਕ ਦੀ ਵਾਢੀ ਮਸ਼ੀਨ ਨਾਲ ਸ਼ੁਰੂ ਕੀਤੀ ਗਈ ਹੈ ਤਾਂ ਜੋ ਮੁੜ ਤੋਂ ਮੌਸਮ ਖਰਾਬ ਨਾ ਹੋ ਜਾਵੇ ਜਦ ਸਾਡੇ ਪੱਤਰਕਾਰ ਨੇ ਆਲੇ ਦੁਆਲੇ ਦੇ ਪਿੰਡਾਂ ਦਾ ਦੌਰਾ ਕੀਤਾ ਤਾਂ ਮਹਿਤਾ ਸੜਕ 'ਤੇ ਕਿਸਾਨ ਵੱਲੋਂ ਕਣਕ ਦੀ ਵਾਢੀ ਮਸ਼ੀਨ ਨਾਲ ਕੀਤੀ ਜਾ ਰਹੀ ਹੈ, ਜਦ ਕਿਸਾਨ ਨੇ ਦੱਸਿਆ ਕਿ ਮੌਸਮ ਕਈ ਦਿਨਾਂ ਤੋਂ ਖਰਾਬ ਚੱਲ ਰਿਹਾ ਹੈ ਤਾਂ ਉਹਨਾਂ ਕਿਹਾ ਕਿ ਦੋ ਤਿੰਨ ਦਿਨ। ਦੱਸਣ ਯੋਗ ਹੈ ਕਿ ਖੇਤਾਂ ਵਿੱਚ ਕਣਕ ਦੀ ਫਸਲ ਬਿਲਕੁੱਲ ਤਿਆਰ ਖੜ੍ਹੀ ਹੈ।

# ਪੜ੍ਹਾਈ ਦੇ ਨਾਲ-ਨਾਲ ਨਾਮ ਸਿਮਰਨ ਕਰਨ ਵਾਲੀਆਂ ਲੜਕੀਆਂ ਦਾ ਕੀਤਾ ਸਨਮਾਨ



ਬਰਨਾਲਾ, 7 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਬਰਨਾਲਾ ਵਿਖੇ ਝੁੱਗੀਆਂ 'ਚ ਰਹਿੰਦੀਆਂ ਲੜਕੀਆਂ ਨੂੰ ਵਧੀਆ ਸਿੱਖਿਆ ਦੇਣ ਦੇ ਨਾਲ ਨਾਲ ਸਤਿਨਾਮ ਵਾਹਿਗੁਰੂ ਦਾ ਜਾਪ ਕਰਵਾ ਕੇ ਚੰਗੇ ਸੰਸਕਾਰ ਦੇਣ ਦਾ ਸ਼ਾਨਦਾਰ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਮੌਕੇ ਭਾਨ ਸਿੰਘ ਜੱਸੀ ਪੇਧਨੀ ਅਤੇ ਸਮਾਜ ਸੇਵੀ ਖ਼ੁਸ਼ੀਆ ਸਿੰਘ ਨੇ ਦੱਸਿਆ ਕਿ ਇਨ੍ਹਾਂ ਚਾਰ ਲੜਕੀਆਂ ਵੱਲੋਂ ਬਾਕੀ ਲੱਗਭੱਗ 50 ਬੱਚਿਆਂ ਨੂੰ ਬਾਣੀ ਦਾ ਜਾਪ ਕਰਵਾਇਆ ਜਾਂਦਾ ਹੈ। ਇਨ੍ਹਾਂ ਬੱਚੀਆਂ ਨੂੰ ਨਵੇਂ ਸੂਟ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਿਆਰੀ ਸਿੱਖਿਆ ਉਹ ਹੁੰਦੀ ਹੈ, ਜਿਹੜੀ ਕਿ ਬੱਚਿਆਂ ਨੂੰ ਚੰਗੇ ਸੰਸਕਾਰ ਪ੍ਰਦਾਨ ਕਰਕੇ ਚੰਗੇ ਇਨਸਾਨ ਬਣਾਵੇ। ਅੱਜ ਕੱਲ੍ਹ ਦੇਖਦੇ ਹਾਂ ਕਿ ਕਈ ਬੱਚੇ ਅੰਕ ਤਾਂ ਬਹੁਤ ਲੈ ਜਾਂਦੇ ਹਨ, ਪਰ ਉਨ੍ਹਾਂ ਨੂੰ ਸੰਸਕਾਰ ਨਹੀਂ ਮਿਲੇ ਹੁੰਦੇ। ਇਸ ਲਈ ਉਹ ਸਮਾਜ 'ਚ ਪ੍ਰਵਾਨ ਨਹੀਂ ਚੜ੍ਹਦੇ। ਇਸ ਮੌਕੇ ਸਮਾਜ ਸੇਵੀ ਖ਼ੁਸ਼ੀਆ ਸਿੰਘ ਨੇ ਕਿਹਾ ਕਿ ਸਮਾਜ ਸੇਵੀ ਭਾਨ ਸਿੰਘ ਜੱਸੀ ਪੇਧਨੀ ਇੱਕ ਅਜਿਹੇ ਕਰਮਯੋਗੀ ਇਨਸਾਨ ਹਨ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਇਨ੍ਹਾਂ ਝੌਂਪੜੀਆਂ 'ਚ ਰਹਿਣ ਵਾਲੇ ਬੱਚਿਆਂ ਨੂੰ ਸੰਸਕਾਰੀ ਸਿੱਖਿਆ ਦੇਣ 'ਚ ਲਗਾ ਦਿੱਤਾ ਹੈ। ਸਰਬੱਤ ਦੇ ਭਲੇ ਦੀ ਸੋਚ 'ਤੇ ਹਮੇਸ਼ਾ ਪਹਿਰਾ ਦੇਣ ਵਾਲੇ ਭਾਨ ਸਿੰਘ ਜੱਸੀ ਵਰਗੇ ਸਮਾਜ ਨੂੰ ਟਾਂਵੇਂ ਵਿਰਲੇ ਹੀ ਨਸੀਬ ਹੁੰਦੇ ਹਨ। ਵਾਹਿਗੁਰੂ ਭਾਨ ਸਿੰਘ ਜੱਸੀ ਪੇਧਨੀ ਨੂੰ ਹਮੇਸ਼ਾ ਖ਼ੁਸ਼ੀਆਂ ਅਤੇ ਚੰਗੀ ਸਿਹਤ ਬਖਸ਼ਿਸ਼ ਕਰਨ ਤਾਂ ਕਿ ਇਹ ਲੋੜਵੰਦਾਂ ਦੀ ਮੱਦਦ ਕਰਦੇ ਰਹਿਣ।



# ਪਟਿਆਲਾ-ਆਸ/ਪਾਸ



## ਕਾਰ ਹਾਦਸੇ ਤੋਂ ਬਾਅਦ ਰਣਜੋਧ ਸਿੰਘ ਹਡਾਣਾ ਦਾ ਤੁਰੰਤ ਐਕਸ਼ਨ, ਮੌਕੇ 'ਤੇ ਪਹੁੰਚ ਕੇ ਲਿਆ ਜਾਇਜ਼ਾ

➢ਤੰਗ ਪੁਲੀ ਨੂੰ ਚੌੜਾ ਕਰਨ ਦੇ ਚੱਲ ਰਹੇ ਕੰਮ ਨੂੰ ਜਲਦ ਨਿਪਟਾਉਣ ਅਤੇ ਸੜਕ ਕਿਨਾਰੇ ਮਜ਼ਬੂਤ ਰੇਲਿੰਗ ਲਗਾਉਣ ਲਈ ਸਬੰਧਿਤ ਵਿਭਾਗ ਨੂੰ ਦਿੱਤੇ ਨਿਰਦੇਸ਼



ਦੇਵੀਗੜ੍ਹ, 7 ਅਪ੍ਰੈਲ (ਗੁਰਜੀਤ ਸਿੰਘ ਢੋਟ) : ਬੀਤੇ ਰਾਤ ਦੇਵੀਗੜ੍ਹ-ਪਿਹੋਵਾ ਮੁੱਖ ਮਾਰਗ 'ਤੇ ਸਥਿਤ ਪਿੰਡ ਹਰੀਗੜ੍ਹ ਨੇੜੇ ਇੱਕ ਕਾਰ ਦੇ ਖੱਡੇ ਵਿੱਚ ਡਿੱਗਣ ਕਾਰਨ ਵਾਪਰੇ ਭਿਆਨਕ ਹਾਦਸੇ ਦੀ ਸੂਚਨਾ ਮਿਲਦੇ ਹੀ ਹਲਕਾ ਇੰਚਾਰਜ ਅਤੇ ਚੇਅਰਮੈਨ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਤੁਰੰਤ ਐਕਸ਼ਨ ਲੈਂਦਿਆਂ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਜ਼ਿਕਰਯੋਗ ਹੈ ਕਿ ਇਸ ਹਾਦਸੇ ਵਿੱਚ ਇੱਕ ਪਰਿਵਾਰ ਵਾਲ-ਵਾਲ ਬਚ ਗਿਆ ਪਰ ਸਥਾਨਕ ਨਿਵਾਸੀ ਲੰਮੇ ਸਮੇਂ ਤੋਂ ਇਸ ਬੇਹੱਦ ਤੰਗ ਪੁਲੀ ਨੂੰ ਚੌੜਾ ਕਰਨ ਦੀ ਮੰਗ ਕਰ ਰਹੇ ਸਨ, ਜਿਸ 'ਤੇ ਹਡਾਣਾ ਨੇ ਰੁਚੀ ਦਿਖਾਂਦੇ ਹੋਏ ਕੁਝ ਕੁ ਦਿਨ ਪਹਿਲਾਂ ਕੰਮ ਸ਼ੁਰੂ ਕਰਵਾਇਆ ਸੀ। ਮੌਕੇ 'ਤੇ ਮੌਜੂਦ ਲੋਕਾਂ ਅਤੇ ਰਾਹਗੀਰਾਂ ਨਾਲ ਗੱਲ ਕਰ ਕੇ ਜਾਣਕਾਰੀ ਲੈਣ ਮਗਰੋਂ ਤੋਂ ਹਡਾਣਾ ਨੇ ਮੌਕੇ 'ਤੇ ਪਹੁੰਚੇ ਸਬੰਧਿਤ ਵਿਭਾਗ ਦੇ ਉੱਚ ਅਧਿਕਾਰੀਆਂ ਸ਼ਬਦਾਂ ਵਿੱਚ ਕਿਹਾ ਕਿ ਪੁਲੀ ਨੂੰ ਤੁਰੰਤ ਚੌੜਾ ਕਰਨ ਦੀ ਪ੍ਰਕਿਰਿਆ ਦੇ ਕੰਮ ਨੂੰ 15 ਦਿਨਾਂ ਦੇ ਅੰਦਰ ਅੰਦਰ ਪੂਰਾ ਕੀਤਾ ਜਾਵੇ। ਉਨ੍ਹਾਂ ਸਖ਼ਤ ਲਿਹਜ਼ੇ ਵਿੱਚ ਇਹ ਹਦਾਇਤ ਕੀਤੀ ਕਿ ਕੰਮ ਨਾ ਪੂਰਾ ਹੋਣ ਦੀ ਸੂਰਤ ਵਿੱਚ ਸਬੰਧਤ ਠੇਕੇਦਾਰ ਦੇ ਨਾਲ ਨਾਲ ਸਬੰਧਤ ਅਧਿਕਾਰੀਆ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਦੇ ਨਾਲ ਹੀ ਉਨ੍ਹਾਂ ਸੜਕ ਦੇ ਕਿਨਾਰਿਆਂ 'ਤੇ ਮਜ਼ਬੂਤ ਰੇਲਿੰਗ ਜਾਂ ਬੈਰੀਅਰ ਲਗਾਉਣ ਸਰਦਾਰ ਹਡਾਣਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਾਰਨ ਹਲਕੇ ਵਿੱਚ ਅਜਿਹੇ ਕਈ ਕੰਮਾਂ ਨੂੰ ਜਲਦ ਦਰੁਸਤ ਕਰਨ ਦੇ ਹੁਕਮ ਜਾਰੀ ਕਰ ਦਿੱਤੇ ਗਏ ਹਨ। ਇਸ ਮੌਕੇ ਪਿੰਡ ਹਰੀਗੜ੍ਹ ਅਤੇ ਆਲੇ-ਦੁਆਲੇ ਦੇ ਇਲਾਕਾ ਨਿਵਾਸੀਆਂ ਨੇ ਹਡਾਣਾ ਦੇ ਇਸ ਤੁਰੰਤ ਐਕਸ਼ਨ ਦੀ ਸ਼ਲਾਘਾ ਕੀਤੀ ਅਤੇ ਉਮੀਦ ਜਤਾਈ ਕਿ ਹੁਣ ਇਸ ਖ਼ਤਰਨਾਕ ਮੋੜ ਤੋਂ ਲੋਕਾਂ ਨੂੰ ਨਿਜਾਤ ਮਿਲੇਗੀ। ਇਸ ਮੌਕੇ ਉਨ੍ਹਾਂ ਨਾਲ 'ਆਪ' ਦੇ ਸਥਾਨਕ ਆਗੂ ਅਤੇ ਵਰਕਰ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਨਵੇਂ ਕੰਪਲੈਕਸ ਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਦਘਾਟਨ

➢ਪੰਜਾਬ ਦੀਆਂ ਖੇਡਾਂ ਲਈ ਇੱਕ ਇਤਿਹਾਸਕ ਮੀਲ ਪੱਥਰ ਸਾਬਤ ਹੋਇਆ : ਡਾ. ਪੁਸ਼ਪਿੰਦਰ ਸਿੰਘ ਗਿੱਲ

ਪਟਿਆਲਾ, 7 ਅਪ੍ਰੈਲ (ਰੁਪਾਣਾ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਵਿਖੇ ਪਹਿਲੇ ਫੇਜ ਤਹਿਤ 53 ਕਰੋੜ ਰੁਪਏ ਦੀ ਲਾਗਤ ਨਾਲ ਅਕਾਦਮਿਕ ਬਲਾਕ ਅਤੇ ਲੜਕੇ ਤੇ ਲੜਕੀਆਂ ਦੇ ਹੋਸਟਲ ਦਾ ਉਦਘਾਟਨ ਕਰਨਾ ਪੰਜਾਬ ਦੀਆਂ ਖੇਡਾਂ ਲਈ ਇੱਕ ਇਤਿਹਾਸਕ ਮੀਲ ਪੱਥਰ ਸਾਬਤ ਹੋਇਆ ਹੈ। ਇਹ ਪ੍ਰਗਟਾਵਾ ਸਪੋਰਟਸ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਕੀਤਾ।ਉਨ੍ਹਾਂ ਕਿਹਾ ਕਿ, 53 ਕਰੋੜ ਰੁਪਏ ਦੀ ਲਾਗਤ ਨਾਲ ਅਕਾਦਮਿਕ ਬਲਾਕ ਤੇ ਲੜਕੇ ਤੇ ਲੜਕੀਆਂ ਦੇ ਹੋਸਟਲ ਦੀ ਇੱਕ ਰਿਕਾਰਡ ਸਮੇਂ ਵਿੱਚ ਉਸਾਰੀ ਨਾਲ ਖੇਡ ਉਤਮਤਾ ਤੇ ਅਕਾਦਮਿਕ ਖੇਤਰ ਵਿੱਚ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਹੋਈ ਹੈ, ਜਿਸ ਨੂੰ ਸਪੋਰਟਸ ਯੂਨੀਵਰਸਿਟੀ ਨਵਾਂ ਆਕਾਰ ਦੇਵੇਗੀ। ਵਾਈਸ ਚਾਂਸਲਰ ਨੇ ਦੱਸਿਆ ਕਿ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਯਤਨਾਂ ਸਦਕਾ ਪਟਿਆਲਾ ਦਿਹਾਤੀ ਹਲਕੇ ਦੇ ਵਿਕਾਸ ਕਾਰਜਾਂ ਦੇ ਲੋਕ ਅਰਪਣ ਸਮੇਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਿੱਥੇ ਯੂਨੀਵਰਸਿਟੀ ਪ੍ਰਬੰਧਕਾਂ ਨੂੰ ਵਧਾਈ ਦਿੱਤੀ ਉਥੇ ਹੀ ਸਾਡੇ ਵਿਦਿਆਰਥੀਆਂ ਨੂੰ ਵੀ ਹੱਲਾਸ਼ੇਰੀ ਦਿੱਤੀ ਹੈ, ਜਿਸ ਨਾਲ ਸਾਡੀ ਯੂਨੀਵਰਸਿਟੀ ਦਾ ਮਾਣ ਵਧਿਆ ਹੈ। ਡਾ. ਗਿੱਲ ਨੇ ਦੱਸਿਆ ਕਿ ਇਸ ਸਮਾਰੋਹ ਦੌਰਾਨ ਯੂਨੀਵਰਸਿਟੀ ਦੇ ਅਕਾਦਮਿਕ ਅਮਲੇ ਸਮੇਤ ਵੱਡੀ ਗਿਣਤੀ ਵਿਦਿਆਰਥੀਆਂ ਨੇ ਸ਼ਮੂਲੀਅਤ ਕਰਕੇ ਉਹ ਇਸ ਇਤਿਹਾਸਕ ਪਲ ਦੇ ਗਵਾਹ ਬਣੇ ਸਨ। ਉਨ੍ਹਾਂ ਦੱਸਿਆ ਕਿ ਇਹ ਸਪੋਰਟਸ ਯੂਨੀਵਰਸਿਟੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਐਲਾਨ ਮੁਤਾਬਕ ਅਕਾਦਮਿਕ ਵਿਦਵਾਨਾਂ ਦੇ ਨਾਲ-ਨਾਲ ਸਪੋਰਟਸ ਚੈਂਪੀਅਨ ਐਥਲੀਟ ਤੇ ਖੇਡ ਗ੍ਰੈਜੂਏਟ ਪੈਦਾ ਕਰਨ ਸਮੇਤ ਖੇਡ ਵਿਗਿਆਨ, ਖੇਡ ਸੱਭਿਆਚਾਰ ਤੇ ਸਕਾਲਰਸ਼ਿਪ ਲਈ ਵੀ ਆਪਣੇ ਦਰਵਾਜੇ ਖੋਲ੍ਹ ਚੁੱਕੀ ਹੈ। ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਅੱਗੇ ਦੱਸਿਆ ਕਿ 92 ਏਕੜ ਵਿੱਚ ਫੈਲੀ ਇਸ ਪੰਜਾਬ ਖੇਡ ਯੂਨੀਵਰਸਿਟੀ ਵਿਖੇ ਲੋਕ ਨਿਰਮਾਣ ਵਿਭਾਗ ਵੱਲੋਂ ਤਿਆਰ ਕੀਤੇ ਗਏ ਅਕਾਦਮਿਕ ਬਲਾਕ ਦੇ ਜਮੀਨੀ ਤਲ ਵਿੱਚ ਰੀਹੈਬ ਸੈਂਟਰ, ਫਿਜਿਉਥ੍ਰੈਪੀ ਕਮਰਾ, ਜਿਮ, ਹੌਟ ਐਂਡ ਕੋਲਡ ਥਰੈਪੀ ਦੀ ਸੁਵਿਧਾ। ਪਹਿਲੀ ਮੰਜ਼ਲ ਉਤੇ ਲੈਕਚਰ ਥੀਏਟਰ, ਕਲਾਸਰੂਮ, ਨਿਊਟ੍ਰੀਸ਼ਨ ਸਾਇਕੋਲੋਜੀ ਲੈਬ, ਫਿਜਿਉਥਰੈਪੀ ਲੈਬ ਬਣਾਈ ਗਈ ਹੈ। ਦੂਜੀ ਮੰਜਿਲ ਉਤੇ ਐਂਥਰੋਪੋਮੀਟਰੀ ਲੈਬ, ਸਾਇਕਲੋਜੀ ਲੈਬ ਤੇ ਕਲਾਸਰੂਮ ਬਣਾਏ ਗਏ ਹਨ। ਤੀਜੀ ਮੰਜਿਲ ਉਤੇ ਕਲਾਸ ਰੂਮ, ਐਨਾਟਮੀ ਲੈਬ, ਲੜਕੀਆਂ ਦਾ ਕਾਮਨ ਰੂਮ। ਚੌਥੀ ਮੰਜਿਲ ਉਤੇ ਕਲਾਸ ਰੂਮ, ਲਾਇਬ੍ਰੇਰੀ, ਪ੍ਰੋਫੈਸਰਾਂ ਦਾ ਕਮਰਾ ਅਤੇ ਪੰਜਵੀਂ ਮੰਜਿਲ ਉਤੇ ਕੰਪਿਊਟਰ ਰੂਮ ਬਣਾਇਆ ਗਿਆ ਹੈ। ਇਸ ਬਲਾਕ ਵਿੱਚ ਦੋ ਲਿਫਟਾਂ ਲਗਾਈਆਂ ਗਈਆਂ ਹਨ। ਅਕਾਦਮਿਕ ਬਲਾਕ ਕੁਲ ਕੁਲ ਕਵਰਡ ਏਰੀਆ 94523 ਵਰਗ ਫੁੱਟ ਹੈ। ਵਾਈਸ ਚਾਂਸਲਰ ਨੇ ਹੋਰ ਦੱਸਿਆ ਕਿ ਬੁਆਇਜ ਅਤੇ ਗਰਲਜ ਹੋਸਟਲ ਦੀਆਂ 4-4 ਮੰਜਲਾਂ ਬਣੀਆਂ ਹਨ ਅਤੇ ਇਨ੍ਹਾਂ ਵਿੱਚ 20-20 ਕਮਰੇ ਬਣੇ ਹਨ। ਇਸ ਤਰ੍ਹਾਂ 100 ਕਮਰਿਆਂ ਵਾਲੇ ਇਸ ਹੋਸਟਲ ਵਿੱਚ 300 ਵਿਦਿਆਰਥੀਆਂ ਨੂੰ ਅਤਿਆਧੁਨਿਕ ਸਹੂਲਤਾਂ ਵਾਲੀ ਰਿਹਾਇਸ਼ ਪ੍ਰਦਾਨ ਕੀਤੀ ਜਾਵੇਗੀ।ਇਥੇ ਦੋ ਲਿਫਟਾਂ ਲਗਾਈਆਂ ਗਈਆਂ ਹਨ।ਇੱਥੇ ਦੋ ਲਿਫਟਾਂ ਲਗਾਈਆਂ ਗਈਆਂ ਹਨ ਤੇ ਹੋਸਟਲ ਬਲਾਕ ਦਾ ਕੁਲ ਕਵਰਡ ਏਰੀਆ 97135 ਵਰਗ ਫੁੱਟ ਹੈ।ਇਸ ਦੀ ਪਹਿਲੀ ਮੰਜਿਲ ਉਤੇ 20 ਕਮਰੇ, ਰੀਕ੍ਰੀਏਸ਼ਨਲ ਹਾਲ, ਟੇਬਲ ਟੈਨਿਸ ਅਤੇ ਬਿਲੀਅਰਡਜ ਰੂਮ ਤੇ ਰੀਡਿੰਗ ਰੂਮ ਬਣਾਏ ਹਨ। ਅਤੇ ਬਾਕੀ ਦੀਆਂ ਸਾਰੀਆਂ ਮੰਜਿਲਾਂ ਉਪਰ ਪ੍ਰਤੀ ਮੰਜਿਲ 20-20 ਕਮਰੇ ਬਣਾਏ ਗਏ ਹਨ।



## ਅਗਰਵਾਲ ਸਭਾ ਦੇ ਪ੍ਰਧਾਨ ਬਣਨ 'ਤੇ ਮਨੀਸ਼ ਸਿੰਗਲਾ ਰੌਕੀ ਦਾ ਆਪਣਾ ਕਲੱਬ ਵੱਲੋਂ ਸਨਮਾਨ



ਸਮਾਣਾ, 7 ਅਪ੍ਰੈਲ (ਜਵੰਦਾ/ਵਿਜੇ ਕੁਮਾਰ) : ਅਗਰਵਾਲ ਸਭਾ ਦੇ ਪ੍ਰਧਾਨ ਪਦ 'ਤੇ ਸਰਬਸੰਮਤੀ ਨਾਲ ਚੁਣੇ ਜਾਣ 'ਤੇ ਮਨੀਸ਼ ਸਿੰਗਲਾ ਰੌਕੀ ਨੂੰ ਆਪਣਾ ਕਲੱਬ ਵੱਲੋਂ ਸਨਮਾਨਿਤ ਕੀਤਾ ਗਿਆ। ਇਹ ਚੋਣ ਸਭਾ ਦੇ ਸਰਪ੍ਰਸਤ ਰਮੇਸ਼ ਗਰਗ ਅਤੇ ਮੈਂਬਰਾਂ ਦੀ ਸਹਿਮਤੀ ਨਾਲ ਹੋਈ।ਇਸ ਮੌਕੇ ਆਪਣਾ ਕਲੱਬ ਦੇ ਮੈਂਬਰਾਂ ਵਿੱਚ ਅਰੁਣ ਬਾਂਸਲ, ਜੀ.ਸੀ. ਗੋਇਲ, ਰਾਜੀਵ ਗੋਇਲ 'ਸ਼ੰਟੀ', ਪੁਨੀਤ ਸਿੰਗਲਾ, ਅਜੇ ਗਰਗ, ਮਨੀਸ਼ ਗੋਇਲ, ਵਨੀਤ ਗੁਪਤਾ 'ਮੋਂਟੀ', ਨਵਨੀਤ ਜੈਨ, ਦਿਨੇਸ਼ ਜੈਨ, ਰਾਜਵਿੰਦਰ ਸਿੰਘ, ਮਨੀਸ਼ ਗਰਗ 'ਕਾਲਾ ਅਤੇ ਜੱਜ ਸਿੰਗਲਾ ਆਦਿ ਮੌਜੂਦ ਰਹੇ।ਇਸ ਮੌਕੇ ਕਲੱਬ ਮੈਂਬਰਾਂ ਨੇ ਵਿਸ਼ਵਾਸ ਜਤਾਇਆ ਕਿ ਮਨੀਸ਼ ਸਿੰਗਲਾ ਦੀ ਅਗਵਾਈ ਹੇਠ ਅਗਰਵਾਲ ਸਭਾ ਸਮਾਜ ਦੀ ਭਲਾਈ ਲਈ ਨਿਰੰਤਰ ਕੰਮ ਕਰੇਗੀ ਅਤੇ ਨਵੀਆਂ ਉੱਚਾਈਆਂ ਹਾਸਲ ਕਰੇਗੀ।

## ਗੁਰਪ੍ਰੀਤ ਸਿੰਘ ਕਾਲਾ ਬਸਪਾ ਨੂੰ ਛੱਡ ਕਾਂਗਰਸ 'ਚ ਸ਼ਾਮਲ, ਮੋਹਿਤ ਮਹਿੰਦਰਾ ਵੱਲੋਂ ਸਵਾਗਤ

ਪਟਿਆਲਾ, 7 ਅਪ੍ਰੈਲ (ਰੁਪਾਣਾ) : ਪੰਜਾਬ ਦੀ ਰਾਜਨੀਤੀ ਵਿੱਚ ਹੋਰਨਾਂ ਪਾਰਟੀਆਂ ਨੂੰ ਛੱਡ ਕਾਂਗਰਸ ਵਿੱਚ ਸ਼ਾਮਲ ਹੋਣ ਦਾ ਰੁਝਾਨ ਦਿਨ-ਬ-ਦਿਨ ਵੱਧਦਾ ਜਾ ਰਿਹਾ ਹੈ। ਇਸੇ ਤਹਿਤ ਨਾਭਾ ਵਿਧਾਨ ਸਭਾ ਹਲਕੇ ਨਾਲ ਸੰਬੰਧਿਤ ਬਹੁਜਨ ਸਮਾਜ ਪਾਰਟੀ ਦੇ ਆਗੂ ਗੁਰਪ੍ਰੀਤ ਸਿੰਘ (ਕਾਲਾ) ਨੇ ਬਸਪਾ ਛੱਡ ਕੇ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ। ਇਹ ਸ਼ਮੂਲੀਅਤ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ ਦੀ ਅਗਵਾਈ ਵਿੱਚ ਹੋਈ।ਦੱਸਣਯੋਗ ਹੈ ਕਿ ਗੁਰਪ੍ਰੀਤ ਸਿੰਘ (ਕਾਲਾ), ਜੋ ਕਿ ਪਿੰਡ ਸ਼ਮਲਾ (ਹਲਕਾ ਪਟਿਆਲਾ ਦਿਹਾਤੀ) ਨਾਲ ਸਬੰਧਤ ਹਨ। ਇਸ ਮੌਕੇ ਮੋਹਿਤ ਮਹਿੰਦਰਾ ਨੇ ਗੁਰਪ੍ਰੀਤ ਸਿੰਘ ਕਾਲਾ ਦਾ ਪਾਰਟੀ ਵਿੱਚ ਸਵਾਗਤ ਕੀਤਾ। ਇਸ ਮੌਕੇ ਆੜਤੀ ਐਸੋਸੀਏਸ਼ਨ ਪੰਜਾਬ ਤੋਂ ਸੁਭਾਸ਼ ਬੰਗਾ ਸੀਨੀਅਰ ਵਾਈਸ ਪ੍ਰੈਜ਼ੀਡੈਂਟ, ਨਰੇਸ਼ ਸੁਖੀਜਾ ਪ੍ਰਧਾਨ, ਨਰੇਸ਼ ਪਿੰਕੀ, ਵਿਵੇਕ ਗੋਇਲ, ਬਿੱਟੂ, ਗੁਰਚਰਨ ਕੌੜਾ, ਸਤਿਸ਼ ਗੋਇਲ, ਦੇਵਿੰਦਰ ਗੋਇਲ, ਅਸ਼ੋਕ ਜਿੰਦਲ, ਪਰਨੇ ਗੋਇਲ, ਕਰਨ ਗਰਗ, ਮੋਨੂ, ਅਨਿਲ ਮਰਦਾਹੇੜੀ, ਮਦਨ ਲਾਲ ਮਰਦਾਹੇੜੀ, ਵਿਜੇ ਬਰਾੜ ਸੈਕਟਰੀ ਮਾਰਕੀਟ ਕਮੇਟੀ ਮੰਡੀ ਸੁਪਰਵਾਈਜ਼ਰ, ਇੰਸਪੈਕਟਰ ਕਿਰਨ ਡੀ.ਐਫ.ਐਸ.ਸੀ., ਇੰਸਪੈਕਟਰ ਸਿੱਧੂ ਵੇਅਰਹਾਊਸ, ਸੁਸ਼ਮਾ ਕੋਕਰਾਓ ਵਿਲੇਜ ਇੰਚਾਰਜ , ਰਵੀ ਪਾਂਡੇ , ਕਰਨਦੀਪ ਸਿੰਘ , ਮੋਹਨ ਗੌਤਮ, ਜੋਏ ਵਰਮਾ ਕੋਆਰਡੀਨੇਟਰ , ਸੂਰਜ ਕੁਮਾਰ ਗਾਰਡਨਰ ਮੌਜੂਦ ਸਨ।



## ਘਰ 'ਚੋਂ ਗਹਿਣੇ ਤੇ ਹੋਰ ਸਮਾਨ ਚੋਰੀ

ਪਟਿਆਲਾ, 7 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੋਰੀ ਗੇਟ ਪਟਿਆਲਾ ਪੁਲਿਸ ਕੋਲ ਸੁਖਜੀਵਨ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਗਲੀ ਨੰ. 1 ਗੁਰਬਖਸ਼ ਕਲੋਨੀ ਪਟਿਆਲਾ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਪਣੇ ਪਰਿਵਾਰ ਸਮੇਤ ਬਾਹਰ ਗਿਆ ਹੋਇਆ ਸੀ, ਜਦੋਂ ਘਰ ਵਾਪਿਸ ਆਇਆ ਤਾ ਦੇਖਿਆ ਕਿ ਤਾਲੇ ਟੁੱਟੇ ਪਏ ਸਨ, ਜੋ ਸੋਨੇ ਦੇ ਗਹਿਣੇ ਅਤੇ 60 ਹਜ਼ਾਰ ਰੁਪਏ ਨਗਦੀ ਗਾਇਬ ਸੀ, ਜੋ ਕਿਸੇ ਅਣਪਛਾਤੇ ਵਿਅਕਤੀਆਂ ਨੇ ਚੋਰੀ ਕਰ ਲਏ।ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## *ਸਵਾਮੀ ਬ੍ਰਹਮ ਦੇਵ ਜੀ ਤੋਂ ਰੱਖੜਾ ਨੇ ਆਸ਼ੀਰਵਾਦ ਲਿਆ*

ਸਮਾਣਾ, 7 ਅਪ੍ਰੈਲ (ਵਿਜੇ ਕੁਮਾਰ) : ਸਥਾਨਕ ਸ਼੍ਰੀ ਅਗਰਵਾਲ ਧਰਮਸ਼ਾਲਾ 'ਚ ਚੱਲ ਰਹੀ ਸ਼੍ਰੀ ਰਾਮ ਚਰਿਤ ਮਾਨਸ ਕਥਾ ਸਮਾਗਮ ਸਪਤਾਹ ਵਿਚ ਉਚੇਚੇ ਤੌਰ 'ਤੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਸ਼ਮੂਲੀਅਤ ਕੀਤੀ, ਉਥੇ ਹੀ ਭਾਰਤ ਵਿਕਾਸ਼ ਪ੍ਰੀਸ਼ਦ ਦੇ ਪ੍ਰਧਾਨ ਰਜਿੰਦਰ ਪ੍ਰਸ਼ਾਦ ਗੁਪਤਾ ਸੈਕਟਰੀ ਬ੍ਰਿਸ਼ਭਾਨ ਕਾਂਸਲ,ਅਤੇ ਅਹੁਦੇਦਾਰਾਂ ਨੇ ਵੀ ਸ਼ਿਰਕਤ ਕਰਦਿਆਂ ਪਦਮਸ਼੍ਰੀ ਸਵਾਮੀ ਬ੍ਰਹਮ ਦੇਵ ਜੀ (ਗੰਗਾ ਨਗਰ ਵਾਲਿਆਂ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਰਾਮ ਬਾਂਸਲ, ਚਮਨ ਲਾਲ ਧਨੇਠਾ,ਦਲੀਪ ਪਾਹਵਾ, ਸੁਮਿਤ ਸਿੰਗਲਾ, ਵਿਨੋਦ ਸਿੰਗਲਾ ਆਦਿ ਵੀ ਮੌਜੂਦ ਰਹੇ।



*ਤੰਦਰੁਸਤ ਜੀਵਨ ਸ਼ੈਲੀ ਅਪਣਾਉਣ ਦਾ ਸੱਦਾ*

## ਰੈੱਡ ਰਿਬਨ ਕਲੱਬ ਨੇ ਵਿਸ਼ਵ ਸਿਹਤ ਦਿਵਸ ਮਨਾਇਆ

ਦੇਵੀਗੜ੍ਹ, 7 ਅਪ੍ਰੈਲ (ਗੁਰਜੀਤ ਸਿੰਘ ਢੋਟ) : ਯੂਨੀਵਰਸਿਟੀ ਕਾਲਜ ਮੀਰਾਂਪੁਰ ਵਿਖੇ ਇੰਚਾਰਜ ਡਾ. ਮਨਪ੍ਰੀਤ ਕੌਰ ਸੋਢੀ ਦੀ ਅਗਵਾਈ ਹੇਠ ਨੋਡਲ ਅਫਸਰ ਡਾ. ਤੇਜਿੰਦਰ ਪਾਲ ਸਿੰਘ ਦੇ ਯਤਨਾਂ ਸਦਕਾ ਰੈੱਡ ਰਿਬਨ ਕਲੱਬ ਵੱਲੋਂ ਵਿਸ਼ਵ ਸਿਹਤ ਦਿਵਸ ਮੌਕੇ ਇਕ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਲੈਕਚਰ ਅਤੇ ਵਿਚਾਰ-ਵਟਾਂਦਰਾ ਕਰਵਾਇਆ ਗਿਆ, ਜਿਸ ਵਿੱਚ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦੀ ਲੋੜ ਉਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਕਾਲਜ ਦੇ ਇੰਚਾਰਜ ਡਾ. ਮਨਪ੍ਰੀਤ ਕੌਰ ਸੋਢੀ ਨੇ ਕਿਹਾ ਕਿ ਸਿਹਤਮੰਦ ਸਮਾਜ ਦੀ ਨਿਰਮਾਣ ਲਈ ਨੌਜਵਾਨਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਜੇ ਨੌਜਵਾਨ ਆਪਣੀ ਸਿਹਤ ਪ੍ਰਤੀ ਸਚੇਤ ਹੋਣਗੇ ਤਾਂ ਸਮਾਜ ਵੀ ਤੰਦਰੁਸਤ ਅਤੇ ਮਜ਼ਬੂਤ ਬਣੇਗਾ।ਇਸ ਮੌਕੇ ਬੋਲਦਿਆਂ ਰੈੱਡ ਰਿਬਨ ਕਲੱਬ ਦੇ ਨੋਡਲ ਅਫਸਰ ਡਾ. ਤੇਜਿੰਦਰ ਪਾਲ ਸਿੰਘ ਨੇ ਕਿਹਾ ਕਿ ਵਿਸ਼ਵ ਸਿਹਤ ਦਿਵਸ ਮਨਾਉਣ ਦਾ ਮੁੱਖ ਉਦੇਸ਼ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨਾ ਹੈ। ਸਿਹਤ ਸਬੰਧੀ ਹੋਏ ਵਿਚਾਰ ਵਟਾਂਦਰੇ ਦੌਰਾਨ ਹਿੱਸਾ ਲੈਣ ਵਾਲੀਆਂ ਵਿਦਿਆਰਥਣਾਂ ਦਲਜੀਤ ਕੌਰ,ਮਨਪ੍ਰੀਤ ਕੌਰ,ਅੰਮ੍ਰਿਤ ਕੌਰ, ਕਿਰਨਦੀਪ ਕੌਰ, ਰਮਨਜੋਤ ਕੌਰ, ਮਨਪ੍ਰੀਤ ਕੌਰ ਅਤੇ ਨਿਤਿਕਾ ਨੂੰ ਧਰਮ ਅਧਿਐਨ ਮੰਚ ਵੱਲੋਂ ਸਨਮਾਨਿਤ ਕੀਤਾ ਗਿਆ।



## ਗਊ ਸੇਵਾ ਇੱਕ ਉੱਤਮ ਸੇਵਾ: ਸਵਾਮੀ ਬ੍ਰਹਮਦੇਵ ਜੀ

ਸਮਾਣਾ, 7 ਅਪ੍ਰੈਲ (ਵਿਜੇ ਕੁਮਾਰ) : ਸਮਾਣਾ ਵਿੱਚ ਗਊਆਂ ਦੀ ਸੇਵਾ ਕਰ ਰਹੀ ਗਊ ਸੇਵਾ ਕਮੇਟੀ ਦੇ ਮੈਂਬਰਾਂ ਨੇ ਪਦਮਸ਼੍ਰੀ ਸੁਆਮੀ ਬ੍ਰਹਮਦੇਵ ਅਤੇ ਸੁਆਮੀ ਨਿਜਾਨੰਦ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਕਮੇਟੀ ਵੱਲੋਂ ਕੀਤੀ ਜਾ ਰਹੀ ਗਊ ਸੇਵਾ ਬਾਰੇ ਜਾਣਕਾਰੀ ਦਿੱਤੀ।ਕਮੇਟੀ ਅਹੁਦੇਦਾਰ ਨੇ ਦੱਸਿਆ ਕਿ ਸਮੇਂ-ਸਮੇਂ 'ਤੇ ਇੱਥੇ ਗਊ ਕਥਾ ਕਰਵਾਈ ਜਾਂਦੀ ਹੈ। ਇਸ ਮੌਕੇ ਇਕੱਠੀ ਕੀਤੀ ਗਈ ਰਾਸ਼ੀ ਨਾਲ ਵੱਖ-ਵੱਖ ਗਊਸ਼ਾਲਾਵਾਂ ਵਿੱਚ ਉਨ੍ਹਾਂ ਦੀ ਲੋੜ ਅਨੁਸਾਰ ਵਸਤੂਆਂ ਖਰੀਦ ਕੇ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਸੁਆਮੀ ਬ੍ਰਹਮਦੇਵ ਨੇ ਗਊ ਸੇਵਾ ਕਮੇਟੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਗਊ ਸੇਵਾ ਇੱਕ ਉੱਤਮ ਸੇਵਾ ਹੈ ਅਤੇ ਇਸ ਸੇਵਾ ਨੂੰ ਨਿਰੰਤਰ ਜਾਰੀ ਰੱਖਣਾ ਚਾਹੀਦਾ ਹੈ। ਇਹ ਦੇਸ਼ ਦੀ ਆਤਮਾ ਅਤੇ ਪਛਾਣ ਹੈ। ਗਊ ਮਾਤਾ ਦਾ ਜੀਵਨ ਪੱਧਰ ਜਿੰਨਾ ਉੱਚਾ ਚੁੱਕਿਆ ਜਾ ਸਕੇ, ਉਨ੍ਹਾਂ ਹੀ ਘੱਟ ਹੈ। ਇਸ ਦੌਰਾਨ ਨੀਰਜ ਗੁਪਤਾ, ਜੀਵਨ ਗਰਗ, ਯਤਿੰਦਰ ਸ਼ਰਮਾ, ਮਨੀਸ਼ ਸਿੰਗਲਾ, ਇਸ਼ੂ ਵਧਵਾ, ਬਿੱਟੂ ਧੀਮਾਨ, ਪਰੀਸ਼ਿਤ ਸ਼ਰਮਾ, ਲਲਿਤ ਭੱਲਾ, ਦਮਨ ਭੱਲਾ,ਜਗਦੀਸ਼ ਚਾਵਲਾ, ਅਮਨ ਵਰਮਾ,ਵਿਕਾਸ ਸ਼ਰਮਾ ਆਦਿ ਮੌਜੂਦ ਸਨ।



## ਜਨਹਿਤ ਸੰਮਤੀ ਅਤੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਨੇ ਬਾਰਾਂਦਰੀ ਗਾਰਡਨ 'ਚ ਮੈਡੀਕਲ ਜਾਂਚ ਕੈਂਪ ਲਗਾਇਆ

ਪਟਿਆਲਾ, 7 ਅਪ੍ਰੈਲ (ਚ.ਨ.ਸ.) : ਵਿਸ਼ਵ ਸਿਹਤ ਦਿਵਸ ਮੌਕੇ ਸੰਸਥਾ ਜਨਹਿਤ ਸਮਿਤੀ ਅਤੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਪਟਿਆਲਾ ਵੱਲੋਂ ਬਾਰਾਦਰੀ ਗਾਰਡਨ ਵਿਚ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਅਮਨਦੀਪ ਬਖਸ਼ੀ ਵੱਲੋਂ ਲੋਕਾਂ ਨੂੰ ਸਿਹਤਮੰਦ ਰਹਿਣ ਲਈ ਨੁਕਤਿਆਂ ਤੋਂ ਜਾਣੂ ਕਰਵਾਇਆ ਗਿਆ।ਉਹਨਾਂ ਦੱਸਿਆ ਕਿ ਸਿਹਤ ਦਿਵਸ ਮਨਾਉਣ ਦਾ ਮਕਸਦ ਲੋਕਾਂ ਨੂੰ ਸਿਹਤ ਬਾਰੇ ਜਾਗਰੂਕ ਕਰਨਾ ਹੈ। ਡਾ. ਰਜਿੰਦਰ ਗੋਇਲ, ਸਕੱਤਰ ਇੰਡੀਅਨ ਮੈਡੀਕਲ ਐਸ਼ੋਸੀਏਸ਼ਨ ਪਟਿਆਲਾ ਵੱਲੋਂ ਦੱਸਿਆ ਗਿਆ ਕਿ ਅੱਜ ਵਿਸ਼ਵ ਵਿਚ ਬਿਮਾਰੀਆਂ ਵਧਣ ਦਾ ਕਾਰਨ ਸਾਡੇ ਵਿਚਰਨ ਦਾ ਢੰਗ ਹੈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਇੰਡੀਅਨ ਮੈਡੀਕਲ ਅਸੋਸੀਏਸ਼ਨ ਪੰਜਾਬ ਦੇ ਸਾਬਕਾ ਪ੍ਰਧਾਨ ਡਾ. ਭਗਵੰਤ ਸਿੰਘ ਵੱਲੋਂ ਸ਼ਿਰਕਤ ਕੀਤੀ ਗਈ । ਸੰਸਥਾ ਜਨਹਿਤ ਸਮਿਤੀ ਵੱਲੋਂ ਵਿਸੇਸ਼ ਤੌਰ 'ਤੇ ਸੰਸਥਾ ਦੇ ਜੁਆਇੰਟ ਸਕੱਤਰ ਅਤੇ ਸਮਾਜ ਸੇਵੀ ਜਗਤਾਰ ਸਿੰਘ ਜੱਗੀ ਵੱਲੋਂ ਕੈਂਪ ਲਗਾਉਣ ਲਈ ਇੰਡੀਅਨ ਮੈਡੀਕਲ ਐਸੋਸੀਏਸ਼ਨ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਇੰਡੀਅਨ ਮੈਡੀਕਲ ਐਸ਼ੋਸੀਏਸ਼ਨ ਤੋਂ ਡਾਕਟਰ ਪਰਵਿੰਦਰ ਸਿੰਘ ਫਾਈਨਾਂਸ ਸੈਕਟਰੀ, ਡਾ. ਰਾਕੇਸ਼ ਅਰੋੜਾ ਮੈਂਬਰ ਪੰਜਾਬ ਮੈਡੀਕਲ ਕੌਂਸਲ, ਡਾ. ਕਿਰਨਜੋਤ ਕੌਰ, ਡਾਕਟਰ ਜਸਲੀਨ ਕੌਰ, ਡਾ. ਰਜਨੀ ਕਪੂਰ, ਡਾ. ਸੀਮਾ ਗੋਇਲ, ਡਾ. ਰੋਹਿਤ ਸਿੰਗਲਾ ਅਤੇ ਡਾਕਟਰ ਅਰੁਣ ਬਾਂਸਲ, ਐੱਚ ਦੁਆ ਸਾਹਿਬ, ਗੁਰਜੀਤ ਬੇਦੀ, ਸਤੀਸ਼ ਜੋਸ਼ੀ ਅਤੇ ਸੈਰ ਪ੍ਰੇਮੀ ਸ਼ਾਮਿਲ ਹੋਏ।



## ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਬੱਸ ਰਵਾਨਾ



ਦੇਵੀਗੜ੍ਹ, 7 ਅਪ੍ਰੈਲ (ਗੁਰਜੀਤ ਸਿੰਘ ਢੋਟ) : ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਹੇਠ ਪਿੰਡ ਸਰੁਸਤੀਗੜ੍ਹ ਤੋਂ ਸਰਪੰਚ ਰਾਜਾ ਧੰਜੂ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਰੀ ਝੰਡੀ ਦਿਖਾ ਕੇ ਬੱਸ ਰਵਾਨਾ ਕੀਤੀ ਗਈ। ਇਸ ਮੌਕੇ ਸਰਪੰਚ ਰਾਜਾ ਧੰਜੂ ਨੇ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਹਰਮੰਦਰ ਸਾਹਿਬ ਤੇ ਰਾਮ ਤੀਰਥ ਮੰਦਰ ਅਤੇ ਹੋਰ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਬਲਦੇਵ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਦੇਵੀਗੜ੍ਹ, ਜਸਪ੍ਰੀਤ ਸਿੰਘ ਮਾੜੂ, ਗੁਰਿੰਦਰਪਾਲ ਸਿੰਘ ਦਾਲਤੀਵਾਲਾ ਬਲਾਕ ਸੰਮਤੀ ਮੈਂਬਰ, ਭੁਪਿੰਦਰ ਸਿੰਘ ਸਾਬਕਾ ਸਰਪੰਚ ਸੁੰਦਰ ਸਿੰਘ ਵਾਲਾ, ਮੋਹਨ ਲਾਲ ਘੜਾਮੀਆ, ਅਰਮਾਨ ਥਿੰਦ ਸ਼ਾਦੀਪੁਰ ਆਦਿ ਹਾਜ਼ਰ ਸਨ।

## ਰੈਗੂਲਰ ਖ਼ੂਨਦਾਨ ਕਰਕੇ ਤੰਦਰੁਸਤੀ ਕਾਇਮ ਰਹਿੰਦੀ ਹੈ: ਢਿੱਲੋਂ

ਭੁਨਰਹੇੜੀ, 7 ਅਪ੍ਰੈਲ (ਗੁਰਜੀਤ ਸਿੰਘ ਢੋਟ) : ਲੋੜਵੰਦ ਮਰੀਜ਼ਾਂ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਅਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਚ 343ਵਾਂ ਰੈਗੂਲਰ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿਚ ਰਜਿੰਦਰ ਸਿੰਘ ਪੰਮੀ ਸਨੌਰ, ਪਰਗਟ ਸਿੰਘ ਬੋਲੜ ਕਲਾਂ, ਧਰਮਿੰਦਰ ਜੈਨ, ਗੁਰਸੇਵਕ ਸਿੰਘ ਕਰਹਾਲੀ ਸਾਹਿਬ, ਗੁਰਵਿੰਦਰ ਸਿੰਘ ਨਲੀਨੀ, ਅਮਰੀਕ ਸਿੰਘ ਬੱਲਮਗੜ੍ਹ, ਅਮਰਜੀਤ ਸਿੰਘ ਸੰਧੂ ਤੇ ਬਲਵੰਤ ਸਿੰਘ ਢਿੱਲੋਂ ਨੇ ਵੀ ਖ਼ੂਨਦਾਨ ਕੀਤਾ। ਵਲੰਟੀਅਰਾਂ ਨੂੰ ਸਰਟੀਫਿਕੇਟ ਤੇ ਮਫਲਰ ਦੇ ਕੇ ਹੌਂਸਲਾ ਅਫਜ਼ਾਈ ਕੀਤੀ ਗਈ। ਬਤੌਰ ਮੁੱਖ ਮਹਿਮਾਨ ਪਹੁੰਚੇ ਬਲਵੰਤ ਸਿੰਘ ਢਿੱਲੋਂ ਨੇ ਦੱਸਿਆ ਕਿ 60 ਸਾਲ ਦੀ ਉਮਰ ਵਿਚ 60ਵੀਂ ਵਾਰ ਖ਼ੂਨਦਾਨ ਕਰਨ ਦੀ ਖ਼ੁਸ਼ੀ ਹਾਸਲ ਹੋਈ ਹੈ। ਉਨ੍ਹਾਂ ਕਿਹਾ ਕਿ ਰੈਗੂਲਰ ਖ਼ੂਨਦਾਨ ਕਰਕੇ ਤੰਦਰੁਸਤੀ ਕਾਇਮ ਰਹਿੰਦੀ ਹੈ ਅਤੇ ਸਰੀਰ ਵੀ ਬਿਮਾਰੀ ਰਹਿਤ ਰਹਿੰਦਾ ਹੈ। ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਰਾਮ ਚੰਦ ਸ਼ਰਮਾ ਤੁੱਲੇਵਾਲ ਨੇ ਕਿਹਾ ਕਿ ਨੌਜਵਾਨਾਂ ਵੱਲੋਂ ਖ਼ੂਨਦਾਨ ਕਰਨਾ ਸ਼ਲਾਘਾਯੋਗ ਹੈ, ਜਿਨ੍ਹਾਂ ਦੇ ਸਹਿਯੋਗ ਕਰਕੇ ਮਰੀਜ਼ਾਂ ਨੂੰ ਨਵੀਂ ਜਿੰਦਗੀ ਮਿਲਦੀ ਹੈ। ਇਸ ਮੌਕੇ ਮਿਸ਼ਨ ਦੇ ਮੋਢੀ ਅਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ ਦੱਸਿਆ ਕਿ ਖ਼ੂਨ ਇੱਕ ਅਜਿਹਾ ਤਰਲ ਹੈ ਜੋ ਕਿਸੇ ਫੈਕਟਰੀ ਜਾਂ ਕਾਰਖਾਨੇ ਵਿਚ ਨਹੀਂ ਬਣਦਾ। ਇਹ ਸਿਰਫ ਤੇ ਸਿਰਫ ਇਨਸਾਨੀ ਸਰੀਰ ਅੰਦਰ ਹੀ ਬਣਦਾ ਹੈ। ਇਸ ਲਈ ਸਾਨੂੰ ਦਰਿਆਦਿਲੀ ਦਿਖਾਉਂਦੇ ਹੋਏ ਲੋੜਵੰਦ ਮਰੀਜ਼ਾਂ ਲਈ ਖ਼ੂਨਦਾਨ ਕਰਨਾ ਚਾਹੀਦਾ ਹੈ ਤਾਂ ਜੋ ਬੇਸ਼ਕੀਮਤੀ ਮਨੁੱਖੀ ਜਾਨਾਂ ਬਚਾਈਆਂ ਜਾ ਸਕਣ। ਇਸ ਮੌਕੇ ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਅਵਤਾਰ ਸਿੰਘ ਬਲਬੇੜਾ, ਮੇਜਰ ਸਿੰਘ ਘਿਓਰਾ, ਹਰਮਿੰਦਰ ਸਿੰਘ ਢੀਂਡਸਾ ਤੇ ਸੇਵਾ ਸਿੰਘ ਨਿਜਾਮਨੀਵਾਲਾ ਵੀ ਹਾਜ਼ਰ ਸਨ।



## ਜਨਰਲ ਕਮਿਸ਼ਨ ਦੇ ਚੇਅਰਮੈਨ ਦੀ ਨਿਯੁਕਤੀ ਕਰਕੇ ਦਫਤਰੀ ਅਮਲਾ ਤੁਰੰਤ ਲਗਾਇਆ ਜਾਵੇ: ਸਿੱਧੂ

ਭਾਦਸੋਂ, 7 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਜਨਰਲ ਕੈਟਾਗਰੀ ਵੈਲਫੇਅਰ ਫੈਡਰੇਸ਼ਨ ਦੇ ਜਨਰਲ ਸਕੱਤਰ ਰਣਜੀਤ ਸਿੰਘ ਸਿੱਧੂ ਨੇ ਅੱਜ ਭਾਦਸੋਂ ਵਿਖੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਕੈਟਾਗਰੀਜ਼ ਦੀ ਭਲਾਈ ਲਈ ਸਮੇਂ-ਸਮੇਂ ਸਿਰ ਬਹੁਤ ਸਾਰੇ ਕਮਿਸ਼ਨ ਅਤੇ ਬੋਰਡਾਂ ਤੇ ਚੇਅਰਮੈਨ ਮੈਂਬਰ ਨਿਯੁਕਤ ਕੀਤੇ ਗਏ ਹਨ। ਜਨਰਲ ਵਰਗ ਦੀ ਭਲਾਈ ਲਈ ਇੱਕ ਕਮਿਸ਼ਨ ਸਰਕਾਰ ਵੱਲੋਂ ਸਥਾਪਿਤ ਕੀਤਾ ਗਿਆ ਸੀ ਅਤੇ ਵਿਸਥਾਰ ਪੂਰਵ ਨੋਟੀਫਿਕੇਸ਼ਨ ਮਿਤੀ 29 -12 -2021 ਨੂੰ ਜਾਰੀ ਕੀਤਾ ਗਿਆ ਸੀ। ਇਹ ਨੋਟੀਫਿਕੇਸ਼ਨ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸਰਕਾਰ ਦੇ ਸਮੇਂ ਦੌਰਾਨ ਸਥਾਪਤ ਕੀਤਾ ਗਿਆ ਸੀ ਅਤੇ ਉਸੇ ਦਿਨ ਡਾ. ਨਵਜੋਤ ਸਿੰਘ ਦਹੀਆ ਨੂੰ ਚੇਅਰ ਪਰਸਨ ਲਗਾਇਆ ਗਿਆ ਸੀ। ਉਸ ਨੇ ਬਤੌਰ ਚੇਅਰ ਪਰਸਨ ਚਾਰਜ ਲੈ ਲਿਆ ਸੀ ਪ੍ਰੰਤੂ ਕਮਿਸ਼ਨ ਦਾ ਕੰਮ ਕਾਜ ਸ਼ੁਰੂ ਨਹੀਂ ਹੋ ਸਕਿਆ, ਕਿਉਂਕਿ ਉਸ ਨੇ ਵਿਧਾਨ ਸਭਾ ਦੀ ਚੋਣ ਲੜਨ ਲਈ ਚੇਅਰਪਰਸਨ ਦਾ ਅਹੁਦਾ ਛੱਡ ਦਿੱਤਾ ਸੀ। ਸਰਕਾਰ ਵੱਲੋਂ ਜਰਨਲ ਵਰਗ ਦੀ ਭਲਾਈ ਲਈ ਸਥਾਪਤ ਕੀਤੇ ਗਏ ਕਮਿਸ਼ਨ ਦਾ ਵਿਸਥਾਰ ਕਰਦੇ ਹੋਏ ਸ੍ਰੀ ਸ਼ਸੀਲ ਪਰਾਸ਼ਰ ਨੂੰ ਵਾਇਸ ਚੇਅਰਮੈਨ ਅਤੇ ਸ੍ਰੀ ਗੌਰਵ ਸ਼ਰਮਾ ਅੰਮ੍ਰਿਤਸਰ ਨੂੰ ਬਤੌਰ ਮੈਂਬਰ ਨਿਯੁਕਤ ਕੀਤਾ ਗਿਆ ਸੀ ਪ੍ਰੰਤੂ ਵਿਧਾਨ ਸਭਾ ਚੋਣਾਂ ਕਰਕੇ ਕਮਿਸ਼ਨ ਦਾ ਕੰਮ ਕਾਜ ਫਿਰ ਸ਼ੁਰੂ ਨਹੀਂ ਹੋ ਸਕਿਆ। ਚਾਰ ਸਾਲ ਤੋਂ ਵੱਧ ਸਮਾਂ ਬੀਤ ਜਾਣ 'ਤੇ ਵੀ ਇਸ ਕਮਿਸ਼ਨ ਦਾ ਨਾ ਹੀ ਕੋਈ ਦਫਤਰੀ ਅਮਲਾ ਲਾਇਆ ਗਿਆ ਅਤੇ ਨਾ ਹੀ ਕੋਈ ਚੇਅਰਪਰਸਨ ਵਾਈਸ ਚੇਅਰਮੈਨ ਅਤੇ ਮੈਂਬਰੇਜ ਨਿਯੁਕਤ ਕੀਤੇ ਗਏ ਹਨ। ਰਣਜੀਤ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਨਰਲ ਕਮਿਸ਼ਨ ਦੇ ਚੇਅਰਮੈਨ ਦੀ ਨਿਯੁਕਤੀ ਕਰਕੇ ਦਫਤਰੀ ਅਮਲਾ ਤੁਰੰਤ ਲਗਾਇਆ ਜਾਵੇ।



## *ਪਟਿਆਲਾ ਡਿਪੂ ਪੈਨਸ਼ਨਰ ਬਾਡੀ ਦਾ ਵਫਦ ਚੇਅਰਮੈਨ ਨੂੰ ਮਿਲਿਆ*



ਪਟਿਆਲਾ, 7 ਅਪ੍ਰੈਲ (ਚ.ਨ.ਸ.) : ਪਟਿਆਲਾ ਡਿਪੂ ਦੀ ਪੈਨਸ਼ਨਰਜ਼ ਬਾਡੀ ਦਾ ਡੈਪੂਟੇਸ਼ਨ ਜੋਗਿੰਦਰ ਸਿੰਘ ਪ੍ਰਧਾਨ ਦੀ ਰਹਿਨਮਾਈ ਹੇਠ ਮਾਨਯੋਗ ਚੇਅਰਮੈਨ ਸਾਹਿਬ ਨੂੰ ਮਿਲਿਆ ਅਤੇ ਪੈਨਸ਼ਨ ਅਤੇ ਹੋਰ ਬਕਾਏ ਦੀ ਅਦਾਇਗੀ ਬਾਰੇ ਬੇਨਤੀ ਕੀਤੀ ਤਾਂ ਚੇਅਰਮੈਨ ਸਾਹਿਬ ਨੇ ਭਰੋਸਾ ਦਿੱਤਾ ਹੈ ਕਿ ਪੈਨਸ਼ਨ ਦੀ ਅਦਾਇਗੀ ਬਹੁਤ ਜਲਦੀ ਹੋ ਜਾਵੇਗੀ।ਡੈਪੂਟੇਸ਼ਨ ਨੇ ਚੇਅਰਮੈਨ ਸਾਹਿਬ ਦਾ ਇਸ ਗੱਲੋਂ ਖਾਸ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਆਪਣੇ ਅਗਲੇ ਰੁਝੇਵੇਂ 'ਤੇ ਜਾਣ ਲਈ ਬਾਹਰੋਂ ਵਾਪਸ ਮੁੜ ਕੇ ਡੈਪੂਟੇਸ਼ਨ ਦੀ ਗੱਲ ਪੂਰੇ ਧਿਆਨ ਨਾਲ ਸੁਣੀ। ਡੈਪੂਟੇਸ਼ਨ ਵਿੱਚ ਸਰਵ ਸ੍ਰੀ ਸ਼ਿਵ ਕੁਮਾਰ ਸ਼ਰਮਾ ਸਕੱਤਰ ਜਨਰਲ, ਸੁਖਦੇਵ ਸਿੰਘ, ਨਿਰਪਾਲ ਸਿੰਘ, ਜੋਗਿੰਦਰ ਪਾਲ ਯੋਗੀ ਅਤੇ ਜਰਨੈਲ ਸਿੰਘ ਸ਼ਾਮਲ ਸਨ।

## ਬਲਵੀਰ ਸਿੰਘ ਟਿੱਬਾ ਹਲਕਾ ਮਹਿਲ ਕਲਾਂ ਦੇ ਸਪੋਕਸਮੈਨ ਨਿਯੁਕਤ

ਸ਼ੇਰਪੁਰ, 7 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਹਲਕਾ ਮਹਿਲਕਲਾਂ ਨੇ ਆਪਣੀ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਕਰਦਿਆਂ ਨੂੰ ਹਲਕਾ ਮਹਿਲਕਲਾਂ ਦਾ ਸਪੋਕਸਪਰਸਨ ਨਿਯੁਕਤ ਕੀਤਾ ਹੈ। ਜ਼ਿਕਰਯੋਗ ਹੈ ਕਿ ਬਲਵੀਰ ਸਿੰਘ ਟਿੱਬਾ ਪਹਿਲਾਂ ਤੋਂ ਹੀ ਹਲਕਾ ਕੋਆਰਡੀਨੇਟਰ ਵਜੋਂ ਸੇਵਾ ਨਿਭਾ ਰਹੇ ਹਨ ਅਤੇ ਸੋਸ਼ਲ ਮੀਡੀਆ ਟੀਮ ਦੇ ਸਰਗਰਮ ਮੈਂਬਰ ਵਜੋਂ ਵੀ ਆਪਣਾ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ। ਪਾਰਟੀ ਦੀਆਂ ਨੀਤੀਆਂ ਅਤੇ ਕਾਰਜਕਲਾਪਾਂ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਉਨ੍ਹਾਂ ਦੀ ਭੂਮਿਕਾ ਕਾਬਿਲ-ਏ-ਤਾਰੀਫ ਰਹੀ ਹੈ। ਪਾਰਟੀ ਆਗੂਆਂ ਨੇ ਦੱਸਿਆ ਕਿ ਬਲਵੀਰ ਸਿੰਘ ਟਿੱਬਾ ਦੀ ਲਗਨ, ਮਿਹਨਤ ਅਤੇ ਜਨਸੇਵਾ ਪ੍ਰਤੀ ਸਮਰਪਣ ਨੂੰ ਦੇਖਦਿਆਂ ਉਨ੍ਹਾਂ ਨੂੰ ਇਹ ਨਵੀਂ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਤੋਂ ਉਮੀਦ ਕੀਤੀ ਜਾ ਰਹੀ ਹੈ ਕਿ ਉਹ ਪਾਰਟੀ ਦਾ ਪੱਖ ਮਜ਼ਬੂਤੀ ਨਾਲ ਲੋਕਾਂ ਸਾਹਮਣੇ ਰੱਖਣਗੇ ਅਤੇ ਹਲਕੇ ਦੇ ਮੁੱਦਿਆਂ ਨੂੰ ਉੱਪਰਲੇ ਪੱਧਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਨੇ ਕਿਹਾ ਕਿ ਉਹ ਪਾਰਟੀ ਹਾਈਕਮਾਂਡ ਦੇ ਭਰੋਸੇ 'ਤੇ ਖਰੇ ਉਤਰਨ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ। ਉਨ੍ਹਾਂ ਨੇ ਕਿਹਾ ਕਿ ਹਲਕਾ ਮਹਿਲਕਲਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾਵੇਗਾ ਅਤੇ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ। ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਇਸ ਨਿਯੁਕਤੀ ਨੂੰ ਲੈ ਕੇ ਖੁਸ਼ੀ ਦਾ ਮਾਹੌਲ ਹੈ। ਕਈ ਆਗੂਆਂ ਨੇ ਬਲਵੀਰ ਸਿੰਘ ਟਿੱਬਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਨਾਲ ਹਲਕਾ ਮਹਿਲਕਲਾਂ ਵਿੱਚ ਪਾਰਟੀ ਦੀ ਪਕੜ ਹੋਰ ਮਜ਼ਬੂਤ ਹੋਵੇਗੀ। ਹਲਕਾ ਮਹਿਲ ਕਲਾਂ ਦੇ ਪਾਰਟੀ ਆਗੂਆਂ ਨੇ ਆਸ ਜਤਾਈ ਕਿ ਇਹ ਨਿਯੁਕਤੀ ਹਲਕੇ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਨਵਾਂ ਉਤਸ਼ਾਹ ਦੇਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਇਸਦੇ ਸਕਾਰਾਤਮਕ ਨਤੀਜੇ ਦੇਖਣ ਨੂੰ ਮਿਲਣਗੇ।



## *ਜਸਮਿੰਦਰ ਸਿੰਘ ਹੈਪੀ ਵੱਲੋਂ ਸੁਖਬੀਰ ਸਿੰਘ ਬਾਦਲ ਦਾ ਵੱਡੇ ਇਕੱਠ ਨਾਲ ਸਵਾਗਤ*

ਦੇਵੀਗੜ੍ਹ, 7 ਅਪ੍ਰੈਲ (ਗੁਰਜੀਤ ਸਿੰਘ ਢੋਟ) : ਪਟਿਆਲੇ ਵਿਖੇ ਬੀਤੇ ਦਿਨੀਂ ਸੁਖਬੀਰ ਸਿੰਘ ਬਾਦਲ ਵੱਲੋਂ ਪਟਿਆਲਾ ਦਿਹਾਤੀ ਦੇ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ ਦੀ ਅਗਵਾਈ ਵਿੱਚ ਕਰਵਾਏ ਗਏ ਵਿਸ਼ਾਲ ਇਕੱਠ ਨਾਲ ਇੱਕ ਇਤਿਹਾਸਿਕ ਰੈਲੀ ਕੀਤੀ ਗਈ ਸੀ। ਇਸ ਰੈਲੀ ਲਈ ਅਕਾਲੀ ਦਲ ਦੇ ਵਰਕਰਾਂ ਯੂਥ ਵਰਕਰਾਂ ਆਗੂਆਂ ਨੇ ਹਰ ਪੱਖੋਂ ਮਿਹਨਤ ਕਰਕੇ ਇਸ ਰੈਲੀ ਨੂੰ ਇਤਿਹਾਸਿਕ ਕਰ ਦਿੱਤਾ। ਜਸਮਿੰਦਰ ਸਿੰਘ ਹੈਪੀ ਵੱਲੋਂ ਇੱਕ ਵਿਸ਼ਾਲ ਇਕੱਠ ਦੇ ਨਾਲ ਸਰਦਾਰ ਸੁਖਬੀਰ ਸਿੰਘ ਬਾਦਲ ਦਾ ਫੁੱਲਾਂ ਦੇ ਹਾਰ ਨਾਲ ਸਵਾਗਤ ਕੀਤਾ ਗਿਆ। ਜਸਮਿੰਦਰ ਸਿੰਘ ਹੈਪੀ ਵੱਲੋਂ ਦੱਸਿਆ ਗਿਆ ਕਿ ਆਉਂਦੀਆਂ ਚੋਣਾਂ ਵਿੱਚ ਅਕਾਲੀ ਦਲ ਵੱਡੇ ਪੱਧਰ 'ਤੇ ਜਿੱਤ ਪ੍ਰਾਪਤ ਕਰਕੇ ਸ. ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਪੰਜਾਬ ਬਣਾਏਗਾ।



## ਬੀ.ਜੇ.ਪੀ. ਨੇ ਸਥਾਪਨਾ ਦਿਵਸ ਮਨਾਇਆ



ਸਮਾਣਾ, 7 ਅਪ੍ਰੈਲ (ਵਿਜੇ ਕੁਮਾਰ) : ਭਾਰਤੀ ਜਨਤਾ ਪਾਰਟੀ ਨੇ 47ਵਾਂ ਸਥਾਪਨਾ ਦਿਵਸ ਹਲਕਾ ਸਮਾਣਾ ਦੇ ਦਫ਼ਤਰ ਵਿਖੇ ਮਨਾਇਆ ਗਿਆ, ਅਤੇ ਲੱਡੂ ਵੰਡੇ ਗਏ। ਇਸ ਮੌਕੇ ਪਾਰਟੀ ਦੀਆਂ ਪ੍ਰਾਪਤੀਆਂ ਬਾਰੇ ਮਨੀਸ਼ ਰੌਕੀ, ਵਿਨੋਦ ਸਿੰਗਲਾ ਅਤੇ ਯਤਿੰਦਰ ਸ਼ਰਮਾ ਨੇ ਪਾਰਟੀ ਦੇ ਸਿਧਾਂਤਾਂ ਅਤੇ ਦੇਸ਼ ਪ੍ਰਤੀ ਸਮਰਪਣ ਨੂੰ ਯਾਦ ਕਰਦਿਆਂ ਭਾਜਪਾ ਦੇ ਇਤਿਹਾਸਿਕ ਯੋਗਦਾਨ ਬਾਰੇ ਚਰਚਾ ਕੀਤੀ । ਇਸ ਸਥਾਪਨਾ ਦਿਵਸ ਮੌਕੇ ਮੰਡਲ ਪ੍ਰਧਾਨ ਮਾਜਰੀ ਗੁਰਪ੍ਰੀਤ ਸਿੰਘ ਅਤੇ ਮੰਡਲ ਪ੍ਰਧਾਨ ਰਾਮਨਗਰ ਗੁਰਮੀਤ ਸਿੰਘ ਤੋਂ ਇਲਾਵਾ ਵਿਨੈ ਸ਼ਰਮਾ, ਦਮਨ ਭੱਲਾ, ਵਿਕਾਸ ਸ਼ਰਮਾ, ਲਲਿਤ ਭੱਲਾ, ਜਸਕਰਨ ਸਿੰਘ, ਵਿਜੇ ਜੌਹਰੀ, ਅਨਿਲ ਤਲਵਾੜ, ਅਨੁਰਾਗ ਬਜਾਜ, ਪੰਕਜ ਤਿਵਾਰੀ, ਪਰੀਕਸ਼ਿਤ ਪਾਠਕ, ਭੀਮ ਛਾਬੜਾ, ਸੁਸ਼ੀਲ ਪਿੰਟੂ, ਨਰਿੰਦਰ ਸਿੰਘ ਆਦਿ ਵੀ ਹਾਜ਼ਰ ਸਨ। ਅਤੇ ਲੱਡੂ ਵੰਡ ਕੇ ਖ਼ੁਸ਼ੀ ਮਨਾਈ ਗਈ।

## ਮੋਬਾਇਲ ਫੋਨ ਖੋਹ ਕਰਨ ਵਾਲੇ ਕਾਬੂ

ਪਟਿਆਲਾ, 7 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀਆਂ ਰਿਹਾਨ ਅਤੇ ਅਕਸ਼ੇ ਕੁਮਾਰ ਵਾਸੀ ਤਫੱਜਲਪੁਰਾ ਵਿਰੁੱਧ ਧਾਰਾ 304(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਸਤਵੰਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ 24 ਨੰ. ਫਾਟਕ ਪਟਿਆਲਾ ਕੋਲ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਉਕਤ ਕਥਿਤ ਦੋਸ਼ੀ ਬਿਨ੍ਹਾਂ ਨੰਬਰੀ ਮੋਟਰਸਾਇਕਲ ਪਰ ਚਲਦੇ ਫਿਰਦੇ ਲੋਕਾਂ ਤੋਂ ਉਹਨ੍ਹਾਂ ਦੇ ਮੋਬਾਇਲ ਫੋਨ ਖੋਹ ਕਰਦੇ ਹਨ। ਇੱਕ ਲੜਕੀ ਖੁਸ਼ਪ੍ਰੀਤ ਕੌਰ ਪੁੱਤਰੀ ਹਰਪਾਲ ਸਿੰਘ ਵਾਸੀ ਕਿਰਾਏਦਾਰ ਬਡੂੰਗਰ ਦਾ ਵੀ ਫੋਨ ਖੋਹ ਕੀਤਾ ਸੀ, ਜੋ ਇਸ ਸਮੇਂ ਨਾਭਾ ਰੋਡ ਪਟਿਆਲਾ ਵਿਖੇ ਮੋਬਾਇਲ ਫੋਨ ਖੋਹ ਕਰਨ ਦੇ ਇਰਾਦੇ ਨਾਲ ਘੁੰਮ ਰਹੇ ਹਨ, ਜੋ ਰੇਡ ਕਰਨ ਪਰ ਕਾਬੂ ਆ ਸਕਦੇ ਹਨ।

## ਸੰਸਾਰ ਦੇ ਕਿਸੇ ਵੀ ਵਿਗਿਆਨੀ ਨੇ ਖ਼ੂਨ ਦਾ ਬਦਲ ਨਹੀਂ ਲੱਭਿਆ : ਡਾ. ਮਾਨ, ਭਲਵਾਨ

ਪਟਿਆਲਾ, 7 ਅਪ੍ਰੈਲ (ਚ.ਨ.ਸ.) : ਯੁਵਕ ਸੇਵਾਵਾਂ ਵਿਭਾਗ ਪਟਿਆਲਾ ਵੱਲੋਂ ਬਲੱਡ ਬੈਂਕਾਂ ਵਿੱਚ ਖ਼ੂਨ ਦੀ ਕਮੀ ਨੂੰ ਵੇਖਦਿਆਂ ਐਸਟਿਟ. ਡਾਇਰੈਕਟਰ ਡਾਕਟਰ ਮਲਕੀਤ ਸਿੰਘ ਮਾਨ ਦੀ ਅਗਵਾਈ ਹੇਠ ਲੜੀਵਾਰ ਖ਼ੂਨਦਾਨ ਕੈਂਪ ਲਗਾਏ ਜਾ ਰਹੇ ਹਨ। ਇਸ ਤਹਿਤ ਰੈਡ ਰਿਬਨ ਕਲੱਬ ਵਲੰਟੀਅਰ, ਐਨ ਐਸ ਐਸ ਵਲੰਟੀਅਰ ਅਤੇ ਐਨ ਸੀ ਸੀ ਕੈਡਿਟਸ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਆਯੋਜਿਤ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੌਂਸਲਿੰਗ ਸੈਲ ਪਟਿਆਲਾ ਪੁਲਿਸ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ।ਵਿਸ਼ੇਸ਼ ਤੌਰ 'ਤੇ ਜੁਗਰਾਜ ਸਿੰਘ ਚਹਿਲ, ਤੇਜਿੰਦਰ ਮਡੋੜ, ਅਮਰਜੀਤ ਸਿੰਘ ਲੰਗ,ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ਼ ਆਫ ਕਾਮਰਸ, ਕੁਲਦੀਪ ਸਿੰਘ ਨੇ ਭਰਪੂਰ ਸਹਿਯੋਗ ਦਿੱਤਾ।ਇਸ ਮੌਕੇ ਡਾ. ਮਲਕੀਤ ਸਿੰਘ ਮਾਨ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਯੁਵਕ ਸੇਵਾਵਾਂ ਵਿਭਾਗ ਪਟਿਆਲਾ ਵੱਲੋਂ ਲਗਾਏ ਜਾ ਰਹੇ ਲੜੀਵਾਰ ਖ਼ੂਨਦਾਨ ਕੈਂਪਾਂ ਦੌਰਾਨ ਰੈਡ ਰਿਬਨ ਕਲੱਬ,ਐਨ ਐਸ ਐਸ ਵਲੰਟੀਅਰ ਅਤੇ ਐਨ ਸੀ ਸੀ ਕੈਡਿਟਸ ਵੱਲੋਂ ਖ਼ੂਨਦਾਨ ਕਰਨ ਲਈ ਅੱਗੇ ਆਉਣਾ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਨੌਜਵਾਨਾ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਖ਼ੂਨਦਾਨ ਕਰਨ ਲਈ ਅੱਗੇ ਆਉਣ, ਤਾਂ ਜੋ ਕਿਸੇ ਮਰੀਜ਼ ਦੀ ਬੇਸ਼ਕੀਮਤੀ ਜਾਨ ਨੂੰ ਬਚਾਇਆ ਜਾ ਸਕੇ।





# ਪਟਿਆਲਾ-ਆਸ/ਪਾਸ



## ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਸੰਗਤਾਂ ਗੁਰੂ ਘਰ ਹੋਈਆਂ ਨਤਮਸਤਕ

### ➢ਹਜ਼ੂਰੀ ਰਾਗੀ ਕੀਰਤਨੀ ਜੱਥਿਆਂ ਨੇ ਸੁਣਾਇਆ ਗੁਰੂ ਇਤਿਹਾਸ, 16 ਪ੍ਰਾਣੀਆਂ ਨੇ ਲਈ ਅੰਮ੍ਰਿਤ ਦੀ ਦਾਤ



ਪਟਿਆਲਾ, 7 ਅਪ੍ਰੈਲ (ਰੁਪਾਣਾ/ਵਿਨੋਦ ਸ਼ਰਮਾ/ਅਮਰਜੀਤ) : ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰੂ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਚੱਲੇ ਰਹੇ ਸਮਾਗਮਾਂ ਦੀ ਲੜੀ 'ਚ ਅੱਜ ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਹੈੱਡ ਗ੍ਰੰਥੀ ਅਕਾਲੀ ਫੂਲਾ ਸਿੰਘ ਨੇ ਮੁੱਖ ਵਾਕ ਲਿਆ ਅਤੇ ਭਾਈ ਹਰਵਿੰਦਰ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਗੁਰਮਤਿ ਸਮਾਗਮ ਦੌਰਾਨ ਹਜ਼ੂਰੀ ਰਾਗੀ ਕੀਰਤਨੀ ਜੱਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ। ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਸੰਗਤਾਂ ਦੀ ਅਟੁੱਟ ਸ਼ਰਧਾ ਦਾ ਪ੍ਰਗਟਾਵਾ ਕੀਤਾ ਅਤੇ ਵਰਦੇ ਮੀਂਹ ਵਿਚ ਗੁਰੂ ਘਰ ਮੱਥਾ ਟੇਕ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਸਾਹਿਬ ਵਿਖੇ ਦੀਪਮਾਲਾ ਕੀਤੀ ਗਈ ਅਤੇ ਵੱਖ ਵੱਖ ਸਜਾਵਟੀ ਫੁੱਲਾਂ ਨਾਲ ਸਜਾਵਟ ਕੀਤੀ ਗਈ। ਗੁਰਮਤਿ ਸਮਾਗਮ ਦੌਰਾਨ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸੰਗਤਾਂ ਨੂੰ ਪ੍ਰਕਾਸ ਪੁਰਬ ਦੀ ਵਧਾਈ ਦਿੰਦਿਆਂ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਕਿਹਾ ਕਿ ਗੁਰੂ ਸਾਹਿਬ ਨੇ ਆਪਣੇ ਜੀਵਨ ਵਿੱਚ ਵਿਲੱਖਣ ਕਾਰਜ ਕੀਤੇ ਅਤੇ ਗੁਰਬਾਣੀ ਦੀ ਰਚਨਾ ਕਰਕੇ ਸਚਿਆਰ ਮਨੁੱਖ ਬਣਾਉਣ ਵੱਲ ਵੱਡੇ ਉਪਰਾਲੇ ਕੀਤੇ। ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਕਿਹਾ ਕਿ ਗੁਰੂ ਸਾਹਿਬ ਨੇ ਮਨੁੱਖਤਾ ਦੇ ਭਲੇ ਲਈ ਮਾਨਵੀ ਅਧਿਕਾਰ ਦੀ ਰਾਖੀ ਲਈ ਆਪਣਾ ਬਲਦਾਨ ਦਿੱਤਾ ਸਮੁੱਚੀ ਸ੍ਰਿਸ਼ਟੀ ਵਿੱਚ ਉਹਨਾਂ ਨੂੰ ਹਿੰਦ ਦੀ ਚਾਦਰ ਆਖ ਕੇ ਪੁਕਾਰਿਆ ਜਾਂਦਾ ਉਹਨਾਂ ਦੇ ਜੀਵਨ ਤੋਂ ਸੰਗਤਾਂ ਨੂੰ ਸੇਧ ਲੈਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਇਤਿਹਾਸ ਮੌਕੇ 'ਤੇ ਸੰਗਤਾਂ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਕੇ ਆਪਣਾ ਆਪ ਗੁਰੂ ਸਾਹਿਬ ਨੂੰ ਸਮਰਪਿਤ ਕਰਨ। ਇਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਨੇ ਪੁੱਜੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ ਨੇ ਕਿਹਾ ਕਿ ਦੇਰ ਰਾਤ ਤੱਕ ਪ੍ਰਕਾਸ਼ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਦੇ ਨਾਲ ਸਮਾਪਤੀ ਹੋਵੇਗੀ ਅਤੇ ਸੰਗਤਾਂ ਗੁਰੂ ਸਾਹਿਬ ਦੀਆਂ ਖੁਸ਼ੀਆਂ ਹਾਸਲ ਕਰਨ ਲਈ ਸਮਾਗਮਾਂ ਵਿਚ ਹਾਜ਼ਰੀ ਭਰਨ। ਇਸ ਦੌਰਾਨ ਪ੍ਰਬੰਧਕਾਂ ਨੇ ਸਿੱਖ ਸਭਾਵਾਂ, ਸੁਸਾਇਟੀਆਂ ਦੇ ਅਹੁਦੇਦਾਰਾਂ ਅਤੇ ਪੁੱਜੀਆਂ ਸ਼ਖਸੀਅਤਾਂ ਨੂੰ ਸਿਰੋਪਾਓ ਭੇਟ ਕੀਤਾ। ਸਮਾਗਮ ਦੌਰਾਨ ਹੋਰਨਾਂ ਤੋਂ ਇਲਾਵਾ ਸ੍ਰੀ ਗੁਰੂ ਤੇਗ ਬਹਾਦਰ ਜਥੇ ਦੇ ਪ੍ਰਧਾਨ ਪ੍ਰੇਮ ਸਿੰਘ, ਸੁਰਿੰਦਰਪਾਲ ਸਿੰਘ ਚੱਢਾ, ਤਰਲੋਕ ਸਿੰਘ ਤੋਰਾ, ਮੀਤ ਮੈਨੇਜਰ ਜਸਵਿੰਦਰ ਸਿੰਘ, ਪ੍ਰਚਾਰਕ ਪਰਵਿੰਦਰ ਸਿੰਘ ਬਰਾੜਾ, ਬਾਬਾ ਕੁਲਦੀਪ ਸਿੰਘ, ਸੁਰਿੰਦਰ ਸਿੰਘ ਘੁਮਾਣਾ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਅਤੇ ਸਟਾਫ ਮੈਂਬਰ ਆਦਿ ਸ਼ਾਮਲ ਹੋਏ।ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਪੰਜ ਪਿਆਰਿਆਂ ਪਾਸੋਂ 16 ਦੇ ਕਰੀਬ ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ। ਅੰਮ੍ਰਿਤ ਦੀ ਦਾਤ ਹਾਸਲ ਕਰਨ ਵਾਲਿਆਂ ਨੂੰ ਹੈਡ ਗ੍ਰੰਥੀ ਅਕਾਲੀ ਫੂਲਾ ਸਿੰਘ ਨੇ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ। ਅੰਤ ਵਿਚ ਮੈਨੇਜਰ ਭਾਗ ਸਿੰਘ ਨੇ ਸਮਾਗਮ ਵਿਚ ਸ਼ਿਰਕਤ ਕਰਨ ਵਾਲਿਆਂ ਦਾ ਧੰਨਵਾਦ ਕੀਤਾ।

## ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਅਨਾਜ ਮੰਡੀ ਪਟਿਆਲਾ ਵਿਖੇ ਕਣਕ ਦੀ ਖ਼ਰੀਦ ਕਰਵਾਈ ਸ਼ੁਰੂ

### ➢ਪੰਜਾਬ ਸਰਕਾਰ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ : ਬਰਸਟ



ਪਟਿਆਲਾ, 7 ਅਪ੍ਰੈਲ (ਰੁਪਾਣਾ) : ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਅਨਾਜ ਮੰਡੀ, ਪਟਿਆਲਾ ਦਾ ਦੌਰਾ ਕੀਤਾ ਗਿਆ ਅਤੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ। ਇਸ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਦੀਆਂ ਸਮੂਹ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਦੀ ਸਹੂਲਤਾਂ ਨੂੰ ਮੁੱਖ ਰੱਖਦਿਆਂ ਹੋਇਆ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਮੰਡੀ ਵਿੱਚ ਖਰੀਦ ਸ਼ੁਰੂ ਕਰਵਾਉਂਦਿਆਂ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਕਣਕ ਦੀ ਸਰਕਾਰੀ ਖਰੀਦ 1 ਅਪ੍ਰੈਲ ਤੋਂ ਸ਼ੁਰੂ ਹੋ ਗਈ ਹੈ। ਅਜੇ ਮੰਡੀਆਂ ਵਿੱਚ ਕਣਕ ਦੀ ਆਮਦ ਘੱਟ ਹੋ ਰਹੀ ਹੈ, ਪਰ ਆਉਣ ਵਾਲੇ ਦਿਨਾਂ ਵਿੱਚ ਮੰਡੀਆਂ ਵਿੱਚ ਫਸਲ ਦੀ ਬੰਪਰ ਆਮਦ ਹੋਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਣ ਲਈ ਵਚਨਬੱਧ ਹੈ। ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਸਾਫ਼ - ਸਫਾਈ, ਬਿਜਲੀ, ਪੀਣ ਵਾਲੇ ਪਾਣੀ, ਬਾਥਰੂਮਾਂ, ਛਾਂ, ਬੈਠਣ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਸ. ਬਰਸਟ ਨੇ ਦੱਸਿਆ ਕਿ ਹਾੜੀ ਸੀਜਨ ਦੇ ਮੱਦੇਨਜ਼ਰ ਸੂਬੇ ਵਿੱਚ ਕਣਕ ਦੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ। ਇਸਦੇ ਨਾਲ ਹੀ ਸੀਜਨ ਦੌਰਾਨ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਹੋਇਆ ਆਰਜੀ ਖਰੀਦ ਕੇਂਦਰ ਘੋਸ਼ਿਤ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ, ਜਿਸਦੇ ਤਹਿਤ ਹੁਣ ਤੱਕ 456 ਆਰਜੀ ਮੰਡੀਆਂ ਘੋਸ਼ਿਤ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਸਾਲ 2026-27 ਦੌਰਾਨ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 2585 ਰੁਪਏ ਪ੍ਰਤੀ ਕੁਇੰਟਲ ਘੋਸ਼ਿਤ ਕੀਤਾ ਗਿਆ ਹੈ। ਉੱਚ ਅਧਿਕਾਰੀਆਂ ਵੱਲੋਂ ਮੰਡੀਆਂ ਵਿੱਚ ਜਾ ਕੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ, ਤਾਂ ਜੋ ਮੰਡੀਆਂ ਵਿੱਚ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਇਸਦੇ ਨਾਲ ਹੀ ਸੀਜਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਨੇ ਆੜ੍ਹਤੀਆਂ, ਵਪਾਰੀਆਂ, ਮਜ਼ਦੂਰ ਭਰਾਵਾਂ ਅਤੇ ਸਰਕਾਰੀ ਏਜੰਸੀਆਂ ਦੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਉਹ ਕਿਸਾਨਾਂ ਦੀ ਫਸਲ ਨੂੰ ਚੁਕਾਉਣ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ। ਸ. ਬਰਸਟ ਨੇ ਦੱਸਿਆ ਕਿ 6 ਅਪ੍ਰੈਲ ਤੱਕ ਸੂਬੇ ਦੀਆਂ ਮੰਡੀਆਂ ਵਿੱਚ 6093 ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ 3544 ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ। ਇਸ ਮੌਕੇ ਮਾਰਕਿਟ ਕਮੇਟੀ ਪਟਿਆਲਾ ਦੇ ਚੇਅਰਮੈਨ ਅਸ਼ੋਕ ਸਿਰਸਵਾਲ, ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਸੀਨੀਅਰ ਵਾਈਸ ਪ੍ਰਧਾਨ ਤੇ ਨਵੀਂ ਅਨਾਜ ਮੰਡੀ ਪਟਿਆਲਾ ਦੇ ਪ੍ਰਧਾਨ ਇੰਜੀ. ਸਤਵਿੰਦਰ ਸਿੰਘ ਸੈਣੀ, ਜ਼ਿਲ੍ਹਾ ਮੰਡੀ ਅਫ਼ਸਰ ਅਸਲਮ ਮੁਹੰਮਦ, ਮਾਰਕੀਟ ਕਮੇਟੀ ਦੇ ਸੈਕਟਰੀ ਜੋਨੀ ਗਰਗ, ਵੇਅਰ ਹਾਊਸ ਦੇ ਇੰਸਪੈਕਟਰ ਕ੍ਰਿਸਨ ਕੁਮਾਰ, ਪਨਗਰੇਨ ਦੇ ਇੰਸਪੈਕਟਰ ਮੇਜਰ ਸਿੰਘ ਗਿੱਲ, ਪਨਸਪ ਦੇ ਇੰਸਪੈਕਟਰ ਜਗਜੀਤ ਸਿੰਘ, ਮਾਰਕਫੈਡ ਦੇ ਇੰਸਪੈਕਟਰ ਅਸ਼ੋਕ ਕੁਮਾਰ, ਨਵੀਂ ਅਨਾਜ ਮੰਡੀ ਪਟਿਆਲਾ ਦੇ ਜਨਰਲ ਸਕੱਤਰ ਨਰੇਸ਼ ਮਿੱਤਲ ਭੋਲਾ, ਅਸ਼ੋਕ ਕੁਮਾਰ ਸੋਢੀ, ਚਰਨਦਾਸ ਗੋਇਲ, ਦਵਿੰਦਰ ਕੁਮਾਰ ਬੱਗਾ, ਸੰਜੀਵਨ ਮਿੱਤਲ, ਬਹਾਲ ਸਿੰਘ, ਦਿਨੇਸ਼ ਅਗਰਵਾਲ, ਉਮੇਸ਼ ਅਗਰਵਾਲ, ਤੀਰਥ ਬਾਂਸਲ, ਨਰਿੰਦਰ ਲੌਟ, ਜਗਦੀਸ਼ ਚੰਦ, ਕੁਲਵਿੰਦਰ ਸਿੰਘ, ਪਰਮਜੀਤ ਸਿੰਘ ਮਿਰਜਾਪੁਰ ਸਮੇਤ ਹੋਰ ਲੋਕ ਵੀ ਮੌਜੂਦ ਰਹੇ।

## ਚੇਤਨ ਸਿੰਘ ਜੌੜਾਮਾਜਰਾ ਨੇ 'ਆਪ' ਸਰਕਾਰ ਦੀਆਂ ਉਪਲੱਬਧੀਆਂ ਬਾਰੇ ਦਿੱਤੀ ਜਾਣਕਾਰੀ

ਸਮਾਣਾ, 7 ਅਪ੍ਰੈਲ (ਜਵੰਦਾ) : ਸਮਾਣਾ ਹਲਕੇ ਦੇ ਪਿੰਡ ਖਾਨਪੁਰ ਵਿਖੇ ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ ਮੁਹਿੰਮ ਤਹਿਤ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਪੰਜਾਬ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਕੀਤੇ ਗਏ ਕੰਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।



ਵਿਧਾਇਕ ਜੌੜਾਮਾਜਰਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਕੰਮ ਕੀਤਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਬਲਾਕ ਸੰਮਤੀ ਮੈਂਬਰ ਮਨਜੀਤ ਸਿੰਘ ਦਾਨੀਪੁਰ, ਜਸਵੀਰ ਸਿੰਘ ਕੁਤਬਨਪੁਰ ਹਾਜ਼ਰ ਰਹੀਆਂ।

## ਪਬਲਿਕ ਕਾਲਜ ਦੀ ਜੌਗਰਫ਼ੀ ਟੀਮ ਵੱਲੋਂ ਜੌਗਰਫੀ ਕੁਇੱਜ਼ 'ਚ ਤੀਜਾ ਸਥਾਨ

ਸਮਾਣਾ, 7 ਅਪ੍ਰੈਲ (ਵਿਜੇ ਕੁਮਾਰ/ਜਵੰਦਾ) : ਕੰਵਰ ਸੁਰਜੀਤ ਸਿੰਘ ਇੰਸਟੀਚਿਊਟ ਫਾਰ ਸਪੇਸੀਅਲ ਪਲੈਨਿੰਗ ਐਂਡ ਇਨਵਾਇਰਮੈਂਟਲ ਰਿਸਰਚ, ਅਮਰਾਵਤੀ ਇਨਕਲੇਵ ਪੰਚਕੂਲਾ ਵਿਖੇ ਰਾਸ਼ਟਰੀ ਪੱਧਰ ਤੇ ਕੰਡਕਟ ਕਰਵਾਏ ਗਏ ਜੌਗਰਫੀ ਕੁਇੱਜ਼ ਮੁਕਾਬਲੇ ਵਿੱਚ ਪਬਲਿਕ ਕਾਲਜ ਸਮਾਣਾ ਦੀ ਜੌਗਰਫੀ ਵਿਭਾਗ ਦੀ ਟੀਮ ਹਰਕੀਰਤ ਕੌਰ ਬੀ.ਏ ਭਾਗ ਦੂਜਾ, ਲਛਮੀ ਬੀ.ਏ ਭਾਗ ਤੀਜਾ ਅਤੇ ਹੁਸਨਪ੍ਰੀਤ ਕੌਰ ਬੀ.ਏ ਭਾਗ ਤੀਜਾ ਨੇ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਅਤੇ ਪ੍ਰੋਫੈਸਰ ਦਵਿੰਦਰ ਸਿੰਘ ਜੌਗਰਫੀ ਵਿਭਾਗ ਦੀ ਅਗਵਾਈ ਹੇਠ ਭਾਗ ਲਿਆ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਜੌਗਰਫੀ ਕੁਇੱਜ਼ ਦਾ ਆਯੋਜਨ ਐਸੋਸੀਏਸ਼ਨ ਆਫ਼ ਪੰਜਾਬ ਜੌਗਰਾਫਰਜ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਸ਼ਾਨਦਾਰ ਪ੍ਰਾਪਤੀ ਲਈ ਮੈਬਰ ਕਾਲਜ ਮੈਨੇਜਮੈਂਟ ਅਤੇ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਨੇ ਜੇਤੂ ਵਿਦਿਆਰਥੀਆਂ ਅਤੇ ਜੌਗਰਫੀ ਵਿਭਾਗ ਨੂੰ ਮੁਬਾਰਕਾਂ ਦਿੱਤੀਆਂ।



## ਜਾਗਰਣ ਦੌਰਾਨ ਪੁਨੀਤ ਗੁਪਤਾ ਗੋਪੀ ਦਾ ਸਨਮਾਨ

ਪਟਿਆਲਾ, 7 ਅਪ੍ਰੈਲ (ਚ.ਨ.ਸ.) : ਵਿਸ਼ਵ ਹਿੰਦੂ ਪ੍ਰੀਸ਼ਦ, ਬਜਰੰਗ ਦਲ ਅਤੇ ਸਨਾਤਨ ਕੀ ਸੇਵਾ ਸੰਸਥਾ ਵੱਲੋਂ ਸ਼੍ਰੀ ਹਨੂੰਮਾਨ ਜਨਮ ਮਹਾਉਤਸਵ ਮੌਕੇ ਕਰਵਾਏ ਗਏ ਵਿਸ਼ਾਲ ਜਾਗਰਣ ਮੌਕੇ ਸਮਾਜ-ਸੇਵਕ ਪੁਨੀਤ ਗੁਪਤਾ ਗੋਪੀ ਅਤੇ ਉਨ੍ਹਾਂ ਦੇ ਪਿਤਾ ਜੀਵਨ ਲਾਲ ਗੁਪਤਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੁਨੀਤ ਗੁਪਤਾ ਗੋਪੀ ਨੇ ਕਿਹਾ ਕਿ ਵਿਸਵ ਹਿੰਦੂ ਪ੍ਰੀਸ਼ਦ, ਬਜਰੰਗ ਦਲ ਅਤੇ ਸਨਾਤਨ ਕੀ ਸੇਵਾ ਸੰਸਥਾ ਵੱਲੋਂ ਧਰਮ ਦੇ ਪ੍ਰਚਾਰ ਤੇ ਪ੍ਰਸਾਰ 'ਚ ਵੱਡੀ ਭੂਮਿਕਾ ਨਿਭਾਈ ਜਾ ਰਹੀ ਹੈ। ਉਨ੍ਹਾਂ ਵੱਲੋਂ ਹਰ ਮੰਗਲਵਾਰ ਸ੍ਰੀ ਹਨੂੰਮਾਨ ਚਾਲੀਸਾ ਦਾ ਪਾਠਕਪੂਰ ਚੌਕ ਮਥੁਰਾ ਕਾਲੋਨੀ ਪਟਿਆਲਾ ਵਿਖੇ ਕਰਵਾਇਆ ਜਾਂਦਾ ਹੈ ਅਤੇ ਸਾਲ 'ਚ ਦੋ ਵਾਰ ਬੱਚਿਆਂ ਲਈ ਸ਼੍ਰੀ ਹਨੂੰਮਾਨ ਚਾਲੀਸਾ ਪਾਠ ਦੇ ਮੁਕਾਬਲੇ ਵੀ ਕਰਵਾਏ ਜਾਂਦੇ ਹਨ। ਵਿਸ਼ਵ ਹਿੰਦੂ ਪ੍ਰੀਸ਼ਦ ਬਜਰੰਗ ਦਲ ਡਾ. ਨਰਿੰਦਰ ਸ਼ਰਮਾ, ਸੁਨੀਲ ਕੁਮਾਰ ਜੋਸ਼ੀ ਅਰਵਿੰਦ ਕੁਮਾਰ ਸਨਾਤਨ ਦੀ ਸੇਵਾ ਤੋਂ ਸਚਿਨ ਸਿੰਗਲਾ ਨੇ ਕਿਹਾ ਕਿ ਇਹ ਸਾਰਾ ਉਪਰਾਲਾ ਸਾਰਿਆਂ ਦੇ ਸਹਿਯੋਗ ਨਾਲ ਅਤੇ ਭਗਵਾਨ ਦੀ ਕ੍ਰਿਪਾ ਨਾਲ ਹੀ ਸੰਭਵ ਹੋ ਸਕਦਾ ਹੈ।



## ਹੈਲਥ ਅਵੇਅਰਨੈਸ ਸੁਸਾਇਟੀ ਦੇ ਪ੍ਰਤੀਨਿਧੀਆਂ ਦਾ ਮਯੰਕ ਫਾਊਂਡੇਸ਼ਨ ਵੱਲੋਂ ਸਵਾਗਤ



ਪਟਿਆਲਾ, 7 ਅਪ੍ਰੈਲ (ਚ.ਨ.ਸ.) : ਹੈਲਥ ਅਵੇਅਰਨੈਸ ਸੋਸਾਇਟੀ ਬਾਰਾਦਰੀ ਗਾਰਡਨ ਪਟਿਆਲਾ ਵੱਲੋਂ ਯੋਗਾ ਪਰਿਵਾਰ ਗਰੁੱਪ ਬਾਰਾਦਰੀ ਗਾਰਡਨਜ਼ ਅਤੇ ਆਲ 24 ਫਰੈਂਡਜ਼ ਗਰੁੱਪ ਬਾਰਾਂਦਰੀ ਗਾਰਡਨਜ਼ ਪਟਿਆਲਾ ਦੇ ਪ੍ਰਤੀਨਿਧੀਆਂ ਨੇ ਜਸਵੰਤ ਸਿੰਘ ਕੌਲੀ ਦੀ ਅਗਵਾਈ ਵਿੱਚ ਦੌਰਾ ਕੀਤਾ। ਫਿਰੋਜਪੁਰ ਦੀ ਨਾਮੀ ਸੰਸਥਾ ਮਯੰਕ ਫਾਊਂਡੇਸ਼ਨ ਦੇ ਸੰਸਥਾਪਕ ਪ੍ਰਦੀਪ ਸ਼ਰਮਾ, ਡਾ. ਗਜ਼ਲਪ੍ਰੀਤ ਸਿੰਘ ਸ਼ਹੀਦ ਦੇਸ਼ ਭਗਤ ਯੂਨੀਵਰਸਿਟੀ ਅਤੇ ਹਰਿੰਦਰ ਭੁਲਰ ਦੀ ਅਗਵਾਈ ਵਿੱਚ ਫੁੱਲਮਾਲਾ ਪਾ ਕੇ ਸਾਰਿਆਂ ਪ੍ਰਤੀਨਿਧੀਆਂ ਦਾ ਸਵਾਗਤ ਕੀਤਾ।ਮਯੰਕ ਫਾਊਂਡੇਸ਼ਨ ਦੇ ਸਕੱਤਰ ਰਾਜੀਵ ਸੇਤਿਆ ਨੇ ਸੰਸਥਾ ਦੀ ਗਤੀਵਿਧੀਆਂ ਦਾ ਜਿਕਰ ਕੀਤਾ ਜੋ ਕਿ ਕਾਬਿਲੇ ਤਾਰੀਫ ਸੀ। ਇਸ ਉਪਰੰਤ ਜਸਵੰਤ ਸਿੰਘ ਕੌਲੀ ਪ੍ਰਧਾਨ ਹੈਲਥ ਅਵੇਅਰਨੈਸ ਸੁਸਾਇਟੀ ਬਾਰਾਂਦਰੀ ਗਾਰਡਨ ਪਟਿਆਲਾ ਸੰਸਥਾ ਵੱਲੋਂ ਕੀਤੇ ਜਾਂਦੇ ਕੰਮਾਂ ਦਾ ਵੇਰਵਾ ਦਿੱਤਾ। ਪਟਿਆਲਾ ਤੋਂ ਗਏ ਪ੍ਰਤੀਨਿਧਾਂ 'ਚ ਪ੍ਰਧਾਨ ਜਸਵੰਤ ਸਿੰਘ ਕੌਲੀ, ਤਾਰਾ ਸਿੰਘ ਭਮਰਾ ਜਨਰਲ ਸਕੱਤਰ, ਰਣਜੀਤ ਕੌਰ ਮੀਤ ਪ੍ਰਧਾਨ, ਇੰਦਰਜੀਤ ਕੌਰ ਪੀ.ਆਰ.ਓ., ਪੂਰਨ ਸਵਾਮੀ ਕਾਰਜਕਾਰੀ ਮੈਂਬਰ, ਹਰਿੰਦਰਪਾਲ ਸਿੰਘ ਸਹਾਇਕ ਡਾਇਰੈਕਟਰ ਬਾਗਬਾਨੀ ਵਿਭਾਗ, ਹਰਜੀਤ ਕੌਰ ਯੋਗਾ ਗਰੁੱਪ, ਜਸਵਿੰਦਰ ਕੌਰ, ਮਿਸਿਜ਼ ਸਿਕੰਦਰਪਾਲ ਸਿੰਘ, ਸੋਬਿਨ, ਜਸਪਾਲ ਸਿੰਘ, ਅਜੀਤ ਸਿੰਘ ਬਾਵਾ, ਹਰੀ ਚੰਦ ਬਾਂਸਲ, ਆਦਿ ਨੂੰ ਫਿਰੋਜਪੁਰ ਦੇ ਪ੍ਰਮੁੱਖ ਉਦਯੋਗਪਤੀ ਸਮੀਰ ਮਿੱਤਲ ਨੇ ਦੋਹਨਾਂ ਸੰਗਠਨਾਂ ਨੂੰ ਸਮਾਜਿਕ ਯਤਨਾ ਤੇ ਸਾਂਝਾ ਕੰਮ ਕਰਨ ਹਿੱਤ ਵਧਾਈ ਦਿੱਤੀ।

## ਹਲਕਾ ਸਨੌਰ 'ਚ ਮਾਨ ਸਰਕਾਰ ਦੀਆਂ ਨੀਤੀਆਂ ਦਾ ਮਿਲ ਰਿਹੈ ਭਰਵਾਂ ਹੁੰਗਾਰਾ : ਹਡਾਣਾ

### ➢ਬਹਾਦਰਗੜ੍ਹ, ਮਾਜਰੀ, ਰਾਇਪੁਰ ਮੰਡਲਾਂ, ਕੌਲੀ ਅਤੇ ਰਿਸ਼ੀ ਕਲੋਨੀ 'ਚ ਭਰਵਾਂ ਸਵਾਗਤ



ਭੁਨਰਹੇੜੀ , 7 ਅਪ੍ਰੈਲ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਦੇ ਇੰਚਾਰਜ ਅਤੇ ਚੇਅਰਮੈਨ ਸ. ਰਣਜੋਧ ਸਿੰਘ ਹਡਾਣਾ ਵੱਲੋਂ ਵਿੱਢੀ ਗਈ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਮੁਹਿੰਮ ਨੂੰ ਹਲਕੇ ਦੇ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਅੱਜ ਸ. ਹਡਾਣਾ ਨੇ ਬਹਾਦਰਗੜ੍ਹ, ਮਾਜਰੀ, ਰਾਏਪੁਰ ਮੰਡਲਾਂ, ਕੌਲੀ ਅਤੇ ਰਿਸ਼ੀ ਕਲੋਨੀ ਦਾ ਤੂਫ਼ਾਨੀ ਦੌਰਾ ਕੀਤਾ। ਇਸ ਦੌਰਾਨ ਲੋਕਾਂ ਦਾ ਉਤਸ਼ਾਹ ਇੰਨਾ ਜ਼ਿਆਦਾ ਸੀ ਕਿ ਦੇਰ ਰਾਤ ਤੱਕ ਚੱਲੀਆਂ ਮੀਟਿੰਗਾਂ ਵਿੱਚ ਵੀ ਲੋਕ ਵੱਡੀ ਗਿਣਤੀ ਵਿੱਚ ਡਟੇ ਰਹੇ। ਇਸ ਮੌਕੇ ਉਨ੍ਹਾ ਨਾਲ ਪ੍ਰਦੀਪ ਜੋਸਨ ਪ੍ਰਧਾਨ ਨਗਰ ਕੌਂਸਲ ਸਨੌਰ, ਹਰਪ੍ਰੀਤ ਸਿੰਘ ਘੁਮਾਣ, ਰਾਮਇੰਦਰ ਸਿੰਘ ਜਮਨਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਗੁਰਪ੍ਰੀਤ ਸਿੰਘ ਸਰਪੰਚ ਰਿਸ਼ੀ ਕਾਲੋਨੀ ਤੇ ਬਲਾਕ ਪ੍ਰਧਾਨ, ਸੁਰਿੰਦਰ ਸਿੰਘ ਸਿੰਦਾ ਬਲਾਕ ਪ੍ਰਧਾਨ, ਬਲਿਹਾਰ ਚੀਮਾ, ਬਲਾਕ ਸੰਮਤੀ ਮੈਂਬਰ ਜੋਗਿੰਦਰ ਕੌਰ, ਗੁਰਮੀਤ ਸਿੰਘ, ਬਿੱਲਾ ਸਿੰਘ, ਸਰਬਜੀਤ ਕੌਰ, ਮਨਜਿੰਦਰ ਕੌਰ ਅਤੇ ਸ਼ੀਲਾ, ਰਾਣੀ, ਸਰਬਜੀਤ ਕੌਰ, ਪਲਵਿੰਦਰ ਸਿੰਘ, ਬਲਵਿੰਦਰ ਕੌਰ ਸਰਪੰਚ ਮੌਕੇ 'ਤੇ ਮੌਜੂਦ ਸਨ। ਇਕੱਠਾਂ ਨੂੰ ਸੰਬੋਧਨ ਕਰਦਿਆਂ ਸ. ਹਡਾਣਾ ਨੇ ਵੱਡੀ ਖ਼ੁਸ਼ਖ਼ਬਰੀ ਸਾਂਝੀ ਕੀਤੀ ਕਿ ਮਾਨ ਸਰਕਾਰ ਵੱਲੋਂ ਮਹਿਲਾਵਾਂ ਨੂੰ 1500 ਰੁਪਏ ਦੀ ਮਾਸਿਕ ਵਿੱਤੀ ਸਹਾਇਤਾ ਦੇਣ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਵਿਸਾਖੀ ਵਾਲੇ ਦਿਨ ਤੋਂ ਪ੍ਰਸ਼ਾਸਨਿਕ ਟੀਮਾਂ ਅਤੇ ਵਲੰਟੀਅਰ ਖ਼ੁਦ ਘਰ-ਘਰ ਜਾ ਕੇ ਫ਼ਾਰਮ ਭਰਨਗੇ, ਤਾਂ ਜੋ ਕਿਸੇ ਵੀ ਮਾਤਾ-ਭੈਣ ਨੂੰ ਖੱਜਲ-ਖ਼ੁਆਰ ਨਾ ਹੋਣਾ ਪਵੇ। ਹਡਾਣਾ ਨੇ ਹਲਕੇ ਦੇ ਵਿਕਾਸ ਦਾ ਰੋਡਮੈਪ ਪੇਸ਼ ਕਰਦਿਆਂ ਕਿਹਾ ਕਿ ਸਾਲ 2026 ਤੱਕ ਹਲਕਾ ਸਨੌਰ ਵਿਕਾਸ ਪੱਖੋਂ ਪੰਜਾਬ ਦਾ ਨੰਬਰ ਇੱਕ ਹਲਕਾ ਬਣੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਚੱਲ ਰਹੇ ਸਾਰੇ ਪ੍ਰੋਜੈਕਟ, ਨਵੀਆਂ ਸੜਕਾਂ, ਪੰਚਾਇਤ ਘਰ ਅਤੇ ਨੌਜਵਾਨਾਂ ਲਈ ਬਣ ਰਹੇ ਨਵੇਂ ਖੇਡ ਮੈਦਾਨ ਤੈਅ ਸਮੇਂ ਅੰਦਰ ਮੁਕੰਮਲ ਕਰਕੇ ਜਨਤਾ ਦੇ ਅਰਪਣ ਕੀਤੇ ਜਾਣਗੇ।ਦੇਰ ਰਾਤ ਤੱਕ ਮੀਟਿੰਗਾਂ ਵਿੱਚ ਬੈਠੇ ਲੋਕਾਂ ਦਾ ਧੰਨਵਾਦ ਕਰਦਿਆਂ ਸ. ਹਡਾਣਾ ਨੇ ਕਿਹਾ ਕਿ ਜਨਤਾ ਦਾ ਇਹ ਪਿਆਰ ਹੀ ਉਨ੍ਹਾਂ ਨੂੰ ਦਿਨ-ਰਾਤ ਮਿਹਨਤ ਕਰਨ ਦੀ ਤਾਕਤ ਦਿੰਦਾ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਪ੍ਰਕਿਰਿਆ ਵੀ ਸੁਚਾਰੂ ਢੰਗ ਨਾਲ ਸ਼ੁਰੂ ਹੋ ਚੁੱਕੀ ਹੈ ਅਤੇ ਕਿਸਾਨਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਪਾਰਟੀ ਦੇ ਸੀਨੀਅਰ ਆਗੂ, ਬਲਾਕ ਪ੍ਰਧਾਨ, ਪਿੰਡਾਂ ਦੀਆਂ ਪੰਚਾਇਤਾਂ ਅਤੇ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਸਨ।

## ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਬਲਾਕ ਪਟਿਆਲਾ ਦੀ ਚੋਣ

### ਭਾਗ ਸਿੰਘ ਫਤਿਹਪੁਰ ਨੂੰ ਬਲਾਕ ਪ੍ਰਧਾਨ ਥਾਪਿਆ



ਸਮਾਣਾ, 7 ਅਪ੍ਰੈਲ (ਸੁਖਜਿੰਦਰ ਸਿੰਘ ਕੁਲਾਰਾ) : ਗੁਰਦੁਆਰਾ ਸਾਹਿਬ ਮਾਲੋ ਮਾਜਰਾ ਵਿਖੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀ ਦੇ ਬਲਾਕ ਪਟਿਆਲਾ ਦਾ ਇਜਲਾਸ ਰਣਜੀਤ ਸਿੰਘ ਸਵਾਜਪੁਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ ਕੀਤਾ ਗਿਆ। ਇਜਲਾਸ ਵਿੱਚ ਕਿਸਾਨੀ ਮੰਗਾਂ ਨੂੰ ਲੈ ਕੇ ਚਰਚਾ ਹੋਈ ਅਤੇ ਸੂਬਾ ਅਜਲਾਸ ਵੱਲੋਂ ਤੈਅ ਕੀਤੇ ਗਏ ਭਵਿੱਖ ਵਿੱਚ ਘੋਲ ਨੂੰ ਤੇਜ਼ ਕਰਨ ਬਾਰੇ ਵਿਚਾਰਾਂ ਹੋਈਆਂ। ਗੁਰਨਾਮ ਸਿੰਘ ਢੈਠਲ ਬਲਾਕ ਸਮਾਣਾ ਦੇ ਪ੍ਰਧਾਨ ਨੇ ਇਜਲਾਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਕਿਸਾਨੀ ਮੰਗਾਂ ਜਿਵੇਂ ਕਿ ਸੀਡ ਬਿਲ, ਬਿਜਲੀ ਬਿੱਲ ਅਤੇ ਅਮਰੀਕਾ ਭਾਰਤ ਵਪਾਰ ਸਮਝੌਤਾ ਰੱਦ ਕਰਾਉਣ, ਸ਼ੰਭੂ ਖਨੌਰੀ ਬਾਰਡਰਾਂ 'ਤੇ ਕਿਸਾਨਾਂ ਦੇ ਨੁਕਸਾਨ ਦੀ ਭਰਪਾਈ ਕਰਵਾਉਣ ਲਈ ਘੋਲ ਤੇਜ਼ ਕੀਤੇ ਜਾਣਗੇ। ਨਵੀਂ ਬਲਾਕ ਚੁਣੀ ਕਮੇਟੀ ਵਿੱਚ ਭਾਗ ਸਿੰਘ ਫਤਿਹਪੁਰ ਪ੍ਰਧਾਨ, ਗੁਰਵਿੰਦਰ ਸਿੰਘ ਸ਼ੇਰ ਮਾਜਰਾ ਜਨਰਲ ਸਕੱਤਰ , ਪਾਵਨ ਕੁਮਾਰ ਪਸਿਆਣਾ ਸੀਨੀਅਰ ਮੀਤ ਪ੍ਰਧਾਨ, ਨਾਜਰ ਸਿੰਘ ਕਕਰਾਲਾ ਖਜ਼ਾਨਚੀ, ਮੱਘਰ ਸਿੰਘ ਸ਼ੇਰ ਮਾਜਰਾ ਮੀਤ ਪ੍ਰਧਾਨ, ਰਕੇਸ਼ ਕੁਮਾਰ ਕੌਰਜੀਵਾਲਾ ਪ੍ਰੈਸ ਸਕੱਤਰ , ਧਨਵਿੰਦਰ ਸਿੰਘ ਚੂਹੜਪੁਰ ਪ੍ਰਚਾਰ ਸਕੱਤਰ, ਸੁਖਵੀਰ ਸਿੰਘ ਵਜੀਦਪੁਰ ਸਹਾਇਕ ਸਕੱਤਰ ਚੁਣੇ ਗਏ।

## ਨਿਰਮਾਣ ਸਮੱਗਰੀ ਦੇ ਰੇਟਾਂ 'ਚ ਭਾਰੀ ਵਾਧਾ, ਭੱਠਾ ਮਾਲਕ ਤੇ ਆਮ ਜਨਤਾ ਬੇਹਾਲ

ਘਨੌਰ, 7 ਅਪ੍ਰੈਲ ( ਰਾਜਿੰਦਰ ਸਿੰਘ ਕੰਬੋਜ) : ਨਿਰਮਾਣ ਸਮੱਗਰੀ ਦੇ ਰੇਟਾਂ ਵਿੱਚ ਆਏ ਅਚਾਨਕ ਭਾਰੀ ਵਾਧੇ ਕਾਰਨ ਭੱਠਾ ਮਾਲਕਾਂ ਅਤੇ ਆਮ ਜਨਤਾ ਦੀ ਚਿੰਤਾ ਵੱਧ ਗਈ ਹੈ। ਜਾਣਕਾਰੀ ਦਿੰਦਿਆ ਭੱਠਾ ਮਾਲਕ ਚੇਅਰਮੈਨ ਮਨੀਸ਼ ਕੁਮਾਰ ਗਰਗ ਚਿੰਮਾ ਭੱਠੇ ਵਾਲੇ ,ਸਮੀਤ ਕੁਮਾਰ ਬੰਸਲ,ਅਭਿਲਾਸ਼ ਅਭੀ ਸਿੰਗਲਾ, ਅਨੂਪ ਕੁਮਾਰ, ਕ੍ਰਿਸ਼ਨ ਕੁਮਾਰ, ਜੈ ਗੋਪਾਲ ਬੰਸਲ,ਅਰੁਣ ਕੁਮਾਰ,ਪ੍ਰਤਾਪ ਰਾਣਾ ਤੇਪਲਾ ਨੇ ਦੱਸਿਆ ਕਿ ਮਿੱਟੀ, ਕੋਲੇ ਅਤੇ ਇੱਟਾਂ ਦੀਆਂ ਕੀਮਤਾਂ ਵਿੱਚ ਕਾਫੀ ਵਾਧਾ ਹੋਣ ਨਾਲ ਘਰ ਬਣਾਉਣ ਦਾ ਖਰਚਾ ਕਾਫੀ ਵਧ ਗਿਆ ਹੈ। ਜਾਣਕਾਰੀ ਅਨੁਸਾਰ ਕੁਝ ਸਮਾਂ ਪਹਿਲਾਂ ਮਿੱਟੀ ਦੇ ਟਿੱਪਰ ਦਾ ਰੇਟ ਲਗਭਗ 5000 ਰੁਪਏ ਸੀ ਜੋ ਹੁਣ ਵੱਧ ਕੇ 10000 ਰੁਪਏ ਪ੍ਰਤੀ ਟਿੱਪਰ ਹੋ ਗਿਆ ਹੈ। ਇਸੇ ਤਰ੍ਹਾਂ ਕੋਲੇ ਦੀ ਕੀਮਤ ਪਹਿਲਾਂ 12 ਰੁਪਏ ਪ੍ਰਤੀ ਕਿਲੋ ਸੀ ਜੋ ਹੁਣ ਵਧ ਕੇ 20 ਰੁਪਏ ਪ੍ਰਤੀ ਕਿਲੋ ਤੱਕ ਪਹੁੰਚ ਗਈ ਹੈ। ਇੱਟਾਂ ਦੀ ਕੀਮਤ ਵਿੱਚ ਵੀ ਵੱਡਾ ਵਾਧਾ ਹੋਇਆ ਹੈ। ਪਹਿਲਾਂ ਇੱਟਾਂ ਦਾ ਰੇਟ ਕਰੀਬ 6500 ਰੁਪਏ ਪ੍ਰਤੀ ਹਜ਼ਾਰ ਸੀ ਜੋ ਹੁਣ ਵੱਧ ਕੇ 8500 ਰੁਪਏ ਪ੍ਰਤੀ ਹਜ਼ਾਰ ਹੋ ਗਿਆ ਹੈ।ਇਸ ਵਾਧੇ ਕਾਰਨ ਜਿੱਥੇ ਭੱਠਾ ਮਾਲਕਾਂ ਨੂੰ ਉਤਪਾਦਨ ਦੀ ਲਾਗਤ ਵਧਣ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉੱਥੇ ਹੀ ਆਮ ਲੋਕਾਂ ਲਈ ਘਰ ਬਣਾਉਣਾ ਜਾਂ ਹੋਰ ਨਿਰਮਾਣ ਕਾਰਜ ਕਰਵਾਉਣਾ ਕਾਫੀ ਮਹਿੰਗਾ ਹੋ ਗਿਆ ਹੈ। ਲੋਕਾਂ ਦਾ ਕਹਿਣਾ ਹੈ ਕਿ ਸਮੱਗਰੀ ਦੇ ਰੇਟ ਵਧਣ ਨਾਲ ਨਿਰਮਾਣ ਕੰਮ ਵੀ ਹੌਲੇ ਪੈ ਰਹੇ ਹਨ।ਭੱਠਾ ਮਾਲਕਾਂ ਦਾ ਕਹਿਣਾ ਹੈ ਕਿ ਮਿੱਟੀ ਅਤੇ ਕੋਲੇ ਦੀਆਂ ਕੀਮਤਾਂ ਵਧਣ ਨਾਲ ਇੱਟ ਬਣਾਉਣ ਦੀ ਲਾਗਤ ਕਾਫੀ ਵਧ ਗਈ ਹੈ, ਜਿਸ ਕਾਰਨ ਉਨ੍ਹਾਂ ਨੂੰ ਮਜਬੂਰੀ ਵੱਸ ਇੱਟਾਂ ਦੇ ਰੇਟ ਵਧਾਉਣ ਪਏ ਹਨ। ਉਨ੍ਹਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਨਿਰਮਾਣ ਸਮੱਗਰੀ ਦੇ ਵਧ ਰਹੇ ਰੇਟਾਂ ਨੂੰ ਕਾਬੂ ਕਰਨ ਲਈ ਜਲਦ ਕਦਮ ਚੁੱਕੇ ਜਾਣ ਤਾਂ ਜੋ ਆਮ ਲੋਕਾਂ ਅਤੇ ਭੱਠਾ ਉਦਯੋਗ ਨੂੰ ਰਾਹਤ ਮਿਲ ਸਕੇ।



## ਡਾ. ਹਰੀਸ਼ ਕੁਮਾਰ ਨੇ ਪੀ.ਯੂ. ਦੇ ਖੇਡ ਵਿਗਿਆਨ ਵਿਭਾਗ 'ਚ ਬਤੌਰ ਮੁਖੀ ਚਾਰਜ ਸੰਭਾਲਿਆ



ਪਟਿਆਲਾ, 7 ਅਪ੍ਰੈਲ (ਚ.ਨ.ਸ.) : ਡਾ. ਹਰੀਸ਼ ਕੁਮਾਰ ਨੇ ਅੱਜ ਇੱਥੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਖੇਡ ਵਿਗਿਆਨ ਵਿਭਾਗ ਵਿੱਚ ਬਤੌਰ ਮੁਖੀ ਆਪਣੇ ਅਹੁਦਾ ਦਾ ਚਾਰਜ ਸੰਭਾਲਿਆ। ਦੱਸਿਆ ਜਾਂਦਾ ਹੈ ਕਿ ਡਾ. ਹਰੀਸ਼ ਕੁਮਾਰ ਨੇ ਸਾਲ 2001 ਵਿੱਚ ਸਪੋਰਟਸ ਬਾਇਓਮੈਕੈਨਿਕਸ ਤੋਂ ਪੀ.ਐਚ.ਡੀ.ਦੀ ਡਿਗਰੀ ਹਾਸਿਲ ਕੀਤੀ । ਉਨ੍ਹਾਂ ਨੇ 40 ਤੋਂ ਵੱਧ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪੇਪਰ ਪ੍ਰਕਾਸ਼ਿਤ ਕੀਤੇ ਹਨ। ਡਾ. ਹਰੀਸ਼ ਨੇ ਤਿੰਨ ਕਿਤਾਬਾਂ ਵੀ ਛਾਪੀਆਂ ਹਨ, ਜੋ ਖੇਡ ਵਿਗਿਆਨ ਦੇ ਵੱਖ-ਵੱਖ ਮੁੱਦਿਆਂ ਨਾਲ ਸੰਬੰਧਿਤ ਹਨ, ਇਹਨਾਂ ਦੇ ਅੰਡਰ 13 ਪੀ.ਐਚ.ਡੀ ਤੇ ਤਿੰਨ ਐਮ ਫਿਲ ਦੇ ਵਿਦਿਆਰਥੀ ਡਿਗਰੀ ਹਾਸਿਲ ਕਰ ਚੁੱਕੇ ਹਨ ਤੇ ਨਾਲ ਹੀ ਚਾਰ ਪੀ.ਐਚ.ਡੀ ਸਕੋਲਰ ਪੀ.ਐਚ.ਡੀ ਕਰ ਰਹੇ ਹਨ। ਇਹਨਾਂ ਦੇ ਮੁਖੀ ਵਿਭਾਗ ਅਹੁਦਾ ਸੰਭਾਲਣ ਸਮੇਂ ਵਿਭਾਗ ਦੇ ਹੋਰ ਪ੍ਰੋਫੈਸਰ ਸਾਹਿਬਾਨ, ਡੀਨ ਫੈਕਲਟੀ ਆਫ ਮੈਡੀਸਨ ਪ੍ਰੋਫੈਸਰ ਪਰਮਵੀਰ ਸਿੰਘ, ਡਾਕਟਰ ਅਸ਼ੋਕ ਕੁਮਾਰ, ਪ੍ਰੋਫੈਸਰ ਅਜੀਤਾ, ਡਾ. ਅਨੁਰਾਧਾ ਲਹਿਰੀ, ਡਾ. ਅਮਰਜੋਤ ਕੌਰ, ਨੌਨ ਟੀਚਿੰਗ ਸਟਾਫ ਸਮੇਤ ਪਰਿਵਾਰ ਦੇ ਮੈਂਬਰ ਅਤੇ ਸਾਰੇ ਰਿਸਰਚ ਸਕਾਲਰ ਅਤੇ ਹੋਰ ਵਿਦਿਆਰਥੀ ਮੌਜੂਦ ਸਨ।

## ਕਲੱਬ ਨੇ ਖ਼ੂਨਦਾਨ ਕੈਂਪ ਲਗਾਇਆ

ਦੇਵੀਗੜ੍ਹ, 7 ਅਪ੍ਰੈਲ (ਗੁਰਜੀਤ ਸਿੰਘ ਢੋਟ ): ਜਾਗਦੇ ਰਹੋ ਯੂਥ ਕਲੱਬ ਪਿੰਡ ਬਿਸ਼ਨਗੜ੍ਹ ਨੇ ਪੱਤਰਕਾਰ ਮੁਖਤਿਆਰ ਸਿੰਘ ਨੌਗਾਵਾਂ ਦੇ ਦਫਤਰ ਵਿਖੇ ਖ਼ੂਨਦਾਨ ਕੈਂਪ ਲਗਾਇਆ। ਖ਼ੂਨਦਾਨ ਕੈਂਪ ਦਾ ਰਸਮੀ ਉਦਘਾਟਨ ਪ੍ਰਿਤਪਾਲ ਸਿੰਘ ਪਾਲੀ ਸਨੌਰ ਨੇ 57ਵੀਂ ਵਾਰ ਅਤੇ ਐੱਮ.ਸੀ.ਹੈਪੀ ਜੁਲਕਾਂ ਨੇ ਖ਼ੂਨਦਾਨ ਕਰਕੇ ਕੀਤਾ।ਖ਼ੂਨਦਾਨ ਕੈਂਪ ਵਿੱਚ ਪ੍ਰਿਤਪਾਲ ਸਿੰਘ ਪਾਲੀ ਸਨੌਰ, ਐੱਮ.ਸੀ.ਹੈਪੀ ਜੁਲਕਾਂ,ਰਣਜੀਤ ਸਿੰਘ,ਕੁਲਦੀਪ ਭਾਰਤੀ,ਰਾਮਪਾਲ, ਬਲਜਿੰਦਰ ਸਿੰਘ, ਗੁਰਚਰਨ ਸਿੰਘ, ਪਵਨ ਕੁਮਾਰ, ਪ੍ਰਸ਼ੋਤਮ ਗਿਰ,ਉਦੇ, ਸਲਿੰਦਰ, ਵੀਰਾ ਰਾਮ,ਵਿਸਾਲ, ਹਰਪ੍ਰੀਤ ਗਿਰ, ਮੈਡਮ ਅਦਿੱਤੀ, ਸੁਭਾਸ, ਖੁਸਵੀਰ ਸਿੰਘ, ਜਸਵੀਰ ਸਿੰਘ ਅਤੇ ਅੱਕੂ ਸਮੇਤ 18 ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ। ਡਾਕਟਰ ਹਰਮੇਸ ਭਾਰਤੀ ਵੱਲੋਂ ਸਮੂਹ ਖ਼ੂਨਦਾਨੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ, ਪੱਤਰਕਾਰ ਮੁਖਤਿਆਰ ਸਿੰਘ ਨੌਗਾਵਾਂ, ਲਖਮੀਰ ਸਿੰਘ ਸਲੋਟ, ਗੁਰਮੀਤ ਸਿੰਘ ਹਡਾਣਾ, ਡਾ. ਹਰਮੇਸ ਭਾਰਤੀ, ਦਰਸ਼ਨ ਸਿੰਘ ਦੂੰਦੀਮਾਜਰਾ, ਹਰਕ੍ਰਿਸ਼ਨ ਸਿੰਘ ਸੁਰਜੀਤ,ਹਰਵਿੰਦਰ ਸਿੰਘ ਬਠਿੰਡਾ ਅਤੇ ਅਮਰਨਾਥ ਆਦਿ ਹਾਜ਼ਰ ਸੀ।




## ਵਿਧਾਇਕ ਕੋਹਲੀ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਲੈਹਲ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ



ਪਟਿਆਲਾ, 7 ਅਪ੍ਰੈਲ (ਰੁਪਾਣਾ) : ਹਲਕਾ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੇ ਤਹਿਤ ਵਾਰਡ ਨੰਬਰ 57 ਲੈਹਲ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕੀਤਾ। ਕੋਹਲੀ ਨੇ ਦੱਸਿਆ ਕਿ ਇਹ ਬੱਸ ਯਾਤਰੀਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਿਰ, ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ, ਪਾਰਟੀਸ਼ਨ ਮਿਊਜ਼ੀਅਮ, ਵਾਹਘਾ ਬਾਰਡਰ ਅਤੇ ਅੰਮ੍ਰਿਤਸਰ ਦੇ ਹੋਰ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਏਗੀ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਅੱਗੇ ਕਿਹਾ ਕਿ ਬਹੁਤ ਸਾਰੇ ਲੋਕਾਂ ਦੇ ਮਨ ਪਵਿੱਤਰ ਅਸਥਾਨਾਂ ਦੇ ਦਰਸ਼ਨ ਲਈ ਲੋਚਦੇ ਹਨ ਜਿਸ ਕਰਕੇ ਦਰਸ਼ਨ ਕਰਨ ਦੀ ਤਾਂਘ ਪੂਰੀ ਕਰਨ ਲਈ ਇਹ ਨਿਵੇਕਲੀ ਪਹਿਲਕਦਮੀ ਕੀਤੀ ਗਈ ਹੈ।ਇਸ ਮੌਕੇ ਤੀਰਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਉਨ੍ਹਾਂ ਲਈ ਜੀਵਨ ਭਰ ਦੀ ਯਾਦਗਾਰ ਯਾਤਰਾ ਹੋਵੇਗੀ। ਇਸ ਮੌਕੇ ਵਾਰਡ ਨੰਬਰ 57 ਤੋਂ ਰਾਹੁਲ ਚੌਹਾਨ , ਜਗਤਾਰ ਜੱਗੀ ਬਲਾਕ ਪ੍ਰੈਜ਼ੀਡੈਂਟ , ਹਰਮਨ ਸੰਧੂ ਯੂਥ ਪ੍ਰੈਜ਼ੀਡੈਂਟ ਹਲਕਾ ਪਟਿਆਲਾ ਸਮੇਤ ਇਲਾਕਾ ਨਿਵਾਸੀ ਵੀ ਹਾਜ਼ਰ ਸਨ।

## ਸਟੇਟ ਕਾਲਜ ਵਿਖੇ ਵਿਸ਼ਵ ਸਿਹਤ ਦਿਵਸ ਮੌਕੇ ਪ੍ਰੋਗਰਾਮ

ਪਟਿਆਲਾ, 7 ਅਪ੍ਰੈਲ (ਚ.ਨ.ਸ.) : ਸਰਕਾਰੀ (ਸਟੇਟ) ਕਾਲਜ ਆਫ ਐਜੂਕੇਸ਼ਨ ਦੇ ਐਨ.ਐੱਸ.ਐੱਸ. ਵਿਭਾਗ, ਰੈੱਡ ਕਰਾਸ ਅਤੇ ਰੈਡ ਰੀਬਨ ਕਲੱਬ ਵੱਲੋਂ ਪ੍ਰਿੰਸੀਪਲ ਪ੍ਰੋਫੈਸਰ (ਡਾ.) ਵਨੀਤਾ ਰਾਣੀ ਦੀ ਯੋਗ ਅਗਵਾਈ ਵਿੱਚ ਵਿਸ਼ਵ ਸਿਹਤ ਦਿਵਸ ਮੌਕੇ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਥੀਮ Together for Health: Stand for Science" ਰਿਹਾ। ਪ੍ਰੋਗਰਾਮ ਦੀ ਸ਼ੁਰੂਆਤ ਸਹਾਇਕ ਪ੍ਰੋ. ਮੂਰਤੀ ਕੌਰ (ਐਨ.ਐਸ.ਐਸ ਪ੍ਰੋਗਰਾਮ ਅਫ਼ਸਰ) ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਸਿਹਤ ਸੰਭਾਲ ਸਬੰਧੀ, ਚੰਗਾ ਅਤੇ ਸੰਤੁਲਿਤ ਭੋਜਨ ਖਾਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਡਬਲਿਯੂ.ਐੱਚ.ਓ. ਦੀ ਸਥਾਪਨਾ ਅਤੇ ਉਸਦੇ ਉਦੇਸ਼ਾਂ ਬਾਰੇ ਵੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ। ਕਾਲਜ ਦੇ ਐਨ.ਐੱਸ.ਐੱਸ. ਵਲੰਟੀਅਰਾਂ ਵੱਲੋਂ ਵੱਖ-ਵੱਖ ਭਾਸ਼ਾਵਾਂ ਜਿਵੇਂ ਪੰਜਾਬੀ, ਅੰਗਰੇਜ਼ੀ ਅਤੇ ਹਿੰਦੀ ਭਾਸ਼ਾ ਅਤੇ ਸੰਗੀਤ ਰਾਹੀਂ ਸਿਹਤ ਸੰਭਾਲ ਸੰਬੰਧੀ ਜਾਗਰੂਕ ਕੀਤਾ। ਵਿਦਿਆਰਥੀਆਂ ਨੂੰ ਸਿਹਤਮੰਦ ਰਹਿਣ ਦੇ ਯੋਗ ਤਰੀਕੇ , ਫਾਸਟ ਫੂਡ ਦੇ ਵਧ ਰਹੇ ਪ੍ਰਚਲਨ ਅਤੇ ਉਸ ਦੇ ਨੁਕਸਾਨਾਂ ਬਾਰੇ ਦੱਸਦੇ ਹੋਏ ਸਿਹਤਮੰਦ ਖ਼ੁਰਾਕ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਕਾਲਜ ਵਿਦਿਆਰਥੀਆਂ ਵੱਲੋਂ ਸਿਹਤ ਸੰਬੰਧੀ ਗੀਤਾਂ ਅਤੇ ਕਵੀਸ਼ਰੀ ਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਰਹੇ। ਪ੍ਰੋਗਰਾਮ ਦੇ ਅਖੀਰ ਵਿੱਚ ਸਹਾਇਕ ਪ੍ਰੋਫੈਸਰ ਜਗਦੇਵ ਸਿੰਘ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ।



## ਨਸ਼ੇ ਦੇ ਆਦੀ ਵਿਅਕਤੀ ਦਾ ਡੋਪ ਟੈਸਟ ਪਾਜ਼ੀਟਿਵ ਆਇਆ

ਪਟਿਆਲਾ, 7 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਨੇ ਕਥਿਤ ਦੋਸ਼ੀ ਰਾਜਵੀਰ ਸਿੰਘ ਵਾਸੀ ਪਿੰਡ ਰਾਏਪੁਰ ਮੰਡਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਸਰਬਜੀਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਚੌਕ ਬਹਾਦਰਗੜ੍ਹ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

## ਭੁਵੇਸ਼ ਬਾਂਸਲ ਭਾਸ਼ੀ ਨੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨਾਲ ਕੀਤੀ ਮੁਲਾਕਾਤ

ਨਾਭਾ, 7 ਅਪ੍ਰੈਲ (ਗੁਰਚਰਨ ਸਿੰਘ ਚੌਧਰੀ ਮਾਜਰਾ) : ਹਲਕਾ ਨਾਭਾ ਦੇ ਵਾਰਡ ਨੰਬਰ 10 ਦੇ ਮੁੱਖ ਸੇਵਾਦਾਰ, ਸਾਬਕਾ ਪ੍ਰਧਾਨ ਯੂਥ ਵਿੰਗ ਅਗਰਵਾਲ ਸਭਾ ਨਾਭਾ, ਪ੍ਰਧਾਨ ਹਰਸ਼ ਬਲੱਡ ਡੋਨਰ ਸੋਸਾਇਟੀ ਸਟੇਟ ਐਵਾਰਡੀ ਨਾਭਾ, ਪ੍ਰਧਾਨ ਯੁੱਧ ਨਸ਼ਿਆਂ ਵਿਰੁੱਧ ਬਲਾਕ ਨਾਭਾ ਅਤੇ ਮੈਂਬਰ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਪਟਿਆਲਾ ਭੁਵੇਸ਼ ਬਾਂਸਲ ਭਾਸ਼ੀ ਨੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ (ਖਣਨ ਤੇ ਭੂ-ਵਿਗਿਆਨ, ਜਲ ਸਰੋਤ, ਭੂਮੀ ਤੇ ਜਲ ਸੰਭਾਲ) ਨਾਲ ਲਹਿਰਾਗਾਗਾ ਵਿਖੇ ਮੁਲਾਕਾਤ ਕੀਤੀ। ਇਸ ਮੌਕੇ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਕੈਬਨਿਟ ਮੰਤਰੀ ਨੂੰ ਫੁੱਲਾਂ ਦਾ ਗੁਲਦਸਤਾ ਭੇਂਟ ਕੀਤਾ ਅਤੇ ਉਹਨਾਂ ਕਿਹਾ ਕਿ ਮੁਲਾਕਾਤ ਦੌਰਾਨ ਕਈ ਮੁੱਦਿਆਂ ਤੇ ਮੰਤਰੀ ਨਾਲ ਵਿਚਾਰ ਚਰਚਾ ਕੀਤੀ ਗਈ ਹੈ। ਉਹਨਾਂ ਕਿਹਾ ਕਿ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋ ਵੱਡੇ ਪੱਧਰ 'ਤੇ ਵਿਕਾਸ ਕਰਵਾਏ ਜਾ ਰਹੇ ਹਨ ਅਤੇ ਹਲਕਾ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਸੁਣੀਆਂ ਜਾ ਰਹੀਆਂ ਹਨ ਤੇ ਮੌਕੇ 'ਤੇ ਹੱਲ ਕੀਤਾ ਜਾ ਰਿਹਾ ਹੈ। ਮੰਤਰੀ ਵਰਿੰਦਰ ਕੁਮਾਰ ਗੋਇਲ ਨੇ ਵਿਸ਼ਵਾਸ ਦਿਵਾਇਆ ਗਿਆ ਹੈ ਕਿ ਵਾਰਡ ਨੰਬਰ 10 ਅਤੇ ਹਲਕੇ ਵਿੱਚ ਕਿਸੇ ਪ੍ਰਕਾਰ ਦੀ ਲੋਕਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਸਮਾਜ ਸੇਵਕ ਪ੍ਰਵੀਨ ਕੁਮਾਰ ਪਿੰਨਾ ਹਾਜ਼ਰ ਸਨ।




### *ਸਹੁਰੇ ਪਰਿਵਾਰ ਤੋਂ ਤੰਗ ਆ ਕੇ ਫਾਹਾ ਲੈ ਕੇ ਖ਼ੁਦਕੁਸ਼ੀ ਕਰਨ ਦਾ ਮਾਮਲਾ*

## ਮ੍ਰਿਤਕਾ ਦਾ ਪਤੀ ਕਾਬੂ, ਸੱਸ ਫਰਾਰ

ਸਮਾਣਾ, 7 ਅਪ੍ਰੈਲ (ਵਿਜੇ ਕੁਮਾਰ) : ਬੀਤੇ ਦਿਨੀਂ ਪਿੰਡ ਕਕਰਾਲਾ ਭਾਈਕਾ ਵਿਖੇ ਸਹੁਰੇ ਪਰਿਵਾਰ ਤੋਂ ਤੰਗ ਆ ਕੇ ਫਾਹਾ ਲੈ ਕੇ ਖ਼ੁਦਕੁਸ਼ੀ ਕਰਨ ਵਾਲੀ 25 ਸਾਲਾ ਨੌਜਵਾਨ ਲੜਕੀ ਕਮਲਪ੍ਰੀਤ ਕੌਰ ਦੀ ਦੇਹ ਦਾ ਮੰਗਲਵਾਰ ਨੂੰ ਸਿਵਲ ਹਸਪਤਾਲ ਸਮਾਣਾ ਵਿਖੇ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ। ਮਾਮਲੇ ਦੇ ਜਾਂਚ ਅਧਿਕਾਰੀ ਅਤੇ ਮਵੀਕਲਾਂ ਪੁਲਸ ਚੌਕੀ ਦੇ ਇੰਚਾਰਜ ਸਬ-ਇੰਸਪੈਕਟਰ ਕੁਲਦੀਪ ਸਿੰਘ ਨੇ ਦੱਸਿਆ ਕਿ ਹਸਪਤਾਲ ਦੇ ਡਾ. ਗੁਰਪ੍ਰੀਤ ਸਿੰਘ, ਡਾ. ਦੀਪਿਕਾ ਬੰਸਲ ਅਤੇ ਡਾ. ਮਨਿੰਦਰ ਸਿੰਘ 'ਤੇ ਆਧਾਰਿਤ ਤਿੰਨ ਮੈਂਬਰੀ ਡਾਕਟਰਾਂ ਦੇ ਪੈਨਲ ਵੱਲੋਂ ਪੋਸਟਮਾਰਟਮ ਉਪਰੰਤ ਵਿਸਰਾ ਜਾਂਚ ਵਾਸਤੇ ਲੈਬ ਭੇਜ ਦਿੱਤਾ ਗਿਆ ਹੈ।ਪੁਲਿਸ ਅਧਿਕਾਰੀ ਅਨੁਸਾਰ, ਇਸ ਮਾਮਲੇ ਦੇ ਮੁੱਖ ਮੁਲਜ਼ਮ ਮ੍ਰਿਤਕਾ ਦੇ ਪਤੀ ਜਸਵੀਰ ਸਿੰਘ (ਨਿਵਾਸੀ ਪਿੰਡ ਕਕਰਾਲਾ) ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਜਦਕਿ ਮ੍ਰਿਤਕਾ ਦੀ ਸੱਸ ਅਜੇ ਫ਼ਰਾਰ ਹੈ, ਜਿਸ ਦੀ ਭਾਲ ਵਿੱਚ ਪੁਲਿਸ ਵੱਲੋਂ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ।